ਵੀਰਵਾਰ, 24 ਜੁਲਾਈ, 2025
9 ਸਾਉਣ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 53

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 24 JULY, 2025 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪ੍ਰੂਫ਼-ਰੀਡ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
nawan zamana TV

# ਤੁਗਲਕੀ ਫ਼ਰਮਾਨ

## ਨਿਤਿਸ਼ ਦੇ ਸਾਂਸਦ ਨੇ ਵੀ ਚੋਣ ਕਮਿਸ਼ਨ 'ਤੇ ਉਠਾਏ ਸਵਾਲ



**ਨਵੀਂ ਦਿੱਲੀ** : ਬਿਹਾਰ ਅਸੈਂਬਲੀ ਚੋਣਾਂ ਤੋਂ ਪਹਿਲਾਂ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਦੇ ਢੰਗ-ਤਰੀਕਿਆਂ ਦੀ ਆਪੋਜ਼ੀਸ਼ਨ ਵੱਲੋਂ ਸਖਤ ਵਿਰੋਧਤਾ ਦਰਮਿਆਨ ਸੂਬੇ ਵਿੱਚ ਭਾਜਪਾ ਨਾਲ ਮਿਲ ਕੇ ਸਰਕਾਰ ਚਲਾ ਰਹੇ ਜਨਤਾ ਦਲ (ਯੂ) ਦੇ ਸਾਂਸਦ ਗਿਰਧਾਰੀ ਯਾਦਵ ਨੇ ਵੀ ਬੁੱਧਵਾਰ ਚੋਣ ਕਮਿਸ਼ਨ ਦੀ ਕਸਰਤ ਨੂੰ 'ਤੁਗਲਕੀ ਫ਼ਰਮਾਨ' ਕਰਾਰ ਦਿੰਦਿਆਂ ਕਿਹਾ ਕਿ ਉਨ੍ਹਾ ਨੂੰ ਲੋੜੀਂਦੇ ਦਸਤਾਵੇਜ਼ ਇਕੱਠੇ ਕਰਨ ਵਿੱਚ 10 ਦਿਨ ਲੱਗ ਗਏ। ਉਨ੍ਹਾ ਦਾ ਬੇਟਾ ਅਮਰੀਕਾ ਵਿੱਚ ਰਹਿੰਦਾ ਹੈ, ਉਹ ਇੱਕ ਮਹੀਨੇ ਵਿੱਚ ਦਸਤਾਵੇਜ਼ਾਂ ਦਾ ਜੁਗਾੜ ਕਿਵੇਂ ਕਰ ਲਵੇਗਾ। ਸਭ ਧੱਕੇ ਨਾਲ ਕੀਤਾ ਜਾ ਰਿਹਾ ਹੈ। ਦੱਖਣੀ ਬਿਹਾਰ ਦੇ ਬਾਂਕਾ ਹਲਕੇ ਤੋਂ ਸਾਂਸਦ ਨੇ ਸੰਸਦ ਦੇ ਬਾਹਰ ਮੀਡੀਆ ਨਾਲ ਗੱਲਬਾਤ ਵਿੱਚ ਕਿਹਾ ਕਿ ਚੋਣ ਕਮਿਸ਼ਨ ਨੂੰ ਕੋਈ ਪ੍ਰੈਕਟੀਕਲ ਗਿਆਨ ਨਹੀਂ, ਨਾ ਇਸ ਨੂੰ ਬਿਹਾਰ ਦਾ ਇਤਿਹਾਸ ਪਤਾ ਹੈ ਨਾ ਭੂਗੋਲ, ਇਹ ਕੁਝ ਨਹੀਂ ਜਾਣਦਾ।

ਉਨ੍ਹਾ ਕਿਹਾ ਕਿ ਲੋਕਾਂ ਨੂੰ ਛੇ ਮਹੀਨਿਆਂ ਦਾ ਸਮਾਂ ਦਿੱਤਾ ਜਾਣਾ ਚਾਹੀਦਾ ਸੀ। ਇਹ ਕਹਿਣ ਕਿ ਉਨ੍ਹਾ ਦੀ ਪਾਰਟੀ ਭਾਜਪਾ ਨਾਲ ਮਿਲ ਕੇ ਸਰਕਾਰ ਚਲਾ ਰਹੀ ਹੈ, ਯਾਦਵ ਨੇ ਕਿਹਾ. 'ਮੇਰੇ ਲਈ ਇਹ ਕੋਈ ਮਾਅਨੇ ਨਹੀਂ ਰੱਖਦਾ ਕਿ ਪਾਰਟੀ ਕੀ ਕਹਿੰਦੀ ਹੈ। ਜੋ ਸੱਚ ਹੈ ਉਹ ਮੈਂ ਕਹਿ ਰਿਹਾ ਹਾਂ। ਜੇ ਮੈਂ ਸੱਚ ਨਹੀਂ ਬੋਲ ਸਕਦਾ ਤਾਂ ਮੇਰੇ ਸਾਂਸਦ ਬਣਨ ਦੀ ਕੀ ਤੁੱਕ।' ਇਸੇ ਦੌਰਾਨ ਬਿਹਾਰ ਵਿਚ ਵੋਟਰ ਸੂਚੀਆਂ ਦੀ ਵਿਸ਼ੇਸ਼ ਵਿਆਪਕ ਸੁਧਾਈ, ਪਹਿਲਗਾਮ ਦਹਿਸ਼ਤੀ ਹਮਲੇ ਤੇ ਹੋਰਨਾਂ ਮੁੱਦਿਆਂ 'ਤੇ ਚਰਚਾ ਦੀ ਮੰਗ ਨੂੰ ਲੈ ਕੇ ਮੌਨਸੂਨ ਅਜਲਾਸ ਦੇ ਤੀਜੇ ਦਿਨ ਬੁੱਧਵਾਰ ਮੁੜ ਵਿਰੋਧੀ ਧਿਰਾਂ ਦੇ ਹੰਗਾਮੇ ਕਾਰਨ ਰਾਜ ਸਭਾ ਅਤੇ ਲੋਕ ਸਭਾ ਦੀ ਕਾਰਵਾਈ ਪਹਿਲਾਂ ਦੁਪਹਿਰ 12 ਵਜੇ ਤੱਕ, ਫਿਰ ਦੁਪਹਿਰ 2 ਵਜੇ ਤੱਕ ਅਤੇ ਮਗਰੋਂ ਪੂਰੇ ਦਿਨ ਲਈ ਮੁਲਤਵੀ ਕਰ ਦਿੱਤੀ ਗਈ। ਦੋਵੇਂ ਸਦਨ ਦੁਪਹਿਰ 2 ਵਜੇ ਮੁੜ ਜੁੜੇ ਤਾਂ ਬਿਹਾਰ ਵੋਟਰ ਸੂਚੀਆਂ ਦੀ ਸੋਧ ਸਮੇਤ ਵੱਖ-ਵੱਖ ਮੁੱਦਿਆਂ 'ਤੇ ਵਿਰੋਧੀ ਧਿਰ ਵੱਲੋਂ ਵਾਰ-ਵਾਰ ਹੰਗਾਮੇ ਵਿਚਕਾਰ ਦੋਵਾਂ ਸਦਨਾਂ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ।

ਵਿਰੋਧੀ ਧਿਰਾਂ ਉਪਰੋਕਤ ਮੁੱਦਿਆਂ 'ਤੇ ਚਰਚਾ ਦੀ ਮੰਗ ਨੂੰ ਲੈ ਕੇ ਬਜ਼ਿੱਦ ਰਹੀਆਂ ਤੇ ਉਨ੍ਹਾਂ ਨਾਅਰੇਬਾਜ਼ੀ ਕਰਦਿਆਂ ਜ਼ੋਰਦਾਰ ਵਿਰੋਧ ਦਰਜ ਕਰਵਾਇਆ। ਰਾਜ ਸਭਾ ਵਿੱਚ ਸਿਫਰ ਕਾਲ ਨਹੀਂ ਹੋ ਸਕਿਆ, ਜਦੋਂ ਕਿ ਲੋਕ ਸਭਾ ਵਿੱਚ ਸੰਸਦ ਮੈਂਬਰ ਤਖਤੀਆਂ ਲੈ ਕੇ ਨਾਅਰੇਬਾਜ਼ੀ ਕਰਦੇ ਦੇਖੇ ਗਏ। ਦੋਵਾਂ ਸਦਨਾਂ ਵਿਚ ਕ੍ਰਮਵਾਰ ਡਿਪਟੀ ਚੇਅਰਮੈਨ ਹਰੀਵੰਸ਼ ਅਤੇ ਸਪੀਕਰ ਓਮ ਬਿਰਲਾ ਨੇ ਮੈਂਬਰਾਂ ਨੂੰ ਸ਼ਾਂਤ ਰਹਿਣ ਦੀ ਅਪੀਲ ਕੀਤੀ, ਪਰ ਹੰਗਾਮਾ ਜਾਰੀ ਰਹਿਣ ਕਾਰਨ ਕਾਰਵਾਈ ਮੁਲਤਵੀ ਕਰ ਦਿੱਤੀ। ਸੱਤਾ ਧਿਰ ਤੇ ਵਿਰੋਧੀ ਧਿਰਾਂ ਵਿਚ ਬਣੇ ਜਮੂਦ ਕਰਕੇ ਮੌਨਸੂਨ ਸੈਸ਼ਨ ਵਿੱਚ ਲਗਾਤਾਰ ਅੜਿੱਕਾ ਪੈ ਰਿਹਾ ਹੈ।

# ਬੱਧਨੀ ਕਲਾਂ ਇਲਾਕੇ ਦੇ ਕਈ ਪਿੰਡਾਂ 'ਚ ਪਾਣੀ-ਪਾਣੀ



**ਮੋਗਾ** : ਥਾਣਾ ਬੱਧਨੀ ਕਲਾਂ ਅਤੇ ਆਸ-ਪਾਸ ਦੇ ਪਿੰਡਾਂ ਦੇ ਲੋਕ ਪਹਿਲਾਂ ਮੀਂਹ ਨੂੰ ਤਰਸਦੇ ਰਹੇ ਸਨ, ਹੁਣ ਜਦੋਂ ਸੌਣ ਮਹੀਨੇ ਦਾ ਪਹਿਲਾ ਹੀ ਭਰਵਾਂ ਮੀਂਹ ਪਿਆ ਹੈ ਤਾਂ ਲੋਕਾਂ ਲਈ ਵੱਡੀ ਆਫ਼ਤ ਬਣ ਕੇ ਪੇਸ਼ ਆ ਰਿਹਾ ਹੈ।ਮੋਗਾ ਤੋਂ ਬਰਨਾਲਾ ਹਾਈਵੇ ਨੰਬਰ 703, ਜੋ ਅਣ-ਐਲਾਨੇ ਬਾਰਡਰ ਦੀ ਤਰ੍ਹਾਂ ਤਕਰੀਬਨ 8-10 ਫੁੱਟ ਉੱਚਾ ਰੱਖ ਕੇ ਬਣਾਇਆ ਗਿਆ ਹੈ, ਇਸ ਮੁਸੀਬਤ ਦਾ ਮੁੱਖ ਕਾਰਨ ਬਣ ਗਿਆ ਹੈ। ਮੰਗਲਵਾਰ ਪਏ ਭਾਰੀ ਮੀਂਹ ਨੂੰ ਸੜਕ ਰੂਪੀ ਬੰਨ੍ਹ ਨੇ ਅੱਗੇ ਵਗਣ ਤੋਂ ਰੋਕ ਲਿਆ ਹੈ। ਇਸ ਕਾਰਨ ਬੁੱਘੀਪੁਰਾ, ਡਾਲਾ, ਧੂੜਕੋਟ ਕਲਾਂ, ਬੱਧਨੀ ਖੁਰਦ, ਮੱਲਿਆਣਾ ਤੇ ਲੋਪੋ ਆਦਿ ਵਿੱਚ ਖੜੇ ਪਾਣੀ ਨੇ ਸਮੁੰਦਰ ਦਾ ਰੂਪ ਧਾਰ ਲਿਆ ਹੈ। ਇਸ ਪਾਣੀ ਵਿੱਚ ਡੁੱਬ ਜਾਣ ਕਾਰਨ ਇਲਾਕੇ ਦੀ ਹਜ਼ਾਰਾਂ ਏਕੜ ਝੋਨੇ ਦੀ ਫਸਲ ਡੁੱਬ ਗਈ ਹੈ ਅਤੇ ਬਰਬਾਦ ਹੋ ਜਾਣ ਕਿਨਾਰੇ ਪਹੁੰਚ ਗਈ ਹੈ।

ਕੁਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਮੋਗਾ ਦੇ ਜਨਰਲ ਸਕੱਤਰ ਜਗਜੀਤ ਸਿੰਘ ਨਿਹਾਲ ਸਿੰਘ ਵਾਲਾ ਨੇ ਕਿਹਾ ਕਿ ਅੱਜ ਜਦੋਂ ਪਹਾੜ ਜਿੱਡੀ ਇਹ ਮੁਸੀਬਤ ਲੋਕਾਂ ਦੇ ਦਰਪੇਸ਼ ਆਈ ਹੈ ਤਾਂ ਸੌਖੀ ਸਮਝ ਪੈ ਰਹੀ ਹੈ ਕਿ ਸਾਰੇ ਪੰਜਾਬ ਅੰਦਰ ਬਣੀਆਂ ਤੇ ਬਣਾਈਆਂ ਜਾ ਰਹੀਆਂ ਉੱਚੀਆਂ ਸੜਕਾਂ ਕਿਸਾਨਾਂ-ਮਜ਼ਦੂਰਾਂ ਤੇ ਆਮ ਲੋਕਾਂ ਨੂੰ ਖੇਤੀ ਦੇ ਧੰਦੇ ਤੋਂ ਬਾਹਰ ਕਰਨ ਦੀ ਸਾਜਿਸ਼ ਤਹਿਤ ਬਣਾਈਆਂ ਜਾ ਰਹੀਆਂ ਹਨ।ਇਸ ਮੌਕੇ ਉਨ੍ਹਾ ਨਾਲ ਹਾਜ਼ਰ ਭਾਰਤੀ ਕਮਿਊਨਿਸਟ ਪਾਰਟੀ ਦੇ ਆਗੂ ਕੁਲਦੀਪ ਸਿੰਘ ਭੋਲਾ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਆਗੂ ਮਹਿੰਦਰ ਸਿੰਘ ਧੂੜਕੋਟ ਤੇ ਗੁਰਦਿੱਤ ਸਿੰਘ ਦੀਨਾ ਨੇ ਕਿਹਾ ਕਿ ਅਜਿਹਾ ਨਹੀਂ ਕਿ ਸੜਕਾਂ ਤੇ ਹੋਰ ਉਸਾਰੀ ਕਰਨ ਮੌਕੇ ਸੰਬੰਧਤ ਮਹਿਕਮੇ ਸਾਹਮਣੇ ਭਵਿੱਖੀ ਮੁਸ਼ਕਲਾਂ ਦਾ ਨਕਸ਼ਾ ਨਹੀਂ ਹੁੰਦਾ, ਸਭ ਕੁਝ ਸਪੱਸ਼ਟ ਹੁੰਦੈ, ਪਰ ਜੇ ਨੇਕ ਨੀਅਤ ਹੋਵੇ ਤਾਂ ਇਹ ਸੜਕਾਂ ਪਿਲਰਾਂ ਉੱਪਰ ਵੀ ਬਣਾਈਆਂ ਜਾ ਸਕਦੀਆਂ ਹਨ ਜਾਂ ਉਹ ਏਰੀਏ, ਜਿੱਥੋਂ ਪਹਿਲਾਂ ਇਤਿਹਾਸ ਵਿੱਚ ਪਾਣੀ ਵਗ ਕੇ ਲੰਘਦਾ ਰਿਹਾ ਹੁੰਦਾ ਸੀ, ਦੀ ਨਿਸ਼ਾਨਦੇਹੀ ਕਰਕੇ ਉੱਥੇ ਪੁਲੀਆਂ ਦੱਬ ਕੇ ਪਾਣੀ ਲਈ ਲਾਂਘੇ ਦਾ ਅਗਾਊਂ ਪ੍ਰਬੰਧ ਕੀਤਾ ਜਾ ਸਕਦਾ ਹੁੰਦੈ। ਆਗੂਆਂ ਨੇ ਕਿਹਾ ਕਿ ਅਜਿਹਾ ਨਾ ਕਰਨ ਤੋਂ ਹੀ ਸਪੱਸ਼ਟ ਹੁੰਦਾ ਕਿ ਪੰਜਾਬ ਦੀ ਕਿਸਾਨੀ ਨੂੰ ਆਰਥਿਕ ਤੌਰ 'ਤੇ • ਬਾਕੀ ਸਫਾ 2 'ਤੇ



ਜਾਣਕਾਰੀ ਦਿੰਦੇ ਹੋਏ ਆਗੂ

# ਗਾਜ਼ਾ 'ਚ ਵੱਡੇ ਪੱਧਰ 'ਤੇ ਭੁੱਖਮਰੀ ਫੈਲਣ ਦੀ ਚੇਤਾਵਨੀ



**ਗਾਜ਼ਾ** : 100 ਤੋਂ ਵੱਧ ਸਹਾਇਤਾ ਸੰਗਠਨਾਂ ਅਤੇ ਮਾਨਵ ਅਧਿਕਾਰ ਸਮੂਹਾਂ ਨੇ ਬੁੱਧਵਾਰ ਚੇਤਾਵਨੀ ਦਿੱਤੀ ਕਿ ਗਾਜ਼ਾ 'ਚ ਵੱਡੇ ਪੱਧਰ 'ਤੇ ਭੁੱਖਮਰੀ ਫੈਲ ਰਹੀ ਹੈ। ਇਨ੍ਹਾਂ ਸੰਗਠਨਾ ਨੇ ਇਸ ਗੰਭੀਰ ਸਥਿਤੀ ਲਈ ਇਜ਼ਰਾਇਲ ਅਤੇ ਇਜ਼ਰਾਇਲੀ ਸਰਕਾਰ ਵੱਲੋਂ ਸਮਰਥਿਤ ਗਾਜ਼ਾ ਹਿਊਮੈਨਟੇਰੀਅਨ ਫਾਊਂਡੇਸ਼ਨ (ਜੀ ਐੱਚ ਐੱਫ) ਨੂੰ ਜ਼ਿੰਮੇਵਾਰ ਠਹਿਰਾਇਆ ਹੈ। ਗਾਜ਼ਾ ਪੱਟੀ 'ਚ ਲਗਭਗ 20 ਲੱਖ ਲੋਕ ਰਹਿੰਦੇ ਹਨ ਅਤੇ ਉਨ੍ਹਾਂ ਨੂੰ ਭੋਜਨ, ਪਾਣੀ, ਦਵਾਈਆਂ ਅਤੇ ਹੋਰ ਜ਼ਰੂਰੀ ਚੀਜ਼ਾਂ ਦੀ ਸਖ਼ਤ ਲੋੜ ਹੈ। ਇਜ਼ਰਾਇਲ ਦੀ ਨਾਕਾਬੰਦੀ ਨੇ ਖੇਤਰ ਅੰਦਰ ਲੋਕਾਂ ਤੱਕ ਭੋਜਨ ਪਹੁੰਚਣ ਦੀ ਗਤੀ ਨੂੰ ਬਹੁਤ ਘੱਟ ਕਰ ਦਿੱਤਾ ਹੈ। ਬੀਤੇ ਮੰਗਲਵਾਰ ਨੂੰ ਗਾਜ਼ਾ ਦੇ ਸਿਹਤ ਮੰਤਰਾਲੇ ਅਨੁਸਾਰ ਹਾਲ ਦੇ ਦਿਨਾਂ 'ਚ 101 ਲੋਕ, ਜਿਨ੍ਹਾਂ 'ਚ 80 ਬੱਚੇ ਸ਼ਾਮਲ ਹਨ, ਦੀ ਭੁੱਖਮਰੀ ਨਾਲ ਮੌਤ ਹੋ ਗਈ। ਡਬਲਯੂ ਐੱਫ ਪੀ ਦੇ ਐਮਰਜੈਂਸੀ ਡਾਇਰੈਕਟਰ ਰਾਸ ਸਮਿੱਥ ਨੇ ਦੱਸਿਆ ਕਿ ਲਗਭਗ 1 ਲੱਖ ਔਰਤਾਂ ਅਤੇ ਬੱਚੇ ਗੰਭੀਰ ਕੁਪੋਸ਼ਣ ਨਾਲ ਪੀੜਤ ਹਨ ਹਨ। ਗਾਜ਼ਾ ਦੀ ਇੱਕ ਤਿਹਾਈ ਅਬਾਦੀ ਕਈ ਦਿਨਾਂ ਤੱਕ ਬਿਨਾਂ ਖਾਧੇ ਰਹਿੰਦੀ ਹੈ।

## ਕ੍ਰਿਕਟ ਬੋਰਡ ਨੂੰ ਨਕੇਲ ਪਾਉਣ ਵਾਲਾ ਬਿੱਲ ਪੇਸ਼

**ਨਵੀਂ ਦਿੱਲੀ** : ਕੇਂਦਰੀ ਖੇਡ ਮੰਤਰੀ ਮਨਸੁਖ ਮਾਂਡਵੀਆ ਨੇ ਬੁੱਧਵਾਰ ਲੋਕ ਸਭਾ ਵਿੱਚ ਰੌਲੇ-ਰੱਪੇ ਦਰਮਿਆਨ ਕੌਮੀ ਖੇਡ ਪ੍ਰਸ਼ਾਸਨ (ਨੈਸ਼ਨਲ ਸਪੋਰਟਸ ਗਵਰਨੈਂਸ) ਬਿੱਲ ਪੇਸ਼ ਕੀਤਾ, ਜੋ ਭਾਰਤੀ ਕ੍ਰਿਕਟ ਕੰਟਰੋਲ ਬੋਰਡ (ਬੀ ਸੀ ਸੀ ਆਈ) ਸਮੇਤ ਕੌਮੀ ਖੇਡ ਸੰਸਥਾਵਾਂ ਦੇ ਕੰਮਕਾਜ ਵਿੱਚ ਵਧੇਰੇ ਪਾਰਦਰਸ਼ਤਾ ਲਿਆਉਣ ਦੇ ਨਾਲ ਇਨ੍ਹਾਂ ਖੇਡ ਸੰਸਥਾਵਾਂ ਨੂੰ ਇੱਕ ਰੈਗੂਲੇਟਰੀ ਬੋਰਡ ਪ੍ਰਤੀ ਵਧੇਰੇ ਜਵਾਬਦੇਹ ਬਣਾਏਗਾ। ਕੌਮੀ ਖੇਡ ਪ੍ਰਸ਼ਾਸਨ ਬਿੱਲ ਵਿੱਚ ਕੌਮੀ ਉਲੰਪਿਕ ਕਮੇਟੀ, ਰਾਸ਼ਟਰੀ ਪੈਰਾਲੰਪਿਕ ਕਮੇਟੀ, ਰਾਸ਼ਟਰੀ ਖੇਡ ਸੰਘ ਅਤੇ ਖੇਤਰੀ ਖੇਡ ਸੰਘ ਵਰਗੀਆਂ ਰਾਸ਼ਟਰੀ ਖੇਡ ਸੰਚਾਲਨ ਸੰਸਥਾਵਾਂ ਦੀ ਸਥਾਪਨਾ ਲਈ ਉਪਬੰਧ ਹਨ, ਜੋ ਕਿ ਸੰਬੰਧਤ ਮਾਨਤਾ ਪ੍ਰਾਪਤ ਖੇਡ ਸੰਗਠਨਾਂ ਲਈ ਹਨ। ਇਹ ਬਿੱਲ ਖੇਡਾਂ ਦੇ ਵਿਕਾਸ ਅਤੇ ਪ੍ਰੋਤਸਾਹਨ, ਖਿਡਾਰੀਆਂ ਲਈ ਭਲਾਈ ਉਪਾਅ, ਚੰਗੇ ਸ਼ਾਸਨ, ਨੈਤਿਕਤਾ ਅਤੇ ਨਿਰਪੱਖ ਖੇਡ ਦੇ ਬੁਨਿਆਦੀ ਵਿਸ਼ਵ-ਵਿਆਪੀ ਸਿਧਾਂਤਾਂ 'ਤੇ ਅਧਾਰਤ ਨੈਤਿਕ ਅਭਿਆਸਾਂ ਦੀ ਵਿਵਸਥਾ ਕਰਨ ਦੀ ਕੋਸ਼ਿਸ਼ ਕਰਦਾ ਹੈ।

# ਬਿਨਾਂ ਰੇਲਿੰਗ ਵਾਲੇ ਪੁਲ 'ਤੇ ਬਾਈਕ ਤਿਲਕਣ ਨਾਲ ਦੋ ਬੱਚੇ ਨਹਿਰ 'ਚ ਰੁੜ੍ਹ ਗਏ





**ਫਿਰੋਜ਼ਪੁਰ** : ਪਿੰਡ ਵਰਪਾਲ ਕੋਲੋਂ ਲੰਘਦੀ ਸਰਹੰਦ ਨਹਿਰ 'ਤੇ ਬਣੇ ਬਿਨਾਂ ਰੇਲਿੰਗ ਵਾਲੇ ਪੁਲ ਤੋਂ ਮੋਟਰਸਾਈਕਲ ਤਿਲਕ ਜਾਣ ਕਾਰਨ ਮੋਟਰਸਾਈਕਲ ਸਵਾਰ ਦੋ ਬੱਚੇ ਅਤੇ ਇੱਕ ਔਰਤ ਨਹਿਰ ਵਿੱਚ ਰੁੜ੍ਹ ਗਏ। ਵਰਪਾਲ ਪਿੰਡ ਦਾ ਜਸਬੀਰ ਸਿੰਘ ਮੰਗਲਵਾਰ ਰਾਤ ਫਿਰੋਜ਼ਪੁਰ ਤੋਂ ਵਾਪਸ ਆਉਂਦਿਆਂ ਪਰਵਾਰ ਸਣੇ ਪੁਲ ਤੋਂ ਲੰਘਣ ਲੱਗਾ ਤਾਂ ਹਾਦਸਾ ਵਾਪਰ ਗਿਆ। ਜਸਬੀਰ ਸਿੰਘ ਦੀ ਪਤਨੀ ਮਨਦੀਪ ਕੌਰ, ਮੁੰਡਾ ਗੁਰਬੇਜ ਸਿੰਘ (4) ਅਤੇ ਕੁੜੀ ਨਿਮਰਤ ਕੌਰ (2) ਨਹਿਰ ਵਿੱਚ ਡਿੱਗ ਗਏ। ਉਨ੍ਹਾਂ ਨੂੰ ਬਚਾਉਣ ਲਈ ਜਸਬੀਰ ਸਿੰਘ ਨੇ ਨਹਿਰ ਵਿੱਚ ਛਾਲ ਮਾਰ ਦਿੱਤੀ। ਨਹਿਰ ਕਿਨਾਰੇ ਲੱਗੀ ਬੂਟੀ ਨੂੰ ਹੱਥ ਪਾ ਕੇ ਉਸ ਦੀ ਪਤਨੀ ਮਨਦੀਪ ਕੌਰ ਤਾਂ ਬਾਹਰ ਆ ਗਈ, ਜਦੋਂਕਿ ਬੱਚੇ ਪਾਣੀ ਦੇ ਤੇਜ਼ ਵਹਾਅ ਵਿੱਚ ਰੁੜ੍ਹ ਗਏ। ਗੋਤਾਖੋਰਾਂ ਵੱਲੋਂ ਬੱਚਿਆਂ ਦੀ ਭਾਲ ਜਾਰੀ ਸੀ।

ਪਿੰਡ ਦੇ ਸਰਪੰਚ ਬਲਵਿੰਦਰ ਸਿੰਘ ਨੇ ਦੱਸਿਆ ਕਿ ਨਹਿਰੀ ਵਿਭਾਗ ਵੱਲੋਂ ਨਹਿਰਾਂ ਦੇ ਕੰਢੇ ਮਜ਼ਬੂਤ ਕਰਨ ਲਈ ਠੇਕੇਦਾਰ ਕੋਲੋਂ ਮਿੱਟੀ ਪਵਾਈ ਜਾ ਰਹੀ ਹੈ। ਇਸ ਕਰਕੇ ਪੁਲ 'ਤੇ ਚਿੱਕੜ ਬਣਿਆ ਹੋਇਆ ਹੈ ਅਤੇ ਮੋਟਰਸਾਈਕਲ ਚਿੱਕੜ ਕਾਰਨ ਹੀ ਤਿਲਕ ਕੇ ਨਹਿਰ ਵਿੱਚ ਡਿੱਗਿਆ ਹੈ। ਇਸ ਪੁਲ 'ਤੇ ਪਿਛਲੇ ਲੰਮੇ ਸਮੇਂ ਤੋਂ ਕੋਈ ਰੇਲਿੰਗ ਨਹੀਂ ਅਤੇ ਪ੍ਰਸ਼ਾਸਨ ਦੇ ਕਈ ਵਾਰ ਧਿਆਨ ਵਿੱਚ ਲਿਆਉਣ 'ਤੇ ਵੀ ਰੇਲਿੰਗ ਨਹੀਂ ਲਗਾਈ ਗਈ। ਘਟਨਾ ਤੋਂ ਬਾਅਦ ਗੁੱਸੇ ਵਿੱਚ ਆਏ ਲੋਕਾਂ ਨੇ ਪੁਲ ਬੰਦ ਕਰਕੇ ਮੌਕੇ 'ਤੇ ਧਰਨਾ ਲਗਾ ਦਿੱਤਾ। ਘਟਨਾ ਦੀ ਸੂਚਨਾ ਮਿਲਦੇ ਹੀ ਅਧਿਕਾਰੀ ਮੌਕੇ 'ਤੇ ਪਹੁੰਚੇ ਅਤੇ ਲੋਕਾਂ ਦੀ ਮੰਗ ਨੂੰ ਪੂਰਾ ਕਰਨ ਦਾ ਭਰੋਸਾ ਦਿੱਤਾ ਗਿਆ।

# ਡਾਕਟਰ ਅਰੁਣ ਮਿੱਤਰਾ ਵੱਲੋਂ ਪਾਰਟੀ ਕਾਂਗਰਸ ਲਈ ਪਾਏ ਗਏ ਯੋਗਦਾਨ ਦੀ ਭਰਪੂਰ ਸ਼ਲਾਘਾ



ਸੀ ਪੀ ਆਈ ਦੇ ਕੌਮੀ ਸਕੱਤਰੇਤ ਮੈਂਬਰ ਅਮਰਜੀਤ ਕੌਰ ਅਤੇ ਪਰਵਾਰ ਦੇ ਹੋਰ ਮੈਂਬਰ ਡਾਕਟਰ ਯੱਗ ਦੱਤ ਨੂੰ ਉਹਨਾ ਦੇ ਗ੍ਰਿਹ ਵਿਖੇ ਗੁਲਦਸਤਾ ਭੇਟ ਕਰਦੇ ਹੋਏ।

**ਲੁਧਿਆਣਾ (ਐੱਮ ਐੱਸ ਭਾਟੀਆ)**

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਦੀ ਐਗਜ਼ੈਕਟਿਵ ਕਮੇਟੀ ਦੀ ਮੀਟਿੰਗ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿੱਚ ਹੋਈ, ਜਿਸ ਵਿੱਚ 21 ਤੋਂ 25 ਸਤੰਬਰ ਤੱਕ ਚੰਡੀਗੜ੍ਹ ਵਿਖੇ ਹੋ ਰਹੀ ਪਾਰਟੀ ਕਾਂਗਰਸ ਲਈ ਲੁਧਿਆਣਾ ਜ਼ਿਲ੍ਹੇ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ। ਇਸ ਮੀਟਿੰਗ ਵਿੱਚ ਪਾਰਟੀ ਦੇ ਸੂਬਾ ਸਕੱਤਰ ਬੰਤ ਬਰਾੜ ਉਚੇਚੇ ਤੌਰ 'ਤੇ ਸ਼ਾਮਿਲ ਹੋਏ। ਸਾਥੀ ਬਰਾੜ ਨੇ ਲੁਧਿਆਣਾ ਵੱਲੋਂ ਆਪਣੇ ਕੋਟੇ ਦੇ ਪੂਰੇ ਪੈਸੇ ਦੇਣ ਲਈ ਲੁਧਿਆਣਾ ਦੀ ਲੀਡਰਸ਼ਿਪ ਦਾ ਧੰਨਵਾਦ ਕੀਤਾ। ਇਸ ਦੇ ਨਾਲ ਹੀ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਡਾਕਟਰ ਅਰੁਣ ਮਿੱਤਰਾ ਵੱਲੋਂ ਪਾਰਟੀ ਕਾਂਗਰਸ ਲਈ ਹੁਣ ਤੱਕ ਫੰਡ ਦੀ ਉਗਰਾਹੀ ਵਿੱਚ ਪਾਏ ਗਏ ਯੋਗਦਾਨ ਲਈ ਸਾਰਿਆਂ ਵੱਲੋਂ ਸ਼ਲਾਘਾ ਕੀਤੀ ਗਈ।

ਡਾਕਟਰ ਮਿੱਤਰਾ ਨੇ ਹੁਣ ਤੱਕ 5 ਲੱਖ ਰੁਪਏ ਇਕੱਤਰ ਕੀਤੇ ਹਨ, ਜਿਸ ਵਿੱਚ ਸਭ ਤੋਂ ਵੱਡਾ ਯੋਗਦਾਨ ਉਹਨਾ ਦੇ ਮਾਮਾ ਜੀ ਡਾਕਟਰ ਯੱਗ ਦੱਤ ਦਾ ਹੈ, ਜੋ ਰਸਾਇਣ ਵਿਭਾਗ ਦਿੱਲੀ ਯੂਨੀਵਰਸਿਟੀ ਦੇ ਮੁਖੀ ਰਹੇ ਹਨ। ਉਹ ਲਗਾਤਾਰ ਪਾਰਟੀ ਨਾਲ ਜੁੜੇ ਹੋਏ ਹਨ।

# ਆਸਟਰੇਲੀਆ 'ਚ ਭਾਰਤੀ 'ਤੇ ਨਸਲੀ ਹਮਲਾ



**ਐਡੀਲੇਡ** : ਆਸਟਰੇਲੀਆ ਵਿੱਚ ਇੱਕ ਭਾਰਤੀ ਨੂੰ ਬੇਰਹਿਮੀ ਨਾਲ ਕੁੱਟਿਆ ਗਿਆ, ਨਸਲੀ ਟਿੱਪਣੀਆਂ ਕੀਤੀਆਂ ਗਈਆਂ ਅਤੇ ਅੱਧਮੋਇਆ ਕਰਕੇ ਤੜਫਦਾ ਛੱਡ ਦਿੱਤਾ ਗਿਆ। ਐਡੀਲੇਡ 'ਚ ਕਾਰ ਪਾਰਕਿੰਗ ਦੌਰਾਨ ਇਹ ਘਟਨਾ ਵਾਪਰੀ। ਚਰਨਪ੍ਰੀਤ ਸਿੰਘ ਲੰਘੇ ਸ਼ਨੀਵਾਰ ਸ਼ਾਮ ਨੂੰ ਆਪਣੀ ਪਤਨੀ ਨਾਲ ਸੈਰ ਕਰਨ ਲਈ ਬਾਹਰ ਗਿਆ ਸੀ। ਰਾਤ 9:22 ਵਜੇ ਦੇ ਕਰੀਬ ਉਹ ਐਡੀਲੇਡ ਦੇ ਕਿੰਟੋਰ ਐਵੇਨਿਊ ਦੇ ਨੇੜਿਓਂ ਲੰਘ ਰਿਹਾ ਸੀ ਕਿ ਕੁਝ ਲੋਕਾਂ ਨੇ ਉਸ 'ਤੇ ਭਾਰਤੀ ਹੋਣ ਦਾ ਦੋਸ਼ ਲਗਾ ਕੇ ਹਮਲਾ ਕਰ ਦਿੱਤਾ। ਚਰਨਪ੍ਰੀਤ ਸਿੰਘ ਨੇ ਪੁਲਸ ਨੂੰ ਦੱਸਿਆ ਕਿ ਦੋਸ਼ੀਆਂ ਨੇ ਉਸ 'ਤੇ ਨਸਲੀ ਟਿੱਪਣੀਆਂ ਕੀਤੀਆਂ। ਬਿਨਾਂ ਕਿਸੇ ਕਾਰਨ ਉਸ ਨੂੰ ਮਾਰਨਾ ਸ਼ੁਰੂ ਕਰ ਦਿੱਤਾ। ਚਰਨਪ੍ਰੀਤ ਦੇ ਅਨੁਸਾਰ ਉਹ ਸਿਰਫ 'ਫੱਕ ਯੂ, ਇੰਡੀਅਨ' ਕਹਿ ਰਹੇ ਸਨ। ਉਨ੍ਹਾਂ ਉਸ ਦੇ ਥੱਪੜ ਤੇ ਮੁੱਕੇ ਮਾਰਨੇ ਸ਼ੁਰੂ ਕਰ ਦਿੱਤੇ। ਉਸ ਨੇ ਮੁਕਾਬਲਾ ਕਰਨ ਦੀ ਕੋਸ਼ਿਸ਼ ਕੀਤੀ, ਪਰ ਉਹ ਉਸ ਨੂੰ ਉਦੋਂ ਤੱਕ ਮਾਰਦੇ ਰਹੇ, ਜਦੋਂ ਤੱਕ ਉਹ ਬੇਹੋਸ਼ ਨਹੀਂ ਹੋ ਗਿਆ। ਜ਼ੇਰੇ ਇਲਾਜ ਚਰਨਪ੍ਰੀਤ ਸਿੰਘ ਨੇ ਕਿਹਾ, 'ਜਦੋਂ ਤੁਹਾਡੇ ਨਾਲ ਅਜਿਹੀਆਂ ਚੀਜ਼ਾਂ ਹੁੰਦੀਆਂ ਹਨ ਤਾਂ ਆਪਣੇ ਦੇਸ਼ • ਬਾਕੀ ਸਫਾ 2 'ਤੇ

# ਮਹਿਲਾ ਦੀ ਵੱਡੇ ਗੁਜ਼ਾਰਾ ਭੱਤੇ ਦੀ ਮੰਗ 'ਤੇ ਸੁਪਰੀਮ ਕੋਰਟ ਦੀ ਸਖ਼ਤ ਟਿੱਪਣੀ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਇੱਕ ਵਿਆਹੁਤਾ ਜੋੜੇ ਦੇ ਵਿਵਾਦ ਵਿੱਚ ਵੱਡੇ ਗੁਜ਼ਾਰਾ ਭੱਤੇ ਦੀ ਮੰਗ ਕਰਦੀ ਮਹਿਲਾ ਲਈ ਸਖਤ ਟਿੱਪਣੀ ਕੀਤੀ ਅਤੇ ਆਪਣਾ ਫੈਸਲਾ ਰਾਖਵਾਂ ਰੱਖ ਲਿਆ। ਮਹਿਲਾ ਨੇ ਸਿਰਫ 18 ਮਹੀਨਿਆਂ ਦੇ ਵਿਆਹ ਤੋਂ ਬਾਅਦ 12 ਕਰੋੜ ਰੁਪਏ ਦਾ ਗੁਜ਼ਾਰਾ ਭੱਤਾ, ਮੁੰਬਈ ਦੇ ਕਲਪਤਰੂ ਪ੍ਰੋਜੈਕਟ ਵਿੱਚ ਇੱਕ ਉੱਚ-ਦਰਜੇ ਦਾ ਫਲੈਟ ਅਤੇ ਇੱਕ ਬੀ ਐੱਮ ਡਬਲਿਊ ਕਾਰ ਦੀ ਮੰਗ ਕੀਤੀ ਹੈ।

ਸੁਣਵਾਈ ਦੌਰਾਨ ਸੁਪਰੀਮ ਕੋਰਟ ਦੀ ਬੈਂਚ ਨੇ ਉਸ ਦੀਆਂ ਮੰਗਾਂ ਦੀ ਹੱਦ 'ਤੇ ਚਿੰਤਾ ਪ੍ਰਗਟਾਈ। ਅਦਾਲਤ ਨੇ ਸਵਾਲ ਕੀਤਾ ਕਿ ਵਿਆਹ ਦੀ ਥੋੜ੍ਹੀ ਮਿਆਦ ਅਤੇ ਮਹਿਲਾ ਦੀ ਆਈ ਟੀ ਪੇਸ਼ੇਵਰ ਵਜੋਂ ਐੱਮ ਬੀ ਏ ਦੀਆਂ ਆਪਣੀਆਂ ਯੋਗਤਾਵਾਂ ਨੂੰ ਦੇਖਦੇ ਹੋਏ ਕੀ ਅਜਿਹੇ ਦਾਅਵੇ ਵਾਜਬ ਹਨ। ਇਹ ਦੇਖਦੇ ਹੋਏ ਕਿ ਉਸ ਕੋਲ ਬੇਂਗਲੁਰੂ ਅਤੇ ਹੈਦਰਾਬਾਦ ਵਰਗੇ ਪ੍ਰਮੁੱਖ ਆਈ ਟੀ ਹੱਬ ਵਿੱਚ ਕੰਮ ਕਰਨ ਲਈ ਪ੍ਰਮਾਣ ਪੱਤਰ ਅਤੇ ਸੰਭਾਵਨਾਵਾਂ ਹਨ, ਅਦਾਲਤ ਨੇ ਪੁੱਛਿਆ ਕਿ ਉਸ ਨੇ ਰੁਜ਼ਗਾਰ ਕਿਉਂ ਨਹੀਂ ਲਿਆ। ਜੱਜਾਂ ਨੇ ਜ਼ੋਰ ਦਿੱਤਾ ਕਿ ਉਹ ਆਪਣੇ ਵੱਖ ਹੋ ਚੁੱਕੇ ਪਤੀ 'ਤੇ ਅਣਮਿੱਥੇ ਸਮੇਂ ਲਈ ਨਿਰਭਰ ਰਹਿਣ ਦੀ ਉਮੀਦ ਨਹੀਂ ਕਰ ਸਕਦੀ, ਖਾਸ ਕਰਕੇ ਜਦੋਂ ਉਹ ਸੁਤੰਤਰ ਤੌਰ 'ਤੇ ਕਮਾਈ ਕਰਨ ਦੇ ਸਮਰੱਥ ਹੈ।

ਮਹਿਲਾ ਨੇ ਦਲੀਲ ਦਿੱਤੀ ਕਿ ਉਸ ਦਾ ਪਤੀ ਅਮੀਰ ਸੀ ਅਤੇ ਉਸ ਨੇ ਇਹ ਕਹਿ ਕੇ ਆਪਣੇ ਵਿਆਹ ਨੂੰ ਰੱਦ ਕਰਨ ਦੀ ਮੰਗ ਵੀ ਕੀਤੀ ਸੀ ਕਿ ਉਹ ਸਾਈਜ਼ੋਫਰੀਨਕ (ਮਾਨਸਕ ਬਿਮਾਰੀ ਦਾ ਪੀੜਤ) ਸੀ—ਭਾਵ ਇੱਕ ਦੋਸ਼, ਜਿਸ ਨੂੰ ਉਸ ਨੇ ਅਦਾਲਤ ਵਿੱਚ ਜ਼ੋਰਦਾਰ ਢੰਗ ਨਾਲ ਨਕਾਰ ਦਿੱਤਾ। ਮਹਿਲਾ ਨੇ ਇਹ ਵੀ ਦੋਸ਼ ਲਾਇਆ ਕਿ ਉਸ ਦੇ ਕਾਨੂੰਨੀ ਸਲਾਹਕਾਰ ਨੂੰ ਪ੍ਰਭਾਵਤ ਕੀਤਾ ਗਿਆ ਸੀ, ਪਰ ਇਸ ਦਾਅਵੇ ਨੂੰ ਬੈਂਚ ਨੇ ਦ੍ਰਿੜ੍ਹਤਾ ਨਾਲ ਰੱਦ ਕਰ ਦਿੱਤਾ।

ਮਹਿਲਾ ਦੀ ਫਲੈਟ ਅਤੇ 12 ਕਰੋੜ ਰੁਪਏ ਦੋਵਾਂ ਦੀ ਮੰਗ ਦੇ ਜਵਾਬ ਵਿੱਚ ਅਦਾਲਤ ਨੇ ਇੱਕ ਵਿਕਲਪ ਪ੍ਰਸਤਾਵਤ ਕੀਤਾ, ਜਿਸ ਵਿੱਚ ਕਿਹਾ ਗਿਆ ਜਾਂ ਤਾਂ ਸਾਰੇ ਬੋਝਾਂ ਤੋਂ ਮੁਕਤ ਫਲੈਟ ਸਵੀਕਾਰ ਕਰੋ ਜਾਂ ਸਮਝੌਤੇ ਵਜੋਂ 4 ਕਰੋੜ ਰੁਪਏ ਲਓ ਅਤੇ ਢੁਕਵਾਂ ਰੁਜ਼ਗਾਰ ਲੱਭੋ। ਅਦਾਲਤ ਨੇ ਉਸ ਨੂੰ ਭਰੋਸਾ ਵੀ ਦਿੱਤਾ ਕਿ ਉਸ ਦੇ ਰੁਜ਼ਗਾਰ ਦੀਆਂ ਸੰਭਾਵਨਾਵਾਂ ਨੂੰ ਬਿਹਤਰ ਬਣਾਉਣ ਲਈ ਉਸ ਵਿਰੁੱਧ ਦਰਜ ਕੋਈ ਵੀ ਐੱਫ ਆਈ ਆਰ ਜਾਂ ਦੋਸ਼ ਰੱਦ ਕੀਤੇ ਜਾ ਸਕਦੇ ਹਨ।

ਅਦਾਲਤ ਨੇ ਕਿਹਾ ਕਿ ਇੱਕ ਪੜ੍ਹੇ-ਲਿਖੇ ਵਿਅਕਤੀ ਵਜੋਂ ਉਸ ਨੂੰ ਸਿਰਫ ਗੁਜ਼ਾਰੇ 'ਤੇ ਨਿਰਭਰ ਨਹੀਂ ਰਹਿਣਾ ਚਾਹੀਦਾ, ਬਲਕਿ ਕੰਮ ਰਾਹੀਂ ਸਵੈ-ਨਿਰਭਰਤਾ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਅਖੀਰ ਵਿੱਚ ਇਸ ਕੇਸ 'ਤੇ ਫੈਸਲਾ ਰਾਖਵਾਂ ਰੱਖ ਲਿਆ ਗਿਆ ਹੈ।

## ਚੀਨੀ ਨਾਗਰਿਕਾਂ ਨੂੰ ਵਿਜ਼ਟਰ ਵੀਜ਼ੇ ਦੇਣ ਦਾ ਐਲਾਨ

**ਬੀਜਿੰਗ** : ਭਾਰਤ ਨੇ ਇਸ ਹਫਤੇ ਤੋਂ ਚੀਨੀ ਨਾਗਰਿਕਾਂ ਨੂੰ ਵਿਜ਼ਟਰ ਵੀਜ਼ੇ ਦੇਣ ਦੀ ਸ਼ੁਰੂਆਤ ਦਾ ਐਲਾਨ ਕੀਤਾ ਹੈ। ਇਹ ਕਦਮ ਗਲਵਾਨ ਘਾਟੀ ਵਿੱਚ ਫੌਜੀ ਝੜਪਾਂ ਤੋਂ ਬਾਅਦ ਤਣਾਅਪੂਰਨ ਹੋਏ ਦੁਵੱਲੇ ਸੰਬੰਧਾਂ ਨੂੰ ਸੁਧਾਰਨ ਦੀਆਂ ਕੋਸ਼ਿਸ਼ਾਂ ਦੇ ਹਿੱਸੇ ਵਜੋਂ ਸਾਹਮਣੇ ਆਇਆ ਹੈ। ਭਾਰਤ ਨੇ 2020 ਵਿੱਚ ਮੁੱਖ ਤੌਰ 'ਤੇ ਕੋਵਿਡ-19 ਮਹਾਂਮਾਰੀ ਕਾਰਨ ਚੀਨੀ ਨਾਗਰਿਕਾਂ ਨੂੰ ਵਿਜ਼ਟਰ ਵੀਜ਼ੇ ਜਾਰੀ ਕਰਨਾ ਬੰਦ ਕਰ ਦਿੱਤਾ ਸੀ, ਪਰ ਪੂਰਬੀ ਲੱਦਾਖ ਸਰਹੱਦੀ ਵਿਵਾਦ ਦੇ ਮੱਦੇਨਜ਼ਰ ਪਾਬੰਦੀਆਂ ਜਾਰੀ ਰੱਖੀਆਂ ਸਨ। ਬੀਜਿੰਗ ਵਿੱਚ ਭਾਰਤੀ ਦੂਤਾਵਾਸ ਨੇ ਕਿਹਾ ਕਿ ਚੀਨੀ ਨਾਗਰਿਕ ਵੀਰਵਾਰ ਤੋਂ ਵਿਜ਼ਟਰ ਵੀਜ਼ਿਆਂ ਲਈ ਅਪਲਾਈ ਕਰ ਸਕਦੇ ਹਨ।

# ਕਰੋੜਾਂ ਰੁਪਏ ਕਢਵਾ ਕੇ ਬੈਂਕ ਕਲਰਕ ਫਰਾਰ

**ਫਰੀਦਕੋਟ** : ਸਟੇਟ ਬੈਂਕ ਆਫ ਇੰਡੀਆ ਦੀ ਸਾਦਿਕ ਬ੍ਰਾਂਚ ਦਾ ਇੱਕ ਕਲਰਕ ਕਥਿਤ ਤੌਰ 'ਤੇ ਗਾਹਕਾਂ ਦੇ ਖਾਤਿਆਂ, ਐੱਫ ਡੀ ਅਤੇ ਕ੍ਰੈਡਿਟ ਸੀਮਾ ਵਿੱਚੋਂ ਕਰੋੜਾਂ ਰੁਪਏ ਕੱਢ ਕੇ ਫਰਾਰ ਹੋ ਗਿਆ। ਖਾਤਾਧਾਰਕ ਬ੍ਰਾਂਚ ਵਿੱਚ ਆਏ ਤਾਂ ਆਪਣੇ ਖਾਤੇ ਖਾਲੀ ਦੇਖ ਕੇ ਹੈਰਾਨ ਰਹਿ ਗਏ। ਬੈਂਕ ਦੇ ਬਾਹਰ ਬਜ਼ੁਰਗ ਖਾਤਾਧਾਰਕ ਅਤੇ ਔਰਤਾਂ ਨੇ ਭਰੇ ਮਨ ਨਾਲ ਦੱਸਿਆ ਕਿ ਉਨ੍ਹਾਂ ਦੀ ਜੀਵਨ ਭਰ ਦੀ ਕਮਾਈ ਗਾਇਬ ਹੋ ਗਈ ਹੈ। ਬੈਂਕ ਅਧਿਕਾਰੀਆਂ ਨੇ ਜਾਂਚ ਦੌਰਾਨ ਦੇਖਿਆ ਕਿ ਕਈ ਲੋਕਾਂ ਦੇ ਖਾਤਿਆਂ ਵਿੱਚੋਂ ਵੱਡੀ ਰਕਮ ਗਾਇਬ ਸੀ ਅਤੇ ਬੁੱਧਵਾਰ ਤਸਦੀਕ ਲਈ ਉਨ੍ਹਾਂ ਨਾਲ ਸੰਪਰਕ ਕੀਤਾ ਸੀ। ਸ਼ੁਰੂਆਤੀ ਸ਼ੱਕ ਬੈਂਕ ਦੇ ਇੱਕ ਕਲਰਕ 'ਤੇ ਪਿਆ, ਜੋ ਹੁਣ ਫਰਾਰ ਹੈ। ਕਈਆਂ ਖਾਤਾਧਾਰਕਾਂ ਨੇ ਪਾਇਆ ਕਿ ਉਨ੍ਹਾਂ ਦੇ ਫਿਕਸਡ ਡਿਪਾਜ਼ਿਟ ਸਮੇਂ ਤੋਂ ਪਹਿਲਾਂ ਬੰਦ ਕਰ ਦਿੱਤੇ ਗਏ, ਨਾਮਜ਼ਦ ਵਿਅਕਤੀਆਂ ਦੇ ਵੇਰਵੇ ਬਦਲ ਦਿੱਤੇ ਗਏ ਅਤੇ ਫੰਡਾਂ ਨੂੰ ਹੋਰ ਖਾਤਿਆਂ ਵਿਚ ਭੇਜ ਦਿੱਤਾ ਗਿਆ। ਇੱਕ ਪੀੜਤਾ ਪਰਮਜੀਤ ਕੌਰ ਨੇ ਦਾਅਵਾ ਕੀਤਾ ਕਿ ਉਸ ਦੀ 22 ਲੱਖ ਰੁਪਏ ਦੀ ਸੰਯੁਕਤ ਜਾਇੰਟ ਐੱਫ ਡੀ ਧੋਖਾਧੜੀ ਨਾਲ ਕਢਵਾਈ ਗਈ। ਸੰਦੀਪ ਸਿੰਘ ਨੇ ਦੱਸਿਆ ਕਿ ਉਸ ਦੀਆਂ ਚਾਰ ਐੱਫਡੀ'ਜ਼ 4-4 ਲੱਖ ਤੋਂ ਘਟ ਕੇ ਸਿਰਫ 50,000 ਰੁਪਏ ਰਹਿ ਗਈਆਂ ਹਨ। ਸੂਤਰਾਂ ਮੁਤਾਬਕ ਹੁਣ ਤੱਕ ਲਗਭਗ 5 ਕਰੋੜ ਰੁਪਏ ਦੀ ਧੋਖਾਧੜੀ ਦਾ ਖੁਲਾਸਾ ਹੋਇਆ ਹੈ। ਬ੍ਰਾਂਚ ਅਧਿਕਾਰੀਆਂ ਨੇ ਗਾਹਕਾਂ ਨੂੰ ਭਰੋਸਾ ਦਿੱਤਾ ਕਿ ਪ੍ਰਭਾਵਤ ਖਾਤਿਆਂ ਦੀ ਸਮੀਖਿਆ ਕੀਤੀ ਜਾ ਰਹੀ ਹੈ ਅਤੇ ਫੰਡ ਬਹਾਲ ਕੀਤੇ ਜਾਣਗੇ। ਬੈਂਕ ਦੇ ਫੀਲਡ ਅਫਸਰ ਸੁਸ਼ਾਂਤ ਅਰੋੜਾ ਨੇ ਕਿਹਾ ਕਿ ਉਹ ਕੁਝ ਦਿਨ ਪਹਿਲਾਂ ਹੀ ਇੱਥੇ ਜੁਆਇਨ ਹੋਏ ਸਨ, ਲੋਕਾਂ ਵੱਲੋਂ ਸੰਪਰਕ ਕਰਨ 'ਤੇ ਅੱਜ ਹੀ ਉਨ੍ਹਾ ਨੂੰ ਇਸ ਧੋਖਾਧੜੀ ਬਾਰੇ ਪਤਾ ਲੱਗਾ। ਥਾਣਾ ਸਾਦਿਕ ਦੇ ਇੰਚਾਰਜ ਨਵਦੀਪ ਭੱਟੀ ਨੇ ਦੱਸਿਆ ਕਿ ਬੈਂਕ ਦੇ ਇੱਕ ਕਲਰਕ ਅਮਿਤ ਢੀਂਗਰਾ ਦੇ ਖਿਲਾਫ ਧੋਖਾਧੜੀ ਦੀਆਂ ਚਾਰ ਸ਼ਿਕਾਇਤਾਂ ਦੇ ਆਧਾਰ 'ਤੇ ਕੇਸ ਦਰਜ ਕਰ ਲਿਆ ਗਿਆ ਹੈ।

# ਜਿਨਸੀ ਛੇੜਛਾੜ ਦਾ ਮੁਲਜ਼ਮ ਅਸਿਸਟੈਂਟ ਐਡਵੋਕੇਟ ਜਨਰਲ ਨਿਯੁਕਤ



**ਚੰਡੀਗੜ੍ਹ** : ਭਾਜਪਾ ਦੇ ਰਾਜ ਸਭਾ ਮੈਂਬਰ ਸੁਭਾਸ਼ ਬਰਾਲਾ ਦੇ ਪੁੱਤਰ ਵਿਕਾਸ ਬਰਾਲਾ ਨੂੰ ਹਰਿਆਣਾ ਵਿੱਚ ਐਡਵੋਕੇਟ ਜਨਰਲ ਦੇ ਦਿੱਲੀ ਦਫਤਰ ਵਿੱਚ ਅਸਿਸਟੈਂਟ ਐਡਵੋਕੇਟ ਜਨਰਲ (ਏ ਏ ਜੀ) ਨਿਯੁਕਤ ਕੀਤਾ ਗਿਆ ਹੈ। ਵਿਕਾਸ ਬਰਾਲਾ ਅੱਠ ਸਾਲ ਪਹਿਲਾਂ ਇਕ ਆਈ ਏ ਐੱਸ ਅਧਿਕਾਰੀ ਦੀ ਧੀ ਤੇ ਰੇਡੀਓ ਜੌਕੀ ਵਰਨਿਕਾ ਕੁੰਡੂ ਦਾ ਕਥਿਤ ਪਿੱਛਾ ਕਰਨ ਤੇ ਉਸ ਨੂੰ ਅਗਵਾ ਕਰਨ ਦੀ ਕੋਸ਼ਿਸ਼ ਤਹਿਤ ਜਿਨਸੀ ਛੇੜਛਾੜ ਦੇ ਦੋਸ਼ਾਂ ਦਾ ਸਾਹਮਣਾ ਕਰ ਰਿਹਾ ਹੈ। ਵਿਕਾਸ ਬਰਾਲਾ ਇਸ ਵੇਲੇ ਜ਼ਮਾਨਤ 'ਤੇ ਹੈ ਅਤੇ ਜਿਨਸੀ ਸ਼ੋਸ਼ਣ ਮਾਮਲੇ ਦੀ ਸੁਣਵਾਈ ਅਜੇ ਵੀ ਚੰਡੀਗੜ੍ਹ ਦੀ ਇੱਕ ਅਦਾਲਤ ਵਿੱਚ ਚੱਲ ਰਹੀ ਹੈ। ਕੇਸ ਦੀ ਅਗਲੀ ਸੁਣਵਾਈ 2 ਅਗਸਤ ਨੂੰ ਹੋਣੀ ਹੈ।

ਵਿਕਾਸ, ਜੋ ਹੁਣ ਜ਼ਮਾਨਤ 'ਤੇ ਹੈ, ਨੂੰ ਪੁਲਸ ਹਿਰਾਸਤ ਵਿੱਚ ਅਪਰਾਧ ਵਿਗਿਆਨ ਦੇ ਪੇਪਰ ਵਿੱਚ ਬੈਠਣ ਦੀ ਇਜਾਜ਼ਤ ਦਿੱਤੀ ਗਈ ਸੀ। ਉਦੋਂ ਉਹ ਇਸ ਮਾਮਲੇ ਵਿੱਚ ਚੰਡੀਗੜ੍ਹ ਦੀ ਬੁੜੈਲ ਜੇਲ੍ਹ ਵਿੱਚ ਬੰਦ ਸੀ ਅਤੇ ਕੁਰੂਕਸ਼ੇਤਰ ਯੂਨੀਵਰਸਿਟੀ ਤੋਂ ਆਪਣੀ ਕਾਨੂੰਨ ਦੀ ਡਿਗਰੀ ਪ੍ਰਾਪਤ ਕਰ ਰਿਹਾ ਸੀ। ਸੂਤਰਾਂ ਦਾ ਕਹਿਣਾ ਹੈ ਕਿ ਏ ਜੀ ਦਫਤਰ ਵਿੱਚ ਨਿਯੁਕਤੀ ਲਈ ਵਿਕਾਸ ਦੇ ਨਾਂਅ ਦੀ ਸਿਫਾਰਸ਼ ਹਾਈ ਕੋਰਟ ਦੇ ਦੋ ਸੇਵਾਮੁਕਤ ਜੱਜਾਂ ਵਾਲੀ ਸਕਰੀਨਿੰਗ ਕਮੇਟੀ ਵੱਲੋਂ ਕੀਤੀ ਗਈ ਸੀ।

ਵਿਕਾਸ ਬਰਾਲਾ ਖਿਲਾਫ ਦਰਜ ਕੇਸ ਹਰਿਆਣਾ ਦੇ ਇੱਕ ਸੀਨੀਅਰ ਨੌਕਰਸ਼ਾਹ (ਹੁਣ ਸੇਵਾਮੁਕਤ) ਦੀ ਧੀ ਦਾ ਕਥਿਤ ਪਿੱਛਾ ਕਰਨ ਦੁਆਲੇ ਘੁੰਮਦਾ ਹੈ। ਵਿਕਾਸ ਅਤੇ ਉਸ ਦੇ ਦੋਸਤ ਆਸ਼ੀਸ਼ ਕੁਮਾਰ 'ਤੇ ਵਰਨਿਕਾ ਕੁੰਡੂ ਵੱਲੋਂ ਦਾਇਰ ਸ਼ਿਕਾਇਤ 'ਤੇ 5 ਅਗਸਤ 2017 ਨੂੰ ਕੇਸ ਦਰਜ ਕੀਤਾ ਗਿਆ ਸੀ। ਇਸ ਮਾਮਲੇ ਦੀ ਸੁਣਵਾਈ ਚੰਡੀਗੜ੍ਹ ਦੀ ਇੱਕ ਅਦਾਲਤ ਵਿੱਚ ਵਿਚਾਰ ਅਧੀਨ ਹੈ। ਵਿਕਾਸ ਬਰਾਲਾ ਦੀ ਸਹਾਇਕ ਐਡਵੋਕੇਟ ਜਨਰਲ ਵਜੋਂ ਨਿਯੁਕਤੀ ਸੰਬੰਧੀ ਹੁਕਮ 18 ਜੁਲਾਈ ਨੂੰ ਗ੍ਰਹਿ ਸਕੱਤਰ ਨੇ ਜਾਰੀ ਕੀਤਾ ਸੀ। ਉਸ ਨੂੰ ਪੰਜ ਹੋਰ ਕਾਨੂੰਨ ਅਧਿਕਾਰੀਆਂ ਦੇ ਨਾਲ ਹਰਿਆਣਾ ਸਰਕਾਰ ਨੇ ਦਿੱਲੀ ਵਿੱਚ ਰਾਜ ਦੇ ਕਾਨੂੰਨੀ ਸੈੱਲ ਲਈ ਨਿਯੁਕਤ ਕੀਤਾ ਸੀ।

ਏ ਜੀ ਦਫਤਰ ਵਿੱਚ ਹੋਈਆਂ ਹੋਰਨਾਂ ਹਾਈ-ਪ੍ਰੋਫਾਈਲ ਨਿਯੁਕਤੀਆਂ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੀ ਜਸਟਿਸ ਲੀਜ਼ਾ ਗਿੱਲ ਦੀ ਛੋਟੀ ਭੈਣ ਅਤੇ ਯੂ ਟੀ ਗ੍ਰਹਿ ਸਕੱਤਰ ਮਨਦੀਪ ਸਿੰਘ ਬਰਾੜ ਦੀ ਭੈਣ ਅਨੂ ਪਾਲ, ਸਾਬਕਾ ਹਾਈ ਕੋਰਟ ਜੱਜ ਲਲਿਤਾ ਬੱਤਰਾ ਦੀ ਧੀ ਸਵਾਤੀ ਬੱਤਰਾ, ਪੰਜਾਬ ਤੋਂ ਭਾਜਪਾ ਨੇਤਾ ਰੁਚੀ ਸੇਖੜੀ ਅਤੇ ਪੰਜਾਬ ਦੇ ਸਾਬਕਾ ਮੁੱਖ ਸਕੱਤਰ ਸਰਵੇਸ਼ ਕੌਸ਼ਲ ਦੇ ਪੁੱਤਰ ਨਿਤਿਨ ਕੌਸ਼ਲ ਸ਼ਾਮਲ ਹਨ। ਅਸਿਸਟੈਂਟ ਐਡਵੋਕੇਟ ਜਨਰਲ, ਡਿਪਟੀ ਐਡਵੋਕੇਟ ਜਨਰਲ, ਸੀਨੀਅਰ ਡਿਪਟੀ ਐਡਵੋਕੇਟ ਜਨਰਲ ਅਤੇ ਐਡਵੋਕੇਟ ਐਡਵੋਕੇਟ ਜਨਰਲ ਵਜੋਂ ਲਗਭਗ ਸੌ ਕਾਨੂੰਨ ਅਧਿਕਾਰੀਆਂ ਦੀਆਂ ਨਿਯੁਕਤੀਆਂ ਨੋਟੀਫਾਈ ਕੀਤੀਆਂ ਗਈਆਂ ਹਨ।

## ਅੱਜ-ਨਾਮਾ

ਛੱਡਦਾ ਦਾਬਾ ਜਿਹਾ ਰੋਜ਼ ਟਰੰਪ ਰਹਿੰਦਾ,
ਕਰ ਦੇਊਂ ਔਹ ਮੈਂ ਕਰੂੰਗਾ ਆਹ ਮੀਆਂ।
ਆਂਢ-ਗਵਾਂਢ ਤੱਕ ਪਾਏ ਵਿਗਾੜ ਉਹਨੇ,
ਕਿਸੇ ਦੀ ਮੰਨੀ ਨਹੀਂ ਓਸ ਸਲਾਹ ਮੀਆਂ।
ਆਪਣੇ ਮੁਲਕ ਦੇ ਅੰਦਰ ਵੀ ਹਾਲ ਇਹੋ,
ਚੱਲਣ ਕਿਸੇ ਦੀ ਦੇਵੇ ਨਹੀਂ ਵਾਹ ਮੀਆਂ।
ਦੁਨੀਆ ਸਾਰੀ ਨੂੰ ਚਿਤਵਣੀ ਲਾਈ ਜਾਵੇ,
ਉਹਦੀ ਸੋਚ ਦੀ ਕੋਈ ਨਹੀਂ ਥਾਹ ਮੀਆਂ।
ਆਪਣੇ ਦੇਸ਼ ਦੇ ਅੰਦਰ ਜੋ ਕਰੇ ਕੁਝ ਵੀ,
ਉਨ੍ਹਾਂ ਦੇ ਅੰਦਰਲੀ ਹੁੰਦੀ ਹੈ ਗੱਲ ਮੀਆਂ।
ਕਰ ਜਾਊ ਗਲਤੀ ਜੇ ਕੋਈ ਸੰਸਾਰ ਬਾਰੇ,
ਫਿਰ ਨਾ ਹੋਣੀ ਆ ਕਿਸੇ ਤੋਂ ਠੱਲ੍ਹ ਮੀਆਂ।

-ਤੀਸ ਮਾਰ ਖਾਂ

# ਗਾਜ਼ੀਆਬਾਦ 'ਚ ਜਾਲ੍ਹੀ ਕੌਂਸਲਖਾਨਾ ਚਲਾਉਣ ਵਾਲਾ ਗ੍ਰਿਫ਼ਤਾਰ



**ਗਾਜ਼ੀਆਬਾਦ** : ਯੂ ਪੀ ਪੁਲਸ ਦੀ ਵਿਸ਼ੇਸ਼ ਟਾਸਕ ਫੋਰਸ ਨੇ ਗਾਜ਼ੀਆਬਾਦ ਵਿੱਚ ਚੱਲ ਰਹੇ ਜਾਲ੍ਹੀ ਕੌਂਸਲਖਾਨੇ ਦਾ ਪਰਦਾ ਫਾਸ਼ ਕਰਦਿਆਂ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ। ਇੱਕ ਸੀਨੀਅਰ ਅਧਿਕਾਰੀ ਨੇ ਬੁੱਧਵਾਰ ਦੱਸਿਆ ਕਿ ਮੁਲਜ਼ਮ ਗੈਰ-ਮੌਜੂਦ ਮੁਲਕ ਵੈਸਟ ਆਰਕਟਿਕਾ ਦਾ ਡਿਪਲੋਮੈਟ ਹੋਣ ਦਾ ਦਾਅਵਾ ਕਰਦਾ ਸੀ।

ਗਾਜ਼ੀਆਬਾਦ ਦੇ ਕਵੀ ਨਗਰ ਦੇ ਰਹਿਣ ਵਾਲੇ ਮੁਲਜ਼ਮ ਹਰਸ਼ਵਰਧਨ ਜੈਨ ਨੂੰ ਮੰਗਲਵਾਰ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਵੈਸਟ ਆਰਕਟਿਕਾ ਨਾਂਅ ਦੀ ਅਮਰੀਕਾ ਵਿੱਚ ਰਜਿਸਟਰਡ ਇੱਕ ਸੰਸਥਾ ਜ਼ਰੂਰ ਹੈ, ਪਰ ਇਸ ਨਾਂਅ ਦਾ ਕੋਈ ਮੁਲਕ ਦੁਨੀਆ ਦੇ ਨਕਸ਼ੇ ਉਤੇ ਮੌਜੂਦ ਨਹੀਂ ਹੈ।

ਮੁੱਢਲੀ ਜਾਂਚ ਤੋਂ ਪਤਾ ਚੱਲਿਆ ਹੈ ਕਿ ਜੈਨ ਵਿਦੇਸ਼ੀ ਮੁਲਕਾਂ ਦੀਆਂ ਕੰਪਨੀਆਂ ਵਿੱਚ ਨੌਕਰੀਆਂ ਦਿਵਾਉਣ ਦੇ ਲਾਰੇ ਲਾ ਕੇ ਲੋਕਾਂ ਨੂੰ ਠੱਗਣ ਦੀਆਂ ਕੋਸ਼ਿਸ਼ਾਂ ਤੇ ਸੌਦਿਆਂ ਦੀ ਦਲਾਲੀ ਵਿੱਚ ਰੁੱਝਿਆ ਹੋਇਆ ਸੀ। ਉਸ 'ਤੇ ਸ਼ੈੱਲ ਕੰਪਨੀਆਂ ਰਾਹੀਂ ਹਵਾਲਾ ਰੈਕੇਟ ਚਲਾਉਣ ਦੇ ਜੁਰਮਾਂ ਵਿੱਚ ਵੀ ਸ਼ਾਮਲ ਹੋਣ ਦਾ ਸ਼ੱਕ ਹੈ। ਮੁਲਜ਼ਮ ਨੇ ਲੋਕਾਂ ਨੂੰ ਗੁੰਮਰਾਹ ਕਰਨ ਲਈ ਪ੍ਰਧਾਨ ਮੰਤਰੀ, ਰਾਸ਼ਟਰਪਤੀ ਅਤੇ ਹੋਰ ਪਤਵੰਤਿਆਂ ਨਾਲ ਖੁਦ ਨੂੰ ਦਿਖਾਉਂਦੀਆਂ ਜਾਲ੍ਹੀ ਫੋਟੋਆਂ ਦੀ ਵਰਤੋਂ ਕੀਤੀ।

ਐਡੀਸ਼ਨਲ ਡੀ ਜੀ ਪੀ ਅਮਿਤਾਭ ਯਸ਼ ਨੇ ਦੱਸਿਆ ਕਿ ਮੁਲਜ਼ਮ ਕਿਰਾਏ ਦੇ ਘਰ ਤੋਂ ਜਾਲ੍ਹੀ ਕੌਂਸਲਖਾਨਾ ਚਲਾ ਰਿਹਾ ਸੀ ਅਤੇ ਆਪਣੇ ਆਪ ਨੂੰ ਪੱਛਮੀ ਆਰਕਟਿਕਾ, ਸਬੋਰਗਾ, ਪੌਲਵੀਆ ਅਤੇ ਲੋਡੋਨੀਆ ਵਰਗੇ ਗੈਰ-ਮੌਜੂਦ ਦੇਸ਼ਾਂ ਦੇ ਕੌਂਸਲ ਜਾਂ ਰਾਜਦੂਤ ਵਜੋਂ ਪੇਸ਼ ਕਰਦਾ ਸੀ। ਗ੍ਰਿਫ਼ਤਾਰੀ ਪਿੱਛੋਂ ਉਸ ਕੋਲੋਂ ਜਾਲ੍ਹੀ ਡਿਪਲੋਮੈਟਿਕ ਨੰਬਰ ਪਲੇਟਾਂ ਵਾਲੀਆਂ ਚਾਰ ਗੱਡੀਆਂ, ਅਖੌਤੀ ਮਾਈਕ੍ਰੋਨੇਸ਼ਨਾਂ ਦੇ 12 ਜਾਲ੍ਹੀ ਡਿਪਲੋਮੈਟਿਕ ਪਾਸਪੋਰਟ, ਵਿਦੇਸ਼ ਮੰਤਰਾਲੇ ਦੀ ਮੋਹਰ ਵਾਲੇ ਜਾਲ੍ਹੀ ਦਸਤਾਵੇਜ਼, ਦੋ ਜਾਲ੍ਹੀ ਪੈਨ ਕਾਰਡ, ਵੱਖ-ਵੱਖ ਦੇਸ਼ਾਂ ਅਤੇ ਕੰਪਨੀਆਂ ਦੀਆਂ 34 ਰਬੜ ਸਟੈਂਪਾਂ ਅਤੇ ਦੋ ਜਾਲ੍ਹੀ ਪ੍ਰੈੱਸ ਕਾਰਡ ਜ਼ਬਤ ਕੀਤੇ ਗਏ ਹਨ।

## 8 ਚੋਰੀ ਦੇ ਮੋਟਰਸਾਈਕਲ ਸਮੇਤ 1 ਗ੍ਰਿਫ਼ਤਾਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**- ਮੋਟਰਸਾਈਕਲ ਚੋਰੀਆਂ ਦੀਆਂ ਵਧਦੀਆਂ ਵਾਰਦਾਤਾਂ 'ਤੇ ਲਗਾਮ ਲਗਾਉਣ ਲਈ ਐਸ.ਐਸ.ਪੀ. ਡਾ. ਅਖਿਲ ਚੌਧਰੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗਿੱਦੜਬਾਹਾ ਪੁਲਸ ਵੱਲੋਂ ਕਾਰਵਾਈ ਕਰਦਿਆਂ 8 ਚੋਰੀ ਕੀਤੇ ਮੋਟਰਸਾਈਕਲਾਂ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਥਾਣਾ ਗਿੱਦੜਬਾਹਾ ਵਿਖੇ ਮੋਟਰਸਾਈਕਲ ਚੋਰੀ ਦੇ ਮਾਮਲੇ ਹੇਠ ਮੁੱਕਦਮਾ ਬੀ.ਐਨ.ਐਸ., 191,192 ਮੋਟਰਵਹੀਕਲ ਐਕਟ ਅਧੀਨ ਦਰਜ ਕੀਤਾ ਗਿਆ ਅਤੇ ਮੁਕੱਦਮਾ ਦੀ ਤਫਤੀਸ਼ ਦੌਰਾਨ ਸੰਦੀਪ ਸਿੰਘ ਉਰਫ ਗੋਰਾ ਪੁੱਤਰ ਹਰਬੰਸ ਸਿੰਘ ਵਾਸੀ ਪਿੰਡ ਰਾਏਕੇ ਖੁਰਦ/ਚੱਕ ਦਾਨਾ, ਜ਼ਿਲ੍ਹਾ ਬਠਿੰਡਾ ਨੂੰ ਗ੍ਰਿਫ਼ਤਾਰ ਕਰਕੇ ਉਸ ਪਾਸੋਂ 8 ਚੋਰੀ ਦੇ ਮੋਟਰਸਾਈਕਲ ਬ੍ਰਾਮਦ ਕੀਤੇ ਗਏ ਹਨ।

## ਕਵੀ ਦਰਬਾਰ 29 ਨੂੰ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)** ਪੰਜਾਬੀ ਲਿਖਾਰੀ ਸਭਾ ਵੱਲੋਂ ਸ਼ਹੀਦ ਊਧਮ ਸਿੰਘ ਸੁਨਾਮ ਦੀ ਸ਼ਹਾਦਤ ਨੂੰ ਸਮਰਪਤ ਕਵੀ ਦਰਬਾਰ ਅਮਰਜੀਤ ਸਿੰਘ ਫ਼ੌਜੀ ਦੀਨਾ ਸਾਹਿਬ ਦੀ ਪ੍ਰਧਾਨਗੀ ਹੇਠ 29 ਜੁਲਾਈ ਨੂੰ ਕਰਾਇਆ ਜਾ ਰਿਹਾ ਹੈ। ਇਹ ਕਵੀ ਦਰਬਾਰ ਪਿੰਡ ਦੀਨਾ ਸਾਹਿਬ ਦੇ ਪੰਚਾਇਤ ਘਰ ਵਿੱਚ 29 ਜੁਲਾਈ 25 ਨੂੰ ਸਵੇਰੇ 10 ਤੋਂ ਸ਼ੁਰੂ ਹੋਵੇਗਾ। ਇਸ ਸਮੇਂ ਸ਼ਹੀਦ ਊਧਮ ਸਿੰਘ ਦੀ ਸ਼ਹਾਦਤ ਨੂੰ ਸਮਰਪਤ ਲਿਖਤਾਂ ਹੀ ਬੋਲੀਆਂ ਜਾਣਗੀਆਂ।ਕਵੀ ਦਰਬਾਰ ਵਿੱਚ ਇਲਾਕੇ ਦੇ ਉੱਘੇ ਗੀਤਕਾਰ, ਸਹਿਤਕਾਰ, ਕਹਾਣੀਕਾਰ ਤੇ ਲੇਖਕ ਪਹੁੰਚਣਗੇ।

## ਪੀ ਪੀ ਸੀ ਬੀ ਤੇ ਰੰਗਾਈ ਉਦਯੋਗ ਸੀ ਈ ਟੀ ਪੀਜ਼ ਨੂੰ ਨੋਟਿਸ ਜਾਰੀ

**ਲੁਧਿਆਣਾ (ਰੈਕਟਰ ਕਥੂਰੀਆ)**- ਬੁੱਢਾ ਦਰਿਆ ਦੇ ਪ੍ਰਦੂਸ਼ਣ ਨੂੰ ਲੈ ਕੇ ਚੱਲ ਰਹੀ ਕਨੂੰਨੀ ਲੜਾਈ ਵਿੱਚ ਇੱਕ ਮਹੱਤਵਪੂਰਨ ਸੁਣਵਾਈ ਵਿੱਚ ਨੈਸ਼ਨਲ ਗ੍ਰੀਨ ਟ੍ਰਿਬਿਊਨਲ (ਐਨ ਜੀ ਟੀ) ਦੇ ਪ੍ਰਿੰਸੀਪਲ ਬੈਂਚ ਨੇ 14 ਕਲੱਬ ਕੀਤੇ ਕੇਸਾਂ ਦੀ ਸੁਣਵਾਈ ਕੀਤੀ, ਜਿਸ ਵਿੱਚ ਖਾਸ ਤੌਰ 'ਤੇ ਰੰਗਾਈ ਉਦਯੋਗ ਦੁਆਰਾ ਸੰਚਾਲਿਤ ਕਾਮਨ ਐਫਲੂਐਂਟ ਟ੍ਰੀਟਮੈਂਟ ਪਲਾਂਟਾਂ (ਸੀ ਈ ਟੀ ਪੀਜ਼) ਦੀ ਕਾਨੂੰਨੀ ਵੈਧਤਾ ਅਤੇ ਕਾਰਜਸ਼ੀਲਤਾ 'ਤੇ ਧਿਆਨ ਕੇਂਦਰਿਤ ਕੀਤਾ ਗਿਆ।ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀ ਪੀ ਸੀ ਬੀ) ਨੇ ਬੈਂਚ ਨੂੰ ਸੂਚਿਤ ਕੀਤਾ ਕਿ ਨਵੇਂ ਉਦਯੋਗ ਮੰਤਰੀ, ਨਵੇਂ ਪੀ ਪੀ ਸੀ ਬੀ ਚੇਅਰਪਰਸਨ ਅਤੇ ਨਵੇਂ ਮੈਂਬਰ ਸਕੱਤਰ ਹੁਣ ਮੌਜੂਦ ਹਨ ਅਤੇ ਇਹਨਾਂ ਸਾਰਿਆਂ ਦੀ ਇੱਛਾ ਇਸ ਮਸਲੇ ਨੂੰ ਹੱਲ ਕਰਨ ਦੀ ਹੈ। ਪੀ ਪੀ ਸੀ ਬੀ ਨੇ ਕਿਹਾ ਕਿ ਉਸ ਨੇ ਆਈ ਆਈ ਟੀ ਰੋਪੜ ਨੂੰ ਇੱਕ ਵਿਆਪਕ ਹੱਲ ਤਿਆਰ ਕਰਨ ਲਈ ਸੂਚੀਬੱਧ ਕੀਤਾ ਹੈ ਅਤੇ ਵਾਤਾਵਰਣ ਪ੍ਰਵਾਨਗੀ (ਈ ਸੀ) ਸ਼ਰਤਾਂ ਦੀ ਉਲੰਘਣਾ ਕਰਨ ਲਈ ਤਿੰਨ ਸੀ ਈ ਟੀ ਪੀਜ਼ 'ਤੇ ਕਰੋੜਾਂ ਰੁਪਏ ਦਾ ਜੁਰਮਾਨਾ ਲਗਾਇਆ ਹੈ।ਇਸ ਦੌਰਾਨ, ਕੇਂਦਰੀ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਨੇ ਪੰਜਾਬ ਡਾਇਰਜ਼ ਐਸੋਸੀਏਸ਼ਨ ਅਤੇ ਬਹਾਦਰਕੇ ਡਾਇੰਗ ਐਸੋਸੀਏਸ਼ਨ ਦੁਆਰਾ ਗੈਰ-ਪਾਲਣਾ ਨੂੰ ਸਵੀਕਾਰ ਕਰਦੇ ਹੋਏ ਇੱਕ ਹਲਫ਼ਨਾਮਾ ਪੇਸ਼ ਕੀਤਾ। ਮੰਤਰਾਲੇ ਨੇ ਇਨਵਾਇਰਮੈਂਟ ਕਲੀਅਰੈਂਸ ਪਾਲਣਾ ਕਰਾਉਣ ਜਾਂ ਕਾਰਵਾਈ ਕਰਨ ਲਈ ਦੋ ਮਹੀਨਿਆਂ ਦਾ ਸਮਾਂ ਮੰਗਿਆ। ਟ੍ਰਿਬਿਊਨਲ ਨੇ ਮੰਤਰਾਲੇ ਨੂੰ ਗੱਲਬਾਤ ਲਈ



ਪ੍ਰਭਾਵਿਤ ਧਿਰਾਂ ਵਿੱਚ ਪ੍ਰਭਾਵਿਤ ਇਲਾਕਾ ਨਿਵਾਸੀਆਂ ਦੇ ਨੁਮਾਇੰਦਿਆਂ ਨੂੰ ਵੀ ਸ਼ਾਮਲ ਕਰਨ ਬਾਰੇ ਵਿਚਾਰ ਕਰਨ ਦਾ ਨਿਰਦੇਸ਼ ਦਿੱਤਾ।ਪਟੀਸ਼ਨਕਰਤਾ, ਪਬਲਿਕ ਐਕਸ਼ਨ ਕਮੇਟੀ (ਪੀ ਏ ਸੀ) ਨੇ ਬੈਂਚ ਨੂੰ ਪੀ ਪੀ ਸੀ ਬੀ ਦੇ ਆਪਣੇ ਆਦੇਸ਼ਾਂ ਨੂੰ ਲਾਗੂ ਕਰਨ ਦਾ ਹੁਕਮ ਸੁਣਾਉਣ ਦੀ ਅਪੀਲ ਕੀਤੀ ਅਤੇ ਉਦਯੋਗ 'ਤੇ ਕਾਰਵਾਈ ਵਿੱਚ ਦੇਰੀ ਕਰਨ ਲਈ ਇੰਡਸਟਰੀ ਨਾਲ ਮਿਲੀਭੁਗਤ ਦਾ ਦੋਸ਼ ਲਗਾਇਆ। ਪੀ ਏ ਸੀ ਨੇ ਐਨਜੀਟੀ ਦੇ 9 ਦਸੰਬਰ, 2024 ਦੇ ਆਦੇਸ਼ ਦੀ ਪਾਲਣਾ ਨਾ ਕਰਨ ਲਈ ਤਿੰਨ ਮਾਣਹਾਨੀ ਪਟੀਸ਼ਨਾਂ ਵੀ ਦਾਇਰ ਕੀਤੀਆਂ। ਮਾਣਹਾਨੀ ਪਟੀਸ਼ਨਾਂ ਪੀ ਪੀ ਸੀ ਬੀ ਅਧਿਕਾਰੀਆਂ ਅਤੇ ਸੀ ਈ ਟੀ ਪੀ ਡਾਇਰੈਕਟਰਾਂ ਵਿਰੁੱਧ ਬੁੱਢਾ ਦਰਿਆ ਵਿੱਚ ਅਣ-ਪ੍ਰਮਾਣਿਤ ਗੰਦੇ ਪਾਣੀ ਦੇ ਲਗਾਤਾਰ ਨਿਕਾਸ ਲਈ ਡੰਡ ਲਾਉਣ ਦੀ ਕਾਰਵਾਈ ਦੀ ਮੰਗ ਕਰਦੀਆਂ ਹਨ। ਟ੍ਰਿਬਿਊਨਲ ਨੇ ਪੀ ਪੀ ਸੀ ਬੀ ਅਤੇ ਸੀ ਈ ਟੀ ਪੀ ਵਿਸ਼ੇਸ਼ ਉਦੇਸ਼ ਵਾਹਨਾਂ (ਐਸ ਪੀ ਵੀ) ਨੂੰ ਇਹਨਾਂ ਪਟੀਸ਼ਨਾਂ 'ਤੇ ਨੋਟਿਸ ਜਾਰੀ ਕੀਤੇ। ਮਾਣਹਾਨੀ ਦੇ ਦੋਸ਼ਾਂ ਕਾਰਨ ਟ੍ਰਿਬਿਊਨਲ ਦੇ ਆਦੇਸ਼ਾਂ ਦੀ ਜਾਣਬੁੱਝ ਕੇ ਪਾਲਣਾ ਨਾ ਕਰਨ 'ਤੇ ?10 ਕਰੋੜ ਤੱਕ ਦਾ ਜੁਰਮਾਨਾ ਜਾਂ ਤਿੰਨ ਸਾਲ ਤੱਕ ਦੀ ਕੈਦ ਜਾਂ ਦੋਵੇਂ ਹੋ ਸਕਦੇ ਹਨ।ਹਿੱਸੇਦਾਰਾਂ ਵਿਚਕਾਰ ਗੈਰ-ਰਸਮੀ ਗੱਲਬਾਤ ਲਈ ਦਿੱਤੇ ਉਦਯੋਗ ਦੇ ਵਕੀਲ ਦੇ ਸੁਝਾਅ ਨੂੰ ਪੀ ਏ ਸੀ ਦੁਆਰਾ ਰੱਦ ਕਰ ਦਿੱਤਾ ਗਿਆ।ਅਦਾਲਤ ਦੇ ਬਾਹਰ ਪੀ ਏ ਸੀ ਮੈਂਬਰ ਇੰਜੀਨੀਅਰ ਕਪਿਲ ਅਰੋੜਾ ਨੇ ਕਿਹਾ, 'ਪੀ ਪੀ ਸੀ ਬੀ, ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਸੰਕਟ ਨੂੰ ਘੱਟ ਕਰਕੇ ਦੇਖ ਰਹੇ ਹਨ। ਪੀ ਏ ਸੀ, ਹੋਰ ਸੰਗਠਨਾਂ ਨਾਲ ਮਿਲ ਕੇ ਅਧਿਕਾਰੀਆਂ ਨੂੰ ਜਵਾਬਦੇਹ ਬਣਾਉਣ ਅਤੇ ਇਹਨਾਂ ਦੇਰੀ ਕਰਨ ਵਾਲੀਆਂ ਚਾਲਾਂ ਨੂੰ ਖਤਮ ਕਰਨ ਲਈ ਆਪਣੀਆਂ ਕੋਸ਼ਿਸ਼ਾਂ ਨੂੰ ਤੇਜ਼ ਕਰੇਗੀ।' ਪੀ ਏ ਸੀ ਦੀ ਨੁਮਾਇੰਦਗੀ ਇੰਜੀਨੀਅਰ ਕਪਿਲ ਅਰੋੜਾ, ਜਸਕੀਰਤ ਸਿੰਘ, ਅਮਨਦੀਪ ਸਿੰਘ ਬੈਂਸ ਅਤੇ ਕੁਲਦੀਪ ਸਿੰਘ ਖਹਿਰਾ ਨੇ ਕੀਤੀ।

## ਬੀਬੀ ਗੁਰਮੇਲ ਕੌਰ ਯੂ ਕੇ ਵੱਲੋਂ ਗੁਰਦੁਆਰਾ ਸਾਹਿਬ ਨੂੰ ਸੁੰਦਰ ਪਾਲਕੀ ਸਾਹਿਬ ਭੇਟ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਕਸਬਾ ਮਹਿਲ ਕਲਾਂ (ਬਰਨਾਲਾ) ਦੀ ਜੰਮਪਲ ਬੀਬੀ ਗੁਰਮੇਲ ਕੌਰ ਇੰਗਲੈਂਡ ਵੱਲੋਂ ਗੁਰਦੁਆਰਾ ਪਾਤਸ਼ਾਹੀ ਛੇਵੀਂ ਮਹਿਲ ਕਲਾਂ ਵਿਖੇ ਪਾਲਕੀ ਸਾਹਿਬ ਭੇਟ ਕੀਤੀ ਗਈ। ਬੇਅੰਤ ਸਿੰਘ ਮਿੱਠੂ ਨੇ ਦੱਸਿਆ ਕਿ ਬੀਬੀ ਗੁਰਮੇਲ ਕੌਰ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਕਲੱਬ ਮਹਿਲ ਕਲਾਂ ਨੂੰ ਗੁਰਦੁਆਰਾ ਸਾਹਿਬ ਲਈ ਰਾਸ਼ੀ ਦਾਨ ਵਜੋਂ ਭੇਜੀ ਗਈ ਸੀ।ਕਲੱਬ ਦੇ ਆਗੂਆਂ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ਼ੇਰ ਸਿੰਘ ਖ਼ਾਲਸਾ ਨਾਲ ਰਾਇ ਕਰਨ ਉਪਰੰਤ 4 ਲੱਖ 75 ਹਜ਼ਾਰ ਦੀ ਲਾਗਤ ਨਾਲ ਇਹ ਸੁੰਦਰ ਪਾਲਕੀ ਸਾਹਿਬ ਤਿਆਰ ਕਰਾਈ ਗਈ। ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ (ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ) ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਦੇ ਜੰਮਪਲ ਵਿਦੇਸ਼ਾਂ 'ਚ ਬੈਠੇ ਵੀ ਆਪਣੀ ਕਿਰਤ ਕਮਾਈ ਵਿੱਚੋਂ ਦਸਵੰਧ ਕੱਢ ਕੇ ਦਾਨ ਕਰ ਰਹੇ ਹਨ।ਉਨ੍ਹਾਂ ਰਾਮਗੜ੍ਹੀਆ ਪਰਵਾਰ ਦੀ ਜੰਮੀ ਜਾਈ ਬੀਬੀ ਗੁਰਮੇਲ ਕੌਰ ਯੂ ਕੇ ਪੁੱਤਰੀ ਸੰਤ ਸਿੰਘ ਮਿਸਤਰੀ ਦੇ ਇਸ ਉਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹੋ ਜਿਹੇ ਦਾਨੀ ਪਰਵਾਰਾਂ ਤੋਂ ਸੇਧ ਲੈ ਕੇ ਸਮੂਹ ਐਨ ਆਰ ਆਈਜ਼, ਦਾਨੀ ਸੱਜਣਾਂ ਨੂੰ ਸਮਾਜ ਸੇਵੀ ਕਾਰਜਾਂ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਲਈ ਅਗੇ ਆਉਣਾ ਚਾਹੀਦਾ ਹੈ। ਇਸ ਮੌਕੇ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ ਨੇ ਐਨ ਆਰ ਆਈ ਦਾਨੀ ਪਰਵਾਰ ਦਾ ਧੰਨਵਾਦ ਕਰਦਿਆਂ ਮੁੱਖ ਮਹਿਮਾਨ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।

## ਸਾਹਿਤ ਸਭਾ ਦੀ ਬੈਠਕ 'ਚ ਐਡਵੋਕੇਟ ਸ਼ਰਮਾ ਦੀ ਕਵਿਤਾ 'ਰੈਂਕ' ਬਣੀ ਚਰਚਾ ਦਾ ਵਿਸ਼ਾ

**ਸਮਰਾਲਾ (ਸੁਰਜੀਤ ਸਿੰਘ)**- ਸਾਹਿਤ ਸਭਾ (ਰਜਿ.) ਸਮਰਾਲਾ ਦੀ ਮਾਸਿਕ ਇਕੱਤਰਤਾ ਸਭਾ ਦੇ ਪ੍ਰਧਾਨ ਐਡਵੋਕੇਟ ਨਰਿੰਦਰ ਸ਼ਰਮਾ ਦੀ ਪ੍ਰਧਾਨਗੀ ਹੇਠ ਸਰਕਾਰੀ ਸਕੂਲ ਵਿਖੇ ਹੋਈ। ਰਚਨਾਵਾਂ ਦੇ ਦੌਰ ਵਿਚ ਐਡਵੋਕੇਟ ਨਰਿੰਦਰ ਸ਼ਰਮਾ ਦੀ ਕਵਿਤਾ 'ਰੈਂਕ' ਸਾਹਿਤਕਾਰਾਂ ਦੇ ਜਹਾਨੋਂ ਤੁਰ ਜਾਣ ਮਗਰੋਂ ਉਹਨਾਂ ਦੀਆਂ ਕਿਤਾਬਾਂ ਦੀ ਹੁੰਦੀ ਬੇਕਦਰੀ ਨੂੰ ਬਿਆਨਦੀ ਰਚਨਾ ਚਰਚਾ ਅਤੇ ਬਹਿਸ ਦਾ ਮੁੱਦਾ ਬਣੀ ਰਹੀ। ਪਰਮ ਸਿਆਣ ਮੋਗਿਆ ਨੇ ਨਵਾਂ ਲਿਖਿਆ 'ਜ਼ਿੰਦਗੀ ਦਾ ਗੀਤ' ਸੁਣਾਇਆ। ਜਵਾਲਾ ਸਿੰਘ ਥਿੰਦ ਨੇ ਮਿੰਨੀ ਕਹਾਣੀ 'ਆਮ ਬਨਾਮ ਖਾਸ' ਸੁਣਾਈ। ਸਭਾ ਵਿੱਚ ਪਹਿਲੀ ਵਾਰ ਪਹੁੰਚੀ ਪ੍ਰਿੰਸੀਪਲ ਸ਼ਵੇਤਾ ਘਈ ਖੰਨਾ ਦਾ ਨਿੱਘਾ ਸਵਾਗਤ ਕੀਤਾ ਗਿਆ, ਜਿਨ੍ਹਾਂ ਆਪਣੀ ਕਹਾਣੀ 'ਮਨਜ਼ੂਰ ਹੈ' ਸੁਣਾਈ। ਕਹਾਣੀ ਕਲਾ ਬਾਰੇ ਉੱਘੇ ਚਿੰਤਕ ਗੁਰਭਗਤ ਸਿੰਘ ਗਿੱਲ, ਕਹਾਣੀਕਾਰ ਬਲਵਿੰਦਰ ਗਰੇਵਾਲ, ਕਹਾਣੀਕਾਰ ਜਤਿੰਦਰ ਹਾਂਸ ਅਤੇ ਕਹਾਣੀਕਾਰ ਸੰਦੀਪ ਸਮਰਾਲਾ ਨੇ ਕਾਫੀ ਸਾਰਥਕ ਤਰੀਕੇ ਨਾਲ ਸੁਝਾਅ ਦਿੱਤੇ। ਸੰਤੋਖ ਸਿੰਘ ਕੋਟਾਲਾ ਨੇ ਲੇਖ 'ਪਹਿਲਾ ਪਾਣੀ ਜੀਓ ਹੈ' ਸੁਣਾਇਆ ਜਿਸ ਵਿੱਚ ਉਨ੍ਹਾਂ ਆਪਣੇ ਪਿੰਡ ਕੋਟਾਲਾ ਦੇ ਪਾਣੀ ਦੇ ਸਰੋਤ ਜਿਹਨਾਂ ਵਿਚ ਖਾਲ, ਚਰੀਆਂ, ਖੂਹ ਤੇ ਨਹਿਰ ਦਾ ਵਰਨਣ ਕੀਤਾ। ਕਹਾਣੀਕਾਰ ਮਨਦੀਪ ਡਡਿਆਣਾ ਨੇ ਕਹਾਣੀ 'ਕੂੰਜਾਂ' ਸੁਣਾਈ ਜਿਸ ਉੱਤੇ ਸਾਹਿਤਕਾਰਾਂ ਕਹਾਣੀਕਾਰ ਰਵਿੰਦਰ ਰੁਪਾਲ ਕੌਲਗੜ੍ਹ, ਕਹਾਣੀਕਾਰ ਮੁਖਤਿਆਰ ਸਿੰਘ, ਅਮਨਦੀਪ ਸਮਰਾਲਾ, ਦੀਪ ਦਿਲਬਰ, ਰਵਿੰਦਰ ਕੌਰ ਦਿਆਲਪੁਰਾ, ਕਹਾਣੀਕਾਰ ਸੰਦੀਪ ਸਮਰਾਲਾ, ਗੁਰਦੀਪ ਮਹੌਣ ਨੇ ਖੂਬਸੂਰਤ ਸੁਝਾਅ ਦਿੱਤੇ। ਦੀਪ ਦਿਲਬਰ ਵੱਲੋਂ ਨਿਕਟ ਭਵਿੱਖ ਵਿੱਚ ਲਿਖੀ ਜਾ ਰਹੀ ਕਿਤਾਬ 'ਅਜੀਬੋ ਗਰੀਬ, ਪਰ ਸੱਚੀਆਂ ਗੱਲਾਂ' ਦੇ ਖਰੜੇ ਵਿੱਚੋਂ ਕੁਝ ਅੰਸ਼ ਸਾਂਝੇ ਕੀਤੇ। ਇਸ ਤੋਂ ਪਹਿਲਾਂ ਸਭਾ ਦੀ ਕਾਰਵਾਈ ਅਰੰਭ ਕਰਦੇ ਹੋਏ ਕਹਾਣੀਕਾਰ ਅਮਨ ਸਮਰਾਲਾ ਨੇ ਵੈਟਰਨ ਐਥਲੀਟ ਵੰਜਾ ਸਿੰਘ ਅਤੇ ਉੱਘੇ ਸ਼ਾਇਰ ਅਰਸ਼ਦ ਮਨਜੂਰ ਦੇ ਅਕਾਲ ਚਲਾਣਾ ਕਰ ਜਾਣ 'ਤੇ ਸੋਗ ਮਤਾ ਪਾਇਆ ਅਤੇ ਸਮੁੱਚੀ ਸਭਾ ਨੇ ਵਿਛੜੀਆਂ ਰੂਹਾਂ ਲਈ ਦੋ ਮਿੰਟ ਦਾ ਮੌਨ ਰੱਖਿਆ। ਅਖੀਰ ਸਭਾ ਦੇ ਪ੍ਰਧਾਨ ਨਰਿੰਦਰ ਸ਼ਰਮਾ ਨੇ ਸਭਾ ਵਿੱਚ ਆਏ ਹੋਏ ਸਾਹਿਤਕਾਰਾਂ ਦਾ ਧੰਨਵਾਦ ਕਰਦੇ ਹੋਏ ਮੀਟਿੰਗ ਵਿੱਚ ਸੁਣਾਈਆਂ ਕਹਾਣੀਆਂ ਤੇ ਇੱਕ ਵਰਕਸ਼ਾਪ ਦੀ ਤਰ੍ਹਾਂ ਕਹਾਣੀਕਾਰਾਂ ਵੱਲੋਂ ਕੀਤੀ ਸਮੀਖਿਆ ਅਤੇ ਸੁਚੱਜੇ ਅਤੇ ਵਧੀਆ ਢੰਗ ਨਾਲ ਚਲਾਈ ਕਾਰਵਾਈ ਦੀ ਪ੍ਰਸੰਸਾ ਕੀਤੀ।



## ਵਿਧਾਇਕ ਕੋਹਲੀ ਵੱਲੋਂ ਕੌਂਸਲਰਾਂ ਨਾਲ ਮੀਟਿੰਗ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਦੇ ਮਕਸਦ ਨਾਲ ਹਰੇਕ ਹਲਕੇ ਨੂੰ ਪੰਜ ਕਰੋੜ ਰੁਪਏ ਵਿਕਾਸ ਕਾਰਜਾਂ ਲਈ ਦੇਣ ਦਾ ਫ਼ੈਸਲਾ



ਕੀਤਾ ਗਿਆ ਹੈ। ਇਹ 5 ਕਰੋੜ ਰੁਪਏ ਸਬੰਧਤ ਵਿਭਾਗਾਂ ਨੂੰ ਭੇਜ ਦਿੱਤੇ ਗਏ ਹਨ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਦੇ ਮਕਸਦ ਨਾਲ ਹਰੇਕ ਹਲਕੇ ਨੂੰ ਪੰਜ ਕਰੋੜ ਰੁਪਏ ਵਿਕਾਸ ਕਾਰਜਾਂ ਲਈ ਦੇਣ ਦਾ ਫ਼ੈਸਲਾ ਕੀਤਾ ਗਿਆ ਹੈ। ਇਹ 5 ਕਰੋੜ ਰੁਪਏ ਸਬੰਧਤ ਕੌਂਸਲਰਾਂ ਨਾਲ ਤਾਲਮੇਲ ਕਰ ਕੇ ਵਿਕਾਸ ਕਾਰਜਾਂ 'ਤੇ ਖਰਚੇ ਜਾਣਗੇ। ਜਾਣਕਾਰੀ ਅਨੁਸਾਰ ਅੱਜ ਹਲਕਾ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਅਤੇ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਮਹਿਤਾ ਨੇ ਸਮੁੱਚੇ ਕੌਂਸਲਰਾਂ ਨਾਲ ਮੀਟਿੰਗ ਕੀਤੀ। ਇਸ ਮੌਕੇ ਸਮੁੱਚੇ ਕੌਂਸਲਰਾਂ ਨੂੰ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਵੱਲੋਂ ਕਿਹਾ ਗਿਆ ਕਿ ਉਹ ਆਪੋ ਆਪਣੇ ਵਾਰਡਾਂ ਵਿਚ ਹੋਣ ਵਾਲੇ ਵਿਕਾਸ ਕਾਰਜਾਂ ਦੇ ਐਸਟੀਮੇਟ ਤਿਆਰ ਕਰਨ ਤਾਂ ਕਿ ਹਰ ਵਾਰਡ ਵਿੱਚ ਵਿਕਾਸ ਕਾਰਜ ਕਰਵਾਏ ਜਾ ਸਕਣ। ਵਿਧਾਇਕ ਨੇ ਕਿਹਾ ਕਿ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਇਹ ਫ਼ੈਸਲਾ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਕਦੇ ਵੀ ਇਸ ਤਰ੍ਹਾਂ ਕੌਂਸਲਰਾਂ ਨਾਲ ਮੀਟਿੰਗ ਕਰਕੇ ਜਾਂ ਉਨ੍ਹਾਂ ਦੇ ਹਿਸਾਬ ਦੇ ਨਾਲ ਕਦੇ ਵੀ ਵਿਕਾਸ ਕਾਰਜ ਨਹੀਂ ਕੀਤੇ। ਪਹਿਲੀ ਵਾਰ ਹੋਇਆ ਹੈ ਕਿ ਸਰਕਾਰ ਲੋਕਾਂ ਦੇ ਮੁਤਾਬਕ ਵਿਕਾਸ ਕਾਰਜ ਕਰੇਗੀ, ਇਸ ਲਈ ਸਮੁੱਚੇ ਕੌਂਸਲਰ ਸਭ ਤੋਂ ਪਹਿਲਾਂ ਆਪਣੇ ਐਸਟੀਮੇਟ ਆਪਣੇ ਇਲਾਕੇ ਦੇ ਹਿਸਾਬ ਨਾਲ ਲੋਕਾਂ ਨੂੰ ਪੁੱਛ ਕੇ ਤਿਆਰ ਕਰਨਗੇ ਅਤੇ ਫਿਰ ਸਰਕਾਰ ਉਹ ਵਿਕਾਸ ਕਾਰਜ ਨੇਪਰੇ ਚੜ੍ਹਾਏਗੀ।

## ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਮਤਿ ਸਮਾਗਮ ਕਰਵਾਇਆ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਅਸਥਾਨ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਅੱਠਵੇਂ ਪਾਤਸ਼ਾਹ ਸ੍ਰੀ ਹਰਕ੍ਰਿਸ਼ਨ ਸਾਹਿਬ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਮਤਿ ਸਮਾਗਮ ਪ੍ਰਬੰਧਕਾਂ ਵਲੋਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਗੁਰਦੁਆਰਾ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਉਣ ਉਪਰੰਤ ਗੁਰੂ ਘਰ ਦੇ ਹਜ਼ੂਰੀ ਰਾਗੀ ਜੱਥੇ ਭਾਈ ਜਸਵੰਤ ਸਿੰਘ, ਭਾਈ ਸੁਖਵੀਰ ਸਿੰਘ ਅਤੇ ਭਾਈ ਗੁਰਵਿੰਦਰ ਸਿੰਘ ਵਲੋਂ ਰਸਭਿੰਨਾ ਕੀਰਤਨ ਕੀਤਾ ਗਿਆ। ਇਸ ਉਪਰੰਤ ਪਿਛਲੇ ਕਈ ਦਿਨਾਂ ਤੋਂ ਗੁਰਪੁਰਬ ਨੂੰ ਸਮਰਪਿਤ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਵਲੋਂ ਚਲਾਈ ਸੁਖਮਨੀ ਸਾਹਿਬ ਪਾਠਾਂ ਦੀ ਲੜੀ ਦੇ ਭੋਗ ਵੀ ਪਾਏ ਗਏ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਗੁਰਦੁਆਰਾ ਸਾਹਿਬ ਦੇ ਹਜ਼ੂਰੀ ਕਥਾਵਾਚਕ ਭਾਈ ਇਕਨਾਮ ਸਿੰਘ ਵਲੋਂ ਵੀ ਕਥਾ ਪ੍ਰਵਾਹ ਚਲਾਇਆ ਗਿਆ ਅਤੇ ਗੁਰੂ ਸਾਹਿਬ ਜੀ ਦੀ ਜੀਵਨੀ ਨਾਲ ਸਬੰਧਤ ਇਤਿਹਾਸਕ ਪ੍ਰਸੰਗ ਵੀ ਸੰਗਤਾਂ ਨੂੰ ਸਰਵਣ ਕਰਵਾਏ। ਸ਼ਾਮ ਨੂੰ ਰਹਿਰਾਸ ਤੋਂ ਬਾਅਦ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿਚ ਹਜ਼ੂਰੀ ਰਾਗੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਅਨੰਦਪੁਰ ਸਾਹਿਬ ਤੋਂ ਭਾਈ ਰਾਮ ਸਿੰਘ ਵਲੋਂ ਜੱਥੇ ਸਮੇਤ ਜਿੱਥੇ ਰਸਭਿੰਨਾ ਕੀਰਤਨ ਕੀਤਾ ਗਿਆ ਉੱਥੇ ਨਾਲ ਨਾਲ ਗੁਰੂ ਹਰਕ੍ਰਿਸ਼ਨ ਸਾਹਿਬ ਦੀ ਜੀਵਨੀ ਨਾਲ ਸਬੰਧਤ ਕਥਾ ਦਾ ਪ੍ਰਵਾਹ ਵੀ ਚਲਾਇਆ ਗਿਆ। ਇਸ ਮੌਕੇ ਭਾਰੀ ਗਿਣਤੀ 'ਚ ਸੰਗਤਾਂ ਪਹੁੰਚੀਆਂ। ਵੱਖ ਵੱਖ ਪਕਵਾਨਾਂ ਦੇ ਲੰਗਰ ਵੀ ਚਲਾਏ ਗਏ। ਇਸ ਮੌਕੇ ਗੁਰੂ ਘਰ ਦੇ ਨਿਸ਼ਕਾਮ ਸੇਵਕ ਬਾਬਾ ਮੋਹਣ ਸਿੰਘ, ਹੈੱਡ ਗ੍ਰੰਥੀ ਹਰਪਾਲ ਸਿੰਘ ਗੁਰਮੁਖ, ਖ਼ਜ਼ਾਨਚੀ ਜਸਪਿੰਦਰ ਸਿੰਘ, ਗ੍ਰੰਥੀ ਭਾਈ ਬਲਦੇਵ ਸਿੰਘ, ਚਿੱਤਰਕਾਰ ਜਗਦੀਸ਼ ਸਿੰਘ ਬਰਾੜ, ਹਰਜਿੰਦਰ ਸਿੰਘ ਗਿੱਲ, ਜਸਵੀਰ ਸਿੰਘ ਗਿੱਲ, ਜਸਪਾਲ ਸਿੰਘ, ਹਰਦੀਪ ਸਿੰਘ ਗੁਰੂਗੜ੍ਹ, ਬੱਗਾ ਸਿੰਘ ਗਿੱਲ, ਭਾਈ ਚਰਨਜੀਤ ਸਿੰਘ, ਭਾਈ ਬਿੰਦਰ ਸਿੰਘ ਲੰਗਰ ਇੰਚਾਰਜ, ਗੁਰਨਾਮ ਸਿੰਘ ਖਾਲਸਾ, ਜਪਜੋਤ ਸਿੰਘ ਗਿੱਲ, ਸਿਮਰਦੀਪ ਸਿੰਘ ਲਾਲੀ ਵੀ ਮੌਜੂਦ ਸਨ।



## ਰੋਟਰੀ ਕਲੱਬ ਸਮਾਣਾ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਮਰਦਾਂਹੇੜੀ ਨੂੰ ਵਾਟਰ ਕੂਲਰ ਭੇਟ



**ਸਮਾਣਾ (ਇਕਬਾਲ ਸਿੰਘ ਬੱਲ ਗੁਰਪਿਆਰ ਸਿੰਘ ਬੱਲ)**- ਰੋਟਰੀ ਕਲੱਬ ਸਮਾਣਾ ਵੱਲੋਂ ਸਮਾਜ ਸੇਵੀ ਕਾਰਜਾਂ 'ਚ ਵਾਧਾ ਕਰਦੇ ਕਲੱਬ ਪ੍ਰਧਾਨ ਅਰੁਣ ਬਾਂਸਲ, ਸਕੱਤਰ ਸੁਮਿਤ ਗੋਇਲ ਅਤੇ ਖ਼ਜ਼ਾਨਚੀ ਗੌਰਵ ਜਿੰਦਲ ਦੀ ਅਗਵਾਈ 'ਚ ਸਰਕਾਰੀ ਪ੍ਰਾਇਮਰੀ ਸਕੂਲ, ਮਰਦਾਹੇੜੀ ਵਿਖੇ ਬੱਚਿਆਂ ਦੀ ਸਹੂਲਤ ਲਈ ਵਾਟਰ ਕੂਲਰ ਭੇਟ ਕੀਤਾ ਗਿਆ। ਜਿਸ ਦੇ ਪ੍ਰਾਜੈਕਟ ਚੇਅਰਮੈਨ ਰੋਟੇਰੀਅਨ ਨਰੇਸ਼ ਮਿੱਤਲ ਸਨ।ਇਸ ਮੌਕੇ ਸੰਸਥਾ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਰਿਫ੍ਰੈਸ਼ਮੈਂਟ ਵੀ ਦਿੱਤੀ ਗਈ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ, ਅਧਿਆਪਕਾਂ ਅਤੇ ਪਿੰਡ ਵਾਸੀਆਂ ਨੇ ਸੰਸਥਾ ਦੇ ਇਸ ਕਾਰਜ ਦੀ ਪ੍ਰਸੰਸਾ ਕੀਤੀ ਅਤੇ ਕਲੱਬ ਮੈਂਬਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਕਲੱਬ ਦੇ ਪ੍ਰਧਾਨ ਅਰੁਣ ਬਾਂਸਲ ਨੇ ਕਿਹਾ ਕਿ ਰੋਟਰੀ ਕਲੱਬ ਹਮੇਸ਼ਾ ਤੋਂ ਹੀ ਸਮਾਜ ਸੇਵਾ ਵਿੱਚ ਅਗਵਾਈ ਕਰਦਾ ਆ ਰਿਹਾ ਹੈ ਅਤੇ ਭਵਿੱਖ ਵਿੱਚ ਵੀ ਅਜੇਹੇ ਯਤਨ ਜਾਰੀ ਰਹਿਣਗੇ।ਇਸ ਮੌਕੇ ਕਲੱਬ ਦੇ ਮੈਂਬਰ ਕ੍ਰਿਸ਼ਨ ਬੰਸਲ, ਜੀ.ਸੀ. ਗੋਇਲ, ਅਮਿਤ ਕਾਂਸਲ, ਸੰਜੀਵ ਅਗਰਵਾਲ, ਅਮਿਤ ਗਰਗ (ਗੁਰਦਾਸ), ਯਸ਼ ਗਰਗ, ਰਮਨ ਗੁਪਤਾ, ਅਮਿਤ ਲੂਥਰਾ, ਆਸ਼ੀਸ਼ ਬਾਂਸਲ, ਸੁਮਿਤ ਸਿੰਗਲਾ (ਨਿਸ਼ੂ) ਅਤੇ ਸੁਨੀਲ ਗਰਗ ਮੈਂਬਰ ਮੌਜੂਦ ਰਹੇ। ਇਸ ਮੌਕੇ ਸਕੂਲ ਵੱਲੋਂ ਅਧਿਆਪਿਕਾ ਰਵਨੀਤ ਕੌਰ, ਗਗਨਦੀਪ ਕੌਰ, ਰਿੰਪੀ ਕੌਰ, ਰਜਿੰਦਰ ਸਿੰਘ, ਪ੍ਰਦੀਪ ਸ਼ਰਮਾ, ਨਾਰਾਇਣ ਸ਼ਰਮਾ, ਸ਼ਿਵਚਰਨ, ਸੰਦੀਪ ਸ਼ਰਮਾ, ਜੋਨੀ, ਕਰਨੈਲ ਸਿੰਘ ਅਤੇ ਦਲਵੀਰ ਸਿੰਘ ਆਦਿ ਵੀ ਮੌਜੂਦ ਰਹੇ।

## ਦੇਸ਼-ਵਿਦੇਸ਼ 'ਚ ਰੱਖੜੀਆਂ ਤੇ ਤੋਹਫ਼ੇ ਭੇਜਣ ਲਈ ਡਾਕਘਰ ਵੱਲੋਂ ਵਿਸ਼ੇਸ਼ ਪ੍ਰਬੰਧ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**- ਰੱਖੜੀ, ਰਕਸ਼ਾ ਬੰਧਨ ਜਾਂ ਰਾਖੀ ਦਾ ਭਾਵ ਹੈ ਵੀਰ ਭੈਣਾਂ ਦੀ ਰੱਖਿਆ ਕਰਨ ਜਾਂ ਕਹਿ ਲਓ ਰੱਖੜੀ ਬੰਨ੍ਹਾ ਕੇ ਵੀਰ ਭੈਣਾਂ ਦੀ ਕਿਸੇ ਔਕੜ ਸਮੇਂ ਰੱਖਿਆ ਕਰਨ ਜਾ ਕੰਮ ਆਉਣ ਲਈ ਬਚਨਵੱਧ ਹੋ ਜਾਣਾ ਰੱਖੜੀ ਦਾ ਤਿਉਹਾਰ ਹੈ ਅਤੇ ਇਹ ਤਿਉਹਾਰ ਹਿੰਦੂ ਸੰਸਕ੍ਰਿਤੀ ਤੋਂ ਪ੍ਰਭਾਵਿਤ ਹੋ ਕੇ ਦੁਨੀਆ ਅਤੇ ਖ਼ਾਸਕਰ ਦੱਖਣੀ ਏਸ਼ੀਆ ਦੇ ਕਈ ਭਾਗਾਂ ਅਤੇ ਧਾਰਮਕ ਸਮੂਹਾਂ ਦੁਆਰਾ ਮਨਾਇਆ ਜਾਂਦਾ ਹੈ। ਰਕਸ਼ਾ ਬੰਧਨ੍ਹ ਸਾਵਣ ਮਹੀਨੇ ਦੇ ਅੰਤਮ ਦਿਨਾਂ 'ਚ ਮਨਾਇਆ ਜਾਂਦਾ ਹੈ, ਜੋ ਆਮ ਤੌਰ 'ਤੇ ਅਗਸਤ ਵਿੱਚ ਆਉਂਦਾ ਹੈ। ਇਸ ਦਿਨ, ਹਰ ਉਮਰ ਦੀਆਂ ਭੈਣਾਂ ਆਪਣੇ ਭਰਾਵਾਂ ਦੇ ਗੁੱਟ ਦੇ ਦੁਆਲੇ ਰੱਖੜੀ ਨਾਮਕ ਇੱਕ ਤਵੀਤ ਜਾਂ ਤਾਜ਼ੀ ਬੰਨ੍ਹਦੀਆਂ ਹਨ। ਭੈਣਾਂ ਇਸ ਮੌਕੇ ਭਰਾਵਾਂ ਦੀ ਸੁੱਖ ਮੰਗਦੀਆਂ ਉਨ੍ਹਾਂ ਦੀ ਲੰਮੀ ਉਮਰ ਦੀ ਕਾਮਨਾ ਕਰਦੀਆਂ ਹਨ।ਇਹ ਤਿਉਹਾਰ ਭੈਣ ਭਰਾਵਾਂ ਦਾ ਇੱਕ ਦੂਜੇ ਨੂੰ ਮਿਲਣ ਦਾ ਸਬੱਬ ਬਣ ਜਾਂਦਾ ਹੈ।ਪਹਿਲੇ ਸਮਿਆਂ ਵਿਚ ਰੱਖੜੀ ਦਾ ਤਿਉਹਾਰ ਬਹੁਤ ਹੀ ਸਾਦਾ ਮਨਾਇਆ ਜਾਂਦਾ ਸੀ। ਦੁਕਾਨ ਤੋਂ ਰੰਗ ਬਰੰਗੀ ਲੋਗੜੀ ਖਰੀਦੀ ਜਾਂਦੀ ਸੀ। ਉਸ ਦੀ ਡੋਰ ਵੱਟ ਕੇ ਵੀਰ ਦੇ ਗੁੱਟ ਤੇ ਬੰਨ੍ਹ ਦਿੱਤੀ ਜਾਂਦੀ ਸੀ। ਵੀਰ ਆਪਣੀ ਭੈਣ ਨੂੰ ਇਕ ਰੁਪਇਆ ਸ਼ਗਨ ਵਜੋਂ ਦੇ ਦਿੰਦਾ ਸੀ। ਕਈ ਭੈਣਾਂ ਵੱਟੀ ਡੋਰ ਵਿਚ ਲੋਗੜੀ ਦਾ ਫੁੱਲ ਬਣਾ ਕੇ ਲਾ ਦਿੰਦੀਆਂ ਸਨ। ਇਹ ਰੱਖੜੀ ਕਈ ਕਈ ਮਹੀਨੇ ਵੀਰਾਂ ਦੇ ਗੁੱਟ 'ਤੇ ਬੰਨ੍ਹੀ ਰਹਿੰਦੀ ਸੀ।ਇਸ ਮੌਕੇ ਡਾਕ ਵਿਭਾਗ ਸਰਕਲ ਦਫ਼ਤਰ ਫਰੀਦਕੋਟ ਦੇ ਸਰਕਲ ਅਫ਼ਸਰ ਸਤਿੰਦਰ ਸਿੰਘ ਲਹਿਰੀ ਨੇ ਦੱਸਿਆ ਕਿ ਰੱਖੜੀ ਦੇ ਪਵਿੱਤਰ ਤਿਉਹਾਰ 'ਤੇ ਭਰਾਵਾਂ ਵੱਲੋਂ ਆਪਣੀਆਂ ਭੈਣਾਂ ਨੂੰ ਰੱਖੜੀ ਅਤੇ ਤੋਹਫ਼ੇ ਭੇਜਣ ਲਈ ਡਾਕਘਰ ਵੱਲੋਂ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਹੁਣ ਭਰਾ ਆਪਣੀਆਂ ਭੈਣਾਂ ਨੂੰ ਡਾਕਘਰਾਂ ਦੁਆਰਾ ਦੇਸ਼-ਵਿਦੇਸ਼ਾਂ 'ਚ ਰੱਖੜੀਆਂ ਭੇਜ ਸਕਦੇ ਹਨ। ਇਸ ਤੋਂ ਇਲਾਵਾ, ਭਰਾ ਆਪਣੀਆਂ ਭੈਣਾਂ ਨੂੰ ਸੁਕੰਨਿਆ ਸਮ੍ਰਿਧੀ ਯੋਜਨਾ ਸਕੀਮ ਦਾ ਤੋਹਫ਼ਾ ਦੇ ਸਕਦੇ ਹਨ। ਉਨ੍ਹਾਂ ਕਿਹਾ ਕਿ ਇਹ ਸਹੂਲਤ ਸਾਡੇ ਸਾਰੇ ਸ਼ਹਿਰੀ ਅਤੇ ਪੇਂਡੂ ਡਾਕਘਰਾਂ ਵਿੱਚ ਉਪਲਬਧ ਹੈ।ਰੱਖੜੀ ਦੇ ਤਿਉਹਾਰ ਮੌਕੇ ਰੱਖੜੀਆਂ ਭੇਜਣ ਲਈ ਲਿਫਾਫੇ 15 ਰੁਪਏ ਅਤੇ 20 ਰੁਪਏ ਵਿੱਚ ਅਤੇ ਪਾਰਸਲ ਬਾਕਸ 50 ਰੁਪਏ ਵਿੱਚ ਕਿਸੇ ਵੀ ਡਾਕਘਰ ਤੋਂ ਖਰੀਦੇ ਜਾ ਸਕਦੇ ਹਨ ਅਤੇ ਸਪੀਡ-ਪੋਸਟ ਦੁਆਰਾ ਦੇਸ਼ ਅਤੇ ਵਿਦੇਸ਼ ਵਿੱਚ ਭੇਜੇ ਜਾ ਸਕਦੇ ਹਨ।ਸੁਕੰਨਿਆ ਸਮ੍ਰਿਧੀ ਯੋਜਨਾ ਭਾਰਤ ਸਰਕਾਰ ਦੁਆਰਾ ਧੀਆਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਚਲਾਈ ਜਾ ਰਹੀ ਇੱਕ ਛੋਟੀ ਬੱਚਤ ਯੋਜਨਾ ਹੈ। ਇਸ ਯੋਜਨਾ ਦੇ ਤਹਿਤ, 10 ਸਾਲ ਤੋਂ ਘੱਟ ਉਮਰ ਦੀਆਂ ਕੁੜੀਆਂ ਦੇ ਮਾਪੇ ਜਾਂ ਸਰਪ੍ਰਸਤ ਇੰਡੀਅਨ ਬੈਂਕ ਦੇ ਅਨੁਸਾਰ ਬੱਚੀ ਦੇ ਨਾਮ 'ਤੇ ਖਾਤਾ ਖੋਲ੍ਹ ਸਕਦੇ ਹਨ। ਇਸ ਖਾਤੇ ਵਿੱਚ ਇੱਕ ਵਿੱਤੀ ਸਾਲ ਵਿੱਚ ਘੱਟੋ-ਘੱਟ 250 ਰੁਪਏ ਅਤੇ ਵੱਧ ਤੋਂ ਵੱਧ 1.5 ਲੱਖ ਰੁਪਏ ਜਮ੍ਹਾ ਕੀਤੇ ਜਾ ਸਕਦੇ ਹਨ।ਯੋਜਨਾ ਦੇ ਮੁੱਖ ਨੁਕਤੇ ਹੇਠ ਲਿਖੇ ਅਨੁਸਾਰ: ਇਸ ਯੋਜਨਾ 'ਚ ਬੱਚੀ ਦੀ ਉਮਰ 10 ਸਾਲ ਤੋਂ ਘੱਟ ਹੋਣੀ ਚਾਹੀਦੀ ਹੈ, ਖਾਤੇ ਨੂੰ ਖੋਲ੍ਹਣ ਦਾ ਸਥਾਨ ਡਾਕਘਰ ਜਾਂ ਅਧਿਕਾਰਤ ਬੈਂਕ ਹੀ ਹੁੰਦਾ ਹੈ।ਯੋਜਨਾ 'ਚ ਜਮ੍ਹਾਂ ਕਰਵਾਉਣ ਦੀ ਰਕਮ ਪ੍ਰਤੀ ਵਿੱਤੀ ਸਾਲ 250 ਰੁਪਏ ਤੋਂ 1.5 ਲੱਖ ਰੁਪਏ ਜਮ੍ਹਾਂ ਕੀਤੀ ਜਾ ਸਕਦੀ ਹੈ। ਜਮ੍ਹਾਂ ਰਕਮ ਦੀ ਮਿਆਦ ਖਾਤਾ ਖੋਲ੍ਹਣ ਦੀ ਮਿਤੀ ਤੋਂ 15 ਸਾਲ ਤੋਂ 21 ਸਾਲ ਤੱਕ ਵੈਲਿਡ ਹੈ ਅਤੇ ਰਕਮ ਕਢਵਾਉਣਾ ਦੀ ਉਮਰ 18 ਸਾਲ ਜਾਂ 10ਵੀਂ ਜਮਾਤ ਪਾਸ ਕਰਨ 'ਤੇ ਕੱਢਵਾਈ ਜਾ ਸਕਦੀ ਹੈ। ਇਸ 'ਤੇ ਉੱਚ ਵਿਆਜ ਦਰ (ਮੌਜੂਦਾ ਸਮੇਂ 8.2% ਪ੍ਰਤੀ ਸਾਲ) ਪ੍ਰਾਪਤ ਕੀਤੀ ਜਾ ਸਕਦੀ ਹੈ। ਆਮਦਨ ਕਰ ਕਾਨੂੰਨ ਦੀ ਧਾਰਾ 803 ਦੇ ਤਹਿਤ ਟੈਕਸ ਦੀ ਛੋਟ ਵੀ ਪ੍ਰਾਪਤ ਕੀਤੀ ਜਾ ਸਕਦੀ ਹੈ।ਇਹ ਸਕੀਮ ਉੱਚ ਸਿੱਖਿਆ ਅਤੇ ਵਿਆਹ ਵਰਗੇ ਲੜਕੀਆਂ ਦੇ ਭਵਿੱਖ ਦੇ ਖਰਚਿਆਂ ਨੂੰ ਪੂਰਾ ਕਰਨ ਵਿੱਚ ਮਦਦ ਕਰਦੀ ਹੈ।ਇਹ ਮਾਪਿਆਂ ਨੂੰ ਨਿਯਮਿਤ ਤੌਰ 'ਤੇ ਬੱਚਤ ਕਰਨ ਅਤੇ ਇੱਕਮੁਸ਼ਤ ਰਕਮ ਜਮ੍ਹਾ ਕਰਨ ਲਈ ਉਤਸ਼ਾਹਿਤ ਕਰਦੀ ਹੈ।



## ਕੰਬੋਜ ਭਾਈਚਾਰੇ ਦੀ ਸਮਾਜ ਨੂੰ ਬਹੁਤ ਵੱਡੀ ਦੇਣ : ਡਾ. ਰਵਜੋਤ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਕੰਬੋਜ ਮਹਾਂਸਭਾ ਬਲਾਕ ਭੁਨਰਹੇੜੀ ਵੱਲੋਂ ਪ੍ਰਧਾਨ ਸਵਿੰਦਰ ਸਿੰਘ ਧੰਜੂ ਜਨਰਲ ਸਕੱਤਰ, ਦਵਿੰਦਰ ਸਿੰਘ ਮਾੜੂ, ਜੀਤ ਸਿੰਘ ਮੀਰਾਂ ਪੁਰ, ਖ਼ਜ਼ਾਨਚੀ, ਰਾਜਵਿੰਦਰ ਸਿੰਘ ਰਾਜੂ ਹੜਾਨਾ, ਜਸਵਿੰਦਰ ਸਿੰਘ ਪ੍ਰੈਸ ਸਕੱਤਰ, ਰਾਜਿੰਦਰ ਸਿੰਘ ਥਿੰਦ, ਬਲਵੰਤ ਸਿੰਘ ਸਰਪੰਚ, ਗੁਰਿੰਦਰ ਸਿੰਘ ਧੰਜੂ ਟਿਵਾਣਾ, ਹਰਲਾਲ ਸਿੰਘ, ਸਰਪੰਚ ਮੋਹਨ ਸਿੰਘ ਬਹਿਲ, ਗੁਰਮੇਜ ਸਿੰਘ ਭੁਨਰਹੇੜੀ ਲਾਲੀ ਰੇਹਲ ਨੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਡਾਕਟਰ ਰਵਜੋਤ ਸਿੰਘ ਤੇ ਪੀ ਆਰ ਟੀ ਸੀ ਦੇ ਚੇਅਰਮੈਨ ਰਣਜੋਧ ਸਿੰਘ ਹਡਾਣਾ ਨਾਲ ਮੁਲਾਕਾਤ ਕੀਤੀ ਤੇ ਕੰਬੋਜ ਮਹਾ ਸਭਾ ਭੁਨਰਹੇੜੀ ਵੱਲੋਂ 29 ਜੁਲਾਈ ਨੂੰ ਕੈਂਸਰ ਸਬੰਧੀ ਜਾਣਕਾਰੀ ਤੇ ਮੁਫ਼ਤ ਚੈੱਕ ਅਪ ਕੈਂਪ ਸਬੰਧੀ ਸੱਦਾ ਪੱਤਰ ਦਿੱਤਾ ਗਿਆ। ਡਾਕਟਰ ਰਵਜੋਤ ਸਿੰਘ ਨੇ ਕਿਹਾ ਕਿ ਕੰਬੋਜ ਭਾਈਚਾਰੇ ਦੀ ਸਮਾਜ ਨੂੰ ਬਹੁਤ ਵੱਡੀ ਦੇਣ ਹੈ। ਇਨ੍ਹਾਂ ਦਾ ਇਤਿਹਾਸ ਕੁਰਬਾਨੀਆਂ ਨਾਲ ਭਰਿਆ ਪਿਆ ਹੈ। ਉਨ੍ਹਾਂ ਕਿਹਾ ਕਿ ਸ਼ਹੀਦ ਊਧਮ ਸਿੰਘ ਕੰਬੋਜ ਨੇ ਸੱਤ ਸਮੁੰਦਰ ਪਾਰ ਜਾ ਕੇ ਜਲ੍ਹਿਆਂਵਾਲਾ ਬਾਗ਼ ਦੇ ਖ਼ੂਨੀ ਸਾਕੇ ਬਦਲਾ ਲਿਆ ਤੇ ਭਾਰਤ ਦੀ ਆਜ਼ਾਦੀ ਲਈ ਕੁਰਬਾਨੀ ਦਿੱਤੀ। ਇਸ ਤੋਂ ਇਲਾਵਾ ਅਨੇਕਾਂ ਕੁਰਬਾਨੀਆਂ ਕੰਬੋਜ ਭਾਈਚਾਰੇ ਵੱਲੋਂ ਦਿੱਤੀਆਂ ਗਈਆਂ ਹਨ।

## ਕਿਸਾਨਾਂ, ਜਥੇਬੰਦੀਆਂ ਤੇ ਆਮ ਲੋਕਾਂ ਨੇ ਲੈਂਡ ਪੂਲਿੰਗ ਖਿਲਾਫ ਇਕਜੁਟ ਹੋ ਲੜਾਈ ਦਾ ਅਹਿਦ ਕੀਤਾ



**ਮੋਗਾ (ਇਕਬਾਲ ਸਿੰਘ ਖਹਿਰਾ)** ਗਿੱਲਜ਼ ਕਲੱਬ ਤੇ ਸਿਵਲ ਸੁਸਾਇਟੀ ਦੀ ਪਹਿਲ ਤੇ ਸਰਕਾਰ ਦੀ ਲੈਂਡ ਪੂਲਿੰਗ ਪਾਲਸੀ ਤੇ ਗਿੱਲ ਹਸਪਤਾਲ ਦੁਸਾਂਝ ਰੋਡ ਮੋਗਾ ਵਿਖੇ ਸੈਮੀਨਾਰ ਦਾ ਕਰਾਇਆ ਗਿਆ, ਜਿਸ ਵਿੱਚ ਸੰਯੁਕਤ ਕਿਸਾਨ ਮੋਰਚਾ ਨਾਲ ਸਬੰਧਤ ਸਾਰੀਆਂ ਕਿਸਾਨ ਜਥੇਬੰਦੀਆਂ, ਲੈਂਡ ਪੂਲਿੰਗ ਤੋਂ ਪ੍ਰਭਾਵਤ ਕਿਸਾਨਾਂ ਅਤੇ ਆਮ ਲੋਕਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਸੈਮੀਨਾਰ ਦੀ ਸ਼ੁਰੂਆਤ ਵਿੱਚ ਡਾ ਕੁਲਦੀਪ ਸਿੰਘ ਗਿੱਲ ਵੱਲੋਂ ਏਜੰਡਾ ਪੇਸ਼ ਕਰਦਿਆਂ ਸਭ ਨੂੰ ਇਸ ਸੰਵੇਦਨਸ਼ੀਲ ਮੁੱਦੇ 'ਤੇ ਆਪਣੇ ਵਿਚਾਰ ਰੱਖਣ ਦੀ ਅਪੀਲ ਕੀਤੀ। ਏਜੰਡੇ 'ਤੇ ਬੋਲਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਆਗੂ ਬਲੌਰ ਸਿੰਘ ਘੱਲ ਕਲਾਂ, ਬੀ.ਕੇ.ਯੂ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਮਾਣੂੰਕੇ, ਬੀ ਕੇ ਯੂ ਬ੍ਰਾਹਮਕੇ ਤੋਂ ਜਥੇਦਾਰ ਤੋਤਾ ਸਿੰਘ, ਬੀ.ਕੇ.ਯੂ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ, ਬੀ.ਕੇ.ਯੂ ਖੋਸਾ ਦੇ ਪੰਜਾਬ ਪ੍ਰਧਾਨ ਸੁਖਜਿੰਦਰ ਸਿੰਘ ਖੋਸਾ, ਬੀ.ਕੇ.ਯੂ ਰਾਜੇਵਾਲ ਦੇ ਆਗੂ ਮਨਪ੍ਰੀਤ ਸਿੰਘ ਸਿੱਧੂ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਕਾਮਰੇਡ ਸੂਰਤ ਸਿੰਘ, ਆੜ੍ਹਤੀਆ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਅਮਰਜੀਤ ਸਿੰਘ ਰਾਜੇਆਣਾ, ਕਾਲੇ ਪਾਣੀ ਦਾ ਮੋਰਚਾ ਦੇ ਆਗੂ ਅਮਿਤੋਜ ਮਾਨ, ਲੋਕ ਅਧਿਕਾਰ ਲਹਿਰ ਦੇ ਆਗੂ ਬਲਵਿੰਦਰ ਸਿੰਘ, ਪਿੰਡ ਰੌਲੀ ਦੇ ਸਰਪੰਚ ਗੁਰਵਿੰਦਰ ਸਿੰਘ, ਬੁੱਘੀਪੁਰਾ ਦੇ ਸਰਪੰਚ ਮਨਜੀਤ ਸਿੰਘ, ਚੁਗਾਵਾਂ ਦੇ ਸਰਪੰਚ ਬਲਜੀਤ ਸਿੰਘ, ਤਲਵੰਡੀ ਭੰਗੇਰੀਆਂ ਦੇ ਸਰਪੰਚ ਗੁਰਜੰਟ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਜਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ, ਚੇਅਰਮੈਨ ਹਰਿੰਦਰ ਸਿੰਘ ਬਰਾੜ, ਸਮਾਜ ਸੇਵੀ ਸੁਖਦੀਪ ਸਿੰਘ ਭੰਮ, ਜਸਵਿੰਦਰ ਸਿੰਘ ਸਰਾਵਾਂ, ਕੁਲਵਿੰਦਰ ਸਿੰਘ ਮਾਨ, ਅਮ੍ਰਿਤ ਲਾਲ ਅਨੇਜਾ ਅਤੇ ਐਡ. ਹਰਜੀਤ ਸਿੰਘ, ਸਿਵਲ ਸੁਸਾਇਟੀ ਮੋਗਾ ਦੇ ਆਗੂ ਅਜੇ ਗੋਰਾ ਸੂਦ, ਬਲਵਿੰਦਰ ਸਿੰਘ ਰੋਡੇ ਅਤੇ ਅਮਰਜੀਤ ਸਿੰਘ ਜੱਸਲ ਆਦਿ ਬੁਲਾਰਿਆਂ ਨੇ ਲੈਂਡ ਪੂਲਿੰਗ ਪਾਲਸੀ ਨੂੰ ਸਿਰੇ ਤੋਂ ਨਕਾਰਦਿਆਂ ਇਸ ਨੂੰ ਕਿਸਾਨ ਤੇ ਆਮ ਲੋਕਾਂ ਵਿਰੋਧੀ ਗਰਦਾਨਿਆ।



## ਸੈਕਰਡ ਹਾਰਟ ਸਕੂਲ ਵਿਚ ਹੋਣਹਾਰ ਵਿਦਿਆਰਥੀ ਸਨਮਾਨਤ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਕੁਹਾੜਾ ਮਾਰਗ 'ਤੇ ਸਥਿਤ ਸੈਕਰਡ ਹਾਰਟ ਕਾਨਵੈਂਟ ਸਕੂਲ, ਮਾਛੀਵਾੜਾ ਸਾਹਿਬ ਵਿਚ ਸਨਮਾਨ ਸਮਾਰੋਹ ਕਰਵਾਇਆ ਗਿਆ ਜਿਸ ਵਿਚ ਵਿਦਿਆਰਥੀਆਂ ਦੇ ਮਾਪਿਆਂ ਨੇ ਵੀ ਸ਼ਮੂਲੀਅਤ ਕੀਤੀ। ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਸਕੂਲ ਦੇ ਡਾਇਰੈਕਟਰ ਮਦਰ ਫਲਾਵਰ ਥੈਰੇਸਾ ਪਹੁੰਚੇ। ਉਨ੍ਹਾਂ ਬਾਰ੍ਹਵੀਂ ਅਤੇ ਦਸਵੀਂ ਜਮਾਤ 'ਚੋਂ 90 ਪ੍ਰਤੀਸ਼ਤ ਤੋਂ ਉੱਪਰ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਅਤੇ ਮਾਪਿਆਂ ਤੇ ਸਕੂਲ ਸਟਾਫ਼ ਮੈਂਬਰਾਂ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਵਲੋਂ ਸ਼ਾਨਦਾਰ ਅੰਕ ਪ੍ਰਾਪਤ ਦਾ ਸਿਹਰਾ ਸਕੂਲ ਪ੍ਰਿੰਸੀਪਲ ਅਤੇ ਅਧਿਆਪਕਾਂ ਦੀ ਮਿਹਨਤ ਨੂੰ ਜਾਂਦਾ ਹੈ। ਇਸ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਨੇ ਵੀ ਕੁਝ ਗੱਲਾਂ ਸਾਂਝੀਆਂ ਕੀਤੀਆਂ ਅਤੇ ਜ਼ਿੰਦਗੀ ਵਿਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

## ਸੈਂਟੀਨਲ ਸਕੂਲ ਦੇ ਛੋਟੇ ਬੱਚਿਆਂ ਨੇ ਇੱਕ ਰਾਤ ਘਰੋਂ ਬਾਹਰ ਸਕੂਲ 'ਚ ਬਿਤਾਈ

**ਸਮਰਾਲਾ (ਸੁਰਜੀਤ ਸਿੰਘ)**- ਸਕੂਲ ਵਿਚ ਪੜ੍ਹਦੇ ਛੋਟੇ ਬੱਚਿਆਂ ਨੂੰ ਉਹਨਾਂ ਦੇ ਘਰਾਂ ਅਤੇ ਮਾਪਿਆਂ ਦੀ ਦੇਖ ਰੇਖ ਤੋਂ ਦੂਰ ਅਤੇ ਬੱਚਿਆਂ ਵਿਚ ਆਤਮ ਵਿਸ਼ਵਾਸ ਪੈਦਾ ਕਰਨ ਦੇ ਮਨਸ਼ੇ ਨਾਲ ਸਥਾਨਕ ਸੈਂਟੀਨਲ ਇੰਟਰਨੈਸ਼ਨਲ ਸਕੂਲ ਦੀ ਪ੍ਰਿੰਸੀਪਲ ਵੱਲੋਂ ਇੱਕ ਤਜਰਬੇ ਦੇ ਤੌਰ 'ਤੇ ਚੌਥੀ ਜਮਾਤ ਦੇ ਵਿਦਿਆਰਥੀਆਂ ਨੇ ਇੱਕ ਅਨੋਖੀ ਅਤੇ ਯਾਦਗਾਰ ਰਾਤ ਸਕੂਲ ਵਿੱਚ ਬਿਤਾਈ। ਜਿਸ ਦੀ ਨਿਗਰਾਨੀ ਵਿਸ਼ੇਸ਼ ਤੌਰ ਤੇ ਸਕੂਲ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਦੀ ਅਗਵਾਈ ਹੇਠ ਕੀਤੀ ਗਈ। ਇਸ ਦੌਰਾਨ ਵਿਦਿਆਰਥੀਆਂ ਨੇ ਅਧਿਆਪਕਾਂ ਦੀ ਸਹਾਇਤਾ ਨਾਲ ਕਈ ਮਨੋਰੰਜਕ ਅਤੇ ਸਿੱਖਿਆਦਾਇਕ ਗਤੀਵਿਧੀਆਂ ਵਿੱਚ ਹਿੱਸਾ ਲਿਆ, ਜਿਸ ਨੇ ਉਨ੍ਹਾਂ ਦੇ ਬਚਪਨ ਨੂੰ ਹੋਰ ਵੀ ਖੁਸ਼ਨੁਮਾ ਬਣਾਇਆ। ਸਮਾਗਮ ਦੀ ਸ਼ੁਰੂਆਤ ਸ਼ਾਮ ਨੂੰ ਗਰਾਊਂਡ ਵਾਕ ਨਾਲ ਹੋਈ, ਜਿੱਥੇ ਵਿਦਿਆਰਥੀਆਂ ਨੇ ਸਕੂਲ ਦੇ ਵਿਸ਼ਾਲ ਮੈਦਾਨ ਵਿੱਚ ਸੈਰ ਕਰਦਿਆਂ ਕੁਦਰਤ ਦਾ ਅਨੰਦ ਮਾਣਿਆ। ਇਸ ਤੋਂ ਬਾਅਦ, ਖਿਡੌਣਿਆਂ ਨਾਲ ਸਬੰਧਤ ਖੇਡਾਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਹ ਖੇਡਾਂ ਨਾ ਸਿਰਫ ਮਨੋਰੰਜਕ ਸਨ, ਸਗੋਂ ਟੀਮ ਵਰਕ ਅਤੇ ਆਪਸੀ ਸਹਿਯੋਗ ਦੀ ਭਾਵਨਾ ਨੂੰ ਵੀ ਮਜ਼ਬੂਤ ਕਰਨ ਵਾਲੀਆਂ ਸਨ।ਸ਼ਾਮ ਦਾ ਸਭ ਤੋਂ ਖਾਸ ਪਲ ਸੀ ਨਾਚ ਦਾ ਪ੍ਰੋਗਰਾਮ, ਜਿੱਥੇ ਵਿਦਿਆਰਥੀਆਂ ਨੇ ਆਪਣੀਆਂ ਪ੍ਰਤਿਭਾਵਾਂ ਨੂੰ ਪ੍ਰਦਰਸ਼ਿਤ ਕੀਤਾ। ਰੰਗ-ਬਰੰਗੇ ਪਹਿਰਾਵਿਆਂ ਵਿੱਚ ਬੱਚਿਆਂ ਦੀਆਂ ਮਨਮੋਹਕ ਪੇਸ਼ਕਾਰੀਆਂ ਨੇ ਸਾਰਿਆਂ ਦਾ ਦਿਲ ਜਿੱਤ ਲਿਆ। ਇਸ ਤੋਂ ਬਾਅਦ, ਸਕੂਲ ਵੱਲੋਂ ਸੁਆਦੀ ਰਾਤ ਦੇ ਖਾਣੇ ਦਾ ਪ੍ਰਬੰਧ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਅਧਿਆਪਕਾਂ ਅਤੇ ਸਾਥੀਆਂ ਨਾਲ ਮਿਲ ਕੇ ਖੁਸ਼ੀ-ਖੁਸ਼ੀ ਭੋਜਨ ਦਾ ਅਨੰਦ ਮਾਣਿਆ।ਸਵੇਰ ਦੀ ਸ਼ੁਰੂਆਤ ਸਵੀਮਿੰਗ ਸੈਸ਼ਨ ਨਾਲ ਹੋਈ, ਜਿੱਥੇ ਵਿਦਿਆਰਥੀਆਂ ਨੇ ਸਕੂਲ ਦੇ ਸਵੀਮਿੰਗ ਪੂਲ ਵਿੱਚ ਤੈਰਾਕੀ ਦਾ ਮਜ਼ਾ ਲਿਆ। ਸੁਰੱਖਿਆ ਦਾ ਪੂਰਾ ਧਿਆਨ ਰੱਖਿਆ ਗਿਆ ਅਤੇ ਅਧਿਆਪਕਾਂ ਦੀ ਨਿਗਰਾਨੀ ਵਿੱਚ ਇਹ ਗਤੀਵਿਧੀ ਸੁਚਾਰੂ ਢੰਗ ਨਾਲ ਸੰਪੰਨ ਹੋਈ। ਸਵੀਮਿੰਗ ਤੋਂ ਬਾਅਦ, ਸਕੂਲ ਵੱਲੋਂ ਸਵੇਰ ਦਾ ਨਾਸ਼ਤਾ ਅਤੇ ਦੁਪਹਿਰ ਦਾ ਖਾਣਾ ਪ੍ਰਦਾਨ ਕੀਤਾ ਗਿਆ, ਜੋ ਸਿਹਤਮੰਦ ਅਤੇ ਸੁਆਦੀ ਸੀ।ਡਾ. ਪੂਨਮ ਸ਼ਰਮਾ ਨੇ ਇਸ ਸਮਾਗਮ ਨੂੰ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦਾ ਇੱਕ ਮਹੱਤਵਪੂਰਨ ਹਿੱਸਾ ਦੱਸਿਆ।



## ...ਸਫ਼ਾ 1 ਦੇ ਬਾਕੀ

### ਬੱਧਨੀ ਕਲਾਂ ਇਲਾਕੇ ...

ਉਜਾੜਨ ਦੀ ਸਾਜ਼ਿਸ਼ ਰਚੀ ਜਾ ਰਹੀ ਹੈ, ਤਾਂ ਕਿ ਕਾਰਪੋਰੇਟ ਘਰਾਣਿਆਂ ਲਈ ਇਸ ਖਿੱਤੇ ਨੂੰ ਲੁੱਟਣ ਦਾ ਰਾਹ ਪੱਧਰਾ ਕੀਤਾ ਜਾ ਸਕੇ। ਆਗੂਆਂ ਕੇਂਦਰ ਤੇ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਸਰਕਾਰਾਂ ਆਪਣੀ ਇਸ ਲੋਕ ਵਿਰੋਧੀ ਨੀਤੀ ਨੂੰ ਬੰਦ ਕਰਨ ਅਤੇ ਵਿਸ਼ੇਸ਼ ਪ੍ਰਬੰਧਾਂ ਤਹਿਤ ਇਹਨਾਂ ਉੱਚੀਆਂ ਬਣਾਈਆਂ ਜਾ ਰਹੀਆਂ ਸੜਕਾਂ ਦੇ ਹੇਠੋਂ ਪਾਣੀ ਦੇ ਲੰਘਣ ਦੇ ਫੌਰੀ ਪ੍ਰਬੰਧ ਕੀਤੇ ਜਾਣ, ਤਾਂ ਕਿ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਖੇਤੀ ਧੰਦੇ ਨੂੰ ਸੁਰੱਖਿਅਤ ਕੀਤਾ ਜਾ ਸਕੇ । ਉਕਤ ਆਗੂਆਂ ਨੇ ਇਹ ਵੀ ਮੰਗ ਕੀਤੀ ਕਿ ਨੁਕਸਾਨੇ ਗਏ ਖਿੱਤੇ ਦਾ ਸਰਵੇ ਕਰਵਾ ਕੇ ਵਾਜਿਬ ਮੁਆਵਜ਼ਾ ਦੇਣ ਦਾ ਵੀ ਪ੍ਰਬੰਧ ਕੀਤਾ ਜਾਵੇ।

### ਆਸਟਰੇਲੀਆ 'ਚ ਭਾਰਤੀ ...

ਵਾਪਸ ਜਾਣ ਦਾ ਮਨ ਕਰਦਾ ਹੈ। ਤੁਸੀਂ ਆਪਣੇ ਆਪ ਨੂੰ ਬਦਲ ਸਕਦੇ ਹੋ, ਪਰ ਤੁਸੀਂ ਆਪਣਾ ਰੰਗ ਨਹੀਂ ਬਦਲ ਸਕਦੇ।'

ਇਸ ਘਟਨਾ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵੀ ਸਾਹਮਣੇ ਆਈ ਹੈ, ਜਿਸ ਵਿੱਚ ਪੰਜ ਦੋਸ਼ੀ ਚਰਨਪ੍ਰੀਤ ਨੂੰ ਬੇਰਹਿਮੀ ਨਾਲ ਕੁੱਟਦੇ ਦਿਖਾਈ ਦੇ ਰਹੇ ਹਨ। ਵੀਡੀਓ ਵਿੱਚ ਦੇਖਿਆ ਜਾ ਸਕਦਾ ਹੈ ਕਿ ਪੰਜ ਦੋਸ਼ੀ ਉਸ ਦੇ ਪੇਟ ਅਤੇ ਚਿਹਰੇ 'ਤੇ ਲੱਤਾਂ ਅਤੇ ਮੁੱਕੇ ਮਾਰ ਰਹੇ ਹਨ। ਇਸ ਦੇ ਨਾਲ ਹੀ ਚਰਨਪ੍ਰੀਤ ਦੀ ਪਤਨੀ ਇਸ ਪੂਰੀ ਘਟਨਾ ਨੂੰ ਕੈਮਰੇ ਵਿੱਚ ਰਿਕਾਰਡ ਕਰਦੀ ਅਤੇ ਡਰੀ ਹੋਈ ਦਿਖਾਈ ਦੇ ਰਹੀ ਹੈ ਅਤੇ ਲਗਾਤਾਰ ਉਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ ਕਰ ਰਹੀ ਹੈ। ਪੁਲਸ ਨੇ ਕਿਹਾ ਕਿ ਇੱਕ 20 ਸਾਲਾ ਵਿਅਕਤੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਪੁਲਸ ਨੇ ਕਿਹਾ, 'ਜਦੋਂ ਅਸੀਂ ਪਹੁੰਚੇ ਤਾਂ ਪੀੜਤ ਜ਼ਮੀਨ 'ਤੇ ਬੇਹੋਸ਼ ਪਿਆ ਸੀ। ਉਸ ਦੇ ਚਿਹਰੇ 'ਤੇ ਬਹੁਤ ਸਾਰੀਆਂ ਸੱਟਾਂ ਸਨ। ਉਸ ਨੂੰ ਹਸਪਤਾਲ ਲਿਜਾਇਆ ਗਿਆ।'

## ਹਰਦੀਪ ਸਿੰਘ ਬਰਾੜ ਬੀ ਐੱਮ ਡਬਲਿਊ ਦੇ ਸੀ ਈ ਓ ਨਿਯੁਕਤ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**

ਕੌਮਾਂਤਰੀ ਪੱਧਰ ਦੀ ਕਾਰ ਕੰਪਨੀ ਬੀ ਐਮ ਡਬਲਿਊ ਨੇ ਹਰਦੀਪ ਸਿੰਘ ਬਰਾੜ ਨੂੰ ਸੀ ਈ ਓ ਨਿਯੁਕਤ ਕੀਤਾ ਹੈ। ਮੋਗਾ ਵਿੱਚ ਮੁੱਢਲੀ ਤੇ ਸੈਕੰਡਰੀ ਸਿੱਖਿਆ ਲੈ ਕੇ ਪਟਿਆਲਾ ਤੇ ਹੋਰਨਾਂ ਥਾਵਾਂ ਤੋਂ ਉੱਚ ਸਿੱਖਿਆ ਹਾਸਲ ਕਰਨ ਵਾਲੇ ਹਰਦੀਪ ਸਿੰਘ ਬਰਾੜ ਬੀ ਐਮ ਡਬਲਿਊ ਕੰਪਨੀ ਦੇ ਸੀ ਈ ਓ ਚੀਫ਼ ਐਗਜ਼ੀਕਿਊਟਿਵ ਅਫ਼ਸਰ ਨਿਯੁਕਤ ਹੋਣਾ ਅਹਿਮ ਪ੍ਰਾਪਤੀ ਹੈ। ਨਾਮੀ ਲਗਜ਼ਰੀ ਕਾਰ ਕੰਪਨੀ ਦੇ ਭਾਰਤ ਭਰ ਦੇ ਸਭ ਤੋਂ ਵੱਡੇ ਅਹੁਦੇ 'ਤੇ ਹਰਦੀਪ ਸਿੰਘ ਬਰਾੜ ਦਾ ਬਿਰਾਜਮਾਨ ਹੋਣਾ ਮੋਗਾ ਜ਼ਿਲ੍ਹਾ ਤੇ ਸੂਬੇ ਲਈ ਬਹੁਤ ਮਾਣ ਭਰੀ ਗੱਲ ਹੈ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਡਾਕਟਰ ਰਾਜਵਿੰਦਰ ਰੌਂਤਾ ਨੇ ਬਰਾੜ ਨੂੰ ਗੁੜਗਾਓਂ ਵਿਖੇ ਉਹਨਾਂ ਨੂੰ ਮੁਬਾਰਕਬਾਦ ਦੇਣ ਉਪਰੰਤ ਕੀਤਾ । ਰਾਜਵਿੰਦਰ ਰੌਂਤਾ ਨੇ ਦੱਸਿਆ ਕਿ ਹਰਦੀਪ ਸਿੰਘ ਬਰਾੜ ਨੇਕ ਦਿਲ, ਨਿਮਰ ਸੁਭਾਅ ਵਾਲੇ ਉੱਚ ਸਖਸ਼ੀਅਤ ਹਨ ਇਨ੍ਹਾਂ ਦਾ ਜੱਦੀ ਪਿੰਡ ਪੱਤੋ ਹੀਰਾ ਸਿੰਘ ਹੈ। ਇਸ ਸਮੇਂ ਰਾਜਵਿੰਦਰ ਰੌਂਤਾ ਨਾਲ ਸਰਗਮ ਰੌਂਤਾ ਵੀ ਮੌਜੂਦ ਸੀ। ਹਰਦੀਪ ਸਿੰਘ ਬਰਾੜ ਨੇ ਇਕੱਤੀ ਸਾਲ ਪਹਿਲਾਂ ਮਰੂਤੀ ਰਾਹੀਂ ਇਸ ਕਾਰਾਂ ਦੀ ਦੁਨੀਆ ਵਿੱਚ ਪ੍ਰਵੇਸ਼ ਕੀਤਾ ਸੀ। ਉਹਨਾਂ ਦੇ ਵਧੀਆ ਕੰਮਕਾਜ, ਪ੍ਰਭਾਵ ਤੇ ਕੰਮ ਸਮਰੱਥਾ, ਪ੍ਰਾਪਤੀਆਂ ਕਾਰਨ ਉਹਨਾਂ ਨੂੰ ਬੀ ਐਮ ਡਬਲਿਊ ਨਾਮੀ ਅੰਤਰਰਾਸ਼ਟਰੀ ਤੇ ਮਹਿੰਗੀ ਕਾਰ ਕੰਪਨੀ ਵੱਲੋਂ ਭਾਰਤ ਦੇ ਸੀ ਈ ਓ ਚੀਫ ਐਗਜ਼ੀਕਿਊਟਿਵ ਅਫ਼ਸਰ ਵਜੋਂ ਨਿਯੁਕਤ ਕੀਤਾ ਹੈ।ਅਮਿਤ ਬਰਾੜ, ਸਾਬਕਾ ਸਰਪੰਚ ਅਮਰਜੀਤ ਸਿੰਘ, ਸਮਿਤੀ ਮੈਂਬਰ ਕੁਲਦੀਪ ਸਿੰਘ ਬਰਾੜ, ਸਾਬਕਾ ਭੂਮੀ ਰੱਖਿਆ ਅਫ਼ਸਰ ਮਲਕੀਤ ਸਿੰਘ ਬਰਾੜ, ਅਸ਼ੋਕ ਸ਼ਰਮਾ, ਚੇਅਰਮੈਨ ਭਾਰਤੀ ਪੱਤੋਂ ,ਖੇਡ ਲੇਖਕ ਬੱਬੀ ਪੱਤੋ, ਕਵੀ ਪਰਸ਼ੋਤਮ ਪੱਤੋਂ ਆਦਿ ਨੇ ਹਰਦੀਪ ਸਿੰਘ ਬਰਾੜ ਨੂੰ ਵੱਕਾਰੀ ਅਹੁਦਾ ਮਿਲਣ 'ਤੇ ਮੁਬਾਰਕਬਾਦ ਦਿੱਤੀ ਹੈ।



## ਨੇਚਰ ਪਾਰਕ ਵਿਖੇ ਲਿਖਾਰੀ ਸਭਾ ਦੀ ਹੋਈ ਮੀਟਿੰਗ

### ਕਵੀਆਂ ਨੇ ਸਾਵਣ ਮਹੀਨੇ ਨੂੰ ਸਮਰਪਤ ਕੀਤੀਆਂ ਰਚਨਾਵਾਂ ਪੇਸ਼

**ਮੋਗਾ, (ਇਕਬਾਲ ਸਿੰਘ ਖਹਿਰਾ)**

ਨੇਚਰ ਪਾਰਕ ਮੋਗਾ ਵਿਖੇ ਲਿਖਾਰੀ ਸਭਾ ਦੀ ਮੀਟਿੰਗ ਜਨਰਲ ਸਕੱਤਰ ਪਰਮਜੀਤ ਸਿੰਘ ਚੂਹੜਚੱਕ ਦੀ ਪ੍ਰਧਾਨਗੀ ਹੇਠ ਹੋਈ। ਮੰਚ ਸੰਚਾਲਨ ਦੀ ਭੂਮਿਕਾ ਮੀਤ ਗੁਰਮੀਤ ਨੇ ਨਿਭਾਈ। ਇਸ ਮੌਕੇ ਬਲਵਿੰਦਰ ਸਿੰਘ ਕੈਂਥ ਦੇ ਲਿਖੇ ਗੀਤ ਦੀ ਰਿਕਾਰਡਿੰਗ ਦੀ ਚਰਚਾ ਕਰਦਿਆਂ ਵਧਾਈ ਦਿੱਤੀ। ਇਸ ਮੌਕੇ ਮੋਗਾ ਦੇ ਸਾਹਿਤਕਾਰਾਂ ਨੇ ਬਾਬਾ ਬੋਹੜ ਜੋਧ ਸਿੰਘ ਨੂੰ ਛਪ ਰਹੀ ਨਵੀਂ ਪੁਸਤਕ ਦੀ ਅਗੇਤਰੀ ਵਧਾਈ ਦਿੱਤੀ। ਇਸ ਮੌਕੇ ਦੋ ਸਾਂਝੇ ਕਵੀ ਸੰਗ੍ਰਹਿ 'ਸੋਚਾਂ ਦੀ ਦਲਹੀਜ਼' ਅਤੇ 'ਜਜ਼ਬਾਤਾਂ ਦੇ ਰਾਹ' ਜਿਨ੍ਹਾਂ ਵਿਚ ਲੇਖਕ ਗਿੱਲ ਕੋਟਲੀ ਸੰਘਰ ਦੀਆਂ ਕਵਿਤਾਵਾਂ ਸ਼ਾਮਲ ਹਨ, ਲੋਕ ਅਰਪਣ ਕੀਤੀਆਂ ਗਈਆਂ। ਇਸ ਮੌਕੇ ਸਾਹਿਤਕ ਮਹਿਫਲ ਵਿਚ 'ਸਾਵਣ ਕਵੀ ਦਰਬਾਰ' ਪੇਸ਼ ਕੀਤਾ ਗਿਆ ਜਿਸ ਵਿਚ ਮਾਸਟਰ ਪ੍ਰੇਮ ਕੁਮਾਰ ਨੇ ਸਾਵਣ ਦਾ ਗੀਤ, ਬਲਬੀਰ ਸਿੰਘ ਪਰਦੇਸੀ ਨੇ ਰੁੱਤ ਸਾਵਣ ਦੀ ਆਈ, ਪਰਮਜੀਤ ਸਿੰਘ ਚੂਹੜਚੱਕ ਨੇ ਗੀਤ ਗੱਲਾਂ ਕਰੀਏ ਸਾਉਣ ਦੀਆਂ, ਮੀਤ ਗੁਰਮੀਤ ਨੇ ਗੀਤ ਤੇਰਾ ਵਜੂਦ, ਜੋਧ ਸਿੰਘ ਮੋਗਾ ਨੇ ਕਵਿਤਾ ਤਨਖਾਹ, ਬੀਬੀ ਨਵਦੀਪ ਸ਼ਰਮਾ ਨੇ ਖੁੱਲ੍ਹੀ ਕਵਿਤਾ ਬਰਕਤਾਂ, ਅਰੁਣ ਕੁਮਾਰ ਨੇ ਗਜ਼ਲ ਚੇਤੇ ਆ ਗਿਆ, ਬਲਵਿੰਦਰ ਕੈਂਥ ਨੇ ਗੀਤ ਕਲਮ ਦੇ ਖਿਡਾਰੀ, ਗਿਲ ਕੋਟਲੀ ਨੇ ਜ਼ਿੰਦੂਆ, ਆਕਾਸ਼ਦੀਪ ਸਿੰਘ ਨੇ ਕਵਿਤਾ, ਅਰਸ਼ਦੀਪ ਸਿੰਘ ਵਰਤਮਾਨ ਸਮੇਂ ਨੂੰ ਕਟੋਚਦੀ ਕਵਿਤਾ, ਬਲਦੇਵ ਸਿੰਘ ਢਿੱਲੋਂ ਨੇ ਗੀਤ ਸਾਵਣ ਦਾ ਮਹੀਨਾ, ਸੁਰਜੀਤ ਸਿੰਘ ਕਾਲੇਕੇ ਨੇ ਗਜ਼ਲ ਬਦਲਣੇ ਪੈਣਗੇ, ਸੋਨੀ ਨੇ ਤਰੰਨਮ ਵਿੱਚ ਗੀਤ ਪੇਸ਼ ਕੀਤੇ।ਮੀਟਿੰਗ ਵਿਚ ਗਿਆਨ ਸਿੰਘ ਸਾਬਕਾ ਡੀ ਪੀ ਆਰ ਓ ਨੇ ਸਮੂਹ ਕਵੀਆਂ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਆਪਣੀਆਂ ਕਵਿਤਾਵਾਂ ਪੇਸ ਕਰਨ ਲਈ 'ਰੇਡੀਓ/ਆਪਣਾ ਵਿੰਨੀਪਿਗ ਕੈਨੇਡਾ' 'ਤੇ ਆਉਣ ਲਈ ਖੁੱਲ੍ਹਾ ਸੱਦਾ ਦਿੱਤਾ।



ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * Web : www.nawanzamana.in

# ਪੰਜਾਬ ਸਰਕਾਰ ਵੱਲੋਂ ਵਿੱਢੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਮਿਲ ਰਿਹਾ ਲੋਕਾਂ ਦਾ ਭਰਵਾਂ ਹੁੰਗਾਰਾ : ਸੋਨੀਆ ਮਾਨ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**

ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਵਿਧਾਨ ਸਭਾ ਹਲਕਾ ਰਾਜਾਸਾਂਸੀ ਦੇ ਇੰਚਾਰਜ ਅਤੇ ਯੁੱਧ ਨਸ਼ਿਆਂ ਵਿਰੁੱਧ ਮਾਝਾ ਜ਼ੋਨ ਦੇ ਇੰਚਾਰਜ ਮੈਡਮ ਸੋਨੀਆ ਮਾਨ ਵੱਲੋਂ ਜਿੱਥੇ ਵੱਖ-ਵੱਖ ਪਿੰਡਾਂ ਸ਼ਹਿਰਾਂ ਵਿੱਚ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਉਥੇ ਹੀ ਵਿਧਾਨ ਸਭਾ ਹਲਕਾ ਰਾਜਾਸਾਂਸੀ ਦੇ ਪਿੰਡ ਕੱਚਾ ਭੀਲੋਵਾਲ ਅਤੇ ਪੱਕਾ ਭੀਲੋਵਾਲ ਵਿਖੇ ਜਾਗਰੂਕਤਾ ਸਭਾਵਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਲੋਕਾਂ ਦਾ ਭਰਵਾਂ ਸਹਿਯੋਗ ਮਿਲ ਰਿਹਾ ਹੈ ਅਤੇ ਹੁਣ ਲੋਕ ਖ਼ੁਦ ਵੀ ਨਸ਼ੇ ਵਰਗੀ ਨਾ ਮੁਰਾਦ ਬਿਮਾਰੀ ਤੋਂ ਛੁਟਕਾਰਾ ਪਾਉਣ ਲਈ ਅੱਗੇ ਆ ਰਹੇ ਹਨ।ਹਲਕਾ ਇੰਚਾਰਜ ਸੋਨੀਆ ਮਾਨ ਨੇ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਨਾਲ ਹੁਣ ਹਰ ਪਿੰਡ, ਹਰ ਸ਼ਹਿਰ ਨਸ਼ਾ ਮੁਕਤ ਹੋਵੇਗਾ।ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਦੇ ਲੋਕ ਸਰਕਾਰ ਵੱਲੋਂ ਚਲਾਈ ਇਸ ਮੁਹਿੰਮ ਰਾਹੀਂ ਨਸ਼ਾ ਖਤਮ ਕਰਨ ਦਾ ਪੂਰਾ ਸਹਿਯੋਗ ਦੇ ਰਹੇ ਅਤੇ ਖ਼ੁਸ਼ ਨਜ਼ਰ ਆ ਰਹੇ ਹਨ।ਉਨ੍ਹਾਂ ਕਿਹਾ ਕਿ ਪਿਛਲੇ 70 ਸਾਲਾਂ ਤੋਂ ਪਿਛਲੀਆਂ ਸਰਕਾਰਾਂ ਨੇ ਪੰਜਾਬ ਦੇ ਵਿੱਚ ਨਸ਼ਾ ਮਾਫੀਆ ਤਸਕਰਾਂ ਨਾਲ ਮਿਲ ਕੇ ਪੰਜਾਬ ਦੀ ਜਵਾਨੀ ਨੂੰ ਬਰਬਾਦ ਕੀਤਾ ਉਥੇ ਹੀ ਆਮ ਆਦਮੀ ਪਾਰਟੀ ਦੀ ਪੰਜਾਬ 'ਚ ਸਰਕਾਰ ਬਣਦਿਆਂ ਹੀ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਚਲਾਇਆ ਗਿਆ ਯੁੱਧ ਨਸ਼ਿਆਂ ਵਿਰੁੱਧ ਉਪਰਾਲਾ ਦਿਨੋ ਦਿਨ ਕਾਮਯਾਬ ਹੋ ਰਿਹਾ ਹੈ। ਸੋਨੀਆ ਮਾਨ ਨੇ ਪਿੰਡਾਂ ਅਤੇ ਸ਼ਹਿਰਾਂ ਕਸਬਿਆਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਇਹ ਮੁਹਿੰਮ 'ਨਸ਼ਾ ਮੁਕਤੀ ਯਾਤਰਾ' ਵਿਚ ਸ਼ਾਮਿਲ ਹੋ ਕੇ ਆਪਣਾ ਫਰਜ਼ ਜ਼ਰੂਰ ਨਿਭਾਓ ਅਤੇ ਪੰਜਾਬ ਨਸ਼ਾ ਮੁਕਤ ਪੰਜਾਬ ਬਣਾਓ।ਇਸ ਮੌਕੇ ਪਿੰਡ ਪੱਕਾ ਭੀਲੋਵਾਲ ਦੇ ਸਰਪੰਚ ਗੌਤਮ ਮਹਿਤਾ, ਪੰਚ ਰਵਿੰਦਰ ਰਾਮ, ਪੰਚ ਮੰਗਤ ਸਿੰਘ, ਸੁਨੀਲ ਕੁਮਾਰ, ਰਿਤੂ ਮਹਿਤਾ, ਮਨਜੀਤ ਮੰਨੂ ਅਤੇ ਪਿੰਡ ਕੱਚਾ ਭੀਲੋਵਾਲ ਦੇ ਸਰਪੰਚ ਜਸਪਾਲ ਸਿੰਘ, ਬਹਾਦਰ ਸ਼ਾਹ, ਸੁਰਜੀਤ ਸਿੰਘ, ਮਲਕੀਤ ਸਿੰਘ, ਕੁਲਬੀਰ ਸਿੰਘ, ਭੁਪਿੰਦਰ ਸਿੰਘ, ਪਰਮਿੰਦਰ ਸਿੰਘ, ਸੁਖਜਿੰਦਰ ਕੌਰ, ਬਿੰਟੂ ਸਿੰਘ, ਗੁਰਜੀਤ ਕੌਰ, ਰਛਪਾਲ ਸਿੰਘ, ਨੰਬਰਦਾਰ ਨਿਸ਼ਾਨ ਸਿੰਘ ਆਦਿ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।



# ਭਾਰੀ ਮੀਂਹ ਨੇ ਗੁਰਦਾਸਪੁਰ ਸ਼ਹਿਰ ਅੰਦਰ ਨਗਰ ਕੌਂਸਲ ਵੱਲੋਂ ਕੀਤੇ ਪ੍ਰਬੰਧਾਂ ਦੀ ਪੋਲ ਖੋਲ੍ਹੀ

**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ ਸ਼ਹਿਰ ਅੰਦਰ ਪਏ ਭਾਰੀ ਮੀਂਹ ਨੇ ਨਗਰ ਕੌਂਸਲ ਦੇ ਪ੍ਰਬੰਧਾਂ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ ਹੈ।ਸੀਵਰੇਜ ਦਾ ਘਟੀਆ ਪ੍ਰਬੰਧ ਹੋਣ ਕਰਕੇ ਕੁਝ ਸੜਕਾਂ 'ਤੇ ਗੋਡੇ-ਗੋਡੇ ਪਾਣੀ ਖੜਾ ਰਹਿਣ ਕਰਕੇ ਰਾਹਗੀਰਾਂ ਨੂੰ ਕਾਫ਼ੀ ਮੁਸ਼ਕਲਾਂ ਪੇਸ਼ ਆ ਰਹੀਆਂ ਹਨ।ਸ਼ਹਿਰ ਵਾਸੀਆਂ ਨੇ ਦੱਸਿਆ ਕਿ ਸ਼ਹਿਰ ਅੰਦਰ ਨਾਲੀਆਂ ਦੀ ਸਮੇਂ ਸਿਰ ਸਫ਼ਾਈ ਨਾ ਹੋਣ ਕਰਕੇ ਵਰਖਾ ਦੇ ਦਿਨਾਂ ਵਿਚ ਪਾਣੀ ਸੜਕਾਂ 'ਤੇ ਖੜਾ ਹੋ ਜਾਂਦਾ ਹੈ ਜਿਸ ਵਿਚੋਂ ਲੰਘਣਾ ਔਖਾ ਹੋ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਤਿੱਬੜੀ ਰੋਡ 'ਤੇ ਇਕ ਨਿੱਜੀ ਬੈਂਕਾਂ ਸਾਹਮਣੇ ਸੜਕ 'ਤੇ ਖੜੇ ਮੀਂਹ ਦੇ ਪਾਣੀ ਨੇ ਛੱਪੜ ਦਾ ਰੂਪ ਧਾਰਨ ਕਰ ਲਿਆ ਹੈ। ਇਸ ਪਾਣੀ ਵਿਚੋਂ ਪੈਦਲ ਚਲਣਾ ਜਿਥੇ ਨਾ-ਮੁਮਕਿਨ ਹੋ ਚੁੱਕਾ ਹੈ ਉਥੇ ਹੀ ਦੋਪਹੀਆ ਵਾਹਨ ਚਾਲਕਾਂ ਦੇ ਵਾਹਨ ਵੀ ਪਾਣੀ ਵਿਚ ਬੰਦ ਹੋ ਜਾਂਦੇ ਹਨ ਅਤੇ ਲੋਕ ਖੜ੍ਹੇ ਪਾਣੀ ਵਿਚ ਆਪਣੇ ਵਾਹਨਾਂ ਸਮੇਤ ਪੈਦਲ ਚਲਦੇ ਨਜ਼ਰ ਆਉਂਦੇ ਹਨ। ਇਸ ਨਾਲ ਗੰਦਗੀ ਵੀ ਫੈਲ ਜਾਂਦੀ ਹੈ ਜਿਸ ਨਾਲ ਸ਼ਹਿਰ ਵਾਸੀਆਂ ਨੂੰ ਭਾਰੀ ਪ੍ਰੇਸ਼ਾਨੀ ਪੇਸ਼ ਆਉਂਦੀ ਹੈ। ਉਨ੍ਹਾਂ ਕਿਹਾ ਇਸ ਸਬੰਧੀ ਮਹਿਕਮਾ ਨਗਰ ਕੌਂਸਲ ਗੁਰਦਾਸਪੁਰ ਨੂੰ ਕਈ ਵਾਰ ਸ਼ਿਕਾਇਤਾਂ ਕਰਨ ਦੇ ਬਾਵਜੂਦ ਵੀ ਕੋਈ ਹੱਲ ਨਹੀਂ ਕੀਤਾ ਜਾਂਦਾ। ਉਨ੍ਹਾਂ ਦੱਸਿਆ ਸ਼ਹਿਰ ਦੀ ਸਾਫ਼ ਸਫ਼ਾਈ ਤੇ ਗਲੀਆਂ ਨਾਲੀਆਂ ਦੀ ਸਫ਼ਾਈ ਨਾ ਹੋਣ ਕਾਰਨ ਸ਼ਹਿਰ ਦੀ ਹਾਲਤ ਬਦਤਰ ਬਣੀ ਹੋਈ ਹੈ। ਲੋਕਾਂ ਨੇ ਪੰਜਾਬ ਦੇ ਸੀਵਰੇਜ ਤੇ ਵਾਟਰ ਸਪਲਾਈ ਮੰਤਰੀ ਪਾਸੋਂ ਮੰਗ ਕੀਤੀ ਹੈ ਕਿ ਸ਼ਹਿਰ ਵਿਚ ਗਲੀਆਂ, ਨਾਲੀਆਂ 'ਤੇ ਖੜਦੇ ਪਾਣੀ ਦਾ ਕੋਈ ਪੱਕਾ ਹੱਲ ਕੀਤਾ ਜਾਵੇ ਤਾਂ ਜੋ ਵਰਖਾ ਦੇ ਦਿਨਾਂ ਵਿਚ ਸ਼ਹਿਰ ਵਾਸੀਆਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।

# ਜ਼ਿੰਪਾ ਨੇ ਵਿਦਿਆਰਥੀਆਂ ਨੂੰ ਕਰਵਾਇਆ ਪੰਜਾਬ ਤੇ ਹਰਿਆਣਾ ਵਿਧਾਨ ਸਭਾ ਦਾ ਦੌਰਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਵਿਧਾਇਕ ਹੁਸ਼ਿਆਰਪੁਰ ਅਤੇ ਪੰਜਾਬ ਵਿਧਾਨ ਸਭਾ ਪਟੀਸ਼ਨ ਕਮੇਟੀ ਦੇ ਚੇਅਰਮੈਨ ਬ੍ਰਮ ਸ਼ੰਕਰ ਜਿੰਪਾ ਦੀ ਅਗਵਾਈ ਵਿੱਚ ਸ਼ਿਵ ਦੇਵ ਰਾਓ ਸ਼ਿਸ਼ੂ ਸਿੱਖਿਆ ਕੇਂਦਰ ਹਾਈ ਸਕੂਲ, ਮਾਨਵਤਾ ਮੰਦਰ ਹੁਸ਼ਿਆਰਪੁਰ ਦੇ ਦਸਵੀਂ ਕਲਾਸ ਦੇ ਵਿਦਿਆਰਥੀਆਂ ਵਿੱਚ ਵਿਸ਼ੇਸ਼ ਵਿਦਿਅਕ ਟੂਰ 'ਤੇ ਚੰਡੀਗੜ੍ਹ ਲਿਜਾਇਆ ਗਿਆ।ਵਿਦਿਆਰਥੀਆਂ ਨੇ ਪੰਜਾਬ ਵਿਧਾਨ ਸਭਾ ਅਤੇ ਹਰਿਆਣਾ ਵਿਧਾਨ ਸਭਾ ਦਾ ਦੌਰਾ ਕੀਤਾ ਅਤੇ ਲੋਕਤੰਤਰੀ ਪ੍ਰਕਿਰਿਆ ਦੀਆਂ ਬਾਰੀਕੀਆਂ ਨੂੰ ਨੇੜਿਓਂ ਦੇਖਿਆ ਅਤੇ ਸਮਝਿਆ।ਇਸ ਦੌਰਾਨ ਵਿਧਾਇਕਾ ਜੀਵਨਜੋਤ ਕੌਰ ਅਤੇ ਵਿਧਾਇਕਾ ਨੀਨਾ ਮਿੱਤਲ ਤੋਂ ਇਲਾਵਾ ਸਕੂਲ ਦੇ ਪ੍ਰਿੰਸੀਪਲ ਤਰਸੇਮ ਸ਼ਰਮਾ ਤੇ ਸਟਾਫ਼ ਵੀ ਮੌਜੂਦ ਸੀ।ਇਸ ਦੌਰੇ ਦੌਰਾਨ ਵਿਦਿਆਰਥੀਆਂ ਨੂੰ ਸਪੀਕਰ ਦੇ ਚੈਂਬਰ, ਮੁੱਖ ਮੰਤਰੀ ਅਤੇ ਕੈਬਨਿਟ ਮੰਤਰੀਆਂ ਦੇ ਚੈਂਬਰ, ਵਿਰੋਧੀ ਧਿਰ ਦੇ ਨੇਤਾ ਦੇ ਦਫ਼ਤਰ, ਮੀਡੀਆ ਗੈਲਰੀ ਅਤੇ ਲਾਇਬ੍ਰੇਰੀ ਸਮੇਤ ਕਈ ਮਹੱਤਵਪੂਰਨ ਥਾਵਾਂ 'ਤੇ ਲਿਜਾਇਆ ਗਿਆ, ਜਿਸ ਰਾਹੀਂ ਉਨ੍ਹਾਂ ਨੂੰ ਵਿਧਾਨ ਸਭਾ ਦੇ ਇਤਿਹਾਸ, ਢਾਂਚੇ ਅਤੇ ਕਾਰਜਸ਼ੈਲੀ ਬਾਰੇ ਅਸਲ ਤਜਰਬਾ ਮਿਲਿਆ।ਦੌਰੇ ਤੋਂ ਬਾਅਦ ਵਿਦਿਆਰਥੀਆਂ ਨੂੰ ਚੰਡੀਗੜ੍ਹ ਦੀ ਪ੍ਰਸਿੱਧ ਸੁਖਨਾ ਝੀਲ ਦਾ ਵੀ ਦੌਰਾ ਕਰਵਾਇਆ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਤਰਸੇਮ ਸ਼ਰਮਾ ਅਤੇ ਹੋਰ ਅਧਿਆਪਕਾਂ ਨੇ ਵਿਸ਼ੇਸ਼ ਸਹਿਯੋਗ ਦਿੱਤਾ।

# ਝੋਨੇ ਦੀ ਫ਼ਸਲ 'ਚ ਬੌਣੇਪਣ ਦੇ ਰੋਗ ਸੰਬੰਧੀ ਕਿਸਾਨਾਂ ਨੂੰ ਸੁਚੇਤ ਰਹਿਣ ਦੀ ਲੋੜ : ਡਾ. ਸੰਧੂ



**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**

ਸਾਉਣੀ ਰੁੱਤ ਦੀ ਮੁੱਖ ਫਸਲ ਝੋਨੇ ਵਿੱਚ ਕੁੱਝ ਬੂਟਿਆਂ ਦਾ ਬੌਣੇ ਰਹਿ ਜਾਣਾ, ਇੱਕ ਖਾਸ ਬਿਮਾਰੀ ਦੇ ਲੱਛਣ ਹੋ ਸਕਦੇ ਹਨ।ਇਸ ਰੁੱਤ ਵਿੱਚ ਚਿੱਟੀ ਪਿੱਠ ਵਾਲਾ ਟਿੱਡਾ ਝੋਨੇ ਦੇ ਬੌਣੇਪਨ ਦੇ ਰੋਗ ਵਾਲੇ ਵਾਇਰਸ ਨੂੰ ਫ਼ੈਲਾਉਣ ਦਾ ਕਾਰਨ ਬਣਦਾ ਹੈ।ਇਸ ਰੋਗ ਨਾਲ ਝੋਨੇ ਦੇ ਕੁੱਝ ਬੂਟੇ ਮਧਰੇ ਰਹਿ ਜਾਂਦੇ ਹਨ, ਉਨ੍ਹਾਂ ਦੀਆਂ ਜੜ੍ਹਾਂ ਦਾ ਵਿਕਾਸ ਰੁਕ ਜਾਂਦਾ ਹੈ ਅਤੇ ਬਾਅਦ ਵਿੱਚ ਰੋਗ ਗ੍ਰਸਤ ਬੂਟੇ ਖ਼ਤਮ ਹੋ ਜਾਂਦੇ ਹਨ।ਜੇਕਰ ਸਮਾਂ ਰਹਿੰਦੇ ਇਸ ਟਿੱਡੇ ਦੀ ਰੋਕਥਾਮ ਨਾ ਕੀਤੀ ਜਾਵੇ ਤਾਂ ਇਹ ਇਸ ਵਾਇਰਸ ਨੂੰ ਤੇਜ਼ੀ ਨਾਲ ਫੈਲਾਉਂਦਾ ਹੈ ਅਤੇ ਝੋਨੇ ਦੀ ਫ਼ਸਲ ਦਾ ਬਹੁਤ ਨੁਕਸਾਨ ਹੋ ਸਕਦਾ ਹੈ ਅਤੇ ਝਾੜ ਬਹੁਤ ਘੱਟ ਸਕਦਾ ਹੈ।ਖੇਤੀਬਾੜੀ ਅਫ਼ਸਰ ਡੇਰਾ ਬਾਬਾ ਨਾਨਕ ਡਾ. ਸੁਖਬੀਰ ਸਿੰਘ ਸੰਧੂ ਨੇ ਕਿਸਾਨਾਂ ਨੂੰ ਆਪਣੇ ਝੋਨੇ ਦੇ ਖੇਤਾਂ ਦਾ ਲਗਾਤਾਰ ਦੌਰਾ ਕਰਨ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਖੇਤ ਦੇ ਅੰਦਰ ਵੜ ਕੇ ਬੂਟੇ ਬੂਟਿਆਂ ਦੀ ਗਿਣਤੀ ਕਰੋ ਅਤੇ ਕੁੱਝ ਬੂਟਿਆਂ ਨੂੰ ਟੇਢੇ ਕਰਕੇ ਹੇਠਾਂ ਤੋਂ 2-3 ਵਾਰੀ ਝਾੜੋ।ਜੇਕਰ ਚਿੱਟੀ ਪਿੱਠ ਵਾਲੇ ਟਿੱਡੇ ਪਾਣੀ ਉੱਤੇ ਡਿੱਗਦੇ ਹਨ ਤਾਂ ਟਿੱਡਿਆਂ ਦੀ ਰੋਕਥਾਮ ਲਈ ਤੁਰੰਤ ਫ਼ਸਲ ਉੱਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਸਿਫ਼ਾਰਸ਼ ਕੀਤੀਆਂ ਕੀਟਨਾਸ਼ਕ ਦਵਾਈਆਂ ਦੀ ਵਰਤੋਂ ਕਰੋ। ਇਹ ਟਿੱਡੇ ਮਾਰਨ ਲਈ ਟੋਲੇ ਵਾਲੀਆਂ ਥਾਵਾਂ ਦੇ 3-4 ਮੀਟਰ ਆਲੇ-ਦੁਆਲੇ ਵੀ ਕੀਟਨਾਸ਼ਕ ਦੀ ਵਰਤੋਂ ਕਰੋ ਕਿਉਂਕਿ ਟਿੱਡਿਆਂ ਦੀ ਜ਼ਿਆਦਾ ਗਿਣਤੀ ਇਨ੍ਹਾਂ ਥਾਵਾਂ 'ਤੇ ਹੀ ਹੁੰਦੀ ਹੈ।ਝੋਨੇ ਦੀਆਂ ਕੁੱਝ ਕਿਸਮਾਂ ਇਸ ਰੋਗ ਪ੍ਰਤੀ ਜ਼ਿਆਦਾ ਸੰਵੇਦਨਸ਼ੀਲ ਹਨ।ਵਧੇਰੇ ਜਾਣਕਾਰੀ ਲਈ ਬਲਾਕ ਦੇ ਖੇਤੀਬਾੜੀ ਅਧਿਕਾਰੀਆਂ ਨਾਲ ਸੰਪਰਕ ਕੀਤਾ ਜਾਵੇ।

# ਕੈਰੀਅਰ ਗਾਈਡੈਂਸ ਪ੍ਰੋਗਰਾਮ ਕਰਵਾਇਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਰਮਨਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ-ਕਮ-ਮਾਡਲ ਕੈਰੀਅਰ ਸੈਂਟਰ ਹੁਸ਼ਿਆਰਪੁਰ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਨੌੜੀ ਵਿਖੇ ਦਸਵੀਂ, ਗਿਆਰ੍ਹਵੀਂ ਅਤੇ ਬਾਰ੍ਹਵੀਂ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਦੇ ਕੈਰੀਅਰ ਚੋਣ ਸੰਬੰਧੀ ਕੈਰੀਅਰ ਗਾਈਡੈਂਸ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਕਰਦੇ ਹੋਏ ਯੰਗ ਪ੍ਰੋਫੈਸ਼ਨਲ ਵਿਕਰਮ ਸਿੰਘ ਨੇ ਵਿਦਿਆਰਥੀਆਂ ਨੂੰ ਰੋਜ਼ਗਾਰ ਬਿਊਰੋ ਦੀ ਮਹੱਤਤਾ ਬਾਰੇ ਦੱਸਦੇ ਹੋਏ ਰੋਜ਼ਗਾਰ ਬਿਊਰੋ ਰਾਹੀਂ ਦਿੱਤੀਆਂ ਜਾਂਦੀਆਂ ਸਹੂਲਤਾਂ ਜਿਵੇਂ ਕਿ ਵਿਦਿਆਰਥੀਆਂ ਦੇ ਭਵਿੱਖ ਦੇ ਕੈਰੀਅਰ ਲਈ ਕੀਤੀ ਜਾਂਦੀ ਕਰੀਅਰ ਕਾਉਂਸਲਿੰਗ, ਵੱਖ-ਵੱਖ ਸਟ੍ਰੀਮਾਂ ਦੀ ਪੜ੍ਹਾਈ, ਆਈ ਟੀ ਆਈ ਕੋਰਸ, ਡਿਪਲੋਮਾ ਅਤੇ ਡਿਗਰੀ ਕੋਰਸਾਂ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਪਲੇਸਮੈਂਟ ਸੈੱਲ ਦੁਆਰਾ ਕੀਤੇ ਜਾਂਦੇ ਨੌਕਰੀਆਂ ਦੇ ਉਪਰਾਲੇ, ਰੋਜ਼ਗਾਰ ਬਿਊਰੋ ਰਾਹੀਂ ਦਿੱਤੀ ਜਾਂਦੀ ਮੁਫ਼ਤ ਇੰਟਰਨੈੱਟ ਸੁਵਿਧਾ, ਸਵੈ-ਰੋਜ਼ਗਾਰ ਸਕੀਮਾਂ, ਸ਼ਾਰਟ-ਟਰਮ ਤਕਨੀਕੀ ਕੋਰਸਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਕਰੀਅਰ ਗਾਈਡੈਂਸ ਪ੍ਰੋਗਰਾਮ ਦੌਰਾਨ ਸਬੰਧਤ ਸਕੂਲ ਦੇ ਸਮੂਹ ਸਟਾਫ ਅਤੇ 87 ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਪੂਰਵਕ ਇਸ ਪ੍ਰੋਗਰਾਮ ਵਿਚ ਭਾਗ ਲਿਆ। ਇਸ ਮੌਕੇ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਨੌੜੀ ਰਣਜੀਤ ਸਿੰਘ ਨੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਹੁਸ਼ਿਆਰਪੁਰ ਦਾ ਦਿਲੋਂ ਧੰਨਵਾਦ ਕਰਦੇ ਹੋਏ ਭਵਿੱਖ ਵਿਚ ਵੀ ਇਸ ਤਰ੍ਹਾਂ ਦੇ ਸੈਮੀਨਾਰ ਲਗਾਉਣ ਲਈ ਕਿਹਾ ਗਿਆ।

# ਟਰੈਫਿਕ ਪੁਲਸ ਬਟਾਲਾ ਨੇ ਸਕੂਲੀ ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਬਾਰੇ ਜਾਣੂ ਕਰਵਾਇਆ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਸੇਂਟ ਜੋਸਫ ਕਾਨਵੈਂਟ ਸਕੂਲ ਡੱਲਾ ਮੋੜ ਕਾਦੀਆਂ ਵਿਖੇ ਅੱਠਵੀਂ, ਨੌਵੀਂ ਅਤੇ ਦਸਵੀਂ ਜਮਾਤ ਦੇ ਬੱਚਿਆਂ ਨੂੰ ਟਰੈਫਿਕ ਨਿਯਮਾਂ ਤੋਂ ਜਾਣੂ ਕਰਵਾਉਣ ਲਈ ਪੁਲਸ ਜ਼ਿਲ੍ਹਾ ਬਟਾਲਾ ਦੇ ਐੱਸਐੱਸਪੀ ਸੁਹੇਲ ਕਾਸਿਮ ਮੀਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਟਰੈਫਿਕ ਇੰਚਾਰਜ ਇੰਸਪੈਕਟਰ ਸੁਰਿੰਦਰ ਸਿੰਘ ਦੀ ਅਗਵਾਈ ਹੇਠ ਮਨਜਿੰਦਰ ਸਿੰਘ ਤੇ ਸਵਰਨ ਸਿੰਘ ਟਰੈਫਿਕ ਪੁਲਸ ਬਟਾਲਾ ਵੱਲੋਂ ਸਕੂਲ ਦੇ ਬੱਚਿਆਂ ਨੂੰ ਟਰੈਫਿਕ ਨਿਯਮਾਂ ਬਾਰੇ ਜਾਣੂ ਕਰਵਾਇਆ ਗਿਆ ਅਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਗਈਆਂ ।ਇਸ ਮੌਕੇ ਤੇ ਸਕੂਲ ਦੇ ਡਾਇਰੈਕਟਰ ਫਾਦਰ ਵਿਲੀਅਮ ਸਹੋਤਾ, ਪ੍ਰਿੰਸੀਪਲ ਸਿਸਟਰ ਜੋਸੀਆ ਅਤੇ ਵਾਈਸ ਪ੍ਰਿੰਸੀਪਲ ਸਿਸਟਰ ਲਿਟੀ ਨੇ ਉਨ੍ਹਾਂ ਦਾ ਫੁੱਲਾਂ ਦਾ ਗੁਲਦਸਤਾ ਦੇ ਕੇ ਸਵਾਗਤ ਕੀਤਾ।ਇਸ ਦੌਰਾਨ ਸਕੂਲੀ ਬੱਚਿਆਂ ਨੂੰ ਟਰੈਫਿਕ ਪੁਲਸ ਦੇ ਵੱਲੋਂ ਆਪਣੇ ਭਾਸ਼ਣ ਵਿੱਚ ਬੱਚਿਆਂ ਨੂੰ ਸੜਕਾਂ ਦੇ ਮਾਰਗ ਚਿੰਨ੍ਹਾਂ, ਟਰੈਫਿਕ ਲਾਈਟਾਂ, ਲਾਇਸੈਂਸ, ਪ੍ਰਦੂਸ਼ਣ, ਵਾਹਨ ਦੇ ਚਲਾਨਾਂ ਬਾਰੇ ਬਹੁਤ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਨੇ ਬੱਚਿਆਂ ਨੂੰ ਸਕੂਲ ਵਿੱਚ ਮੋਟਰਸਾਈਕਲ ਜਾਂ ਸਕੂਟਰੀ ਤੇ ਆਉਣ ਦੀ ਬਜਾਏ ਸਕੂਲ ਬੱਸ ਵਿੱਚ ਆਉਣ ਲਈ ਕਿਹਾ ।ਅੰਤ ਵਿੱਚ ਵਾਰਡ ਡਾਇਰੈਕਟਰ ਦੇ ਵੱਲੋਂ ਆਏ ਹੋਏ ਟਰੈਫਿਕ ਪੁਲਸ ਦੇ ਮੁਲਾਜ਼ਮਾਂ ਦਾ ਸਿਰੋਪਾਓ ਪਾ ਕੇ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਸਕੂਲੀ ਬੱਚਿਆਂ ਵੱਲੋਂ ਪ੍ਰਣ ਲਿਆ ਗਿਆ ਕਿ ਉਹ ਟਰੈਫਿਕ ਨਿਯਮਾਂ ਦੀ ਪਾਲਣਾ ਕਰਨਗੇ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣਗੇ।ਇਸ ਮੌਕੇ ਸਕੂਲ ਪ੍ਰਬੰਧਕਾਂ ਅਤੇ ਸਟਾਫ ਮੈਂਬਰਾਂ ਤੋਂ ਇਲਾਵਾ ਸਕੂਲੀ ਵਿਦਿਆਰਥੀ ਅਤੇ ਉਹਨਾਂ ਦੇ ਮਾਤਾ ਪਿਤਾ ਹਾਜ਼ਰ ਸਨ।

# ਕਸਬਾ ਦੀਨਾਨਗਰ ਦੇ ਇੱਕ ਪ੍ਰਾਈਵੇਟ ਸਕੂਲ ਦੀ ਬੱਸ ਪਲਟੀ, ਬੱਚੇ ਵਾਲ-ਵਾਲ ਬਚੇ

**ਗੁਰਦਾਸਪੁਰ, (ਜਨਕ ਮਹਾਜਨ)**

ਗੁਰਦਾਸਪੁਰ ਦੇ ਨਜ਼ਦੀਕੀ ਕਸਬਾ ਦੀਨਾਨਗਰ ਦੇ ਇੱਕ ਪ੍ਰਾਈਵੇਟ ਸਕੂਲ ਦੀ ਬੱਸ ਪਲਟ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਹਾਦਸੇ ਵਿਚ ਬੱਸ ਵਿਚ ਸਵਾਰ ਸਕੂਲੀ ਬੱਚੇ ਵਾਲ-ਵਾਲ ਬਚ ਗਏ। ਮੌਕੇ 'ਤੇ ਹਾਜ਼ਰ ਲੋਕਾਂ ਨੇ ਦੱਸਿਆ ਕਿ ਇਕ ਨਿੱਜੀ ਸਕੂਲ ਦੀ ਬੱਸ ਪਿੰਡ ਦੇ ਵਿੱਚੋਂ ਬੱਚਿਆਂ ਨੂੰ ਸਕੂਲ ਲੈ ਕੇ ਜਾ ਰਹੀ ਸੀ ਕਿ ਸੜਕ ਛੋਟੀ ਹੋਣ ਕਾਰਨ ਉਹ ਸੜਕ ਕੰਢੇ ਖੇਤਾਂ ਵਿਚ ਪਲਟ ਗਈ। ਬੱਸ ਪਲਟਣ ਦੀ ਖਬਰ ਸੁਣਦਿਆਂ ਹੀ ਬੱਚਿਆਂ ਦੇ ਮਾਪਿਆਂ ਦੇ ਸਾਹ ਸੁੱਕ ਗਏ ਤੇ ਉਨ੍ਹਾਂ ਨੇ ਤੁਰੰਤ ਘਟਨਾ ਵਾਲੀ ਜਗ੍ਹਾ 'ਤੇ ਪਹੁੰਚ ਕੇ ਆਪਣੇ ਬੱਚਿਆਂ ਦਾ ਹਾਲ ਚਾਲ ਜਾਣਿਆ। ਸਥਾਨਕ ਲੋਕਾਂ ਨੇ ਦੱਸਿਆ ਕਿ ਬੱਸ 'ਚ ਸਕੂਲੀ ਬੱਚੇ ਸਵਾਰ ਸਨ ਪਰ ਅਚਾਨਕ ਪਲਟ ਜਾਣ ਨਾਲ ਲੋਕਾਂ ਦੇ ਵਿਚ ਹੜਬਾ-ਦਫੜੀ ਦਾ ਮਾਹੌਲ ਬਣ ਗਿਆ। ਲੋਕਾਂ ਵੱਲੋਂ ਬੱਚਿਆਂ ਨੂੰ ਬਾਹਰ ਕੱਢਿਆ ਗਿਆ। ਬੱਸ ਦੇ ਪਲਟਣ ਤੋਂ ਬਾਅਦ ਸਕੂਲ ਪ੍ਰਿੰਸੀਪਲ ਨੇ ਪਹੁੰਚ ਕੇ ਸਾਰੀ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਕਿਹਾ ਇਸ ਹਾਦਸੇ ਵਿਚ ਕਿਸੇ ਵੀ ਬੱਚੇ ਨੂੰ ਕੋਈ ਸੱਟ ਵਗੈਰਾ ਨਹੀਂ ਲੱਗੀ। ਉਨ੍ਹਾਂ ਕਿਹਾ ਕਿ ਸਾਰੇ ਬੱਚਿਆਂ ਨੂੰ ਸਹੀ ਸਲਾਮਤ ਬੱਸ ਵਿਚੋਂ ਕੱਢ ਕੇ ਘਰਾਂ ਨੂੰ ਭੇਜ ਦਿੱਤਾ ਗਿਆ ਹੈ।



# ਚੀਫ਼ ਖ਼ਾਲਸਾ ਦੀਵਾਨ ਸਪੋਰਟਸ ਕਮੇਟੀ ਵੱਲੋਂ ਦੋ ਦਿਨਾ ਹਾਕੀ ਟੂਰਨਾਮੈਂਟ ਆਯੋਜਿਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਚੀਫ਼ ਖ਼ਾਲਸਾ ਦੀਵਾਨ ਸਪੋਰਟਸ ਕਮੇਟੀ ਵੱਲੋਂ ਸ੍ਰੀ ਗੁਰੂ ਹਰਿਕ੍ਰਿਸ਼ਨ ਇੰਟਰਨੈਸ਼ਨਲ ਸਕੂਲ ਰਣਜੀਤ ਐਵੀਨਿਊ ਵਿਖੇ ਦੋ ਦਿਨਾ ਇੰਟਰ ਸੀਕੇਡੀ ਸਕੂਲਜ਼ ਟੂਰਨਾਮੈਂਟ ਅੰਡਰ—14 (ਲੜਕੇ) ਦਾ ਆਯੋਜਨ ਕੀਤਾ ਗਿਆ।ਇਸ ਖੇਡ ਸਮਾਰੋਹ ਵਿਚ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਦੀਵਾਨ ਦੇ ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ, ਸਥਾਨਕ ਪ੍ਰਧਾਨ ਕੁਲਜੀਤ ਸਿੰਘ ਸਾਹਨੀ, ਆਨਰੇਰੀ ਸਕੱਤਰ ਰਮਣੀਕ ਸਿੰਘ ਫਰੀਡਮ, ਐਡੀ. ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਐਡੀ. ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਹਰਵਿੰਦਰ ਪਾਲ ਸਿੰਘ ਚੁੱਘ, ਐਡੀ.ਆਨਰੇਰੀ ਸਕੱਤਰ ਸ੍ਰ.ਹਰਿੰਦਰਪਾਲ ਸਿੰਘ ਸੇਠੀ, ਸਕੂਲ ਮੈਂਬਰ ਇੰਚਾਰਜ ਸ੍ਰ.ਨਵਤੇਜ ਸਿੰਘ ਨਾਰੰਗ, ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ ਖੇਡਾਂ ਚੀਫ਼ ਖ਼ਾਲਸਾ ਦੀਵਾਨ ਐਜੂਕੇਸ਼ਨ ਸਿਸਟਮ ਦਾ ਅਭਿੰਨ ਅੰਗ ਹਨ। ਪੰਜਾਬ ਦੀ ਇਤਿਹਾਸਕ ਖੇਡ ਹਾਕੀ ਨੇ ਦੇਸ਼ ਅਤੇ ਪੰਜਾਬ ਨੂੰ ਅੰਤਰਰਾਸ਼ਟਰੀ ਮੰਚ ਤੇ ਵਿਸ਼ਵ ਭਰ ਵਿਚ ਬਹੁਤ ਮਾਣ—ਸਨਮਾਨ ਦੁਆਇਆ ਹੈ।ਉਨ੍ਹਾਂ ਨੇ ਕਿਹਾ ਕਿ ਅਜਿਹੇ ਟੂਰਨਾਮੈਂਟ ਖਿਡਾਰੀਆਂ ਨੂੰ ਆਪਣੀ ਕਾਬਲੀਅਤ ਵਿਖਾਉਣ ਦਾ ਮੌਕਾ ਦਿੰਦੇ ਹਨ।ਦੀਵਾਨ ਵੱਲੋਂ ਸੀਕੇਡੀ ਸਕੂਲਾਂ ਨੂੰ ਅਤਿ—ਆਧੁਨਿਕ ਖੇਡ ਸਾਮਾਨ ਦੇਣ ਦੇ ਨਾਲ—ਨਾਲ ਖੇਡ ਮੈਦਾਨਾਂ ਨੂੰ ਅੰਤਰਰਾਸ਼ਟਰੀ ਪੱਧਰ ਦੀਆਂ ਸਹੂਲਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿਚ ਅੱਗੋਂ ਵੀ ਖਿਡਾਰੀਆਂ ਦੀ ਪ੍ਰਤਿਭਾ ਨੂੰ ਨਿਖਾਰਨ ਲਈ ਅਜਿਹੇ ਟੂਰਨਾਮੈਂਟ ਜਾਰੀ ਰਹਿਣਗੇ।ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ ਨੇ ਕਿਹਾ ਕਿ ਖੇਡਾਂ ਬੱਚਿਆਂ ਦੇ ਸਰੀਰਕ ਵਿਕਾਸ ਦੇ ਨਾਲ—ਨਾਲ ਬੌਧਿਕ ਵਿਕਾਸ ਵੀ ਕਰਦੀਆਂ ਹਨ ਅਤੇ ਬੱਚਿਆਂ ਨੂੰ ਅਨੁਸ਼ਾਸਨ, ਸਮੇਂ ਦੀ ਕਦਰ, ਆਤਮ-ਵਿਸ਼ਵਾਸ, ਮਿਹਨਤ ਅਤੇ ਟੀਮ ਭਾਵਨਾ ਸਿਖਾਉਂਦਿਆਂ ਆਦਰਸ਼ ਗੁਣਾਂ ਦਾ ਧਾਰਨੀ ਬਣਾਉਂਦੀਆਂ ਹਨ।ਇਸ ਟੂਰਨਾਮੈਂਟ ਵਿਚ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਅਬਦਾਲ ਦੀ ਹਾਕੀ ਟੀਮ ਨੇ ਪਹਿਲਾ ਸਥਾਨ, ਅਟਾਰੀ ਸਕੂਲ ਟੀਮ ਨੇ ਦੂਸਰਾ ਸਥਾਨ, ਜੀਟੀ ਰੋਡ ਸਕੂਲ ਟੀਮ ਨੇ ਤੀਸਰਾ ਸਥਾਨ ਹਾਸਿਲ ਕੀਤਾ।ਜੇਤੂ ਟੀਮਾਂ ਅਤੇ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਦੀਵਾਨ ਪ੍ਰਬੰਧਕਾਂ ਵੱਲੋਂ ਮੈਡਲ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਦੀਵਾਨ ਮੈਂਬਰਜ਼ ਏਪੀਐੱਸ ਮਾਨ, ਸਰਜੋਤ ਸਿੰਘ ਸਾਹਨੀ, ਮਨਮੋਹਨ ਸਿੰਘ, ਮੋਹਨਜੀਤ ਸਿੰਘ ਭੱਲਾ, ਰਣਦੀਪ ਸਿੰਘ, ਗੁਰਬਖਸ਼ ਸਿੰਘ ਬੇਦੀ, ਸੁਖਰਾਜ ਬਹਾਦਰ ਸਿੰਘ ਮਰਹਾਲਾ, ਰਵਿੰਦਰ ਸਿੰਘ, ਨਵਜੋਤ ਸਿੰਘ, ਕੁਲਦੀਪ ਸਿੰਘ, ਉਪਕਾਰ ਸਿੰਘ ਛਾਬੜਾ, ਅਵਤਾਰ ਸਿੰਘ ਘੁੱਲਾ, ਤਰਲੋਕ ਸਿੰਘ, ਜੁਆਇੰਟ ਡਾਇਰੈਕਟਰ ਖੇਡਾਂ ਦੀਪਇੰਦਰ ਸਿੰਘ, ਪ੍ਰਿੰਸੀਪਲ ਦਪਿੰਦਰ ਕੌਰ ਆਦਿ ਹਾਜ਼ਰ ਸਨ।



# ਤਰਨਤਾਰਨ ਦੇ ਲੋਕਾਂ ਨੂੰ ਸੁਵਿਧਾਜਨਕ ਸੇਵਾਵਾਂ ਦੇਣ ਲਈ ਟਰਾਂਸਪੋਰਟ ਵਿਭਾਗ ਵਚਨਬੱਧ : ਕਪਿਲ ਜਿੰਦਲ

**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਕੈਬਨਿਟ ਮੰਤਰੀ ਪੰਜਾਬ ਲਾਲਜੀਤ ਸਿੰਘ ਭੁੱਲਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਤਰਨ ਤਾਰਨ ਦੇ ਰਿਜਨਲ ਟਰਾਂਸਪੋਰਟ ਦਫ਼ਤਰ ਆਮ ਲੋਕਾਂ ਨੂੰ ਬਿਹਤਰ ਤੇ ਸੁਵਿਧਾਜਨਕ ਸੇਵਾਵਾਂ ਮੁਹੱਈਆ ਕਰਵਾ ਰਿਹਾ ਹੈ।ਟਰਾਂਸਪੋਰਟ ਵਿਭਾਗ ਦਾ ਸਾਰਾ ਸਟਾਫ ਸਵੇਰੇ ਤੋਂ ਹੀ ਆਪਣੀਆਂ ਸੀਟਾਂ 'ਤੇ ਹਾਜ਼ਰ ਰਹਿੰਦਾ ਹੈ ਅਤੇ ਦਫ਼ਤਰ ਆਉਣ ਵਾਲੇ ਉਮੀਦਵਾਰਾਂ ਨੂੰ ਆਨਲਾਈਨ ਪ੍ਰਕਿਰਿਆ ਬਾਰੇ ਪੂਰੀ ਜਾਣਕਾਰੀ ਦਿੱਤੀ ਜਾਂਦੀ ਹੈ।ਇਸ ਨਾਲ ਲੋਕ ਆਪਣੇ ਘਰ ਬੈਠੇ ਵੀ ਕਈ ਸੇਵਾਵਾਂ ਲੈ ਸਕਦੇ ਹਨ।ਰੀਜਨਲ ਟਰਾਂਸਪੋਰਟ ਅਥਾਰਟੀ (ਆਰਟੀਏ) ਕਪਿਲ ਜਿੰਦਲ ਨੇ ਦੱਸਿਆ ਕਿ ਦਫ਼ਤਰ ਵੱਲੋਂ ਹਰ ਰੋਜ਼ ਲਗਭਗ 50 ਲਰਨਿੰਗ ਲਾਇਸੈਂਸ ਆਨ ਲਾਈਨ ਟੈਸਟ ਲੈ ਕੇ ਹੀ ਜਾਰੀ ਕੀਤੇ ਜਾਂਦੇ ਹਨ, ਉਮੀਦਵਾਰ ਆਪਣੇ ਮੋਬਾਈਲ 'ਤੇ ਹੀ ਡਾਊਨਲੋਡ ਕਰਕੇ ਪ੍ਰਿੰਟ ਕਰ ਸਕਦੇ ਹਨ।ਵਿਭਾਗ ਵੱਲੋਂ ਚਲਾਣ ਭੁਗਤਾਨ ਕਰਨ ਲਈ ਵਿਸ਼ੇਸ਼ ਕਾਊਂਟਰ ਬਣਾਇਆ ਗਿਆ ਹੈ, ਜਦ ਕਿ ਟਰੈਕ ਟੈਸਟ (ਏਟੀਓ) ਮਨਿੰਦਰ ਸਿੰਘ ਦੀ ਨਿਗਰਾਨੀ ਹੇਠ ਕਰਵਾਏ ਜਾਂਦੇ ਹਨ।ਹਰ ਰੋਜ਼ ਲਗਭਗ 100 ਤੋਂ ਵੱਧ ਉਮੀਦਵਾਰ ਡ੍ਰਾਇਵਿੰਗ ਲਾਇਸੈਂਸ ਟੈਸਟ ਟਰੈਕ ਤੇ ਦਿੰਦੇ ਹਨ, ਜਿਨ੍ਹਾਂ ਵਿੱਚੋਂ ਲਗਭਗ 15 ਉਮੀਦਵਾਰ ਅੰਮ੍ਰਿਤਸਰ ਤੋਂ ਆ ਕੇ ਡ੍ਰਾਈਵਿੰਗ ਟੈਸਟ ਦੇ ਰਹੇ ਹਨ।ਆਰ ਸੀ ਵਿਭਾਗ ਵੱਲੋਂ ਵੀਹਕਲਾਂ ਦੇ ਕਾਗਜ਼ਾਂ ਦੀ ਨਿਰਪੱਖ ਜਾਂਚ ਕਰਕੇ ਹੀ ਟੈਕਸ ਆਨਲਾਈਨ ਭਰਨ ਦੀ ਆਗਿਆ ਦਿੱਤੀ ਜਾਂਦੀ ਹੈ। ਰੋਜ਼ਾਨਾ ਰੋਡ ਉਪਰ ਚੈਕਿੰਗ ਸਟਾਫ਼ ਦੇ ਨਾਲ ਵੀਹਕਲ ਵੀ ਚੈਕ ਕੀਤੇ ਜਾਂਦੇ ਅਤੇ ਅਧੂਰੇ ਕਾਗਜ਼ਾਂ ਵਾਲੇ ਵੀਹਕਲ ਮਾਲਕਾਂ ਦੇ ਆਨਲਾਈਨ ਚਲਾਨ ਵੀ ਕੱਟੇ ਜਾਂਦੇ ਹਨ ਦਫ਼ਤਰ ਵਿੱਚ ਆਉਣ ਵਾਲੇ ਲੋਕਾਂ ਦੀ ਸਹੂਲਤ ਲਈ ਏ. ਸੀ. ਵਾਲੇ ਬੈਠਕ ਖ਼ਾਨੇ, ਆਰ. ਓ. ਪਾਣੀ ਅਤੇ ਸਾਫ਼-ਸੁਥਰੇ ਬਾਥਰੂਮਾਂ ਦੀ ਵਿਸ਼ੇਸ਼ ਵਿਵਸਥਾ ਕੀਤੀ ਗਈ ਹੈ, ਜਿਸ ਨਾਲ ਲੋਕਾਂ ਨੂੰ ਕੋਈ ਦਿੱਕਤ ਨਾ ਹੋਵੇ।ਇਸ ਮੌਕੇ ਜੋਗਿੰਦਰ ਸਿੰਘ, ਰਜਿੰਦਰ ਸਿੰਘ, ਮਨਜੀਤ ਕੌਰ ਅਤੇ ਬਿਮਲਾ ਦੇਵੀ ਹਾਜ਼ਰ ਸਨ।



# ਸੀਤਲ ਸਿੰਘ ਗੁੰਨੋਪੁਰੀ ਦਾ ਤੀਜਾ ਗਜ਼ਲ ਸੰਗ੍ਰਹਿ 'ਮਹਿਕਦੇ ਅਹਿਸਾਸ' ਲੋਕ ਅਰਪਣ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਕੇਂਦਰੀ ਲੇਖਕ ਸਭਾ ਵੱਲੋਂ ਪੰਜਾਬੀ ਅਧਿਐਨ ਵਿਭਾਗ ਦੇ ਸਹਿਯੋਗ ਨਾਲ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਕਾਨਫਰੰਸ ਹਾਲ ਵਿਖੇ ਕਰਵਾਏ ਗਏ ਡੇਢ ਸਾਲਾ ਇਜਲਾਸ ਤੇ ਸਨਮਾਨ ਸਮਾਰੋਹ ਦੌਰਾਨ ਜ਼ਿਲ੍ਹਾ ਗੁਰਦਾਸਪੁਰ ਦੇ ਸਮਰੱਥ ਗਜ਼ਲਗੋ ਸੀਤਲ ਸਿੰਘ ਗੁੰਨੋਪੁਰੀ ਦੇ ਤੀਜੇ ਗਜ਼ਲ ਸੰਗ੍ਰਹਿ 'ਮਹਿਕਦੇ ਅਹਿਸਾਸ' ਨੂੰ ਨਾਮਵਰ ਸ਼ਖਸੀਅਤਾਂ ਵੱਲੋਂ ਆਪਣੇ ਕਰ ਕਮਲਾਂ ਨਾਲ ਲੋਕ ਅਰਪਣ ਕੀਤਾ ਗਿਆ। ਜ਼ਿਕਰਯੋਗ ਹੈ ਕਿ ਸੀਤਲ ਸਿੰਘ ਗੁੰਨੋਪੁਰੀ ਦੇ ਇਸ ਤੋਂ ਪਹਿਲਾਂ ਪ੍ਰਕਾਸ਼ਿਤ ਗਜ਼ਲ ਸੰਗ੍ਰਹਿ ਜ਼ਮੀਰ ਦੀ ਆਵਾਜ਼ (2019) ਅਤੇ ਤਾਰਿਆਂ ਦਾ ਹਜੂਮ (2022) ਨੂੰ ਪਾਠਕਾਂ ਦਾ ਭਰਪੂਰ ਹੁੰਗਾਰਾ ਮਿਲ ਚੁੱਕਿਆ ਹੈ। ਲੋਕ ਲਿਖਾਰੀ ਸਭਾ ਗੁਰਦਾਸਪੁਰ ਦੇ ਜਨਰਲ ਸਕੱਤਰ ਅਤੇ ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਦੇ ਸੀਨੀਅਰ ਮੀਤ ਪ੍ਰਧਾਨ ਸੀਤਲ ਸਿੰਘ ਗੁੰਨੋਪੁਰੀ ਲੋਕ ਮਸਲਿਆਂ, ਲੋਕ ਭਾਵਨਾਵਾਂ, ਮੁਹੱਬਤ ਦੇ ਅਹਿਸਾਸਾਂ ਅਤੇ ਰਿਸ਼ਤਿਆਂ ਦੀਆਂ ਵਿਡੰਬਨਾਵਾਂ ਨੂੰ ਆਪਣੀਆਂ ਗਜ਼ਲਾਂ ਵਿੱਚ ਖੂਬਸੂਰਤੀ ਨਾਲ ਚਿੱਤਰਦੇ ਆ ਰਹੇ ਹਨ। ਗਜ਼ਲ ਸੰਗ੍ਰਹਿ 'ਮਹਿਕਦੇ ਅਹਿਸਾਸ' ਨੂੰ ਲੋਕ ਅਰਪਣ ਕਰਨ ਸਮੇਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਸਿੰਘ ਬੁੱਟਰ, ਸੁਸ਼ੀਲ ਦੁਸਾਂਝ (ਸਕੱਤਰ.ਕੇਂ.ਲੇ.ਸਭਾ), ਡਾ. ਸੁਰਿੰਦਰਪਾਲ ਸਿੰਘ, ਡਾ. ਲਖਵਿੰਦਰ ਸਿੰਘ ਜੌਹਲ, ਉੱਘੇ ਕਾਲਮ ਨਵੀਸ ਸਤਨਾਮ ਸਿੰਘ ਮਾਣਕ, ਬਲਬੀਰ ਪਰਵਾਨਾ, ਉਸਤਾਦ ਗਜ਼ਲਗੋ ਸੁਲੱਖਣ ਸਰਹੱਦੀ, ਸੈਲਿੰਦਰ ਜੀਤ ਸਿੰਘ ਰਾਜਨ, ਜਸਵਿੰਦਰ ਅਨਮੋਲ, ਤਰਸੇਮ ਸਿੰਘ ਭੰਗੂ, ਮੰਗਤ ਚੰਚਲ, ਡਾ. ਲੇਖ ਰਾਜ, ਸੁੱਚਾ ਸਿੰਘ ਪਸਨਾਵਾਲ, ਪ੍ਰੋ. ਬਲਵਿੰਦਰ ਸਿੰਘ ਸੰਧੂ, ਹਰਪਾਲ ਸਿੰਘ ਨਾਗਰਾ, ਗੁਰਮੀਤ ਸਿੰਘ ਬਾਜਵਾ ਆਦਿ ਸਮੇਤ ਹੋਰ ਵੀ ਸਾਹਿਤਕਾਰ ਹਾਜ਼ਰ ਸਨ।



# ਨਸ਼ਿਆਂ ਨੂੰ ਖ਼ਤਮ ਕਰਨ ਲਈ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਸਰਕਾਰ ਦਾ ਸਾਥ ਦਿੱਤਾ ਜਾਵੇ : ਗਿੱਲ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**

ਵਿਧਾਨ ਸਭਾ ਹਲਕਾ ਮਜੀਠਾ ਦੇ ਆਮ ਆਦਮੀ ਪਾਰਟੀ ਵੱਲੋਂ ਨਵ ਨਿਯੁਕਤ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦਾ ਬਲਾਕ ਪ੍ਰਧਾਨ ਸਤਨਾਮ ਸਿੰਘ ਮਾਂਗਾ ਸਰਾਏ ਵੱਲੋਂ ਆਪਣੇ ਸਾਥੀਆਂ ਸਮੇਤ ਸਵਾਗਤ ਕਰਦਿਆਂ ਤਲਬੀਰ ਸਿੰਘ ਗਿੱਲ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਕਹਾ ਕਿ ਪੰਜੇ ਆ ਪੰਜਾਬ ਦੀ ਹਰੇਕ ਪੀੜ੍ਹੀ ਨੂੰ ਨਸ਼ਿਆਂ ਨੇ ਆਪਣੀ ਜਕੜ ਵਿੱਚ ਲਿਆ ਹੋਇਆ ਹੈ ਜਿਸ ਤੋਂ ਬਚਾਉਣ ਲਈ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪਿੰਡਾਂ ਵਿਚ ਪੰਜਾਬ ਸਰਕਾਰ ਵਲੋਂ ਚਲਾਈ 'ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਲੋਕਾਂ ਵੱਲੋਂ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਇਸ ਮੁਹਿੰਮ ਦਾ ਭਰਵਾਂ ਸਮਰਥਨ ਕਰਨਾ ਚਾਹੀਦਾ ਹੈ ਤਾਂ ਜੋ ਸੂਬੇ 'ਚ ਨਸ਼ਿਆਂ ਨੂੰ ਠੱਲ੍ਹ ਪੈ ਸਕੇ। ਬਲਾਕ ਪ੍ਰਧਾਨ ਸਤਨਾਮ ਸਿੰਘ ਮਾਂਗਾ ਸਰਾਏ ਨੇ ਤਲਬੀਰ ਸਿੰਘ ਗਿੱਲ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਆਪਣੇ ਪਿੰਡ ਵਿੱਚੋਂ ਨਸ਼ੇ ਨੂੰ ਖਤਮ ਕਰਨ ਲਈ ਸਰਕਾਰ ਨੂੰ ਪੂਰਾ ਸਹਿਯੋਗ ਦੇਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਇੰਸਪੈਕਟਰ ਕਸ਼ਮੀਰ ਸਿੰਘ, ਯੂਥ ਪ੍ਰਧਾਨ ਮਨਪ੍ਰੀਤ ਸਿੰਘ, ਰਿੰਕੂ ਮੈਂਬਰ, ਗੁਰਜੰਟ ਸਿੰਘ ਫੌਜੀ, ਡਾ. ਕਵਲਜੀਤ ਸਿੰਘ, ਗੁਰਮੇਜ ਕਾਕਾ, ਲਵਲੀ, ਗਗਨਦੀਪ ਸਿੰਘ, ਕੈਪਟਨ, ਰਵੀ ਸ਼ੇਰ, ਗਿੰਦਾ, ਗੋਪੀ ਸਰਾਏ, ਮੁਖਤਾਰ ਸਿੰਘ, ਸੁਖਚੈਨ ਸਿੰਘ, ਮੀਤਾ ਸ਼ਾਹ, ਸੋਨੂ ਯੂਕੇ, ਗੁਰਦੇਵ ਸਿੰਘ, ਮੁੱਖਾ, ਨਵ ਸ਼ਾਹ, ਸਰਪੰਚ ਲਵਪ੍ਰੀਤ ਕੋਟਲਾ, ਹਨੀ ਅਜੈਬ ਵਾਲੀ ਅਤੇ ਸ਼ਰਮਾ ਆਦਿ ਆਗੂ ਹਾਜ਼ਰ ਸਨ।



# ਅਧਿਆਪਕ ਪ੍ਰੰਪਰਕ ਤਰੀਕਿਆਂ ਦੇ ਨਾਲ-ਨਾਲ ਆਧੁਨਿਕ ਤਕਨੀਕਾਂ ਵੀ ਅਪਨਾਉਣ : ਡੀਨ ਅਕਾਦਮਿਕ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਯੂਜੀਸੀ-ਮਾਲਵੀਆ ਮਿਸ਼ਨ ਅਧਿਆਪਕ ਸਿਖਲਾਈ ਕੇਂਦਰ ਨੇ ਪ੍ਰੋ. (ਡਾ.) ਕਰਮਜੀਤ ਸਿੰਘ, ਵਾਈਸ ਚਾਂਸਲਰ ਦੀ ਅਗਵਾਈ ਹੇਠ ਅਧਿਆਪਨ ਤਕਨੀਕ ਵਿੱਚ ਨਵੀਨਤਾ 'ਤੇ ਇੱਕ ਹਫ਼ਤੇ ਦੇ ਸ਼ਾਰਟ ਟਰਮ ਔਨਲਾਈਨ ਕੋਰਸ ਦਾ ਉਦਘਾਟਨ ਕੀਤਾ।ਇਸ ਕੋਰਸ ਦਾ ਉਦੇਸ਼ ਅਧਿਆਪਕਾਂ ਨੂੰ ਅਧੁਨਿਕ ਅਕਾਦਮਿਕ ਮਾਹੌਲ ਵਿੱਚ ਅਧਿਆਪਨ ਦੀ ਪ੍ਰਭਾਵਸ਼ੀਲਤਾ ਵਧਾਉਣ ਲਈ ਨਵੀਨਤਮ ਸਿੱਖਿਆ ਸੰਬੰਧੀ ਸਾਧਨਾਂ ਅਤੇ ਡਿਜੀਟਲ ਰਣਨੀਤੀਆਂ ਨਾਲ ਲੈਸ ਹੈ।ਕੇਂਦਰ ਦੇ ਡਾਇਰੈਕਟਰ ਪ੍ਰੋ. (ਡਾ.) ਮਨਿੰਦਰ ਲਾਲ ਸਿੰਘ ਨੇ ਭਾਗੀਦਾਰਾਂ ਦਾ ਸਵਾਗਤ ਕਰਦਿਆਂ ਕੇਂਦਰ ਦੇ ਵਿਜ਼ਨ ਬਾਰੇ ਦੱਸਦਿਆਂ ਐੱਨਈਪੀ 2020 ਦੇ ਅਨੁਕੂਲ ਅਧਿਆਪਕਾਂ ਦੀ ਉੱਤਮਤਾ ਨੂੰ ਨਿਰੰਤਰ ਨਿਖਾਰਨ 'ਤੇ ਕੇਂਦਰਿਤ ਹੈ।ਉਨ੍ਹਾਂ ਨੇ ਅਜਿਹੀਆਂ ਸਮੇਂ ਸਿਰ ਅਕਾਦਮਿਕ ਪਹਿਲਕਦਮੀਆਂ ਰਾਹੀਂ ਸਮਰੱਥਾ ਨਿਰਮਾਣ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ।ਉਦਘਾਟਨੀ ਸਮਾਗਮ ਵਿੱਚ ਮੁੱਖ ਮਹਿਮਾਨ ਪ੍ਰੋ. ਪਲਵਿੰਦਰ ਸਿੰਘ, ਡੀਨ ਅਕਾਦਮਿਕ ਮਾਮਲੇ ਨੇ ਸਿੱਖਿਆ ਵਿੱਚ ਤਕਨੀਕ ਦੀ ਪਰਿਵਰਤਨਕਾਰੀ ਸੰਭਾਵਨਾ ਨੂੰ ਉਜਾਗਰ ਕੀਤਾ। ਉਨ੍ਹਾਂ ਨੇ ਡਿਜੀਟਲ ਯੁੱਗ ਵਿੱਚ ਵਿਦਿਆਰਥੀਆਂ ਦੀਆਂ ਬਦਲਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਨਿਰੰਤਰ ਪੇਸ਼ੇਵਰ ਵਿਕਾਸ ਦੀ ਲੋੜ 'ਤੇ ਜ਼ੋਰ ਦਿੱਤਾ।ਕੋਰਸ ਕੋਆਰਡੀਨੇਟਰ ਡਾ. ਰਵਿੰਦਰ ਸਿੰਘ ਨੇ ਭਾਗੀਦਾਰਾਂ ਦਾ ਸਵਾਗਤ ਕਰਦਿਆਂ ਪ੍ਰੋਗਰਾਮ ਦੇ ਉਦੇਸ਼ਾਂ ਨੂੰ ਸਪੱਸ਼ਟ ਕੀਤਾ, ਜਿਨ੍ਹਾਂ ਵਿੱਚ ਨਵੀਨਤਾ ਨੂੰ ਉਤਸ਼ਾਹਿਤ ਕਰਨਾ, ਮਿਸ਼ਰਤ ਸਿੱਖਣ ਮਾਡਲਾਂ ਨੂੰ ਉਤਸ਼ਾਹ ਦੇਣਾ ਅਤੇ ਵਿਦਿਆਰਥੀਆਂ ਦੀ ਸ਼ਮੂਲੀਅਤ ਵਧਾਉਣ ਲਈ ਆਈਸੀਟੀ ਸਾਧਨਾਂ ਨੂੰ ਜੋੜਨਾ ਸ਼ਾਮਲ ਹੈ।ਇਸ ਕੋਰਸ ਵਿੱਚ ਪ੍ਰਸਿੱਧ ਸੰਸਥਾਵਾਂ ਦੇ ਮਾਹਰਾਂ ਦੁਆਰਾ ਸੰਚਾਲਿਤ ਇੰਟਰਐਕਟਿਵ ਸੈਸ਼ਨ ਸ਼ਾਮਲ ਹਨ, ਜੋ ਏਆਈ ਵਿੱਚ ਸਿੱਖਿਆ, ਫਲਿੱਪਡ ਕਲਾਸਰੂਮ, ਗੇਮੀਫਿਕੇਸ਼ਨ ਅਤੇ ਡਿਜੀਟਲ ਸਮੱਗਰੀ ਸਿਰਜਣ ਵਰਗੇ ਵਿਸ਼ਿਆਂ ਨੂੰ ਕਵਰ ਕਰਦੇ ਹਨ।ਵਿਭਿੰਨ ਵਿਸ਼ਿਆਂ ਅਤੇ ਸੰਸਥਾਵਾਂ ਦੇ 105 ਤੋਂ ਵੱਧ ਭਾਗੀਦਾਰਾਂ ਨੇ ਇਸ ਪ੍ਰੋਗਰਾਮ ਵਿੱਚ ਸ਼ਮੂਲੀਅਤ ਕੀਤੀ, ਜੋ ਸਿੱਖਿਆ ਸ਼ਾਸਤਰੀ ਉੱਤਮਤਾ ਅਤੇ ਨਵੀਨਤਾ ਪ੍ਰਤੀ ਸਾਂਝੀ ਵਚਨਬੱਧਤਾ ਨੂੰ ਦਰਸਾਉਂਦੀ ਹੈ।ਇਹ ਕੋਰਸ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਅਕਾਦਮਿਕ ਲੀਡਰਸ਼ਿਪ ਨੂੰ ਨਿਖਾਰਨ ਅਤੇ ਨਿਰੰਤਰ ਸਿੱਖਣ ਦੀ ਸੰਸਕ੍ਰਿਤੀ ਨੂੰ ਉਤਸ਼ਾਹਿਤ ਕਰਨ ਦੇ ਵਿਜ਼ਨ ਨਾਲ ਸੰਬੰਧਿਤ ਹੈ।ਉਦਘਾਟਨੀ ਸਮਾਰੋਹ ਦਾ ਸਮਾਪਤੀ ਸਮਾਰੋਹ ਡਾ. ਰਵਿੰਦਰ ਸਿੰਘ ਵੱਲੋਂ ਧੰਨਵਾਦ ਪ੍ਰਸਤਾਵ ਨਾਲ ਹੋਇਆ, ਜਿਨ੍ਹਾਂ ਨੇ ਯੂਜੀਸੀ., ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਲੀਡਰਸ਼ਿਪ ਅਤੇ ਪ੍ਰੋਗਰਾਮ ਦੀ ਸਫਲ ਸ਼ੁਰੂਆਤ ਵਿੱਚ ਸ਼ਾਮਲ ਸਾਰੇ ਹਿੱਸੇਦਾਰਾਂ ਦੇ ਸਹਿਯੋਗ ਦੀ ਸ਼ਲਾਘਾ ਕੀਤੀ।

# ਪਾਰਟੀਬਾਜ਼ੀ ਕਰਕੇ ਫਤਿਹਾਬਾਦ ਦੇ ਵਿਕਾਸ ਕਾਰਜ ਨਾ ਰੋਕੇ ਜਾਣ : ਪ੍ਰਭਸ਼ੇਰ ਸਿੰਘ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**

ਮਾਝੇ ਦਾ ਕਸਬਾ ਫਤਿਹਾਬਾਦ ਜੋ ਕਿ ਇਤਿਹਾਸਕ ਮਹੱਤਤਾ ਰੱਖਦਾ ਹੋਇਆ ਮਾਝੇ ਦੀ ਖਾਸ ਕਰਕੇ ਤਰਨ ਤਾਰਨ ਜ਼ਿਲ੍ਹੇ ਦੀ ਰਾਜਨੀਤੀ ਵਿਚ ਵੱਡਾ ਸਥਾਨ ਰੱਖਦਾ ਹੈ ਪਰ ਅਜੋਕੇ ਦਿਨਾਂ ਵਿਚ ਸਰਕਾਰ ਦੀ ਅਣਦੇਖੀ ਦਾ ਸ਼ਿਕਾਰ ਬਣਿਆ ਹੋਇਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਇਲਾਕੇ ਦੇ ਨਾਮਵਰ ਨੌਜਵਾਨ ਪ੍ਰਭਸ਼ੇਰ ਸਿੰਘ ਫਤਿਹਾਬਾਦ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਪ੍ਰਭਸ਼ੇਰ ਸਿੰਘ ਨੇ ਕਿਹਾ ਕਿ ਇਸ ਸਮੇਂ ਕਸਬਾ ਫਤਿਹਾਬਾਦ ਵਿਚ ਵਿਰੋਧੀ ਧਿਰ ਦੀ ਪੰਚਾਇਤ ਹੋਣ ਕਰਕੇ ਕਸਬੇ ਦੇ ਵਿਕਾਸ ਕਾਰਜ ਰੁਕੇ ਹੋਏ ਹਨ।ਉਨ੍ਹਾਂ ਕਿਹਾ ਕਿ ਕਸਬੇ ਦੇ ਛੱਪੜ ਭਰੇ ਹੋਏ ਹਨ, ਪਾਣੀ ਸੜਕਾਂ 'ਤੇ ਫਿਰ ਰਿਹਾ ਹੈ ਪਰ ਸਰਕਾਰ ਦੀ ਅਣਦੇਖੀ ਕਰਕੇ ਇਹ ਕਾਰਜ ਨਹੀਂ ਹੋ ਰਹੇ।ਉਨ੍ਹਾਂ ਕਿਹਾ ਕਿ ਕਸਬਾ ਫਤਿਹਾਬਾਦ ਦੇ ਲੋਕਾਂ ਦੇ ਫਤਵੇ ਨਾਲ ਅੱਜ ਜਿਹੜੀ ਪੰਚਾਇਤ ਬਣੀ ਹੈ ਸਰਕਾਰ ਉਸ ਨੂੰ ਕੰਮ ਕਰਨ ਲਈ ਫੰਡ ਦੇਵੇ ਤਾਂ ਜੋ ਰੁਕੇ ਕੰਮ ਸਿਰੇ ਚੜ੍ਹ ਸਕਣ।ਉਨ੍ਹਾਂ ਕਿਹਾ ਕਿ ਦੇਖਣ ਵਿਚ ਆਇਆ ਹੈ ਕਿ ਜਿਥੇ ਸੱਤਾਧਾਰੀ ਧਿਰ ਦੀਆਂ ਪੰਚਾਇਤਾਂ ਨੇ ਉਥੇ ਧੜਾਧੜ ਕੰਮ ਹੋ ਰਹੇ ਹਨ ਪਰ ਜਿਥੇ ਵਿਰੋਧੀ ਧਿਰਾਂ ਦੀਆਂ ਪੰਚਾਇਤਾਂ ਨੇ ਉਥੇ ਕੰਮ ਰੁਕੇ ਹੋਏ ਹਨ।ਪ੍ਰਭਸ਼ੇਰ ਸਿੰਘ ਨੇ ਕਿਹਾ ਕਿ ਲੋਕਾਂ ਦੁਆਰਾ ਚੁਣੀਆਂ ਸਰਕਾਰਾਂ ਨੂੰ ਪਿੰਡ ਪੱਧਰ 'ਤੇ ਬਿਨਾਂ ਕਿਸੇ ਸਿਆਸੀ ਭੇਦਭਾਵ ਦੇ ਕੰਮ ਕਰਾਉਣੇ ਚਾਹੀਦੇ ਹਨ।



# ਐਕਸਏਟੀ-2026 'ਚ ਐੱਮ ਬੀ ਏ/ਪੀ ਜੀ ਡੀ ਐੱਮ ਦਾਖਲੇ ਲਈ ਅਰਜ਼ੀਆਂ ਦੇਣ ਲਈ ਵਿੰਡੋ ਖੁੱਲ੍ਹੀ

**ਅੰਮ੍ਰਿਤਸਰ** : 75 ਸਾਲਾਂ ਤੋਂ ਵੱਧ ਸਮੇਂ ਦੀ ਸਥਾਈ ਵਿਰਾਸਤ ਦੇ ਨਾਲ ਜ਼ੇਵੀਅਰ ਐਪਟੀਚਿਊਡ ਟੈਸਟ (ਐਕਸਏਟੀ) ਭਾਰਤ ਵਿੱਚ ਐੱਮਬੀਏ/ਪੀਜੀਡੀਐੱਮ ਦਾਖਲਿਆਂ ਲਈ ਲਗਾਤਾਰ ਸਭ ਤੋਂ ਵੱਧ ਮਾਨਤਾ ਪ੍ਰਾਪਤ ਅਤੇ ਭਰੋਸੇਮੰਦ ਐਂਟਰੈਂਸ ਪ੍ਰੀਖਿਆ ਬਣੀ ਹੋਈ ਹੈ।ਐਕਸਏਐੱਮਆਈ (ਜ਼ੇਵੀਅਰ ਐਸੋਸੀਏਸ਼ਨ ਆਫ਼ ਮੈਨੇਜਮੈਂਟ ਇੰਸਟੀਚਿਊਟਸ) ਵੱਲੋਂ ਐਕਸਐੱਲਆਰਆਈ-ਜ਼ੇਵੀਅਰ ਸਕੂਲ ਆਫ਼ ਮੈਨੇਜਮੈਂਟ ਦੁਆਰਾ ਆਯੋਜਿਤ ਐਕਸਏਟੀ-2026 ਐਤਵਾਰ, 4 ਜਨਵਰੀ, 2026 ਨੂੰ ਹੋਣ ਲਈ ਨਿਰਧਾਰਤ ਕੀਤਾ ਗਿਆ ਹੈ ਅਤੇ ਇਸ ਸਮੇਂ ਐਕਸਏਟੀ ਔਨਲਾਈਨ. ਇਨ 'ਤੇ ਇਸਦੀ ਰਜਿਸਟ੍ਰੇਸ਼ਨ ਚੱਲ ਰਹੀ ਹੈ।ਪ੍ਰੋ. ਰਾਹੁਲ ਸ਼ੁਕਲਾ, ਕਨਵੀਨਰ, ਐਕਸਏਟੀ 2026 ਨੇ ਕਿਹਾ ਕਿ ਐਕਸਏਟੀ ਸਿਰਫ਼ ਇੱਕ ਐਂਟਰੈਂਸ ਪ੍ਰੀਖਿਆ ਹੀ ਨਹੀਂ ਬਲਕਿ ਇਹ ਉਤਮਤਾ ਦੀ ਇੱਕ ਅਜਿਹੀ ਪਰੰਪਰਾ ਹੈ ਜਿਸਨੇ 75+ ਸਾਲਾਂ ਤੋਂ ਵੱਧ ਸਮੇਂ ਤੋਂ ਆਗੂਆਂ ਨੂੰ ਆਕਾਰ ਦਿੱਤਾ ਹੈ।ਐਕਸਏਟੀ-2026 ਦੇ ਨਾਲ ਅਸੀਂ ਨਾ ਸਿਰਫ਼ ਉਸ ਵਿਰਾਸਤ ਨੂੰ ਜਾਰੀ ਰੱਖ ਰਹੇ ਹਾਂ, ਬਲਕਿ ਅੱਜ ਦੇ ਚਾਹਵਾਨਾਂ ਦੀਆਂ ਬਦਲਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਵੀ ਅਪਡੇਟ ਹੋ ਰਹੇ ਹਾਂ।

# ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਆਰੰਭਤਾ ਦਿਵਸ ਨਾਲ ਨਵਾਂ ਸੈਸ਼ਨ ਸ਼ੁਰੂ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਵਿੱਦਿਆ ਸਕੱਤਰ ਸੁਖਮਿੰਦਰ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਰਪ੍ਰਸਤੀ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਦੇ ਦਿਸਾ ਨਿਰਦੇਸ਼ ਹੇਠ ਨਵੇਂ ਸੈਸ਼ਨ ਦੀ ਸ਼ੁਰੂਆਤ ਮੌਕੇ ਆਰੰਭਤਾ ਦਿਵਸ ਮਨਾਇਆ ਗਿਆ। ਇਸ ਸਬੰਧ ਸਮਾਗਮ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਕਾਲਜ ਦੇ ਵਿਦਿਆਰਥੀ ਜਥੇ ਵੱਲੋਂ ਇਲਾਹੀ ਬਾਣੀ ਦਾ ਕੀਰਤਨ ਕੀਤਾ ਗਿਆ। ਇਸ ਮੌਕੇ ਕਾਲਜ ਦੀ ਚੜ੍ਹਦੀਕਲਾ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਕਾਲਜ ਪ੍ਰੋਫ਼ੈਸਰ ਡਾ. ਆਤਮਾ ਸਿੰਘ ਨੇ ਮੰਚ ਸੰਚਾਲਕ ਦੀ ਭੂਮਿਕਾ ਨਿਭਾਉਂਦੇ ਹੋਏ ਕਾਲਜ ਵਿੱਚ ਦਾਖਲ ਹੋਏ ਨਵੇਂ ਵਿਦਿਆਰਥੀਆਂ ਨੂੰ ਕਾਲਜ ਦੇ ਸੰਖੇਪ ਇਤਿਹਾਸ ਤੋਂ ਜਾਣੂ ਕਰਵਾਇਆ। ਕਾਲਜ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਨਵੇਂ ਦਾਖਲ ਹੋਏ ਵਿਦਿਆਰਥੀਆਂ ਨੂੰ ਜੀ ਆਇਆਂ ਆਖਿਆ ਅਤੇ ਉਨ੍ਹਾਂ ਨੂੰ ਵਿੱਦਿਅਕ, ਧਾਰਮਿਕ ਅਤੇ ਸੱਭਿਆਚਾਰਕ ਕਦਰਾਂ-ਕੀਮਤਾਂ ਵਿੱਚ ਪ੍ਰੱਪਕਤਾ ਹਾਸਲ ਕਰਨ ਦੀ ਤਾਕੀਦ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕਾਲਜ ਵਿੱਚ ਚੱਲ ਰਹੇ ਕੋਰਸਾਂ ਅਤੇ ਸਹੂਲਤਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਕਾਲਜ ਪ੍ਰੋਫ਼ੈਸਰ ਕੋਮਲਪ੍ਰੀਤ ਕੌਰ ਧਰਮ ਅਧਿਐਨ ਵਿਭਾਗ ਨੇ ਪ੍ਰੋਗਰਾਮ ਦੇ ਕੋਆਰਡੀਨੇਟਰ ਵਜੋਂ ਭੂਮਿਕਾ ਨਿਭਾਈ। ਉਨ੍ਹਾਂ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਿਤ ਸਹਿਜ ਪਾਠ ਦਾ ਆਰੰਭ ਕਰਵਾਇਆ। ਕਾਲਜ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਇਸ ਨੂੰ ਇੱਕ ਸ਼ਲਾਘਾਯੋਗ ਉਪਰਾਲਾ ਦੱਸਿਆ। ਉਨ੍ਹਾਂ ਕਿਹਾ ਕਿ ਅਜੋਕੇ ਵਿਦਿਆਰਥੀ ਵਰਗ ਨੂੰ ਗੁਰਬਾਣੀ ਨਾਲ ਜੋੜਨਾ ਜਰੂਰੀ ਹੈ। ਇਸ ਮੌਕੇ ਕਾਲਜ ਦੇ ਸਮੂਹ ਸਟਾਫ ਮੈਂਬਰ ਸਾਹਿਬਾਨ ਹਾਜ਼ਰ ਸਨ।

# ਗੁਰਦਾਸਪੁਰ ਵਿਖੇ ਅੱਜ ਹੋਣਗੇ ਜ਼ਿਲ੍ਹਾ ਪੱਧਰੀ ਸਵੀਮਿੰਗ ਮੁਕਾਬਲੇ

**ਗੁਰਦਾਸਪੁਰ, (ਜਨਕ ਮਹਾਜਨ)**-ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅੱਜ ਸਵੇਰੇ 7 ਵਜੇ ਸਵੀਮਿੰਗ ਪੂਲ, ਸਪੋਰਟਸ ਕੰਪਲੈਕਸ, ਜਿਮਨੇਜ਼ੀਅਮ ਹਾਲ ਗੁਰਦਾਸਪੁਰ ਵਿਖੇ ਜ਼ਿਲ੍ਹਾ ਪੱਧਰੀ ਸਵੀਮਿੰਗ ਮੁਕਾਬਲੇ ਕਰਵਾਏ ਜਾਣਗੇ। ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਹਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਇਨ੍ਹਾਂ ਜ਼ਿਲ੍ਹਾ ਪੱਧਰੀ ਸਵੀਮਿੰਗ ਮੁਕਾਬਲਿਆਂ ਵਿੱਚ ਅੰਡਰ 14 ਲੜਕੇ ਤੇ ਲੜਕੀਆਂ, ਅੰਡਰ 17 ਲੜਕੇ ਤੇ ਲੜਕੀਆਂ, ਅੰਡਰ 19 ਲੜਕੇ ਤੇ ਲੜਕੀਆਂ ਦੇ 50 ਮੀਟਰ ਫਰੀ ਸਟਾਈਲ, 50 ਮੀਟਰ ਬੈਕ ਸਟਰੋਕ, 50 ਮੀਟਰ ਬਟਰ ਫਲਾਈ ਅਤੇ 50 ਮੀਟਰ ਬਰੈਸਟ ਸਟਰੋਕ ਦੇ ਮੁਕਾਬਲੇ ਹੋਣਗੇ। ਡਾ. ਹਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋ ਕੇ ਜੇਤੂ ਖਿਡਾਰੀਆਂ ਨੂੰ ਇਨਾਮਾਂ ਦੀ ਵੰਡ ਕਰਨਗੇ। ਉਨ੍ਹਾਂ ਕਿਹਾ ਕਿ ਪਹਿਲਾ ਸਥਾਨ ਹਾਸਲ ਕਰਨ ਵਾਲੇ ਖਿਡਾਰੀ ਨੂੰ 3100 ਰੁਪਏ, ਦੂਸਰੇ ਸਥਾਨ 'ਤੇ ਰਹਿਣ ਵਾਲੇ ਖਿਡਾਰੀ ਨੂੰ 2100 ਰੁਪਏ ਅਤੇ ਤੀਸਰਾ ਸਥਾਨ ਹਾਸਲ ਕਰਨ ਵਾਲੇ ਖਿਡਾਰੀ ਨੂੰ 1100 ਰੁਪਏ ਨਕਦ ਇਨਾਮ ਤੇ ਟਰਾਫੀ ਨਾਲ ਸਨਮਾਨਿਤ ਕੀਤਾ ਜਾਵੇਗਾ। ਵਧੀਕ ਡਿਪਟੀ ਕਮਿਸ਼ਨਰ ਨੇ ਖਿਡਾਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਗੁਰਦਾਸਪੁਰ ਵਿਖੇ 24 ਜੁਲਾਈ ਨੂੰ ਹੋ ਰਹੇ ਜ਼ਿਲ੍ਹਾ ਪੱਧਰੀ ਸਵੀਮਿੰਗ ਮੁਕਾਬਲੇ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਅਤੇ ਐਂਟਰੀ ਲਈ ਦਫ਼ਤਰ ਜ਼ਿਲ੍ਹਾ ਖੇਡ ਅਫ਼ਸਰ ਗੁਰਦਾਸਪੁਰ ਨਾਲ ਰਾਬਤਾ ਕੀਤਾ ਜਾ ਸਕਦਾ ਹੈ।

# ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਮਨਜੀਤ ਸਿੰਘ ਅਬਦਾਲ ਸਾਥੀਆਂ ਸਣੇ ਕਾਂਗਰਸ 'ਚ ਸ਼ਾਮਲ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**

ਹਲਕਾ ਮਜੀਠਾ ਦੇ ਕਾਂਗਰਸੀ ਇੰਚਾਰਜ ਤੇ ਸੀਨੀਅਰ ਕਾਂਗਰਸੀ ਆਗੂ ਭਗਵੰਤ ਪਾਲ ਸਿੰਘ ਸੱਚਰ ਦੀ ਅਗਵਾਈ ਵਿੱਚ ਕੱਥੂਨੰਗਲ ਵਿਖੇ ਪੰਜਾਬ ਪ੍ਰਦੇਸ਼ ਕਾਂਗਰਸ ਵੱਲੋਂ ਨਿਯੁਕਤ ਕੀਤੇ ਗਏ ਆਬਜ਼ਰਵਰ ਰਾਜਕੰਵਲਪ੍ਰੀਤ ਸਿੰਘ ਲੱਕੀ ਤੇ ਕੋਆਰਡੀਨੇਟਰ ਬੱਬੀ ਪਹਿਲਵਾਨ ਦੀ ਹਾਜ਼ਰੀ ਵਿੱਚ ਕਾਂਗਰਸ ਦੇ ਬਲਾਕ ਪ੍ਰਧਾਨਾਂ, ਅਹੁਦੇਦਾਰਾਂ ਤੇ ਵਰਕਰਾਂ ਦੀ ਮੀਟਿੰਗ ਰੱਖੀ ਗਈ ਸੀ ਜੋ ਰੈਲੀ ਦਾ ਰੂਪ ਧਾਰ ਗਈ ਜਿਸ ਵਿੱਚ ਬੁਲਾਰਿਆਂ ਨੇ ਮੌਜੂਦਾ ਸਰਕਾਰ ਦੀਆਂ ਨਿਕਾਮੀਆਂ ਤੇ ਝੂਠੇ ਵਾਅਦਿਆਂ ਦੀ ਰੱਜ ਕੇ ਪੋਲ ਖੋਲ੍ਹੀ। ਭਗਵੰਤ ਪਾਲ ਸੱਚਰ ਨੇ ਕਿਹਾ ਕਿ ਅਗਾਮੀ ਚੋਣਾਂ ਲਈ ਹੁਣ ਤੋਂ ਹੀ ਕਮਰਕੱਸੇ ਕਰ ਲਵੋ ਤੇ ਆਪਣੀਆਂ ਬੂਥ ਪੱਧਰ ਤੱਕ ਦੀਆਂ ਕਮੇਟੀਆਂ ਬਣਾ ਲਓ। ਇਸ ਮੌਕੇ ਆਮ ਆਦਮੀ ਪਾਰਟੀ ਬਲਾਕ ਮਜੀਠਾ ਦੇ ਪ੍ਰਧਾਨ ਮਨਜੀਤ ਸਿੰਘ ਅਬਦਾਲ ਨੇ ਸਾਥੀਆਂ ਸਮੇਤ ਪਾਰਟੀ ਨੂੰ ਅਲਵਿਦਾ ਕਹਿ ਕੇ ਕਾਂਗਰਸ ਪਾਰਟੀ ਵਿੱਚ ਸ਼ਮੂਲੀਅਤ ਕੀਤੀ ਤੇ ਆਮ ਆਦਮੀ ਪਾਰਟੀ ਦੀਆਂ ਝੂਠੀਆਂ ਤੇ ਲੋਕ ਮਾਰੂ ਨੀਤੀਆਂ ਦੀ ਭੜਾਸ ਕੱਢੀ। ਇਸ ਮੌਕੇ ਰਾਜਕੰਵਲਪ੍ਰੀਤ ਸਿੰਘ ਲੱਕੀ ਤੇ ਬੱਬੀ ਪਹਿਲਵਾਨ ਨੇ ਕਾਂਗਰਸੀ ਆਗੂਆਂ ਤੇ ਵਰਕਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਵਾਰ ਮਜੀਠਾ ਹਲਕੇ ਵਿੱਚ ਵੀ ਤੁਸੀਂ ਕਾਂਗਰਸ ਦਾ ਜੇਤੂ ਝੰਡਾ ਗੱਡ ਦੇਣਾ ਹੈ ਤੇ ਭਗਵੰਤ ਪਾਲ ਸਿੰਘ ਸੱਚਰ ਨੂੰ ਵਿਧਾਨ ਸਭਾ ਦੀਆਂ ਪੌੜੀਆਂ ਚੜ੍ਹਾਉਣਾ ਹੈ। ਇਸ ਮੌਕੇ ਬਲਾਕ ਕਾਂਗਰਸ ਦੇ ਪ੍ਰਧਾਨ ਨਵਤੇਜ ਪਾਲ ਸਿੰਘ ਸੋਹੀਆ, ਬਲਾਕ ਪ੍ਰਧਾਨ ਸਤਨਾਮ ਸਿੰਘ ਕਾਜ਼ੀਕੋਟ, ਨਵਦੀਪ ਸਿੰਘ ਸੋਨਾ ਮਜੀਠਾ, ਸਰਪੰਚ ਜਤਿੰਦਰ ਸਿੰਘ ਕੱਥੂਨੰਗਲ, ਸਰਪੰਚ ਸਵਿੰਦਰ ਸਿੰਘ ਚਾਟੀਵਿੰਡ, ਸਰਪੰਚ ਸ਼ਮਸ਼ੇਰ ਸਿੰਘ ਬਾਬੋਵਾਲ , ਸਰਪੰਚ ਸੀਤਲ ਸਿੰਘ ਚਾਚੋਵਾਲੀ, ਸਰਪੰਚ ਜਗਜੀਤ ਸਿੰਘ ਢਿੰਗਨੰਗਲ, ਨਿਸ਼ਾਨ ਸਿੰਘ ਭੰਗਾਲੀ, ਸੁੱਖ ਭੰਗਾਲੀ, ਕੁਲਦੀਪ ਸਿੰਘ ਢੱਡੇ ,ਲਖਬੀਰ ਸਿੰਘ ਢੱਡੇ,ਝਿਲਮਿਲ ਸਿੰਘ ਬਾਠ, ਬਲਕਾਰ ਸਿੰਘ ਬੋਪਾਰਾਏ, ਨਿਰਮਲ ਸਿੰਘ ਬੁਲਾਰਾ, ਪਰਮਜੀਤ ਸਿੰਘ ਭੋਏਵਾਲ , ਪਰਗਟ ਸਿੰਘ ਚੰਨਣਕੇ, ਅਸ਼ੋਕ ਕੁਮਾਰ ਮੱਤੇਵਾਲ, ਤਜਿੰਦਰ ਸਿੰਘ ਤਰਫਾਨ, ਰਣਜੀਤ ਸਿੰਘ ਚੋਗਾਵਾਂ, ਗੁਰਿੰਦਰ ਸਿੰਘ, ਬਲਵਿੰਦਰ ਸਿੰਘ ਸਾਬਕਾ ਕੌਂਸਲਰ, ਮੰਗੀ ਸਾਬਕਾ ਕੌਂਸਲਰ ਮਜੀਠਾ, ਸੋਨੀ ਗਿੱਲ ਪੰਧੇਰ, ਕੁਲਵੰਤ ਸਿੰਘ ਰਮਾਣਾਚੱਕ, ਪਲਵਿੰਦਰ ਸਿੰਘ ਰਮਾਣਾਚੱਕ, ਸੁੱਚਾ ਸਿੰਘ ਟਰਪਈ, ਬਲਦੇਵ ਸਿੰਘ ਬੰਟੀ ਕੱਥੂਨੰਗਲ ਖੁਰਦ, ਸ਼ਿਗਾਰਾ ਸਿੰਘ ਸਹਣੇਵਾਲੀ, ਕੁਲਦੀਪ ਸਿੰਘ ਅਬਦਾਲ , ਸੁਰਜੀਤ ਸਿੰਘ ਝੰਡੇ, ਰਣਜੀਤ ਸਿੰਘ ਮੱਜਵਿੰਡ, ਮਹਿੰਦਰ ਸਿੰਘ ਕਲੇਰ ਮਾਂਗਟ, ਸ਼ਮਸ਼ੇਰ ਸਿੰਘ ਸ਼ਹਿਜ਼ਾਦਾ, ਕੈਪਟਨ ਸ਼ਹਿਜ਼ਾਦਾ, ਹਰਮਨ ਟਾਹਲੀ ਸਾਹਿਬ, ਸਵਿੰਦਰ ਸਿੰਘ ਤਨੇਲ, ਹਰਜੀਤ ਸਿੰਘ ਨਵਾਂ ਤਨੇਲ, ਸੁਖਬੀਰ ਸਿੰਘ ਬੋਪਾਰਾਏ, ਮਨੋਹਰ ਗਾਲੋਵਾਲੀ, ਪਲਵਿੰਦਰ ਸਿੰਘ ਫੌਜੀ, ਲਵਪ੍ਰੀਤ ਚੰਡੇ, ਗੁਰਮੁੱਖ ਸਿੰਘ, ਸਤਨਾਮ ਸਿੰਘ ਮਹੱਦੀਪੁਰ, ਗੁਰਦੇਵ ਸਿੰਘ, ਸੁਲੱਖਣ ਸਿੰਘ ਕੱਥੂਨੰਗਲ, ਡਾ. ਸੁਖਵਿੰਦਰ ਸਿੰਘ ਰੰਧਾਵਾ, ਡਾ ਮੋਹਨ ਸਿੰਘ, ਰਿੰਕਾ ਕੱਥੂਨੰਗਲ, ਕੇਵਲ ਸਿੰਘ ਲੁੱਧੜ, ਰੇਸ਼ਮ ਸਿੰਘ ਲੁੱਧੜ, ਨੰਬਰਦਾਰ ਭੱਪਾ ਕੱਥੂਨੰਗਲ, ਜਸਪਾਲ ਜਲਾਲਪੁਰ, ਅਵਤਾਰ ਸਿੰਘ, ਸਤਿੰਦਰ ਸਿੰਘ ਚਾਚੋਵਾਲੀ, ਕੰਵਲਜੀਤ ਸਿੰਘ, ਜਗਜੀਤ ਸਿੰਘ ਕੋਟਲਾ , ਬਾਬਾ ਅਜੀਤ ਸਿੰਘ, ਨੰਬਰਦਾਰ ਗੁਰਪ੍ਰੀਤ ਸਿੰਘ, ਬਖਸ਼ੀਸ਼ ਸਿੰਘ ਉਦੋਕੇ, ਗੁਰਪਾਲ ਸਿੰਘ ਸੇਠ, ਕਰਮ ਸਿੰਘ ਕੱਥੂਨੰਗਲ, ਹਰਪਿੰਦਰ ਸਿੰਘ ਮਗੋਸੋਹੀ, ਰਣਜੀਤ ਸਿੰਘ ਤਲਵੰਡੀ, ਸੁਰਜੀਤ ਸਿੰਘ ਦੁਧਾਲਾ,ਨੰਬਰਦਾਰ ਪ੍ਰਭਪਾਲ ਸਿੰਘ ਮਾਗਾ ਸਰਾਏ, ਹਰਦਿਆਲ ਸਿੰਘ ਭੰਗਵਾਂ, ਦਲਜੀਤ ਸਿੰਘ ਬੋੜੇਵਾਲ, ਵਿਜੇ ਕੁਮਾਰ ਰਮਦਾਸੀਆ, ਸੁੱਖ ਜੀ ਬੋੜੇਵਾਲ ਕੰਗ, ਅਮਰਜੀਤ ਸਿੰਘ ਜੱਜੇਆਣੀ, ਗੁਰਿੰਦਰ ਨਾਗ ਕਲਾਂ, ਸੁਖਵਿੰਦਰ ਸਿੰਘ ਮਜੀਠਾ, ਲਾਡੀ ਮਜੀਠਾ, ਜਸਕਰਨ ਸਿੰਘ ਵਾਰਡ ਤਿੰਨ ਮਜੀਠਾ, ਬਿੱਟੂ ਸੋਹੀਆਂ ਕਲਾਂ, ਬੱਬੀ ਭੰਗਵਾਂ ਤੇ ਹੋਰ ਵੀ ਆਗੂ ਹਾਜ਼ਰ ਸਨ



ਨਵਾਂ ਜ਼ਮਾਨਾ
ਵੀਰਵਾਰ, 24 ਜੁਲਾਈ 2025

# ਅਸੁਰੱਖਿਅਤ ਜ਼ਿੰਦਗੀ

ਭਾਰਤ ਵਿੱਚ ਸੀਵਰ ਤੇ ਸੈਪਟਿਕ ਟੈਂਕਾਂ ਦੀ ਸਫਾਈ ਦੌਰਾਨ ਹੋਣ ਵਾਲੀਆਂ ਮੌਤਾਂ ਦੇ ਮਾਮਲੇ ਵਿੱਚ ਹੈਰਾਨ ਕਰਨ ਵਾਲਾ ਤੱਥ ਸਾਹਮਣੇ ਆਇਆ ਹੈ। ਸਰਕਾਰੀ ਸੋਸ਼ਲ ਆਡਿਟ ਮੁਤਾਬਕ 90 ਫੀਸਦੀ ਤੋਂ ਵੱਧ ਮਾਮਲਿਆਂ ਵਿੱਚ ਸੀਵਰ ਦੀ ਸਫਾਈ ਦੌਰਾਨ ਮਰਨ ਵਾਲੇ ਮਜ਼ਦੂਰਾਂ ਕੋਲ ਕੋਈ ਵੀ ਸੁਰੱਖਿਆ ਉਪਕਰਣ ਜਾਂ ਨਿੱਜੀ ਸੁਰੱਖਿਆ ਉਪਕਰਣ (ਪੀ ਪੀ ਈ ਕਿੱਟ) ਨਹੀਂ ਸਨ, ਜਦਕਿ ਕਾਨੂੰਨ ਬਣਾ ਕੇ ਸੁਰੱਖਿਆ ਉਪਕਰਣਾਂ ਤੋਂ ਬਿਨਾਂ ਸਫਾਈ 'ਤੇ ਰੋਕ ਲਾਈ ਗਈ ਹੈ। ਕੇਂਦਰ ਸਰਕਾਰ ਨੇ ਮੰਗਲਵਾਰ ਸੰਸਦ ਵਿੱਚ ਇੱਕ ਸਵਾਲ ਦੇ ਜਵਾਬ ਵਿੱਚ ਇਸ ਆਡਿਟ ਰਿਪੋਰਟ ਨੂੰ ਸਾਂਝਾ ਕੀਤਾ। ਕੇਂਦਰੀ ਸਮਾਜਕ ਨਿਆਂ ਮੰਤਰਾਲੇ ਨੇ ਸਤੰਬਰ 2023 ਵਿੱਚ ਇਹ ਆਡਿਟ ਸ਼ੁਰੂ ਕੀਤਾ ਸੀ। ਇਸ ਵਿੱਚ 2022 ਤੇ 2023 ਵਿੱਚ 8 ਰਾਜਾਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ 17 ਜ਼ਿਲ੍ਹਿਆਂ ਵਿੱਚ ਹੋਈਆਂ 54 ਮੌਤਾਂ ਦੀਆਂ ਪ੍ਰਸਥਿਤੀਆਂ ਦੇ ਵਿਸ਼ਲੇਸ਼ਣ ਵਿੱਚ ਪਤਾ ਲੱਗਾ ਕਿ 54 ਵਿੱਚੋਂ 49 ਮੌਤਾਂ ਦੇ ਮਾਮਲਿਆਂ ਵਿੱਚ ਮਜ਼ਦੂਰਾਂ ਕੋਲ ਕੋਈ ਸੁਰੱਖਿਆ ਉਪਕਰਣ ਨਹੀਂ ਸਨ। ਪੰਜ ਮਜ਼ਦੂਰਾਂ ਕੋਲ ਸਿਰਫ ਦਸਤਾਨੇ ਸਨ ਤੇ ਇੱਕ ਕੋਲ ਦਸਤਾਨੇ ਦੇ ਨਾਲ ਗਮ-ਬੂਟ ਵੀ ਸਨ। 47 ਮਾਮਲਿਆਂ ਵਿੱਚ ਕੋਈ ਮਸ਼ੀਨੀ ਉਪਕਰਣ ਮੁਹੱਈਆ ਨਹੀਂ ਕਰਾਇਆ ਗਿਆ।

ਅੰਕੜਿਆਂ ਤੋਂ ਪਤਾ ਲੱਗਦਾ ਹੈ ਕਿ ਸੀਵਰ ਤੇ ਸੈਪਟਿਕ ਟੈਂਕਾਂ ਦੀ ਸਫਾਈ ਵਿੱਚ ਲੱਗੇ ਬਹੁਤੇ ਮਜ਼ਦੂਰ ਅਨੁਸੂਚਿਤ ਜਾਤੀਆਂ, ਜਨਜਾਤੀਆਂ ਤੇ ਹੋਰਨਾਂ ਪੱਛੜੇ ਵਰਗਾਂ ਤੋਂ ਆਉਂਦੇ ਹਨ। 2024 ਦੀ ਇੱਕ ਰਿਪੋਰਟ ਮੁਤਾਬਕ 91.9 ਫੀਸਦੀ ਇਨ੍ਹਾਂ ਭਾਈਚਾਰਿਆਂ ਵਿੱਚੋਂ ਸਨ। ਇਹ ਅੰਕੜਾ ਇਸ ਖਤਰਨਾਕ ਕੰਮ ਵਿੱਚ ਹਾਸ਼ੀਏ 'ਤੇ ਰਹਿਣ ਵਾਲੇ ਭਾਈਚਾਰਿਆਂ ਦੀ ਉੱਚ ਭਾਗੀਦਾਰੀ ਨੂੰ ਦਰਸਾਉਂਦਾ ਹੈ।

ਭਾਰਤ ਵਿੱਚ ਹੱਥ ਨਾਲ ਮੈਲਾ ਚੁੱਕਣ 'ਤੇ 1993 ਵਿੱਚ ਰੋਕ ਲਾ ਦਿੱਤੀ ਗਈ ਸੀ ਅਤੇ 2013 ਵਿੱਚ ਕਾਨੂੰਨ ਬਣਾਇਆ ਗਿਆ ਸੀ ਕਿ ਸਫਾਈ ਸੁਰੱਖਿਆ ਉਪਕਰਣਾਂ ਤੋਂ ਬਿਨਾਂ ਨਹੀਂ ਹੋਵੇਗੀ। ਸੁਪਰੀਮ ਕੋਰਟ ਨੇ 2014 ਵਿੱਚ ਹੁਕਮ ਕੀਤਾ ਸੀ ਕਿ 1993 ਦੇ ਬਾਅਦ ਮਰਨ ਵਾਲੇ ਮਜ਼ਦੂਰਾਂ ਦੇ ਵਾਰਸਾਂ ਨੂੰ 10 ਲੱਖ ਰੁਪਏ ਮੁਆਵਜ਼ਾ ਦਿੱਤਾ ਜਾਵੇ। 2023 ਵਿੱਚ ਮੁਆਵਜ਼ਾ ਵਧਾ ਕੇ 30 ਲੱਖ ਰੁਪਏ ਕਰ ਦਿੱਤਾ ਗਿਆ ਸੀ। ਮੁਆਵਜ਼ੇ ਦੇ ਮਾਮਲਿਆਂ ਵਿੱਚ ਵੀ ਮਜ਼ਦੂਰਾਂ ਦੇ ਵਾਰਸਾਂ ਨਾਲ ਇਨਸਾਫ ਨਹੀਂ ਹੋ ਰਿਹਾ। ਉਨ੍ਹਾਂ ਤੋਂ ਕੰਮ ਲੈਣ ਵਾਲੇ ਠੇਕੇਦਾਰ ਤੇ ਏਜੰਸੀਆਂ ਸਮੇਂ 'ਤੇ ਮੁਆਵਜ਼ਾ ਨਹੀਂ ਦਿੰਦੀਆਂ ਤੇ ਉਨ੍ਹਾਂ ਖਿਲਾਫ ਕਾਰਵਾਈ ਵੀ ਨਹੀਂ ਹੁੰਦੀ।

ਸਫਾਈ ਕਰਮਚਾਰੀ ਅੰਦੋਲਨ ਦੇ ਕੌਮੀ ਕਨਵੀਨਰ ਬੇਜਵਾੜਾ ਵਿਲਸਨ ਦਾ ਕਹਿਣਾ ਹੈ ਕਿ ਸਰਕਾਰ ਮ੍ਰਿਤਕਾਂ ਦੇ ਸਹੀ-ਸਹੀ ਅੰਕੜੇ ਨਹੀਂ ਜੁਟਾਉਂਦੀ। ਇਸ ਤੋਂ ਇਲਾਵਾ ਸੀਵਰ ਦਾ ਡਿਜ਼ਾਈਨ ਅਜਿਹਾ ਹੈ ਕਿ ਮਸ਼ੀਨਾਂ ਨਾਲ ਸਫਾਈ ਸੰਭਵ ਨਹੀਂ ਹੁੰਦੀ, ਜਿਸ ਕਰਕੇ ਹੱਥਾਂ ਨਾਲ ਹੀ ਕੰਮ ਕਰਨਾ ਪੈਂਦਾ ਹੈ। ਬਹੁਤੇ ਮਜ਼ਦੂਰ ਠੇਕੇ 'ਤੇ ਕੰਮ ਕਰਦੇ ਹਨ, ਜਿਸ ਕਰਕੇ ਉਨ੍ਹਾਂ ਨੂੰ ਮੈਡੀਕਲ ਤੇ ਬੀਮਾ ਸਹੂਲਤਾਂ ਨਹੀਂ ਮਿਲਦੀਆਂ।

ਸੀਵਰ ਤੇ ਸੈਪਟਿਕ ਟੈਂਕਾਂ ਦੀ ਸਫਾਈ ਦੌਰਾਨ ਹੋਣ ਵਾਲੀਆਂ ਮੌਤਾਂ ਨਾ ਸਿਰਫ ਇੱਕ ਮਾਨਵੀ ਤ੍ਰਾਸਦੀ ਹਨ, ਸਗੋਂ ਸਮਾਜੀ ਨਾਬਰਾਬਰੀ ਤੇ ਸਰਕਾਰੀ ਲਾਪ੍ਰਵਾਹੀ ਨੂੰ ਵੀ ਦਿਖਾਉਂਦੀਆਂ ਹਨ। ਸਰਕਾਰ ਵੱਲੋਂ ਸ਼ੁਰੂ ਕੀਤੀਆਂ ਗਈਆਂ ਯੋਜਨ

ਾਵਾਂ ਤੇ ਕਾਨੂੰਨ ਤਾਂ ਹੀ ਪ੍ਰਭਾਵੀ ਹੋਣਗੇ, ਜੇ ਜ਼ਮੀਨੀ ਪੱਧਰ 'ਤੇ ਇਨ੍ਹਾਂ ਨੂੰ ਸਖਤੀ ਨਾਲ ਲਾਗੂ ਕੀਤਾ ਜਾਵੇ। ਆਮ ਲੋਕਾਂ ਨੂੰ ਵੀ ਇਨ੍ਹਾਂ ਮਜ਼ਦੂਰਾਂ ਤੋਂ ਕੰਮ ਲੈਂਦਿਆਂ ਇਨ੍ਹਾਂ ਦੀ ਸੁਰੱਖਿਆ ਦਾ ਖਿਆਲ ਕਰਨਾ

# ਵਿਸ਼ਵੀਕਰਨ ਦੇ ਦੌਰ 'ਚ ਮਜ਼ਦੂਰਾਂ, ਔਰਤਾਂ ਅਤੇ ਬੇ-ਜ਼ਮੀਨੇ ਲੋਕਾਂ ਦੀ ਦਾਸਤਾਨ

**ਲਾਭ ਸਿੰਘ ਅਕਲੀਆ**

ਆਜ਼ਾਦੀ ਦੇ 78 ਸਾਲ ਬੀਤ ਜਾਣ ਤੋਂ ਬਾਅਦ ਵੀ ਗ਼ਰੀਬ ਅਤੇ ਬੇ-ਜ਼ਮੀਨੇ ਲੋਕਾਂ ਖ਼ਾਸ ਕਰਕੇ ਸਮਾਜ ਦੇ ਸਭ ਤੋਂ ਪੱਛੜੇ ਦਲਿਤ ਵਰਗਾਂ ਦੀ ਆਰਥਿਕ ਹਾਲਤ ਤਰਸਯੋਗ ਬਣ ਗਈ ਹੈ। ਪੂੰਜੀਵਾਦੀ ਵਿਵਸਥਾ ਦੇ ਅਧੀਨ ਹਰ ਖੇਤਰ ਵਿਚ ਵੱਡੇ ਪੱਧਰ 'ਤੇ ਮਸ਼ੀਨਾਂ ਨੇ ਪੈਰ ਪਸਾਰ ਲਏ ਹਨ ਅਤੇ ਮਜ਼ਦੂਰਾਂ ਦੇ ਪੈਰ ਉੱਖੜ ਗਏ ਹਨ। ਗ਼ਰੀਬੀ, ਮਹਿੰਗਾਈ ਅਤੇ ਬੇਰੁਜ਼ਗਾਰੀ ਹਰ ਰੋਜ਼ ਛੜੱਪੇ ਮਾਰ ਕੇ ਵਧ ਰਹੀ ਹੈ, ਜਿਸ ਨੇ ਆਮ ਲੋਕਾਂ ਦੀ ਹਾਲਤ ਨਰਕਾਂ ਭਰੀ ਬਣਾ ਦਿੱਤੀ ਹੈ। ਕੇਂਦਰ ਅਤੇ ਰਾਜ ਸਰਕਾਰਾਂ ਵੱਲੋਂ ਆਮ ਲੋਕਾਂ ਨੂੰ ਪੈਰਾਂ ਸਿਰ ਖੜ੍ਹਾ ਕਰਨ ਦੀ ਬਜਾਏ ਦੁੱਖਾਂ ਅਤੇ ਮੁਸੀਬਤਾਂ ਭਰੀ ਜ਼ਿੰਦਗੀ ਜਿਉਣ ਲਈ ਮਜਬੂਰ ਕਰ ਦਿੱਤਾ ਹੈ। ਪੀੜ੍ਹੀ-ਦਰ-ਪੀੜ੍ਹੀ ਖੇਤ ਮਜ਼ਦੂਰਾਂ ਵੱਲੋਂ ਮਿਹਨਤ-ਮੁਸ਼ੱਕਤ ਕਰਕੇ ਅਨਾਜ ਪੈਦਾ ਕਰਨ, ਸੜਕਾਂ, ਕੋਠੀਆਂ, ਡੈਮ ਅਤੇ ਕਾਰਖਾਨੇ ਉਸਾਰ ਕੇ ਅਤੇ ਖ਼ਾਸ ਕਰਕੇ ਸਨਅਤੀ ਖੇਤਰ ਵਿਚ ਅਥਾਹ ਪੈਦਾਵਾਰ ਕਰਕੇ ਦੇਸ਼ ਦੇ ਵਿਕਾਸ ਵਿਚ ਅਹਿਮ ਯੋਗਦਾਨ ਪਾਇਆ ਹੈ। ਅੱਜ ਇਕ ਪਾਸੇ ਕਰੋੜਾਂ ਲੋਕ ਇਕ ਡੰਗ ਦੀ ਰੋਟੀ ਨੂੰ ਤਰਸ ਰਹੇ ਹਨ, ਦੂਜੇ ਪਾਸੇ ਲੱਖਾਂ ਟਨ ਅਨਾਜ ਹਰ ਸਾਲ ਗੋਦਾਮਾਂ ਵਿਚ ਗਲ-ਸੜ ਰਿਹਾ ਹੈ। ਸੰਯੁਕਤ ਰਾਸ਼ਟਰ ਦੀ ਰਿਪੋਰਟ ਅਨੁਸਾਰ ਭਾਰਤ ਵਿਚ ਹਰ ਚਾਰ ਨਾਗਰਿਕਾਂ ਪਿੱਛੇ ਤਿੰਨ ਨਾਗਰਿਕਾਂ ਨੂੰ ਪੇਟ ਭਰਕੇ ਖਾਣਾ ਨਸੀਬ ਨਹੀਂ ਹੁੰਦਾ। ਅਮਰੀਕਾ-ਬ੍ਰਿਟੇਨ ਵਰਗੇ ਵਿਕਸਤ ਮੁਲਕਾਂ ਵਿਚ ਜਿਨ੍ਹਾਂ ਨੂੰ ਰੱਜਵੀਂ ਰੋਟੀ ਨਹੀਂ ਮਿਲਦੀ, ਉਹਨਾਂ ਦੀ ਗਿਣਤੀ 1.2 ਪ੍ਰਤੀਸ਼ਤ ਹੈ, ਜਦੋਂ ਕਿ ਭਾਰਤ ਵਿਚ ਇਹ ਗਿਣਤੀ 74 ਪ੍ਰਤੀਸ਼ਤ ਹੈ। ਵਿਸ਼ਵ ਭੁੱਖ ਸੂਚਕ ਅੰਕ (789) 2023 ਦੀ ਰਿਪੋਰਟ ਵਿਚ ਖੁਲਾਸਾ ਕੀਤਾ ਗਿਆ ਹੈ ਕਿ ਭੁੱਖ ਨਾਲ ਦੋ-ਚਾਰ ਹੋਣ ਵਾਲੇ ਦੁਨੀਆ ਦੇ 125 ਮੁਲਕਾਂ ਦੀ ਸੂਚੀ ਵਿਚ ਭਾਰਤ 111ਵੇਂ ਸਥਾਨ 'ਤੇ ਪਹੁੰਚ ਗਿਆ ਹੈ। ਭਾਰਤ ਵਰਗੇ ਦੇਸ਼ ਨੂੰ ਪ੍ਰਧਾਨ ਮੰਤਰੀ ਮੋਦੀ ਅਤੇ ਅਮਿਤ ਸ਼ਾਹ ਇਹ ਦਾਅਵਾ ਕਰ ਰਹੇ ਹਨ ਕਿ 2047 ਤੱਕ ਭਾਰਤ ਨੂੰ 'ਵਿਸ਼ਵ ਗੁਰੂ' ਦਾ ਦਰਜਾ ਮਿਲ ਜਾਵੇਗਾ ਅਤੇ ਦੁਨੀਆ ਦੇ ਦੇਸ਼ਾਂ ਨੂੰ ਰਸਤਾ ਦਿਖਾਉਣ ਵਾਲਾ ਬਣ ਜਾਵੇਗਾ। ਮਨੁੱਖੀ ਵਿਕਾਸ ਅਤੇ ਗ਼ਰੀਬੀ ਖ਼ਤਮ ਦੇ ਮਾਮਲੇ 'ਚ ਉਹਨਾਂ ਦੇ ਇਹ ਦਾਅਵੇ ਕਿੰਨੇ ਖੋਖਲੇ ਹਨ, ਜੋ ਨਵੇਂ ਜੁਮਲੇ ਤੋਂ ਵੱਧ ਕੁਝ ਨਹੀਂ। ਅਸਲੀਅਤ ਇਹ ਹੈ ਕਿ ਭਾਰਤ ਦੀ 81.35 ਕਰੋੜ ਵਸੋਂ ਜਨਤਕ ਵੰਡ ਪ੍ਰਣਾਲੀ (PDS) ਦੇ ਤਹਿਤ 5 ਕਿੱਲੋ ਅਨਾਜ਼ ਦੇ ਸਹਾਰੇ ਜ਼ਿੰਦਗੀ ਜਿਉਣ ਲਈ ਮਜ਼ਬੂਰ ਹੈ, ਉਹਨਾਂ ਕੋਲ ਆਮਦਨ ਦੇ ਨਾ-ਮਾਤਰ ਸਰੋਤ ਹੋਣ ਕਰਕੇ ਆਪਣੇ ਜੀਵਨ ਨਿਰਬਾਹ ਲਈ ਖ਼ਰੀਦ ਸ਼ਕਤੀ ਹੀ ਨਹੀਂ ਹੈ। 19 ਵਰ੍ਹੇ ਪਹਿਲਾਂ 'ਮਨਰੇਗਾ ਐਕਟ' ਹੋਂਦ ਵਿਚ ਆਉਣ ਤੋਂ ਬਾਅਦ 'ਜੌਬ ਕਾਰਡ ਧਾਰਕਾਂ' ਨੂੰ (ਅੱਜ ਜਿਨ੍ਹਾਂ ਦੀ ਗਿਣਤੀ 25 ਕਰੋੜ ਹੈ) ਆਪਣਾ ਚੁੱਲ੍ਹਾ ਤਪਾਉਣ ਦੀ ਆਸ ਬੱਝੀ ਸੀ, ਉਹ ਵੀ ਹੁਣ ਭ੍ਰਿਸ਼ਟਾਚਾਰ ਅਤੇ ਦੀਵਾਲੀਆ ਰਾਜਨੀਤੀ ਦੀ ਭੇਟ ਚੜ੍ਹ ਕੇ ਮੂਧੇ-ਮੂੰਹ ਡਿੱਗ ਪਿਆ ਹੈ। ਪੰਜਾਬ ਦੇ ਇਕ ਵੀ ਪਿੰਡ ਵਿਚ ਆਮ ਲੋਕਾਂ ਨੂੰ ਪੂਰੇ ਸੌ ਦਿਨ ਦਾ ਕੰਮ ਨਸੀਬ ਨਹੀਂ ਹੋਇਆ, ਬੇਰੁਜ਼ਗਾਰੀ ਭੱਤਾ ਤਾਂ ਸੁਪਨਾ ਬਣ ਕੇ ਰਹਿ ਗਿਆ।

ਕੁਪੋਸ਼ਣ ਦੇ ਮਾਮਲੇ ਵਿਚ ਵੀ ਦੁਨੀਆ ਦੇ ਨਕਸ਼ੇ 'ਤੇ ਭਾਰਤ ਦੀ ਸਥਿਤੀ ਬੇਹੱਦ ਚਿੰਤਾਜਨਕ ਹੈ। 'ਵਿਸ਼ਵ ਬੈਂਕ' ਦੀ ਰਿਪੋਰਟ ਦੱਸਦੀ ਹੈ ਕਿ ਭਾਰਤ ਵਿਚ 22 ਫ਼ੀਸਦੀ ਲੋਕ ਅੱਜ ਵੀ ਗ਼ਰੀਬੀ ਦੀ ਰੇਖਾ (BPL) ਤੋਂ ਹੇਠਾਂ ਰਹਿ ਰਹੇ ਹਨ। ਗ਼ਰੀਬਾਂ ਅਤੇ ਅਮੀਰਾਂ ਵਿਚਕਾਰ ਪਾੜੇ ਦੀ ਲਕੀਰ ਖ਼ਤਰਨਾਕ ਹੱਦ ਤੱਕ ਵਧ ਗਈ ਹੈ। ਦੇਸ਼ ਵਿਚ 284 ਅਰਬਪਤੀ ਘਰਾਣੇ 98 ਲੱਖ ਕਰੋੜ ਧਨ-ਦੌਲਤ ਦੇ ਮਾਲਕ ਹਨ, 1 ਫੀਸਦੀ ਮਹਾਂ ਅਮੀਰਾਂ ਦਾ 47 ਫ਼ੀਸਦੀ ਸੰਪਤੀ 'ਤੇ ਕਬਜ਼ਾ ਹੋ ਗਿਆ ਹੈ। ਉੱਪਰਲੇ 10 ਫੀਸਦੀ ਅਮੀਰਾਂ ਕੋਲ ਦੇਸ਼ ਦੀ 73.3 ਫ਼ੀਸਦੀ ਸੰਪਤੀ ਇਕੱਠੀ ਹੋ ਗਈ ਹੈ। ਸੈਂਕੜੇ ਵੱਡੇ ਪੂੰਜੀਪਤੀ ਅਜਿਹੇ ਹਨ, ਜਿਨ੍ਹਾਂ ਦੀ ਆਮਦਨ ਵਿਚ ਹਰ ਰੋਜ਼ 88 ਕਰੋੜ ਦਾ ਨਵਾਂ ਵਾਧਾ ਹੋ ਜਾਂਦਾ ਹੈ। ਦੂਜੇ ਪਾਸੇ ਸਭ ਤੋਂ ਹੇਠਲੇ 30 ਫੀਸਦੀ ਲੋਕਾਂ ਕੋਲ ਮਹਿਜ 1 ਫੀਸਦੀ ਸੰਪਤੀ ਤੋਂ ਵੀ ਘੱਟ ਹੈ। ਇਸ ਦੇ ਨਾਲ ਹੀ 'ਕੇਂਦਰੀ ਯੋਜਨਾ ਕਮਿਸ਼ਨ' ਵੱਲੋਂ ਇਹ ਖੁਲਾਸਾ ਕੀਤਾ ਗਿਆ ਸੀ ਕਿ ਭਾਰਤ ਦੀ ਅੱਧੀ ਵਸੋਂ 20 ਰੁਪਏ ਤੋਂ ਵੀ ਘੱਟ ਵਿਚ ਗੁਜ਼ਾਰਾ ਕਰ ਰਹੀ ਹੈ। ਜੇਕਰ ਪੰਜਾਬ ਦੀ ਗੱਲ ਕਰੀਏ ਤਾਂ 2011 ਦੀ ਮਰਦਮ ਸ਼ੁਮਾਰੀ ਦੇ ਅੰਕੜੇ ਦੱਸਦੇ ਹਨ ਕਿ 1.1 ਫ਼ੀਸਦੀ ਗ਼ਰੀਬ ਲੋਕਾਂ ਕੋਲ ਇਕ ਕਮਰੇ ਦਾ ਵੀ ਘਰ ਨਹੀਂ ਸੀ, 17.1 ਲੱਖ ਪਰਵਾਰਾਂ ਕੋਲ ਰਸੋਈ ਅਤੇ 15 ਲੱਖ ਪਰਵਾਰਾਂ ਕੋਲ ਬਾਥਰੂਮ ਅਤੇ 10.53 ਲੱਖ ਪਰਵਾਰਾਂ ਕੋਲ ਪਖਾਨੇ ਨਹੀਂ ਸਨ।

**ਕਰਜ਼ੇ ਦੇ ਮੱਕੜ ਜਾਲ ਵਿਚ ਫ਼ਸੀਆਂ ਔਰਤਾਂ**

ਸਰਕਾਰ ਦੀਆਂ ਲੋਕ ਮਾਰੂ ਅਤੇ ਦੋਗਲੀਆਂ ਨੀਤੀਆਂ ਕਾਰਨ ਗ਼ਰੀਬ ਲੋਕਾਂ ਨੂੰ ਸਰਕਾਰੀ ਬੈਂਕਾਂ ਨੇ ਕਿਸੇ ਤਰ੍ਹਾਂ ਦਾ ਕਰਜ਼ਾ ਦੇਣ ਤੋਂ ਆਪਣੇ ਦਰਵਾਜ਼ੇ ਬੰਦ ਕਰ ਦਿੱਤੇ ਹਨ, ਕਿਉਂਕਿ ਉਹਨਾਂ ਕੋਲ ਕਰਜ਼ੇ ਦੀ ਅਦਾਇਗੀ ਦੇ ਲਈ ਕੋਈ ਠੋਸ ਗਰੰਟੀ ਨਹੀਂ ਹੁੰਦੀ। ਸਰਕਾਰਾਂ ਗ਼ਰੀਬ ਅਤੇ ਬੇ-ਜ਼ਮੀਨੇ ਲੋਕਾਂ ਨਾਲ ਹਮੇਸ਼ਾਂ ਮਤਰੇਈ ਮਾਂ ਵਾਲਾ ਸਲੂਕ ਕਰਦੀਆਂ ਆ ਰਹੀਆਂ ਹਨ। ਪਿੰਡਾਂ ਅਤੇ ਸ਼ਹਿਰਾਂ ਵਿਚ ਸੈਂਕੜੇ ਪ੍ਰਾਈਵੇਟ ਮਾਈਕਰੋ ਫਾਈਨਾਂਸ ਕੰਪਨੀਆਂ ਨੇ ਲੱਖਾਂ ਔਰਤਾਂ ਨੂੰ ਸੈੱਲਫ਼ ਹੈੱਲਫ਼ ਗਰੁੱਪਾਂ ਦੇ ਰਾਹੀਂ ਕਰਜ਼ੇ ਦੇ ਮੱਕੜ ਜਾਲ਼ ਵਿਚ ਫ਼ਸਾਇਆ ਹੋਇਆ ਹੈ। ਇਹ ਕੰਪਨੀਆਂ ਪੰਜਾਬ ਦੇ ਹਰ ਕੋਨੇ ਵਿਚ ਆਪਣਾ ਜਾਲ਼ ਵਿਛਾ ਚੁੱਕੀਆਂ ਹਨ। ਇਨ੍ਹਾਂ ਵੱਲੋਂ 26 ਤੋਂ 30 ਪ੍ਰਤੀਸ਼ਤ ਵਿਆਜ ਦਰਾਂ 'ਤੇ ਕਰਜ਼ਾ ਦੇਣ ਲਈ ਵੱਡੇ ਪੱਧਰ 'ਤੇ ਨੈੱਟ ਵਰਕ ਤਿਆਰ ਕੀਤਾ ਹੋਇਆ ਹੈ। ਇਹਨਾਂ ਕੰਪਨੀਆਂ ਵੱਲੋਂ ਫ਼ਾਈਲ ਖਰਚੇ, ਬੀਮਾ ਅਤੇ ਜੁਰਮਾਨੇ ਵਸੂਲ ਕੇ ਮੋਟੇ ਵਿਆਜ਼ ਦੇ ਰਾਹੀਂ ਗ਼ਰੀਬ ਲੋਕਾਂ ਦਾ ਖ਼ੂਨ ਚੂਸਿਆ ਜਾ ਰਿਹਾ ਹੈ ਅਤੇ ਉਹਨਾਂ ਦੀ ਕਿਰਤ ਕਮਾਈ ਦੇ ਪੈਸੇ ਰਾਹੀਂ ਆਪਣੀ ਦੋ ਨੰਬਰ ਦੀ ਧਨ ਰਾਸ਼ੀ ਨੂੰ ਇੱਕ ਨੰਬਰ (ਵ੍ਹਾਈਟ ਮਨੀ) ਵਿਚ ਤਬਦੀਲ ਕੀਤਾ ਜਾ ਰਿਹਾ ਹੈ। ਇਹਨਾਂ ਵੱਲੋਂ ਲੋਕਾਂ ਦੀ ਅਨਪੜ੍ਹਤਾ ਅਤੇ ਆਰਥਿਕ ਮਜ਼ਬੂਰੀ ਦਾ ਫ਼ਾਇਦਾ ਉਠਾ ਕੇ 28 ਦਿਨ ਦਾ ਮਹੀਨਾ ਅਤੇ ਸਾਲ ਵਿਚ ਤੇਰ੍ਹਾਂ ਕਿਸ਼ਤਾਂ ਰਾਹੀਂ ਵੱਡੇ ਪੱਧਰ 'ਤੇ ਲੁੱਟ ਕੀਤੀ ਜਾ ਰਹੀ ਹੈ। ਇਹਨਾਂ ਕੰਪਨੀਆਂ ਵੱਲੋਂ ਭਾਰਤੀ ਰਿਜ਼ਰਵ ਬੈਂਕ ਅਤੇ ਸੰਵਿਧਾਨਕ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ। ਸਰਕਾਰੀ ਏਜੰਸੀਆਂ ਅਤੇ ਪ੍ਰਸ਼ਾਸਨਿਕ ਅਧਿਕਾਰੀ ਮੂਕ-ਦਰਸ਼ਕ ਬਣ ਕੇ ਦੇਖ ਰਹੇ ਹਨ, ਇਹਨਾਂ ਦੇ ਕਾਰੋਬਾਰ ਦੀ ਕੋਈ ਪੁੱਛ-ਪੜਤਾਲ ਹੀ ਨਹੀਂ ਕੀਤੀ ਜਾਂਦੀ। ਇਨਾਂ ਕੰਪਨੀਆਂ ਵੱਲੋਂ ਭਰਤੀ ਕੀਤੇ ਗੁੰਡਾ ਗ੍ਰੋਹਾਂ ਵੱਲੋਂ ਕਿਸ਼ਤਾਂ ਭਰਨ ਲਈ ਗ਼ਰੀਬ ਔਰਤਾਂ ਨੂੰ ਬੁਰੀ ਤਰ੍ਹਾਂ ਡਰਾਇਆ ਧਮਕਾਇਆ ਅਤੇ ਜ਼ਲੀਲ ਕੀਤਾ ਜਾਂਦਾ ਹੈ, ਜੀਹਦੇ ਕਰਕੇ ਗ਼ਰੀਬ ਲੋਕਾਂ ਨੂੰ ਆਪਣੇ ਘਰ ਦਾ ਸਮਾਨ ਵੇਚ ਕੇ ਕਿਸ਼ਤਾਂ ਦੀ ਅਦਾਇਗੀ ਕਰਨੀ ਪੈਂਦੀ ਹੈ। ਹਫ਼ਤੇ ਬਾਅਦ ਜਾਂ ਪੰਦਰਾਂ ਦਿਨਾਂ ਬਾਅਦ ਫਾਈਨਾਂਸਰਾਂ ਦਾ ਕਰਜ਼ਾ ਮੋੜਨ ਲਈ ਹਰ ਸਮੇਂ ਔਰਤਾਂ ਦੀ ਨੀਂਦ ਹਰਾਮ ਹੋਈ ਰਹਿੰਦੀ ਹੈ ਅਤੇ ਭਾਈਚਾਰੇ ਦਾ ਦਬਾਅ ਵੀ ਹਮੇਸ਼ਾ ਭੂਤ ਬਣ ਕੇ ਸਤਾਉਂਦਾ ਰਹਿੰਦਾ ਹੈ।

ਦੂਜਾ ਪਾਸਾ ਇਹ ਹੈ, ਮਾਰਚ 2016 ਵਿਚ 'ਭਾਰਤੀ ਰਿਜ਼ਰਵ ਬੈਂਕ' ਦੀ ਸਟੇਟਮੈਂਟ ਅਨੁਸਾਰ ਦੇਸ਼ ਦੇ ਵੱਡੇ ਪੂੰਜੀਪਤੀਆਂ/ਕਾਰਪੋਰੇਟਾਂ ਨੇ ਸਰਕਾਰੀ ਬੈਂਕਾਂ ਦਾ 8.55 ਲੱਖ ਕਰੋੜ ਦਾ ਕਰਜ਼ਾ ਦੇਣਾ ਸੀ, ਜੋ 2024 ਤੱਕ ਵਧ ਕੇ 14.56 ਲੱਖ ਕਰੋੜ ਹੋ ਗਿਆ, ਜਿਨ੍ਹਾਂ ਨੇ ਇਕ ਧੇਲਾ ਵੀ ਨਹੀਂ ਮੋੜਿਆ, ਜਿਸ ਨੂੰ ਮੋਦੀ ਸਰਕਾਰ ਵੱਲੋਂ ਵੱਟੇ-ਖ਼ਾਤੇ ਪਾ ਦਿੱਤਾ ਗਿਆ, ਕਿਉਂਕਿ ਇਹਨਾਂ ਦੇ ਸਿਰ 'ਤੇ ਮੋਦੀ ਦੇ ਆਸ਼ੀਰਵਾਦ ਦਾ ਹੱਥ ਹੈ। ਮੋਦੀ ਸਾਹਬ ਦੇ ਖਾਸ ਮਿੱਤਰ ਸ਼ਰਾਬ ਦੇ ਕਾਰੋਬਾਰੀ ਕਿੰਗ ਫਿਸ਼ਰ ਦੇ ਮਾਲਕ ਵਿਜੈ ਮਾਲਿਆ ਨੇ ਬੈਂਕਾਂ ਦਾ 900 ਕਰੋੜ ਅਤੇ ਨੀਰਵ ਮੋਦੀ 11 ਹਜ਼ਾਰਾਂ 400 ਕਰੋੜ ਰੁਪਏ ਦਾ ਕਰਜ਼ਾ ਲੈ ਕੇ ਫਰਾਰ ਹੋ ਗਏ ਹਨ। 'ਜ਼ੀ. ਨਿਊਜ ਚੈਨਲ' ਦੇ ਮਾਲਕ ਡਾ. ਸੁਭਾਸ਼ ਚੰਦਰਾ ਨੇ ਸਰਕਾਰੀ ਬੈਂਕ ਤੋਂ 8400 ਕਰੋੜ ਦਾ ਕਰਜ਼ਾ ਲਿਆ ਸੀ। ਮੋਦੀ ਦੇ ਕਹਿਣ 'ਤੇ ਬੈਂਕ ਨੇ ਸਮਝੌਤਾ ਕਰ ਲਿਆ ਕਿ ਉਹ 1500 ਕਰੋੜ ਰੁਪਏ ਵਾਪਸ ਕਰ ਦੇਵੇ, 6900 ਕਰੋੜ ਵੱਟੇ-ਖਾਤੇ ਪਾ ਦਿੱਤਾ ਜਾਵੇਗਾ। ਹੈਰਾਨੀ ਦੀ ਗੱਲ ਤਾਂ ਇਹ ਹੈ ਕਿ ਇਹਨਾਂ ਲੋਕਾਂ ਦਾ ਨਾ ਕਦੇ 'ਸਿੱਬਲ' ਖ਼ਰਾਬ ਹੋਇਆ ਤੇ ਨਾ ਹੀ ਕਿਸੇ ਬੈਂਕ ਨੇ ਕਰਜ਼ੇ ਤੋਂ ਜਵਾਬ ਦਿੱਤਾ।

ਅੱਜ ਜਦੋਂ ਵਿਸ਼ਵ ਪੱਧਰ 'ਤੇ ਮਜ਼ਦੂਰ ਜਮਾਤ ਅਤੇ ਉਸ ਦੀਆਂ ਸਹਿਯੋਗੀ ਤਾਕਤਾਂ ਦੀ ਲਹਿਰ ਬੇਹੱਦ ਕਮਜ਼ੋਰ ਤੇ ਟੁੱਟ ਖਿੰਡਿਆਂ ਦਾ ਸ਼ਿਕਾਰ ਹੈ, ਪੂੰਜੀਪਤੀ ਵਰਗ ਵਧੇਰੇ ਤਾਕਤਵਰ ਅਤੇ ਖ਼ੂੰਖਾਰ ਹੋ ਗਿਆ ਹੈ ਜਿਸ ਨੇ ਫਾਸ਼ੀਵਾਦੀ ਰੂਪ ਧਾਰਨ ਕਰ ਲਿਆ ਹੈ। ਵਿਸ਼ਵ ਪੱਧਰ 'ਤੇ ਕਿਰਤ ਕਾਨੂੰਨਾਂ ਨੂੰ ਤੋੜਿਆ-ਮਰੋੜਿਆ ਜਾ ਰਿਹਾ ਹੈ। ਕਾਰਪੋਰੇਟ ਘਰਾਣਿਆਂ ਦੀ ਦਲਾਲ, ਜਨਤਾ ਦੀ ਦੁਸ਼ਮਣ ਅਤੇ ਮਨੂੰਵਾਦ ਦੀ ਪੈਰੋਕਾਰ ਮੋਦੀ ਸਰਕਾਰ ਵੀ ਫਾਸ਼ੀਵਾਦੀ ਹੋ ਗਈ ਹੈ, ਜਿਸ ਨੇ 'ਵਰਲਡ ਬੈਂਕ' ਅਤੇ 'ਡਬਲਿਊ.ਟੀ.ਓ.' ਦੇ ਨਿਰਦੇਸ਼ਾਂ ਤਹਿਤ 44 ਕਿਰਤ ਕਾਨੂੰਨਾਂ ਨੂੰ ਖ਼ਤਮ ਕਰਕੇ 4 ਲੇਬਰ ਕੋਡ ਵਿਚ ਤਬਦੀਲ ਕਰ ਦਿੱਤਾ ਹੈ। 8 ਘੰਟੇ ਦਿਹਾੜੀ ਦਾ ਕਾਨੂੰਨ ਖ਼ਤਮ ਕਰਕੇ 12 ਘੰਟੇ ਕਰਨ ਲਈ ਪਹਿਲਾ ਹੱਲਾ ਬੋਲ ਦਿੱਤਾ ਹੈ। ਇਹਨਾਂ ਤਬਦੀਲੀਆਂ ਦੇ ਰਾਹੀਂ ਮਜ਼ਦੂਰਾਂ/ਮੁਲਾਜ਼ਮਾਂ ਦੇ ਪੱਕੇ ਰੁਜ਼ਗਾਰ ਦੀ ਬਜਾਏ ਠੇਕਾ ਭਰਤੀ, ਆਊਟਸੋਰਸਜ਼, ਕੰਮ ਲਓ-ਕੱਢ ਦਿਓ, ਦੀ ਨੀਤੀ ਲਾਗੂ ਕੀਤੀ ਜਾ ਰਹੀ ਹੈ। ਇਹਨਾਂ ਨੀਤੀਆਂ ਦੇ ਤਹਿਤ ਪਹਿਲਾਂ ਹੀ ਕਿਸਾਨਾਂ-ਮਜ਼ਦੂਰਾਂ ਦੀ ਹੋ ਰਹੀ ਬਰਬਾਦੀ ਅਤੇ ਵਧ ਰਹੀਆਂ ਆਤਮ-ਹੱਤਿਆਵਾਂ, ਪੜ੍ਹੇ-ਲਿਖੇ ਨੌਜਵਾਨਾਂ ਦਾ ਬੇਰੁਜ਼ਗਾਰੀ ਦੀ ਭੱਠੀ ਵਿਚ ਸੜਨਾ, ਸੇਵਾ-ਮੁਕਤ ਮੁਲਾਜ਼ਮਾਂ ਤੋਂ ਗੁਜ਼ਾਰਾ ਪੈਨਸ਼ਨ ਅਤੇ ਸਿਹਤ ਸਹੂਲਤਾਂ ਦਾ ਖੋਹ ਲੈਣਾ, ਸਿੱਖਿਆ ਦਾ ਨਿੱਜੀਕਰਨ ਤੇ ਭਗਵਾਂਕਰਨ ਕਰਨ ਦੇ ਲਈ ਨਵ-ਉਦਾਰਵਾਦੀ ਨੀਤੀਆਂ ਜ਼ਿੰਮੇਵਾਰ ਹਨ। ਕਿਰਤ ਕਾਨੂੰਨਾਂ ਉੱਪਰ ਹੋ ਰਹੇ ਹਮਲਿਆਂ ਦਾ ਮੂੰਹ-ਤੋੜ ਜਵਾਬ ਤਾਂ ਹੀ ਦਿੱਤਾ ਜਾਵੇਗਾ, ਜੇਕਰ ਮਜ਼ਦੂਰ ਜਮਾਤ ਦੀ ਅਗਵਾਈ ਹੇਠ ਤਮਾਮ ਸਹਿਯੋਗੀ ਤਾਕਤਾਂ ਨੂੰ ਰਾਜਸੀ ਚੇਤਨਾ ਨਾਲ ਲੈਸ ਕਰਕੇ ਹੇਠ ਲਿਖੀਆਂ ਮੰਗਾਂ ਦੀ ਪ੍ਰਾਪਤੀ ਲਈ ਇਕ ਤਾਕਤਵਰ 'ਜਮਹੂਰੀ ਲਹਿਰ' ਦੀ ਉਸਾਰੀ ਕੀਤੀ ਜਾਵੇ ਅਤੇ ਮੰਗ ਕੀਤੀ ਜਾਵੇ ਕਿ :

* ਔਰਤਾਂ ਸਮੇਤ ਸਾਰੇ ਗ਼ਰੀਬ ਅਤੇ ਬੇ-ਜ਼ਮੀਨੇ ਲੋਕਾਂ ਸਿਰ ਚੜ੍ਹਿਆ ਸਰਕਾਰੀ ਤੇ ਪ੍ਰਾਈਵੇਟ ਕਰਜ਼ਾ ਮੁਆਫ਼ ਕੀਤਾ ਜਾਵੇ।
* ਮਨਰੇਗਾ ਮਜ਼ਦੂਰਾਂ ਨੂੰ ਪੂਰਾ ਸਾਲ ਕੰਮ, 700 ਰੁਪਏ ਦਿਹਾੜੀ ਅਤੇ ਪਰਵਾਰ ਦੇ ਦੋ ਮੈਂਬਰਾਂ ਨੂੰ ਵੱਖ-ਵੱਖ ਤੌਰ 'ਤੇ ਕੰਮ ਦੀ ਗਰੰਟੀ ਦਿੱਤੀ ਜਾਵੇ।
* ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਖ਼ਤਮ ਕਰਕੇ 44 ਕਿਰਤ ਕਾਨੂੰਨ ਬਹਾਲ ਕੀਤੇ ਜਾਣ ਅਤੇ ਮਜ਼ਦੂਰਾਂ ਨੂੰ ਸਾਰੀਆਂ ਬਣਦੀਆਂ ਸਹੂਲਤਾਂ ਮੁੜ ਉਪਲੱਬਧ ਕਰਵਾਈਆਂ ਜਾਣ।
* ਸ਼ਹਿਰੀ ਮਜ਼ਦੂਰਾਂ ਲਈ ਨਵਾਂ ਕਾਨੂੰਨ ਬਣਾ ਕੇ 'ਰੁਜ਼ਗਾਰ ਗਰੰਟੀ ਯੋਜਨਾ' ਸ਼ੁਰੂ ਕੀਤੀ ਜਾਵੇ।
* ਠੇਕਾ ਅਧਾਰਤ ਆਊਟਸੋਰਸ ਅਤੇ ਕੱਚੇ ਕਾਮਿਆਂ (ਜਿਵੇਂ ਆਂਗਣਵਾੜੀ, ਆਸ਼ਾ ਵਰਕਰ, ਮਿਡ-ਡੇ-ਮੀਲ ਅਤੇ ਪੇਂਡੂ ਚੌਂਕੀਦਾਰਾਂ ਆਦਿ) ਨੂੰ ਪ੍ਰਤੀ ਦਿਨ 1 ਹਜ਼ਾਰ ਰੁਪਏ ਅਤੇ ਮਾਸਿਕ ਮਿਹਨਤਾਨਾ 31000 ਰੁਪਏ ਦਿੱਤਾ ਜਾਵੇ।
* ਸਾਰੇ ਬੇ-ਜ਼ਮੀਨੇ ਅਤੇ ਗ਼ਰੀਬ ਲੋਕਾਂ ਨੂੰ ਸਵੈ-ਰੁਜ਼ਗਾਰ ਧੰਦਾ ਚਲਾਉਣ ਲਈ ਬਿਨਾਂ ਕਿਸੇ ਭੇਦ-ਭਾਵ ਅਤੇ ਗਰੰਟੀ ਤੋਂ ਘੱਟੋ-ਘੱਟ ਤਿੰਨ ਲੱਖ ਰੁਪਏ 7 ਸਾਲ ਦੇ ਲਈ ਕਰਜ਼ਾ ਦਿੱਤਾ ਜਾਵੇ।

**# ਸੰਪਰਕ : 94636-10661**

# ਲਾਇਬ੍ਰੇਰੀਆਂ ਲਈ ਪਾਠਕ ਤਿਆਰ ਕਰਨੇ ਵੀ ਜ਼ਰੂਰੀ



**ਤੇਜਿੰਦਰ ਚੰਡਿਹੋਕ**

ਲਾਇਬ੍ਰੇਰੀਆਂ ਸਾਡੀਆਂ ਉਹ ਸੰਸਥਾਵਾਂ ਹਨ, ਜਿੱਥੇ ਗਿਆਨ ਦਾ ਭੰਡਾਰ ਅਥਾਹ ਹੁੰਦਾ ਹੈ, ਜਿਸ ਤੋਂ ਅਸੀਂ ਜੀਵਨ ਦੀ ਸੇਧ ਲੈ ਸਕਦੇ ਹਾਂ। ਲਾਇਬ੍ਰੇਰੀਆਂ ਸਾਡਾ ਮਾਰਗ-ਦਰਸ਼ਨ ਕਰਦੀਆਂ ਹਨ। ਲਾਇਬ੍ਰੇਰੀਆਂ ਵਿੱਚ ਹਰ ਪ੍ਰਕਾਰ ਦੀਆਂ ਪੁਸਤਕਾਂ ਉਪਲਬਧ ਹੁੰਦੀਆਂ ਹਨ। ਸਿੱਖਿਆਦਾਇਕ, ਸਾਹਿਤਕ ਅਤੇ ਦਿਲਚਸਪ ਪੁਸਤਕਾਂ ਅਤੇ ਨਾਲ ਹੀ ਹਰ ਤਰ੍ਹਾਂ ਦੇ ਅਖ਼ਬਾਰ, ਜਿਹਨਾਂ ਵਿੱਚੋਂ ਰੋਜ਼ਾਨਾ ਦੀਆਂ ਅਖ਼ਬਾਰਾਂ ਰਾਹੀਂ ਸਾਨੂੰ ਵਰਤਮਾਨ ਮਾਮਲਿਆਂ ਬਾਰੇ ਜਾਣਕਾਰੀ ਵੀ ਪ੍ਰਾਪਤ ਹੁੰਦੀ ਹੈ।

ਅੱਜ ਨਸ਼ੇ ਦੇ ਵਗਦੇ ਛੇਵੇਂ ਦਰਿਆ ਨੇ ਨੌਜਵਾਨਾਂ ਨੂੰ ਆਪਣੀ ਗ੍ਰਿਫ਼ਤ ਵਿੱਚ ਲੈ ਰੱਖਿਆ ਹੈ। ਇਸ ਅਧੀਨ ਨੌਜਵਾਨਾਂ ਨੂੰ ਨਸ਼ਿਆਂ ਵਰਗੇ ਕੋਹੜ ਤੋਂ ਹਟਾ ਕੇ ਪੁਸਤਕਾਂ ਨਾਲ ਜੋੜਨ ਦਾ ਉਪਰਾਲਾ ਇਕ ਚੰਗਾ ਕਾਰਜ ਹੈ। ਇਹ ਅੱਜ ਦੇ ਸਮੇਂ ਦੀ ਬਹੁਤ ਵੱਡੀ ਲੋੜ ਵੀ ਹੈ। ਜਿਹਨਾਂ ਵਿਚ ਲਾਇਬ੍ਰੇਰੀਆਂ, ਸਾਹਿਤ ਸਭਾਵਾਂ, ਸਮਾਜ ਸੇਵੀ ਸੰਸਥਾਵਾਂ ਅਤੇ ਸੱਭਿਆਚਾਰਕ ਮੇਲਿਆਂ ਦਾ ਅਹਿਮ ਰੋਲ ਹੁੰਦਾ ਹੈ। ਬਹੁਤ ਸਾਰੀਆਂ ਸਾਹਿਤਕ ਸਭਾਵਾਂ ਅਤੇ ਸਰਕਾਰਾਂ ਵੱਲੋਂ ਇਹ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਸ਼ਹਿਰਾਂ ਵਿਚ ਹੀ ਨਹੀਂ, ਸਗੋਂ ਪਿੰਡਾਂ ਵਿਚ ਵੀ ਲੋਕਾਂ ਨੂੰ ਖਾਸ ਕਰਕੇ ਨੌਜਵਾਨ ਪੀੜ੍ਹੀ ਨੂੰ ਸਾਹਿਤ ਨਾਲ ਜੋੜਿਆ ਜਾਵੇ। ਇਸੇ ਲਈ ਕਈ ਥਾਂ ਪੁਸਤਕਾਂ ਦੇ ਲੰਗਰ ਵੀ ਲਗਾਏ ਜਾ ਰਹੇ ਹਨ।

ਜਿੱਥੇ ਗਲੋਬਲ ਵਾਰਮਿੰਗ, ਵਾਤਾਵਰਨ ਦੀ ਸ਼ੁੱਧਤਾ ਲਈ ਪਾਣੀ ਦੇ ਘਟ ਰਹੇ ਪੱਧਰ ਤੋਂ ਅਸੀਂ ਚਿੰਤਾਤੁਰ ਹਾਂ , ਉੱਥੇ ਸਮਾਜ ਵਿਚ ਵੱਧ ਰਹੇ ਨਸ਼ੇ, ਮਾਰਕੁੱਟ, ਚੋਰੀਆਂ, ਲੁੱਟਾਂ-ਖੋਹਾਂ ਵਰਗੇ ਕੁਰਾਹੇ ਪਏ ਨੌਜਵਾਨਾਂ ਨੂੰ ਸਿੱਧੇ ਰਸਤੇ ਲਿਆਉਣ ਅਤੇ ਪਿਆਰ-ਪ੍ਰੇਮ ਨਾਲ ਜੀਵਨ ਬਤੀਤ ਕਰਨ ਲਈ ਲੋਕਾਂ ਅਤੇ ਸਰਕਾਰਾਂ ਵੱਲੋਂ ਉਪਰਾਲੇ ਕੀਤੇ ਜਾ ਰਹੇ ਹਨ, ਕਿਉਂਕਿ ਹੁਣ ਲੋਕ ਜਾਗ੍ਰਿਤ ਤਾਂ ਹੋ ਰਹੇ ਹਨ, ਪਰ ਫਿਰ ਵੀ ਕਈ ਬੁਰਾਈਆਂ ਵਿਚ ਫ਼ਸੇ ਹੋਏ ਹਨ, ਜਿਹਨਾਂ ਨੂੰ ਸੇਧ ਦੇਣ ਲਈ ਬਹੁਤ ਸਾਰੇ ਗਿਆਨ ਦੀ ਜਰੂਰਤ ਹੈ।

ਹਾਲ ਹੀ ਵਿਚ ਪੰਜਾਬ ਸਰਕਾਰ ਵੱਲੋਂ ਬਰਨਾਲਾ ਜ਼ਿਲ੍ਹੇ ਵਿੱਚ 2.80 ਕਰੋੜ ਰੁਪਏ ਖਰਚ ਕੇ ਪਿੰਡ ਸਹਿਣਾ, ਧੌਲਾ, ਤਲਵੰਡੀ, ਮੱਝੂਕੇ, ਕੁਤਬਾ, ਦੀਵਾਨਾ, ਵਜੀਦਕੇ ਕਲਾਂ ਅਤੇ ਠੁੱਲੀਵਾਲ ਵਿਖੇ ਜਨਤਕ ਲਾਇਬ੍ਰੇਰੀਆਂ ਤਿਆਰ ਕਰਕੇ ਲੋਕਾਂ ਦੇ ਅਰਪਣ ਕੀਤੀਆਂ ਗਈਆਂ ਹਨ ਅਤੇ ਹਰੇਕ ਲਾਇਬਰੇਰੀ ਉਪਰ ਕਰੀਬ 35 ਲੱਖ ਦੀ ਲਾਗਤ ਆਈ ਹੈ। ਇਵੇਂ ਹੀ ਜ਼ਿਲ੍ਹਾ ਸੰਗਰੂਰ ਦੇ ਧੂਰੀ ਵਿਖੇ ਵੀ 1.59 ਕਰੋੜ ਦੀ ਲਾਗਤ ਨਾਲ ਲਾਇਬ੍ਰੇਰੀ ਤਿਆਰ ਕਰਕੇ ਸ਼ਹਿਰ ਵਾਸੀਆਂ ਨੂੰ ਅਰਪਿਤ ਕੀਤੀ ਗਈ ਹੈ, ਜਿਸ ਦਾ ਖੇਤਰ 3710 ਵਰਗ ਫੁੱਟ ਹੈ, ਪਰ ਸਵਾਲ ਇਹ ਪੈਦਾ ਹੁੰਦਾ ਹੈ ਕਿ ਸਿਰਫ ਲਾਇਬ੍ਰੇਰੀਆਂ ਖੋਲ੍ਹਣੀਆਂ ਹੀ ਕਾਫੀ ਹਨ? ਜੇਕਰ ਲਾਇਬ੍ਰੇਰੀਆਂ ਵਿੱਚ ਪਾਠਕ ਨਹੀਂ ਹੋਣਗੇ ਤਾਂ ਇਹਨਾਂ ਦਾ ਕੋਈ ਅਰਥ ਨਹੀਂ ਰਹਿ ਜਾਂਦਾ। ਲਾਇਬ੍ਰੇਰੀ ਵਿੱਚ ਪਏ



ਸਾਹਿਤ ਨੂੰ ਪੜ੍ਹਨ ਲਈ ਪਾਠਕਾਂ ਦਾ ਹੋਣਾ ਵੀ ਜ਼ਰੂਰੀ ਹੈ। ਸਾਨੂੰ ਪੁਸਤਕਾਂ ਪੜ੍ਹਨ ਲਈ ਪਾਠਕ ਤਿਆਰ ਕਰਨੇ ਪੈਣਗੇ, ਤਾਂ ਹੀ ਲਾਇਬਰੇਰੀ ਵਿੱਚ ਪਾਈਆਂ ਪੁਸਤਕਾਂ ਦਾ ਮੁੱਲ ਪਾਇਆ ਜਾ ਸਕਦਾ ਹੈ।

ਅੱਜ ਸੋਸ਼ਲ ਮੀਡੀਆ ਦਾ ਜ਼ਮਾਨਾ ਹੋਣ ਕਰਕੇ ਜ਼ਿਆਦਾਤਰ ਜਵਾਨੀ ਸੋਸ਼ਲ ਮੀਡੀਆ ਵਿੱਚ ਦਿਲਚਸਪੀ ਲੈ ਰਹੀ ਹੈ। ਜਿੱਥੇ ਸੋਸ਼ਲ ਮੀਡੀਆ , ਇੰਟਰਨੈੱਟ ਵਰਗੀਆਂ ਸਹੂਲਤਾਂ ਨੇ ਜੀਵਨ ਵਿਚ ਤੇਜ਼ੀ ਲਿਆਂਦੀ ਹੈ, ਉਥੇ ਬਹੁਤ ਸਾਰੀਆਂ ਅਨੈਤਿਕ ਗੱਲਾਂ ਵੀ ਲਿਆਂਦੀਆਂ ਹਨ, ਜਿਸ ਨਾਲ ਅੱਜ ਦੀ ਪੀੜ੍ਹੀ ਵਿਚੋਂ ਮਾਨਵਤਾ, ਕਦਰਾਂ-ਕੀਮਤਾਂ ਦੀ ਘਾਟ ਮਹਿਸੂਸ ਹੁੰਦੀ ਜਾਪਦੀ ਹੈ। ਇਹ ਮਾਨਵੀ ਜੀਵਨ ਦਾ ਸੱਚ ਹੈ ਕਿ ਸਾਡੇ ਉਪਰ ਚੰਗੀ ਸੰਗਤ ਨਾਲੋਂ ਮਾੜੀ ਸੰਗਤ ਦਾ ਅਸਰ ਜਲਦੀ ਹੁੰਦਾ ਹੈ। ਇਥੋਂ ਤੱਕ ਕਿ ਸਕੂਲਾਂ, ਕਾਲਜਾਂ ਦੇ ਵਿਦਿਆਰਥੀ ਇਸ ਦਾ ਨਜਾਇਜ਼ ਫਾਇਦਾ ਉਠਾ ਰਹੇ ਹਨ। ਇਹ ਆਪਣੀ ਪੜ੍ਹਾਈ ਦੀ ਆੜ ਵਿਚ ਸੋਸ਼ਲ ਮੀਡੀਆ ਦੇ ਮੱਥੇ ਪ੍ਰਭਾਵਾਂ ਵਿਚ ਧਸ ਰਹੇ ਹਨ। ਇਸ ਚਲਨ ਨੇ ਵੀ ਨੌਜਵਾਨਾਂ ਨੂੰ ਸਾਹਿਤ ਤੋਂ ਦੂਰ ਕਰਕੇ ਕੁਰੀਤੀਆਂ ਵੱਲ ਆਕਰਸ਼ਿਤ ਕੀਤਾ ਹੈ। ਵਿਦਿਆਰਥੀ ਇਸੇ ਆੜ ਵਿਚ ਮੋਬਾਈਲਾਂ ਆਦਿ ਦੀ ਦੁਰਵਰਤੋਂ ਵੀ ਕਰ ਰਹੇ ਹਨ । ਮੋਬਾਇਲ ਆਦਿ ਦੀ ਵਰਤੋਂ ਵਿੱਚ ਉਲਝੇ ਰਹਿਣ ਕਰਕੇ ਅੱਜ ਦੀ ਪੀੜ੍ਹੀ ਕੋਲ ਸਾਹਿਤ ਪੜ੍ਹਨ ਦਾ ਸਮਾਂ ਹੀ ਨਹੀਂ ਜਾਂ ਉਹਨਾਂ ਦੀ ਦਿਲਚਸਪੀ ਘਟਦੀ ਜਾ ਰਹੀ ਹੈ।

ਇਸ ਲਈ ਸਾਨੂੰ ਲਾਇਬ੍ਰੇਰੀਆਂ ਵਿੱਚ ਪਾਠਕ ਨੂੰ ਪੜ੍ਹਨ ਲਈ ਪ੍ਰੇਰਤ ਕਰਨ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ।

***# ਸੰਪਰਕ : 95010-00224***

# ਇਜ਼ਰਾਈਲ ਵੱਲੋਂ ਵੀਹ ਹਜ਼ਾਰ ਫਲਸਤੀਨੀ ਮਾਰਨ ਦੀ ਨਿੰਦਾ ਕਿਉਂ ਨਹੀਂ



**ਵਿਸ਼ਵਾ ਮਿੱਤਰ**

ਭਾਰਤ ਵਿਚ ਨਹਿਰੂ ਕਾਲ ਤੋਂ ਸ਼ੁਰੂ ਹੋ ਕੇ ਜਿੰਨੀ ਦੇਰ ਵੀ ਕਾਂਗਰਸ, ਜਨਤਾ ਪਾਰਟੀ, ਜਨਤਾ ਦਲ ਅਤੇ ਮੁੜ ਕਾਂਗਰਸ ਸਰਕਾਰ ਸੱਤਾ ਵਿਚ ਰਹੀ, ਅੰਤ ਤੱਕ ਭਾਰਤ ਦੀ ਨੀਤੀ ਫਲਸਤੀਨ ਦੇ ਹੱਕ ਵਿੱਚ ਰਹੀ। 1981 ਵਿਚ ਇੰਦਰਾ ਗਾਂਧੀ ਦੀ ਸਰਕਾਰ ਵੇਲੇ ਫਲਸਤੀਨ ਦੇ ਝੰਡੇ ਵਾਲੀ ਡਾਕ ਟਿਕਟ ਜਾਰੀ ਹੋਈ ਸੀ, ਜਿਸ ਦੇ ਹੇਠਾਂ ਲਿਖਿਆ ਹੋਇਆ ਸੀ, ਭਾਰਤ ਫਲਸਤੀਨੀ ਲੋਕਾਂ ਦੇ ਅਟੁੱਟ ਅਧਿਕਾਰਾਂ ਦਾ ਸਮਰਥਨ ਕਰਦਾ ਹੈ।

ਭਾਵੇਂ ਭਾਰਤ ਨੇ ਇਜ਼ਰਾਈਲ ਨੂੰ ਇਕ ਦੇਸ਼ ਦੇ ਤੌਰ 'ਤੇ 1950 ਵਿਚ ਹੀ ਮਾਨਤਾ ਦੇ ਦਿੱਤੀ ਸੀ, ਪਰ ਉਸ ਨਾਲ ਸਬੰਧਾਂ ਵਿਚ ਕੋਈ ਗਰਮਜੋਸ਼ੀ ਕਿਸੇ ਵੀ ਸਰਕਾਰ ਨੇ 2014 ਤੱਕ ਨਹੀਂ ਵਿਖਾਈ ਸੀ। ਇਸ ਤੋਂ ਪਹਿਲਾਂ ਵਿਸ਼ਵੀਕਰਨ ਦਾ ਜ਼ੋਰ ਪੈਣ 'ਤੇ 1992 ਵਿਚ ਇਜ਼ਰਾਈਲ ਦਾ ਦੂਤਾਵਾਸ ਵੀ ਖੁੱਲ੍ਹ ਗਿਆ ਸੀ, ਪਰ ਕੋਈ ਜ਼ਿਆਦਾ ਸਰਗਰਮੀ ਨਹੀਂ ਸੀ।

ਪ੍ਰਧਾਨ ਮੰਤਰੀ ਮੋਰਾਰਜੀ ਦੇਸਾਈ ਦੇ ਵੇਲੇ ਜਦੋਂ ਕਿ ਵਿਦੇਸ਼ ਮੰਤਰੀ ਅਟਲ ਬਿਹਾਰੀ ਵਾਜਪਾਈ ਜੀ ਸਨ, ਉਦੋਂ 14 ਅਗਸਤ 1977 ਵਾਲੇ ਦਿਨ ਇਜ਼ਰਾਈਲ ਦਾ ਵਿਦੇਸ਼ ਮੰਤਰੀ ਮੋਸ਼ੇ ਦਾਯਾਨ ਭੇਸ ਬਦਲ ਕੇ ਚੁੱਪ-ਚਪੀਤੇ ਮੋਰਾਰਜੀ ਦੇਸਾਈ ਅਤੇ ਅਟਲ ਬਿਹਾਰੀ ਵਾਜਪਾਈ ਨੂੰ ਮਿਲਣ ਆਇਆ। ਉਸ ਨੂੰ ਆਸ ਸੀ ਕਿ ਅੱਵਲ ਤਾਂ ਮੋਰਾਰਜੀ ਦੇਸਾਈ ਭਾਰਤ ਦੇ ਇਜ਼ਰਾਈਲ ਨਾਲ ਰਾਜਨੀਤਕ ਸਬੰਧ ਬਣਾ ਲੈਣਗੇ, ਨਹੀਂ ਤਾਂ ਅਟਲ ਬਿਹਾਰੀ ਜੀ ਆਰ ਐੱਸ ਐੱਸ ਨਾਲ ਸਬੰਧਤ ਹੋਣ ਕਾਰਣ ਜ਼ਰੂਰ ਮੋਰਾਰਜੀ ਦੇਸਾਈ ਉੱਤੇ ਜ਼ੋਰ ਪਾਉਣ ਕਿ ਫਲਸਤੀਨ ਦੀ ਬਜਾਏ ਇਜ਼ਰਾਈਲ ਨਾਲ ਰਾਜਨੀਤਕ ਸਬੰਧ ਬਣਾ ਲਏ ਜਾਣ। ਮੋਸ਼ੇ ਦਾਯਾਨ ਨੇ ਨਾ ਕੇਵਲ ਅਪਣਾ ਨਾਂਅ ਬਦਲਿਆ, ਬਲਕਿ ਪਛਾਣ ਲੁਕਾਉਣ ਲਈ ਕਾਲਾ ਚਸ਼ਮਾ ਅਤੇ ਸਿਰ 'ਤੇ ਕਾਲੀ ਟੋਪੀ ਪਾਈ ਹੋਈ ਸੀ। ਉਸ ਨਾਲ ਮੀਟਿੰਗ ਕਿਸੇ ਸਰਕਾਰੀ ਅਵਾਸ ਦੀ ਬਜਾਏ, ਇੱਕ ਨਿੱਜੀ ਅਵਾਸ ਵਿਚ ਰੱਖੀ ਗਈ । ਮੀਟਿੰਗ ਵਿੱਚ ਮੋਸ਼ੇ ਦਾਯਾਨ ਦੇ ਨਾਲ ਕੇਵਲ ਮੋਰਾਰਜੀ ਦੇਸਾਈ ਅਤੇ ਅਟਲ ਬਿਹਾਰੀ ਵਾਜਪਾਈ ਬੈਠੇ। ਮੋਸ਼ੇ ਦਾਯਾਨ ਦੇ ਭਾਰਤ ਆਉਣ ਬਾਰੇ ਅਟਲ ਬਿਹਾਰੀ ਵਾਜਪਾਈ ਅਤੇ ਵਿਦੇਸ਼ ਸਕੱਤਰ ਜਗਤ ਮਹਿਤਾ ਨੂੰ ਮੀਟਿੰਗ ਤੋਂ ਥੋੜ੍ਹਾ ਜਿਹਾ ਹੀ ਪਹਿਲਾਂ ਦਸਿਆ ਗਿਆ। ਮੋਰਾਰਜੀ ਦੇਸਾਈ ਨੇ ਇਸ ਮੀਟਿੰਗ ਨੂੰ ਅਤਿਅੰਤ ਗੁਪਤ ਇਸ ਲਈ ਰੱਖਿਆ, ਕਿਉਕਿ ਜਨਤਾ ਪਾਰਟੀ ਅੱਧੀ ਦਰਜਨ ਤੋਂ ਵੱਧ ਪਾਰਟੀਆਂ ਦਾ ਮਿਲਗੋਭਾ ਸੀ, ਜਿਨ੍ਹਾਂ ਦੇ ਇਜ਼ਰਾਈਲ ਬਾਰੇ ਭਿੰਨ-ਭਿੰਨ ਵਿਚਾਰ ਹੋਣ ਕਾਰਨ ਸਰਕਾਰ ਟੁੱਟ ਸਕਦੀ ਸੀ । ਮੋਰਾਰਜੀ ਦੇਸਾਈ ਨੇ ਮੀਟਿੰਗ ਵਿੱਚ ਸਪੱਸ਼ਟ ਤੌਰ ਤੇ ਕਿਹਾ ਕਿ ਭਾਵੇਂ ਇਜ਼ਰਾਈਲ ਨੂੰ ਮਾਨਤਾ 1950 ਵਿਚ ਹੀ ਦੇ ਦਿੱਤੀ ਸੀ, ਪਰ ਅਸੀ ਇਜ਼ਰਾਈਲ ਨਾਲ ਰਾਜਨੀਤਕ ਸੰਬੰਧ ਤੱਦ ਤਕ ਨਹੀਂ ਸਥਾਪਤ ਕਰ ਸਕਦੇ, ਜਦ ਤੱਕ ਮੱਧ ਪੂਰਬ ਵਿਚ ਸ਼ਾਂਤੀ ਨਹੀਂ ਬਹਾਲ ਹੁੰਦੀ ਅਤੇ ਜਿਹੜੇ ਫਲਸਤੀਨ ਦੇ ਇਲਾਕਿਆਂ ਉੱਤੇ ਇਜ਼ਰਾਈਲ ਨੇ ਕਬਜ਼ਾ ਕੀਤਾ ਹੋਇਆ ਹੈ, ਉਹ ਵਾਪਸ ਨਹੀਂ ਕੀਤੇ ਜਾਂਦੇ। ਅਟਲ ਬਿਹਾਰੀ ਦੇ ਵੀ ਇਹੋ ਵਿਚਾਰ ਸਨ। ਕੋਈ ਗੱਲ ਨਾ ਬਣਦੀ ਵੇਖ ਕੇ ਮੋਸ਼ੇ ਨੇ ਕਿਹਾ ਕਿ ਹੋਰ ਕੁਝ ਨਹੀਂ ਤਾਂ ਭਾਰਤ ਵਿਚ ਦੂਤਾਵਾਸ ਖੋਲ੍ਹਣ ਦੀ ਇਜਾਜ਼ਤ ਹੀ ਦੇ ਦਿਓ । ਇਸ 'ਤੇ ਮੋਰਾਰਜੀ ਦੇਸਾਈ ਨੇ ਕਿਹਾ ਕਿ 1950 ਤੋਂ ਬੰਬਈ ਵਿਚ ਜਿਹੜਾ ਤੁਹਾਡਾ ਵਪਾਰਕ ਕੌਂਸਲੇਟ ਚੱਲ ਰਿਹਾ ਹੈ, ਉਹ ਹੀ ਕਾਫੀ ਹੈ, ਦੂਤਾਵਾਸ ਦੀ ਇਜਾਜ਼ਤ ਕੇਵਲ ਉਦੋਂ ਮਿਲੇਗੀ, ਜਦੋਂ ਤੁਸੀ ਫਲਸਤੀਨ ਦੇ ਕਬਜ਼ਾਏ ਇਲਾਕੇ ਖਾਲੀ ਕਰ ਦਿਓਗੇ। ਅਜਿਹੀ ਹਾਲਤ ਵਿੱਚ ਮੋਸ਼ੇ ਦਾਯਾਨ ਨੂੰ ਆਪਣੇ ਮਿਸ਼ਨ ਵਿਚ ਜ਼ਰਾ ਜਿੰਨੀ ਵੀ ਸਫਲਤਾ ਨਹੀਂ ਮਿਲੀ। ਵਿਚਾਰੇ ਨੂੰ ਖਾਲੀ ਹੱਥ ਹੀ ਵਾਪਸ ਜਾਣਾ ਪਿਆ। ਖਾਲੀ ਹੱਥ ਵਾਪਸ ਜਾਂਦਿਆ ਮੋਸ਼ੇ ਨੇ ਛਿੱਥੇ ਪਏ ਹੋਏ ਕਿਹਾ ਕਿ ਤੁਹਾਡੇ ਵਿੱਚ ਨੈਤਿਕ ਕਾਇਰਤਾ ਹੈ। ਉਸ ਨੂੰ ਦਿੱਤੇ ਹੋਏ ਚਾਂਦੀ ਦੇ ਤੋਹਫ਼ੇ ਵੀ ਉਹ ਜਾਂਦੀ ਵਾਰ ਨਾਲ ਨਹੀਂ ਲੈ ਕੇ ਗਿਆ।

2014 ਵਿਚ ਭਾਜਪਾ ਨੂੰ ਪੂਰਨ ਬਹੁਮਤ ਮਿਲਣ 'ਤੇ ਸਰਕਾਰ ਦੀ ਇਜ਼ਰਾਈਲ ਪ੍ਰਤੀ ਨੀਤੀ ਨਾ ਕੇਵਲ ਬਦਲ ਗਈ, ਬਲਕਿ ਉਲਟ ਹੋ ਗਈ। ਹੁਣ ਫਲਸਤੀਨ ਦਾ ਸਾਥ ਛੱਡ ਕੇ ਭਾਰਤ ਇਜ਼ਰਾਈਲ ਦੇ ਨੇੜੇ ਹੋ ਗਿਆ। ਭਾਜਪਾ ਅਤੇ ਆਰ ਐੱਸ ਐੱਸ ਨੇ ਇਸ ਗੱਲ ਦੀ ਪ੍ਰਵਾਹ ਵੀ ਨਹੀਂ ਕੀਤੀ ਕਿ ਅਟਲ ਬਿਹਾਰੀ ਵਾਜਪਾਈ ਜਿਹੜੇ ਕਿ ਆਰ ਐੱਸ ਐੱਸ ਦੇ ਸੰਸਥਾਪਕਾਂ ਵਿਚੋਂ ਇੱਕ ਸਨ ਅਤੇ ਇਸ ਦੇ ਪਰਚਾਰਕ ਵੀ ਸਨ, ਜਿਹਨਾ ਨੂੰ ਭਾਜਪਾ ਤੋਂ ਇਲਾਵਾ ਦੂਜਿਆਂ ਪਾਰਟੀਆਂ ਵਾਲੇ ਵੀ ਪੂਰਾ ਸਨਮਾਨ ਦੇਂਦੇ ਸਨ ਅਤੇ ਭਾਰਤ ਦੇ ਪ੍ਰਧਾਨ ਮੰਤਰੀ ਵੀ ਰਹੇ, ਉਹਨਾ ਦੀ ਇਜ਼ਰਾਈਲ ਬਾਰੇ ਨੀਤੀ ਮੌਜੂਦਾ ਭਾਜਪਾ ਸਰਕਾਰ ਦੀ ਨੀਤੀ ਤੋਂ ਬਿਲਕੁਲ ਉਲਟ ਸੀ। ਉਹ ਇਜ਼ਰਾਈਲ ਨਾਲ ਓਨੀ ਦੇਰ ਤਕ ਰਾਜਨੀਤਕ ਸਬੰਧ ਨਹੀਂ ਬਣਾਉਣਾ ਚਾਹੁੰਦੇ ਸਨ, ਜਦ ਤੱਕ ਇਜ਼ਰਾਈਲ ਫਲਸਤੀਨ ਦੇ ਉਹ ਸਾਰੇ ਇਲਾਕੇ ਖਾਲੀ ਨਹੀਂ ਕਰ ਦੇਂਦਾ, ਜਿਹਨਾਂ ਉੱਤੇ ਉਸ ਨੇ ਨਾਜਾਇਜ਼ ਕਬਜ਼ਾ ਕੀਤਾ ਹੋਇਆ ਹੈ, ਪਰ ਇਜ਼ਰਾਈਲ ਵੱਲੋਂ ਫਲਸਤੀਨ ਦੇ ਇਲਾਕਿਆਂ ਉੱਤੇ ਕਬਜ਼ਾ ਜਾਰੀ ਰੱਖਣ ਦੇ ਬਾਵਜੂਦ ਭਾਜਪਾ ਸਰਕਾਰ ਨੇ ਉਸ ਨਾਲ ਰਾਜਨੀਤਕ ਸੰਬੰਧ ਬਣਾ ਲਏ ਹਨ ਅਤੇ ਯੂ ਐੱਨ ਓ ਵਿਚ ਉਸ ਦਾ ਸਾਥ ਦੇ ਰਹੀ ਹੈ।



ਜਦੋਂ ਅਕਤੂਬਰ 2023 ਵਿਚ ਹਮਾਸ ਨੇ ਇਜ਼ਰਾਈਲ 'ਤੇ ਹਮਲਾ ਕੀਤਾ ਅਤੇ 50 ਇਜ਼ਰਾਈਲੀਆਂ ਨੂੰ ਬੰਦੀ ਬਣਾ ਕੇ ਲੈ ਗਏ ਤਾਂ ਭਾਰਤ ਨੇ ਇਸ ਹਮਲੇ ਦੀ ਕੜੀ ਨਿੰਦਾ ਕੀਤੀ ਅਤੇ ਬੰਦੀ ਤੁਰੰਤ ਵਾਪਿਸ ਕਰਨ ਲਈ ਕਿਹਾ, ਪਰ ਭਾਰਤ ਨੇ ਇਸ ਹਮਲੇ ਤੋਂ ਪਹਿਲਾਂ ਇਜ਼ਰਾਈਲ ਵੱਲੋਂ ਲਗਭੱਗ 5000 ਬਿਨਾਂ ਅਪਰਾਧ ਦੇ ਕੈਦੀ ਬਣਾਏ ਗਏ ਫਲਸਤੀਨੀਆਂ ਨੂੰ ਛੱਡਣ ਦੀ ਗੱਲ ਨਹੀਂ ਕੀਤੀ। ਇਜ਼ਰਾਈਲ ਨੇ ਜਿੰਨੀ ਵਾਰ ਵੀ ਫਲਸਤੀਨ 'ਤੇ ਹਮਲਾ ਕੀਤਾ ਤਾਂ ਇਜ਼ਰਾਈਲ ਵਿਰੁੱਧ ਯੂ ਐੱਨ ਓ ਵਿਚ ਪਏ ਮਤਿਆਂ ਵਿੱਚੋਂ ਭਾਰਤ ਜਾਣਬੁੱਝ ਕੇ ਗੈਰ-ਹਾਜ਼ਰ ਰਿਹਾ। ਸਿਰਫ ਇਹ ਕਹਿ ਦੇਣਾ ਕਿ ਯੁੱਧ ਕਿਸੇ ਮਸਲੇ ਦਾ ਹੱਲ ਨਹੀਂ, ਇਸ ਤੋਂ ਇਹ ਨਹੀਂ ਪਤਾ ਲਗਦਾ ਕਿ ਹਮਲਾਵਰ ਅਤੇ ਕਸੂਰਵਾਰ ਕੌਣ ਹੈ।

ਇਸ ਦਾ ਕਾਰਨ ਇਹ ਹੈ ਕਿ ਮੋਦੀ ਦੇ ਪ੍ਰਧਾਨ ਮੰਤਰੀ ਬਣਦੇ ਹੀ ਭਾਰਤ ਨੇ ਸੁਰੱਖਿਆ ਅਤੇ ਹਥਿਆਰਾਂ ਦੇ ਕਾਫੀ ਸਾਰੇ ਸਮਝੌਤੇ ਇਜ਼ਰਾਈਲ ਨਾਲ ਕੀਤੇ ਹੋਏ ਹਨ। 2017 ਵਿਚ ਮੋਦੀ ਇਜ਼ਰਾਈਲ ਗਏ ਅਤੇ ਇਜ਼ਰਾਈਲ ਜਾਣ ਵਾਲਾ ਭਾਰਤ ਦਾ ਪਹਿਲਾ ਪ੍ਰਧਾਨ ਮੰਤਰੀ ਮੋਦੀ ਹੀ ਸੀ। ਇਜ਼ਰਾਈਲ ਤੋਂ ਨਾ ਕੇਵਲ ਡਿਫੈਂਸ ਦਾ ਸਮਾਨ ਲਿਆ ਹੈ, ਬਲਕਿ ਪੈਗਾਸਸ ਮਾਲਵੇਅਰ ਵੀ ਲਿਆ ਗਿਆ ਹੈ, ਜਿਸ ਦੀ ਸਹਾਇਤਾ ਨਾਲ ਭਾਰਤ ਸਰਕਾਰ ਕਿਸੇ ਦੇ ਵੀ ਮੋਬਾਈਲ, ਲੈਪਟਾਪ ਜਾਂ ਕੰਪਿਊਟਰ ਵਿਚਲੀ ਜਾਣਕਾਰੀ ਲੈ ਸਕਦੀ ਹੈ। ਪੈਗਸਸ ਵਾਸਤਵ ਵਿੱਚ ਵਿਰੋਧੀ ਦੇਸ਼ ਲਈ ਜਾਸੂਸੀ ਕਰਨ ਵਾਲਿਆਂ ਬਾਰੇ ਜਾਣਕਾਰੀ ਲੈਣ ਲਈ ਜਾਂ ਦੇਸ਼ ਵਿਰੋਧੀ ਗਤੀਵਿਧੀਆਂ ਦੀ ਜਾਣਕਾਰੀ ਲਈ ਹੁੰਦਾ ਹੈ, ਪਰ ਸਰਕਾਰ ਇਸ ਨੂੰ ਆਪਣੀ ਨੀਤੀਆਂ ਦੇ ਵਿਰੁੱਧ ਲਿਖਣ ਜਾਂ ਬੋਲਣ ਵਾਲਿਆਂ ਦੇ ਵਿਰੁੱਧ ਵਰਤਦੀ ਹੈ।

ਅਟਲ ਬਿਹਾਰੀ ਵਾਜਪਾਈ ਭਾਵੇਂ ਇਜ਼ਰਾਈਲ ਦਾ ਹਿਮਾਇਤੀ ਨਹੀਂ ਸੀ, ਪਰ ਉਹਨਾਂ ਦੇ ਸਮੇਂ ਇਜ਼ਰਾਈਲ ਦੇ ਡਰੋਨ ਅਤੇ ਲੇਜ਼ਰ ਗਾਈਡਿਡ ਬੰਬ ਕਾਰਗਿਲ ਯੁੱਧ ਵਿਚ ਵਰਤੇ ਗਏ ਸਨ। ਇਹ ਸ਼ਸਤਰ ਵਰਤਣੇ ਇਸ ਲਈ ਜ਼ਰੂਰੀ ਸਨ, ਕਿਉਕਿ ਪਾਕਿਸਤਾਨ ਨੇ ਅਟਲ ਜੀ ਨਾਲ ਕੀਤਾ ਸ਼ਾਂਤੀ ਸਮਝੌਤਾ ਧੋਖੇ ਨਾਲ ਤੋੜ ਦਿੱਤਾ ਸੀ। ਪਾਕਿਸਤਾਨੀ ਫੌਜ ਕਬਾਇਲੀਆਂ ਨੂੰ ਨਾਲ ਲੈ ਕੇ ਅਚਾਨਕ ਘੁਸਪੈਠ ਕਰਕੇ ਕਾਰਗਿਲ ਦੀਆਂ ਪਹਾੜੀਆਂ ਉੱਤੇ ਆ ਗਈ ਸੀ, ਜਿੱਥੇ ਆਮ ਬੰਬ ਨਹੀਂ ਸੁੱਟੇ ਜਾ ਸਕਦੇ ਸਨ ਅਤੇ ਸਟੀਕ ਨਿਸ਼ਾਨਾ ਲਗਾਉਣ ਲਈ ਲੋੜੀਂਦੇ ਲੇਜ਼ਰ ਗਾਈਡਿਡ ਬੰਬ ਤੁਰੰਤ ਮੰਗਵਾਉਣੇ ਪਏ, ਜੋ ਕਿ ਇਜ਼ਰਾਈਲ ਤੁਰੰਤ ਦੇ ਸਕਦਾ ਸੀ। ਅਪਰੇਸ਼ਨ ਸਿੰਧੂਰ ਵਿਚ ਇਜ਼ਰਾਈਲ ਤੋਂ ਮੰਗਵਾਏ ਹਾਰੋਪ ਡਰੋਨ ਵਰਤੇ ਗਏ। ਇਜ਼ਰਾਈਲ ਨਾਲ ਹਥਿਆਰਾਂ ਦੇ, ਖੇਤੀ ਦੇ ਅਤੇ ਪਾਣੀ ਦੇ ਪ੍ਰਬੰਧਨ ਦੇ ਸਮਝੌਤਿਆਂ ਕਾਰਨ ਇਜ਼ਰਾਈਲ ਨੂੰ ਹਮਲਾਵਰ ਨਾ ਕਹਿਣ ਕਰਕੇ, ਉਸ ਵੱਲੋਂ ਫਲਸਤੀਨ ਦੇ ਇਲਾਕਿਆਂ ਉੱਤੇ ਕੀਤੇ ਕਬਜ਼ੇ ਖਾਲੀ ਕਰਨ ਲਈ ਨਾ ਕਹਿਣ ਕਰਕੇ ਅਤੇ ਫ਼ਲਸਤੀਨੀਆਂ ਉੱਤੇ ਹੋ ਰਹੇ ਜ਼ੁਲਮਾਂ ਪ੍ਰਤੀ ਹਾਅ ਦਾ ਨਾਹਰਾ ਨਾ ਮਾਰਨ ਕਰਕੇ ਭਾਰਤ ਭਾਰਤ ਸੰਸਾਰ ਭਾਈਚਾਰੇ ਵਿਚੋਂ ਨਿੱਖੜ ਚੁੱਕਿਆ ਹੈ।

**# ਸੰਪਰਕ : 94176-32228**

## ਨਸ਼ੇ ਦੇ ਟੀਕਿਆਂ ਦੀ ਬਰਾਮਦਗੀ ਮਾਮਲੇ 'ਚ ਅਦਾਲਤ ਨੇ ਦੋ ਨੂੰ ਸੁਣਾਈ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਕਰੀਬ 4 ਸਾਲ ਪਹਿਲਾਂ ਸਰਹਿੰਦ-ਰਾਜਪੁਰਾ ਜੀ.ਟੀ. ਰੋਡ ਤੋਂ ਗ੍ਰਿਫ਼ਤਾਰ ਕੀਤੇ ਗਏ ਜਲੰਧਰ ਦੇ ਦੋ ਵਸਨੀਕਾਂ ਨੂੰ ਇੱਥੋਂ ਦੀ ਇੱਕ ਅਦਾਲਤ ਵੱਲੋਂ ਕੈਦ ਤੇ ਜੁਰਮਾਨੇ ਦੀ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ। 8/5/21 ਨੂੰ ਥਾਣਾ ਬਡਾਲੀ ਆਲਾ ਸਿੰਘ ਵਿਖੇ ਅ/ਧ 22(ਸੀ)/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕੀਤੇ ਗਏ ਮੁਕੱਦਮੇ 'ਚ ਅਰਜੁਨ ਟੰਡਨ (24) ਤੇ ਵਿਸ਼ਾਲ ਬੱਤਰਾ (40) ਵਾਸੀਆਨ ਰਸਤਾ ਮੁਹੱਲਾ ਜਲੰਧਰ ਨੂੰ ਗ੍ਰਿਫ਼ਤਾਰ ਕਰਦੇ ਹੋਏ ਪੁਲਸ ਵੱਲੋਂ ਦਾਅਵਾ ਕੀਤਾ ਗਿਆ ਸੀ ਕਿ ਮੁਖ਼ਬਰੀ ਦੇ ਅਧਾਰ 'ਤੇ ਜੀ.ਟੀ. ਰੋਡ 'ਤੇ ਨਾਕਾਬੰਦੀ ਕਰਕੇ ਚੈਕਿੰਗ ਕਰ ਰਹੀ ਥਾਣਾ ਬਡਾਲੀ ਆਲਾ ਸਿੰਘ ਦੀ ਇੱਕ ਪੁਲਸ ਪਾਰਟੀ ਨੇ ਰਾਜਪੁਰਾ ਵੱਲੋਂ ਆ ਰਹੇ ਅਰਜੁਨ ਟੰਡਨ ਤੇ ਵਿਸ਼ਾਲ ਬੱਤਰਾ ਨੂੰ ਸ਼ੱਕ ਦੇ ਅਧਾਰ 'ਤੇ ਚੈਕਿੰਗ ਲਈ ਰੋਕਿਆ। ਡੀ.ਐਸ.ਪੀ. ਬਸੀ ਪਠਾਣਾਂ ਸੁਖਮਿੰਦਰ ਸਿੰਘ ਦੀ ਹਾਜ਼ਰੀ 'ਚ ਲਈ ਗਈ ਤਲਾਸ਼ੀ ਦੌਰਾਨ ਅਰਜੁਨ ਟੰਡਨ ਦੇ ਕਬਜ਼ੇ ਵਾਲੇ ਪਿੱਠੂ ਬੈਗ 'ਚੋਂ 360 ਟੀਕੇ ਬਿਊਪਰੇਨੋਰਫਿਨ ਤੇ 360 ਸ਼ੀਸ਼ੀਆਂ ਏਵਲ ਬਰਾਮਦ ਹੋਈਆਂ, ਜਦੋਂ ਕਿ ਤਲਾਸ਼ੀ ਦੌਰਾਨ ਉਸ ਦੇ ਸਾਥੀ ਵਿਸ਼ਾਲ ਬੱਤਰਾ ਦੇ ਕਬਜ਼ੇ ਵਾਲੇ ਪਿੱਠੂ ਬੈਗ 'ਚੋਂ 90 ਟੀਕੇ ਬਿਊਪਰੇਨੋਰਫਿਨ ਤੇ 90 ਸ਼ੀਸ਼ੀਆਂ ਏਵਲ ਬਰਾਮਦ ਹੋਈਆਂ। ਮੁਕੱਦਮੇ ਦੀ ਸੁਣਵਾਈ ਪੂਰੀ ਹੋਣ 'ਤੇ ਫ਼ਤਹਿਗੜ੍ਹ ਸਾਹਿਬ ਦੀ ਸਪੈਸ਼ਲ ਅਦਾਲਤ ਨੇ ਅਰਜੁਨ ਟੰਡਨ ਨੂੰ ਮਾਮਲੇ 'ਚ ਅ/ਧ 22 ਐਨ.ਡੀ.ਪੀ.ਐਸ. ਐਕਟ ਤਹਿਤ ਦੋਸ਼ੀ ਮੰਨਦੇ ਹੋਏ 17 ਸਾਲ ਕੈਦ ਬਾਮੁਸ਼ੱਕਤ ਤੇ 2 ਲੱਖ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ, ਜਦੋਂ ਕਿ ਵਿਸ਼ਾਲ ਬੱਤਰਾ ਨੂੰ ਅ/ਧ 22 ਐਨ.ਡੀ.ਪੀ.ਐਸ. ਐਕਟ ਤਹਿਤ ਦੋਸ਼ੀ ਮੰਨਦੇ ਹੋਏ 15 ਸਾਲ ਕੈਦ ਬਾਮੁਸ਼ੱਕਤ ਅਤੇ 2 ਲੱਖ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

## ਮੰਗਾਂ ਨੂੰ ਲੈ ਕੇ ਡਿਪੂ ਹੋਲਡਰਾਂ ਨੇ ਸੌਂਪਿਆ ਮੰਗ ਪੱਤਰ

● ਈ ਕੇ ਵਾਈ ਸੀ ਦਾ ਮਿਹਨਤਾਨਾ ਡਿਪੂ ਹੋਲਡਰਾਂ ਨੂੰ ਦਿੱਤਾ ਜਾਵੇ : ਕਾਂਝਲਾ



**ਧੂਰੀ (ਮਹਿਤ ਗਰਗ, ਬਿੰਨੀ ਗਰਗ)** ਰਾਸ਼ਨ ਡਿੱਪੂ ਹੋਲਡਰ ਫੈਡਰੇਸ਼ਨ ਪੰਜਾਬ ਵੱਲੋਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਕਾਂਝਲਾ ਦੀ ਅਗਵਾਈ ਹੇਠ ਪੰਜਾਬ ਦੇ ਮੁੱਖ ਮੰਤਰੀ ਤੇ ਖੁਰਾਕ ਸਪਲਾਈ ਮੰਤਰੀ ਦੇ ਨਾਂਅ 'ਤੇ ਡਿਪਟੀ ਕਮਿਸ਼ਨਰ ਸੰਗਰੂਰ ਦੇ ਨਾਂਅ ਮੰਗ ਪੱਤਰ ਸੌਂਪਿਆ ਗਿਆ। ਮੰਗ ਪੱਤਰ ਵਿੱਚ ਸ਼ੁਮਾਰ ਮੰਗਾਂ ਦਾ ਵੇਰਵਾ ਦਿੰਦਿਆਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਕਾਂਝਲਾ ਨੇ ਕਿਹਾ ਕਿ ਡਿਪੂ ਹੋਲਡਰਾਂ ਦੀਆਂ ਜਾਇਜ਼ ਮੰਗਾਂ ਜਿਸ ਵੱਲ ਅੱਜ ਤੱਕ ਅਕਾਲੀ ਦਲ ਤੇ ਕਾਂਗਰਸ ਦੀਆਂ ਸਰਕਾਰਾਂ ਨੇ ਗੌਰ ਨਹੀਂ ਕੀਤਾ, ਪਰ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਡਿੱਪੂ ਹੋਲਡਰਾਂ ਨੂੰ ਆਸ ਦੀ ਕਿਰਨ ਜਾਗੀ ਹੈ। ਉਨ੍ਹਾਂ ਮਾਰਕਫੈਡ ਡਿੱਪੂਆਂ ਦੇ ਅਧਾਰ 'ਤੇ 68000/- ਰੁਪਏ ਪ੍ਰਤੀ ਮਹੀਨਾ ਮਾਣ ਭੱਤਾ, ਬਿਜਲੀ ਦਾ ਬਿਲ ਅਤੇ ਦੁਕਾਨ ਦਾ ਕਿਰਾਇਆ ਡਿੱਪੂ ਹੋਲਡਰਾਂ ਨੂੰ ਦਿੱਤਾ ਜਾਵੇ।ਲੰਮੇ ਸਮੇਂ ਤੋਂ ਬੰਦ ਪਈਆਂ ਸਪਲਾਈਆਂ ਬਹਾਲ ਕਰਕੇ ਇੱਕ ਡਿੱਪੂ ਤੇ ਘੱਟੋ-ਘੱਟ 500 ਕਾਰਡ ਅਲਾਟ ਕੀਤਾ। ਕੁੱਝ ਡਿੱਪੂ ਹੋਲਡਰਾਂ ਅਤੇ ਕੁੱਝ ਇੰਸਪੈਕਟਰਾਂ ਦੇ ਸਰਗਰਮ ਮਾਫੀਏ ਦੀ ਚੇਨ ਨੂੰ ਤੋੜਿਆ ਜਾਵੇ।ਗੈਰ ਅਧਿਕਾਰਿਤ ਵਿਅਕਤੀਆਂ ਦੀ ਡਿਪੂ ਹੋਲਡਰਾਂ ਦੇ ਕੰਮਕਾਜ ਵਿੱਚ ਦਖਲਅੰਦਾਜ਼ੀ ਬੰਦ ਕਰਵਾਈ ਜਾਵੇ ਅਤੇ ਕਣਕ ਦੀ ਵੰਡ ਡਿੱਪੂਆਂ 'ਤੇ ਹੀ ਕੀਤੀ ਜਾਵੇ ਅਤੇ ਬਿਨਾਂ ਵਜ੍ਹਾ ਸਪਲਾਈਆਂ ਬੰਦ ਨਾ ਕੀਤੀਆਂ ਜਾਣ।ਲੋਡਿੰਗ, ਅਨਲੋਡਿੰਗ, ਟਰਾਂਸਪੋਰਟ ਅਤੇ ਲੇਬਰ ਦੀ ਰਕਮ ਜੋ ਠੇਕੇਦਾਰ ਨੂੰ ਅਦਾ ਕੀਤੀ ਜਾਂਦੀ ਹੈ, ਉਹ ਡਿੱਪੂ ਹੋਲਡਰਾਂ ਨੂੰ ਦਿੱਤਾ ਜਾਵੇ।ਦੂਜੇ ਰਾਜਾਂ ਦੀ ਤਰਜ਼ 'ਤੇ ਕਾਰਡ ਹੋਲਡਰਾਂ ਨੂੰ ਜਿਸ ਤਰ੍ਹਾਂ ਰਸੋਈ ਰਾਸ਼ਨ ਦਿੱਤਾ ਜਾਂਦਾ ਹੈ, ਉਸੇ ਤਰ੍ਹਾਂ ਰਾਸ਼ਨ ਦਿੱਤਾ ਜਾਵੇ।ਈਕੇਵਾਈਸੀ ਦੇ ਕੰਮ ਬਦਲੇ ਮਿਹਨਤਾਨਾ ਡਿੱਪੂ ਹੋਲਡਰਾਂ ਨੂੰ ਦਿੱਤਾ ਜਾਵੇ।ਡਿੱਪੂ ਹੋਲਡਰਾਂ ਨੂੰ ਬੀ.ਐਲ.ਓ ਦਾ ਕੰਮ ਦਿੱਤਾ ਜਾਵੇ।ਇੰਸਪੈਕਟਰਾਂ ਦੇ ਪ੍ਰਾਈਵੇਟ ਕਰਿੰਦਿਆਂ ਨੂੰ ਨੱਥ ਪਾਈ ਜਾਵੇ।ਉਨ੍ਹਾਂ ਕਿਹਾ ਕਿ ਜਦੋਂ ਕਣਕ ਖਰੀਦ ਕੀਤੀ ਜਾਂਦੀ ਹੈ ਕਿ ਸਰਕਾਰ ਨੂੰ 12% ਨਮੀ ਤੇ ਕਣਕ ਖਰੀਦ ਕਰਦੀ ਹੈ, ਪਰ ਜਦੋਂ ਕਣਕ ਡਿੱਪੂ ਹੋਲਡਰਾਂ ਨੂੰ ਦਿੱਤੀ ਜਾਂਦੀ ਹੈ ਤਾਂ 17/18% ਨਮੀ ਤੇ ਦਿੱਤੀ ਜਾਂਦੀ ਹੈ, ਇਸ 'ਤੇ ਗੌਰ ਕਰਨ ਦੀ ਲੋੜ ਹੈ। ਉਨ੍ਹਾਂ ਮੰਗ ਕੀਤੀ ਕਿ ਹਰ ਕਾਰਡ ਧਾਰਕ ਨੂੰ ਆਯੂਸ਼ਮਾਨ ਸਿਹਤ ਬੀਮਾ ਯੋਜਨਾ ਦੇ ਘੇਰੇ ਵਿੱਚ ਲਿਆਉਣ, ਕਣਕ ਦੀ ਸ਼ਾਰਟੇਜ ਦੇਣ, ਕਣਕ ਦੀ ਢੋਆ ਢੁਆਈ ਵੀ ਇੰਸਪੈਕਟਰਾਂ ਦੀ ਹਾਜ਼ਰੀ ਵਿੱਚ ਕਰਾਉਣ ਅਤੇ ਪੰਜਾਬ ਵਿਚ ਨਵੇਂ ਰਾਸ਼ਨ ਕਾਰਡ ਬਣਾਉਣ, ਮਿਆਰੀ ਕੰਡੇ ਵੱਟੇ ਦੇਣ ਅਤੇ ਈ ਪੋਸ਼ ਮਸ਼ੀਨ ਦਾ ਕਿਰਾਇਆ ਡਿੱਪੂ ਹੋਲਡਰਾਂ ਨੂੰ ਦੇਣ ਦੀ ਮੰਗ ਕੀਤੀ ਗਈ। ਉਨ੍ਹਾਂ ਚੇਤਾਵਨੀ ਭਰੇ ਲਹਿਜ਼ੇ ਵਿੱਚ ਕਿਹਾ ਕਿ ਜੇਕਰ ਸਰਕਾਰ ਨੇ ਡਿੱਪੂ ਹੋਲਡਰਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਡਿਪੂ ਹੋਲਡਰ ਤਿੱਖਾ ਸੰਘਰਸ਼ ਵਿੱਢਣ ਤੋਂ ਗੁਰੇਜ਼ ਨਹੀਂ ਕਰਨਗੇ।

## ਵਿਗਿਆਨ ਕੁਇਜ਼ ਤੇ ਮਾਡਲ ਮੁਕਾਬਲਾ ਕਰਾਇਆ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ ਨੇ ਪ੍ਰਿੰਸੀਪਲ ਰਘਿੰਦਰ ਪਟਿਆਲ ਦੀ ਅਗਵਾਈ ਹੇਠ ਆਉਣ ਵਾਲੇ ਵਿਗਿਆਨ ਮੇਲੇ ਦੀਆਂ ਤਿਆਰੀਆਂ ਦੇ ਹਿੱਸੇ ਵਜੋਂ ਇੱਕ ਵਿਗਿਆਨ ਕੁਇਜ਼ ਤੇ ਮਾਡਲ ਮੁਕਾਬਲਾ ਕਰਵਾਇਆ। ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਵਿੱਚ ਵਿਗਿਆਨਕ ਸੋਚ, ਨਵੀਨਤਾ ਤੇ ਪੇਸ਼ਕਾਰੀ ਦੇ ਹੁਨਰ ਨੂੰ ਉਤਸ਼ਾਹਤ ਕਰਨਾ ਸੀ।ਤਿੰਨ ਸ਼੍ਰੇਣੀਆਂ ਦੇ ਵਿਦਿਆਰਥੀਆਂ ਸ਼ਿਸ਼ੂ, ਬਾਲ ਤੇ ਕਿਸ਼ੋਰ ਨੇ ਵਿਗਿਆਨ ਕੁਇਜ਼ ਵਿੱਚ ਹਿੱਸਾ ਲਿਆ। ਇਸ ਮੁਕਾਬਲੇ ਵਿੱਚੋਂ ਸ਼ਿਸ਼ੂ ਸ਼੍ਰੇਣੀ ਦੀ ਵਾਰਿਸ, ਅੰਜਲੀ ਅਤੇ ਅੰਮ੍ਰਿਤਾ (ਟੀਮ ਏ), ਬਾਲ ਸ਼੍ਰੇਣੀ (ਟੀਮ ਬੀ) ਦੀ ਰਿਸ਼ਿਕਾ, ਲਿਆਸ਼ਾ ਅਤੇ ਰਿਜ਼ੁਲ ਮੁਕਾਬਲੇ ਵਿੱਚ ਅੱਗੇ ਸਨ।ਇਸ ਤੋਂ ਇਲਾਵਾ, ਕਿਸ਼ੋਰ ਸ਼੍ਰੇਣੀ ਦੀ ਹਰਿੰਦਰ, ਗੁਰਮਿੰਦਰ, ਹਰਨੂਰ (ਟੀਮ ਸੀ) ਅੱਗੇ ਆਈਆਂ। ਮਾਡਲ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਵੀ ਸ਼ਲਾਘਾਯੋਗ ਪ੍ਰਦਰਸ਼ਨ ਕੀਤਾ।



ਇਸ ਵਿੱਚ ਨਵਦੀਪ ਕੌਰ ਨੇ ਪਹਿਲਾ ਸਥਾਨ, ਕੋਮਲਦੀਪ ਕੌਰ ਨੇ ਵੈਕਿਊਮ ਕਲੀਨਰ ਮਾਡਲ ਵਿੱਚ ਦੂਜਾ ਸਥਾਨ ਤੇ ਪ੍ਰਭਜੋਤ ਕੌਰ ਨੇ ਸੂਰਜੀ ਊਰਜਾ ਮਾਡਲ ਵਿੱਚ, ਜਸਲੀਨ ਕੌਰ ਨੇ ਸੂਰਜੀ ਊਰਜਾ ਮਾਡਲ ਵਿੱਚ ਤੇ ਹਰਸਿਮਰ ਕੌਰ ਨੇ ਪਾਣੀ ਪ੍ਰਬੰਧਨ ਮਾਡਲ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ। ਗਣਿਤ ਸ਼੍ਰੇਣੀ ਨੌਜਵਾਨ ਸ਼੍ਰੇਣੀ ਦੇ ਭਾਗੀਦਾਰ ਦਸਵੀਂ ਜਮਾਤ ਦੇ ਵਿਦਿਆਰਥੀ ਸੁਖਮਨ, ਹਿਮਾਂਸ਼ੂ, ਭਾਵਿਕ ਤੇ ਨੌਵੀਂ ਜਮਾਤ ਦੇ ਵਿਦਿਆਰਥੀ ਇਸ਼ਮੀਤ, ਦਿਸ਼ਿਕਾ ਤੇ ਜਾਨਵੀ ਨੇ ਮਾਡਲ ਮੁਕਾਬਲੇ ਵਿੱਚ ਬਹੁਤ ਵਧੀਆ ਪ੍ਰਦਰਸ਼ਨ ਕੀਤਾ।ਸਕੂਲ ਦੇ ਵਾਈਸ ਪ੍ਰਿੰਸੀਪਲ ਵਿਕਰਮਜੀਤ ਸਿੰਘ ਦੁਆਰਾ ਪੂਰੇ ਪ੍ਰੋਗਰਾਮ ਦਾ ਨਿਰੀਖਣ ਕੀਤਾ ਗਿਆ। ਪ੍ਰੋਗਰਾਮ ਦੇ ਸਫਲ ਸੰਚਾਲਨ ਵਿੱਚ ਵਿਗਿਆਨ ਵਿਸ਼ੇ ਦੇ ਇੰਚਾਰਜ ਅਧਿਆਪਕ ਸਪਨਾ ਚੌਹਾਨ, ਸ਼ਾਲੂ ਗੋਇਲ, ਅਕਸ਼ੈ ਕੁਮਾਰ, ਕੁਰਸ਼ੈਦ, ਜਸਪ੍ਰੀਤ ਕੌਰ ਅਤੇ ਕਾਜਲ ਦਾ ਵਿਸ਼ੇਸ਼ ਯੋਗਦਾਨ ਰਿਹਾ।

## ਕਿਰਤੀ ਕਿਸਾਨ ਯੂਨੀਅਨ ਮੋਤਲੇਵਾਲਾ ਦੀ ਚੋਣ

● ਸੁਖਪਾਲ ਸਿੰਘ ਜਥੇਦਾਰ ਬਣੇ ਇਕਾਈ ਦੇ ਪ੍ਰਧਾਨ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੁਸ਼ਾ)** ਕਿਰਤੀ ਕਿਸਾਨ ਯੂਨੀਅਨ ਵੱਲੋਂ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡੇ ਰੋਡੇ ਦੀ ਅਗਵਾਈ ਵਿੱਚ 25 ਅਗਸਤ ਦੀ ਸੰਗਰੂਰ ਰੈਲੀ ਨੂੰ ਸਫ਼ਲ ਬਣਾਉਣ ਲਈ ਪਿੰਡ ਮੋਤਲੇਵਾਲਾ ਵਿੱਚ ਮੀਟਿੰਗ ਕੀਤੀ ਗਈ, ਜਿਸ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਮਾਸਟਰ ਜਸਵਿੰਦਰ ਸਿੰਘ ਝਬੇਲਵਾਲੀ ਖਾਸ ਤੌਰ 'ਤੇ ਪਹੁੰਚੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੈਂਡ ਪੂਲਿੰਗ ਨੀਤੀ ਰਾਹੀਂ ਕਿਸਾਨਾਂ ਦੀਆਂ ਜ਼ਮੀਨਾਂ ਨੂੰ ਖੋਹ ਕੇ ਕਾਰਪੋਰੇਟ ਦੇ ਹਵਾਲੇ ਕਰਨਾ ਚਾਹੁੰਦੀ ਹੈ ਤੇ ਪੂਰੇ ਪੰਜਾਬ ਨੂੰ ਬਰਬਾਦੀ ਦੇ ਰਾਹ 'ਤੇ ਧੱਕਣਾ ਚਾਹੁੰਦੀ ਹੈ। ਸਰਕਾਰ ਦੀਆਂ ਇਨ੍ਹਾਂ ਨੀਤੀਆਂ ਕਾਰਨ ਪੰਜਾਬ ਵਿੱਚ ਵੱਡੇ ਪੱਧਰ 'ਤੇ ਬੇਰੁਜ਼ਗਾਰੀ ਫੈਲੇਗੀ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਜੋ ਅਮਰੀਕਾ ਨਾਲ ਵਪਾਰਕ ਸਮਝੌਤੇ ਕੀਤੇ ਜਾ ਰਹੇ ਹਨ, ਜਿਸ ਨਾਲ ਭਾਰਤ ਦਾ ਪੂਰਾ ਡੇਅਰੀ ਨਾਲ ਜੁੜਿਆ ਖੇਤਰ ਉਸ ਉੱਪਰ ਵੀ ਗਾਜ ਡਿੱਗੇਗੀ। ਇਨ੍ਹਾਂ ਵਪਾਰਕ ਸਮਝੌਤਿਆਂ ਕਾਰਨ ਕਿਸਾਨ, ਵਪਾਰੀ ਤੇ ਮਜ਼ਦੂਰ ਵਰਗ ਬੁਰੀ ਤਰ੍ਹਾਂ ਪ੍ਰਭਾਵਤ ਹੋਣਗੇ। ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡੇ ਰੋਡੇ ਨੇ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਨੂੰ ਪੁਲਸ ਸਟੇਟ ਬਣਾਉਣ ਦੇ ਰਾਹ ਪਾਈ ਹੋਈ ਹੈ ਤੇ ਲੋਕਾਂ ਦੇ ਹੱਕਾਂ ਲਈ ਆਵਾਜ਼ ਬੁਲੰਦ ਕਰਨ ਵਾਲਿਆਂ ਵਿਰੁੱਧ ਲਗਾਤਾਰ ਸਰਕਾਰ ਦੀ ਸ਼ਹਿ 'ਤੇ ਪੁਲਸ ਵੱਲੋਂ ਉਨ੍ਹਾਂ ਦੀ ਜ਼ੁਬਾਨਬੰਦੀ ਕੀਤੀ ਜਾ ਰਹੀ ਹੈ ਤੇ ਲੋਕ ਆਗੂਆਂ ਨੂੰ ਜੇਲ੍ਹਾਂ ਵਿੱਚ ਸੁਟਿਆ ਜਾ ਰਿਹਾ ਹੈ, ਜਿਸ ਖਿਲਾਫ ਸੰਗਰੂਰ ਵਿਖੇ ਮੁੱਖ ਮੰਤਰੀ ਦੇ ਘਰ ਮੂਹਰੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਵਿਦਿਆਰਥੀਆਂ ਨੌਜਵਾਨਾਂ ਦਾ ਇੱਕ ਵਿਸ਼ਾਲ ਇਕੱਠ ਕੀਤਾ ਜਾ ਰਿਹਾ ਹੈ। ਇਸ ਉਪਰੰਤ ਪਿੰਡ ਮੋਤਲੇਵਾਲਾ ਵਿੱਚ ਕਿਰਤੀ ਕਿਸਾਨ ਯੂਨੀਅਨ ਦੀ 13 ਮੈਂਬਰੀ ਨਵੀਂ ਇਕਾਈ ਦਾ ਗਠਨ ਕੀਤਾ ਗਿਆ। ਜਿਸ ਵਿੱਚ ਜਥੇਦਾਰ ਸੁਖਪਾਲ ਸਿੰਘ ਨੂੰ ਪ੍ਰਧਾਨ, ਅੰਗਰੇਜ਼ ਸਿੰਘ ਨੂੰ ਸਕੱਤਰ ਤੇ ਗੁਰਵਿੰਦਰ ਸਿੰਘ ਖ਼ਜ਼ਾਨਚੀ, ਕੁਲਵੀਰ ਸਿੰਘ ਮੀਤ ਪ੍ਰਧਾਨ ਤੋਂ ਇਲਾਵਾ ਕੁਲਦੀਪ ਸਿੰਘ, ਜਗਰੂਪ ਸਿੰਘ, ਬੋਹੜ ਸਿੰਘ ਫੌਜੀ, ਗੁਰਚਰਨ ਸਿੰਘ, ਹਰਦੀਪ ਸਿੰਘ, ਸਿਮਰਜੀਤ ਸਿੰਘ, ਬਿੱਕਰ ਸਿੰਘ ਕੁਲਵੀਰ ਸਿੰਘ ਤੇ ਸੁਖਦੇਵ ਸਿੰਘ ਨੂੰ ਮੈਂਬਰ ਚੁਣਿਆ ਗਿਆ। ਇਸ ਸਮੇਂ ਜ਼ਿਲ੍ਹਾ ਮੀਤ ਪ੍ਰਧਾਨ ਗੁਰਮੀਤ ਸਿੰਘ ਬਲਜੀਤ ਸਿੰਘ ਫੌਜੀ, ਸੁਖਦੇਵ ਸਿੰਘ ਝਬੇਲਵਾਲੀ ਹਾਜ਼ਰ ਸਨ।



## ਲੈਂਡ ਪੂਲਿੰਗ ਨੀਤੀ ਕਿਸਾਨਾਂ ਦੀ ਲੁੱਟ ਦਾ ਨਵਾਂ ਕੇਜਰੀਵਾਲ ਮਾਡਲ, ਇਸ ਨੂੰ ਰੱਦ ਕੀਤਾ ਜਾਵੇ : ਕ੍ਰਿਸ਼ਨ ਸਿੰਘ ਸਨੌਰ

**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪੰਜਾਬ ਦੀ ਧਰਤੀ 'ਤੇ ਗੁਰੂ ਸਾਹਿਬ ਦਾ ਆਸ਼ੀਰਵਾਦ ਹੈ ਅਤੇ ਜ਼ਮੀਨ ਪੰਜਾਬੀਆਂ ਦੀ ਮਾਂ ਹੈ, ਜਿਸ ਦੀ ਅਹਿਮੀਅਤ ਉਹ ਲੋਕ ਕਦੇ ਨਹੀਂ ਸਮਝ ਸਕਦੇ ਜੋ ਪੰਜਾਬ ਤੋਂ ਬਾਹਰੋਂ ਆ ਕੇ ਕੇਜਰੀਵਾਲ ਮਾਡਲ ਦੀਆਂ ਨੀਤੀਆਂ ਲਾਗੂ ਕਰ ਰਹੇ ਹਨ।ਇਨ੍ਹਾਂ ਸ਼ਬਦਾਂ ਨਾਲ ਸਨੌਰ ਹਲਕੇ ਦੇ ਕਿਸਾਨ ਆਗੂ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਬੁਲਾਰੇ ਕ੍ਰਿਸ਼ਨ ਸਿੰਘ ਸਨੌਰ ਨੇ ਪੰਜਾਬ ਸਰਕਾਰ ਵਲੋਂ ਲਾਗੂ ਕੀਤੀ ਗਈ ਲੈਂਡ ਪੁਲਿੰਗ ਨੀਤੀ ਨੂੰ ਕਿਸਾਨ ਘਾਤੀ ਲੈਂਡ ਲੁੱਟ ਨੀਤੀ ਕਰਾਰ ਦਿੰਦਿਆਂ ਚਿੰਤਾ ਪ੍ਰਗਟਾਈ। ਕਿਸਾਨ ਆਗੂ ਕ੍ਰਿਸ਼ਨ ਸਿੰਘ ਨੇ ਦੱਸਿਆ ਕਿ ਇਹ ਨੀਤੀ ਕਿਸਾਨਾਂ ਨੂੰ ਆਰਥਿਕ ਤਬਾਹੀ ਵੱਲ ਧੱਕਣ, ਉਨ੍ਹਾਂ ਨੂੰ ਜ਼ਮੀਨ-ਰਹਿਤ ਬਣਾਉਣ ਅਤੇ ਰਿਹਾਇਸ਼ੀ ਤੇ ਵਪਾਰਕ ਮਾਫੀਆ ਦੇ ਹਵਾਲੇ ਕਰਨ ਦੀ ਯੋਜਨਾ ਦਾ ਹਿੱਸਾ ਹੈ।ਇਹ ਨੀਤੀ ਕਿਸੇ ਵੀ ਤਰੀਕੇ ਨਾਲ ਕਿਸਾਨ-ਪੱਖੀ ਨਹੀਂ ਸਗੋਂ ਬਿਲਡਰਾਂ ਦੀ ਮਿਲੀਭਗਤ ਨਾਲ ਬਣਾਈ ਗਈ ਲੁੱਟ ਦੀ ਰਣਨੀਤੀ ਹੈ, ਜਿਸ ਰਾਹੀਂ ਕਾਰਪੋਰੇਟ ਘਰਾਣਿਆਂ ਨੂੰ ਜ਼ਮੀਨ ਦੇ ਤੋਹਫ਼ੇ ਦਿੱਤੇ ਜਾ ਰਹੇ ਹਨ।ਨਕਲੀ ਵਿਕਾਸ ਦੇ ਨਾਂਅ 'ਤੇ ਕਿਸਾਨਾਂ ਦੀ ਜ਼ਮੀਨ ਖੋਹਣ ਵਾਲੀ ਇਹ ਸਕੀਮ, ਉਨ੍ਹਾਂ ਦੀ ਰਜ਼ਾਮੰਦੀ ਤੋਂ ਬਿਨਾਂ ਜ਼ਬਰਦਸਤੀ ਲਾਗੂ ਕੀਤੀ ਜਾ ਰਹੀ ਹੈ।ਛੋਟੇ ਕਿਸਾਨਾਂ ਲਈ ਤਾਂ ਇਹ ਨੀਤੀ ਪੂਰੀ ਤਰ੍ਹਾਂ ਆਤਮਘਾਤੀ ਹੈ, ਕਿਉਂਕਿ ਨਾ ਉਨ੍ਹਾਂ ਕੋਲ ਆਮਦਨ ਦਾ ਵਿਕਲਪ ਹੋਵੇਗਾ, ਨਾ ਹੀ ਠੋਸ ਮੁਆਵਜ਼ਾ। ਉਨ੍ਹਾਂ ਇਹ ਵੀ ਕਿਹਾ ਕਿ ਇਹ ਨੀਤੀ ਅਸਲ ਵਿੱਚ ਪੰਜਾਬ ਦੀ ਖੇਤੀਬਾੜੀ ਨੂੰ ਖ਼ਤਮ ਕਰਨ ਦੀ ਰਾਸ਼ਟਰੀ ਯੋਜਨਾ ਦਾ ਹਿੱਸਾ ਲੱਗਦੀ ਹੈ।ਉਨ੍ਹਾਂ ਦੱਸਿਆ ਕਿ ਗਮਾਡਾ, ਗਲਾਡਾ ਤੇ ਹੋਰ ਸ਼ਹਿਰੀ ਅਥਾਰਿਟੀਆਂ ਨੇ ਪਹਿਲਾਂ ਵੀ ਕਈ ਪਿੰਡਾਂ ਵਿੱਚ ਕਿਸਾਨਾਂ ਨਾਲ ਠੱਗੀ ਕੀਤੀ ਹੈ।ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਸਾਨ ਆਗੂ ਨੇ ਕਿਹਾ ਕਿ ਜੇਕਰ ਇਹ ਲੈਂਡ ਪੁਲਿੰਗ ਨੀਤੀ ਵਾਪਸ ਨਾ ਲਈ ਗਈ ਤਾਂ ਸ਼੍ਰੋਮਣੀ ਅਕਾਲੀ ਦਲ ਕਿਸਾਨਾਂ ਦੀ ਆਵਾਜ ਵਜੋਂ ਸੜਕਾਂ ਉੱਤੇ ਉੱਤਰ ਆਵੇਗੀ ।



## ਬਾਲ ਲੇਖਕ ਪੰਜਾਬ ਭਵਨ ਕੈਨੇਡਾ ਦੁਆਰਾ ਸਨਮਾਨਤ

**ਹਠੂਰ (ਨਛੱਤਰ ਸੰਧੂ)** ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਮੋਗਾ ਜਿੱਥੇ ਵਿਦਿਆ ਦੇ ਖੇਤਰ ਵਿੱਚ ਇੱਕ ਮੋਹਰੀ ਸੰਸਥਾ ਦੇ ਨਾਂਅ ਵਜੋਂ ਜਾਣੀ ਜਾਂਦੀ ਹੈ, ਉੱਥੇ ਖੇਡਾਂ ਦੇ ਨਾਲ ਨਾਲ ਵਿਦਿਆਰਥੀਆਂ ਦੀ ਰੁਚੀ ਮੁਤਾਬਕ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਵਿੱਚ ਉਨ੍ਹਾਂ ਦੀ ਭਾਗੀਦਾਰੀ ਨੂੰ ਮੁੱਖ ਰੱਖਿਆ ਜਾਂਦਾ ਹੈ। ਇਸੇ ਗੱਲ ਨੂੰ ਮੁੱਖ ਰੱਖਦਿਆਂ ਵਿਦਿਆਰਥੀਆਂ ਅੰਦਰ ਪੰਜਾਬੀ ਮਾਂ ਬੋਲੀ ਪ੍ਰਤੀ ਸਤਿਕਾਰ ਤੇ ਮਾਂ ਬੋਲੀ ਨੂੰ ਉੱਚਾ ਚੁੱਕਣ ਲਈ ਪੰਜਾਬ ਭਵਨ ਸਰੀ ਕਨੇਡਾ ਵੱਲੋਂ ਛਾਪੀ ਗਈ ਨਵ ਪ੍ਰਕਾਸ਼ਤ ਬਾਲ ਪੁਸਤਕ 'ਨਵੀਆਂ ਕਲਮਾਂ ਨਵੀਂ ਉਡਾਣ' ਭਾਗ 44 ਵਿੱਚ ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਦੇ ਨੰਨ੍ਹੇ ਲੇਖਕਾਂ ਦੀਆਂ ਰਚਨਾਵਾਂ ਨੂੰ ਦਰਜ ਕੀਤਾ ਗਿਆ, ਜਿਸ ਵਿੱਚ ਕਲਾਸ ਅੱਠਵੀਂ ਦੀ ਵਿਦਿਆਰਥਣ ਰਵਜੀਤ ਕੌਰ ਤੇ ਕਲਾਸ ਦਸਵੀਂ ਦੇ ਹੋਣਹਾਰ ਵਿਦਿਆਰਥੀ ਹਰਮਿੰਦਰ ਸਿੰਘ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਧਾਨ ਸਰਦਾਰ ਚਰਨ ਸਿੰਘ, ਸਕੂਲ ਚੇਅਰਮੈਨ ਯੋਗਿੰਦਰ ਸ਼ਰਮਾ, ਸਕੂਲ ਪ੍ਰਿੰਸੀਪਲ ਕੁੰਜੂਮੋਲ ਜੋਅ ਅਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਕਿਹਾ ਕਿ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਮਾਂ ਬੋਲੀ ਨੂੰ ਸਮਰਪਤ ਹੁੰਦਿਆਂ ਜੋ ਮਾਂ ਬੋਲੀ ਪੰਜਾਬੀ ਦਾ ਪੱਧਰ ਉੱਚਾ ਚੁੱਕਣ ਲਈ ਇਨ੍ਹਾਂ ਵਿਦਿਆਰਥੀਆਂ ਨੇ ਆਪਣਾ ਯੋਗਦਾਨ ਦਿੱਤਾ ਹੈ, ਉਹ ਵਾਕਿਆ ਹੀ ਸ਼ਲਾਘਾਯੋਗ ਹੈ।



## ਹੋਲੀ ਹਾਰਟ ਸਕੂਲ 'ਚ ਬੱਚਿਆਂ ਨੂੰ ਸਿਖਾਇਆ ਐਮਰਜੈਂਸੀ ਮੌਕੇ ਮਦਦ ਲੈਣ ਦਾ ਤਰੀਕਾ

**ਅਜੀਤਵਾਲ (ਨਛੱਤਰ ਸੰਧੂ)** ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਵਿਦਿਆਰਥੀਆਂ ਨੂੰ ਜੀਵਨ ਬਚਾਉਣ ਵਾਲੀ ਜਾਣਕਾਰੀ ਦੇਣ ਵਾਲੇ ਇੱਕ ਸ਼ਲਾਘਾਯੋਗ ਪਹਿਲ ਕੀਤੀ ਗਈ।ਸਕੂਲ ਵਿੱਚ ਇੱਕ ਵਿਸ਼ੇਸ਼ ਹੈਲਪਲਾਈਨ ਅਵੇਅਰਨੈਸ ਐਕਟੀਵਿਟੀ ਕਰਾਈ ਗਈ, ਜਿਸ ਵਿੱਚ ਬੱਚਿਆਂ ਨੂੰ ਸਰਕਾਰੀ ਐਮਰਜੈਂਸੀ ਹੈਲਪਲਾਈਨ ਨੰਬਰਾਂ ਦੀ ਜਾਣਕਾਰੀ ਦਿੱਤੀ ਗਈ ਤੇ ਉਨ੍ਹਾਂ ਨੂੰ ਉਨ੍ਹਾਂ ਦੇ ਠੀਕ ਇਸਤੇਮਾਲ ਬਾਰੇ ਵੀ ਸਿਖਾਇਆ ਗਿਆ। ਅਧਿਆਪਕਾਂ ਦੀ ਅਗਵਾਈ ਹੇਠ ਕਰਾਈ ਗਤੀਵਿਧੀ ਦੌਰਾਨ ਬੱਚਿਆਂ ਨੂੰ ਡਿਜ਼ੀਟਲ ਬੋਰਡ ਰਾਹੀਂ ਬਹੁਤ ਹੀ ਸੌਖੇ ਤੇ ਪ੍ਰਭਾਵਸ਼ਾਲੀ ਢੰਗ ਨਾਲ ਸਮਝਾਇਆ ਗਿਆ ਕਿ ਕਿਸੇ ਵੀ ਐਮਰਜੈਂਸੀ ਹਾਲਤ ਵਿੱਚ ਕਿਸੇ ਨੰਬਰ 'ਤੇ ਸੰਪਰਕ ਕਰਨਾ ਚਾਹੀਦਾ ਹੈ। ਉਦਾਹਰਣ ਵਜੋਂ ਅੱਗ ਲੱਗਣ ਦੀ ਸਥਿਤੀ ਵਿੱਚ 101 'ਤੇ ਫਾਇਰ ਬ੍ਰਿਗੇਡ ਨੂੰ, ਕਿਸੇ ਵੀ ਕਾਨੂੰਨੀ ਜਾਂ ਸੁਰੱਖਿਆ ਸਬੰਧੀ ਮਦਦ ਲਈ 112, ਚਿਕਿਤਸਾ ਐਮਰਜੈਂਸੀ 108 ਮਹਿਲਾਵਾਂ ਲਈ 1091 ਅਤੇ ਬੱਚਿਆਂ ਦੀ ਸੁਰੱਖਿਆ ਲਈ 1098 ਵਰਗੇ ਅਹਿਮ ਨੰਬਰਾਂ ਦੀ ਜਾਣਕਾਰੀ ਦਿੱਤੀ ਗਈ। ਬੱਚਿਆਂ ਨੂੰ ਇਹ ਵੀ ਦੱਸਿਆ ਗਿਆ ਕਿ ਇਨ੍ਹਾਂ ਨੰਬਰਾਂ ਤੇ ਕਿਵੇਂ ਕਾਲ ਕਰਨੀ ਹੈ ਕੀ ਜਾਣਕਾਰੀ ਦੇਣੀ ਹੈ ਅਤੇ ਬਿਨਾਂ ਘਬਰਾਏ ਕਿਵੇਂ ਮਦਦ ਲੈਣੀ ਹੈ।



## ਗੁਰਦੁਆਰਾ ਕਾਲਾਮਾਲਾ ਸਾਹਿਬ ਛਾਪਾ 'ਚ ਧਾਰਮਿਕ ਸਮਾਗਮ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਸੱਚਖੰਡ ਵਾਸੀ ਸੰਤ ਬਾਬਾ ਈਸ਼ਰ ਸਿੰਘ ਜੀ ਰਾੜਾ ਸਾਹਿਬ, ਬਾਬਾ ਮੱਲ ਸਿੰਘ, ਸੰਤ ਜਸਵੀਰ ਸਿੰਘ ਖ਼ਾਲਸਾ ਕਾਲਾਮਾਲਾ ਸਾਹਿਬ ਦੀ ਯਾਦ 'ਚ ਧਾਰਮਿਕ ਸਮਾਗਮ ਇਤਿਹਾਸਕ ਗੁਰਦੁਆਰਾ ਸਿੱਧਸਰ ਕਾਲਾਮਾਲਾ ਸਾਹਿਬ ਛਾਪਾ ਵਿਖੇ ਸਮੂਹ ਸ਼ਰਧਾਲੂ ਸੰਗਤਾਂ ਦੇ ਸਹਿਯੋਗ ਨਾਲ ਕਰਾਇਆ ਗਿਆ। ਹੈੱਡ ਗਰੰਥੀ ਭਾਈ ਜਸਵੀਰ ਸਿੰਘ ਮਾਨਕੀ, ਬੀਬੀ ਪਰਮਜੀਤ ਕੌਰ ਭੱਠਲ, ਰਾਗੀ ਭਾਈ ਜਗਸੀਰ ਸਿੰਘ ਖ਼ਾਲਸਾ ਮਹਿਲ ਕਲਾਂ ਨੇ ਸੰਤ ਮਹਾਂਪੁਰਖਾਂ ਦੇ ਜੀਵਨ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ।ਉਨ੍ਹਾਂ ਸਮੂਹ ਸੰਗਤਾਂ ਨੂੰ ਗੁਰਸਹਿਬਾਨ ਦੇ ਦਰਸਾਏ ਮਾਰਗ ਉਪਰ ਚੱਲ ਕੇ ਪਰਿਵਾਰਾਂ ਸਮੇਤ ਅੰਮ੍ਰਿਤਪਾਨ ਕਰਕੇ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੁੜਨ ਦੀ ਅਪੀਲ ਕੀਤੀ।ਸਮੂਹ ਸ਼ਰਧਾਲੂ ਸੰਗਤਾਂ ਵੱਲੋਂ ਖੀਰ ਅਤੇ ਮਾਲ ਪੂੜਿਆਂ ਦੇ ਲੰਗਰ ਅਟੁੱਟ ਵਰਤਾਏ ਗਏ।ਇਸ ਮੌਕੇ ਬਾਬਾ ਗੁਰਨਾਮ ਸਿੰਘ ਯੋਗੀ, ਬਾਬਾ ਬਖਸ਼ੀਸ਼ ਸਿੰਘ, ਬਾਬਾ ਗੁਰਦੇਵ ਸਿੰਘ ਕਾਰ ਸੇਵਾ, ਅਵਤਾਰ ਸਿੰਘ ਅਣਖੀ, ਭਾਈ ਗੁਰਜੰਟ ਸਿੰਘ ਛੀਨੀਵਾਲ, ਕਰਮਜੀਤ ਸਿੰਘ ਕਰਮਾ, ਅਮਰੀਕ ਸਿੰਘ ਫੈਜ਼ਗੜ੍ਹ, ਬਲਜੀਤ ਸਿੰਘ ਪੰਡੋਰੀ, ਬਿੱਲੂ ਸਿੰਘ ਛਾਪਾ, ਬਿੰਦਰ ਸਿੰਘ ਪੰਡੋਰੀ, ਜੰਗ ਸਿੰਘ ਮਾਂਗੇਵਾਲ, ਬੀਬੀ ਸੁਰਜੀਤ ਕੌਰ, ਬੀਬੀ ਹਰਬੰਸ ਕੌਰ ਛਾਪਾ, ਬੀਬੀ ਮਨਦੀਪ ਕੌਰ, ਬੀਰਪਾਲ ਕੌਰ ਤੇ ਇਕਬਾਲ ਸਿੰਘ ਹੈਪੀ ਆਦਿ ਹਾਜ਼ਰ ਸਨ।

## ਡਾ. ਰਵਜੋਤ ਸਿੰਘ ਤੜਕਸਾਰ ਪਟਿਆਲਾ ਪੁੱਜੇ, ਸਫ਼ਾਈ ਵਿਵਸਥਾ ਦਾ ਜ਼ਮੀਨੀ ਪੱਧਰ 'ਤੇ ਜਾਇਜ਼ਾ

**ਪਟਿਆਲਾ (ਥਿੰਦ)** ਡਾ. ਰਵਜੋਤ ਸਿੰਘ ਨੇ ਤੜਕਸਾਰ ਸ਼ਹਿਰ ਦਾ ਅਚਨਚੇਤ ਦੌਰਾ ਕਰਕੇ ਸਫ਼ਾਈ ਵਿਵਸਥਾ ਦਾ ਜ਼ਮੀਨੀ ਪੱਧਰ 'ਤੇ ਜਾਇਜ਼ਾ ਲਿਆ। ਉਨ੍ਹਾਂ ਸ਼ਹਿਰ ਦਾ ਦੌਰਾ ਕਰਕੇ ਕੂੜਾ ਇਕੱਠਾ ਕਰਨ ਵਾਲੀਆ ਥਾਂਵਾਂ (ਸੈਕੰਡਰੀ ਪੁਆਇੰਟਸ) ਦਾ ਨਿਰੀਖਣ ਕੀਤਾ ਤੇ ਕੂੜੇ ਦੇ ਢੇਰਾਂ ਦਾ ਗੰਭੀਰ ਨੋਟਿਸ ਲਿਆ।ਇਸ ਮੌਕੇ ਉਨ੍ਹਾਂ ਨਾਲ ਬਲਤੇਜ ਪੰਨੂ, ਮੇਅਰ ਕੁੰਦਨ ਗੋਗੀਆ, ਪੰਜਾਬ ਪ੍ਰਦੂਸ਼ਨ ਰੋਕਥਾਮ ਬੋਰਡ ਦੇ ਚੇਅਰਪਰਸਨ ਰੀਨਾ ਗੁਪਤਾ, ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ, ਕਮਿਸ਼ਨਰ ਨਗਰ ਨਿਗਮ ਪਰਮਵੀਰ ਸਿੰਘ ਅਤੇ ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ ਵੀ ਮੌਜੂਦ ਸਨ। ਜ਼ਮੀਨੀ ਪੱਧਰ 'ਤੇ ਸਫਾਈ ਪ੍ਰਬੰਧਾਂ ਦੀ ਸਥਿਤੀ ਜਾਨਣ ਲਈ ਕੈਬਨਿਟ ਮੰਤਰੀ ਨੇ ਅਧਿਕਾਰੀਆਂ ਦੀ ਟੀਮ ਸਮੇਤ ਪਟਿਆਲਾ ਸ਼ਹਿਰੀ ਤੇ ਦਿਹਾਤੀ ਹਲਕੇ ਦੀਆਂ ਵੱਖ-ਵੱਖ ਵਾਰਡਾਂ ਵਿੱਚ ਸੰਜੇ ਕਲੋਨੀ, ਸਬਜ਼ੀ ਮੰਡੀ ਰੇਹੜੀ ਮਾਰਕੀਟ, ਭੀਮ ਕਲੋਨੀ, ਪੁਰਾਣਾ ਬੱਸ ਅੱਡਾ, ਰੇਲਵੇ ਸਟੇਸ਼ਨ, ਤਫੱਜਲਪਰਾ, ਫੈਕਟਰੀ ਏਰੀਆ, ਸਰਹਿੰਦ ਰੋਡ, ਘੁੰਮਣ ਨਗਰ, ਦੀਪ ਨਗਰ, ਅਨੰਦ ਨਗਰ ਤੇ ਭਾਦਸੋਂ ਰੋਡ ਜੇਲ ਦੀ ਕੰਧ ਦੇ ਨਾਲ ਸਮੇਤ ਵੱਖ-ਵੱਖ ਥਾਵਾਂ ਦਾ ਦੌਰਾ ਕੀਤਾ ਅਤੇ ਮੌਕੇ 'ਤੇ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਸਥਾਨਕ ਵਸਨੀਕਾਂ ਨਾਲ ਵੀ ਗੱਲਬਾਤ ਕੀਤੀ ਤੇ ਕੂੜਾ ਚੁੱਕੇ ਜਾਣ ਬਾਬਤ ਫੀਡਬੈਕ ਹਾਸਲ ਕਰਦਿਆਂ ਇੱਥੇ ਪਏ ਕੂੜੇ ਦੇ ਢੇਰਾਂ ਕਾਰਨ ਨਿਗਮ ਅਧਿਕਾਰੀਆਂ ਨਾਲ ਨਾਰਾਜ਼ਗੀ ਦਾ ਇਜ਼ਹਾਰ ਕੀਤਾ। ਡਾ. ਰਵਜੋਤ ਸਿੰਘ ਨੇ ਸ਼ਹਿਰ ਵਾਸੀਆਂ ਨੂੰ ਵੀ ਵਿਸ਼ਵਾਸ ਦਿਵਾਇਆ ਕਿ ਪੰਜਾਬ ਸਰਕਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਸ਼ਹਿਰਾਂ ਨੂੰ ਸਾਫ਼-ਸੁਥਰਾ ਰੱਖਣ ਦੇ ਨਾਲ-ਨਾਲ ਇਨ੍ਹਾਂ ਦੀ ਨੁਹਾਰ ਬਦਲਣ ਲਈ ਵਚਨਬੱਧ ਹੈ। ਇਸ ਲਈ ਉਹ ਖ਼ੁਦ ਸਵੇਰੇ-ਸਵੇਰੇ ਸਾਰੇ ਸ਼ਹਿਰਾਂ ਦਾ ਅਚਨਚੇਤ ਦੌਰਾ ਕਰਦੇ ਹਨ। ਉਨ੍ਹਾਂ ਸਫ਼ਾਈ ਕਰਮਚਾਰੀਆਂ ਨਾਲ ਵੀ ਗੱਲਬਾਤ ਕਰਦਿਆਂ ਉਨ੍ਹਾਂ ਦੀਆਂ ਮੁਸ਼ਕਲਾਂ ਜਾਣੀਆਂ ਅਤੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਨੂੰ ਸਹੂਲਤਾਂ ਪੱਖੋਂ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।ਉਨ੍ਹਾਂ ਨੇ ਨਿਗਮ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਫ਼ਾਈ ਕ੍ਰਮਚਾਰੀਆਂ ਨੂੰ ਵਰਦੀਆਂ ਮੁਹੱਈਆ ਕਰਾਈਆਂ ਜਾਣ। ਕਮਿਸ਼ਨਰ ਪਰਮਵੀਰ ਸਿੰਘ ਨੇ ਨਗਰ ਨਿਗਮ ਦੀ ਰਣਨੀਤੀ ਦੱਸਦਿਆਂ ਕਿਹਾ ਕਿ ਸ਼ਹਿਰ ਵਿੱਚ ਪੁਰਾਣੇ ਕੂੜੇ ਦੇ ਢੇਰ ਦਾ ਇਸ ਸਾਲ ਦੇ ਅੰਤ ਤੱਕ ਨਿਪਟਾਰਾ ਕਰ ਦਿੱਤਾ ਜਾਵੇਗਾ ਅਤੇ ਨਵੇਂ ਕੂੜੇ ਲਈ 3 ਏਕੜ ਹੋਰ ਜਗ੍ਹਾ ਦੀ ਪਛਾਣ ਕਰਕੇ ਉਥੇ ਵੇਸਟ ਪ੍ਰੋਸੈਸਿੰਗ ਦਾ ਪਲਾਂਟ ਲਾਉਣ ਦੀ ਤਜਵੀਜ਼ ਹੈ।



## ਲੋੜਵੰਦ ਧੀਆਂ ਦੇ ਆਨੰਦ ਕਾਰਜ ਭਲਕੇ

**ਮਮਦੋਟ (ਹਰਪਾਲ ਸਿੰਘ ਸੋਢੀ)** ਪਿੰਡ ਮੁੱਦਕੀ ਦਾ ਜੰਮਪਲ ਯੂਥ ਆਗੂ ਗੁਰਪ੍ਰੀਤ ਸਿੰਘ ਸੇਖੋਂ ਮੁੱਦਕੀ ਆਪਣੀ ਟੀਮ ਨਾਲ ਹਲਕੇ ਅੰਦਰ ਸਮਾਜ ਸੇਵੀ ਕੰਮਾਂ ਜਿਵੇ ਲੋੜਵੰਦ ਪਰਵਾਰਾਂ ਦੀ ਆਰਥਿਕ ਮੱਦਦ ਕਰਨਾ, ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਤ ਕਰਕੇ ਉਨ੍ਹਾਂ ਨੂੰ ਖੇਡ ਕਿੱਟਾਂ ਦਾ ਸਮਾਨ ਮੁਹੱਈਆਂ ਕਰਾਉਣਾ, ਪੜ੍ਹਾਈ ਕਰ ਰਹੇ ਬੱਚਿਆਂ ਨੂੰ ਕਿਤਾਬਾਂ ਦੇਣ ਨਾਲ-ਨਾਲ ਜਿਵੇਂ ਲੋੜਵੰਦ ਪਰਵਾਰਾਂ ਦੀਆ ਧੀਆਂ ਦੀਆਂ ਸ਼ਾਦੀਆਂ ਕਰਾ ਕੇ ਸਮਾਜਿਕ ਕੰਮਾਂ ਵਿੱਚ ਆਪਣਾ ਬਣਦਾ ਯੋਗਦਾਨ ਪਾ ਰਿਹਾ ਹੈ। ਇਸ ਲੜੀ ਤਹਿਤ ਗੁਰਪ੍ਰੀਤ ਸਿੰਘ ਸੇਖੋਂ ਮੁੱਦਕੀ ਤੇ ਉਸਦੀ ਟੀਮ ਅਤੇ ਐਨ ਆਰ ਆਈ ਭਰਾਵਾਂ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ 25 ਜੁਲਾਈ ਨੂੰ ਲੋੜਵੰਦ ਪਰਵਾਰਾਂ ਦੀਆਂ 11 ਧੀਆਂ ਦੀਆਂ ਸ਼ਾਦੀਆਂ ਕਰਾਈਆਂ ਜਾ ਰਹੀਆਂ ਹਨ।



## ਈ ਓ ਮਨਿੰਦਰ ਪਾਲ ਸਿੰਘ ਨੂੰ ਹਾਈ ਕੋਰਟ ਵੱਲੋਂ ਕਾਰਨ ਦੱਸੋ ਨੋਟਿਸ ਜਾਰੀ

**ਜੈਤੋ (ਸਤੀਸ਼ ਕੁਮਾਰ ਭੀਗੀ)** ਨਗਰ ਕੌਂਸਲ ਦੀ ਕਾਰਗੁਜ਼ਾਰੀ 'ਤੇ ਮੁੜ ਤੋਂ ਸਵਾਲ ਖੜੇ ਹੋ ਗਏ ਹਨ।ਕੌਂਸਲ ਵੱਲੋਂ ਆਰ ਟੀ ਆਈ ਕਾਨੂੰਨ ਦੀ ਉਲੰਘਣਾ, ਸ਼ਹਿਰੀ ਸੁਵਿਧਾਵਾਂ ਦੀ ਲਾਪ੍ਰਵਾਹੀ ਤੇ ਮਾਨਯੋਗ ਹਾਈਕੋਰਟ ਦੇ ਹੁਕਮਾਂ ਦੀ ਖੁੱਲ੍ਹੀ ਤੌਰ 'ਤੇ ਅਣਦੇਖੀ ਕਰਨ ਦੇ ਮਾਮਲੇ ਵਿੱਚ ਹੁਣ ਹਾਈਕੋਰਟ ਨੇ ਨਗਰ ਕੌਂਸਲ ਦੇ ਕਾਰਜ ਸਾਧਕ ਅਧਿਕਾਰੀ ਮਨਿੰਦਰ ਪਾਲ ਸਿੰਘ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰ ਦਿੱਤਾ ਹੈ। ਇਹ ਮਾਮਲਾ ਸ਼ਿਕਾਇਤਕਰਤਾ ਸਤੀਸ਼ ਕੁਮਾਰ ਜੈਤੋ ਵੱਲੋਂ ਲੰਮੇ ਸਮੇਂ ਤੋਂ ਨਗਰ ਕੌਂਸਲ ਵੱਲੋਂ ਕੀਤੀ ਜਾ ਰਹੀ ਧੱਕੇਸ਼ਾਹੀ, ਸ਼ਹਿਰੀ ਸਹੂਲਤਾਂ ਦੀ ਅਣਡਿੱਠ ਤੇ ਆਰ ਟੀ ਆਈ ਅਧੀਨ ਜਾਣਕਾਰੀ ਨਾ ਦੇਣ ਸਬੰਧੀ ਲੜੀ ਜਾ ਰਹੀ ਇੱਕ ਲੋਕਹਿਤ ਦੀ ਲੜਾਈ ਦਾ ਨਤੀਜਾ ਹੈ। ਐਡਵੋਕੇਟ ਸਤੀਸ਼ ਕੁਮਾਰ ਨੇ ਦੱਸਿਆ ਕਿ ਉਹ ਪਿਛਲੇ 12 ਸਾਲਾਂ ਤੋਂ ਨਗਰ ਕੌਂਸਲ ਵੱਲੋਂ ਕੀਤੇ ਜਾ ਰਹੇ ਬੇਤਰਤੀਬ ਕਾਰਜਾਂ, ਠੇਕਿਆਂ ਦੀ ਗੈਰ ਪਾਰਦਰਸ਼ਤਾ, ਆਮ ਲੋਕਾਂ ਦੀਆਂ ਮੁਸ਼ਕਲਾਂ ਨੂੰ ਲੈ ਕੇ ਅਨੇਕਾਂ ਵਾਰ ਅਧਿਕਾਰੀਆਂ, ਨੇਤਾਵਾਂ ਤੇ ਵਿਭਾਗਾਂ ਕੋਲ ਗਏ, ਪਰ ਹਮੇਸ਼ਾ ਨਿਰਾਸ਼ਾ ਮਿਲੀ।ਅੰਤ ਉਨ੍ਹਾਂ ਪੰਜਾਬ ਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ ਦਾ ਦਰਵਾਜ਼ਾ ਖੜਕਾਇਆ। ਇਸ ਮਾਮਲੇ 'ਚ ਅਦਾਲਤ ਵਿੱਚ ਐਡਵੋਕੇਟ ਸੰਜੀਵ ਗੋਇਲ ਵੱਲੋਂ ਸ਼ਿਕਾਇਤਕਰਤਾ ਦੀ ਪੇਸ਼ੀ ਕੀਤੀ ਗਈ, ਜਿਨ੍ਹਾਂ ਨੇ ਅਦਾਲਤ ਨੂੰ ਸਾਫ਼ ਕੀਤਾ ਕਿ ਮਨਿੰਦਰ ਪਾਲ ਸਿੰਘ ਨੇ ਨਾ ਸਿਰਫ਼ ਹਾਈਕੋਰਟ ਦੇ ਹੁਕਮਾਂ ਨੂੰ ਅਣਦੇਖਾ ਕੀਤਾ, ਬਲਕਿ ਉਨ੍ਹਾਂ ਨੂੰ ਬੇਇਜ਼ਤੀ ਨਾਲ ਰੱਦੀ ਦੀ ਟੋਕਰੀ ਵਿੱਚ ਸੁੱਟ ਦਿੱਤਾ।

## ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ 'ਚ 21 ਅਸਾਮੀਆਂ ਭਰਨ ਦੀ ਮੰਗ

**ਨਾਭਾ (ਵਰਿੰਦਰ ਵਰਮਾ)** ਬੀਬੀ ਬਲਜੀਤ ਕੌਰ ਖ਼ਾਲਸਾ ਬਰਨਾਲਾ, ਬੀ.ਡੀ.ਪੀ.ਓ ਨੇ ਦੱਸਿਆ ਕਿ ਵਿਕਾਸ ਦਾ ਧੁਰਾ ਮੰਨੇ ਜਾਂਦੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਪੰਜਾਬ ਦੇ ਸਭ ਤੋ ਵੱਡੇ ਅਤੇ ਚਰਚਿਤ ਬਲਾਕ ਨਾਭਾ ਵਿੱਚ ਸਟਾਫ ਦੀ ਘਾਟ ਹੋਣ ਦੇ ਬਾਵਜੂਦ ਬਲਾਕ ਨਾਭਾ ਨੂੰ ਪਹਿਲੇ ਨੰਬਰ 'ਤੇ ਲਿਆਂਦਾ ਹੈ। ਬਲਾਕ ਵਿੱਚ ਮੁਲਾਜ਼ਮਾਂ ਦੀਆਂ ਇੱਕੀ ਅਸਾਮੀਆਂ ਖਾਲੀ ਹੋਣ ਕਾਰਨ ਬਹੁਤ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸਟਾਫ ਨਾ ਹੋਣ ਕਾਰਨ ਐਨਾ ਵੱਡਾ ਬਲਾਕ ਖੁਦ ਇਕੱਲੀ ਨੂੰ ਹੀ ਚਲਾਉਣਾ ਪੈ ਰਿਹਾ ਹੈ। ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਪੰਜਾਬ ਵਿਕਾਸ ਦਾ ਧੁਰਾ ਮੰਨਿਆ ਜਾਂਦਾ ਹੈ।ਇਸ ਕਰਕੇ ਬਲਾਕ ਨਾਭਾ ਵਿੱਚ ਮੁਲਾਜ਼ਮਾਂ ਦੀਆਂ ਖਾਲੀ ਇੱਕੀ ਅਸਾਮੀਆਂ ਤੁਰੰਤ ਭਰਨ ਦੀ ਲੋੜ ਹੈ ਤੇ ਇਸ ਗੰਭੀਰ ਸਮੱਸਿਆ ਨੂੰ ਸਰਕਾਰ ਵੱਲੋਂ ਪਹਿਲ ਦੇ ਆਧਾਰ ਤੇ ਤੁਰੰਤ ਹੱਲ ਕਰਨ ਦੀ ਲੋੜ ਹੈ ਤਾਂ ਜੁ ਵਿਕਾਸ ਕਾਰਜਾਂ, ਪ੍ਰਬੰਧਕੀ ਅਤੇ ਲੋਕ ਹਿੱਤਾ ਵਿੱਚ ਕਾਰਜ ਕਰਨ ਲਈ ਸਮੱਸਿਆਵਾਂ ਦਾ ਸਾਹਮਣਾ ਨਾ ਕਰਨਾ ਪਵੇ।



## ਲੈਂਡ ਪੂਲਿੰਗ ਨੀਤੀ ਰਾਹੀਂ ਕਿਸਾਨਾਂ ਦੀ ਲੁੱਟ ਵਾਲੇ ਮਾਡਲ ਨੂੰ ਰੱਦ ਕੀਤਾ ਜਾਵੇ : ਜੈ ਇੰਦਰ ਕੌਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਕਿਸਾਨਾਂ ਲਈ ਖੇਤੀ ਗੁਰੂ ਸਾਹਿਬ ਦਾ ਅਸ਼ੀਰਵਾਦ ਹੈ ਤੇ ਜ਼ਮੀਨ ਪੰਜਾਬੀਆਂ ਦੀ ਮਾਂ ਹੈ, ਜਿਸ ਦੀ ਅਹਿਮੀਅਤ ਉਹ ਲੋਕ ਕਦੇ ਨਹੀਂ ਸਮਝ ਸਕਦੇ, ਜੋ ਪੰਜਾਬ ਤੋਂ ਬਾਹਰੋਂ ਆ ਕੇ ਕੇਜਰੀਵਾਲ ਮਾਡਲ ਦੀਆਂ ਨੀਤੀਆਂ ਲਾਗੂ ਕਰ ਰਹੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬੀ.ਜੇ.ਪੀ ਦੀ ਸੂਬਾ ਮਹਿਲਾ ਪ੍ਰਧਾਨ ਬੀਬਾ ਜੈ ਇੰਦਰ ਕੌਰ, ਹਰਦੇਵ ਸਿੰਘ ਬੱਲੀ, ਹਰਮੇਸ਼ ਗੋਇਲ ਅਤੇ ਜਸਪਾਲ ਸਿੰਘ ਗਗਰੋਲੀ ਵੱਲੋਂ ਪੰਜਾਬ ਸਰਕਾਰ ਵਲੋਂ ਲਾਗੂ ਕੀਤੀ ਗਈ ਲੈਂਡ ਪੂਲਿੰਗ ਨੀਤੀ ਨੂੰ ਕਿਸਾਨ ਘਾਤੀ ਲੈਂਡ ਲੁੱਟ ਨੀਤੀ ਕਰਾਰ ਦਿੰਦਿਆਂ ਚਿੰਤਾ ਪ੍ਰਗਟਾਉਣ ਸਮੇਂ ਕੀਤਾ ਗਿਆ। ਇਹਨਾਂ ਆਗੂਆਂ ਨੇ ਦੱਸਿਆ ਕਿ ਇਹ ਨੀਤੀ ਕਿਸਾਨਾਂ ਨੂੰ ਆਰਥਿਕ ਤਬਾਹੀ ਵੱਲ ਧੱਕਣ, ਉਨ੍ਹਾਂ ਨੂੰ ਜ਼ਮੀਨ-ਰਹਿਤ ਬਣਾਉਣ ਤੇ ਰਿਹਾਇਸ਼ੀ ਤੇ ਵਪਾਰਕ ਮਾਫੀਆ ਦੇ ਹਵਾਲੇ ਕਰਨ ਦੀ ਯੋਜਨਾ ਦਾ ਹਿੱਸਾ ਹੈ।ਇਹ ਨੀਤੀ ਕਿਸੇ ਵੀ ਤਰੀਕੇ ਨਾਲ ਕਿਸਾਨ ਪੱਖੀ ਨਹੀਂ, ਸਗੋਂ ਬਿਲਡਰਾਂ ਦੀ ਮਿਲੀਭਗਤ ਨਾਲ ਬਣਾਈ ਗਈ ਲੁੱਟ ਦੀ ਰਣਨੀਤੀ ਹੈ, ਜਿਸ ਰਾਹੀਂ ਕਾਰਪੋਰੇਟ ਘਰਾਣਿਆਂ ਨੂੰ ਜ਼ਮੀਨ ਦੇ ਤੋਹਫ਼ੇ ਦਿੱਤੇ ਜਾ ਰਹੇ ਹਨ।ਨਕਲੀ ਵਿਕਾਸ ਦੇ ਨਾਂਅ 'ਤੇ ਕਿਸਾਨਾਂ ਦੀ ਜ਼ਮੀਨ ਖੋਹਣ ਵਾਲੀ ਇਹ ਸਕੀਮ, ਉਨ੍ਹਾਂ ਦੀ ਰਜ਼ਾਮੰਦੀ ਤੋਂ ਬਿਨਾਂ ਜ਼ਬਰਦਸਤੀ ਲਾਗੂ ਕੀਤੀ ਜਾ ਰਹੀ ਹੈ।ਛੋਟੇ ਕਿਸਾਨਾਂ ਲਈ ਤਾਂ ਇਹ ਨੀਤੀ ਪੂਰੀ ਤਰ੍ਹਾਂ ਆਤਮਘਾਤੀ ਹੈ, ਕਿਉਂਕਿ ਨਾ ਉਨ੍ਹਾਂ ਕੋਲ ਆਮਦਨ ਦਾ ਵਿਕਲਪ ਹੋਵੇਗਾ, ਨਾ ਹੀ ਠੋਸ ਮੁਆਵਜ਼ਾ। ਉਨ੍ਹਾਂ ਇਹ ਵੀ ਕਿਹਾ ਕਿ ਇਹ ਨੀਤੀ ਅਸਲ ਵਿੱਚ ਪੰਜਾਬ ਦੀ ਖੇਤੀਬਾੜੀ ਨੂੰ ਖ਼ਤਮ ਕਰਨ ਦੀ ਰਾਸ਼ਟਰੀ ਯੋਜਨਾ ਦਾ ਹਿੱਸਾ ਲੱਗਦੀ ਹੈ।ਉਨ੍ਹਾਂ ਦੱਸਿਆ ਕਿ ਗਮਾਡਾ, ਗਲਾਡਾ ਤੇ ਹੋਰ ਸ਼ਹਿਰੀ ਅਥਾਰਿਟੀਆਂ ਨੇ ਪਹਿਲਾਂ ਵੀ ਕਈ ਪਿੰਡਾਂ ਵਿੱਚ ਕਿਸਾਨਾਂ ਨਾਲ ਠੱਗੀ ਕੀਤੀ ਹੈ।



## ਮਾਛੀਵਾੜਾ ਸਾਹਿਬ ਵਿਖੇ ਬਲਾਕ ਕਾਂਗਰਸ ਕਮੇਟੀ ਦੀ ਮੀਟਿੰਗ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**- ਮਾਛੀਵਾੜਾ ਸਾਹਿਬ ਬਲਾਕ ਕਾਂਗਰਸ ਕਮੇਟੀ ਦੀ ਮੀਟਿੰਗ ਪ੍ਰਧਾਨ ਪਰਮਿੰਦਰ ਤਿਵਾੜੀ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਸਭ ਤੋਂ ਪਹਿਲਾਂ ਸੀਨੀਅਰ ਕਾਂਗਰਸੀ ਆਗੂ ਪ੍ਰਕਾਸ਼ ਸਿੰਘ ਦੀ ਮੌਤ 'ਤੇ ਸਮੂਹ ਮੈਂਬਰਾਂ ਵਲੋਂ ਸ਼ਰਧਾਂਜਲੀ ਦਿੱਤੀ ਗਈ। ਇਸ ਉਪਰੰਤ ਸਾਰੇ ਆਗੂਆਂ ਅਤੇ ਅਹੁਦੇਦਾਰਾਂ ਨੇ ਪ੍ਰਣ ਕੀਤਾ ਆਉਣ ਸਮੇਂ ਵਿਚ ਕਾਂਗਰਸ ਪਾਰਟੀ ਦਾ ਪ੍ਰਚਾਰ ਹੋਰ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਪਾਲਿਸੀ ਵਿਚ ਬਲਾਕ ਮਾਛੀਵਾੜਾ ਦੇ ਪਿੰਡ ਬਾਲਿਓਂ ਦਾ 250 ਏਕੜ ਰਕਬਾ ਅਤੇ ਹਲਕਾ ਇੰਚਾਰਜ ਰਾਜਾ ਗਿੱਲ ਦਾ ਘਰ ਵੀ ਇਸ ਰਕਬੇ ਵਿਚ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਨੇ ਇਸ ਦੇ ਵਿਰੋਧ ਵਿਚ ਪਹਿਲਾਂ ਵੀ ਲੁਧਿਆਣਾ ਵਿਖੇ ਗਲਾਡਾ ਦਫ਼ਤਰ ਦੇ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਸੀ ਅਤੇ ਆਉਣ ਵਾਲੇ ਸਮੇਂ ਵਿਚ ਵੀ ਬਲਾਕ ਮਾਛੀਵਾੜਾ ਰਾਜਾ ਗਿੱਲ ਦੀ ਅਗਵਾਈ ਵਿਚ ਸਰਕਾਰ ਦੀ ਕਿਸੇ ਵੀ ਲੋਕ ਵਿਰੋਧੀ ਚਾਲ ਨੂੰ ਕਾਮਯਾਬ ਨਹੀਂ ਹੋਣ ਦੇਵੇਗਾ। ਇਸ ਮੌਕੇ ਬਲਾਕ ਮਾਛੀਵਾੜਾ ਸਾਹਿਬ ਦੇ ਨਵੇਂ ਅਹੁਦੇਦਾਰਾਂ ਸ਼ਹਿਰੀ ਪ੍ਰਧਾਨ ਕਪਿਲ ਆਨੰਦ, ਮਹਿਲਾ ਕਾਂਗਰਸ ਪ੍ਰਧਾਨ ਮਨਜੀਤ ਕੁਮਾਰੀ ਅਤੇ ਰਾਜੀਵ ਗਾਂਧੀ ਪੰਚਾਇਤ ਰਾਜ ਸੰਗਠਨ ਬਲਾਕ ਮਾਛੀਵਾੜਾ ਦੇ ਪ੍ਰਧਾਨ ਵਿਨੀਤ ਕੁਮਾਰ ਝੜੌਦੀ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸਾਬਕਾ ਪ੍ਰਧਾਨ ਸੁਰਿੰਦਰ ਕੁੰਦਰਾ, ਸੀਨੀਅਰ ਮੀਤ ਪ੍ਰਧਾਨ ਸੁਖਦੀਪ ਸਿੰਘ ਸੁੱਖਾ, ਮੰਡਲ ਪ੍ਰਧਾਨ ਨੰਦ ਕਿਸ਼ੋਰ, ਯੂਥ ਪ੍ਰਧਾਨ ਸ਼ਹਿਰੀ ਅੰਮ੍ਰਿਤਪਾਲ ਸਿੰਘ ਚੀਮਾ, ਯੂਥ ਪ੍ਰਧਾਨ ਦਿਹਾਤੀ ਜਸਪ੍ਰੀਤ ਸਿੰਘ ਸਹਿਜੋ ਮਾਜਰਾ, ਯੁਵਰਾਜਜੀਤ ਰਾਏ, ਚੌਧਰੀ ਬਲਵਿੰਦਰ ਰਾਏ ਸੋਨੀ, ਅਮਰਜੀਤ ਸਿੰਘ (ਦੋਵੇਂ ਸਾਬਕਾ ਕੌਂਸਲਰ), ਚੇਤਨ ਕੁਮਾਰ, ਸਾਬਕਾ ਸਰਪੰਚ ਜਗਦੇਵ ਸਿੰਘ ਜੱਗੂ, ਵਿਜੇ ਕੁਮਾਰ ਭੋਲਾ, ਅਮਨਦੀਪ ਸਿੰਘ ਰਾਣਵਾਂ, ਕਸ਼ਮੀਰੀ ਲਾਲ ਚੱਕ, ਅੰਗਰੇਜ਼ ਸਿੰਘ ਸ਼ਤਾਬਗੜ੍ਹ, ਰਾਕੇਸ਼ ਕੁਮਾਰ ਛਿੰਦੂ, ਸੁਭਾਸ਼ ਬੀਟਨ, ਸੰਜੀਵ ਕੁਮਾਰ ਧਨੂੰਰ ਵੀ ਮੌਜੂਦ ਸਨ।



## ਨੈਣਾਂ ਦੇਵੀ ਲੰਗਰ ਲਈ ਸੰਗਤ ਸਮੇਤ ਰਾਸ਼ਨ ਦਾ ਟਰੱਕ ਰਵਾਨਾ

**ਸ਼ੇਰਪੁਰ (ਰਵੀ ਟਿੱਬਾ)** ਸ੍ਰੀ ਨੈਣਾ ਦੇਵੀ ਲੰਗਰ ਕਮੇਟੀ ਚਾਂਗਲੀ ਤੇ ਅਮਰਗੜ ਵੱਲੋਂ ਸਾਵਣ ਦੇ ਚਾਲੇ ਮੌਕੇ ਨੈਣਾਂ ਦੇਵੀ (ਹਿਮਾਚਲ ਪ੍ਰਦੇਸ਼) ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਵਿਸਾਲ ਲੰਗਰ 23 ਜੁਲਾਈ ਤੋਂ ਲੈ ਕੇ 3 ਅਗਸਤ ਤੱਕ ਲਾਇਆ ਜਾਵੇਗਾ। ਲੰਗਰ ਕਮੇਟੀ ਦੇ ਆਗੂ ਨਸੀਬ ਸ਼ਰਮਾ ਨੇ ਦੱਸਿਆ ਕਿ ਲੰਗਰ ਕਮੇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਹ ਲੰਗਰ ਜਿਊਣਾ ਮੋੜ ਦੀ ਸਮਾਧ ਦੇ ਸਾਹਮਣੇ ਲਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸੰਗਤ ਲਈ ਚਾਹ ਪਰੌਂਠਾ, ਪਕੌੜੇ, ਦਾਲ਼, ਰੋਟੀ, ਸਰ੍ਹੋਂ ਦਾ ਸਾਗ, ਮੱਕੀ ਦੀ ਰੋਟੀ ਤੇ ਹੋਰ ਵੱਖ-ਵੱਖ ਤਰ੍ਹਾਂ ਦਾ ਹਰ ਰੋਜ਼ ਲੰਗਰ ਸੰਗਤਾਂ ਨੂੰ ਛਕਾਇਆ ਜਾਵੇਗਾ।ਜੇਕਰ ਕੋਈ ਭਗਤ ਲੰਗਰ ਵਿੱਚ ਹਿੱਸਾ ਪਾਉਣਾ ਚਾਹੁੰਦਾ ਹੋਵੇ ਤਾਂ ਉਹ ਕਮੇਟੀ ਮੈਂਬਰਾਂ ਨਾਲ ਸੰਪਰਕ ਕਰ ਸਕਦਾ ਹੈ।



## ਬਾਪੂ ਜੀਤ ਸਿੰਘ ਮਹਿਲ ਖੁਰਦ ਦਾ ਦੇਹਾਂਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਏ ਐਨ ਇਮੀਗ੍ਰੇਸ਼ਨ ਏਜੰਸੀ ਦੇ ਪ੍ਰਬੰਧਕ ਅਵਤਾਰ ਸਿੰਘ ਤਾਰੀ ਮਹਿਲ ਖੁਰਦ ਤੇ ਬਿੱਲੂ ਸਿੰਘ ਮੈਂਬਰ ਦੇ ਪਿਤਾ ਜੀਤ ਸਿੰਘ ਮਹਿਲ ਖ਼ੁਰਦ ਅਕਾਲ ਚਲਾਣਾ ਕਰ ਗਏ ਹਨ।ਇਸ ਦੁਖਦਾਈ ਮੌਕੇ ਵੱਖ-ਵੱਖ ਆਗੂਆਂ, ਦੁਕਾਨਦਾਰ ਯੂਨੀਅਨ ਦੇ ਪ੍ਰਧਾਨ ਗਗਨਦੀਪ ਸਰਾਂ, ਚੇਅਰਮੈਨ ਪ੍ਰੇਮ ਕੁਮਾਰ ਪਾਸੀ, ਅਵਤਾਰ ਸਿੰਘ ਅਣਖੀ, ਹਰਦੀਪ ਸਿੰਘ ਬੀਹਲਾ, ਨਸੀਬ ਸਿੰਘ ਮਹਿਲ ਖੁਰਦ, ਕਰਮ ਸਿੰਘ ਕਰਮਾ, ਰਾਗੀ ਭਾਈ ਜਗਸੀਰ ਸਿੰਘ ਖ਼ਾਲਸਾ, ਸਮੂਹ ਦੁਕਾਨਦਾਰ ਭਾਈਚਾਰੇ, ਪ੍ਰੈੱਸ ਕਲੱਬ ਰਜਿ: ਮਹਿਲ ਕਲਾਂ ਨੇ ਅਵਤਾਰ ਸਿੰਘ ਤਾਰੀ ਤੇ ਸਮੂਹ ਮਹਿਲ ਖੁਰਦ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਹੈ।

## ਖਾਈ ਫੇਮੇ ਕੀ 'ਚ ਨੌਜਵਾਨ ਸਭਾ ਨੇ ਜਗਰਾਤਾ ਕਰਾਇਆ

**ਫ਼ਿਰੋਜ਼ਪੁਰ (ਗੁਰਬਚਨ ਸਿੰਘ)** ਪਿੰਡ ਖਾਈ ਫੇਮੇ ਕੀ ਵਿਖੇ ਨੌਜਵਾਨ ਸਭਾ ਵੱਲੋਂ ਪਹਿਲਾ ਵਿਸ਼ਾਲ ਜਗਰਾਤਾ ਸ਼ਰਧਾ ਭਾਵਨਾ ਨਾਲ ਕਰਾਇਆ ਗਿਆ, ਜਿਸ ਵਿਚ ਇਲਾਕੇ ਭਰ ਤੋਂ ਵੱਡੀ ਗਿਣਤੀ ਵਿਚ ਸ਼ਰਧਾਲੂਆਂ ਨੇ ਸ਼ਿਰਕਤ ਕਰਕੇ ਮਾਤਾ ਰਾਣੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਹ ਜਗਰਾਤਾ ਨੌਜਵਾਨ ਸਭਾ ਦੇ ਅਣਥੱਕ ਯਤਨਾਂ ਦਾ ਨਤੀਜਾ ਸੀ। ਜਗਰਾਤੇ ਵਿਚ ਮੁੱਖ ਮਹਿਮਾਨ ਵਜੋਂ ਫ਼ਿਰੋਜ਼ਪੁਰ ਸ਼ਹਿਰੀ ਹਲਕੇ ਤੋਂ ਰਣਬੀਰ ਸਿੰਘ ਭੁੱਲਰ ਦੀ ਟੀਮ ਤੋਂ ਇਲਾਵਾ ਹੀਰਾ ਸੋਢੀ, ਆਸ਼ੂ ਬੰਗੜ, ਗੁਰਭੇਜ ਟਿੱਬੀ, ਮੋੜਾ ਸਿੰਘ ਅਨਜਾਨ ਅਤੇ ਯਾਕੂਪ ਭੱਟੀ ਵਰਗੀਆਂ ਪ੍ਰਮੁੱਖ ਸ਼ਖਸੀਅਤਾਂ ਸ਼ਾਮਲ ਸਨ।ਇਨ੍ਹਾਂ ਮਹਿਮਾਨਾਂ ਨੇ ਜਗਰਾਤੇ ਦੀ ਸ਼ੋਭਾ ਵਧਾਈ ਅਤੇ ਨੌਜਵਾਨ ਸਭਾ ਦੇ ਇਸ ਉਪਰਾਲੇ ਦੀ ਭਰਪੂਰ ਪ੍ਰਸ਼ੰਸਾ ਕੀਤੀ। ਮਾਤਾ ਦੀਆਂ ਭੇਟਾਂ ਦਾ ਗਾਇਨ ਕਰਨ ਲਈ ਪੰਜਾਬ ਦੇ ਪ੍ਰਸਿੱਧ ਗਾਇਕ ਫਿਰੋਜ਼ ਖਾਨ ਅਤੇ ਡਿੰਪਲ ਸ਼ਾਹ ਵਿਸ਼ੇਸ਼ ਤੌਰ 'ਤੇ ਪਹੁੰਚੇ।ਉਨ੍ਹਾਂ ਸੁਰੀਲੀ ਆਵਾਜ਼ ਵਿਚ ਮਾਤਾ ਰਾਣੀ ਦੀਆਂ ਭੇਟਾਂ ਗਾ ਕੇ ਸੰਗਤਾਂ ਨੂੰ ਮੰਤਰਮੁਗਧ ਕਰ ਦਿੱਤਾ।ਭਗਤੀਮਈ ਮਾਹੌਲ ਵਿਚ ਸ਼ਰਧਾਲੂ ਝੂਮ ਉੱਠੇ ਤੇ ਪੂਰੀ ਰਾਤ ਮਾਤਾ ਦੇ ਜੈਕਾਰਿਆਂ ਨਾਲ ਗੂੰਜਦੀ ਰਹੀ।ਇਸ ਜਗਰਾਤੇ ਨੂੰ ਸਫਲ ਬਣਾਉਣ ਵਿਚ ਖਾਈ ਫੇਮੇ ਕੀ ਦੀ ਨੌਜਵਾਨ ਸਭਾ ਦੇ ਕਈ ਮੈਂਬਰਾਂ ਤੇ ਪਿੰਡ ਵਾਸੀਆਂ ਦਾ ਵਿਸ਼ੇਸ਼ ਸਹਿਯੋਗ ਰਿਹਾ।ਇਨ੍ਹਾਂ ਵਿੱਚ ਪੰਡਤ ਰਾਜ ਕੁਮਾਰ, ਕਲੱਬ ਪ੍ਰਧਾਨ ਸੋਨੂੰ ਲਾਹੌਰੀਆ, ਗੁਰਦੀਪ ਸਿੰਘ ਸਚਦੇਵਾ (ਟੈਂਟ ਹਾਊਸ), ਸਰਪੰਚ ਨਿਸ਼ਾਨ ਸਿੰਘ, ਸਰਪੰਚ ਸੰਦੀਪ ਸਿੰਘ, ਸਰਪੰਚ ਬੇਅੰਤ ਸਿੰਘ ਖਾਈ ਫੇਮੇ ਕੀ, ਹਰਿੰਦਰ ਕੁੱਲ, ਹਰਮੀਤ ਸਿੰਘ, ਰਵੀ ਮੋਗਾ, ਗੋਡੀ ਏ.ਐਸ.ਆਈ, ਸੁੱਖਾ ਖਾਈ, ਜਸ਼ਨ, ਸਾਜਨ ਗੱਖੜ, ਰੋਬਿਨ ਸੇਠੀ, ਮੋਨੂੰ ਉੱਪਲ, ਸ਼ਫੀ ਸਚਦੇਵਾ, ਗੁਰਮੀਤ, ਮੋੜਾ ਹਲਵਾਈ, ਵਿਸ਼ਾਲ, ਸਾਗਰ, ਲਵ, ਪ੍ਰੀਤ ਤੇ ਅਵਤਾਰ ਮੋਗਾ ਸ਼ਾਮਲ ਸਨ।



## 'ਆਪ' ਆਗੂ ਦਰਸ਼ਨ ਸਿੰਘ ਹੈਰੀ ਨੂੰ ਸ਼ਰਧਾਂਜਲੀਆਂ ਭੇਟ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਆਮ ਆਦਮੀ ਪਾਰਟੀ ਦੇ ਨਿਧੜਕ, ਵਫਾਦਾਰ ਸਿਪਾਹੀ ਦਰਸ਼ਨ ਸਿੰਘ ਹੈਰੀ ?ਨਮਿਤ ਅੰਤਮ ਅਰਦਾਸ ਉਪਰੰਤ ਵਿਸ਼ਾਲ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਸਾਹਿਬ ਪਿੰਡ ਪੰਡੋਰੀ (ਬਰਨਾਲਾ) ਵਿਖੇ ਹੋਇਆ।ਇਸ ਮੌਕੇ ਭਾਈ ਜਗਸੀਰ ਸਿੰਘ ਖ਼ਾਲਸਾ, ਭਾਈ ਧਰਮਪਾਲ ਸਿੰਘ ਲੋਹਗੜ੍ਹ ਨੇ ਵੈਰਾਗਮਈ ਕੀਰਤਨ ਕੀਤਾ। ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਸ਼ੋਕ ਸ਼ੰਦੇਸ਼ ਲੈ ਕੇ ਪਹੁੰਚੇ ਸ੍ਰੀਮਤੀ ਰਾਖੀ ਬਿਰਲਾ ਸਾਬਕਾ ਕੈਬਨਿਟ ਮੰਤਰੀ ਦਿੱਲੀ ਨੇ ਸ਼ਰਧਾਂਜਲੀ ਅਰਪਿਤ ਕਰਦਿਆਂ ਕਿਹਾ ਅਜਿਹੇ ਨਿਸ਼ਕਾਮ ਵਰਕਰਾਂ ਦੀ ਪਾਰਟੀ ਨੂੰ ਵੱਡੀ ਲੋੜ ਹੈ।ਆਗੂ ਹੈਰੀ ਵਲੋਂ ਆਪ ਦੇ ਫਾਊਂਡਰ ਮੈਂਬਰ ਵਲੋਂ ਨਿਭਾਈਆਂ ਅਣਥੱਕ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਭੇਜਿਆ ਸ਼ੋਕ ਸੰਦੇਸ਼ ਸਟੇਜ ਸਕੱਤਰ ਹਰਮਨਦੀਪ ਸਿੰਘ ਰਾਏ ਨੇ ਪੜ੍ਹ ਕੇ ਸੁਣਾਇਆ।ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸ਼ੋਕ ਸੰਦੇਸ਼ ਰਾਹੀ ਹੈਰੀ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ।ਇਸ ਮੌਕੇ ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ, ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਵੱਡੀ ਗਿਣਤੀ ਵਿੱਚ ਪਹੁੰਚਣ 'ਤੇ ਵੱਖ-ਵੱਖ, ਪਾਰਟੀ ਵਲੰਟੀਅਰਾਂ, ਸਮੂਹ ਸੰਗਤਾਂ ਦਾ ਧੰਨਵਾਦ ਕੀਤਾ। ਉਨ੍ਹਾਂ ਆਗੂ ਦਰਸ਼ਨ ਸਿੰਘ ਹੈਰੀ ਵੱਲੋਂ ਮੱਢਲੇ ਦੌਰ ਵਿੱਚ ਨਿਸ਼ਕਾਮ ਭਾਵਨਾ ਨਾਲ ਨਿਭਾਈਆਂ ਅਣਥੱਕ ਸੇਵਾਵਾਂ ਦੀ ਚਰਚਾ ਕਰਦਿਆਂ ਹੈਰੀ ਪਰਵਾਰ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਵਿਸ਼ਵਾਸ ਦੁਆਇਆ। ਵਿਧਾਇਕ ਭਦੌੜ ਲਾਭ ਸਿੰਘ ਉਗੋਕੇ, ਸੁਖਵਿੰਦਰ ਸਿੰਘ ਧਾਲੀਵਾਲ, ਹਰਮਨਦੀਪ ਕੁਤਬਾ ਨੇ ਕਿਹਾ ਕਿ ਦਰਸ਼ਨ ਸਿੰਘ ਹੈਰੀ ਦੀ ਹਰ ਵਰਗ ਵਿੱਚ ਹਰਮਨ ਪਿਆਰਤਾ ਦੀ ਗਵਾਹੀ ਅੱਜ ਦਾ ਵਿਸ਼ਾਲ ਇਕੱਠ ਭਰਦਾ ਹੈ। ਅੱਜ ਲੋੜ ਹੈ ਅਜਿਹੇ ਸਮਰਪਿਤ ਭਾਵਨਾ ਨਿਸ਼ਕਾਮ ਵਰਕਰਾਂ ਦੀ ਸੋਚ ਨੂੰ ਅਗੇ ਲੈ ਕੇ ਜਾਣ ਦੀ।ਇਸ ਮੌਕੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ, ਨਾਇਬ ਤਹਿਸੀਲਦਾਰ ਪਵਨ ਕੁਮਾਰ, ਚੇਅਰਮੈਨ ਸੁਖਵਿੰਦਰ ਦਾਸ ਕੁਰੜ, ਚੇਅਰਮੈਨ ਰਾਜਵਿੰਦਰ ਸਿੰਘ ਸ਼ੇਰਪੁਰ, ਚੇਅਰਮੈਨ ਅੰਮ੍ਰਿਤਪਾਲ ਸਿੰਘ ਢਿੱਲਵਾਂ, ਚੇਅਰਮੈਨ ਪਰਮਿੰਦਰ ਸਿੰਘ ਭੰਗੂ, ਬੀਬੀ ਜਸਵੰਤ ਕੌਰ ਭਦੌੜ, ਬੀਬੀ ਜਸਵਿੰਦਰ ਕੌਰ ਪੰਡੋਰੀ, ਗੁਰਦੀਪ ਸਿੰਘ ਬਾਠ, ਬਾਬਾ ਰਾਜਵਰਿੰਦਰ ਸਿੰਘ ਟਿੱਬਾ, ਜਥੇਦਾਰ ਅਜਮੇਰ ਸਿੰਘ ਮਹਿਲ ਕਲਾਂ, ਰਿੰਕਾ ਕੁਤਬਾ ਬਾਹਮਣੀਆਂ, ਦਵਿੰਦਰ ਸਿੰਘ ਬਦੇਸ਼ਾ, ਸਰਪੰਚ ਤੇਜਿੰਦਰਪਾਲ ਸਿੰਘ ਪੰਡੋਰੀ, ਸਰਪੰਚ ਸਰਬਜੀਤ ਸਿੰਘ ਸੰਭੂ, ਅਰੁਣ ਕੁਮਾਰ ਬਾਂਸਲ, ਸਰਪੰਚ ਗੁਰਦੀਪ ਸਿੰਘ ਛਾਪਾ, ਸਰਪੰਚ ਰਣਜੀਤ ਸਿੰਘ ਕਾਲਾਬੂਲਾ ਤੋਂ ਇਲਾਵਾ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।



## ਟਰੱਕ ਯੂਨੀਅਨ ਮਾਛੀਵਾੜਾ ਦੇ ਪ੍ਰਧਾਨ ਤੇ ਸਰਪੰਚ ਰੂਪਾ ਖੀਰਨੀਆਂ ਦਾ ਦੇਹਾਂਤ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਪਿੰਡ ਖੀਰਨੀਆਂ ਦੇ ਸਰਪੰਚ ਅਤੇ ਮਾਛੀਵਾੜਾ ਟਰੱਕ ਯੂਨੀਅਨ ਦੇ ਪ੍ਰਧਾਨ ਜਗਰੂਪ ਸਿੰਘ ਰੂਪਾ ਖੀਰਨੀਆਂ ਦਾ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਦੇਹਾਂਤ ਹੋ ਗਿਆ। ਹਲਕਾ ਸਮਰਾਲਾ ਦੇ ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ ਦਾ ਭਤੀਜਾ ਰੂਪਾ ਖੀਰਨੀਆਂ ਇਸ ਸਮੇਂ ਟਰੱਕ ਯੂਨੀਅਨ ਮਾਛੀਵਾੜਾ ਦੇ ਪ੍ਰਧਾਨ ਤੇ ਪਿੰਡ ਖੀਰਨੀਆਂ ਦੇ ਸਰਪੰਚ ਸਨ ਅਤੇ ਇਸ ਦੇ ਨਾਲ ਹੀ ਸਿਆਸੀ ਖੇਤਰ ਵਿਚ ਆਪਣੀ ਸਰਗਰਮ ਭੂਮਿਕਾ ਨਿਭਾ ਰਹੇ ਸਨ। ਰੂਪਾ ਖੀਰਨੀਆਂ ਨੂੰ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਇਲਾਕੇ ਵਿਚ ਸੋਗ ਦੀ ਲਹਿਰ ਫੈਲ ਗਈ। ਇਸ ਮੌਕੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿਚ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਢਿੱਲੋਂ, ਹਲਕਾ ਇੰਚਾਰਜ ਕਾਂਗਰਸ ਰੁਪਿੰਦਰ ਸਿੰਘ ਰਾਜਾ ਗਿੱਲ, ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ, ਸਾਬਕਾ ਚੇਅਰਮੈਨ ਸ਼ਕਤੀ ਆਨੰਦ, ਸ਼ੈਲਰ ਐਸੋ. ਪ੍ਰਧਾਨ ਰੁਪਿੰਦਰ ਸਿੰਘ ਬੈਨੀਪਾਲ, ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਕੌਂਸਲਰ ਜਗਮੀਤ ਸਿੰਘ ਮੱਕੜ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜਤਿੰਦਰ ਸਿੰਘ ਜੋਗਾ ਬਲਾਲਾ, ਐਡਵੋਕੇਟ ਜਸਪ੍ਰੀਤ ਸਿੰਘ ਕਲਾਲ ਮਾਜਰਾ, ਜ਼ਿਲ੍ਹਾ ਉਪ ਪ੍ਰਧਾਨ ਕਾਂਗਰਸ ਕਸਤੂਰੀ ਲਾਲ ਮਿੰਟੂ, ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਆੜ੍ਹਤੀ ਅਰਵਿੰਦਰਪਾਲ ਸਿੰਘ ਵਿੱਕੀ, ਇੰਸਪੈਕਟਰ ਅਮਰਿੰਦਰ ਸਿੰਘ ਹੈਪੀ, ਯਾਦਵਿੰਦਰ ਸਿੰਘ, ਲਾਭ ਸਿੰਘ, ਕ੍ਰਿਸ਼ਨ ਲਾਲ ਸਚਦੇਵਾ, ਬਾਬਾ ਵਰਿੰਦਰ ਵਾਸੂ, ਮੁਨਸ਼ੀ ਅਵਤਾਰ ਸਿੰਘ, ਮਨੋਜ ਕੁਮਾਰ ਸਚਦੇਵਾ ਸ਼ਾਮਲ ਹਨ। ਜਗਰੂਪ ਸਿੰਘ ਰੂਪਾ ਖੀਰਨੀਆਂ ਦਾ ਪਿੰਡ ਦੇ ਸਮਸ਼ਾਨਘਾਟ ਵਿਖੇ ਅੰਤਿਮ ਸੰਸਕਾਰ ਕਰ ਦਿੱਤਾ ਗਿਆ।



24 July Page 6.qxd 7/23/2025 10:46 PM Page 1



# ਪ੍ਰਾਈਵੇਟ ਕਾਲਜ ਪ੍ਰਬੰਧਕਾਂ ਦੀਆਂ ਮਨਮਾਨੀਆਂ ਤੋਂ ਦੁਖੀ ਵਿਦਿਆਰਥੀਆਂ ਵੱਲੋਂ ਰੋਸ ਪ੍ਰਦਰਸ਼ਨ

● ਪੇਪਰਾਂ 'ਚ ਨਕਲ ਮਰਾਉਣ ਬਦਲੇ ਹਰੇਕ ਵਿਦਿਆਰਥੀ ਤੋਂ 10 ਹਜ਼ਾਰ ਮੰਗਣ ਦਾ ਦੋਸ਼



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਕਾਲਜ ਵੱਲੋਂ ਵਿਦਿਆਰਥੀਆਂ ਨੂੰ ਸਾਰਾ ਸਾਲ ਨਾ ਪੜ੍ਹਾਉਣ ਤੇ ਪ੍ਰੀਖਿਆ 'ਚ ਨਕਲ ਮਰਵਾਉਣ ਬਦਲੇ ਹਰੇਕ ਵਿਦਿਆਰਥੀ ਕੋਲੋਂ 10 ਹਜ਼ਾਰ ਰੁਪਿਆ (ਹੈਲਪਿੰਗ ਫ਼ੀਸ) ਮੰਗਣ ਦਾ ਮਾਮਲਾ ਸਾਹਮਣੇ ਆਇਆ ਹੈ।ਕਾਲਜ ਦੀਆਂ ਮਨਮਾਨੀਆਂ ਤੋਂ ਦੁਖੀ ਵਿਦਿਆਰਥੀਆਂ ਨੇ ਭਾਈ ਲਾਲੋ ਪੰਜਾਬੀ ਮੰਚ ਦੇ ਆਗੂਆਂ ਦੀ ਅਗਵਾਈ ਹੇਠ ਇਸ ਵਿਦਿਅਕ ਅਦਾਰੇ ਵਿਰੁੱਧ ਨਾਅਰੇਬਾਜ਼ੀ ਕੀਤੀ।ਜਾਣਕਾਰੀ ਅਨੁਸਾਰ 15 ਦੇ ਕਰੀਬ ਵਿਦਿਆਰਥੀਆਂ ਨੇ ਡਿਪਲੋਮਾ ਇਨ ਓ.ਡੀ. ਅਟੈਂਡਿੰਟ ਕੋਰਸ 'ਚ ਦਾਖ਼ਲਾ ਲਿਆ ਸੀ। ਦਾਖ਼ਲੇ ਸਮੇਂ ਵਿਦਿਆਰਥੀਆਂ ਨਾਲ ਇਕ ਸਾਲ ਦੇ ਇਸ ਸਰਟੀਫ਼ਿਕੇਟ ਕੋਰਸ ਦੀ ਕੁੱਲ ਫ਼ੀਸ 30 ਹਜ਼ਾਰ ਰੁਪਏ ਤਹਿ ਹੋਈ ਸੀ।ਅੱਜ ਦਰਜਨ ਦੇ ਕਰੀਬ ਵਿਦਿਆਰਥੀਆਂ ਨੇ ਦੱਸਿਆ ਕਿ ਸਾਰਾ ਸਾਲ ਉਨ੍ਹਾਂ ਦੀ ਕੋਈ ਕਲਾਸ ਨਹੀਂ ਲੱਗੀ, ਪ੍ਰਿੰਸੀਪਲ ਵੱਲੋਂ ਉਨ੍ਹਾਂ ਨੂੰ ਕਾਲਜ ਨਾ ਆਉਣ ਤੇ ਸਾਰਾ ਕੰਮ ਵਟਸਐਪ ਜ਼ਰੀਏ ਭੇਜਣ ਦਾ ਵਾਅਦਾ ਕੀਤਾ ਗਿਆ, ਜੋ ਪੂਰਾ ਨਹੀਂ ਹੋਇਆ।ਇਸ ਸਮੇਂ ਦੌਰਾਨ ਵਿਦਿਆਰਥੀ ਕਾਲਜ ਆਉਂਦੇ ਸਨ ਤਾਂ ਉਨ੍ਹਾਂ ਦੀ ਕੋਈ ਵੀ ਥਿਊਰੀ ਜਾਂ ਪ੍ਰੈਕਟੀਕਲ ਦੀ ਕਲਾਸ ਨਹੀਂ ਲੱਗੀ, ਕਿਉਂਕਿ ਕਾਲਜ ਕੋਲ ਸਬੰਧਤ ਕੋਰਸ ਦੇ ਵਿਸ਼ਿਆਂ ਨੂੰ ਪੜ੍ਹਾਉਣ ਲਈ ਲੋੜੀਂਦਾ ਸਟਾਫ਼ ਨਹੀਂ ਹੈ।ਜਦੋਂ ਹੁਣ ਪੱਕੇ ਪੇਪਰ ਆਏ ਤਾਂ ਕਾਲਜ ਵੱਲੋਂ ਹਰੇਕ ਵਿਦਿਆਰਥੀ ਕੋਲੋਂ ਪੇਪਰਾਂ 'ਚ ਨਕਲ ਮਰਾਉਣ ਬਦਲੇ 10 ਹਜ਼ਾਰ ਰੁਪਿਆਂ ਦੀ ਮੰਗ ਕੀਤੀ ਗਈ।ਇਹ ਧਮਕੀ ਦਿੱਤੀ ਗਈ ਕਿ ਜੇਕਰ ਕੋਈ ਵਿਦਿਆਰਥੀ ਪੈਸੇ ਨਹੀਂ ਦੇਵੇਗਾ ਤਾਂ ਉਸ ਨੂੰ ਪੱਕੇ ਪੇਪਰਾਂ 'ਚ ਨਕਲ ਮਰਾਉਣਾ ਤਾਂ ਦੂਰ ਦੀ ਗੱਲ, ਗਰਦਣ ਤੱਕ ਨਹੀਂ ਹਿਲਾਉਣ ਦਿੱਤੀ ਜਾਵੇਗੀ। ਇਸ ਕਾਲਜ ਨੇ ਉਨ੍ਹਾਂ ਦਾ ਇਕ ਸਾਲ ਖ਼ਰਾਬ ਕਰ ਦਿੱਤਾ ਹੈ।ਆਗੂ ਹਰਜੀਤ ਸਿੰਘ ਖਿਆਲੀ ਨੇ ਕਿਹਾ ਕਿ ਸਰਕਾਰੀ ਸ਼ਹਿ 'ਤੇ ਸ਼ਰੇਆਮ ਚੱਲ ਰਹੀਆਂ ਦੁਕਾਨਾਂ ਵਿਦਿਆਰਥੀਆਂ ਦੇ ਭਵਿੱਖ ਨੂੰ ਹਨ੍ਹੇਰੇ ਵੱਲ ਧੱਕ ਰਹੀਆਂ ਹਨ।ਕਾਲਜ ਵੱਲੋਂ ਵਿਦਿਆਰਥੀਆਂ ਦੇ ਅਸਲੀ ਸਰਟੀਫ਼ਿਕੇਟ ਆਪਣੇ ਕਬਜ਼ੇ 'ਚ ਰੱਖ ਕੇ ਵਿਦਿਆਰਥੀਆਂ ਕੋਲੋਂ ਮਨਚਾਹੀਆਂ ਫ਼ੀਸਾਂ ਵਸੂਲ ਕੇ ਉਨ੍ਹਾਂ ਦੀ ਆਰਥਿਕ ਲੁੱਟ ਕੀਤੀ ਜਾ ਰਹੀ ਹੈ।ਇਨ੍ਹਾਂ ਦੇ ਚੁੰਗਲ 'ਚ ਫ਼ਸੇ ਵਿਦਿਆਰਥੀ ਆਪਣਾ ਭਵਿੱਖ ਖਰਾਬ ਹੋਣ ਦੇ ਡਰੋਂ ਮੂੰਹ ਨਹੀਂ ਖੋਲ੍ਹਦੇ ਤੇ ਸ਼ੋਸ਼ਣ ਦਾ ਸ਼ਿਕਾਰ ਹੋ ਰਹੇ ਹਨ। ਬਲਾਕ ਪ੍ਰਧਾਨ ਬਲਦੇਵ ਸਿੰਘ ਖ਼ਾਲਸਾ ਨੇ ਕਿਹਾ ਕਿ ਕਾਲਜ ਵੱਲੋਂ ਆਪਣੇ ਕਬਜ਼ੇ 'ਚ ਰੱਖੇ ਵਿਦਿਆਰਥੀਆਂ ਦੇ ਅਸਲੀ ਸਰਟੀਫ਼ਿਕੇਟ ਤੁਰੰਤ ਵਾਪਸ ਦਿੱਤੇ ਜਾਣ ਅਤੇ ਵਿਦਿਆਰਥੀਆਂ ਵੱਲੋਂ ਕੋਰਸ ਕਰਨ ਲਈ ਭਰੀ ਗਈ ਸਾਰੀ ਦੀ ਸਾਰੀ ਫ਼ੀਸ ਨੂੰ ਇਕ ਹਫ਼ਤੇ ਦੇ ਅੰਦਰ-ਅੰਦਰ ਵਾਪਸ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਪ੍ਰਬੰਧਕਾਂ ਨੇ ਮੰਗਾਂ ਨੂੰ ਪੂਰਾ ਨਾ ਕੀਤਾ, ਵਿਦਿਆਰਥੀਆਂ ਨਾਲ ਕੀਤੀ ਜਾਂਦੀ ਧੱਕੇਸ਼ਾਹੀ ਜਾਰੀ ਰੱਖੀ ਤਾਂ ਇਸ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਉਨ੍ਹਾਂ ਸੋਸ਼ਣ ਦਾ ਸ਼ਿਕਾਰ ਹੋ ਰਹੇ ਹੋਰਾਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਬੇਝਿਜਕ ਹੋ ਕੇ ਅੱਗੇ ਆਉਣ ਦੀ ਅਪੀਲ ਕੀਤੀ। ਜਥੇਬੰਦੀ ਦੇ ਆਗੂਆਂ ਨੇ ਪੰਜਾਬ ਸਰਕਾਰ, ਡਿਪਟੀ ਕਮਿਸ਼ਨਰ ਬਰਨਾਲਾ ਤੋਂ ਇਸ ਵਿਦਿਅਕ ਅਦਾਰੇ ਵਲੋਂ ਕੀਤੀਆਂ ਜਾ ਰਹੀਆਂ ਬੇਨਿਯਮੀਆਂ ਦੀ ਉੱਚ ਪੱਧਰੀ ਜਾਂਚ ਕਰ ਕੇ ਪੀੜਤ ਵਿਦਿਆਰਥੀਆਂ ਨੂੰ ਇਨਸਾਫ਼ ਦੇਣ ਦੀ ਮੰਗ ਕੀਤੀ।ਰੋਹ ਵਧਦਾ ਦੇਖ ਕਾਲਜ ਦੇ ਪ੍ਰਬੰਧਕਾਂ ਨੇ ਜਥੇਬੰਦੀ ਦੇ ਆਗੂਆਂ ਨੂੰ ਮਿਲ ਕੇ ਇਹ ਮਾਮਲਾ ਸੁਲਝਾਉਣ ਦਾ ਭਰੋਸਾ ਦਿੱਤਾ।

# ਭੀਖ ਮੰਗਦੇ 8 ਬੱਚੇ ਬਚਾਏ, ਪਟਿਆਲਾ 'ਚ ਵੀ ਕੀਤੀ ਛਾਪਾਮਾਰੀ : ਡਾ. ਪ੍ਰੀਤੀ ਯਾਦਵ



**ਰਾਜਪੁਰਾ (ਰਮੇਸ਼ ਕਟਾਰੀਆ)** ਬਾਲ ਭਿੱਖਿਆ ਦੇ ਖਾਤਮੇ ਲਈ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਵੱਖ-ਵੱਖ ਟੀਮਾਂ ਵੱਲੋਂ ਜ਼ਿਲ੍ਹੇ ਅੰਦਰ ਵੱਖ-ਵੱਖ ਥਾਵਾਂ ਵਿਖੇ ਛਾਪਾਮਾਰੀ ਕੀਤੀ ਗਈ। ਇਸ ਦੌਰਾਨ ਰਾਜਪੁਰਾ ਤੋਂ 8 ਬੱਚੇ ਭੀਖ ਮੰਗਦੇ ਫੜੇ ਗਏ। ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਪੰਜਾਬ ਸਰਕਾਰ ਦੀ ਰਾਜ ਨੂੰ ਭੀਖ ਮੁਕਤ ਕਰਨ ਲਈ ਚਲਾਈ ਮੁਹਿੰਮ ਤਹਿਤ ਕੀਤੀ ਗਈ ਇਸ ਕਾਰਵਾਈ ਦੇ ਅਧੀਨ ਦੋ ਦਿਨਾਂ ਅੰਦਰ ਬਾਲ ਭਲਾਈ ਕਮੇਟੀ ਦੇ ਸਨਮੁੱਖ ਪੇਸ਼ ਕਰਕੇ 5 ਬੱਚੇ ਉਨ੍ਹਾਂ ਦੇ ਪਰਵਾਰਾਂ ਦੇ ਸਪੁਰਦ ਵੀ ਕੀਤੇ ਗਏ ਹਨ ਅਤੇ ਇਨ੍ਹਾਂ ਨੂੰ ਚਿਤਾਵਨੀ ਦਿੱਤੀ ਗਈ ਹੈ, ਕਿ ਜੇਕਰ ਅੱਗੇ ਤੋਂ ਇਹ ਬੱਚੇ ਦੁਬਾਰਾ ਭੀਖ ਮੰਗਦੇ ਪਾਏ ਗਏ ਤਾਂ ਇਸ ਸਬੰਧੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਡਾ. ਪ੍ਰੀਤੀ ਯਾਦਵ ਨੇ ਅੱਗੇ ਦੱਸਿਆ ਕਿ ਪਟਿਆਲਾ ਵਿਖੇ ਸਹਾਇਕ ਕਮਿਸ਼ਨਰ ਰਿਚਾ ਗੋਇਲ, ਐਸਡੀਐਮ ਮੇਜਰ (ਰਿਟਾ.) ਹਰਜੋਤ ਕੌਰ, ਬਾਲ ਸੁਰੱਖਿਆ ਵਿਭਾਗ ਦੇ ਲੀਗਲ ਪ੍ਰੋਬੇਸ਼ਨਰ ਅਫ਼ਸਰ ਰਣਜੀਤ ਕੌਰ, ਪੁਲਸ ਇੰਸਪੈਕਟਰ ਮਨਪ੍ਰੀਤ ਕੌਰ ਤੂਰ ਦੀ ਟੀਮ ਨੇ ਸ਼ਹਿਰ ਦੀਆਂ ਵੱਖ-ਵੱਖ ਥਾਵਾਂ ਸਮੇਤ ਰੇਲਵੇ ਸਟੇਸ਼ਨ, ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਤੇ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਨੇੜੇ ਛਾਪਾਮਾਰੀ ਕੀਤੀ।ਉਨ੍ਹਾਂ ਦੱਸਿਆ ਕਿ ਇਹ ਸੰਤੁਸ਼ਟੀ ਵਾਲੀ ਗੱਲ ਹੈ ਕਿ ਇਨ੍ਹਾਂ ਥਾਵਾਂ ਵਿਖੇ ਕੋਈ ਵੀ ਬੱਚਾ ਭੀਖ ਮੰਗਦਾ ਸਾਹਮਣੇ ਨਹੀਂ ਆਇਆ, ਪਰੰਤੂ ਫਿਰ ਵੀ ਟੀਮ ਵੱਲੋਂ ਅਜਿਹੀ ਪੜਤਾਲ ਲਗਾਤਾਰ ਜਾਰੀ ਰਹੇਗੀ। ਡਾ. ਪ੍ਰੀਤੀ ਯਾਦਵ ਨੇ ਹੋਰ ਕਿਹਾ ਕਿ ਬੀਤੇ ਦਿਨ ਬਰਾਮਦ ਕੀਤੇ ਗਏ ਬੱਚਿਆਂ ਵਿੱਚੋਂ 4 ਹੋਰ ਬੱਚੇ ਪਰਿਵਾਰਾਂ ਨੂੰ ਸੌਂਪ ਦਿੱਤੇ ਗਏ ਹਨ ਅਤੇ ਬਾਕੀ ਬੱਚੇ ਅਜੇ ਵੀ ਜ਼ਿਲ੍ਹਾ ਪ੍ਰਸ਼ਾਸਨ ਸੰਭਾਲ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸਾਰੇ ਬਚਾਏ ਗਏ ਬੱਚਿਆਂ ਦੇ ਦਸਤਾਵੇਜ਼ਾਂ ਦੀ ਪੜਤਾਲ ਕੀਤੀ ਜਾ ਰਹੀ ਹੈ ਤੇ ਇਨ੍ਹਾਂ ਦੇ ਪਰਿਵਾਰਾਂ ਨੂੰ ਲੱਭ ਕੇ ਉਨ੍ਹਾਂ ਦੇ ਸਪੁਰਦ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਜੀਵਨਜੋਤ 2.0 ਪ੍ਰਾਜੈਕਟ ਤਹਿਤ ਪਟਿਆਲਾ ਜ਼ਿਲ੍ਹੇ ਨੂੰ ਬਾਲ ਭਿੱਖਿਆ ਤੋਂ ਮੁਕਤ ਕਰਨ ਲਈ ਲੋਕਾਂ ਦਾ ਸਹਿਯੋਗ ਬਹੁਤ ਲੋੜੀਂਦਾ ਹੈ।


## ਉਤਰ ਰੇਲਵੇ

### ਈ-ਨਿਵਿਦਾ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਸਾਧਾਰਨ, ਉਤਰ ਰੇਲਵੇ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| | | | | | |
|---|---|---|---|---|---|
| ਟੈਂਡਰ ਨੰਬਰ | 251- ਬਿਜਲੀ -T-10-2025-26 | | | | |
| ਕੰਮਾਂ ਦਾ ਵੇਰਵਾ | ਜਗਰਾਉਂ ਅਤੇ ਅਜੀਤਵਾਲ ਮਾਲ ਸ਼ੈਡਾਂ ਦੇ ਅਪਗ੍ਰੇਡੇਸ਼ਨ/ਸੁਧਾਰ ਦੇ ਸਬੰਧ ਵਿਚ ਬਿਜਲੀ ਕੰਮ ਅਤੇ ਸਟਾਫ ਕਾਲੋਨੀਆਂ ਅਤੇ DSL ਸ਼ੇਡ ਵਿਚ 225 ਕਿਲੋਲੀਟਰ ਸਮਰਥਾ ਦੇ 2 ਨਵੇਂ ਐਸਐਮਸੀ ਓਵਰ ਹੇਡ ਟੈਂਕ ਦੇ ਪ੍ਰਾਵਧਾਨ/ਪ੍ਰਤੀਸਥਾਪਨ ਦੇ ਸਬੰਧ ਵਿਚ ਬਿਜਲੀ ਕੰਮ, ਜਿਸ ਵਿਚ ਪੁਰਾਣੀ ਜੰਗਾਲ ਲਗੀਆਂ ਮੌਜੂਦਾ ਪਾਈਪਲਾਈਨਾਂ ਅਤੇ ਪੰਪ ਹਾਊਸ ਨੂੰ ਬਦਲਣਾ ਸ਼ਾਮਲ ਹੈ ਅਤੇ ਲੁਧਿਆਣਾ ਵਿਚ ਏਡੀਈਐਨ/ਐਲਡੀਐਚ ਦੇ ਤਹਿਤ ਪੰਪ ਹਾਊਸ, ਬੋਰ ਅਤੇ ਪੰਪ ਦੇ ਨਾਲ ਪਲੰਬਿੰਗ ਪਾਈਪ ਦੇ ਨਾਲ ਪੁਰਾਣੇ, ਪਰਿਤਯਕਤ ਸਟੀਲ ਓਐਚ ਪਾਣੀ ਸਟੋਰੇਜ ਟੈਂਕ ਦੀ ਥਾਂ ਤੇ 02 ਨਗ 225 ਕਿਲੋਲੀਟਰ ਆਰਸੀਸੀ ਓਐਚ ਪਾਣੀ ਟੈਂਕ ਦੇ ਪ੍ਰਾਵਧਾਨ ਦੇ ਸਬੰਧ ਵਿਚ ਬਿਜਲੀ ਕੰਮ। | | | | |
| ਅੰਦਾਜਨ ਲਾਗਤ ਰੁ. | 68,87,397.91/- | ਬਿਆਨਾ ਰਾਸ਼ੀ (ਰੁ) | 137800.00/- | ਕੰਮ ਦਾ ਸਮਾਂ | 6 ਮਹੀਨੇ |
| ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | 13.08.2025 15:00 ਵਜੇ ਦੇ ਬਾਅਦ | | ਵੈਬਸਾਈਟ | www.ireps.gov.in | |

ਨੰ.: 251-ਬਿਜਲੀ ਟੈਂਡਰ ਨੋਟਿਸ ਨੰ. 12/ਬਿਜਲੀ-2025-26 ਮਿਤੀ: 22.07.2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 2223/2025


# ਨਰੇਗਾ ਕਾਮੇ ਭਲਕੇ ਡੀ ਸੀ ਦਫ਼ਤਰ ਅੱਗੇ ਗੱਜਣਗੇ : ਗਦਾਈਆ



**ਪਟਿਆਲਾ (ਥਿੰਦ)** 25 ਜੁਲਾਈ ਨੂੰ ਪੰਜਾਬ ਭਰ ਦੇ ਨਰੇਗਾ ਕਾਮੇ ਡੀ ਸੀ ਦਫ਼ਤਰਾਂ ਅੱਗੇ ਵਿਸ਼ਾਲ ਧਰਨੇ ਦੇਣਗੇ ਤੇ ਨਰੇਗਾ ਨੂੰ ਬੰਦ ਕਰਨ ਦੀਆਂ ਸਾਜ਼ਿਸ਼ਾਂ ਵਿਰੁੱਧ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਵਿਰੁੱਧ ਗੱਜਣਗੇ। ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿ: ਏਟਕ ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਤੇ ਪਟਿਆਲਾ ਜ਼ਿਲ੍ਹੇ ਦੇ ਆਗੂ ਬਲਜੀਤ ਕੌਰ ਗਦਾਈਆ, ਚਰਨ ਸਿੰਘ ਬਿਰਧਨੋ, ਦਲਜੀਤ ਕੌਰ ਕਕਰਾਂ ਮਾਜਰਾ, ਦਰਸ਼ਨਾਂ ਕੌਰ, ਦਰਸ਼ਨਾਂ ਕੌਰ ਕਨੇਰਾ ਖੁਰਦ ਨੇ ਪਟਿਆਲੇ ਜ਼ਿਲ੍ਹੇ ਦੀ ਮੀਟਿੰਗ ਤੋਂ ਬਾਅਦ ਦੱਸਿਆ ਕਿ ਕੇਂਦਰ ਦੀ ਭਾਜਪਾ ਸਰਕਾਰ ਤੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੇਂਡੂ ਕਿਰਤੀਆਂ ਦੀ ਰੋਟੀ ਦੇ ਇਸ ਨਿਗੂਣੇ ਜਿਹੇ ਸਾਧਨ ਨੂੰ ਹੋਰ ਮਜ਼ਬੂਤ ਤੇ ਲਾਭਦਾਇਕ ਬਣਾਉਣ ਦੀ ਬਜਾਇ ਇਸ ਨੂੰ ਬੰਦ ਕਰਨ ਦੀਆਂ ਚਾਲਾਂ ਸ਼ੁਰੂ ਕਰ ਦਿੱਤੀਆਂ ਹਨ, ਜਿਸ ਨੂੰ ਪੰਜਾਬ ਦੇ ਨਰੇਗਾ ਕਦੇ ਵੀ ਕਾਮਯਾਬ ਨਹੀਂ ਹੋਣ ਦੇਣਗੇ। ਇਸ ਨੂੰ ਜਾਰੀ ਰੱਖਣ ਤੇ ਮਜ਼ਬੂਤ ਕਰਨ ਲਈ ਕੋਈ ਵੀ ਕੁਰਬਾਨੀ ਕਰਨੀ ਪਵੇ, ਆਜ਼ਾਦੀ ਤੋਂ 58 ਸਾਲਾਂ ਬਾਅਦ 2005 ਵਿੱਚ ਯੂ ਪੀ ਏ 1 ਨੇ ਇਹ ਕਾਨੂੰਨ ਕਮਿਊਨਿਸਟ ਪਾਰਟੀਆਂ ਦੇ ਦਬਾਅ ਹੇਠ ਬਣਾਇਆ, ਜਿਸ ਦੇ ਬਣਨ ਨਾਲ-ਨਾਲ ਪੇਂਡੂ ਕਿਰਤੀਆਂ ਨੂੰ ਮਾਣ ਸਤਿਕਾਰ ਵਾਲਾ ਕੰਮ ਨਸੀਬ ਹੋਇਆ, ਪਰ ਇਹ ਦੋਨੋਂ ਸਰਕਾਰਾਂ ਨੇ ਇਸ ਨੇ ਇਸ ਵੱਲ ਕੋਈ ਧਿਆਨ ਨਹੀਂ ਦਿੱਤਾ, ਪੇਂਡੂ ਖੇਤਰਾਂ ਵਿੱਚੋਂ ਖੇਤੀਬਾੜੀ ਕੰਮ ਵਿੱਚ ਮਸ਼ੀਨੀਕਰਨ ਦੇ ਵਾਧੇ ਨੇ ਕਾਮਿਆਂ ਕੋਲੋਂ ਕੰਮ ਘਟਾਇਆ ਹੈ, ਇਨ੍ਹਾਂ ਕੋਲ ਰੋਟੀ ਦੇ ਇੱਕੋ ਇੱਕ ਸਾਧਨ ਨਰੇਗਾ 2005 ਹੀ ਹੈ, ਜੋ 100 ਕੰਮ ਕਰਨ ਤੋਂ ਬਾਅਦ ਗਰੀਬ ਪੇਂਡੂ ਕਿਰਤੀ ਇਹ ਕੰਮ ਕਰਕੇ ਆਪਣਾ ਤੇ ਆਪਣੇ ਬੱਚਿਆਂ ਦਾ ਢਿੱਡ ਭਰ ਦਿੰਦੇ ਹਨ, ਪਰ ਇਹ ਅਖੌਤੀ ਇਨਕਲਾਬੀ ਸਰਕਾਰ ਤੇ ਬੀ ਜੇ ਪੀ ਦੀ ਸਰਕਾਰ ਨੇ ਹੌਲੀ ਹੌਲੀ ਕੱਟ ਲਾ ਕੇ ਇਸ ਬੰਦ ਕਰਨ ਦਾ ਰਾਹ ਫੜ ਲਿਆ ਹੈ। ਇਸ ਲਈ 25 ਜੁਲਾਈ ਨੂੰ ਡੀ ਸੀ ਦਫ਼ਤਰ ਪਟਿਆਲੇ ਅੱਗੇ ਵਿਸ਼ਾਲ ਗਿਣਤੀ ਵਿੱਚ ਨਰੇਗਾ ਕਾਮੇ ਗੱਜਣਗੇ। ਜੇਕਰ ਨਾ ਸੁਣੀ ਗਈ ਤਾਂ ਸੰਘਰਸ਼ ਅੱਗੇ ਹੋਰ ਤੇਜ਼ ਕਰ ਦਿੱਤਾ ਜਾਵੇਗਾ।

# ਸਰਕਾਰ ਦੀਆਂ ਸਕੀਮਾਂ ਲੋਕਾਂ ਤੱਕ ਪੁਚਾਉਣ ਲਈ ਮੀਡੀਆ ਦਾ ਮਹੱਤਵਪੂਰਨ ਰੋਲ : ਡੀ ਸੀ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)** ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ, ਆਈ ਏ ਐਸ ਨੇ ਆਖਿਆ ਕਿ ਮੀਡੀਆ ਦੀ ਸਮਾਜਿਕ ਵਿਕਾਸ ਵਿੱਚ ਅਹਿਮ ਭੂਮਿਕਾ ਹੈ। ਵਰਤਮਾਨ ਯੁੱਗ ਸੂਚਨਾਵਾਂ ਦਾ ਹੈ ਤੇ ਪੱਤਰਕਾਰ ਜਿੱਥੇ ਸੂਚਨਾਵਾਂ ਦੇ ਸਾਰਥਕ ਪ੍ਰਵਾਹ ਰਾਹੀਂ ਆਮ ਲੋਕਾਂ ਨੂੰ ਜਾਗਰੂਕ ਕਰਦੇ ਹਨ, ਉੱਥੇ ਹੀ ਲੋਕਾਂ ਦੀ ਅਵਾਜ਼ ਵੀ ਪ੍ਰਸ਼ਾਸਨ ਤੱਕ ਪਹੁੰਚਾਉਂਦੇ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਲੋਕਾਂ ਤੱਕ ਲੋਕ ਭਲਾਈ ਸਕੀਮਾਂ ਦੀ ਜਾਣਕਾਰੀ ਪੁੱਜਦਾ ਕਰਕੇ ਮੀਡੀਆ ਸ਼ਲਾਘਾਯੋਗ ਰੋਲ ਨਿਭਾਅ ਰਿਹਾ ਹੈ ਅਤੇ ਇਸ ਨਾਲ ਲੋਕ ਆਪਣੇ ਹੱਕਾਂ ਅਤੇ ਅਧਿਕਾਰਾਂ ਪ੍ਰਤੀ ਜਾਗਰੂਕ ਹੁੰਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਸਕੀਮਾਂ ਦੇ ਲੋਕ ਪੱਖੀ ਪ੍ਰੋਗਰਾਮਾਂ ਦੀ ਜਾਣਕਾਰੀ ਮੀਡੀਆ ਰਾਹੀਂ ਹੀ ਆਮ ਲੋਕਾਂ ਤੱਕ ਪਹੁੰਚਦੀ ਹੈ। ਉਨ੍ਹਾਂ ਨੇ ਮੀਡੀਆ ਦੇ ਸਾਥੀਆਂ ਨੂੰ ਕਿਹਾ ਕਿ ਜ਼ਿਲ੍ਹੇ ਵਿੱਚ ਵੱਖ-ਵੱਖ ਖੇਤਰਾਂ ਨਾਲ ਸਬੰਧਤ ਫੀਡਬੈਕ ਵੀ ਸਮੇਂ-ਸਮੇਂ 'ਤੇ ਪ੍ਰਸ਼ਾਸਨ ਨਾਲ ਸਾਂਝਾ ਕਰਦੇ ਰਹਿਣ ਤਾਂ ਜੁ ਲੋਕ ਮਸਲਿਆਂ ਨੂੰ ਹੋਰ ਵੀ ਬਿਹਤਰ ਤਰੀਕੇ ਨਾਲ ਹੱਲ ਕੀਤਾ ਜਾ ਸਕੇ।ਉਨ੍ਹਾਂ ਨੇ ਕਿਹਾ ਕਿ ਇਕ ਮੀਡੀਆ ਕਰਮੀ ਵਿਆਪਕ ਪੱਧਰ ਤੇ ਸਮਾਜ ਵਿਚ ਵਿਚਰਦਾ ਹੈ ਤੇ ਉਸ ਕੋਲ ਲੋਕਾਂ ਨਾਲ ਜੁੜੇ ਮਸਲਿਆਂ ਦੀ ਵਿਆਪਕ ਅਤੇ ਸਾਰਥਕ ਸਮਝ ਹੁੰਦੀ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਡਾ. ਮਨਦੀਪ ਕੌਰ ਅਤੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ੍ਰੀ ਸੁਭਾਸ਼ ਚੰਦਰ ਵੀ ਹਾਜ਼ਰ ਸਨ।

# ਪਾਥਵੇਜ਼ ਗਲੋਬਲ ਸਕੂਲ ਨੇ ਗਤਕੇ 'ਚ ਮਾਰੀਆਂ ਮੱਲਾਂ



**ਕੋਟ ਈਸੇ ਖਾਂ (ਅਰੋੜਾ)** ਪਾਥਵੇਜ਼ ਗਲੋਬਲ ਸਕੂਲ ਦੇ ਬੱਚਿਆਂ ਨੇ ਪੰਜਾਬ ਸਕੂਲ ਜ਼ੋਨਲ ਟੂਰਨਾਮੈਂਟ ਗੱਤਕਾ ਖੇਡਾਂ ਵਿੱਚ ਹਿੱਸਾ ਲਿਆ।ਇਹ ਖੇਡ ਮੁਕਾਬਲੇ ਸ੍ਰੀ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਕਰਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਅੰਡਰ 14 , ਅੰਡਰ 17 ਅਤੇ ਅੰਡਰ 19 ਟੀਮਾਂ ਦੇ ਗੱਤਕਾ ਮੁਕਾਬਲੇ ਕਰਾਏ ਗਏ।ਟੂਰਨਾਮੈਂਟ ਵਿੱਚ ਕੈਂਬਰਿਜ ਸਕੂਲ, ਅਕਾਲ ਅਕੈਡਮੀ ਮਨਾਵਾ, ਬਾਬਾ ਵਧਾਵਾ ਸਿੰਘ ਸਕੂਲ ਮਨਾਵਾ, ਪਾਥਵੇਜ਼ ਗਲੋਬਲ ਸਕੂਲ ਤੇ ਸ੍ਰੀ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ ਆਦਿ ਟੀਮਾਂ ਨੇ ਭਾਗ ਲਿਆ।ਇਨ੍ਹਾਂ ਮੁਕਾਬਲਿਆਂ ਵਿੱਚ ਪ੍ਰਦਰਸ਼ਨੀ 'ਚੋਂ ਪਾਥਵੇਜ਼ ਦੇ ਬੱਚਿਆਂ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸ ਦੌਰਾਨ ਪਾਥਵੇਜ਼ ਦੇ ਵਿਦਿਆਰਥੀਆਂ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਇਲਾਕੇ ਭਰ ਵਿੱਚ ਚਮਕਾਇਆ। ਸਕੂਲ ਦੇ ਕਮੇਟੀ ਮੈਂਬਰ ਮਾਨਯੋਗ ਚੇਅਰਮੈਨ ਸੁਰਜੀਤ ਸਿੰਘ ਸਿੱਧੂ, ਵਾਇਸ ਚੇਅਰਮੈਨ ਅਵਤਾਰ ਸਿੰਘ ਸੌਂਦ, ਚਾਹਤ ਕੰਬੋਜ, ਸਤਨਾਮ ਸਿੰਘ ਸੌਂਦ, ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ, ਜੋਗਿੰਦਰ ਸਿੰਘ ਸਰਪੰਚ, ਜਸਵਿੰਦਰ ਸਿੰਘ ਸਿੱਧੂ, ਸਿਮਰਨਜੀਤ ਸਿੰਘ ਸਿੱਧੂ ਅਤੇ ਪ੍ਰਿੰਸੀਪਲ ਡਾਕਟਰ ਪੰਕਜ ਧਮੀਜਾ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ।


## ਉਤਰ ਰੇਲਵੇ

### ਈ-ਪ੍ਰੋਕਯੋਰਮੈਂਟ ਪ੍ਰਣਾਲੀ ਦੇ ਮਾਧਿਅਮ ਨਾਲ ਨਿਵਿਦਾ ਨੰਬਰ 62255130 ਦੇ ਮਦ ਵੇਰਵਾ, ਡ੍ਰਾਇੰਗ ਅਤੇ ਖੋਹਲਣ ਦੀ ਮਿਤੀ ਵਿਚ ਬਦਲਾਅ ਲਈ ਸ਼ੁਧੀਪੱਤਰ

ਇਸ ਦਫਤਰ ਦੇ ਨਿਵਿਦਾ ਸੂਚਨਾ ਨੰਬਰ 02/2025-26 ਮਿਤੀ 10.06.2025 ਦੇ ਤਹਿਤ ਸੰਸ਼ੋਧਿਤ ਗਾਰਡ ਚੇਅਰ (ਨਵੇਂ ਡਿਜਾਈਨ) ਦੀ ਖਰੀਦ ਲਈ ਨਿਵਿਦਾਵਾਂ ਦੀ ਮੰਗ ਕੀਤੀ ਗਈ ਸੀ। ਹੁਣ ਨਿਵਿਦਾ ਸੂਚਨਾ ਵਿਚ ਕੁਝ ਸੰਸ਼ੋਧਨ ਪ੍ਰਕਾਸ਼ਿਤ ਕੀਤੇ ਜਾ ਰਹੇ ਹਨ, ਜਿਨ੍ਹਾਂ ਦਾ ਜਿਕਰ ਹੇਠਾਂ ਦਿਤਾ ਗਿਆ ਹੈ:-

| ਹੈਡਿੰਗ | ਮੌਜੂਦਾ | ਨਵਾਂ |
|---|---|---|
| ਵਸਤੂ ਦਾ ਵੇਰਵਾ | Modified Guard Chair (New Design) for BVCM Wagon. Drg. No. WD-15009-S-13 Item-25, Alt.-3 or latest & WD-24025-S-01 Sheet-1 & Sheet-2 Alt-Nil or latest | Modified Guard Chair(New Design) for BVCM Wagon. Drg. No. WD-15009-S-13 Item-25, Alt.-4 & WD-24025-S-01 Alt-1.Sheet-1 & Sheet-2 |
| ਡ੍ਰਾਇੰਗ | WD-15009-S-13, Alt-03 | WD-15009-S-13, Alt-04 |
| | WD-24025-S-01.SHT-1 Alt-Nil | WD-24025-S-01.SHT-1 Alt-1 |
| | WD-24025-S-01.SHT-2 Alt-Nil | WD-24025-S-01 .SHT-2 Alt-Nil |
| ਖੋਹਲਣ ਦੀ ਮਿਤੀ | 07-07-2025 | 05-08-2025 |

ਨੋਟ- ਨਿਵਿਦਾ ਦਸਤਾਵੇਜ ਵਿਚ ਉਪਰੋਕਤ ਬਦਲਾਅ ਸ਼ੁਧੀਪੱਤਰ ਦੇ ਮਾਧਿਅਮ ਨਾਲ IREPS ਦੀ ਵੈਬਸਾਈਟ www.ireps.gov.in 'ਤੇ ਉਪਲਬਧ ਅਤੇ ਅਪਲੋਡ ਕੀਤੇ ਗਏ ਹਨ। ਈ-ਨਿਵਿਦਾਵਾਂ ਵਿਚ ਭਾਗ ਲੈਣ ਦੇ ਲਈ ਇਛੁਕ ਫਰਮਾਂ ਨੂੰ ਸਲਾਹ ਦਿਤੀ ਜਾਂਦੀ ਹੈ ਕਿ ਉਪਰੋਕਤ ਵੈਬਸਾਈਟ ਤੇ ਇਲੈਕਟ੍ਰਾਨਿਕ ਰੂਪ ਨਾਲ ਰਜਿਸਟਰੇਸ਼ਨ ਕਰਾਉਣ, ਜਿਸ ਦੇ ਲਈ ਉਨ੍ਹਾਂ ਨੂੰ ਭਾਰਤ ਸਰਕਾਰ ਦੁਆਰਾ ਆਈਟੀ ਅਧਿਨਿਯਮ 2000 ਦੇ ਤਹਿਤ ਅਧਿਕ੍ਰਿਤ ਏਜੰਸੀਆਂ ਦੁਆਰਾ ਪ੍ਰਮਾਣਿਤ ਤੀਜੀ ਕਲਾਸ ਦਾ ਡਿਜਿਟਲ ਸਰਟੀਫਿਕੇਟ ਪ੍ਰਾਪਤ ਕਰਨਾ ਹੋਵੇਗਾ। ਈ-ਨਿਵਿਦਾਵਾਂ ਦੇ ਲਈ ਮੈਨੂੰਅਲ ਪ੍ਰਸਤਾਵ ਸਵੀਕਾਰ ਨਹੀਂ ਕੀਤੇ ਜਾਣਗੇ। ਟੈਂਡਰ ਨੋਟਿਸ ਨੰ.:- 02A/2025-26 ਮਿਤੀ: 23.07.2025 2230/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਰੋਜ਼ਾ ਸ਼ਰੀਫ ਦੇ ਸਾਲਾਨਾ ਉਰਸ ਦੇ ਪ੍ਰਬੰਧਾਂ ਬਾਰੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ



**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਰੋਜ਼ਾ ਸ਼ਰੀਫ ਵਿਖੇ ਹਜ਼ਰਤ ਸ਼ੇਖ ਅਹਿਮਦ ਮੁਜੱਦਦ ਅਲਫਸਾਨੀ ਦੀ ਯਾਦ ਵਿੱਚ 21 ਤੋਂ 23 ਅਗਸਤ ਤੱਕ ਮਨਾਏ ਜਾ ਰਹੇ ਤਿੰਨ ਰੋਜ਼ਾ ਸਾਲਾਨਾ ਉਰਸ ਦੇ ਮੌਕੇ 'ਤੇ ਆਉਣ ਵਾਲੇ ਸ਼ਰਧਾਲੂਆਂ ਦੀ ਸਹੂਲਤ ਲਈ ਸਾਰੇ ਪ੍ਰਸ਼ਾਸਨਿਕ ਪ੍ਰਬੰਧ ਸਮੇਂ ਸਿਰ ਮੁਕੰਮਲ ਕੀਤੇ ਜਾਣ।ਇਹ ਦਿਸ਼ਾ ਨਿਰਦੇਸ਼ ਸਹਾਇਕ ਕਮਿਸ਼ਨਰ ਮਨਰੀਤ ਰਾਣਾ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਲਾਨਾ ਉਰਸ ਦੀਆਂ ਤਿਆਰੀਆਂ ਸਬੰਧੀ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਜਾਰੀ ਕੀਤੇ। ਉਨ੍ਹਾਂ ਕਿਹਾ ਕਿ ਸਾਰੇ ਸੰਬੰਧਿਤ ਵਿਭਾਗਾਂ ਦੇ ਅਧਿਕਾਰੀ ਇਸ ਉਰਸ ਦੇ ਬਿਹਤਰੀਨ ਪ੍ਰਬੰਧਾਂ ਲਈ ਨੋਡਲ ਅਧਿਕਾਰੀਆਂ ਦੀ ਤਾਇਨਾਤੀ ਕਰਨ।ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਦੀਆਂ ਹਦਾਇਤਾਂ ਉੱਤੇ ਮੀਟਿੰਗ ਕਰਦਿਆਂ ਸਹਾਇਕ ਕਮਿਸ਼ਨਰ (ਜਨਰਲ) ਮਨਰੀਤ ਰਾਣਾ ਨੇ ਪੁਲਸ ਵਿਭਾਗ ਦੇ ਅਧਿਕਾਰੀਆਂ ਨੂੰ ਦੂਰੋਂ ਨੇੜਿਓਂ ਆਉਣ ਵਾਲੇ ਸ਼ਰਧਾਲੂਆਂ ਦੀ ਸੁਰੱਖਿਆ, ਵਾਹਨਾਂ ਦੀ ਸੁਚੱਜੀ ਪਾਰਕਿੰਗ, ਆਵਾਜਾਈ ਵਿਵਸਥਾ ਨੂੰ ਸੁਚਾਰੂ ਰੱਖਣ ਦੀ ਹਦਾਇਤ ਕੀਤੀ।ਇਸ ਤੋਂ ਇਲਾਵਾ ਸ਼ਰਧਾਲੂਆਂ ਦੀ ਵੱਡੀ ਆਮਦ ਦੇ ਮੱਦੇਨਜ਼ਰ ਮੁਢਲੀ ਸਹਾਇਤਾ ਕੇਂਦਰ, 24 ਘੰਟੇ ਮੈਡੀਕਲ ਸੁਵਿਧਾਵਾਂ, ਪੀਣ ਵਾਲੇ ਸਾਫ਼ ਪਾਣੀ ਦਾ ਪ੍ਰਬੰਧ, ਆਲੇ-ਦੁਆਲੇ ਦੀ ਸਾਫ ਸਫਾਈ, ਨਿਰਵਿਘਨ ਬਿਜਲੀ ਸਪਲਾਈ, ਆਰਜ਼ੀ ਪਖਾਨੇ ਲਾਉਣ ਸਮੇਤ ਹੋਰ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਦੀ ਹਦਾਇਤ ਕੀਤੀ। ਸਹਾਇਕ ਕਮਿਸ਼ਨਰ ਨੇ ਰੋਜ਼ਾ ਸ਼ਰੀਫ ਤੇ ਪਿੰਡ ਬਰਾਸ ਵਿਖੇ ਸ਼ਰਧਾਲੂਆਂ ਲਈ ਹਰ ਪ੍ਰਬੰਧ ਯਕੀਨੀ ਬਣਾਉਣ ਦੀ ਹਦਾਇਤ ਕੀਤੀ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਲਈ ਇਹ ਮਾਣ ਦੀ ਗੱਲ ਹੈ ਕਿ ਰੋਜ਼ਾ ਸ਼ਰੀਫ ਵਿਖੇ ਸਾਲਾਨਾ ਉਰਸ ਮਨਾਇਆ ਜਾਂਦਾ ਹੈ ਜਿਸ ਵਿੱਚ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂ ਆਉਂਦੇ ਹਨ।

# ਡਾ. ਭੀਮ ਇੰਦਰ ਡਾਇਰੈਕਟਰ ਬਣਨ 'ਤੇ ਸਨਮਾਨਤ

● ਰਾਈਫਲ ਸ਼ੂਟਰ ਸਾਕਸ਼ੀ ਦਾ ਵਿਸ਼ੇਸ਼ ਸਨਮਾਨ



**ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)** ਸ਼ਹੀਦ ਕਰਤਾਰ ਸਿੰਘ ਵੈਲਫੇਅਰ ਟਰੱਸਟ ਵੱਲੋਂ ਪ੍ਰਧਾਨ ਅਕਸ਼ੈ ਕੁਮਾਰ ਖਨੌਰੀ ਦੀ ਅਗਵਾਈ ਵਿੱਚ ਡਾ ਭੀਮ ਇੰਦਰ ਨੂੰ ਪੰਜਾਬੀ ਯੂਨੀਵਰਸਿਟੀ ਦੇ ਯੁਵਕ ਭਲਾਈ ਵਿਭਾਗ ਦਾ ਡਾਇਰੈਕਟਰ ਬਨਣ 'ਤੇ ਸਨਮਾਨਤ ਕੀਤਾ ਗਿਆ।ਸਮਾਗਮ ਦੌਰਾਨ ਰਾਈਫਲ ਸ਼ੂਟਰ ਦੀ ਖਿਡਾਰਣ ਸਾਕਸ਼ੀ, ਜੋ ਸਰਕਾਰੀ ਸ.ਸ.ਸਕੂਲ ਤ੍ਰਿਪੜੀ ਦੀ ਵਿਦਿਆਰਥਣ ਹੈ, ਜਿਸ ਨੂੰ ਟਰੱਸਟ ਵੱਲੋਂ 10000 ਰੁਪਏ ਦੀ ਰਾਸ਼ੀ, ਟਰਾਫੀ, ਮੈਡਲ ਤੇ ਕਿਤਾਬ ਦੇ ਕੇ ਸਨਮਾਨਤ ਕੀਤਾ ਗਿਆ। ਟਰੱਸਟ ਪ੍ਰਧਾਨ ਅਕਸ਼ੈ ਕੁਮਾਰ ਖਨੌਰੀ ਨੇ ਕਿਹਾ ਕਿ ਟਰੱਸਟ ਦਾ ਉਦੇਸ਼ ਵਿਦਿਆਰਥੀਆਂ ਦੀ ਅੰਦਰਲੀ ਛਿਪੀ ਹੋਈ ਪ੍ਰਤਿਭਾ ਨੂੰ ਬਾਹਰ ਕੱਢਣਾ ਹੈ। ਟਰੱਸਟ ਵੱਲੋਂ ਅਜਿਹੇ ਵਿਦਿਆਰਥੀ ਜੋ ਖੇਡਾਂ ਵਿੱਚ ਵੀ ਰਾਸ਼ਟਰੀ ਪੱਧਰ ਤੇ ਮੈਡਲ ਪ੍ਰਾਪਤ ਕਰ ਚੁੱਕੇ ਹਨ ਤੇ ਅੱਗੇ ਵੀ ਉਹਨਾਂ ਨੂੰ ਖੇਡਣ ਲਈ ਵਿੱਤੀ ਤੌਰ 'ਤੇ ਮਜ਼ਬੂਤੀ ਦੀ ਲੋੜ ਹੈ ਤਾਂ ਟਰੱਸਟ ਅਜਿਹੇ ਹੋਣਹਾਰ ਵਿਦਿਆਰਥੀਆਂ ਦੀ ਮਦਦ ਕਰਦਾ ਰਹੇਗਾ।ਟਰੱਸਟ ਪ੍ਰਧਾਨ ਅਕਸ਼ੈ ਖਨੌਰੀ ਨੇ ਦੱਸਿਆ ਕਿ ਡਾ. ਭੀਮਇੰਦਰ ਸਾਦਗੀ ਭਰਪੂਰ ਅਤੇ ਇਮਾਨਦਾਰ ਸਖਸ਼ੀਅਤ ਹਨ।ਡਾ. ਭੀਮਇੰਦਰ ਦੇ ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਬਨਣ ਨਾਲ ਨੌਜਵਾਨ ਅਤੇ ਵਿਦਿਆਰਥੀਆਂ ਲਈ ਮੰਚ ਤੇ ਜਾਣ ਦੇ ਮੌਕੇ ਵੱਧ ਮਿਲਣਗੇ ਅਤੇ ਵਿਭਾਗ ਲਗਾਤਾਰ ਯੂਨੀਵਰਸਿਟੀ ਵਿੱਚ ਨਿਵੇਕਲੀਆਂ ਸਰਗਰਮੀਆਂ ਕਰਾਉਂਦਾ ਰਹੇਗਾ।

# ਅਵਾਰਾ ਕੁੱਤਿਆਂ ਤੋਂ ਲੋਕ ਪ੍ਰੇਸ਼ਾਨ, ਪ੍ਰਸ਼ਾਸਨ ਸੁੱਤਾ

**ਸਨੌਰ (ਰਾਜਿੰਦਰ ਸਿੰਘ ਥਿੰਦ)** ਅਵਾਰਾ ਪਸ਼ੂਆਂ ਤੇ ਅਵਾਰਾ ਕੁੱਤਿਆਂ ਨੂੰ ਕਾਬੂ 'ਚ ਕਰਨ ਲਈ ਕਈ ਵਾਰ ਸਥਾਨਕ ਲੋਕਾਂ ਨੇ ਸਬੰਧਤ ਵਿਭਾਗ ਤੱਕ ਖ਼ਬਰਾਂ ਰਾਹੀ ਧਿਆਨ 'ਚ ਲਿਆਂਦਾ, ਪ੍ਰੰਤੂ ਫਿਰ ਵੀ ਵਿਭਾਗ ਇਸ ਗੰਭੀਰ ਮਾਮਲੇ ਨੂੰ ਲੈ ਕੇ ਧਿਆਨ ਨਹੀਂ ਦੇ ਰਿਹਾ ਹੈ।2 ਦਿਨ ਪਹਿਲਾਂ ਨਗਰ ਕੌਂਸਲ ਸਨੌਰ ਦੇ ਸਾਬਕਾ ਮੀਤ ਪ੍ਰਧਾਨ ਪ੍ਰੀਤਮ ਸਿੰਘ ਨੂੰ ਅਵਾਰਾ ਕੁੱਤੇ ਦੇ ਵੱਢਣ ਦਾ ਵੀ ਮਾਮਲਾ ਸਾਮਣੇ ਆਇਆ। ਇਸ ਸਬੰਧ 'ਚ ਸਾਬਕਾ ਮੀਤ ਪ੍ਰਧਾਨ ਪ੍ਰੀਤਮ ਸਿੰਘ ਨੇ ਦੱਸਿਆ ਕਿ 21 ਤਾਰੀਕ ਨੂੰ ਸੈਰ ਦੌਰਾਨ ਇਕ ਅਵਾਰਾ ਕੁੱਤੇ ਨੇ ਫੜ ਲਿਆ, ਜਿਸ ਨਾਲ ਉਹ ਕਾਫੀ ਜ਼ਖ਼ਮੀ ਹੋ ਗਏ। ਉਨ੍ਹਾਂ ਦੋਸ਼ ਲਾਉਂਦਿਆਂ ਕਿਹਾ ਕਿ ਲੋਕਾਂ ਦੀਆਂ ਕੀਮਤੀ ਜਾਨਾਂ ਨਾਲ ਖਿਲਵਾੜ ਕੀਤਾ ਜਾ ਰਹੀ ਹੈ।ਪ੍ਰੀਤਮ ਸਿੰਘ ਨੇ ਡਿਪਟੀ ਕਮਿਸ਼ਨਰ ਕੋਲੋਂ ਮੰਗ ਕੀਤੀ ਕਿ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈ ਕੇ ਹੱਲ ਕੀਤਾ ਜਾਵੇ।


## Union Bank of India

ਜਨਤਕ ਨੋਟਿਸ

ਆਮ ਜਨਤਾ ਦੇ ਧਿਆਨ 'ਚ ਲਿਆਂਦਾ ਜਾਂਦਾ ਹੈ ਕਿ ਵਿਸ਼ਾਲ ਧੀਰ ਪੁੱਤਰ ਰਾਜ ਕੁਮਾਰ ਧੀਰ, ਵਾਸੀ ਮਕਾਨ ਨੰ. 63, ਨਿਊ ਜਵਾਲਾ ਨਗਰ, ਮਕਸੂਦਾਂ, ਜਲੰਧਰ ਨੇ ਬੈਂਕ ਕੋਲ ਵਿੱਤੀ ਸਹਾਇਤਾ ਲਈ ਪਹੁੰਚ ਕੀਤੀ ਹੈ ਅਤੇ ਮੈਸ : ਮਧੂਸੂਦਨ ਕੋਲਡ ਸਟੋਰ ਦੇ ਨਾਂਅ 'ਤੇ 6,50,00,000/- ਰੁਪਏ ਦਾ ਕਰਜ਼ਾ ਜਾਇਦਾਦ, ਜੋ ਕਿ ਰਕਬਾ 11 ਕਨਾਲ-15 ਮਰਲੇ ਹੈ ਅਤੇ ਪਿੰਡ ਨੌਰੰਗਪੁਰ, ਤਹਿਸੀਲ ਸ਼ਾਹਕੋਟ ਜ਼ਿਲ੍ਹਾ ਜਲੰਧਰ, ਖਸਰਾ ਨੰ. 7//17/2(2-15) 18/1(2-9) 18/2(5-2) 23/1(-19), ਹਦਬਸਤ ਨੰ. 179, ਤਹਿਸੀਲ ਸ਼ਾਹਕੋਟ ਦੇ ਵਿਰੁੱਧ ਬੈਨਾਮਾ ਨੰ. 2021-2022/177/1/1196 ਮਿਤੀ 14.12.2021 ਸਬ-ਰਜਿਸਟਰਾਰ ਸ਼ਾਹਕੋਟ ਨੂੰ ਗਹਿਣੇ ਰੱਖ ਕੇ ਲਿਆ ਹੈ।

ਆਮ ਜਨਤਾ ਦੇ ਧਿਆਨ 'ਚ ਲਿਆਂਦਾ ਜਾ ਰਿਹਾ ਹੈ ਕਿ ਉਪਰੋਕਤ ਜਾਇਦਾਦ ਦੀ ਇਕ ਅਸਲ ਰਜਿਸਟਰੀ ਗੁਆਚ ਗਈ ਹੈ, ਗੁਆਚ ਗਈ ਰਜਿਸਟਰੀ : ਬੈਨਾਮਾ ਵਸੀਕਾ ਨੰ. 386 ਮਿਤੀ 06.07.2015, ਜੋ ਇਕਬਾਲ ਸਿੰਘ ਪੁੱਤਰ ਗੁਰਬਖਸ਼ ਸਿੰਘ ਦੇ ਹੱਕ 'ਚ ਰਜਿਸਟਰਡ ਹੈ। ਇਸ ਬੈਨਾਮੇ ਦੇ ਗੁਆਚ ਜਾਣ ਦੀ ਇਤਲਾਹ ਲਾਅ ਫੋਰਸ ਏਜੰਸੀਆਂ ਕੋਲ ਲੜੀ ਨੰ. ਐੱਲ ਆਰ ਐੱਨ 605427/2025 ਮਿਤੀ 30.06.2025 ਪੀ ਐੱਸ ਸੀ ਓ ਡਵੀਜ਼ਨ 1, ਜਲੰਧਰ ਨੂੰ ਦਿੱਤੀ ਜਾ ਚੁੱਕੀ ਹੈ।

ਜੇਕਰ ਆਮ ਜਨਤਾ ਗੁਆਚਾ ਬੈਨਾਮਾ ਲੱਭਦੀ ਹੈ/ਜਾਂ ਰਹਿਣ ਸੰਬੰਧੀ ਸਮੇਤ ਸਬੂਤ ਕੋਈ ਇਤਰਾਜ਼ ਅਤੇ/ਜਾਂ ਦਾਅਵਾ ਜੇਕਰ ਕੋਈ ਹੈ, ਰੱਖਦੀ ਹੈ ਤਾਂ ਰਹਿਣ ਕੀਤੀ ਉਕਤ ਜਾਇਦਾਦ/ਉਸ ਦੀ ਵਾਪਸੀ ਲਈ ਯੂਨੀਅਨ ਬੈਂਕ ਆਫ ਇੰਡੀਆ ਬ੍ਰਾਂਚ ਦਫ਼ਤਰ ਚੁਗਿੱਟੀ, ਜਲੰਧਰ ਨੂੰ ਨੋਟਿਸ ਦੇ 07 ਦਿਨਾਂ ਦੇ ਅੰਦਰ ਬ੍ਰਾਂਚ ਮੈਨੇਜਰ, ਯੂਨੀਅਨ ਬੈਂਕ ਆਫ ਇੰਡੀਆ, ਚੁਗਿੱਟੀ, ਜਲੰਧਰ ਨੂੰ ਲਿਖਤੀ ਤੌਰ 'ਤੇ ਭੇਜ ਸਕਦੀ ਹੈ।

ਮਿਤੀ : 24.07.2025 ਸਥਾਨ : ਜਲੰਧਰ ਬ੍ਰਾਂਚ ਮੈਨੇਜਰ


# ਸਰਕਾਰਾਂ ਜ਼ਮੀਨਾਂ ਖੋਹਣ ਦੀ ਬਜਾਏ ਖੇਤੀਬਾੜੀ ਦਾ ਵਿਕਾਸ ਕਰਨ : ਸੇਖੋਂ

**ਬਠਿੰਡਾ (ਬਖਤੌਰ ਢਿੱਲੋਂ)** ਪੰਜਾਬ ਸਰਕਾਰ ਨੇ ਬੀਤੇ ਦਿਨ ਲੈਂਡ ਪੂਲਿੰਗ ਨੀਤੀ ਵਿੱਚ ਕੁੱਝ ਬਦਲਾਅ ਕੀਤੇ ਹਨ ਤੇ ਇਸਨੂੰ ਕਿਸਾਨਾਂ ਦੇ ਹਿਤਾਂ ਵਿੱਚ ਦੱਸ ਕੇ ਪ੍ਰਚਾਰ ਕੀਤਾ ਜਾ ਰਿਹਾ ਹੈ। ਪਰ ਅਸਲ ਵਿੱਚ ਤਾਂ ਇਹ ਨੀਤੀ ਕਿਸਾਨਾਂ ਦੀਆਂ ਜ਼ਮੀਨਾਂ ਖੋਹਣ ਵਾਲੀ ਹੀ ਹੈ, ਧੱਕੇ ਨਾਲ ਨਹੀਂ ਤਾਂ ਲਾਲਚ ਦੇ ਕੇ ਖੋਹੀ ਜਾਵੇਗੀ। ਇਹ ਵਿਚਾਰ ਪ੍ਰਗਟ ਕਰਦਿਆਂ ਸੀ ਪੀ ਆਈ ਐੱਮ ਪੰਜਾਬ ਦੇ ਸਕੱਤਰ ਕਾ: ਸੁਖਵਿੰਦਰ ਸਿੰਘ ਸੇਖੋਂ ਨੇ ਰਾਜ ਸਰਕਾਰ ਵੱਲੋਂ ਵਧਾਈ ਮੁਆਵਜ਼ੇ ਦੀ ਰਕਮ ਦੇ ਸੰਦਰਭ ਵਿੱਚ ਪ੍ਰਗਟ ਕੀਤੇ। ਵਰਨਣਯੋਗ ਹੈ ਕਿ ਬੀਤੇ ਦਿਨ ਪੰਜਾਬ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਕੁੱਝ ਅਜਿਹੇ ਬਦਲਾਅ ਕੀਤੇ ਗਏ ਹਨ। ਜ਼ਮੀਨ ਮਾਲਕਾਂ ਨੂੰ ਮੁਆਵਜ਼ਾ 30 ਹਜ਼ਾਰ ਰੁਪਏ ਪ੍ਰਤੀ ਏਕੜ ਦੀ ਬਜਾਏ 50 ਹਜ਼ਾਰ ਰੁਪਏ ਸਾਲਾਨਾ ਦਿੱਤਾ ਜਾਵੇਗਾ, ਜ਼ਮੀਨ ਦਾ ਕਬਜ਼ਾ ਲੈਣ 'ਤੇ ਇਹ ਰਾਸ਼ੀ ਇੱਕ ਲੱਖ ਰੁਪਏ ਹੋ ਜਾਵੇਗੀ। ਵਿਕਾਸ ਵਿੱਚ ਦੇਰੀ ਹੋਣ ਤੇ ਮੁਆਵਜ਼ਾ ਰਾਸ਼ੀ ਵਿੱਚ ਹਰ ਸਾਲ ਦਸ ਫ਼ੀਸਦੀ ਵਾਧਾ ਕੀਤਾ ਜਾਵੇਗਾ। ਕਾ. ਸੇਖੋਂ ਨੇ ਕਿਹਾ ਕਿ ਸਰਕਾਰ ਵੱਲੋਂ ਮੁਆਵਜ਼ਾ ਰਾਸ਼ੀ ਵਧਾਉਣਾ ਕਿਸਾਨਾਂ ਪਾਸੋਂ ਸਵੈਇੱਛਾ ਨਾਲ ਜ਼ਮੀਨ ਖੋਹਣ ਦੀ ਹੀ ਇੱਕ ਚਾਲ ਹੈ। ਆਖ਼ਰ ਜ਼ਮੀਨ ਤਾਂ ਕਿਸਾਨ ਤੋਂ ਖੁੱਸ ਹੀ ਜਾਵੇਗੀ। ਹਰ ਸਾਲ ਦਸ ਫ਼ੀਸਦੀ ਵਾਧੇ ਵਾਲੀ ਮੱਦ ਤੋਂ ਸਪਸ਼ਟ ਹੁੰਦਾ ਹੈ ਕਿ ਸਰਕਾਰ ਛੇਤੀ ਹੀ ਕਲੋਨੀਆਂ ਉਸਾਰਨ ਦਾ ਕੰਮ ਸ਼ੁਰੂ ਕਰ ਦੇਵੇਗੀ। ਵਿਕਾਸ ਕੇਵਲ ਕਲੋਨੀਆਂ ਉਸਾਰਨ ਨੂੰ ਹੀ ਨਹੀਂ ਮੰਨਿਆ ਜਾ ਸਕਦਾ, ਵਿਕਾਸ ਕਰਨਾ ਹੈ ਤਾਂ ਉਦਯੋਗ ਲਾਏ ਜਾਣ, ਜੋ ਲੋਕਾਂ ਦੇ ਰੁਜ਼ਗਾਰ ਦਾ ਸਾਧਨ ਵੀ ਬਣਨ। ਸੂਬਾ ਸਕੱਤਰ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਜੋ ਕਿਸਾਨ ਵਿਰੋਧੀ ਤਿੰਨ ਕਾਲੇ ਕਾਨੂੰਨ ਲਿਆਂਦੇ ਸਨ, ਉਹ ਵੀ ਜ਼ਮੀਨ ਹਥਿਆਉਣ ਵਾਲੇ ਹੀ ਸਨ, ਜਿਨ੍ਹਾਂ ਵਿਰੁੱਧ ਸਮੁੱਚੇ ਦੇਸ਼ ਦੇ ਕਿਸਾਨਾਂ ਨੇ ਰਾਜਧਾਨੀ ਦੀਆਂ ਬਰੂਹਾਂ 'ਤੇ ਲੰਮਾ ਸੰਘਰਸ਼ ਲੜਿਆ ਤੇ ਜਿੱਤ ਪ੍ਰਾਪਤ ਕੀਤੀ ਸੀ। ਹੁਣ ਸਰਕਾਰਾਂ ਨੇ ਲੈਂਡ ਪੂਲਿੰਗ ਨੀਤੀ ਰਾਹੀਂ ਕਿਸਾਨਾਂ ਨੂੰ ਲਾਲਚ ਦੇ ਕੇ ਉਨ੍ਹਾਂ ਦੀ ਜ਼ਮੀਨ ਖੋਹਣ ਵਾਲੀ ਕਾਰਵਾਈ ਅਰੰਭ ਕਰ ਦਿੱਤੀ ਹੈ। ਜ਼ਮੀਨ ਖੁੱਸ ਜਾਣ ਨਾਲ ਕਿਸਾਨਾਂ ਦਾ ਕਾਰੋਬਾਰ ਠੱਪ ਹੋ ਜਾਵੇਗਾ ਤੇ ਅਨਾਜ ਘੱਟ ਪੈਦਾ ਹੋਣ ਸਦਕਾ ਦੇਸ਼ ਵਿੱਚ ਪਹਿਲਾਂ ਹੀ ਬਣੀ ਭੁੱਖਮਰੀ ਵਰਗੀ ਹਾਲਤ ਹੋਰ ਬਦਤਰ ਹੋ ਜਾਵੇਗੀ।

# ਅਣਧਿਕਾਰਤ ਗੁਦਾਮ ਬਣਾ ਕੇ ਖ਼ਾਦ ਦੀ ਜਮ੍ਹਾਂਖ਼ੋਰੀ ਕਰਨ ਵਾਲੇ ਖਿਲਾਫ਼ ਪਰਚਾ ਦਰਜ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਪਿੰਡ ਮੂੰਮ (ਬਰਨਾਲਾ) ਵਿਖੇ ਅਣ-ਅਣਧਿਕਾਰਤ ਤੌਰ 'ਤੇ ਗੁਦਾਮ ਬਣਾ ਕੇ ਖ਼ਾਦ ਦੀ ਜਮ੍ਹਾਂਖ਼ੋਰੀ ਕਰਨ ਦੇ ਦੋਸ਼ਾਂ ਤਹਿਤ ਪੈਸਟੀਸਾਈਡ ਦੁਕਾਨ ਮਾਲਕ ਉਪਰ ਥਾਣਾ ਮਹਿਲ ਕਲਾਂ 'ਚ ਪਰਚਾ ਦਰਜ ਕੀਤਾ ਗਿਆ ਹੈ। ਪੁਲਸ ਥਾਣਾ ਮਹਿਲ ਕਲਾਂ ਦੇ ਮੁੱਖ ਅਫ਼ਸਰ ਸ਼ੇਰਵਿੰਦਰ ਸਿੰਘ ਔਲਖ, ਏ ਐਸ ਆਈ ਗੁਰਸਿਮਰਨਜੀਤ ਸਿੰਘ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਦੇ ਜੁਆਇੰਟ ਡਾਇਰੈਕਟਰ ਦੀ ਟੀਮ ਵਲੋਂ ਪਿੰਡ ਮੂੰਮ ਵਿਖੇ ਗੁਪਤ ਸੂਚਨਾ ਦੇ ਅਧਾਰ 'ਤੇ ਛਾਪੇਮਾਰੀ ਕਰਕੇ ਇੱਕ ਇਮਾਰਤ 'ਚ ਅਨਅਧਿਕਾਰਤ ਖੇਤੀ ਸਮੱਗਰੀ ਬਰਾਮਦ ਕੀਤੀ ਸੀ।ਇੱਕ ਖੁੱਲ੍ਹੇ ਘਰ ਦੇ ਕਮਰੇ 'ਚ ਡੀ ਏ ਪੀ ਖ਼ਾਦ ਅਤੇ ਹੋਰ ਖ਼ਾਦਾਂ ਨੂੰ ਸਟੋਰ ਕੀਤਾ ਹੋਇਆ ਸੀ।ਇਹ ਸਾਰਾ ਸਮਾਨ ਮੈਸ. ਮੂੰਮ ਪੈਸਟੀਸਾਈਡਜ਼ ਦਾ ਪਾਇਆ ਗਿਆ।ਇਹ ਕਮਰਾ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਬਰਨਾਲਾ ਦੇ ਕਿਸੇ ਵੀ ਰਿਕਾਰਡ 'ਚ ਦਰਜ ਨਹੀਂ ਹੈ। ਉਨ੍ਹਾਂ ਦੱਸਿਆ ਕਿ ਦੁਕਾਨਾਂ ਦੇ ਕਿਰਾਏਦਾਰ ਨੇ ਇਹ ਖੇਤੀ ਸਮੱਗਰੀ ਅਣਅਧਿਕਾਰਤ ਤੌਰ 'ਤੇ ਸਟੋਰ ਕੀਤੀ ਹੋਈ ਸੀ।ਉਨ੍ਹਾਂ ਦੱਸਿਆ ਕਿ ਖੇਤੀਬਾੜੀ ਵਿਭਾਗ ਦੀ ਲਿਖ਼ਤੀ ਸ਼ਿਕਾਇਤ ਤੋਂ ਬਾਅਦ ਮੂੰਮ ਪੈਸਟੀਸਾਇਡ ਦੇ ਮਾਲਕ ਇੰਦਰਜੀਤ ਸਿੰਘ ਵਿਰੁੱਧ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਇਸ ਅਣ-ਅਧਿਕਾਰਤ ਗੁਦਾਮ ਨੂੰ ਸੀਲ ਕਰ ਦਿੱਤਾ ਹੈ।

# ਪਲੇਸਮੈਂਟ ਕੈਂਪ ਭਲਕੇ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ 25 ਜੁਲਾਈ ਨੂੰ ਪਲੇਸਮੈਂਟ ਕੈਂਪ ਲਾਇਆ ਜਾਵੇਗਾ, ਜਿਸ ਵਿੱਚ ਐਕਸਿਸ ਬੈਂਕ ਤੇ ਦਾਦਾ ਮੋਟਰਜ਼ ਦੇ ਨੁਮਾਇੰਦੇ ਭਾਗ ਲੈਣਗੇ। ਜ਼ਿਲ੍ਹਾ ਰੋਜ਼ਗਾਰ ਅਫਸਰ ਹਰਪ੍ਰੀਤ ਸਿੰਘ ਸਿੱਧੂ ਨੇ ਦੱਸਿਆ ਕਿ ਐਕਸਿਸ ਬੈਂਕ ਲਈ ਵਿੱਦਿਅਕ ਯੋਗਤਾ ਘੱਟੋ ਘੱਟ ਬੀ.ਏ. (ਗਰੈਜੂਏਸ਼ਨ) ਰੱਖੀ ਗਈ ਹੈ, ਜਦੋਂ ਕਿ ਦਾਦਾ ਮੋਟਰਜ਼ ਲਈ 12ਵੀਂ ਪਾਸ ਲੜਕੀਆਂ ਤੇ ਲੜਕੇ ਬਿਨੇ ਕਰ ਸਕਦੇ ਹਨ।

ਜ਼ਿਲ੍ਹਾ ਰੋਜ਼ਗਾਰ ਅਫ਼ਸਰ ਨੇ ਦੱਸਿਆ ਕਿ ਪਲੇਸਮੈਂਟ ਕੈਂਪ ਲਈ ਇੰਟਰਵਿਊ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਮਰਾ ਨੰਬਰ 127 ਵਿਖੇ ਸਵੇਰੇ 10:00 ਵਜੇ ਤੋਂ ਬਾਅਦ ਦੁਪਹਿਰ 01:00 ਵਜੇ ਤੱਕ ਹੋਵੇਗੀ।ਉਨ੍ਹਾਂ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਇਸ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ।


## Capital Small Finance Bank

H.O: MIDAS Corporate Park, 3rd Floor, 37 G.T. Road, JALANDHAR CITY

ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)

ਜਦੋਂਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਿਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ (ਐਕਟ, 2002 (54 ਆਫ 2002) ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 23.12.2024 ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ (1) ਮੈਸ : ਅਰੂਹੀ ਆਰਕੀਟੈਕਟਸ ਐਂਡ ਕਨਸਟਰੱਕਸ਼ਨਜ਼ (1), ਪਾਮ ਡਰਾਈਵ ਕਾਲੋਨੀ, ਵਡਾਲਾ, ਜਲੰਧਰ (2) ਸ੍ਰੀ ਵਿਜੇ ਕੁਮਾਰ ਪੁੱਤਰ ਸ੍ਰੀ ਰਘੂਬੀਰ ਸਿੰਘ, ਵਾਸੀ ਪਾਮ ਡਰਾਈਵ ਕਾਲੋਨੀ, ਵਡਾਲਾ, ਜਲੰਧਰ-144003 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ (3) ਸ੍ਰੀ ਸਿੱਧੂ ਕੁਮਾਰ ਪੁੱਤਰ ਸ੍ਰੀ ਸੁੱਖ ਰਾਮ, ਵਾਸੀ ਨੰ. 2 ਟੰਕੀ, ਨੇੜੇ ਵਾਟਰ ਟੈਂਕ, ਫੋਕਲ ਪੁਆਇੰਟ, ਇੰਡਸਟ੍ਰੀਅਲ ਟਾਊਨ, ਜਲੰਧਰ, ਪੰਜਾਬ-144004 (4) ਸ੍ਰੀ ਟਵਿੰਕਲ ਕੁਮਾਰੀ ਪੁੱਤਰੀ ਸ੍ਰੀ ਸਤੀਸ਼ ਕੁਮਾਰ ਵਾਸੀ ਪਿੰਡ ਲੱਖਣ ਕੋਠੀ, ਰੋਪਨ, ਸਰਕਾਘਾਟ, ਮੰਡੀ ਹਿਮਾਚਲ ਪ੍ਰਦੇਸ਼-175024 ਅਤੇ ਨਾਲ ਹੀ ਸ੍ਰੀਮਤੀ ਟਵਿੰਕਲ ਕੁਮਾਰੀ ਪਤਨੀ ਸ੍ਰੀ ਵਿਜੇ ਕੁਮਾਰ ਪੁੱਤਰ ਸ੍ਰੀ ਰਘੂਬੀਰ ਸਿੰਘ, ਵਾਸੀ ਪਾਮ ਡਰਾਈਵ ਕਾਲੋਨੀ, ਵਡਾਲਾ, ਜਲੰਧਰ-144003 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ 'ਚ ਦਰਸਾਈ ਮਿਤੀ 'ਤੇ ਓ ਡੀ/048400000086 'ਚ ਰੁ. 12,85,832.04 ਨਿਕਲਦੀ ਬਕਾਇਆ ਰਕਮ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਲਈ ਕਿਹਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਿਹਾ ਹੈ, ਇਸ ਲਈ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਨਿਯਮ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਖੁਦ ਨੂੰ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐਸੇਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰਾਂ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਓ ਡੀ/048400000086 'ਚ ਰੁ. 12,85,832.04 ਨਿਕਲਦੀ ਬਕਾਇਆ ਰਕਮ ਮਿਤੀ 01.12.2024 ਤੋਂ ਲਾਗੂ ਭਵਿੱਖੀ ਵਿਆਜ ਸਮੇਤ ਵਸੂਲੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ:** **ਕੋਲੇਟਰਲਰ ਸਕਿਉਰਟੀ** : ਅਚੱਲ ਜਾਇਦਾਦ ਉਚਿਤ ਗਿਰਵੀਨਾਮਾ :- ਬੈਨਾਮਾ ਦਸਤਾਵੇਜ਼ ਨੰ. 2018-19/187/1/4402 ਮਿਤੀ 23.01.2019 ਅਨੁਸਾਰ ਸ੍ਰੀਮਤੀ ਟਵਿੰਕਲ ਕੁਮਾਰੀ ਪਤਨੀ ਵਿਜੇ ਕੁਮਾਰ ਦੀ ਮਲਕੀਅਤ ਜਾਇਦਾਦ ਰਕਬਾ 2 ਮਰਲੇ 266 ਵਰਗ ਫੁੱਟ (810 ਵਰਗ ਫੁੱਟ), ਪਲਾਟ ਨੰ. 58, ਪਿੰਡ ਧਾਲੀਵਾਲ, ਤਹਿਸੀਲ ਜਲੰਧਰ ਨਾਲ ਸੰਬੰਧਤ ਸਭ ਕੁੱਝ।

ਸਥਾਨ : ਜਲੰਧਰ ਮਿਤੀ :22.07.2025 ਅਧਿਕਾਰਤ ਅਫ਼ਸਰ)


# 285 ਗ੍ਰਾਮ ਹੈਰੋਇਨ, 2 ਮੋਬਾਇਲ ਫੋਨ ਸਮੇਤ 2 ਵਿਅਕਤੀ ਕਾਬੂ

**ਜਲਾਲਾਬਾਦ (ਜੀਤ ਕੁਮਾਰ)** ਥਾਣਾ ਸਿਟੀ ਪੁਲਸ ਵੱਲੋਂ ਛੋਟਾ ਸੁੱਕੜ ਮੋੜ ਤੋਂ 2 ਵਿਅਕਤੀਆਂ ਨੂੰ 285 ਗ੍ਰਾਮ ਹੈਰੋਇਨ, 2 ਮੋਬਾਇਲ ਫੋਨ ਅਤੇ ਇਕ ਮੋਟਰ ਸਾਇਕਲ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਐਸ.ਆਈਚ. ਅਮਨਦੀਪ ਕੌਰ ਨੇ ਦੱਸਿਆ ਕਿ ਉਹ ਸਮੇਤ ਸਾਥੀ ਕ੍ਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਛੋਟਾ ਸੁੱਕੜ ਮੋਡ ਜਲਾਲਾਬਾਦ-ਫ਼ਾਜ਼ਿਲਕਾ ਰੋਡ ਤੇ ਪੁੱਜੇ ਤਾਂ ਇਸ ਦੌਰਾਨ ਪੁਲਸ ਪਾਰਟੀ ਨੂੰ ਵੇਖ 2 ਵਿਅਕਤੀ ਭੱਜਣ ਲੱਗੇ, ਜਿਨ੍ਹਾਂ ਨੂੰ ਪੁਲਸ ਪਾਰਟੀ ਨੇ ਕਾਬੂ ਕਰਕੇ ਨਾਂਅ, ਪਤਾ ਪੁੱਛਿਆ ਗਿਆ ਤਾਂ ਉਨ੍ਹਾਂ ਦੀ ਪਛਾਣ ਅਸ਼ਵਨੀ ਕੁਮਾਰ ਉਰਫ ਬੋਨੀ ਪੁੱਤਰ ਕਰਮਜੀਤ ਸਿੰਘ ਵਾਸੀ ਟਿਵਾਣਾ ਕਲਾਂ ਤੇ ਲਵਪ੍ਰੀਤ ਸਿੰਘ ਉਰਫ ਲਵ ਪੁੱਤਰ ਬਲਵੀਰ ਸਿੰਘ ਵਾਸੀ ਟਿਵਾਣਾ ਕਲਾਂ ਵਜੋਂ ਹੋਈ। ਪੁਲਸ ਵੱਲੋਂ ਕੀਤੀ ਗਈ ਤਲਾਸ਼ੀ ਦੇ ਦੌਰਾਨ ਇਨ੍ਹਾਂ ਪਾਸੋਂ 285 ਗ੍ਰਾਮ ਹੈਰੋਇਨ, 2 ਮੋਬਾਇਲ ਫੋਨ ਬਰਾਮਦ ਹੋਏ। ਪੁਲਸ ਨੇ ਅਸ਼ਵਨੀ ਕੁਮਾਰ ਉਰਫ ਬੋਨੀ ਤੇ ਲਵਪ੍ਰੀਤ ਸਿੰਘ ਉਰਫ ਲਵ ਨੂੰ ਹੈਰੋਇਨ, ਮੋਬਾਇਲ ਫੋਨ ਅਤੇ ਇਕ ਮੋਟਰ ਸਾਇਕਲ ਸਮੇਤ ਕਾਬੂ ਕਰਨ ਉਪਰੰਤ ਥਾਣਾ ਸਿਟੀ ਜਲਾਲਾਬਾਦ ਵਿਖੇ ਧਾਰਾ 2ਸੀ/291/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕੀਤਾ ਗਿਆ ਹੈ।

# ਸੀ ਪੀ ਆਈ ਵੱਲੋਂ ਵਾਤਾਵਰਣ ਦੀ ਸੰਭਾਲ ਲਈ ਪਬਲਿਕ ਐਕਸ਼ਨ ਕਮੇਟੀ ਦੇ ਕੰਮਾਂ ਦੀ ਸ਼ਲਾਘਾ

**ਲੁਧਿਆਣਾ (ਰੈਕਟਰ ਕਥੂਰੀਆ)** ਅਖਬਾਰਾਂ ਵਿੱਚ ਛਪੀਆਂ ਖਬਰਾਂ ਅਨੁਸਾਰ ਕੌਮੀ ਗ੍ਰੀਨ ਟ੍ਰਿਬਿਊਨਲ ਵੱਲੋਂ ਲੋਕ ਹਿੱਤ ਪਟੀਸ਼ਨਾਂ 'ਤੇ ਕਾਰਵਾਈ ਕਰਦਿਆਂ ਪੀਪੀਸੀਬੀ ਤੇ ਰੰਗਾਈ ਕਾਰਖਾਨਿਆਂ ਲਈ ਵਿਸ਼ੇਸ਼ ਤੌਰ 'ਤੇ ਨਿਰਮਿਤ ਕੀਤੇ ਗਏ ਸੀਈਟੀਪੀ ਨੂੰ ਨੋਟਿਸ ਜਾਰੀ ਹੋਇਆ ਹੈ।ਇਹ ਲੋਕ ਹਿੱਤ ਪਟੀਸ਼ਨਾਂ ਪਬਲਿਕ ਐਕਸ਼ਨ ਕਮੇਟੀ (ਪੀਏਸੀ) ਨੇ ਐਨਜੀਟੀ ਪਾਸ ਦਾਇਰ ਕੀਤੀਆਂ ਸਨ।ਇਨ੍ਹਾਂ ਵਿੱਚ ਬੁੱਢਾ ਦਰਿਆ ਅੰਦਰ ਅਣਅਧਿਕਾਰਤ ਗੰਦੇ ਪਾਣੀ ਦੇ ਲਗਾਤਾਰ ਨਿਕਾਸ ਲਈ ਜੁਰਮਾਨਾ ਲਾਉਣ ਦੀ ਮੰਗ ਕੀਤੀ ਗਈ ਸੀ। ਭਾਰਤੀ ਕਮਿਊਨਿਸਟ ਪਾਰਟੀ ਲੁਧਿਆਣਾ ਸ਼ਹਿਰੀ ਕਮੇਟੀ ਪੀਏਸੀ ਤੇ ਇਸ ਦੇ ਅਹੁਦੇਦਾਰਾਂ ਦੀ ਸ਼ਲਾਘਾਯੋਗ ਕਾਰਵਾਈ ਦਾ ਸਮਰਥਨ ਕਰਦੀ ਹੈ। ਸੀਪੀਆਈ ਲੁਧਿਆਣਾ ਸ਼ਹਿਰੀ ਦੇ ਸਕੱਤਰ ਐਮ ਐਸ ਭਾਟੀਆ ਬਿਆਨ ਜਾਰੀ ਕਰਦਿਆਂ ਕਿਹਾ ਕਿ ਵਾਤਾਵਰਣ ਨੂੰ ਬਚਾਉਣ ਲਈ ਬੁੱਢੇ ਦਰਿਆ ਨੂੰ ਜ਼ਹਿਰੀਲੇ ਪ੍ਰਦੂਸ਼ਤ ਪਦਾਰਥਾਂ ਤੋਂ ਬਚਾਉਣਾ ਬਹੁਤ ਜ਼ਰੂਰੀ ਹੈ।

ਭਾਰਤੀ ਕਮਿਊਨਿਸਟ ਪਾਰਟੀ ਇਸ ਤਰ੍ਹਾਂ ਦੇ ਕੰਮਾਂ ਵਿੱਚ ਲੱਗੀਆਂ ਜਥੇਬੰਦੀਆਂ ਦੀ ਸ਼ਲਾਘਾ ਕਰਦੀ ਹੈ ਤੇ ਉਨ੍ਹਾਂ ਨੂੰ ਆਪਣਾ ਸਮਰਥਨ ਵੀ ਜ਼ਾਹਰ ਕਰਦੀ ਹੈ। ਉਨ੍ਹਾ ਦੱਸਿਆ ਕਿ ਸਮਾਜ ਸੇਵੀ ਸੰਸਥਾ ਭਾਰਤ ਜਨ ਗਿਆਨ ਵਿਗਿਆਨ ਜਥਾ 1992 ਤੋਂ ਹੀ ਇਸ ਮਸਲੇ ਨੂੰ ਵਾਤਾਵਰਣ ਪ੍ਰੇਮੀ ਡਾਕਟਰ ਅਰੁਣ ਮਿਤਰਾ ਤੇ ਸਵ: ਮੇਜਰ ਸ਼ੇਰ ਸਿੰਘ ਔਲਖ ਦੀ ਅਗਵਾਈ ਵਿੱਚ ਲਗਾਤਾਰ ਆਵਾਜ਼ ਚੁੱਕਦੀ ਆ ਰਹੀ ਹੈ।ਇਹ ਖੁਸ਼ੀ ਦੀ ਗੱਲ ਹੈ ਕਿ ਹੁਣ ਪਬਲਿਕ ਐਕਸ਼ਨ ਕਮੇਟੀ ਦੀ ਇਸ ਕਾਰਵਾਈ ਨਾਲ ਵਾਤਾਵਰਣ ਦੀ ਰੱਖਿਆ ਲਈ ਕੋਸ਼ਿਸ਼ਾਂ ਹੋਰ ਤੇਜ਼ ਤੇ ਪ੍ਰਭਾਵਸ਼ਾਲੀ ਹੋ ਜਾਣਗੀਆਂ।


## ਉਤਰ ਰੇਲਵੇ

### ਖੁਲ੍ਹੀ ਨਿਵਿਦਾ ਸੂਚਨਾ

ਵ. ਮੰਡਲ ਬਿਜਲੀ ਇੰਜੀਨੀਅਰ/ਟੀ.ਆਰ.ਡੀ., ਉਤਰ ਰੇਲਵੇ, ਫਿਰੋਜ਼ਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਈ-ਨਿਵਿਦਾਵਾਂ ਅੰਤਮ ਮਿਤੀ 14.08.2025 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ 14.08.2025 ਨੂੰ 15:00 ਵਜੇ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ।

| ਲ. ਨੰ. | ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜ਼ਨ ਲਾਗਤ (Rs.) | ਟੈਂਡਰ ਦੀ ਕੀਮਤ (Rs.) | ਨਿਵਿਦਾ ਦੀ ਸਮਾਪਤੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ # (Rs.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|---|---|---|
| 1. | 705-ਟੀ.ਆਰ.ਡੀ.-ਫਿਰੋਜ਼ਪੁਰ-2025-26 | ਫਿਰੋਜ਼ਪੁਰ ਡਵੀਜਨ ਵਿਚ ਟੀਆਰਡੀ ਪਰਿਸੰਪਤੀਆਂ ਦੀ ਵਿਸ਼ਵਸਨੀਅਤਾ ਵਿਚ ਸੁਧਾਰ ਦੇ ਲਈ ਪੁਰਾਣੇ ਪੀਐਸਆਈ ਗਿਯਰ/ ਸਥਾਪਨਾਵਾਂ ਦੇ ਸਥਾਨ ਉਤੇ ਨਵੇਂ ਪੀਐਸਆਈ ਉਪਕਰਣਾਂ ਦਾ ਪ੍ਰਾਵਧਾਨ। | 2,24,20,184.35 | ਜੀਰੋ | 14.08.2025 15:00 ਵਜੇ ਤਕ | 2,62,100 /- | 12 ਮਹੀਨੇ | 14.08.2025 15:00 ਵਜੇ ਦੇ ਬਾਅਦ | www.ireps.gov.in |
| 2. | 708-ਟੀ.ਆਰ.ਡੀ.-ਫਿਰੋਜ਼ਪੁਰ-2025-26 | ਫਿਰੋਜ਼ਪੁਰ ਮੰਡਲ ਦੇ ਬਿਜਲੀਕ੍ਰਿਤ ਸੈਕਸ਼ਨ ਵਿਚ ਪੁਰਾਣੀ / ਜੰਗਾਲ ਲਗੀ/ ਦੋਸ਼ਪੂਰਨ ਪਰਿਸੰਪਤੀਆਂ ਦੀ ਥਾਂ ਤੇ ਨਵੀਂ ਪਰਿਸੰਪਤੀਆਂ ਦਾ ਪ੍ਰਾਵਧਾਨ ਅਤੇ ਓਐਚਈ ਸਮਰਥਾ ਵਿਚ ਵਾਧਾ। | 4,09,79,612.29 | ਜੀਰੋ | 14.08.2025 15:00 ਵਜੇ ਤਕ | 3,54,900 /- | 12 ਮਹੀਨੇ | 14.08.2025 15:00 ਵਜੇ ਦੇ ਬਾਅਦ | www.ireps.gov.in |

ਕੰਮ ਦੀ ਸਮਾਨ ਨੋਟਰ (ਦੋਵੇਂ ਕੰਮਾਂ ਦੇ ਲਈ ਲਾਗੂ): "50 ਹਟਜ਼, ਸਿੰਗਲ ਫੇਜ 25 ਕੇਵੀ ਏਸੀ ਓਐਚਈ ਦਾ ਡਿਜਾਈਨ, ਸਪਲਾਈ, ਉਸਾਰੀ, ਪ੍ਰੀਖਸ਼ਣ ਅਤੇ ਕਮਿਸ਼ਨਿੰਗ" (ਸੰਦਰਭ: Pr. CEE/NR ਦੇ ਪੱਤਰ ਨੰਬਰ 181-ਇਲੈਕਟ/ਟੀਆਰਡੀ/189/ ਭਾਗ II, ਮਿਤੀ 29.07.2021 ਦਾ ਓਐਚਈ ਕੰਮ ਦਾ ਲੜੀ ਨੰਬਰ 1.1).

#ਨਿਵਿਦਾਕਰਤਾ ਕਿਰਪਾ ਧਿਆਨ ਦੇਣ ਕਿ ਬੋਲੀ ਸੁਰੱਖਿਆ ਦੇ ਬਿਨਾ ਪ੍ਰਾਪਤ ਪ੍ਰਸਤਾਵ ਜਾਂ ਤਾਂ ਈ-ਪੇਮੈਂਟ ਗੇਟਵੇ ਦੇ ਮਾਧਿਅਮ ਨਾਲ ਨਕਦ ਵਿਚ ਜਾਂ ਭਾਰਤ ਦੇ ਕਿਸੇ ਵੀ ਅਨੁਸੂਚਿਤ ਵਾਣਿਜਕ ਬੈਂਕ ਤੋਂ ਬੈਂਕ ਗਾਰੰਟੀ ਬਾਂਡ ਦੇ ਰੂਪ ਵਿਚ ਜਾਂ ਨਿਵਿਦਾ ਦਸਤਾਵੇਜ਼ਾਂ ਵਿਚ ਉਲੇਖਿਤ (ਅਨੁਲਗਨਕ-21 ਦੇ ਅਨੁਸਾਰ) ਇਕ ਸਮੇਂ ਦੇ ਲਈ ਵੈਲਿਡ ਹਨ। ਬੋਲੀ ਦੀ ਵੈਧਤਾ ਅਵਧੀ ਦੇ ਬਾਅਦ 90 ਦਿਨ ਦੇ ਲਈ ਅਧੂਰੇ ਅਤੇ ਅਣਵੈਲਿਡ ਪ੍ਰਸਤਾਵ ਦੇ ਰੂਪ ਵਿਚ ਮੰਨਿਆ ਜਾਵੇਗਾ ਅਤੇ ਜਿਸ ਦੇ ਲਈ ਠੇਕੇਦਾਰ ਦਾ ਰੇਲਵੇ ਤੇ ਕੋਈ ਦਾਅਵਾ ਨਹੀਂ ਹੋਵੇਗਾ। ਨੰ.:705 ਅਤੇ 708-ਟੀ.ਆਰ.ਡੀ.-ਫਿਰੋਜ਼ਪੁਰ-2025-26 ਮਿਤੀ: 21.07.2025 2224/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## Punjab & Sind Bank

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ

(A Govt. of India Undertaking)

B/O:- Model Town, Model Town , Ludhiana

### ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਤਹਿਤ ਪੰਜਾਬ ਐਂਡ ਸਿੰਧ ਬੈਂਕ, ਮਾਡਲ ਟਾਊਨ ਲੁਧਿਆਣਾ ਦੇ ਅਧਿਕਾਰਤ ਅਫਸਰ ਵਜੋਂ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13/2 ਅਤੇ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ/ਗਰੰਟਰਾਂ ਨੂੰ ਨੋਟਿਸ 'ਚ ਦਰਸਾਈ ਰਕਮ, ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੰਦਾ ਡਿਮਾਂਡ ਨੋਟਿਸ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈ ਮਿਤੀ ਨੂੰ ਜਾਰੀ ਕੀਤਾ ਸੀ।

ਕਰਜ਼ਦਾਰ ਅਤੇ ਗਰੰਟਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ, ਜਾਇਦਾਦ ਦੇ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਹੇਠਾਂ ਦਰਸਾਏ ਖਾਤੇ ਵਿਰੁੱਧ ਦਰਸਾਈ ਮਿਤੀ 'ਤੇ ਸੰਕੇਤਕ ਕਬਜ਼ਾ ਹਾਸਲ ਕਰ ਲਿਆ ਹੈ।

ਕਰਜ਼ਦਾਰਾਂ, ਰਹਿਣਕਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਕਰਨ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਪੰਜਾਬ ਐਂਡ ਸਿੰਧ ਬੈਂਕ, ਮਾਡਲ ਟਾਊਨ ਲੁਧਿਆਣਾ ਦੀ ਹੇਠਾਂ ਦਰਸਾਈ ਕੁੱਲ ਰਕਮ ਜਮ੍ਹਾਂ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਦੀ ਵਸੂਲੀ ਹੇਠ ਹੋਵੇਗੀ।

ਉਪਲਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਰਹਿਣਕਾਰਾਂ/ਗਰੰਟਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| (ਕਰਜ਼ਦਾਰ)/ਗਰੰਟਰ : ਸ੍ਰੀ ਅਮਿੱਤ ਗੋਇਲ ਪੁੱਤਰ ਸ੍ਰੀ ਲਾਲ ਚੰਦ ਗੋਇਲ, ਵਾਸੀ ਮਕਾਨ ਨੰ. 5, ਗਲੀ ਨੰ. 1, ਬਾਬਾ ਦੀਪ ਸਿੰਘ ਨਗਰ, ਬਸੰਤ ਐਵੇਨਿਊ, ਲੁਧਿਆਣਾ, ਪੰਜਾਬ-141001 (2) ਸ੍ਰੀਮਤੀ ਰਿੰਕੀ ਗੋਇਲ ਪਤਨੀ ਸ੍ਰੀ ਅਮਿੱਤ ਗੋਇਲ, ਵਾਸੀ ਮਕਾਨ ਨੰ. 5, ਗਲੀ ਨੰ. 1, ਬਾਬਾ ਦੀਪ ਸਿੰਘ ਨਗਰ, ਬਸੰਤ ਐਵੇਨਿਊ, ਲੁਧਿਆਣਾ, ਪੰਜਾਬ-141001 | ਬੈਨਾਮਾ ਵਸੀਕਾ ਨੰ. 13921 ਮਿਤੀ 08.03.2018 ਅਨੁਸਾਰ ਸਬ-ਰਜਿਸਟਰਾਰ ਲੁਧਿਆਣਾ ਕੋਲ ਰਜਿਸਟਰਡ 2 ਨੰ. ਪਤੇ ਵਾਸੀ ਸ੍ਰੀਮਤੀ ਰਿੰਕੀ ਗੋਇਲ ਪਤਨੀ ਸ੍ਰੀ ਅਮਿੱਤ ਗੋਇਲ ਨਾਲ ਸੰਬੰਧਤ ਅਚੱਲ ਜਾਇਦਾਦ ਮਕਾਨ ਨੰ. 5, ਰਕਬਾ 150 ਵਰਗ ਗਜ਼, ਖਸਰਾ ਨੰ. 1004, ਖੇਵਟ ਨੰ. 253/251, ਖਤੌਨੀ ਨੰ. 265, ਜਮ੍ਹਾਂਬੰਦੀ ਸਾਲ 2010-11, ਪਿੰਡ ਦੁਗਰੀ, ਹਦਬਸਤ ਨੰ. 277, ਅਬਾਦੀ ਬਾਬਾ ਦੀਪ ਸਿੰਘ ਨਗਰ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। ਹੱਦਾਂ : ਉੱਤਰ : ਨਰੰਜਣ ਸਿੰਘ ਆਦਿ 30'-00", ਦੱਖਣ : ਗਲੀ 20 ਫੁੱਟ ਚੌੜੀ ਬਾਹੀ 30'-00", ਪੂਰਬ : ਜਗਜੀਤ ਸਿੰਘ ਬਾਹੀ 45'-00", ਪੱਛਮ : ਪਲਾਟ ਗੁਆਂਢ ਬਾਹੀ 45'-00" ਇਸ ਨੋਟਿਸ ਨਾਲ ਪਹਿਲਾਂ ਮਿਤੀ 18.11.2024 ਦਾ 13(4) ਨੋਟਿਸ ਵਾਪਸ ਲਿਆ ਜਾਂਦਾ ਹੈ। | 02.09.2024 | 19.07.2025 | ਸੰਕੇਤਕ ਕਬਜ਼ਾ / 31.08.2024 ਨੂੰ ਰੁ. 8,76,545.73 (ਅੱਠ ਲੱਖ ਛਿਹੱਤਰ ਹਜ਼ਾਰ ਪੰਜ ਸੌ ਪੰਤਾਲੀ ਰੁਪਏ ਅਤੇ ਤਿਹੱਤਰ ਪੈਸੇ ਕੇਵਲ) ਅਤੇ 01.09.2024 ਤੋਂ ਇਸ ਉਪਰ ਭਵਿੱਖੀ ਵਿਆਜ/ਹੋਰ ਚਾਰਜਿਜ਼। |

ਮਿਤੀ : 22.07.2025 ਸਥਾਨ : ਲੁਧਿਆਣਾ ਅਧਿਕਾਰਤ ਅਫਸਰ



## BAJAJ FINANCE LIMITED

Registered Office: Bajaj Finance Limited, C/o Bajaj Auto Limited Complex, Mumbai Pune Road,Akurdi, Pune -411035. Branch Office: Bajaj Finance Limited, Malhi Complex,1st Floor, Above State Bank of Patiala, Near Madaan Bajaj Dealer, Batala Road, Gurdaspur.

### ਕਰਜ਼ਦਾਰ/ਰਹਿਣਕਾਰ/ਗਰੰਟਰਾਂ ਨੂੰ ਕਬਜ਼ਾ ਲਏ ਜਾਣ ਤੋਂ ਬਾਅਦ ਸੂਚਨਾ, [ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 (1) ਅਧੀਨ ]

(ਸਕਿਉਰਿਟੀ ਇੰਟਰੈੱਸਟ ਇਨਫੋਰਸਮੈਂਟ ਰੂਲਜ਼, 2002 ਦੇ ਰੂਲ 8 (1) ਨਾਲ ਪੜ੍ਹੀ ਜਾਂਦੀ ਅੰਤਿਕਾ IV ਅਨੁਸਾਰ)

ਜਦੋਂ ਕਿ ਨਿਮਨਹਸਤਾਖਰੀ ਨੇ ਬਜਾਜ ਫਾਇਨਾਂਸ ਲਿਮਟਿਡ (ਬੀ ਐੱਫ ਐੱਲ) ਦੇ ਅਧਿਕਾਰਤ ਅਫਸਰ ਵਜੋਂ ਸਕਿਉਰਿਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ ਨੂੰ ਡਿਮਾਂਡ ("ਨੋਟਿਸ") ਜਾਰੀ ਕਰਦਿਆਂ ਉਕਤ ਨੋਟਿਸ 13 (2) ਅਧੀਨ ਦਰਸਾਈ ਰਕਮ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਵਾਪਸ ਕਰਨ ਦਾ ਸੱਦਾ ਦਿੱਤਾ ਸੀ।

ਹੇਠਾਂ ਦਰਸਾਏ ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ, ਕਰਜ਼ਦਾਰਾਂ/ਰਹਿਣਕਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਕਬਜ਼ਾ ਹਾਸਲ ਕਰ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਉਕਤ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਸੰਬੰਧੀ ਖਬਰਦਾਰ ਕੀਤਾ ਜਾਂਦਾ ਹੈ ਅਤੇ ਇਸ ਜਾਇਦਾਦ ਸੰਬੰਧੀ ਸੌਦੇਬਾਜ਼ੀ ਬਜਾਜ ਫਾਇਨਾਂਸ ਲਿਮਟਿਡ ਦੀ ਰਕਮ ਅਤੇ ਇਸ ਉਪਰ ਭਵਿੱਖੀ ਵਿਆਜ ਦੀ ਵਸੂਲੀ ਹੇਠ ਹੋਵੇਗੀ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਾ ਖਾਤਾ ਨੰ./ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਨਾਂਅ ਅਤੇ ਪਤਾ | ਸਕਿਉਰਡ ਅਚੱਲ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਮਿਤੀ ਅਤੇ ਰਕਮ |
|---|---|---|
| LAN : P5U7PBS8934287 1. [illegible] ਗੁਰਦਾਸਪੁਰ, ਪੰਜਾਬ-143521, 2. [illegible] ਗੁਰਦਾਸਪੁਰ, ਪੰਜਾਬ-143521 | ਪਲਾਟ ਨੰ. 246, ਖਸਰਾ ਨੰ. 38 ਅਤੇ 2/2 (3-2) [illegible] ਗੁਰਦਾਸਪੁਰ ਪੂਰਬ : ਪਲਾਟ ਨੰ. 245, ਪੱਛਮ : ਪਲਾਟ ਨੰ. 247, ਉੱਤਰ : ਸੜਕ 35' ਚੌੜੀ | 11.10.2024 & Rs. 21,81,989/- ਕਬਜ਼ਾ ਮਿਤੀ 21.07.2025 ਦੁਪਹਿਰ 12.00 ਤੋਂ 1.15 ਵਜੇ ਤੱਕ |

ਸਥਾਨ : ਪੰਜਾਬ ਮਿਤੀ : 22.07.2025 ਅਧਿਕਾਰਤ ਅਫਸਰ ਵਾਸਤੇ ਮੈਸ: ਬਜਾਜ ਫਾਇਨਾਂਸ ਲਿਮਟਿਡ

## ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸਭਾ ਦੇ ਅਹੁਦੇਦਾਰਾਂ ਦੀ ਚੋਣ 27 ਨੂੰ

ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)- ਸ੍ਰੀ ਗੁਰੂ ਰਵਿਦਾਸ ਸਭਾ (ਰਜਿ.) ਮੁਹੱਲਾ ਲਾਭ ਨਗਰ ਦੇ ਪ੍ਰਧਾਨ ਨਿਰਮਲ ਰਾਮ ਸਿੰਧੂ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸਾਹਿਬ ਜੀ ਮੁਹੱਲਾ ਲਾਭ ਨਗਰ ਸਥਿਤ ਹੋ ਦੀ ਪ੍ਰਬੰਧਕ ਕਮੇਟੀ ਦੀ ਅਗਲੇ ਤਿੰਨ ਸਾਲ 2025 ਤੋਂ 2028 ਲਈ ਚੋਣ 27 ਜੁਲਾਈ ਨੂੰ 2 ਵਜੇ ਬਾਅਦ ਦੁਪਹਿਰ ਹੋਣੀ ਨਿਸ਼ਤ ਹੋਈ ਹੈ। ਇਹ ਚੋਣ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸਾਹਿਬ ਮੁਹੱਲਾ ਲਾਭ ਨਗਰ ਵਿਖੇ ਹੋਵੇਗੀ। ਇਸ ਚੋਣ ਦੌਰਾਨ ਤਿੰਨ ਅਹੁਦੇਦਾਰ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਅਤੇ ਜਨਰਲ ਸਕੱਤਰ ਦੀ ਚੋਣ ਹੋਵੇਗੀ। ਇਸ ਚੋਣ ਵਿੱਚ ਮੁਹੱਲਾ ਲਾਭ ਨਗਰ, ਸੁਭਾਸ਼ ਨਗਰ, ਟਿੱਬਾ ਸਾਹਿਬ, ਗੋਕਲ ਨਗਰ, ਦਸ਼ਮੇਸ਼ ਨਗਰ, ਨਿਊ ਦਸ਼ਮੇਸ਼ ਨਗਰ ਅਤੇ ਆਦਰਸ਼ ਨਗਰ ਹੁਸ਼ਿਆਰਪੁਰ ਮੁਹੱਲਿਆਂ ਦੇ ਰਹਿਣ ਵਾਲੇ ਹੀ ਭਾਗ ਲੈ ਸਕਦੇ ਹਨ।

## PUBLIC NOTICE

I, Jagjit Singh S/o Ujagar Singh R/o H.No. 93, Village Dhurial, P.O. Sarobad, Distt. Jalandhar, Punjab, declare that I am withdrawing my previous public notice published in the year 2013 regarding disinheritance of my son Santokh Singh and his wife Lukshmi Devi from moveable and immoveable property which was given in haste and misconception. Now, all misconceptions and misunderstandings have been cleared, as such I am withdrawing said public notice published in the year 2013. All please note.

We, Jatinder Singh S/o Amarjeet Singh and Asha Sandhu W/o Jatinder Singh both R/o H.No. 493/A, Mohalla Chogitti, Jalandhar declare that our daughter Sweety Sandhu aged 35 years, she is out of our control. We disinherit her from our moveable and immovable property. She and we our family shall not be held responsible for any of her acts, deeds and things. All please note.

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਮਨਿੰਦਰ ਸਿੰਘ ਸਿੱਧੂ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ, ਸ਼ਾਹਕੋਟ

[illegible]

ਅੱਜ ਮਿਤੀ 18-07-2025 ਨੂੰ ਮੇਰੇ ਦਸਤਖਤ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹਾਇਕ ਕੁਲੈਕਟਰ ਦਰਜਾ ਪਹਿਲਾ, ਸ਼ਾਹਕੋਟ
ਨੰ. 766/ਰੀਡਰ/ਮਿਤੀ 18/07/2025

## COURT NOTICE

(U/o 5 Rule 20 CPC)
In The Court of Sumit Bhalla
Additional Principal Judge Family Court, Camp Court Batala
CNR No. PBGDF2-000243-2024
Next Date:- 15-10-2025
MNT125/37/2024

Manpreet Kaur wife of Jaideep Singh Daughter of Narinder Singh, 2. Ekampreet Singh Minor Son of Jaideep Singh, 3. Jaipreet Singh Minor Son of Jaideep Singh Both Minor Sons through their real Mother and next friend I.e. Petitionery No.1 Manpreet Kaur. All Resident of Shiv Nagar Colony, Main Gali, Backside Suhag Palace, Police Line Road, Batala, Tehsil Batala, Distt. Gurdaspur

Vs

Jaideep Singh Son of Mahinder Singh resident of 14821, Gali No.7, Adarsh Nagar, Goniana Road, Bathinda, Tehsil and Distt. Bathinda 151003

Publication Issued To:

Jaideep Singh Son of Mahinder Singh resident of 14821, Gali No.7, Adarsh Nagar, Goniana Road, Bathinda, Tehsil and Distt. Bathinda 151003

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 15-10-2025 at 10:00 a.m.

For details logon to https://highcourtchd.gov.in/?trs=district_notice&district=Gurdaspur

(Sumit Bhalla)
Additional Principal Judge Family Court Camp Court Batala
Dated, this day of 11-07-2025

## COURT NOTICE

(U/o 5 Rule 20 CPC)
In The Court of
Ms. Harpreet Kaur Nafra
Additional Civil Judge (Sr. Divn.), Amloh (P)
CNR No. PBFGA0-000243-2025
Next Date: 19-09-2025

1.Gurmail Kaur aged about 70 years widow of Rajinder Singh Son of Isher Singh, resident of Ward No. 21, Jasran Colony Mandi, Gobindgarh, Tehsil Amloh, District Fatehgarh Sahib, 2. Kirandeep Kaur aged years Daughter of Rajinder Singh and Wife of Sukhwinder R/o Village Katlaur, Tehsil Chamkaur Sahib, District Roop Nagar, 3. Karamjit Kaur aged years Daughter of Rajinder Singh and Wife of Balwinder Singh R/o Village Kheri Naudh Singh, Tehsil Khamano, District Fatehgarh Sahib.

Vs. General Public

Suit For Declaration.

Publication Issued To:

General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 19-09-2025 at 10:00 a.m.

For details logon to https://highcourtchd.gov.in/?mod=district_notice&district=mogacourt

Additional Civil Judge (Sr. Divn.) Amloh (P)
Dated, this day of 23-07-2025

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਸਹਾਇਕ ਕੁਲੈਕਟਰ ਦਰਜਾ ਪਹਿਲਾ ਤਹਿਸੀਲਦਾਰ, ਮਾਨਸਾ

ਵਿਸ਼ਾ - ਦਰਖਾਸਤ ਵੱਲੋਂ ਰਾਜ ਸਿੰਘ ਉਰਫ ਰਾਜਵਿੰਦਰ ਸਿੰਘ ਪੁੱਤਰ ਜੱਗਾ ਸਿੰਘ ਪਿੰਡ ਮਾਖਾ ਤਹਿਸੀਲ, ਵਾ ਜ਼ਿਲ੍ਹਾ ਮਾਨਸਾ ਬਾਰੇ ਮਾਲ ਰਿਕਾਰਡ ਵਿੱਚ ਨਾਮ ਦਰੁਸਤ ਕਰਨ ਬਾਰੇ।

ਨੋਟਿਸ ਬਨਾਮ ਆਮ ਜਨਤਾ

ਇਸ ਨੋਟਿਸ ਰਾਹੀਂ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਅਦਾਲਤ ਵਿਚ ਰਾਜ ਸਿੰਘ ਉਰਫ ਰਾਜਵਿੰਦਰ ਸਿੰਘ ਪੁੱਤਰ ਜੱਗਾ ਸਿੰਘ ਵਾਸੀ ਪਿੰਡ ਮਾਖਾ, ਤਹਿਸੀਲ ਵਾ ਜ਼ਿਲ੍ਹਾ ਮਾਨਸਾ ਵੱਲੋਂ ਇਕ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਗਈ ਹੈ ਕਿ [illegible] ਆਧਾਰ ਕਾਰਡ, ਵੋਟਰ ਕਾਰਡ, ਪੈਨ ਕਾਰਡ [illegible] ਉਕਤ ਮੇਰੇ ਨਾਮ ਨੂੰ ਦਰੁਸਤ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਨੋਟਿਸ ਦੇ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਅਸਾਲਤਨ ਜਾਂ ਵਕਾਲਤਨ ਆਪਣਾ ਉਜ਼ਰ ਇਸ ਅਦਾਲਤ ਵਿੱਚ ਪੇਸ਼ ਕਰ ਸਕਦਾ ਹੈ। [illegible] ਜਾਵੇਗੀ।

ਅੱਜ ਮਿਤੀ 23/7/25 ਨੂੰ ਇਹ ਮੇਰੇ ਮੋਹਰ ਅਦਾਲਤ ਅਤੇ ਦਸਤਖਤਾਂ ਹੇਠ ਜਾਰੀ ਕੀਤਾ ਗਿਆ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ, ਤਹਿਸੀਲਦਾਰ, ਮਾਨਸਾ।

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸਹਾਇਕ ਕੁਲੈਕਟਰ ਦਰਜਾ ਦੂਜਾ, ਮਮਦੋਟ

[illegible]

21/1(5-11)22/1(3-11)23/1(1-6) ਖਵਟ ਨੰ.155 ਖਤੌਨੀ-156 ਵਾਕਿਆ ਰਕਬਾ ਪਿੰਡ ਗੱਟੀ ਬਸਤੀ ਮਸਤਾ ਨੰ: 2, ਤਹਿਸੀਲ ਮਮਦੋਟ, ਜ਼ਿਲ੍ਹਾ ਫਿਰੋਜ਼ਪੁਰ ਸਬੰਧੀ ਦਰੁਸਤੀ ਗਿਰਦਾਵਰੀ ਦਾ ਦਾਅਵਾ ਦਾਇਰ ਕੀਤਾ ਹੈ। ਇਸ ਸੰਬੰਧੀ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕਿਸੇ ਧਿਰ ਵਿਅਕਤੀ ਨੂੰ ਉਕਤ ਦਰੁਸਤੀ ਸੰਬੰਧੀ ਇਤਰਾਜ਼ ਹੈ ਤਾਂ ਨਿਮਨਹਸਤਾਖਰ ਦੀ ਅਦਾਲਤ ਵਿੱਚ ਮਿਤੀ 01.08.2025 ਨੂੰ ਅਸਾਲਤਨ-ਵਕਾਲਤਨ ਹਾਜ਼ਰ ਹੋ ਕੇ ਆਪਣੀ ਚਾਰਾਜ਼ੋਈ ਕਰ ਸਕਦਾ ਹੈ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਅਗਲੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਸਹੀ/-ਸਹਾਇਕ ਕੁਲੈਕਟਰ ਦਰਜਾ ਦੂਜਾ, ਮਮਦੋਟ
200/ਰੀਡਰ ਮਮਦੋਟ ਮਿਤੀ 23.07.25

## COURT NOTICE

In The Court of
Sh. Bikramdeep Singh
Judicial Magistrate - Ist Class -2 Patiala
CNR No.:- PBPT03-001651-2023
Next Date:-24-09-2025

Sukhwinder Singh
Vs.
Raman Kumar

Detail of offence:- 138 NI ACT
Notice To:
Raman Kumar
H.No 10, Azad Nagar, District Patiala

In above titled case, the accused could not be served. It is ordered that accused should appear in person or through counsel on 24-09-2025 at 10.00 a.m.

For details logon to https://highcourtchd.gov.in/?mod=district_notice&district=patiala

Judicial Magistrate - Ist Class -2 Patiala
Dated, this day of 19-07-2025

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਨਾਇਬ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਢਿੱਲਵਾਂ।
ਮਿਸਲ ਨੰ: - 57/NT
ਤਾਰੀਖ ਰਜੂਆ 26.05.2025
ਅਗਲੀ ਤਾਰੀਖ ਪੇਸ਼ੀ : 05.08.2025

ਮੰਗਲ ਸਿੰਘ ਪੁੱਤਰ ਕੈਂਕਰ ਸਿੰਘ ਪੁੱਤਰ ਅੱਛਰ ਸਿੰਘ ਵਾਸੀ ਪਿੰਡ ਢਿੱਲਵਾਂ ਸਬ ਤਹਿਸੀਲ, ਢਿੱਲਵਾਂ ਜ਼ਿਲ੍ਹਾ ਕਪੂਰਥਲਾ। ......ਫਰੀਕ ਅੱਵਲ

ਬਨਾਮ

ਅਰਜਨ ਸਿੰਘ ਪੁੱਤਰ ਤਾਰਾ ਸਿੰਘ ਵਾਸੀ ਪਿੰਡ ਢਿੱਲਵਾਂ ਜ਼ਿਲ੍ਹਾ ਕਪੂਰਥਲਾ। .....ਫਰੀਕ ਦੋਮ

ਉਕਤ ਅਨੁਵਾਨ ਦਾ ਕੇਸ ਦਾਅਵਾ ਦਰੁਸਤੀ ਗਿਰਦਾਵਰੀ ਵਾਕਿਆ ਰਕਬਾ ਪਿੰਡ ਢਿੱਲਵਾਂ ਸਬ-ਤਹਿਸੀਲ ਢਿੱਲਵਾਂ, ਜ਼ਿਲ੍ਹਾ ਕਪੂਰਥਲਾ ਮੁਤਾਬਕ ਜਮ੍ਹਾਂਬੰਦੀ ਸਾਲ 2022-2023 ਹੱਦਬਸਤ ਨੰਬਰ 96 ਖਸਰਾ ਨੰਬਰ 3//24/7-17 ਇਸ ਅਦਾਲਤ ਵਿਚ ਚੱਲ ਰਿਹਾ ਹੈ। ਇਸ ਕੇਸ ਵਿੱਚ ਧਿਰ ਦੋਮ ਵੱਲੋਂ ਅਸਾਲਤਨ/ਵਕਾਲਤਨ ਕੋਈ ਵੀ ਹਾਜ਼ਰ ਅਦਾਲਤ ਨਹੀਂ ਆਇਆ। ਇਸ ਕੇਸ ਵਿੱਚ ਅਗਲੀ ਤਾਰੀਖ ਪੇਸ਼ੀ ਮਿਤੀ 05.08.2025 ਮੁਕਰਰ ਹੋਈ ਹੈ। ਇਸ ਲਈ ਫਰੀਕ ਦੋਮ ਨੂੰ ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਧਿਰ ਦੋਮ ਮਿਤੀ 05.08.2025 ਨੂੰ ਸਵੇਰੇ 10.00 ਵਜੇ ਅਸਾਲਤਨ/ਵਕਾਲਤਨ ਇਸ ਅਦਾਲਤ ਵਿੱਚ ਹਾਜ਼ਰ ਹੋ ਕੇ ਇਸ ਕੇਸ ਦੀ ਪੈਰਵੀ ਕਰ ਸਕਦੇ ਹਨ। ਨਿਸਚਿਤ ਮਿਤੀ 05.08.2025 ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ । ਨਿਸ਼ਚਿਤ ਮਿਤੀ ਤੋਂ ਬਾਅਦ ਵਿੱਚ ਕੋਈ ਵੀ ਉਜ਼ਰ ਨਹੀਂ ਸੁਣਿਆ ਜਾਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 22.07.2025 ਨੂੰ ਮੇਰੇ ਹਸਤਾਖਰ ਅਤੇ ਅਦਾਲਤੀ ਮੋਹਰ ਨਾਲ ਜਾਰੀ ਹੋਇਆ।

ਸਹਾਇਕ ਕੁਲੈਕਟਰ ਦਰਜਾ ਅੱਵਲ/ਦੋਮ, ਢਿੱਲਵਾਂ (ਕਪੂਰਥਲਾ)
ਨੰਬਰ : 347/ਰੀਡਰ ਮਿਤੀ 22.07.2025

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਦਰਸ਼ਨ ਸਿੰਘ ਨਾਇਬ ਤਹਿਸੀਲਦਾਰ-ਕਮ-ਸਹਾਇਕ-ਕੁਲੈਕਟਰ ਦਰਜਾ ਪਹਿਲਾ/ਦੂਜਾ ਤਹਿਸੀਲ ਮਜੀਠਾ, ਜ਼ਿਲ੍ਹਾ ਅੰਮ੍ਰਿਤਸਰ।
ਕੇਸ ਨੰਬਰ Other Cases/07/2024
ਨੰਬਰ/ਰੀਡਰ/ਐਨ.ਟੀ./07 ਕਿਸਮ ਕੇਸ : ਤਕਸੀਮ
ਮਿਤੀ: 22-07-2025 ਪੇਸ਼ੀ : 12.08.2025
ਵਾਕਿਆ ਰਕਬਾ - ਕੋਟਲਾ ਸੈਦਾਂ
ਕਰਨਬੀਰ ਸਿੰਘ ਮਾਨ ਬਨਾਮ ਉਜਾਗਰ ਸਿੰਘ ਵਗੈਰਾ

ਉਪਰੋਕਤ ਅਨੁਵਾਨ ਕੇਸ ਵਿੱਚ ਹੇਠ ਦਰਜ ਉੱਤਰਵਾਦੀਆਂ ਦੀ ਤਲਬੀ ਸੰਮਨ ਰਾਹੀਂ ਕਰਨੀ ਸੰਭਵ ਨਾ ਹੋਣ ਕਾਰਨ ਅਖਬਾਰੀ ਇਸ਼ਤਿਹਾਰ ਰਾਹੀਂ ਉੱਤਰਵਾਦੀਆਂ ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕੋਈ ਵਿਅਕਤੀ ਜਾਂ ਹੇਠਾਂ ਲਿਖੇ ਉੱਤਰਵਾਦੀਆਂ ਵਿੱਚੋਂ ਕੋਈ ਇਸ ਕੇਸ ਵਿਚ ਜਵਾਬ/ਕਾਰਵਾਈ ਕਰਨਾ ਚਾਹੁੰਦੇ ਹਨ ਤਾਂ ਉਹ ਅਗਲੀ ਤਾਰੀਖ ਪੇਸ਼ੀ ਮਿਤੀ 12-08-2025 ਨੂੰ ਅਸਾਲਤਨ ਜਾਂ ਵਕਾਲਤਨ ਅਦਾਲਤ ਵਿੱਚ ਪੇਸ਼ ਹੋਣ ਤੇ ਕੇਸ ਦੀ ਪੈਰਵਾਈ ਕਰਨ। ਇਸ ਮਿਤੀ ਤੋਂ ਬਾਅਦ ਕਿਸੇ ਦਾ ਕੋਈ ਉਜ਼ਰ ਨਹੀਂ ਸੁਣਿਆ ਜਾਵੇਗਾ। ਹਾਜ਼ਰ ਅਦਾਲਤ ਨਾ ਹੋਣ ਦੀ ਸੂਰਤ ਵਿੱਚ ਉਹਨਾਂ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਸਹੀ/-ਨਾਇਬ ਤਹਿਸੀਲਦਾਰ-ਕਮ-ਸਹਾਇਕ-ਕੁਲੈਕਟਰ ਦਰਜਾ ਪਹਿਲਾ ਮਜੀਠਾ

1. ਉਜਾਗਰ ਸਿੰਘ, ਫੌਜਾ ਸਿੰਘ ਪੁੱਤਰਾਨ ਮੰਗਲ ਸਿੰਘ ਪੁੱਤਰ ਜਵੰਦ ਸਿੰਘ 2. ਤਲਵਿੰਦਰ ਸਿੰਘ ਪੁੱਤਰ ਰਘਬੀਰ ਸਿੰਘ ਪੁੱਤਰ ਜਵੰਦ ਸਿੰਘ 3. ਯਾਦਵਿੰਦਰ ਸਿੰਘ ਪੁੱਤਰ ਬਾਵਾ ਸਿੰਘ ਪੁੱਤਰ ਸੌਦਾਗਰ ਸਿੰਘ 4. ਰਾਜਵਿੰਦਰ ਸਿੰਘ ਪੁੱਤਰ ਰਘਬੀਰ ਸਿੰਘ ਪੁੱਤਰ ਸੌਦਾਗਰ ਸਿੰਘ 5. ਜੋਗਿੰਦਰ ਸਿੰਘ, ਬਲਵਿੰਦਰ ਸਿੰਘ ਪੁੱਤਰਾਨ ਸੌਦਾਗਰ ਸਿੰਘ ਪੁੱਤਰ ਰੂੜ ਸਿੰਘ 6. ਰਾਜਵਿੰਦਰ ਸਿੰਘ ਪੁੱਤਰ ਨਾਜਰ ਸਿੰਘ ਪੁੱਤਰ ਰੂੜ ਸਿੰਘ 7. ਹਰਪ੍ਰੀਤ ਸਿੰਘ, ਨਿਸ਼ਾਨ ਸਿੰਘ ਪੁੱਤਰ ਅਫਰੀਕ ਸਿੰਘ ਪੁੱਤਰ ਨਾਜਰ ਸਿੰਘ 8. ਬਲਵਿੰਦਰ ਸਿੰਘ ਪੁੱਤਰ ਨਾਜਰ ਸਿੰਘ ਪੁੱਤਰ ਰੂੜ ਸਿੰਘ 9. ਅਮਰੀਕ ਸਿੰਘ ਪੁੱਤਰ ਨਾਜਰ ਸਿੰਘ ਪੁਤਰ ਰੂੜ ਸਿੰਘ 10. ਰੁਪਿੰਦਰ ਕੌਰ ਪੁੱਤਰੀ ਅਫਰੀਕ ਸਿੰਘ ਪੁੱਤਰ ਨਾਜਰ ਸਿੰਘ 11. ਸਵਿੰਦਰ ਕੌਰ ਵਿਧਵਾ ਅਫਰੀਕ ਸਿੰਘ ਪੁੱਤਰ ਨਾਜਰ ਸਿੰਘ 12. ਹਰਦੀਪ ਸਿੰਘ ਪੁੱਤਰ ਰਾਜਵਿੰਦਰ ਸਿੰਘ।

## PUBLIC NOTICE

It is inform that I, Saroop Singh Son of S.Jaswant Singh resident of House No.L-4/1164, Sultanwind Road, Near GurudwaraMiriPiri, KotGurmit Nagar, Amritsar hereby declare that I have lost the original previous sale deed dated 02.12.1970 duly registered with the office of sub-registrar, Amritsar vide Document No.2383, Book No.1, Volume No.3242 at Page 38 and the copy of the same has been pasted in additional Book No.1, Volume No.811 at Page 67 entered on 02.12.1970 in favour of S. Jaswant Sigh son of S. Puran Singh and a DDR No.033 Dated 19.07.2025 in this respect has already been lodged with Police Station B Division, Amritsar regarding lost of said original Sale deed. However, no loan has been taken from any bank or financial institution by pledging the said original sale nor the same has been deposited with any Bank as security nor has been misutlised in any manner.

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਦਸੂਹਾ।
ਤਕਸੀਮ ਕੇਸ ਨੰ: 22
ਵਾਕਿਆ ਰਕਬਾ ਪਿੰਡ ਭੁਸ਼ਾਂ, ਤਹਿਸੀਲ ਦਸੂਹਾ।
ਧਿਰਾਂ : ਤਰਲੋਚਨ ਸਿੰਘ ਬਨਾਮ ਸੰਤੋਸ਼ ਕੌਰ ਆਦਿ

ਪਬਲਿਕ ਨੋਟਿਸ

ਉਪਰੋਕਤ ਦਰਜ ਤਕਸੀਮ ਕੇਸ ਇਸ ਅਦਾਲਤ ਵਿਚ ਚਲਦਾ ਹੈ। ਜੇਕਰ ਹੇਠ ਲਿਖੇ ਵਿਅਕਤੀਆਂ ਨੂੰ ਇਸ ਤਕਸੀਮ ਸੰਬੰਧੀ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਮਿਤੀ 01.08.2025 ਤੱਕ ਇਸ ਅਦਾਲਤ ਵਿਚ ਪੇਸ਼ ਕਰ ਸਕਦਾ ਹੈ। ਮਿਆਦ ਗੁਜ਼ਰਨ ਤੋਂ ਬਾਅਦ ਕਿਸੇ ਵੀ ਇਤਰਾਜ਼ 'ਤੇ ਗੌਰ ਨਹੀਂ ਕੀਤਾ ਜਾਵੇਗਾ ।

ਸਹੀ/- ਸਹਾਇਕ ਕੁਲੈਕਟਰ ਦਸੂਹਾ।

ਧਿਰਾਂ ਦਾ ਨਾਂਅ : 1. ਸੰਤੋਸ਼ ਕੌਰ ਵਿਧਵਾ ਜੋਗਿੰਦਰ ਸਿੰਘ, 2. ਰੁਲਦਾ ਸਿੰਘ ਪੁੱਤਰ ਜੋਗਿੰਦਰ ਸਿੰਘ, 3. ਗੁਲਜ਼ਾਰ ਸਿੰਘ ਪੁੱਤਰ ਜੋਗਿੰਦਰ ਸਿੰਘ, 4. ਹਰਭਜਨ ਸਿੰਘ ਪੁੱਤਰ ਕਿਰਪਾਲ ਸਿੰਘ, 5. ਹਰਬੰਸ ਸਿੰਘ ਪੁੱਤਰ ਕਿਰਪਾਲ ਸਿੰਘ, 6. ਲਖਵਿੰਦਰ ਸਿੰਘ ਪੁੱਤਰ ਚਰਨਜੀਤ ਸਿੰਘ, 7. ਦਵਿੰਦਰ ਸਿੰਘ ਪੁੱਤਰ ਹਰਭਜਨ ਸਿੰਘ ਵਾਸੀਆਨ ਪਿੰਡ ਭੁਸ਼ਾਂ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ।

## ਜਨਤਕ ਸੂਚਨਾ

ਜ਼ਿਲ੍ਹਾ ਸੰਗਰੂਰ ਦੇ ਸਕੂਲ ਆਫ ਐਮੀਨੈਂਸ, ਘਨੌਰੀ ਕਲਾਂ ਦੇ ਵਿਦਿਆਰਥੀਆਂ ਨੂੰ ਸੇਫ ਸਕੂਲ ਵਾਹਨ ਪਾਲਿਸੀ (ਨੋਟੀਫਿਕੇਸ਼ਨ ਨੰ: 4/39/211-2ਟ/1206238) ਜੋ ਚਾਹਵਾਨ ਟਰਾਂਸਪੋਰਟਰ ਮਿਤੀ 26.07.2025 ਤੋਂ 30.07.2025 ਤੱਕ ਸਕੂਲ ਨਾਲ ਸੰਪਰਕ ਕਰ ਸਕਦੇ ਹਨ। ਉਕਤ ਮਿਤੀਆਂ ਤੱਕ ਜੋ ਚਾਹਵਾਨ ਹਨ, ਇਸ ਨੰ: 98785-10979 'ਤੇ ਸੰਪਰਕ ਕੀਤਾ ਜਾਵੇ ਜੀ।

ਚੇਅਰਮੈਨ ਸਕੱਤਰ,
ਸਕੂਲ ਮੈਨੇਜਮੈਂਟ ਕਮੇਟੀ, ਸਕੂਲ ਆਫ ਐਮੀਨੈਂਸ,
ਘਨੌਰੀ ਕਲਾਂ ਸੰਗਰੂਰ।

## COURT NOTICE

(U/o 5 Rule 20 CPC)
(Under Guardian And Ward Act)
In The Court of
Ms. Harpreet Kaur Nafra
Additional Civil Judge(Sr. Divn.), Amloh (P)
CNR No. PBFGA0-000471-2024
Next Date:- 24-09-2025

1. Balvinder Kaur aged about 46 years wife of late Sh. Harchand Singhm 2. Namanpreet Singh Son of Harchand Singh, both resident of H.No. 119, Sector 19 B Mandi Gobindgarh, Tehsil Amloh.

Vs. General Public

Petition for appointment of petitioner as legal guardian of her minor Son NAMANPREET Singh

Notice to: General public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 24-09-2025 at 10:00 a.m.

For details logon to https://highcourtchd.gov.in/?mod=district_notice&district=mogacourt.

Additional Civil Judge (Sr. Divn.) Fatehgarh Sahib
Dated, this day of 22-07-2025

## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ



**ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

ਬਿਨੈਕਾਰ ਦਾ ਨਾਮ : **ਇੰਦਰਜੀਤ ਕੌਰ** ਪਿਤਾ/ਪਤੀ ਦਾ ਨਾਮ : **ਤਰਸੇਮ ਸਿੰਘ**
ਪਤਾ: Village Nouli PO Isharwal Jalandhar, Village - Nouli / Tehsil-Jalandhar-1 / District - Jalandhar, Punjab

ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।

ਨਾਮ : **ਜਗਜੋਤ ਸਿੰਘ** ਪੱਕਾ ਪਤਾ: Village Nouli PO Isharwal Jalandhar, Nouli, Jalandhar-1, Jalandhar ਵਿਦੇਸ਼ੀ ਪਤਾ: Via Belvedere N 52 B San Giorgio Deela Richinvelda PN Italy / ਵਿਆ ਬੇਲਵੇਡੇਰ ਐਨ 52 ਬੀ ਸਨ ਜੀਓਰਜੀਓ ਡੇਲਾ ਰਿਚਿਨਵੇਲਡਾ ਪੀ ਐਨ ਇਟਲੀ
ਉਮਰ/ਜਨਮ ਮਿਤੀ : 23 (18-03-2002))

ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 21-07-2025 ਨੂੰ ਜਾਰੀ ਹੋਇਆ।
ਨੰਬਰ 67/ਨੰਬਰ/ਰੀਡਰ ਮਿਤੀ 21-07-2025 ਜ਼ਿਲ੍ਹਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਸਾਧਾਰਨ, ਉੱਤਰ ਰੇਲਵੇ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | 251- ਬਿਜਲੀ -T-03R-2025-26 |
|---|---|
| ਕੰਮਾਂ ਦਾ ਵੇਰਵਾ | ਅੰਮ੍ਰਿਤਸਰ ਵਿਚ ਸਟੋਰ, ਰਸੋਈ, ਜਿਮ, ਮਨੋਰੰਜਨ ਰੂਮ, ਪਾਰਕਿੰਗ ਦੇ ਨਾਲ 20 ਬਿਸਤਰਿਆਂ ਵਾਲੀ ਮਹਿਲਾ ਬੈਰਕ ਅਵਾਸ ਪ੍ਰਦਾਨ ਕਰਕੇ ਮੌਜੂਦਾ ਆਰਪੀਐਫ ਬੈਰਕ ਦੇ ਅਪਗ੍ਰੇਡੇਸ਼ਨ ਅਤੇ ਸੰਸ਼ੋਧਨ ਦੇ ਸਬੰਧ ਵਿਚ ਬਿਜਲੀ ਕੰਮ ਅਤੇ ਏਡੀਈਐਨ-I/ ਏਐਸਆਰ ਅਤੇ ਏਡੀਈਐਨ-II/ ਏਐਸਆਰ ਦੇ ਤਹਿਤ ਦਿਵਯਾਂਗਜਨਾਂ ਦੇ ਲਈ ਦਿਵਯਾਂਗਜਨ, ਪਖਾਨੇ, ਪ੍ਰਵੇਸ਼ ਪਥ, 50 ਮੀਟਰ ਸੀਓਪੀ ਅਤੇ ਪੀਣ ਦੇ ਪਾਣੀ ਦੇ ਬੂਥ ਦਾ ਪ੍ਰਾਵਧਾਨ ਅਤੇ ਏਡੀਈਐਨ-II/ ਏਐਸਆਰ ਦੇ ਤਹਿਤ ਏਐਸਆਰ ਅਤੇ ਏਡੀਈਐਨ-II/ ਏਐਸਆਰ ਦੇ ਤਹਿਤ ਬਿਆਸ ਵਿਚ ਪੰਪ ਹਾਊਸ ਬੋਰ ਅਤੇ ਪੰਪ ਦੇ ਨਾਲ ਪੰਪਿੰਗ ਪਾਈਪ ਦੇ ਨਾਲ ਪੁਰਾਣੇ ਪਰਿਤਯਕਤ ਸਟੀਲ ਓਵਰਹੇਡ ਪਾਣੀ ਸਟੋਰੇਜ ਟੈਂਕ ਦੇ ਬਦਲੇ ਵਿਚ 02 225KL RCC OH ਟੈਂਕ ਪ੍ਰਾਵਧਾਨ ਦੇ ਸਬੰਧ ਵਿਚ ਬਿਜਲੀ ਕੰਮ। |

| ਅੰਦਾਜਨ ਲਾਗਤ ਰੁ. | ਬਿਆਨਾ ਰਾਸ਼ੀ (ਰੁ) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|
| 22,54,218.28p | 45,100.00p | 6 ਮਹੀਨੇ | 11.08.2025 15:00 ਵਜੇ ਦੇ ਬਾਅਦ | www.ireps.gov.in |

ਨੰ.: 251-ਬਿਜਲੀ ਟੈਂਡਰ ਨੋਟਿਸ ਨੰ. 11/ਬਿਜਲੀ-2025-26 ਮਿਤੀ: 21.07.2025

2212/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਨਾਇਬ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਢਿੱਲਵਾਂ।
ਮਿਸਲ ਨੰ: 332/NT/333NT/334 ਤਰੀਖ ਰਜੂਆ 06.05.2025 ਅਗਲੀ ਤਰੀਕ ਪੇਸ਼ੀ - 05.08.2025
ਅੰਮ੍ਰਿਤਪਾਲ ਸਿੰਘ ਪੁੱਤਰ ਹਰਵਿੰਦਰ ਸਿੰਘ ਪੁੱਤਰ ਦੀਪ ਸਿੰਘ ਵਾਸੀ ਪਿੰਡ ਸੂਜੋ ਕਾਲੀਆ, ਤਹਿ. ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ। ....... ਫਰੀਕ ਅੱਵਲ

ਬਨਾਮ

1. ਪਿੰਦਰਜੀਤ ਸਿੰਘ ਪੁੱਤਰ ਕੁਲਦੀਪ ਸਿੰਘ, 2. ਬਲਜੀਤ ਸਿੰਘ ਪੁੱਤਰ ਦਵਿੰਦਰ ਸਿੰਘ, 3. ਅਮਰਜੀਤ ਕੌਰ ਪੁੱਤਰੀ ਮਹਾਂਬੀਰ ਸਿੰਘ ਪੁੱਤਰ ਦਲੀਪ ਸਿੰਘ, 4. ਰਮਨਦੀਪ ਸਿੰਘ ਪੁੱਤਰ ਮਹਾਂਬੀਰ ਸਿੰਘ, 5. ਅਮਨਦੀਪ ਸਿੰਘ ਪੁੱਤਰ ਮਹਾਂਬੀਰ ਸਿੰਘ, 6. ਕਮਲਦੀਪ ਸਿੰਘ ਪੁੱਤਰ ਮਹਾਂਬੀਰ ਸਿੰਘ, 7. ਸੁਖਵਿੰਦਰ ਸਿੰਘ ਪੁੱਤਰ ਮਹਾਂਬੀਰ ਸਿੰਘ, 9. ਅਰਵਿੰਦਰ ਸਿੰਘ ਪੁੱਤਰ ਮਹਾਂਬੀਰ ਸਿੰਘ, 10. ਬਲਬੀਰ ਕੌਰ ਵਿਧਵਾ ਅਵਤਾਰ ਸਿੰਘ, 11. ਸ. ਸਰਬਜੀਤ ਸਿੰਘ ਉਰਫ ਸਰਬਪ੍ਰੀਤ ਸਿੰਘ ਪੁੱਤਰ ਅਵਤਾਰ ਸਿੰਘ, 12. ਹਰਬੰਸ ਕੌਰ ਵਿਧਵਾ ਪਿਆਰਾ ਸਿੰਘ, 13. ਸੁਖਬੀਰ ਸਿੰਘ ਪੁੱਤਰ ਪਿਆਰਾ ਸਿੰਘ, 14. ਰਾਜਬੀਰ ਸਿੰਘ ਪੁੱਤਰ ਪਿਆਰਾ ਸਿੰਘ, 15. ਜਗੀਰ ਸਿੰਘ ਪੁੱਤਰ ਚਾਨਣ ਸਿੰਘ, 16. ਗੁਰਦੇਵ ਸਿੰਘ ਪੁੱਤਰ ਚਾਨਣ ਸਿੰਘ, 17. ਗੁਰਬਖ਼ਸ਼ ਸਿੰਘ ਪੁੱਤਰ ਚਾਨਣ ਸਿੰਘ, 18. ਨਿਰਵੈਰ ਸਿੰਘ ਪੁੱਤਰ ਹਜਾਰਾ ਸਿੰਘ, 19. ਜਸਵਿੰਦਰ ਕੌਰ ਵਿਧਵਾ ਸਾਧੂ ਸਿੰਘ ਪੁੱਤਰ ਪ੍ਰੀਤਮ ਸਿੰਘ, 20. ਸੁਖਜਿੰਦਰ ਸਿੰਘ ਪੁੱਤਰ ਸਾਧੂ ਸਿੰਘ ਪੁੱਤਰ ਪ੍ਰੀਤਮ ਸਿੰਘ, 21. ਸੁਰਜਨ ਸਿੰਘ ਪੁੱਤਰ ਪ੍ਰੀਤਮ ਸਿੰਘ, 22. ਜੋਗਿੰਦਰ ਸਿੰਘ ਪੁੱਤਰ ਪ੍ਰੀਤਮ ਸਿੰਘ, 23. ਸਵਰਨ ਸਿੰਘ ਪੁੱਤਰ ਪ੍ਰੀਤਮ ਸਿੰਘ, 24. ਸੰਤੋਖ ਸਿੰਘ ਪੁੱਤਰ ਪ੍ਰੀਤਮ ਸਿੰਘ, 25. ਗੁਰਦਿਆਲ ਸਿੰਘ ਪੁੱਤਰ ਪ੍ਰੀਤਮ ਸਿੰਘ, 26. ਕੁਲਜੀਤ ਸਿੰਘ ਪੁੱਤਰ ਬਹਾਦਰ ਸਿੰਘ, 27. ਦਲਵੀਰ ਕੌਰ ਵਿਧਵਾ ਤਰਲੋਚਨ ਸਿੰਘ ਪੁੱਤਰ ਬਹਾਦਰ ਸਿੰਘ, 28. ਜਸਕਰਨਜੀਤ ਸਿੰਘ ਪੁੱਤਰ ਕਮਲਜੀਤ ਸਿੰਘ, 29. ਕੁਲਦੀਪ ਸਿੰਘ ਪੁੱਤਰ ਆਤਮਾ ਸਿੰਘ, 30. ਕੁਲਵਿੰਦਰ ਕੌਰ ਪਤਨੀ ਕੁਲਦੀਪ ਸਿੰਘ, 31. ਅਵਤਾਰ ਸਿੰਘ ਪੁੱਤਰ ਜਗਤ ਸਿੰਘ, 32 ਗਿਆਨ ਕੌਰ ਵਿਧਵਾ ਕਰਮ ਸਿੰਘ ਪੁੱਤਰ ਗੋਪਾਲ ਸਿੰਘ, 33. ਦਲੇਰ ਸਿੰਘ ਪੁੱਤਰ ਇੰਦਰਜੀਤ ਸਿੰਘ, 34. ਸ਼ੇਰ ਸਿੰਘ ਪੁੱਤਰ ਇੰਦਰਜੀਤ ਸਿੰਘ, 35. ਪਰਵੇਸ਼ ਕੁਮਾਰ ਪੁੱਤਰ ਬਲਦੇਵ ਰਾਜ, 36. ਨਿਰਭੈ ਸਿੰਘ ਪੁੱਤਰ ਮਹਿੰਦਰ ਸਿੰਘ, 37. ਅਮਰੀਕ ਸਿੰਘ ਪੁੱਤਰ ਪ੍ਰਤਾਪ ਸਿੰਘ, 38. ਕੁਲਵਿੰਦਰ ਸਿੰਘ ਪੁੱਤਰ ਪ੍ਰਤਾਪ ਸਿੰਘ, 39. ਨਰਿੰਦਰ ਕੌਰ ਵਿਧਵਾ ਪ੍ਰਿਤਪਾਲ ਸਿੰਘ ਪੁੱਤਰ ਨਿਰਭੈ ਸਿੰਘ, 40. ਗੁਰਪ੍ਰੀਤ ਸਿੰਘ ਪੁੱਤਰ ਪ੍ਰਿਤਪਾਲ ਸਿੰਘ, 41. ਜਗੀਰ ਸਿੰਘ ਪੁੱਤਰ ਦੀਦਾਰ ਸਿੰਘ, 42. ਸੁਰਜੀਤ ਸਿੰਘ ਪੁੱਤਰ ਅਵਤਾਰ ਸਿੰਘ, 43. ਸੁਖਵਿੰਦਰ ਸਿੰਘ ਪੁੱਤਰ ਦੀਦਾਰ ਸਿੰਘ, 44. ਗੁਰਪ੍ਰੀਤ ਸਿੰਘ ਬੱਲ ਪੁੱਤਰ ਬਲਵਿੰਦਰ ਸਿੰਘ, 45. ਸਿਮਰਨ ਬੱਲ ਪੁੱਤਰੀ ਬਲਵਿੰਦਰ ਸਿੰਘ, 46. ਅਮਰਜੀਤ ਸਿੰਘ ਪੁੱਤਰ ਕੁਲਦੀਪ ਸਿੰਘ, 47. ਬਲਜੀਤ ਸਿੰਘ ਪੁੱਤਰ ਦਵਿੰਦਰ ਸਿੰਘ, 48. ਗੁਰਬਖ਼ਸ਼ ਸਿੰਘ ਪੁੱਤਰ ਵਧਾਵਾ ਸਿੰਘ, 49. ਹਰਕੀਤ ਕੌਰ ਪੁੱਤਰੀ ਗੁਰਦੇਵ ਸਿੰਘ, 50. ਪਵਨਦੀਪ ਸਿੰਘ ਪੁੱਤਰ ਸਵਰਨ ਸਿੰਘ ਆਦਿ ਸਾਰੇ ਵਾਸੀਆਨ ਪਿੰਡ ਰਮੀਦੀ ਸਬ ਤਹਿਸੀਲ ਢਿੱਲਵਾਂ ਜ਼ਿਲ੍ਹਾ ਕਪੂਰਥਲਾ। 51. ਪੰਜਾਬ ਗ੍ਰਾਮੀਣ ਬੈਂਕ ਬ੍ਰਾਂਚ ਢਿੱਲਵਾਂ, ਜ਼ਿਲ੍ਹਾ ਕਪੂਰਥਲਾ। 52. ਓਰੀਐਂਟਲ ਬੈਂਕ ਆਫ ਕਾਮਰਸ ਬ੍ਰਾਂਚ ਸੁਭਾਨਪੁਰ, ਜ਼ਿਲ੍ਹਾ ਕਪੂਰਥਲਾ, 53. ਪੰਜਾਬ ਗ੍ਰਾਮੀਣ ਬੈਂਕ ਬ੍ਰਾਂਚ ਜੀ.ਟੀ. ਰੋਡ ਕਰਤਾਰਪੁਰ, ਜ਼ਿਲ੍ਹਾ ਕਪੂਰਥਲਾ, 54. ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮ., ਨਡਾਲਾ, ਜ਼ਿਲ੍ਹਾ ਕਪੂਰਥਲਾ ਆਦਿ। ......... ਫਰੀਕ ਦੋਮ

ਉਕਤ ਅਨੁਵਾਨ ਦਾ ਕੇਸ ਦਾਅਵਾ ਤਕਸੀਮ ਵਾਕਿਆ ਰਕਬਾ ਪਿੰਡ ਰਮੀਦੀ ਸਬ ਤਹਿਸੀਲ ਢਿੱਲਵਾਂ, ਜ਼ਿਲ੍ਹਾ ਕਪੂਰਥਲਾ ਮੁਤਾਬਕ ਜਮ੍ਹਾਂਬੰਦੀ ਸਾਲ 2019-2020 ਹੱਦਬਸਤ ਨੰਬਰ 107 ਖੇਵਟ ਖਾਤਾ 722/943 ਖਸਰਾ ਨੰਬਰ 43//1/4-11, ਖੇਵਟ ਖਾਤਾ 57/84 ਖਸਰਾ ਨੰਬਰ 28//11/3-8, 12/8-0, 13/8-0 ਕਿਤੇ/3 ਰਕਬਾ 19-8, ਖੇਵਟ ਖਾਤਾ 719/932 ਖਸਰਾ ਨੰਬਰ 11/23/1/2-6, 23/2/3-11, 42//3/0-7, 3/2/3-0, 4/4-8, 5/1/4-19 ਕਿਤੇ /6 ਰਕਬਾ 18-11 ਕੁੱਲ ਰਕਬਾ 42-10 ਰਕਬਾ ਪਿੰਡ ਰਮੀਦੀ ਸਬ-ਤਹਿਸੀਲ ਢਿੱਲਵਾਂ, ਜ਼ਿਲ੍ਹਾ ਕਪੂਰਥਲਾ ਦਾ ਤਕਸੀਮ ਕੇਸ ਇਸ ਅਦਾਲਤ ਵਿਚ ਚੱਲ ਰਿਹਾ ਹੈ। ਇਸ ਕੇਸ ਵਿੱਚ ਧਿਰ ਦੋਮ ਵੱਲੋਂ ਅਸਾਲਤਨ /ਵਕਾਲਤਨ ਕੋਈ ਵੀ ਹਾਜ਼ਰ ਅਦਾਲਤ ਨਹੀਂ ਆਇਆ। ਇਸ ਕੇਸ ਵਿੱਚ ਅਗਲੀ ਤਾਰੀਖ ਪੇਸ਼ੀ ਮਿਤੀ 05.08 2025 ਮੁਕੱਰਰ ਹੋਈ ਹੈ। ਇਸ ਲਈ ਫਰੀਕ ਦੋਮ ਨੂੰ ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਧਿਰ ਦੋਮ ਮਿਤੀ 05.08.2025 ਨੂੰ ਸਵੇਰੇ 10:00 ਵਜੇ ਅਸਾਲਤਨ/ਵਕਾਲਤਨ ਇਸ ਅਦਾਲਤ ਵਿੱਚ ਹਾਜ਼ਰ ਹੋ ਕੇ ਇਸ ਕੇਸ ਦੀ ਪੈਰਵੀ ਕਰ ਸਕਦੇ ਹਨ। ਨਿਸ਼ਚਿਤ ਮਿਤੀ 05.08.2025 ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ। ਨਿਸ਼ਚਿਤ ਮਿਤੀ ਤੋਂ ਬਾਅਦ ਵਿਚ ਕੋਈ ਵੀ ਉਜ਼ਰ ਨਹੀਂ ਸੁਣਿਆ ਜਾਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 22.07.2025 ਨੂੰ ਮੇਰੇ ਹਸਤਾਖਰ ਅਤੇ ਅਦਾਲਤੀ ਮੋਹਰ ਨਾਲ ਜਾਰੀ ਹੋਇਆ।

ਨੰਬਰ : 348/ਰੀਡਰ ਮਿਤੀ : 22.07.2025 ਸਹੀ/- ਸਹਾਇਕ ਕੁਲੈਕਟਰ ਦਰਜਾ ਅੱਵਲ ਢਿੱਲਵਾਂ (ਕਪੂਰਥਲਾ)

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਨਵਦੀਪ ਸਿੰਘ ਭੋਗਲ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਰ ਫਾਸਟ ਟਰੈਕ ਕੋਰਟ ਫਾਰ ਐੱਨ. ਆਰ. ਆਈਜ਼. ਕਪੂਰਥਲਾ
ਕੇਸ ਨੰ: 52/DRO/FTC/NRI ਤਾਰੀਕ ਦਾਇਰ 05.06.2025
ਕਿਸਮ ਮੁਕੱਦਮਾ ਤਕਸੀਮ ਤਕਸੀਮ ਖੇਵਟ ਨੰਬਰ 375
ਖਤੌਨੀ ਨੰਬਰ 581 ਮੁਤਾਬਿਕ ਜਮ੍ਹਾਂਬੰਦੀ ਸਾਲ 2019-2020 ਵਾਕਿਆ ਅਰਾਜੀ ਪਿੰਡ ਰਿਹਾਣਾ ਜੱਟਾਂ ਹਦਬਸਤ ਨੰਬਰ 11, ਤਹਿਸੀਲ ਫਗਵਾੜਾ ਜ਼ਿਲ੍ਹਾ ਕਪੂਰਥਲਾ

1. ਰਣਜੀਤ ਸਿੰਘ ਢੰਡਾ (ਪਾਸਪੋਰਟ ਨੰਬਰ M5713203) ਪੁੱਤਰ ਨਾਜਰ ਸਿੰਘ ਢੰਡਾ ਪੁੱਤਰ ਬਸੰਤਾ ਸਿੰਘ ਖੁਦ ਦਾ ਮੁਖਤਿਆਰ ਆਮ ਵੱਲੋਂ ਵਰਿੰਦਰ ਢੰਡਾ (UK Passport No. 144974445) ਪਤਨੀ ਰਣਜੀਤ ਸਿੰਘ ਢੰਡਾ ਪੁੱਤਰ ਨਾਜਰ ਸਿੰਘ ਢੰਡਾ ਵਾਸੀਆਨ 34 West Drive,Sonning Reading Berkshire RG 6GD UK ਬਜ਼ਰੀਏ ਮੁਖਤਿਆਰਨਾਮਾ ਨੰਬਰ 158 ਮਿਤੀ 23/05/2024 ਤਸਦੀਕਸ਼ੁਦਾ ਸਬ ਰਜਿਸਟਰਾਰ ਫਗਵਾੜਾ (ਧਿਰ ਅੱਵਲ)

ਬਨਾਮ

1. ਸੋਹਣ ਸਿੰਘ ਪੁੱਤਰ ਫਕੀਰ ਸਿੰਘ, 2. ਨਿਰਮਲ ਸਿੰਘ ਪੁੱਤਰ ਲਛਮਨ ਸਿੰਘ ਪੁੱਤਰ ਜਗਤ ਸਿੰਘ, 3. ਨਰਿੰਦਰ ਸਿੰਘ ਪੁੱਤਰ ਤੇਜਾ ਸਿੰਘ, 4. ਬਿਕਰਮਜੀਤ ਸਿੰਘ ਪੁੱਤਰ ਲਾਜਵੰਤ ਸਿੰਘ, 5. ਅਨਿਲ ਕੁਮਾਰ ਪੁੱਤਰ ਸੋਹਨ ਲਾਲ, 6. ਐਨ ਕੇ ਲਹਿਰੀ ਪੁੱਤਰ ਟੀ ਆਰ ਲਹਿਰੀ, 7. ਸੁਨੀਤਾ ਰਾਨੀ ਪਤਨੀ ਕਮਲ ਕੁਮਾਰ, 8. ਸਤਨਾਮ ਸਿੰਘ ਪੁੱਤਰ ਗੁਰਮੀਤ ਸਿੰਘ ਪੁੱਤਰ ਗੁਲਜਾਰੀ, 9. ਜੋਗਰਾਜ ਪੁੱਤਰ ਮੰਗਤ ਰਾਮ ਪੁੱਤਰ ਮਿਲਖੀ ਰਾਮ, 10. ਰਜਿੰਦਰਪ੍ਰਤਾਪ ਸਿੰਘ ਪੁੱਤਰ ਕਰਨੈਲ ਸਿੰਘ ਪੁੱਤਰ ਅਮਰ ਸਿੰਘ, 11. ਜਸਵਿੰਦਰ ਸਿੰਘ ਪੁੱਤਰ ਰਾਮ ਸਿੰਘ, 12. ਸੁਰਜੀਤ ਸਿੰਘ ਪੁੱਤਰ ਰਾਮ ਸਿੰਘ ਪੁੱਤਰ ਸੰਤਾ ਸਿੰਘ, 13. ਸੁਰਿੰਦਰ ਕੌਰ ਪਤਨੀ ਗੁਰਮੇਲ ਰਾਮ ਪੁੱਤਰ ਪੂਰਨ ਚੰਦ, 14. ਨਿਰਮਲ ਸਿੰਘ ਪੁੱਤਰ ਮੋਹਨ ਸਿੰਘ ਪੁੱਤਰ ਆਤਮਾ ਰਾਮ, 15. ਹਰੀਸ਼ ਕੁਮਾਰ ਪੁੱਤਰ ਮਲਕੀਅਤ ਰਾਮ ਪੁੱਤਰ ਛੱਜੂ ਰਾਮ, 16. ਕਮਲਜੀਤ ਕੌਰ ਪਤਨੀ ਦਲਵਿੰਦਰ ਸਿੰਘ ਪੁੱਤਰ ਬਨਾਰਸੀ, 17. ਗੁਰਨਾਮ ਸਿੰਘ ਪੁੱਤਰ ਹਰਬਲਾਸ ਸਿੰਘ ਪੁੱਤਰ ਵਰਿਆਮ, 18. ਗੁਰਮੇਲ ਰਾਮ ਪੁੱਤਰ ਪੂਰਨ ਚੰਦ ਪੁੱਤਰ ਢੇਰੂ ਰਾਮ, 19. ਸੁਖਵਿੰਦਰ ਕੌਰ ਵਿਧਵਾ ਸੁਰਜੀਤ ਸਿੰਘ ਪੁੱਤਰ ਅਮਰ, 20. ਪਰਮਜੀਤ ਸਿੰਘ ਪੁੱਤਰ ਦਰਸ਼ਨ ਰਾਮ ਪੁੱਤਰ ਰੱਖਾ ਰਾਮ, 21. ਆਸ਼ਾ ਰਾਣੀ ਪਤਨੀ ਗੁਰਨਾਮ ਸਿੰਘ ਪੁੱਤਰ ਹਰਬਲਾਸ, 22. ਮਨਜੀਤ ਕੌਰ ਪਤਨੀ ਹਰਵਿੰਦਰ ਸਿੰਘ ਪੁੱਤਰ ਸੁੱਚਾ ਰਾਮ, 23. ਰੇਨੂੰ ਪਤਨੀ ਬਲਦੇਵ ਸਿੰਘ ਪੁੱਤਰ ਪਿਆਰਾ ਸਿੰਘ, 24. ਜੋਗਿੰਦਰ ਕੌਰ ਪਤਨੀ ਹਰਮੇਸ਼ ਲਾਲ ਪੁੱਤਰ ਰਾਮਾ ਨੰਦ, 25. ਗੁਰਮੇਲ ਸਿੰਘ ਪੁੱਤਰ ਪੂਰਨ ਸਿੰਘ ਪੁੱਤਰ ਬਸੰਤ ਸਿੰਘ, 26. ਮਲਕੀਤ ਸਿੰਘ ਪੁੱਤਰ ਕਰਮ ਸਿੰਘ ਪੁੱਤਰ ਪੂਰਨ ਸਿੰਘ, 27. ਦਲਜੀਤ ਕੌਰ ਪਤਨੀ ਸੁਭਾਸ਼ ਚੰਦਰ ਪੁੱਤਰ ਹਰਬੰਸ ਲਾਲ, 28. ਬਲਜਿੰਦਰ ਕੌਰ ਪਤਨੀ ਪਰਮਜੀਤ ਸਿੰਘ ਪੁੱਤਰ ਹਰਦਿਆਲ ਸਿੰਘ, 29. ਅਸ਼ੋਕ ਕੁਮਾਰ ਪੁੱਤਰ ਚਮਨ ਲਾਲ ਪੁੱਤਰ ਜਗੀਰੀ ਰਾਮ, 30. ਕੁਲਵਿੰਦਰ ਕੁਮਾਰ ਪੁੱਤਰ ਚਮਨ ਲਾਲ ਪੁੱਤਰ ਜਗੀਰੀ ਰਾਮ, 31. ਮਨਜੀਤ ਕੌਰ ਪਤਨੀ ਰਜਨੀਸ਼ ਕੁਮਾਰ ਪੁੱਤਰ ਸੋਹਨ ਲਾਲ, 32. ਸੁਰਿੰਦਰ ਕੌਰ ਪਤਨੀ ਹਰਭਜਨ ਸਿੰਘ ਪੁੱਤਰ ਦਸੌਧਾ ਸਿੰਘ, 33. ਬਲਵਿੰਦਰ ਸਿੰਘ ਪੁੱਤਰ ਸਲਿੰਦਰ ਸਿੰਘ ਪੁੱਤਰ ਉਜਾਗਰ ਸਿੰਘ, 34. ਸੁਖਵਿੰਦਰ ਕੌਰ ਪਤਨੀ ਦੀਦਾਰ ਸਿੰਘ ਪੁੱਤਰ ਰਾਮ ਦਾਸ, 35. ਊਸ਼ਾ ਰਾਣੀ ਪਤਨੀ ਹਰਮੇਸ਼ ਲਾਲ ਪੁੱਤਰ ਸੁਖਦੇਵ ਲਾਲ, 36. ਨਵਰੀਤ ਕੁਮਾਰ ਪੁੱਤਰ ਅਵਤਾਰ ਚੰਦ ਪੁੱਤਰ ਬਖਸ਼ੀਸ਼ ਚੰਦ, 37. ਮੋਨਿਕਾ ਪੁੱਤਰੀ ਅਵਤਾਰ ਚੰਦ ਪੁੱਤਰ ਬਖਸ਼ੀਸ਼ ਚੰਦ, 38. ਦੀਪਿਕਾ ਪੁੱਤਰੀ ਅਵਤਾਰ ਚੰਦ ਪੁੱਤਰ ਬਖਸ਼ੀਸ਼ ਚੰਦ, 39. ਜਸਵੰਤ ਸਿੰਘ ਬਣਵੈਤ ਪੁੱਤਰ ਅਮਰ ਸਿੰਘ ਪੁੱਤਰ ਮੁਨਸ਼ਾ ਸਿੰਘ, 40. ਸੁਰਿੰਦਰ ਕੌਰ ਪਤਨੀ ਹਰਭਜਨ ਸਿੰਘ ਪੁੱਤਰ ਦਸੋਧੀ ਸਿੰਘ, 41. ਸੁਖਦੇਵ ਸਿੰਘ ਪੁੱਤਰ ਅਮਰ ਸਿੰਘ ਪੁੱਤਰ ਢੇਰੂ ਰਾਮ, 42. ਪਰਮਜੀਤ ਸਿੰਘ ਪੁੱਤਰ ਸੋਹਣ ਸਿੰਘ ਪੁੱਤਰ ਬੰਤਾ ਸਿੰਘ, 43. ਕਸ਼ਮੀਰ ਕੌਰ ਪਤਨੀ ਭੂਸ਼ਨ ਚੰਦਰ ਪੁੱਤਰ ਸਰਨ ਦਾਸ, 44. ਚਰਨਜੀਤ ਕੌਰ ਪਤਨੀ ਮੋਹਨ ਲਾਲ ਪੁੱਤਰ ਦਲੀਪਾ ਰਾਮ, 45. ਮੀਨਾ ਰਾਣੀ ਪਤਨੀ ਸੋਢੀ ਰਾਮ ਪੁੱਤਰ ਮੱਸਾ ਰਾਮ, 46. ਕੁਲਵੰਤ ਕੌਰ ਪੁੱਤਰੀ ਹਰਭਜਨ ਸਿੰਘ ਪੁੱਤਰ ਦਸੋਧੀ ਸਿੰਘ, 47. ਦਿਆਲ ਰਾਮ ਪੁੱਤਰ ਨੱਥਾ ਰਾਮ ਪੁੱਤਰ ਰਾਮ ਦੱਤਾ, 48. ਦਲਜੀਤ ਕੌਰ ਪਤਨੀ ਰਜਿੰਦਰ ਸਿੰਘ ਪੁੱਤਰ ਸੋਹਣ ਸਿੰਘ, 49. ਰਣਜੀਤ ਸਿੰਘ ਪੁੱਤਰ ਹਰਭਜਨ ਸਿੰਘ ਪੁੱਤਰ ਦਸੋਧੀ ਸਿੰਘ, 50. ਸਤਨਾਮ ਸਿੰਘ ਪੁੱਤਰ ਹੰਸ ਰਾਜ ਪੁੱਤਰ ਦੌਲਤ ਰਾਮ, 51. ਮਮਤਾ ਰਾਣੀ ਪਤਨੀ ਹੰਸ ਰਾਜ ਪੁੱਤਰ ਦੌਲਤ ਰਾਮ ਵਾਸੀਆਨ ਪਿੰਡ ਰਿਹਾਣਾ ਜੱਟਾਂ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ। 52. Punjab and Sind Bank, Branch Bhungarni (Distt. Hoshiarpur) 53. State Bank of Patiala. (ਧਿਰ ਦੋਮ)

ਉਪਰੋਕਤ ਅਨੁਵਾਨ ਮੁਕੱਦਮੇ ਤਕਸੀਮ ਵਿੱਚ ਫਰੀਕ ਦੋਇਮ ਦੇ ਕੁਝ ਫਰੀਕ ਪਿੰਡ ਵਿੱਚ ਰਿਹਾਇਸ਼ ਨਹੀਂ ਰੱਖਦੇ ਹਨ।ਇਸ ਕਰਕੇ ਫਰੀਕ ਦੋਇਮ ਦੀ ਅਸਾਲਤਨ ਇਤਲਾਹ ਨਹੀਂ ਹੋ ਸਕੀ।ਜਿਸ ਤੋਂ ਪਾਇਆ ਗਿਆ ਕਿ ਫਰੀਕ ਦੋਇਮਾਂ ਦੀ ਸਾਧਾਰਨ ਤਰੀਕੇ ਨਾਲ ਤਾਮੀਲ ਹੋਣੀ ਮੁਸ਼ਕਲ ਹੈ। ਉਕਤ ਅਨੁਵਾਨ ਕੇਸ ਵਿੱਚ ਅਗਲੀ ਤਾਰੀਖ ਪੇਸ਼ੀ ਮਿਤੀ 04/08/2025 ਨਿਸ਼ਚਤ ਕਰ ਕੇ ਫਰੀਕ ਦੋਇਮਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਨਿਰਧਾਰਿਤ ਤਾਰੀਖ ਪੇਸ਼ੀ 'ਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਆਵੇ।ਉਕਤ ਨਿਰਧਾਰਿਤ ਮਿਤੀ ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 17/07/2025 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਨਾਲ ਇਹ ਨੋਟਿਸ ਜਾਰੀ ਹੋਇਆ।

ਸਹੀ/-ਜ਼ਿਲ੍ਹਾ ਮਾਲ ਅਫਸਰ ਕਮ ਸਹਾਇਕ ਕੁਲੈਕਟਰ ਦਰਜਾ ਅੱਵਲ ਫਾਰ ਫਾਸਟ ਟਰੈਕ ਕੋਰਟ ਫਾਰ ਐੱਨ. ਆਰ. ਆਈਜ਼. ਕਪੂਰਥਲਾ
ਨੰਬਰ 143/ ਰੀਡਰ ਮਿਤੀ 17/7/2025




## Change of Name

I, Rakesh Kumar Dogra S/O Rishi Kesh Dogra R/O Ward No.11, H.No. 103, Sanan Mohalla, Fatehgarh Churian, Gurdaspur, Punjab have changed my name from Rakesh Kumar Dogra to Rakesh Dogra. Concerned note.

I, Kavita Mehra W/O Kewal Krishan Mehra R/O 318, Green Avenue, Amritsar, Punjab inform that Kavita Mehra and Davinder Kumari both names are mine and one and the same person and have equal value.

I Surjit W/o Lakhwinder Singh R/O Shaheed Bhagat Singh Colony, Chabal Road Amritsar Have changed my name from Surjit to Surjeet Kaur. All concerned may please note.

I, Asha Goyal W/o Sh.Shiv Pal Goyal (Sh. Shiv Pal Goel) R/o 148-I, Sarabha Nagar, Ludhiana declare that Asha, Asha Goel and Asha Goyal are one and the same person.

I Shalu W/o Jugal Kishore R/o E-150, Gali No. 4, Near Prabhakar School, Bhalla Colony, Chheharta, Amritsar-143105, Punjab (India) Have changed my name from Shalu to Shallu Sharma. All concerned may please note.

I, Sapna D/o Manohar Lal R/o H.No. 13/100, ITI Hariana, Ward No. 2, P.O. Hariana, Distt. Hoshiarpur Punjab declare that have my name from Sapna to Sapna Rajput. Rajput is my surname and my given name is Sapna. Concerned note.

I, Jaskaran Singh S/o Bachittar Singh R/o Vill Panwan PO Bhilowal Via Chawinda Devi, Tehsil Amritsar Distt Amritsar have changed my name from Jaskaran Singh to Given Name Jaskaran Surname Singh

I, Rakhi Sodhi D/o Amir Chand Sodhi W/o Rajan Puri R/o H.No.P31, Imact Park, Garden Ecnlave, Khankot Verka, Vallah Bye Pass Amritsar have changed my name from Rakhi Sodhi to Rakhi Puri

I, Manjit Kaur W/o Mukhtar Singh R/o 72, Diamond Avenue, Ram Tirath Road, Wadala Bhitewadh District Amritsar have changed my name from Manjit Kaur to Manjeet Kaur.

I Saroj Bala Saroya wife of Naveen Dyal resident of House No. B4/50, Mohalla Jattpura, Kapurthala have changed my name from Saroj Bala Saroya to Saroj Dyal. All concerned please note.

I, , Harjeet Singh S/o Kartar Singh R/o Village Roranwali PO Bhumbli Distt Gurdaspur (Pb) have changed my name from Harjeet Singh to Harjit Singh. That as per my Aadhar card and my pan card my actual name is Harjit Singh. Concerned note.

I, Tinku S/o Narinder Kumar R/o Ward No. 22, H.No. Z-B-3/346, Mohalla Issa Nagar, Tehsil Batala, Distt. Gurdaspur have changed my name from Tinku to Tinku Tinku. Concerned Note.

I, Lakhvir Kaur W/O, D/O Nishan Singh R/o Ever Green Tower, Desu Majra Road, Kharar, SAS Nagar (Mohali), Punjab- 140301. have changed my name and shall hereafter be Known as Sonamdeep Sona.

I, Suraj S/o Rajesh Kumar R/o H.No. 431, Paras Estate Basti Peer Dad, Jalandhar have changed my name to Suraj Singh Rajput. All concerned please note.

I, Manjeet Kaur W/o Vijay Kumar Resident of VPO Rahimpur , Jalandhar , Punjab have changed my name from Manjeet Kaur To Manjit Kaur. All Concerned please note.

I, Yadwinder Singh S/O Surjit Singh R/O Haibatpur, Chakoki, Distt. Kapurthala - 144624, Punjab have changed my name from Yadwinder Singh to Singh Yadwinder.(Singh as Surname and Yadwinder As Given Name). All note.

I, Gurdev Singh S/O Gurmel Singh R/O Tagore Nagar, Mansoorwal Dona, PO. Kapurthala, Distt. Kapurthala - 144601, Punjab have changed my name from Gurdev Singh to Singh Gurdev.(Singh as Surname and Gurdev as given name). All note.

I, Harpreet W/O Pawan Kumar R/O VPO Landra, Tehsil Phillaur, Distt. Jalandhar, Punjab have changed my name from Harpreet To Kaur Harpreet.(Kaur as Surname). All note.

I, Nidhi Gotam W/O Yadwinder singh R/O Vill. Awan Bhikhe Shah, PO. Begowal, Teh. Bholath, Distt. Kapurthala, Punjab I have Changed My name From Nidhi Gotam To Nidhi Kaur. All please note.

I Sant Ram Mauraya S/O Rogai Parsad R/O H.no.170/13 Kot Sadiq Kanshi Nagar Jalandhar Punjab India, Have Changed My Name From Sant Ram Mauraya To Sant Ram.

I Neeraj Kumar S/O Rakesh Kumar R/O H.No. 48 Ekta Nagar Phase II Rama Mandi Jalandhar 144005 Have changed my First name to Neeraj and Kumar as a Surname.

I Manjit Singh Bains S/O Mohan Singh VPO Makhsuspur Tehsil Garhshankar Distt Hoshiarpur I Have Changed My Name Manjit Singh Bains to Manjit Singh.

I, Rajbeer Kaur W/o Inderjit Singh R/o Vill. Sohian, P.O. Kurala, Distt. Hoshiarpur, Punjab, declare my given name as Rajbeer and my surname as Kaur. Please note.

I, Kirana Rani W/o Ram Pal R/o VPO. Garhi Kanungoan, Distt Shaheed Bhagat Singh Nagar, Punjab have changed my name from Kirana Rani to Kirna Rani. All concerned please note.

I, Sapna w/o Balbir Kumar r/o H.No.117 Shastri Nagar, Basti Guzan, Jalandhar have changed my name from Sapna to Sapna Devi. All Please Note.

I, Himat Chauhan s/o Vijay Kumar Chouhan r/o H.No. 49, Talhan Road, Sidhu Estate, Po.Dakoha, Jalandhar have changed my name to Himmat Chouhan. All Please Note.

I, Ketki Devi d/o Mangal Prasad r/o H.No.504, Lovely Auto Backside, Paradise Apartment, Jalandhar have changed my name from Ketki Devi to Ketaki Devi. All Please Note.

I, Nitin s/o Mukesh Kumar r/o H.No. 213/5, Central Town, Jalandhar have changed my name from Nitin to Nitin Garg. All Please Note.

I, Surbhi Jindal w/o Nitin Garg r/o H.No.213/5 Central Town, Jalandhar have changed my surname from Surbhi Jindal to Surbhi Garg. All Please Note.

## Change of Name

I, Ravinder Kumar s/o Jagat Ram r/o H.No.268, New Hardev Nagar, Kapurthala Road, Jalandhar have changed the name of my minor daughter from Simran to Simran Kaur. All Please Note.

I, Kumar Vaibhav s/o Kumar Kamaljit Sharma r/o Railway Road, Purewal Colony Nakodar, Distt. Jalandhar have changed my name to Kumar Vaibhav Sharma. All Please Note.

I, Chander Shekhar s/o Mohan Ranadey r/o H.No. 99/100, Topkhana Bazar, Po. Jalandhar Cantt., Jalandhar have changed my name to Chander Shekhar Ranadey. All Please Note.

I, Hemant Kumar S/o Rajinder Kumar R/o Village Suchi Pind, Po. Chogitti, Distt. Jalandhar have changed my name to Given Name as Hemant & Surname as Kumar. All Please Note.

I, Sukhdev Kumar S/o Bhajan Lal R/o H.No. 32, New Hardiyal Nagar, Po. Sheikhe Pind, Distt. Jalandhar have changed my name to Given Name as Sukhdev & Surname as Kumar. All Please Note.

I, Lalit Kumar S/o Pyara Lal Khanna R/o VPO. Bhulath, Distt. Kapurthala, Punjab-144622 have changed my name from Lalit Kumar to Lalit Kumar Khanna. All Please Note.

I, Mandeep Kaur W/o Ramjinder Singh R/o Village Bishanpur Jattan, Po. Lakhan Kalan, Distt. Kapurthala have changed my name from Mandeep Kaur to Kaur Mandeep. All Please Note.

I, Mandeep Kaur W/o Ramjinder Singh R/o Village Bishanpur Jattan, Po. Lakhan Kalan, Distt. Kapurthala have changed my son name from Kiratjot Singh to Singh Kiratjot. All Please Note.

I, hitherto known as Jaswinder Kaur W/o Satnam Dass Rio VPO. Kapoor Pind, Distt. Jalandhar, Punjab-144025 have changed my name and shall hereafter be known as Balwinder Kaur.

I, Liaqat Masih S/o Amru R/o Post Office Zahura, Distt. Hoshiarpur, Punjab have changed my name from Liaqat Masih to Liakat Masih. All Please Note.

I, Rajni Kaur Khalsa W/o Harjinder Singh R/o H.No. 380, Street Makhan Singh Aare Wali Basti Mithu, Guru Nanak Nagar, Jalandhar, Punjab have changed my name from Rajni Kaur Khalsa to Rajni Kaur. All Please Note.

I, Sukhwinder Kaur d/o Gulab Singh w/o Amarjeet Singh r/o H.No.1209, Subhana Road, Garha, Jalandhar, Punjab-144022 have changed my name to Manmeet Kaur. All Please Note.

I, Naina Soni W/o Abhinav Arora R/o H.No.EF-492, Krishan Nagar, Jalandhar have changed my name from Naina Soni to Naina, After Marriage. All Please Note.

I, Bharat Kumar S/o Pannu Ravidas R/o Vill. Chhawani, Ichak, Hazaribagh, Jharkhand have changed my name from Bharat Kumar to Bharat Kumar Ravidas. All Please Note.

I, Jasvir Kaur W/o Raj Kumar R/o VPO. Dhanowali, Distt. Jalandhar have changed the name of my minor daughter from Banita to Banita Kaur. All Please Note.

I, Jasvir Kaur W/o Raj Kumar R/o VPO. Dhanowali, Distt. Jalandhar have changed the name of my minor son from Uditya to Uditya Kumar. All Please Note.

I, Manual S/o Madan Masih R/o Jagatpur Khurd, P.O. Chhalle, Distt. Gurdaspur, Punjab-143530, have changed my name from Manual to Manual Masih

## ਆਮ ਸੂਚਨਾ

ਮੈਂ ਵੀਨਾ ਚੋਪੜਾ ਉਰਫ ਜੋਤੀ ਚੋਪੜਾ ਪਤਨੀ ਪਰਮਜੀਤ ਚੋਪੜਾ ਵਾਸੀ ਵਾਰਡ ਨੰਬਰ 1 ਮੁਹੱਲਾ ਨਿਊ ਕਰਤਾਰ ਨਗਰ ਸ਼ਾਹਕੋਟ ਬਿਆਨ ਕਰਦੀ ਹਾਂ ਕਿ ਵੀਨਾ ਚੋਪੜਾ ਅਤੇ ਜੋਤੀ ਚੋਪੜਾ ਉਕਤ ਦੋਵੇਂ ਨਾਮ ਮੇਰੇ ਹਨ ਤੇ ਮੈਨੂੰ ਇਨ੍ਹਾਂ ਦੋਵਾਂ ਨਾਵਾਂ ਨਾਲ ਜਾਣਿਆ ਜਾਵੇ। ਸੰਬੰਧਤ ਨੋਟ ਕਰਨ।

ਅਸੀਂ ਲਾਲ ਚੰਦ ਪੁੱਤਰ ਕਿਸ਼ਨ ਚੰਦ ਅਤੇ ਹਰਬੰਸ ਕੌਰ ਪਤਨੀ ਲਾਲ ਚੰਦ, ਵਾਸੀ ਪਿੰਡ ਕੋਟ ਸਦੀਕ, ਡਾਖਾਨਾ ਬਸਤੀ ਗੁਜਾ ,ਜਲੰਧਰ ਇਹ ਬਿਆਨ ਕਰਦੇ ਹਾਂ ਕਿ ਅਸੀਂ ਆਪਣੇ ਲੜਕੇ ਨਰਿੰਦਰ ਕੁਮਾਰ ਅਤੇ ਉਸਦੀ ਪਤਨੀ ਮਨਜੀਤ ਕੌਰ ਨੂੰ ਹੁਣ ਆਪਣੇ ਕਹਿਣੇਕਾਰ ਹੋਣ ਕਰਕੇ ਉਹਨਾਂ ਸੰਬੰਧੀ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲੀ ਸੰਬੰਧੀ ਦਿੱਤਾ ਪਬਲਿਕ ਨੋਟਿਸ ਨਵਾਂ ਜ਼ਮਾਨਾ ਅਤੇ ਯੁੱਗਮਾਰਗ ਮਿਤੀ 13/12/2024 ਨੂੰ ਵਾਪਸ ਲੈਂਦੇ ਹਾਂ। ਹੁਣ ਸਾਡਾ ਲੜਕਾ ਅਤੇ ਉਸ ਦੀ ਪਤਨੀ ਸਾਡੀ ਚੱਲ-ਅਚੱਲ ਜਾਇਦਾਦ ਵਿਚ ਪੂਰੇ ਹੱਕਦਾਰ ਹਨ । ਸੰਬੰਧਤ ਨੋਟ ਕਰਨ

ਮੋਟਰ ਕੁਨੈਕਸ਼ਨ ਖਾਤਾ ਨੰਬਰ ਐਸ.ਜੀ.ਏ.ਪੀ 23 ਜੋ ਕਿ ਗੁਰਜੰਟ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਸੰਘਰੇੜੀ ਦੇ ਨਾਮ ਤੇ ਚਲਦਾ ਹੈ। ਇਸ ਕੁਨੈਕਸ਼ਨ ਨੂੰ ਹੁਣ ਹਰਦੀਪ ਸਿੰਘ/ਮਨਪ੍ਰੀਤ ਸਿੰਘ ਪੁੱਤਰ ਗੁਰਜੰਟ ਸਿੰਘ ਵਾਸੀ ਸੰਘਰੇੜੀ ਆਪਣੇ ਨਾਮ ਕਰਵਾਉਣਾ ਚਾਹੁੰਦਾ ਹੈ।ਇਸ ਸੰਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ.ਐਸ.ਪੀ.ਸੀ.ਐਲ. ਦਫਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ06/333 ਜਵਾਲਾ ਸਿੰਘ ਪੁੱਤਰ ਅੱਛਰ ਸਿੰਘ ਵਾਸੀ ਬਾਲੋਕੀ ਤੋਂ ਨਾਂਅ ਬਦਲੀ ਕਰਕੇ ਅਮਨਪ੍ਰੀਤ ਸਿੰਘ ਪੁੱਤਰ ਸੋਹਣ ਸਿੰਘ ਪਿੰਡ ਬਾਲੋਕੀ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ 15 ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਦਰਜ ਕਰਵਾ ਸਕਦਾ ਹੈ।

ਮੈਂ, ਲਖਵਿੰਦਰ ਸਿੰਘ ਸਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਰੰਗੀਲਪੁਰ (ਕਲਾਰੂ), ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ। ਇਹ ਹੈ ਕਿ ਮੋਟਰ ਕੁਨੈਕਸ਼ਨ ਨੰ: ਏ ਪੀ 09/405 ਐੱਚ ਜੋ ਕਿ ਸ੍ਰੀ ਕਰਮਜੀਤ ਸਿੰਘ ਸਪੁੱਤਰ ਹਾਕਮ ਸਿੰਘ ਪਿੰਡ ਬੂੜੇਵਾਲ, ਜ਼ਿਲ੍ਹਾ ਕਪੂਰਥਲਾ ਦੇ ਨਾਂਅ 'ਤੇ ਚੱਲਦਾ ਹੈ। ਮੈਂ ਇਹ ਜ਼ਮੀਨ ਮੋਟਰ ਸਮੇਤ ਖਰੀਦ ਲਿਆ ਹੈ। ਜਿਸ ਨੂੰ ਆਪਣੇ ਨਾਂਅ ਕਰਵਾਉਣ ਵਾਸਤੇ ਪਾਵਰਕਾਮ ਸਬ-ਡਵੀਜ਼ਨ ਟਿੱਬਾ, ਜ਼ਿਲ੍ਹਾ ਕਪੂਰਥਲਾ ਪਾਸ ਅਪਲਾਈ ਕੀਤਾ ਹੈ। ਜੇਕਰ ਇਸ ਸੰਬੰਧੀ ਕਿਸੇ ਨੂੰ ਇਤਰਾਜ਼ ਹੈ ਤਾਂ 30 ਦਿਨਾਂ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਬਿਜਲੀ ਦਫ਼ਤਰ ਟਿੱਬਾ, ਜ਼ਿਲ੍ਹਾ ਕਪੂਰਥਲਾ ਵਿਖੇ ਪੇਸ਼ ਕਰ ਸਕਦਾ ਹੈ।

ਮੈਂ, ਬਲਵਿੰਦਰ ਸਿੰਘ ਸਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਰੰਗੀਲਪੁਰ (ਕਾਲਰੂ), ਤਹਿਸੀਲ ਸੁਲਤਾਨਪੁਰ ਲੋਧੀ, ਇਹ ਹੈ ਕਿ ਮੋਟਰ ਕੁਨੈਕਸ਼ਨ ਨੰ: ਏ ਪੀ 20/360 ਜੋ ਕਿ ਸ੍ਰੀਮਤੀ ਕਰਤਾਰੀ ਪਤਨੀ ਦਲੀਪ ਸਿੰਘ ਪਿੰਡ ਕੁਤਬੇਵਾਲ, ਜ਼ਿਲ੍ਹਾ ਕਪੂਰਥਲਾ ਦੇ ਨਾਂਅ 'ਤੇ ਚੱਲਦਾ ਹੈ। ਮੈਂ ਇਹ ਜ਼ਮੀਨ ਮੋਟਰ ਸਮੇਤ ਖਰੀਦ ਲਿਆ ਹੈ, ਜਿਸ ਨੂੰ ਆਪਣੇ ਨਾਂਅ ਕਰਵਾਉਣ ਵਾਸਤੇ ਪਾਵਰਕਾਮ ਸਬ-ਡਵੀਜ਼ਨ ਟਿੱਬਾ, ਜ਼ਿਲ੍ਹਾ ਕਪੂਰਥਲਾ ਪਾਸ ਅਪਲਾਈ ਕੀਤਾ ਹੈ। ਜੇਕਰ ਇਸ ਸੰਬੰਧੀ ਕਿਸੇ ਨੂੰ ਇਤਰਾਜ਼ ਹੈ ਤਾਂ 30 ਦਿਨਾਂ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਬਿਜਲੀ ਦਫ਼ਤਰ ਟਿੱਬਾ, ਜ਼ਿਲ੍ਹਾ ਕਪੂਰਥਲਾ ਵਿਖੇ ਪੇਸ਼ ਕਰ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਜੀ ਡੀ-165, ਜੋ ਕਿ ਫੌਜਾ ਸਿੰਘ ਪੁੱਤਰ ਈਸ਼ਰ ਸਿੰਘ ਨੂੰ ਆਪਣੀ ਨਾਂਅ ਕਰਨ ਲਈ ਲਖਵੀਰ ਸਿੰਘ ਪੁੱਤਰ ਅਜੈਬ ਸਿੰਘ ਰਕਬਾ ਪਿੰਡ ਮੱਲਾਂਵਾਲਾ ਜਨੂਬੀ, ਤਹਿਸੀਲ ਜ਼ੀਰਾ ਨੇ ਇਸ ਦਫਤਰ ਨੂੰ ਬੇਨਤੀ ਕੀਤੀ ਹੈ। ਇਤਰਾਜ਼ਯੋਗ ਵਿਅਕਤੀ 10 ਦਿਨਾਂ ਦੇ ਵਿੱਚ ਐੱਸ ਡੀ ਓ ਵੰਡ ਮੱਲਾਂਵਾਲਾ ਨਾਲ ਸੰਪਰਕ ਕਰਨ।

## 2 ਬੱਚੇ ਭਿੱਖਿਆ ਤੋਂ ਕਰਵਾਏ ਮੁਕਤ



ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)- ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਮੰਤਰੀ ਡਾ. ਬਲਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਰਹਿਨੁਮਾਈ ਹੇਠ ਪ੍ਰੋਜੈਕਟ ਜੀਵਨਜੋਤ 2 ਚਲਾਇਆ ਜਾ ਰਿਹਾ ਹੈ, ਜਿਸ ਤਹਿਤ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗਗਨਦੀਪ ਸਿੰਘ ਦੀ ਅਗਵਾਈ ਵਿੱਚ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਦੁਆਰਾ ਬਾਲ ਭਿੱਖਿਆ ਰੋਕੂ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਨਾਲ ਅੱਜ ਹੁਸ਼ਿਆਰਪੁਰ ਵਿਚ ਭੰਗੀ ਚੋਅ, ਹਨੂੰਮਾਨ ਮੰਦਰ, ਨਵੀ ਅਬਾਦੀ, ਬਹਾਦੁਰਪੁਰ ਚੌਕ, ਸ਼ਿਮਲਾ ਪਹਾੜੀ, ਕਸ਼ਮੀਰੀ ਬਾਜ਼ਾਰ, ਕੋਤਵਾਲੀ ਬਾਜ਼ਾਰ, ਰੇਲਵੇ ਰੋਡ ਵਿਖੇ ਬਾਲ ਭਿੱਖਿਆ ਰੋਕੂ ਰੇਡ ਕੀਤੀ ਗਈ। ਇਸ ਦੌਰਾਨ 2 ਬੱਚੇ ਬਾਲ ਭਿੱਖਿਆ ਤੋਂ ਮੁਕਤ ਕਰਵਾਏ ਗਏ ਅਤੇ ਬਾਲ ਭਲਾਈ ਕਮੇਟੀ ਸਾਹਮਣੇ ਪੇਸ਼ ਕੀਤੇ ਗਏ। ਬਾਲ ਭਲਾਈ ਕਮੇਟੀ ਵਲੋਂ ਬੱਚਿਆਂ ਦੀ ਕੌਂਸਲਿੰਗ ਕੀਤੀ ਗਈ ਅਤੇ ਬੱਚਿਆਂ ਦੀ ਭਲਾਈ ਨੂੰ ਮੁੱਖ ਰੱਖਦੇ ਹੋਏ ਬੱਚਿਆਂ ਦੀ ਭਲਾਈ ਲਈ ਫੈਸਲਾ ਲਿਆ ਗਿਆ ।ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਨੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਜੇਕਰ ਤੁਹਾਨੂੰ ਕੋਈ ਬੱਚਾ ਭੀਖ ਮੰਗਦਾ ਜਾਂ ਬਾਲ ਮਜ਼ਦੂਰੀ ਕਰਦਾ ਹੋਇਆ ਮਿਲਦਾ ਹੈ, ਤਾਂ ਉਸ ਦੀ ਸੂਚਨਾ ਬਾਲ ਹੈਲਪਲਾਈਨ 1098 'ਤੇ ਦਿੱਤੀ ਜਾਵੇ। ਉਨ੍ਹਾਂ ਦੱਸਿਆ ਕਿ 0 ਤੋਂ 18 ਸਾਲ ਦੇ ਬੱਚਿਆਂ ਲਈ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਸਕੀਮ ਬਾਰੇ ਜਾਣਕਾਰੀ ਲਈ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਹੁਸ਼ਿਆਰਪੁਰ ਵਿਖੇ ਜਾਂ ਬਾਲ ਹੈਲਪਲਾਈਨ 1098 'ਤੇ ਫੋਨ ਕਰਕੇ ਲਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਮਾਤਾ-ਪਿਤਾ ਬੱਚੇ ਤੋਂ ਬਾਲ ਭਿੱਖਿਆ ਕਰਵਾਉਂਦਾ ਪਾਇਆ ਗਿਆ, ਤਾਂ ਮਾਤਾ-ਪਿਤਾ 'ਤੇ ਵੀ ਕਾਰਵਾਈ ਕੀਤੀ ਜਾਵੇਗੀ । ਬੱਚਿਆਂ ਦੀ ਸੁਰੱਖਿਆ ਅਤੇ ਦੇਖ-ਭਾਲ ਸਬੰਧੀ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਰਾਮ ਕਲੋਨੀ ਕੈਂਪ ਹੁਸ਼ਿਆਰਪੁਰ ਨਾਲ ਤਾਲਮੇਲ ਕੀਤਾ ਜਾ ਸਕਦਾ ਹੈ । ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਗਗਨਦੀਪ ਸਿੰਘ ਨੇ ਦੱਸਿਆ ਕਿ ਵਿਭਾਗ ਵਲੋਂ ਜਾਰੀ ਹਦਾਇਤਾਂ ਅਨੁਸਾਰ ਬੱਚਿਆਂ ਤੋਂ ਭਿਖਿਆ ਮੰਗਵਾਉਣ ਵਾਲੇ ਮਾਤਾ-ਪਿਤਾ ਦਾ ਡੀ.ਐਨ.ਏ ਟੈਸਟ ਕੀਤਾ ਜਾਵੇਗਾ ਅਤੇ ਰਿਪੋਰਟ ਮੈਚ ਨਾ ਕਰਨ 'ਤੇ ਉਨ੍ਹਾਂ ਦੇ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਗਰਭਵਤੀ ਔਰਤਾਂ ਦੀ ਸਿਹਤ ਸੁਰੱਖਿਆ ਯਕੀਨੀ ਬਣਾਈ ਜਾਵੇ : ਡਾ. ਗੀਤਾਂਜਲੀ ਸਿੰਘ



ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)-ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮੁੱਢਲਾ ਸਿਹਤ ਕੇਂਦਰ, ਮੁਜ਼ੱਫਰਪੁਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਗੀਤਾਂਜਲੀ ਸਿੰਘ ਦੀ ਯੋਗ ਰਹਿਨੁਮਾਈ ਹੇਠ ਸਿਹਤ ਵਿਭਾਗ ਆਮ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਯਤਨਸ਼ੀਲ ਹੈ।ਇਸੇ ਕੜੀ ਤਹਿਤ ਮੁੱਢਲਾ ਸਿਹਤ ਕੇਂਦਰ ਮੁਜ਼ੱਫਰਪੁਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਗੀਤਾਂਜਲੀ ਸਿੰਘ ਨੇ ਬੁੱਧਵਾਰ ਨੂੰ ਉਪ ਸਿਹਤ ਕੇਂਦਰ, ਲੰਗੜੋਆ ਦਾ ਅਚਨਚੇਤ ਦੌਰਾ ਕੀਤਾ ਅਤੇ ਆਮ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸਹੂਲਤਾਂ, ਰਿਕਾਰਡ ਮੇਨਟੇਨ ਰੱਖਣ ਤੇ ਸਾਫ-ਸਫਾਈ ਪ੍ਰਬੰਧਾਂ ਦਾ ਨਿਰੀਖਣ ਕੀਤਾ। ਇਸ ਮੌਕੇ ਡਾ. ਗੀਤਾਂਜਲੀ ਸਿੰਘ ਨੇ ਇਸ ਉਪ ਸਿਹਤ ਕੇਂਦਰ ਵਿੱਚ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸੇਵਾਵਾਂ 'ਤੇ ਸੰਤੁਸ਼ਟੀ ਪ੍ਰਗਟ ਕੀਤੀ। ਡਾ. ਸਿੰਘ ਨੇ ਫੀਲਡ ਸਟਾਫ ਨੂੰ ਹਦਾਇਤ ਕੀਤੀ ਕਿ ਗਰਭਵਤੀ ਔਰਤਾਂ ਦੀ ਸਿਹਤ ਸੁਰੱਖਿਅਤ ਲਈ ਕੁਆਲਿਟੀ ਐਂਟੀਨੇਟਲ ਕੇਅਰ ਸਰਵਿਸ ਪਹਿਲ ਦੇ ਆਧਾਰ 'ਤੇ ਦੇਣੀ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਹੈਲਥ ਇੰਸਪੈਕਟਰ ਸੁਰਲਿੰਦਰ ਬਾਂਸਲ ਤੇ ਐੱਲ ਐੱਚ ਵੀ ਕੁਲਵਿੰਦਰ ਕੌਰ ਸਮੇਤ ਸਿਹਤ ਵਿਭਾਗ ਦੇ ਹੋਰ ਕਰਮਚਾਰੀ ਮੌਜੂਦ ਸਨ।

## ਬੇਦਖ਼ਲੀ ਨੋਟਿਸ

ਮੈਂ ਪਲਵਿੰਦਰ ਸਿੰਘ ਪੁੱਤਰ ਮਿਲਖਾ ਸਿੰਘ ਵਾਸੀ ਪਿੰਡ ਹਰੀਆ ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਆਪਣੇ ਲੜਕੇ ਸਨਮੀਤ ਸਿੰਘ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਉਹ ਮੇਰੇ ਕਹਿਣੇ ਵਿੱਚ ਨਹੀਂ ਹੈ । ਮੇਰੀ ਸਹਿਮਤੀ ਤੋਂ ਬਿਨਾਂ ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ । ਮੇਰੀ ਇਸ ਵਿੱਚ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ ।

ਮੈਂ, ਪਿਆਰਾ ਸਿੰਘ ਪੁੱਤਰ ਕਰਨੈਲ ਸਿੰਘ, ਪਿੰਡ ਮੀਮਸਾ (ਸੰਗਰੂਰ) ਆਪਣੇ ਲੜਕੇ ਗੁਰਪ੍ਰੀਤ ਸਿੰਘ, ਨੂੰਹ ਅਮਨਦੀਪ ਕੌਰ ਦੀ ਮਿਤੀ 4 ਅਕਤੂਬਰ 2018 ਨੂੰ ਨਵਾਂ ਜ਼ਮਾਨਾ ਅਤੇ ਯੁੱਗਮਾਰਗ ਅਖ਼ਬਾਰਾਂ ਰਾਹੀਂ ਬੇਦਖਲੀ ਨੋਟਿਸ ਨੂੰ ਰੱਦ ਕਰਦਾ ਹਾਂ। ਮੇਰਾ ਪੁੱਤਰ ਹਿੱਸੇ ਮੁਤਾਬਿਕ ਮੇਰੀ ਚੱਲ ਅਚੱਲ ਜਾਇਦਾਦ ਦਾ ਹੱਕਦਾਰ ਹੋਵੇਗਾ।

ਮੈਂ ਲਛਮਣ ਸਿੰਘ ਪੁੱਤਰ ਸੁਖਦੇਵ ਵਾਸੀ ਕੋਟਲੀ ਗਾਜਰਾਂ ਤਹਿਸੀਲ ਸ਼ਾਹਕੋਟ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਮਨਦੀਪ ਅਤੇ ਨੂੰਹ ਸੰਜਨਾ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਉਹਨਾਂ ਦੋਨਾਂ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਉਹਨਾਂ ਨਾਲ ਕੋਈ ਵੀ ਸਬੰਧ ਨਹੀਂ ਰਿਹਾ। ਸੰਬੰਧਤ ਨੋਟ ਕਰਨ।

ਮੈਂ, ਮਨਜੀਤ ਸਿੰਘ ਪੁੱਤਰ ਸ਼ੇਰ ਸਿੰਘ ਵਾਸੀ 77 ਏ,ਗਲੀ ਨੰ.9, ਗੁਰੂ ਅਮਰਦਾਸ ਐਵੀਨਿਊ, ਅਜਨਾਲਾ ਰੋਡ, ਅੰਮ੍ਰਿਤਸਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਨਦੀਪ ਸਿੰਘ ਅਤੇ ਉਸਦੀ ਪਤਨੀ ਗੁਰਪ੍ਰੀਤ ਕੌਰ, ਇਨ੍ਹਾਂ ਦੀ ਲੜਕੀ ਕਰਮਨਜੀਤ ਕੌਰ ਅਤੇ ਮੇਰੀ ਪਤਨੀ ਦਲਜੀਤ ਕੌਰ ਸਾਰੇ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹਨ, ਲੜਾਈ ਝਗੜਾ ਕਰਦੇ ਰਹਿੰਦੇ ਹਨ ਅਤੇ ਮੈਨੂੰ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਮੈਂ ਇਨ੍ਹਾਂ ਸਾਰਿਆਂ ਨੂੰ ਆਪਣੀ ਹਰ ਕਿਸਮ ਦੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦਾ ਮੈਂ ਜਿੰਮੇਵਾਰ ਨਹੀਂ ਹੋਵਾਂਗਾ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਉਨ੍ਹਾਂ ਸਭ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ ਰਮੇਸ਼ ਕੁਮਾਰ ਪੁੱਤਰ ਜੱਟੂ ਮਲ ਅਤੇ ਨੀਨਾ ਜਗੋਤਾ ਪਤਨੀ ਰਮੇਸ਼ ਕੁਮਾਰ ਵਾਸੀ ਪਿੰਡ ਜੰਡਿਆਲਾ ਤਹਿਸੀਲ ਫਿਲੌਰ ਜ਼ਿਲਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਕੁਨਾਲ ਜਗੋਤਾ ਅਤੇ ਸਾਡੀ ਨੂੰਹ ਗੋਲਡੀ ਸਾਡੇ ਕਹਿਣੇ ਤੋਂ ਬਾਹਰ ਹਨ, ਅਸੀਂ ਇਨਾ ਨੂੰ ਆਪਣੀ ਚਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ ਇਹਨਾਂ ਦੋਨੋਂ ਨਾਲ ਲੈਣ ਦੇਣ ਕਰਨ ਵਾਲਾ ਉਹ ਆਪ ਜਿੰਮੇਵਾਰ ਹੋਵੇਗਾ।

ਅਸੀ ਵਿਜੇ ਕੁਮਾਰ ਪੁੱਤਰ ਕਿਸ਼ਨ ਚੰਦ ਅਤੇ ਜੀਵਨ ਕੁਮਾਰੀ ਪਤਨੀ ਵਿਜੇ ਕੁਮਾਰ ਵਾਸੀਆਨ ਝਬਾਲ ਰੋਡ, ਨੇੜੇ ਸੂਰਜ ਟੈਂਟ ਹਾਊਸ ਵਾਲੀ ਗਲੀ, ਗੋਲਡਨ ਐਵੀਨਿਊ ਕਾਲੋਨੀ, ਛੇਹਰਟਾ ਅੰਮ੍ਰਿਤਸਰ ਆਪਣੇ ਲੜਕੇ ਸੁਨੀਲ ਕੁਮਾਰ, ਜੋ ਸ਼ਾਦੀਸ਼ੁਦਾ ਹੈ, ਜੋ ਸਾਡੇ ਕਹਿਣੇ ਵਿੱਚ ਨਹੀ ਹੈ, ਸਾਡੀ ਕੋਈ ਗੱਲ ਨਹੀਂ ਮੰਨਦਾ, ਆਪਣੀ ਮਰਜੀ ਕਰਦਾ ਹੈ ਨੂੰ ਪਰਿਵਾਰ ਸਮੇਤ ਆਪਣੀ ਚੱਲ ਅਚੱਲ, ਬੁੱਕਵੀ ਅਣਬੁੱਕਵੀ ਜਾਇਦਾਦ ਤੋ ਬੇਦਖਲ ਕਰਦੇ ਹਾਂ। ਉਸ ਦੇ ਕਿਸੇ ਵੀ ਮਾੜੇ ਚੰਗੇ ਕੰਮ, ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਅਸੀਂ ਅਤੇ ਸਾਡੇ ਪਰਿਵਾਰ ਦਾ ਕੋਈ ਮੈਂਬਰ ਜਿੰਮੇਵਾਰ ਨਹੀ ਹੋਵੇਗਾ। ਸਾਡਾ ਹੁਣ ਸੁਨੀਲ ਕੁਮਾਰ ਨਾਲ ਕੋਈ ਸੰਬੰਧ ਨਹੀ ਹੈ।

ਮੈਂ, ਸੁਨੀਤਾ ਪਤਨੀ ਸ੍ਰੀ ਹੇਮ ਰਾਜ ਵਾਸੀ ਮਕਾਨ ਨੰ: 1, ਮਿੱਠਾਪੁਰ, ਨੇੜੇ ਸਾਧੂ ਸਿੰਘ ਦੀ ਚੱਕੀ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਪ੍ਰੀਤਮ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ ਹਰਜਿੰਦਰ ਸਿੰਘ ਪੁੱਤਰ ਲਾਭ ਸਿੰਘ ਵਾਸੀ ਮੁਹੱਲਾ ਦਿੱਲੀ ਗੇਟ ਪਿੰਡ ਤੇ ਡਾਕ. ਹਰਿਆਣਾ, ਤਹਿਸੀਲ ਤੇ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਗਜੀਤ ਸਿੰਘ ਅਤੇ ਉਸ ਦੀ ਪਤਨੀ ਅਮਨਦੀਪ ਕੌਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਜਸਵੀਰ ਕੌਰ ਪਤਨੀ ਕਸ਼ਮੀਰੀ ਲਾਲ ਵਾਸੀ ਬੁੰਦੀਆਂ, ਡਾਕਖਾਨਾ ਬਹਿਰਾਮ ਸਰਿਸ਼ਟਾ ਭੋਗਪੁਰ, ਜ਼ਿਲ੍ਹਾ ਜਲੰਧਰ, ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਚਰਨਜੀਤ ਸਿੰਘ ਅਤੇ ਉਸਦੀ ਪਤਨੀ ਡਿੰਪਲ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ । ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਨਾਂਅ ਦੀ ਬਦਲੀ

ਮੈਂ, ਜਸਵੀਰ ਕੌਰ ਪਤਨੀ ਰਾਜ ਕੁਮਾਰ ਵਾਸੀ ਪਿੰਡ ਅਤੇ ਡਾਕਖਾਨਾ ਧੰਨੋਵਾਲੀ, ਜ਼ਿਲ੍ਹਾ ਜਲੰਧਰ ਨੇ ਆਪਣੇ ਨਾਬਾਲਗ ਲੜਕੀ ਦਾ ਨਾਮ ਬਨੀਤਾ ਤੋਂ ਬਦਲ ਕੇ ਬਨੀਤਾ ਕੌਰ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਜਸਵੀਰ ਕੌਰ ਪਤਨੀ ਰਾਜ ਕੁਮਾਰ ਵਾਸੀ ਪਿੰਡ ਅਤੇ ਡਾਕਖਾਨਾ ਧੰਨੋਵਾਲੀ, ਜ਼ਿਲ੍ਹਾ ਜਲੰਧਰ ਨੇ ਆਪਣੇ ਨਾਬਾਲਗ ਲੜਕੇ ਦਾ ਨਾਮ ਉਦਿਤਿਆ ਤੋਂ ਬਦਲ ਕੇ ਉਦਿਤਿਆ ਕੁਮਾਰ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

## ਬੇਦਖ਼ਲੀ ਨੋਟਿਸ

ਮੈਂ ਬਲਦੇਵ ਸਿੰਘ ਪੁੱਤਰ ਤਾਰਾ ਸਿੰਘ, ਵਾਸੀ ਪਿੰਡ ਗੁਜਰਪੁਰਾ, ਤਹਿਸੀਲ ਅਜਨਾਲਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਤਰਨਬੀਰ ਕੌਰ ਮੇਰੀ ਸਕੀ ਪੁੱਤਰੀ ਹੈ ਅਤੇ ਜੋਗਾ ਸਿੰਘ ਪੁੱਤਰ ਹਰਭਜਨ ਸਿੰਘ ਦੋਵੇ ਵਾਸੀਆਨ ਮਕਾਨ ਨੰਬਰ 975. ਗਲੀ ਨੰ: 15. ਘੁੰਮਣ ਨਗਰ, ਪਟਿਆਲਾ, ਜ਼ਿਲ੍ਹਾ ਪਟਿਆਲਾ ਮੇਰਾ ਜਵਾਈ ਹੈ ਇਹ ਦੋਵੇਂ ਜੀਅ ਮੇਰੇ ਅਤੇ ਪਰਿਵਾਰ ਕਹਿਣੇ ਤੇ ਬਾਹਰ ਹਨ ਇਸ ਲਈ ਮੈਂ ਦੋਵੇਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁੱਦ ਜੁਮੇਵਾਰ ਹੋਵੇਗਾ।

ਮੈਂ, ਲਾਲ ਚੰਦ ਪੁੱਤਰ ਭਾਨ ਚੰਦ ਵਾਸੀ ਬੁਲੰਦਾ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰੀ ਲੜਕੀਆਂ ਕਰਸਟੀਨਾ, ਅਗਨਿਸ ਅਤੇ ਲੜਕਾ ਸ਼ਮਊਨ ਮੇਰੇ ਕਹਿਣੇਕਾਰ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ। (ਬੀ)

ਮੈਂ, ਅਮਰਜੀਤ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਪਿੰਡ ਤੇ ਡਾਕ. ਵਰਪਾਲ, ਥਾਣਾ ਚਾਟੀਵਿੰਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਗੁਰਜੰਟ ਸਿੰਘ ਅਤੇ ਉਸ ਦੀ ਪਤਨੀ ਕੋਮਲਪ੍ਰੀਤ ਕੌਰ ਮੇਰੇ ਕਹਿਣੇਕਾਰ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਦੇ ਕਿਸੇ ਵੀ ਕਾਰ-ਵਿਹਾਰ ਨਾਲ ਮੇਰਾ ਅਤੇ ਮੇਰੇ ਪਰਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਮਲਕੀਤ ਕੌਰ ਵਿਧਵਾ ਦਿਲਬਾਗ ਸਿੰਘ ਵਾਸੀ ਪਿੰਡ ਮੁਗਲ ਚੱਕ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਅਰਵਿੰਦਰ ਸਿੰਘ ਅਤੇ ਉਸ ਦੀ ਪਤਨੀ ਗੁਰਪ੍ਰੀਤ ਕੌਰ ਅਤੇ ਇਨ੍ਹਾਂ ਦੇ ਬੱਚੇ ਮੇਰੇ ਕਹਿਣੇਕਾਰ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਦੇ ਕਿਸੇ ਵੀ ਕਾਰ-ਵਿਹਾਰ ਨਾਲ ਮੇਰਾ ਅਤੇ ਮੇਰੇ ਪਰਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਪਰਮਜੀਤ ਕੌਰ ਪਤਨੀ ਹਰਜਿੰਦਰ ਸਿੰਘ ਵਾਸੀ 276, ਗਲੀ ਨੰ. 6, ਨਿਊ ਕਪੂਰ ਨਗਰ, ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਅਰਸ਼ਦੀਪ ਸਿੰਘ ਮੇਰੇ ਕਹਿਣੇਕਾਰ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਦੇ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਰਾਜਵੀਰ ਕੌਰ ਪਤਨੀ ਸਵਰਗੀ ਕੁਲਦੀਪ ਸਿੰਘ ਵਾਸੀ 1951, ਗਲੀ ਮੰਦਰ ਨਿਊ ਅਬਾਦੀ, ਫੈਜ਼ਪੁਰ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਗੁਰਸੇਵਕ ਸਿੰਘ ਅਤੇ ਉਸ ਦੀ ਪਤਨੀ ਕੁਲਦੀਪ ਉਰਫ ਪ੍ਰੀਆ ਮੇਰੇ ਕਹਿਣੇਕਾਰ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਇਮਰਤੀ ਅਹਿਰਵਾਰ ਪਤਨੀ ਕਿਸ਼ੋਰੀ ਲਾਲ ਅਹਿਰਵਾਰ ਵਾਸੀ ਪਿੰਡ ਖੁਰਲਾ ਕਿੰਗਰਾ, ਡਾਕਖਾਨਾ ਖੁਰਲਾ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਜਤ ਉਮਰ ਕਰੀਬ 21 ਸਾਲ, ਜੋ ਕਿ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਸੰਤੋਸ਼ ਪਤਨੀ ਲੇਟ ਚੈਨ ਲਾਲ ਵਾਸੀ ਨੇੜੇ ਰਾਸ਼ਨ ਡਿਪੂ, ਡਾਕਖਾਨਾ ਸਰਨਾ, ਤਹਿਸੀਲ/ਜ਼ਿਲ੍ਹਾ ਪਠਾਨਕੋਟ (ਪੰਜਾਬ) । ਮੇਰਾ ਲੜਕਾ ਹਰੀਸ਼ ਕੁਮਾਰ ਅਤੇ ਨੂੰਹ ਨੇਹਾ ਰਾਣੀ ਦੋਨੋਂ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਕੇਂਦਰ ਤੇ ਰਾਜ ਸਰਕਾਰ ਵਿਰੁੱਧ ਐੱਨ ਪੀ ਐੱਸ ਕਰਮਚਾਰੀਆਂ ਨੇ ਖੋਲ੍ਹਿਆ ਮੋਰਚਾ

## 1 ਅਗਸਤ ਨੂੰ ਕੱਢਿਆ ਜਾਵੇਗਾ ਜ਼ਿਲ੍ਹਾ ਪੱਧਰੀ ਰੋਸ ਮਾਰਚ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਕਨਵੀਨਰ ਜਸਵੀਰ ਸਿੰਘ ਤਲਵਾੜਾ ਤੇ ਸੀ ਪੀ ਐਫ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਸੁਖਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਕੇਂਦਰ ਦੀ ਮੋਦੀ ਹਕੂਮਤ ਵੱਲੋਂ ਪੁਰਾਣੀ ਪੈਨਸ਼ਨ ਬਹਾਲੀ ਵਿੱਚ ਕੀਤੀ ਜਾ ਬੇਲੋੜੀ ਦੇਰੀ ਦੇ ਰੋਸ ਕਾਰਨ ਦੋਹਾਂ ਜਥੇਬੰਦੀਆਂ ਨੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਖ਼ਿਲਾਫ਼ ਸੰਘਰਸ਼ ਦਾ ਸਾਂਝਾ ਮੋਰਚਾ ਖੋਲ੍ਹ ਦਿੱਤਾ ਹੈ।ਦੋਹਾਂ ਆਗੂਆਂ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਨੈਸ਼ਨਲ ਮੂਵਮੈਂਟ ਫਾਰ ਓਲਡ ਪੈਨਸ਼ਨ ਸਕੀਮ ਵੱਲੋਂ ਦੇਸ਼ ਪੱਧਰ 'ਤੇ ਦਿੱਤੇ ਪ੍ਰੋਗਰਾਮ ਨੂੰ ਦੋਹੇਂ ਜਥੇਬੰਦੀਆਂ ਮਿਲ ਕੇ ਲਾਗੂ ਕਰਨਗੀਆਂ।ਜਿਸ ਦੀ ਲੜੀ ਤਹਿਤ 1 ਅਗਸਤ ਨੂੰ ਦੇਸ਼ ਦੇ ਹਰ ਜ਼ਿਲ੍ਹਾ ਹੈਡਕੁਆਰਟਰ 'ਤੇ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਐਨ ਪੀ ਐਸ ਅਤੇ ਯੂ ਪੀ ਐਸ ਦੀ ਵਿਰੋਧਤਾ ਅਤੇ ਨਿੱਜੀਕਰਨ ਦੇ ਵਿਰੁੱਧ ਇੱਕ ਦਿਨਾ ਰੋਸ ਮਾਰਚ ਕੱਢਿਆ ਜਾਵੇਗਾ, 5 ਸਤੰਬਰ ਨੂੰ ਅਧਿਆਪਕ ਦਿਵਸ ਮੌਕੇ ਦੇਸ਼ ਦੇ ਹਰ ਜ਼ਿਲ੍ਹਾ ਹੈਡਕੁਆਰਟਰ 'ਤੇ ਇੱਕ ਦਿਨਾ ਭੁੱਖ ਹੜਤਾਲ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਰੱਖੀ ਜਾਵੇਗੀ ਅਤੇ 1 ਅਕਤੂਬਰ ਨੂੰ ਸੋਸ਼ਲ ਮੀਡੀਆ ਤੇ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਮੁਹਿੰਮ ਚਲਾਈ ਜਾਵੇਗੀ। 25 ਨਵੰਬਰ ਨੂੰ ਦਿੱਲੀ ਵਿਖੇ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਐਨ ਪੀ ਐਸ ਅਤੇ ਯੂ ਪੀ ਐਸ ਵਿਰੋਧਤਾ ਅਤੇ ਨਿੱਜੀਕਰਨ ਦੇ ਵਿਰੁੱਧ ਕੌਮੀ ਪੱਧਰੀ ਰੈਲੀ ਕੀਤੀ ਜਾਵੇਗੀ ਜਿਸ ਵਿੱਚ ਦੇਸ਼ ਭਰ ਦੇ ਐਨ ਪੀ ਐਸ ਮੁਲਾਜ਼ਮ ਭਾਗ ਲੈਣਗੇ। ਜਨਰਲ ਸਕੱਤਰ ਜਰਨੈਲ ਸਿੰਘ ਤੇ ਰਣਬੀਰ ਢੱਡੇ ਨੇ ਕਿਹਾ ਕਿ ਜਿੱਥੇ ਪੰਜਾਬ ਸਰਕਾਰ ਨੋਟੀਫਿਕੇਸ਼ਨ ਕਰ ਪੁਰਾਣੀ ਪੈਨਸ਼ਨ ਬਹਾਲੀ ਤੋਂ ਭੱਜ ਰਹੀ ਹੈ ਉਥੇ ਹੀ ਕੇਂਦਰ ਸਰਕਾਰ ਤੇ ਛੱਤੀਸਗੜ੍ਹ ਦੀ ਬੀਜੇਪੀ ਸਰਕਾਰ ਨੇ ਰਾਜ ਵਿੱਚ ਮੁੜ ਰਾਜ ਵਿੱਚ ਯੂ ਪੀ ਐਸ ਲਾਗੂ ਕਰ ਐਨ ਪੀ ਐਸ ਕਰਮਚਾਰੀਆਂ ਦੇ ਜ਼ਖ਼ਮਾਂ 'ਤੇ ਲੂਣ ਛਿੜਕ ਰਹੀ ਹੈ। ਸੂਬਾ ਆਗੂ ਜਗਸੀਰ ਸਿੰਘ ਸਹੋਤਾ, ਅਜੀਤਪਾਲ ਸਿੰਘ ਜਸੋਵਾਲ, ਰਣਬੀਰ ਸਿੰਘ ਉੱਪਲ, ਲਖਵਿੰਦਰ ਸਿੰਘ ਭੋਰ, ਜਸਵਿੰਦਰ ਸਿੰਘ ਜੱਸਾ, ਕਰਮਜੀਤ ਸਿੰਘ ਤਾਮਕੋਟ, ਬਿਕਰਮ ਕੱਦੋਂ ਤੇ ਵਰਿੰਦਰ ਵਿੱਕੀ ਨੇ ਕਿਹਾ ਕਿ ਕੇਂਦਰ ਤੇ ਰਾਜ ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਦਾ ਜਵਾਬ ਉਪਰੋਕਤ ਪ੍ਰੋਗਰਾਮਾਂ ਨੂੰ ਸਫ਼ਲ ਕਰ ਪੰਜਾਬ ਵਿੱਚੋਂ ਦਿੱਤਾ ਜਾਵੇਗਾ।

# ਸੀ ਪੀ ਆਈ ਐੱਮ ਨੇ ਲੈਂਡ ਪੂਲਿੰਗ ਨੀਤੀ ਵਿਰੁੱਧ ਸਰਕਾਰ ਨੂੰ ਭੇਜਿਆ ਮੰਗ ਪੱਤਰ

**ਰੂਪਨਗਰ (ਰਜਿੰਦਰ ਸਿੰਘ ਸੈਣੀ)**

ਸੀ ਪੀ ਆਈ ਐਮ ਦੇ ਸੂਬਾ ਕਮੇਟੀ ਦੇ ਫੈਸਲੇ 'ਤੇ ਅਮਲ ਕਰਦਿਆਂ ਸੀ ਪੀ ਆਈ ਐਮ ਜ਼ਿਲ੍ਹਾ ਕਮੇਟੀ ਰੂਪਨਗਰ ਵੱਲੋਂ ਜ਼ਿਲ੍ਹਾ ਕਚਹਿਰੀਆਂ ਅੱਗੇ ਰੋਸ ਪ੍ਰਦਰਸ਼ਨ ਕਰਨ ਮਗਰੋਂ ਇੱਕ ਮੰਗ ਪੱਤਰ ਪੰਜਾਬ ਸਰਕਾਰ ਨੂੰ ਭੇਜਿਆ ਜਿਸ ਨੂੰ ਕਿ ਤਹਿਸੀਲਦਾਰ ਨੇ ਪ੍ਰਾਪਤ ਕਰਕੇ ਭਰੋਸਾ ਦਿੱਤਾ ਕਿ ਇਸ ਨੂੰ ਪੰਜਾਬ ਸਰਕਾਰ ਤੱਕ ਪਹੁੰਚਾ ਦਿੱਤਾ ਜਾਵੇਗਾ। ਮੰਗ ਪੱਤਰ ਵਿੱਚ ਸੀ ਪੀ ਆਈ ਐਮ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਵੱਲੋਂ ਬਣਾਈ ਗਈ ਲੈਂਡ ਪੂਲਿੰਗ ਨੀਤੀ ਜਿਹੜੀ ਕਿ ਗਰੀਬ ਮਜ਼ਦੂਰਾਂ ਅਤੇ ਮਿਹਨਤਕਸ਼ ਲੋਕਾਂ ਦੇ ਹਿੱਤਾਂ ਨੂੰ ਅੱਖੋਂ ਪਰੋਖੇ ਕਰਕੇ ਸਮਾਜ ਦੇ ਰੱਜੇ ਪੁੱਜੇ ਸਰਮਾਏਦਾਰ ਵਰਗ ਨੂੰ ਲਾਭ ਪਹੁੰਚਾਉਣ ਲਈ ਬਣਾਈ ਗਈ ਹੈ, ਇਸ ਨਾਲ ਪਿੰਡਾਂ ਵਿੱਚੋਂ ਸ਼ਹਿਰਾਂ ਵੱਲ ਨੂੰ ਪ੍ਰਵਾਸ ਵਧੇਗਾ।ਇਸ ਨੂੰ ਤੁਰੰਤ ਰੱਦ ਕਰਕੇ ਸਰਕਾਰ ਪਿੰਡਾਂ ਵਿੱਚ ਕਿਸਾਨਾਂ ਮਜ਼ਦੂਰਾਂ ਨੂੰ ਬੁਨਿਆਦੀ ਢਾਂਚਾ ਮਜ਼ਬੂਤ ਕਰਕੇ ਉੱਥੇ ਹੀ ਰੁਜ਼ਗਾਰ, ਵਪਾਰ ਅਤੇ ਘਰੇਲੂ ਉਦਯੋਗਾਂ ਨੂੰ ਉਤਸ਼ਾਹ ਦੇਵੇ। ਕਿਉਂਕਿ ਖੇਤੀ ਅਤੇ ਖੇਤ ਪੰਜਾਬ ਦੇ ਅਰਥਚਾਰੇ ਦੀ ਰੀੜ੍ਹ ਦੀ ਹੱਡੀ ਹਨ ਅਤੇ ਪਿੰਡਾਂ ਵਿੱਚ ਬੁਨਿਆਦੀ ਢਾਂਚਾ ਵਧੀਆ ਬਣਾ ਕੇ ਪਿੰਡਾਂ ਵਿੱਚ ਹੀ ਰੁਜ਼ਗਾਰ ਦੇ ਚੰਗੇ ਮੌਕੇ ਪੈਦਾ ਕਰਕੇ ਪਿੰਡਾਂ ਵਿੱਚੋਂ ਸ਼ਹਿਰਾਂ ਅਤੇ ਵਿਦੇਸ਼ਾਂ ਲਈ ਪ੍ਰਵਾਸ ਰੋਕਿਆ ਜਾ ਸਕਦਾ ਹੈ।ਇਸ ਲਈ ਸਰਕਾਰ ਕਿਸਾਨਾਂ ਦੀਆਂ ਜ਼ਮੀਨਾਂ ਖੋਹ ਕੇ ਪਿੰਡਾਂ ਨੂੰ ਸ਼ਹਿਰਾਂ ਵਿੱਚ ਮਿਲਾਉਣ ਦੀ ਨੀਤੀ ਤਿਆਗੇ ਨਹੀਂ ਤਾਂ ਇਸ ਦੇ ਗੰਭੀਰ ਸਿਆਸੀ, ਆਰਥਿਕ ਅਤੇ ਸਮਾਜਿਕ ਸਿੱਟੇ ਨਿਕਲਣਗੇ।ਇਸੇ ਤਰ੍ਹਾਂ ਸਰਕਾਰ ਸਮਾਰਟ ਮੀਟਰ ਲਾਉਣ ਦੀ ਨੀਤੀ ਨੂੰ ਤੁਰੰਤ ਤਿਆਗੇ ਜਿਹੜੀ ਕਿ ਵੱਡੀਆਂ ਕੰਪਨੀਆਂ ਨੂੰ ਫਾਇਦੇ ਪਹੁੰਚਾਉਣ ਅਤੇ ਗਰੀਬਾਂ ਦਾ ਨੁਕਸਾਨ ਕਰਨ ਵਾਲੀ ਹੈ।ਸਰਕਾਰ ਅਜਾਰੇਦਾਰਾਂ ਅਤੇ ਸਰਮਾਏਦਾਰਾਂ ਦੀ ਏਜੰਟ ਬਣ ਕੇ ਕੰਮ ਕਰਨ ਦੀ ਬਜਾਏ ਗਰੀਬ ਲੋਕਾਂ ਲਈ ਕਲਿਆਣਕਾਰੀ ਯੋਜਨਾਵਾਂ ਬਣਾ ਕੇ ਉਹਨਾਂ ਨੂੰ ਰਾਹਤ ਦੇਵੇ। ਬੁਲਾਰਿਆਂ ਨੇ ਕਿਹਾ ਕਿ ਇਹਨਾਂ ਕਾਨੂੰਨਾਂ ਨੂੰ ਪੰਜਾਬ ਵਿੱਚ ਕਿਸੇ ਕੀਮਤ 'ਤੇ ਵੀ ਲਾਗੂ ਨਹੀਂ ਹੋਣ ਦਿੱਤਾ ਜਾਵੇਗਾ।ਬੁਲਾਰਿਆਂ ਵਿੱਚ ਕਾਮਰੇਡ ਦਲੀਪ ਸਿੰਘ ਘਨੌਲਾ, ਕਾਮਰੇਡ ਸੁਖਵਿੰਦਰ ਸਿੰਘ ਦੁੱਮਣਾ, ਕਾਮਰੇਡ ਰਜਿੰਦਰ ਸਿੰਘ ਅਲੀਪੁਰ, ਕਾਮਰੇਡ ਨਰਿੰਦਰ ਸਿੰਘ ਮਾਵੀ, ਕਾਮਰੇਡ ਗੁਰਦੇਵ ਸਿੰਘ ਬਾਗੀ,ਕਾਮਰੇਡ ਰਜਿੰਦਰ ਸਿੰਘ ਐਡਵੋਕੇਟ, ਕਾਮਰੇਡ ਸੁਰਜੀਤ ਸਿੰਘ ਢੇਰ, ਜ਼ਿਲ੍ਹਾ ਸਕੱਤਰ ਕਾਮਰੇਡ ਬਜਿੰਦਰ ਪੰਡਿਤ ਆਦਿ ਤੋਂ ਇਲਾਵਾ ਕਾਮਰੇਡ ਸਤਨਾਮ ਸਿੰਘ ਸ਼ੇਰਾ ਨੰਗਲ, ਜਗੀਰ ਸਿੰਘ ਰੌਲੀ, ਪ੍ਰੇਮ ਚੰਦ ਜੱਟਪੁਰ, ਭੈਣ ਪ੍ਰੋਮਿਲਾ ਸ਼ਰਮਾ, ਨੇਹਾ ਚੱਕ ਕਰਮਾਂ, ਸਪਿੰਦਰ ਸਿੰਘ ਘਨੌਲੀ, ਮਨਿੰਦਰ ਸਿੰਘ ਮੌਂਟੀ, ਗੁਰਨਾਮ ਸਿੰਘ, ਅਮਰ ਸਿੰਘ, ਦੇਵ ਰਾਜ ਬੜਾ ਪਿੰਡ ਆਦਿ ਸ਼ਾਮਿਲ ਸਨ। ਸਟੇਜ ਦੀ ਕਾਰਵਾਈ ਕਾਮਰੇਡ ਪਵਨ ਕੁਮਾਰ ਸਰਪੰਚ ਚੱਕ ਕਰਮਾਂ ਨੇ ਚਲਾਈ।



# 28 ਨੂੰ ਗਮਾਡਾ ਦਫ਼ਤਰ ਅੱਗੇ ਧਰਨੇ ਦੌਰਾਨ ਸੁਖਬੀਰ ਸਿੰਘ ਬਾਦਲ ਕਰਨਗੇ ਕਿਸਾਨਾਂ ਨੂੰ ਸੰਬੋਧਨ

**ਮੋਹਾਲੀ, (ਗੁਰਜੀਤ ਬਿੱਲਾ)**

ਸ਼੍ਰੋਮਣੀ ਅਕਾਲੀ ਦਲ ਵੱਲੋਂ 28 ਜੁਲਾਈ ਨੂੰ ਗਮਾਡਾ ਦਫ਼ਤਰ, ਮੋਹਾਲੀ ਦੇ ਸਾਹਮਣੇ ਪੰਜਾਬ ਸਰਕਾਰ ਵਿਰੁੱਧ ਵੱਡਾ ਰੋਸ ਧਰਨਾ ਦਿੱਤਾ ਜਾਵੇਗਾ, ਜਿਸ ਦੌਰਾਨ ਅਕਾਲੀ ਦਲ ਦੇ ਪ੍ਰਧਾਨ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਕਿਸਾਨਾਂ ਨੂੰ ਸੰਬੋਧਨ ਕਰਨਗੇ ਅਤੇ ਸਰਕਾਰ ਦੀ ਲੈਂਡ ਪੂਲਿੰਗ ਸਕੀਮ-2025 ਦੀਆਂ ਕਾਲੀਆਂ ਨੀਤੀਆਂ ਦਾ ਪਰਦਾਫਾਸ਼ ਕਰਨਗੇ। ਇਹ ਜਾਣਕਾਰੀ ਜ਼ਿਲ੍ਹਾ ਜਥੇਦਾਰ ਪਰਵਿੰਦਰ ਸਿੰਘ ਸੋਹਾਣਾ ਨੇ ਮੀਡੀਆ ਨੂੰ ਜਾਰੀ ਇੱਕ ਪ੍ਰੈਸ ਬਿਆਨ ਰਾਹੀਂ ਦਿੱਤੀ। ਉਨ੍ਹਾਂ ਕਿਹਾ ਕਿ ਅਕਾਲੀ ਦਲ ਨੇ ਲੈਂਡ ਪੂਲਿੰਗ ਸਕੀਮ ਨੂੰ ਕਿਸਾਨਾਂ ਵਿਰੋਧੀ ਅਤੇ ਇੱਕ ਸਾਜ਼ਿਸ਼ ਭਰੀ ਯੋਜਨਾ ਕਰਾਰ ਦਿੰਦਿਆਂ ਇਸ ਦੇ ਵਿਰੋਧ ਵਿੱਚ ਸੂਬਾ ਪੱਧਰੀ ਲੜੀਵਾਰ ਸੰਘਰਸ਼ ਸ਼ੁਰੂ ਕਰ ਦਿੱਤਾ ਹੈ। ਜਥੇਦਾਰ ਸੋਹਾਣਾ ਨੇ ਦਾਅਵਾ ਕੀਤਾ ਕਿ ਇਹ ਸਕੀਮ ਪੰਜਾਬੀ ਕਿਸਾਨਾਂ ਦੀ ਜ਼ਮੀਨ ਖੋਹ ਕੇ ਦਿੱਲੀ ਦਰਬਾਰੀਆਂ ਦੇ ਹਵਾਲੇ ਕਰਨ ਦੀ ਇੱਕ ਭੈੜੀ ਸਾਜ਼ਿਸ਼ ਹੈ, ਜਿਸਨੂੰ ਕਿਸੇ ਵੀ ਕੀਮਤ 'ਤੇ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਕਿਸਾਨਾਂ ਦੀ ਇੱਕ ਇੰਚ ਜ਼ਮੀਨ ਵੀ ਜਬਰੀ ਨਹੀਂ ਲੈਣ ਦੇਵੇਗਾ। ਉਨ੍ਹਾਂ ਕਿਹਾ ਕਿ ਇਹ ਧਰਨਾ ਸਿਰਫ਼ ਰੋਸ ਦਾ ਪ੍ਰਗਟਾਵਾ ਨਹੀਂ ਹੋਵੇਗਾ, ਸਗੋਂ ਇਹ ਸਰਕਾਰ ਨੂੰ ਖੁੱਲ੍ਹੀ ਚੇਤਾਵਨੀ ਹੋਵੇਗੀ ਕਿ ਜੇ ਲੈਂਡ ਪੂਲਿੰਗ ਵਰਗੀ ਕਿਸਾਨ ਵਿਰੋਧੀ ਸਕੀਮਾਂ ਲਾਗੂ ਕਰਨ ਦੀ ਕੋਸ਼ਿਸ਼ ਜਾਰੀ ਰਹੀ ਤਾਂ ਰਾਜ ਪੱਧਰ 'ਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵੱਡੇ ਸੰਘਰਸ਼ ਹੋਣਗੇ। ਇਸ ਸੰਘਰਸ਼ ਨੂੰ ਸਫਲ ਬਣਾਉਣ ਲਈ ਪਾਰਟੀ ਵੱਲੋਂ ਜ਼ਿਲ੍ਹਾ ਮੋਹਾਲੀ ਦੇ ਪਿੰਡਾਂ ਵਿੱਚ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸ ਦੌਰਾਨ ਕਿਸਾਨਾਂ ਨੂੰ ਲੈਂਡ ਪੂਲਿੰਗ ਨਾਲ ਉਨ੍ਹਾਂ ਦੇ ਭਵਿੱਖ 'ਤੇ ਪੈਣ ਵਾਲੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੌਕੇ ਉਨ੍ਹਾਂ ਨਾਲ ਅਕਾਲੀ ਦਲ ਦੇ ਹੋਰ ਆਗੂ ਵੀ ਮੌਜੂਦ ਸਨ, ਜਿਨ੍ਹਾਂ ਵਿੱਚ ਪਾਰਟੀ ਬੁਲਾਰੇ ਸ਼ਮਸ਼ੇਰ ਸਿੰਘ ਪੁਰਖਾਲਵੀ, ਲੰਬੜਦਾਰ ਹਰਵਿੰਦਰ ਸਿੰਘ ਸੋਹਾਣਾ, ਸਰਕਲ ਪ੍ਰਧਾਨ ਅਤੇ ਸਾਬਕਾ ਸਰਪੰਚ ਬਲਵਿੰਦਰ ਸਿੰਘ ਲਖਨੌਰ, ਸਾਬਕਾ ਸਰਪੰਚ ਗੁਰਪ੍ਰੀਤ ਸਿੰਘ ਤੰਗੌਰੀ, ਬਲਜੀਤ ਸਿੰਘ ਦੈੜੀ ਅਤੇ ਨਿਰਮਲ ਸਿੰਘ ਮਾਣਕਮਾਜਰਾ ਸ਼ਾਮਿਲ ਸਨ।

# ਸਿਹਤ ਵਿਭਾਗ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ : ਸਿਵਲ ਸਰਜਨ



**ਬਲਾਚੌਰ (ਜਸਵਿੰਦਰ ਬੈਂਸ)**

ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੀ ਯੋਗ ਰਹਿਨੁਮਾਈ ਹੇਠ ਜ਼ਿਲ੍ਹਾ ਸਿਹਤ ਵਿਭਾਗ, ਸ਼ਹੀਦ ਭਗਤ ਸਿੰਘ ਨਗਰ ਆਮ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਯਤਨਸ਼ੀਲ ਹੈ।ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਇਸੇ ਉਦੇਸ਼ ਨਾਲ ਬੁੱਧਵਾਰ ਨੂੰ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਦਾ ਦੌਰਾ ਕਰਕੇ ਆਮ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸੇਵਾਵਾਂ ਦਾ ਨਿਰੀਖਣ ਕੀਤਾ। ਇਸ ਮੌਕੇ ਉਨ੍ਹਾਂ ਐਮਰਜੈਂਸੀ ਵਾਰਡ, ਓਟ ਸੈਂਟਰ, ਓ.ਪੀ.ਡੀ. ਤੇ ਆਈ.ਪੀ.ਡੀ. ਸਮੇਤ ਸਮੁੱਚੀਆਂ ਸਿਹਤ ਸਹੂਲਤਾਂ ਦਾ ਜਾਇਜ਼ਾ ਲਿਆ। ਉਨ੍ਹਾਂ ਹਸਪਤਾਲ ਵਿੱਚ ਸਾਫ-ਸਫਾਈ ਦੇ ਪ੍ਰਬੰਧਾਂ, ਮੈਡੀਕਲ ਰਿਕਾਰਡ ਤੇ ਸਟਾਕ ਰਜਿਸਟਰਾਂ ਨੂੰ ਵੀ ਦੇਖਿਆ। ਇਸ ਮੌਕੇ ਉਨ੍ਹਾਂ ਹਸਪਤਾਲ ਵਿਚ ਦਾਖਲ ਮਰੀਜ਼ਾਂ ਦਾ ਹਾਲਚਾਲ ਪੁੱਛਿਆ ਅਤੇ ਉਨ੍ਹਾਂ ਨੂੰ ਮਿਲ ਰਹੀਆਂ ਸਰਕਾਰੀ ਸਿਹਤ ਸਹੂਲਤਾਂ ਬਾਰੇ ਜਾਣਕਾਰੀ ਲਈ। ਇਸ ਮੌਕੇ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਹਸਪਤਾਲ ਦੇ ਅਧਿਕਾਰੀਆਂ ਨਾਲ ਸਿਹਤ ਸਹੂਲਤਾਂ ਨੂੰ ਹੋਰ ਮਜ਼ਬੂਤ ਬਣਾਉਣ ਲਈ ਵਿਚਾਰ-ਵਟਾਂਦਰਾ ਕਰਦੇ ਹੋਏ ਜ਼ਰੂਰੀ ਸੁਝਾਅ ਦਿੱਤੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਸਿਹਤ ਸਹੂਲਤਾਂ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਸਮੇਂ-ਸਮੇਂ 'ਤੇ ਸਪੋਰਟਿਵ ਸੁਪਰਵਿਜ਼ਨ ਕੀਤੀ ਜਾਂਦੀ ਹੈ। ਡਾ. ਸਿੰਘ ਨੇ ਆਮ ਲੋਕਾਂ ਨੂੰ ਮੁਫ਼ਤ ਸਿਹਤ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਸਿਹਤ ਵਿਭਾਗ ਲੋਕਾਂ ਨੂੰ ਬਿਹਤਰ ਸਰਕਾਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਡਾ ਹਰਪ੍ਰੀਤ ਸਿੰਘ, ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ, ਬਲਾਕ ਐਕਸਟੈਂਸ਼ਨ ਐਜੂਕੇਟਰ ਨਿਰਮਲ ਸਿੰਘ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ।

# ਜ਼ਿਲ੍ਹੇ 'ਚ 27 ਨੂੰ ਪੈਣਗੀਆਂ ਵੋਟਾਂ : ਅਵਨੀਤ ਕੌਰ

**ਬੰਗਾ (ਅਵਤਾਰ ਕਲੇਰ)**- ਜਿਲ੍ਹੇ ਵਿੱਚ ਇੱਕ ਸਰਪੰਚ ਅਤੇ 39 ਪੰਚਾਂ ਦੀਆਂ ਖਾਲੀ ਅਸਾਮੀਆਂ ਲਈ ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਨਿਰਦੇਸ਼ਾਂ ਅਨੁਸਾਰ 27 ਜੁਲਾਈ ਨੂੰ ਵੋਟਾਂ ਪੈਣੀਆਂ ਨਿਰਧਾਰਤ ਕੀਤੀਆਂ ਗਈਆਂ ਹਨ।ਜਿਲ੍ਹਾ ਪ੍ਰਸ਼ਾਸਨ ਵੱਲੋਂ ਤਿਆਰੀਆਂ ਅਤੇ ਪ੍ਰਬੰਧਾਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ।ਵਧੀਕ ਡਿਪਟੀ ਕਮਿਸ਼ਨਰ (ਵਿਕਾਸ)-ਕਮ-ਵਧੀਕ ਜਿਲ੍ਹਾ ਚੋਣ ਅਫਸਰ ਅਵਨੀਤ ਕੌਰ ਨੇ ਇਸ ਸੰਬੰਧੀ ਜਾਣਕਾਰੀ ਦਿੰਦੀਆਂ ਦੱਸਿਆ ਕਿ ਇੱਕ ਸਰਪੰਚ ਦੀ ਅਸਾਮੀ ਅਤੇ 32 ਪੰਚਾਂ ਦੀਆਂ ਅਸਾਮੀਆਂ ਲਈ ਪਿੰਡ ਵਾਸੀਆਂ ਵੱਲੋਂ ਸਰਬਸੰਮਤੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਭਾਨੇਵਾਲ ਵਿਖੇ ਪੰਚ ਦੀ ਅਸਾਮੀ ਲਈ ਕੋਈ ਨਾਮਜਦਗੀ ਪੱਤਰ ਪ੍ਰਾਪਤ ਨਹੀਂ ਹੋਇਆ ਜਿਸ ਦੇ ਸਿੱਟੇ ਵਜੋਂ ਹੁਣ 33 ਥਾਵਾਂ 'ਤੇ ਸਰਬਸੰਮਤੀ ਉਪਰੰਤ 6 ਥਾਵਾਂ 'ਤੇ ਵੋਟਾਂ ਪੈਣਗੀਆਂ।ਉਨ੍ਹਾਂ ਦੱਸਿਆ ਕਿ ਜਿਨ੍ਹਾ ਪਿੰਡਾਂ ਵਿੱਚ ਵੋਟਾਂ ਪੈਣੀਆਂ ਹਨ ਉਨ੍ਹਾਂ ਵਿੱਚ ਨਵਾਂਸ਼ਹਿਰ ਬਲਾਕ ਦੇ ਪਿੰਡ ਕਰਿਆਮ ਅਤੇ ਦੁਰਗਾਪੁਰ, ਬਲਾਚੌਰ ਬਲਾਕ ਦੇ ਪਿੰਡ ਡੁੱਗਰੀ ਬੇਟ ਅਤੇ ਨਿਊ ਮਝੋਟ, ਬੰਗਾ ਬਲਾਕ ਦੇ ਪਿੰਡ ਲਧਾਣਾ ਝਿੱਕਾ ਅਤੇ ਘੁੰਮਣ ਸ਼ਾਮਲ ਹਨ।ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿਲ੍ਹਾ ਪ੍ਰਸ਼ਾਸਨ ਵੱਲੋਂ ਇਨ੍ਹਾਂ ਵੋਟਾਂ ਲਈ ਢੁਕਵੇਂ ਪ੍ਰਬੰਧ ਅਮਲ ਵਿੱਚ ਲਿਆਂਦੇ ਜਾ ਰਹੇ ਹਨ ਤਾਂ ਜੋ ਨਿਰਪੱਖ ਅਤੇ ਸ਼ਾਂਤਮਈ ਢੰਗ ਨਾਲ ਵੋਟਾਂ ਦੀ ਪ੍ਰਕਿਰਿਆ ਨੂੰ ਅਮਲ ਵਿੱਚ ਲਿਆਂਦਾ ਜਾ ਸਕੇ।



# ਵਿਦਿਆਰਥਣ ਕੀਰਤ ਸਪੁਰਦੇ ਖ਼ਾਕ

**ਆਦਮਪੁਰ (ਪਰਮਜੀਤ ਸਿੰਘ)**

ਬੀਤੇ ਦਿਨ ਆਦਮਪੁਰ ਦੇ ਨਿੱਜੀ ਸਕੂਲ ਵਿਖੇ ਕੀਰਤ ਦੀ ਬੱਸ ਹਾਦਸੇ ਵਿੱਚ ਹੋਈ ਮੌਤ ਤੋਂ ਬਾਅਦ ਪੋਸਟਮਾਰਟਮ ਉਪਰੰਤ ਉਸਨੂੰ ਸਪੁਰਦੇ ਖ਼ਾਕ ਕਰ ਦਿੱਤਾ ਗਿਆ।ਕੀਰਤ ਦਾ ਮ੍ਰਿਤਕ ਸਰੀਰ ਘਰ ਪਹੁੰਚਦਿਆਂ ਹੀ ਹਰ ਅੱਖ ਨਮ ਹੋ ਗਈ। ਪਰਵਾਰ ਦਾ ਬੁਰਾ ਹਾਲ ਸੀ ਤੇ ਮਾ ਦਾ ਰੋ ਰੋ ਕੇ ਬੁਰਾ ਹਾਲ ਸੀ।ਇਸ ਮੌਕੇ ਪ੍ਰਸ਼ਾਸਨ ਵੱਲੋਂ ਤਹਿਸੀਲਦਾਰ ਹਰਨੀਂਦਰਜੀਤ ਸਿੰਘ ਵੀ ਮੌਕੇ 'ਤੇ ਪਹੁੰਚੇ ਅਤੇ ਕੀਰਤ ਨੂੰ ਅੰਤਮ ਵਿਦਾਈ ਦਿੱਤੀ ਅਤੇ ਕਿਹਾ ਕਿ ਪ੍ਰਸ਼ਾਸਨ ਨੂੰ ਸਕੂਲ ਖਿਲਾਫ ਸਖ਼ਤ ਤੋਂ ਸਖ਼ਤ ਕਾਰਵਾਈ ਕਰੇ ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਸਕੂਲਾਂ ਦੀਆਂ ਬੱਸਾਂ ਦੀ ਚੈਕਿੰਗ ਕੱਲ੍ਹ ਤੋਂ ਹੀ ਸ਼ੁਰੂ ਕਰ ਦਿੱਤੀ ਗਈ ਹੈ।ਇਸ ਮੌਕੇ ਪਰਵਾਰ ਨਾਲ ਦੁੱਖ ਸਾਂਝਾ ਕਰਨ ਪਹੁੰਚੇ ਆਮ ਆਦਮੀ ਪਾਰਟੀ ਦੇ ਆਗੂਆਂ ਦਲਜੀਤ ਸਿੰਘ ਮਿਨਹਾਸ, ਇੰਦਰਜੀਤ ਸਿੰਘ, ਹਰਵਿੰਦਰ ਸਿੰਘ ਬਿੰਦਾ ਸਾਬਕਾ ਸਰਪੰਚ, ਚਰਨਜੀਤ ਸਿੰਘ ਸ਼ੇਰੀ, ਮੈਂਬਰ ਬਲਾਕ ਸੰਮਤੀ ਪਰਮਜੀਤ ਸਿੰਘ ਸੋਢੀ, ਰਿੰਕੂ ਸਾਬਕਾ ਸਰਪੰਚ ਉਦੇਸਿਆਂ, ਹਨੀ ਭੱਟੀ, ਬਲਜੀਤ ਸਿੰਘ ਪਧਿਆਣਾ, ਲੰਬੜਦਾਰ ਰਾਕੇਸ਼ ਕਪੂਰ, ਗੁਰਨਾਮ ਸਿੰਘ ਡੇਰਾ ਉਦੇਸੀਆਂ, ਅਸ਼ੋਕ ਕੁਮਾਰ, ਦਯਾ ਚੰਦ ਉਦੇਸੀਆਂ, ਆਦਮਪੁਰ ਪ੍ਰਸ਼ਾਸਨ ਖਾਸਤੌਰ ਤੇ ਥਾਣਾ ਮੁਖੀ ਅਵੇਸਲਾ ਰੁੱਖ ਹੀ ਬਣਾਈ ਰੱਖਿਆ ਪਰਚਾ ਦਰਜ ਕਰਵਾਉਣ ਲਈ ਘੰਟਿਆਂ ਬੱਧੀ ਲਾਇਆ ਸਮਾਂ ਕੀਰਤ ਦੇ ਅੰਤਮ ਸੰਸਕਾਰ ਮੌਕੇ ਲੋਕਾਂ ਵੱਲੋਂ ਪ੍ਰਸ਼ਾਸਨ ਖਾਸ ਤੌਰ 'ਤੇ ਥਾਣਾ ਮੁਖੀ ਆਦਮਪੁਰ ਨੇ ਘਟਨਾ ਨੂੰ ਗੰਭੀਰਤਾ ਨਾਲ ਨਹੀਂ ਲਿਆ ਗਿਆ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਲੜਕੀ ਦੀ ਅਣਗਹਿਲੀ ਨਾਲ ਹੋਈ ਮੌਤ ਦੇ ਬਾਅਦ ਵੀ ਅਵੇਸਲਾ ਰੁੱਖ ਅਖਤਿਆਰ ਕਰਨ ਵਾਲੇ ਅਫ਼ਸਰਾਂ ਨੂੰ ਅਜਿਹੀਆਂ ਸਥਾਨਾਂ 'ਤੇ ਨਾ ਲਗਾਇਆ ਜਾਵੇ ਜੋ ਡਿਊਟੀ 'ਤੇ ਸੁੱਤੇ ਰਹਿਣ।ਸਕੂਲ ਵੱਲੋਂ ਸੰਸਕਾਰ 'ਤੇ ਕਿਸੇ ਦੇ ਨਾ ਪਹੁੰਚਣ 'ਤੇ ਵੀ ਰੋਸ ਜਤਾਇਆ।





# ਨਸਰਾਲਾ 'ਚ 31ਵਾਂ ਮਾਂ ਭਗਵਤੀ ਜਾਗਰਣ 26 ਨੂੰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਮਹੇਸ਼ਵਰ ਕੁਮਾਰ ਛਾਬੜਾ, ਪੰਜਾਬੀ ਜਾਗਰਣ, ਨਸਰਾਲਾ ਵਿਖੇ ਮਈਆ ਜੀ ਅਸੀਂ ਨੌਕਰ ਤੇਰੇ ਸੇਵਾ ਦਲ ਅਤੇ ਸ਼ਿਵ ਮੰਦਰ ਪ੍ਰਬੰਧਕ ਕਮੇਟੀ ਰਜਿਸਟਰ ਤੇ ਸਮੂਹ ਨਗਰ ਨਿਵਾਸੀਆਂ ਵੱਲੋਂ 31 ਵਾਂ ਸਲਾਨਾ ਵਿਸ਼ਾਲ ਮਾਂ ਭਗਵਤੀ ਜਾਗਰਣ 26 ਜੁਲਾਈ ਨੂੰ ਕਰਵਾਇਆ ਜਾ ਰਿਹਾ ਹੈ। ਕਮੇਟੀ ਮੈਂਬਰਾਂ ਨੇ ਦੱਸਿਆ ਕਿ 25 ਜੁਲਾਈ ਨੂੰ ਮਾਤਾ ਜਵਾਲਾ ਜੀ ਤੋਂ ਲਿਆਂਦੀ ਗਈ ਜੋਤ ਦੀ ਪਰਕਰਮਾਂ ਪਿੰਡ ਵਿੱਚ ਕੀਤੀ ਜਾਵੇਗੀ। ਇਸ ਜਾਗਰਣ ਵਿੱਚ ਪੰਜਾਬ ਦੇ ਮਸ਼ਹੂਰ ਗਾਇਕ ਮੁਕੇਸ਼ ਇਨਾਇਤ ਜਲੰਧਰ ਵਾਲੇ, ਐਸ ਜੀ ਸਾਹਿਲ ਹੁਸ਼ਿਆਰਪੁਰ ਵਾਲੇ, ਮਹੰਤ ਦੀਪਕ ਸ਼ਰਮਾ ਹਰਿਆਣਾ ਵਾਲੇ ਮਾਂ ਦੀਆਂ ਭੇਟਾਂ ਦਾ ਗੁਣਗਾਨ ਕਰਨਗੇ। ਲੰਗਰ ਅਤੁੱਟ ਵਰਤਾਇਆ ਜਾਇਗਾ। ਇਸ ਮੌਕੇ ਜੋਗਿੰਦਰ ਪਾਲ ਪੱਪੀ, ਸੰਜੀਵ ਕੁਮਾਰ, ਰਾਜ ਕੋਸ਼ਲ, ਹਰਜਿੰਦਰ ਸਿੰਘ, ਵਿਕਾਸ ਸ਼ਰਮਾ, ਦਿਆ ਸ਼ੰਕਰ, ਅਜੇ ਪਾਲ, ਸਰਬਜੀਤ ਸਿੰਘ, ਦੀਪਕ ਸ਼ਰਮਾ, ਗੁਰਸ਼ਰਨਜੀਤ ਸਿੰਘ, ਮਹੇਸ਼ਵਰ ਕੁਮਾਰ, ਰਾਜੀਵ ਕੁਮਾਰ, ਰਜੇਸ਼ ਕੁਮਾਰ, ਨਵੀਨ ਕੁਮਾਰ, ਅੰਮਿਤ, ਰਾਹੁਲ, ਮੁਨੀਸ਼ ਕੁਮਾਰ, ਵਿਪਨ ਕੁਮਾਰ, ਹਨੀ, ਸੋਨੂੰ, ਸੰਜੂ, ਨੀਰਜ ਕੁਮਾਰ, ਸੁਨੀਲ ਕੁਮਾਰ, ਪਰਮਜੀਤ ਸਿੰਘ ਤੋਂ ਇਲਾਵਾ ਹੋਰ ਵੀ ਕਮੇਟੀ ਮੈਂਬਰ ਹਾਜ਼ਰ ਸਨ।

# ਡਾ. ਅੰਬੇਡਕਰ ਸਕਾਲਰਸ਼ਿਪ ਪੋਰਟਲ 2025-26 ਲਈ ਜਲਦੀ ਹੀ ਦੁਬਾਰਾ ਖੋਲ੍ਹਿਆ ਜਾਵੇਗਾ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਸਮਾਜ ਦੇ ਸਾਰੇ ਵਰਗਾਂ ਦੀ ਤਰੱਕੀ ਲਈ ਸਰਗਰਮੀ ਨਾਲ ਕੰਮ ਕਰ ਰਹੀ ਹੈ। ਖਾਸ ਕਰਕੇ, ਸਰਕਾਰ ਅਨੁਸੂਚਿਤ ਜਾਤੀ (ਐਸ.ਸੀ.) ਦੇ ਵਿਦਿਆਰਥੀਆਂ ਨੂੰ ਵਿੱਦਿਅਕ ਸਸ਼ਕਤੀਕਰਨ ਰਾਹੀਂ ਮੁੱਖ ਧਾਰਾ ਵਿੱਚ ਲਿਆਉਣ ਲਈ ਯਤਨ ਕਰ ਰਹੀ ਹੈ। ਇਹ ਗੱਲ ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਹੀ।ਡਾ. ਬਲਜੀਤ ਕੌਰ ਨੇ ਐਲਾਨ ਕੀਤਾ ਕਿ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨ ਦੀ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਡਾ. ਅੰਬੇਡਕਰ ਪੋਸਟ-ਮੈਟ੍ਰਿਕ ਸਕਾਲਰਸ਼ਿਪ ਪੋਰਟਲ ਨੂੰ ਅਕਾਦਮਿਕ ਸਾਲ 2025-26 ਲਈ ਖੋਲ੍ਹਿਆ ਜਾ ਰਿਹਾ ਹੈ। ਯੋਗ ਵਿਦਿਆਰਥੀ ਜਲਦੀ ਹੀ ਪੋਰਟਲ ਰਾਹੀਂ ਆਪਣੀਆਂ ਅਰਜ਼ੀਆਂ ਆਨਲਾਈਨ ਜਮ੍ਹਾਂ ਕਰਵਾ ਸਕਣਗੇ।ਮੰਤਰੀ ਨੇ ਦੱਸਿਆ ਕਿ ਸਰਕਾਰ ਨੇ 2025-26 ਵਿੱਚ ਇਸ ਯੋਜਨਾ ਅਧੀਨ 2.70 ਲੱਖ ਵਿਦਿਆਰਥੀਆਂ ਨੂੰ ਲਾਭ ਪਹੁੰਚਾਉਣ ਦਾ ਟੀਚਾ ਰੱਖਿਆ ਹੈ। ਇਸ ਯੋਜਨਾ ਤਹਿਤ ਨਵੇਂ ਵਿਦਿਆਰਥੀਆਂ ਨੂੰ ਫ੍ਰੀ-ਸ਼ਿਪ ਕਾਰਡ ਜਾਰੀ ਕੀਤੇ ਜਾਂਦੇ ਹਨ, ਜਿਸ ਨਾਲ ਉਹ ਨਿਰਧਾਰਤ ਨਿਯਮਾਂ ਅਨੁਸਾਰ ਟਿਊਸ਼ਨ ਫੀਸਾਂ ਤੋਂ ਛੋਟ ਦੇ ਨਾਲ ਸੰਸਥਾਵਾਂ ਵਿੱਚ ਦਾਖਲਾ ਪ੍ਰਾਪਤ ਕਰ ਸਕਦੇ ਹਨ।ਉਨ੍ਹਾਂ ਅੱਗੇ ਦੱਸਿਆ ਕਿ 2024-25 ਦੌਰਾਨ, 2.60 ਲੱਖ ਵਿਦਿਆਰਥੀਆਂ ਦਾ ਟੀਚਾ ਰੱਖਿਆ ਗਿਆ ਸੀ, ਅਤੇ ਪੋਰਟਲ ਰਾਹੀਂ ਕੁੱਲ 2,60,015 ਅਰਜ਼ੀਆਂ ਪ੍ਰਾਪਤ ਹੋਈਆਂ ਸਨ। ਇਨ੍ਹਾਂ ਵਿੱਚੋਂ 2,37,456 ਕੇਸ ਯੋਗ ਪਾਏ ਗਏ ਸਨ, ਅਤੇ ਪੰਜਾਬ ਸਰਕਾਰ ਨੇ ਸਕਾਲਰਸ਼ਿਪ ਵੰਡ ਲਈ ਆਪਣੇ ਹਿੱਸੇ ਵਜੋਂ 267.54 ਕਰੋੜ ਰੁਪਏ ਜਾਰੀ ਕੀਤੇ ਗਏ ਸਨ।ਡਾ. ਬਲਜੀਤ ਕੌਰ ਨੇ ਦੁਹਰਾਇਆ ਕਿਸਾਰੇ ਜ਼ਿਲ੍ਹਾ ਅਧਿਕਾਰੀਆਂ, ਵਿਦਿਅਕ ਸੰਸਥਾਵਾਂ ਅਤੇ ਲਾਗੂ ਕਰਤਾ ਵਿਭਾਗਾਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਇਹ ਯੋਜਨਾ ਵੱਧ ਤੋਂ ਵੱਧ ਵਿਦਿਆਰਥੀਆਂ ਤੱਕ ਪਹੁੰਚੇ ਤਾਂ ਜੋ ਕੋਈ ਵੀ ਯੋਗ ਵਿਦਿਆਰਥੀ ਸਕਾਲਰਸ਼ਿਪ ਲਾਭਾਂ ਤੋਂ ਵਾਂਝਾ ਨਾ ਰਹੇ।

# ਲਾਇਨਜ਼ ਕਲੱਬ ਸਿਮਰਨ ਦੀ ਮੀਟਿੰਗ ਹੋਈ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਲਾਇਨਜ ਕਲੱਬ ਸਿਮਰਨ ਦੀ ਮਹੀਨੇਵਾਰ ਦੀ ਪਹਿਲੀ ਕਲੱਬ ਮੀਟਿੰਗ ਜੇ ਜੇ ਹੰਗਰ ਪਲਾਜ਼ਾ ਬੰਗਾ ਵਿਖੇ ਡਿਸਟ੍ਰਿਕ ਗਵਰਨਰ ਲਾਇਨ ਵੀ ਐਮ ਗੋਇਲ ਦੀ ਹਿਦਾਇਤਾਂ ਅਨੁਸਾਰ ਕਲੱਬ ਦੇ ਸੀਨੀਅਰ ਲਾਇਨ ਲੀਡਰ ਕਲੱਬ ਐਡਮਨਿਸਟ੍ਰੇਟਰ ਲਾਇਨ ਧੀਰਜ ਕੁਮਾਰ ਮੱਕੜ ਦੀ ਰਹਿਨੁਮਾਈ ਹੇਠ ਚਾਰਟਰਡ ਪ੍ਰਧਾਨ ਲਾਇਨ ਮੀਨੂੰ ਭੁੱਟਾ ਦੀ ਪ੍ਰਧਾਨਗੀ ਹੇਠ ਕਲੱਬ ਦੀ ਮੀਟਿੰਗ ਕੀਤੀ ਗਈ। ਜਿਸ ਦੌਰਾਨ ਕਲੱਬ ਜਨਰਲ ਸਕੱਤਰ ਲਾਇਨ ਸ਼ਰਨਦੀਪ ਦੋਸਾਂਝ ਨੇ ਜੁਲਾਈ ਮਹੀਨੇ ਵਿੱਚ ਲਗਾਏ ਗਏ ਸਮਾਜ ਸੇਵਾ ਦੇ ਕੀਤੇ ਗਏ ਕਾਰਜਾਂ ਦੀ ਮਹੀਨੇਵਾਰ ਰਿਪੋਰਟ ਸਾਰੇ ਮੌਜੂਦ ਮੈਂਬਰਾਂ ਨੂੰ ਸੁਣਾਈ।ਇਸ ਮੌਕੇ ਕਲੱਬ ਦੇ ਖਜ਼ਾਨਚੀ ਲਾਇਨ ਰੋਹਿਤ ਚੋਪੜਾ ਵੱਲੋਂ ਮਹੀਨੇ ਵਿੱਚ ਇਕੱਠੀ ਕੀਤੀ ਫੀਸ ਅਤੇ ਖਰਚੇ ਦਾ ਹਿਸਾਬ ਸਾਰੇ ਹੀ ਮੌਜੂਦ ਮੈਂਬਰਾਂ ਨੂੰ ਦਿੱਤਾ। ਕਲੱਬ ਦੇ ਪੀ ਆਰ ਓ ਲਾਇਨ ਕਮਲਜੀਤ ਰਾਏ ਵੱਲੋਂ ਜੁਲਾਈ ਮਹੀਨੇ ਵਿੱਚ ਦਿੱਤੀ ਗਈ ਪੱਤਰਕਾਰਾਂ ਦੀ ਪ੍ਰੈਸ ਰਿਪੋਰਟ ਮੌਜੂਦ ਮੈਂਬਰਾਂ ਨੂੰ ਦੱਸੀ ਅਤੇ ਸਾਰੀਆਂ ਹੀ ਅਖਬਾਰਾਂ ਦੀ ਕਟਿੰਗ ਜੋੜਕੇ ਇੱਕ ਯਾਦਗਾਰੀ ਨਿਊਜ਼ ਬੁੱਕ ਮੈਂਬਰਾਂ ਨੂੰ ਦਿਖਾਈ।ਕਲੱਬ ਦੇ ਲਾਇਨ ਵਨੀਤਾ ਕੁਮਾਰੀ ਅਤੇ ਲਾਇਨ ਡਾਕਟਰ ਗੁਰਮੀਤ ਸਿੰਘ ਵੱਲੋਂ ਮੈਡੀਕਲ ਸੇਵਾਵਾ ਦੇ ਨਾਲ ਨਾਲ ਅਜ਼ਾਦੀ ਦਿਵਸ ਮੌਕੇ ਬੱਚਿਆਂ ਨੂੰ ਸਟੇਸ਼ਨਰੀ ਵੰਡਣ ਦਾ ਐਲਾਨ ਕੀਤਾ।ਇਸ ਮੌਕੇ ਕਲੱਬ ਦੇ ਚਾਰਟਰਡ ਪ੍ਰਧਾਨ ਲਾਇਨ ਮੀਨੂੰ ਭੁੱਟਾ ਨੇ ਦੱਸਿਆ ਕੇ ਕਰੀਬਨ 60 ਲੇਡੀਜ ਮੈਂਬਰਾਂ ਨਾਲ ਮਿਲਕੇ 26 ਜੁਲਾਈ ਦਿਨ ਸ਼ਨੀਵਾਰ ਨੂੰ ਜੇ ਜੇ ਹੰਗਰ ਪਲਾਜ਼ਾ ਵਿਖੇ ਤੀਆਂ ਦਾ ਮੇਲਾ ਵੀ ਕਰਵਾਉਣਗੇ ਅਤੇ ਇਸ ਮੇਲੇ ਦੇ ਮੁੱਖ ਮਹਿਮਾਨ ਸਾਬਕਾ ਡਿਸਟ੍ਰਿਕ ਚੇਅਰਪਰਸਨ ਜੀ ਐਮ ਟੀ ਫੈਮਲੀ ਐਂਡ ਵੂਮੈਨ ਸੀਨੀਅਰ ਲਾਇਨ ਲੀਡਰ ਲਾਇਨ ਰਜਨੀ ਬੰਗਾ ਜੀ ਹੋਣਗੇ।ਇਸ ਮੌਕੇ ਕਲੱਬ ਦੇ ਸਾਰੇ ਹੀ ਮੈਂਬਰ ਮੌਜੂਦ ਹੋਏ ਅਤੇ ਚਾਰ ਨਵੇਂ ਲਾਇਨ ਮੈਂਬਰ ਬਣਾਏ ਗਏ।



# ਗਰੀਬ ਲੋਕ ਖਸਤਾ ਹਾਲ ਮਕਾਨਾਂ 'ਚ ਰਹਿਣ ਲਈ ਮਜਬੂਰ : ਰਾਮ ਲਾਲ ਮਹੇ





**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਾਪੁਰੀ)**

ਪਿਛਲੇ ਕੁਝ ਦਿਨਾਂ ਤੋਂ ਇਲਾਕੇ ਵਿੱਚ ਹੋ ਰਹੀ ਭਾਰੀ ਬਾਰਿਸ਼ ਕਾਰਨ ਗ਼ਰੀਬ ਲਚਾਰ ਲੋਕਾਂ ਦੇ ਮਕਾਨਾਂ ਦੀਆਂ ਛੱਤਾਂ ਡਿੱਗ ਰਹੀਆਂ ਹਨ ਜਿਸ ਨਾਲ ਉਨ੍ਹਾਂ ਲੋਕਾਂ ਨੂੰ ਵੱਡੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਬਸਪਾ ਦੇ ਸੀਨੀਅਰ ਆਗੂ ਰਾਮ ਲਾਲ ਮਹੇ ਨੇ ਗਰੀਬ ਪਰਵਾਰ ਦੇ ਘਰ ਦੀ ਡਿੱਗੀ ਹੋਈ ਛੱਤ ਸੰਬੰਧੀ ਜਾਣਕਾਰੀ ਦਿੰਦੇ ਹੋਏ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਹੇ। ਉਹਨਾਂ ਦੱਸਿਆ ਕਿ ਮਹੱਲਾ ਮੋਰੀ ਵਿਖੇ ਰਾਜੂ ਪੁੱਤਰ ਤਰਸੇਮ ਲਾਲ ਦੇ ਭਾਰੀ ਬਾਰਿਸ਼ ਕਾਰਨ ਮਕਾਨ ਦੀ ਛੱਤ ਡਿੱਗਣ ਨਾਲ ਭਾਰੀ ਨੁਕਸਾਨ ਹੋਇਆ ਹੈ ਅਤੇ ਪੂਰਾ ਪਰਵਾਰ ਪੈ ਰਹੀ ਬਾਰਿਸ਼ ਵਿੱਚ ਹੀ ਆਪਣਾ ਗੁਜਰ ਬਸਰ ਕਰ ਰਿਹਾ ਹੈ।ਉਹਨਾਂ ਦੱਸਿਆ ਕਿ ਰਾਜੂ ਨੇ 2016 ਵਿੱਚ ਆਪਣੇ ਖਸਤਾ ਹੋ ਚੁੱਕੇ ਮਕਾਨ ਸੰਬੰਧੀ ਫਾਈਲ ਮਿਊਂਸਪਲ ਕਮੇਟੀ ਸੁਲਤਾਨਪੁਰ ਲੋਧੀ ਨੂੰ ਮਕਾਨ ਦੇ ਗਰਾਂਟ ਵਾਸਤੇ ਦਿੱਤੀ ਸੀ, ਪਰ ਕੋਈ ਵੀ ਅਮਲ ਨਹੀਂ ਹੋਇਆ।ਉਹਨਾਂ ਨੇ ਫਿਰ ਦੁਬਾਰਾ ਚਾਰ ਮਹੀਨੇ ਪਹਿਲਾਂ ਫਾਇਲ ਦਿੱਤੀ ਸੀ, ਪਰ ਪ੍ਰਸ਼ਾਸਨ ਕੁੰਭ ਕਰਨੀ ਨੀਂਦ ਸੁੱਤਾ ਪਿਆ ਹੈ। ਇੰਨੇ ਸਾਲ ਬੀਤ ਜਾਣ ਦੇ ਬਾਵਜੂਦ ਵੀ ਗ਼ਰੀਬ ਪਰਿਵਾਰ ਦੀ ਕਿਸੇ ਨੇ ਸੁਣਵਾਈ ਕਰਨ ਦੀ ਜਰੂਰਤ ਨਹੀਂ ਸਮਝੀ।ਰਾਮ ਲਾਲ ਮਹੇ ਨੇ ਦੱਸਿਆ ਕਿ ਸ਼ਹਿਰ ਦੇ 13 ਵਾਰਡਾਂ ਵਿੱਚ ਹੀ ਬਹੁਤ ਸਾਰੇ ਘਰਾਂ ਦੀ ਅਜਿਹੀ ਖਸਤਾ ਹਾਲਤ ਬਣੀ ਹੋਈ ਹੈ ਪਰ ਕੋਈ ਵੀ ਗ਼ਰੀਬ ਲੋਕਾਂ ਦੀ ਬਾਂਹ ਨਹੀਂ ਫੜ ਰਿਹਾ ਅਤੇ ਸਰਕਾਰੇ ਦਰਬਾਰੇ ਕਿਤੇ ਵੀ ਸੁਣਵਾਈ ਨਹੀਂ ਹੋ ਰਹੀ। ਉਨ੍ਹਾਂ ਕਿਹਾ ਕਿ ਬੀ ਡੀ ਪੀ ਓ ਸਾਹਿਬ ਹਲਕੇ ਦੇ ਪਿੰਡਾਂ ਵਿੱਚ ਜਾ ਕੇ ਮੌਕਾ ਦੇਖਣ ਤਾਂ ਪਤਾ ਲੱਗ ਜਾਵੇਗਾ ਕਿ ਲੋਕਾਂ ਦੇ ਘਰਾਂ ਦੇ ਹਾਲਾਤ ਕੀ ਬਣੇ ਹੋਏ ਹਨ।ਉਨ੍ਹਾਂ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਇਨ੍ਹਾਂ ਗ਼ਰੀਬ ਅਤੇ ਲੋੜਵੰਦ ਲੋਕਾਂ ਦੀ ਸਾਰ ਲੈਂਦੇ ਹੋਏ ਇਨ੍ਹਾਂ ਨੂੰ ਤੁਰੰਤ ਮਕਾਨਾਂ ਵਾਸਤੇ ਗਰਾਂਟ ਜਾਰੀ ਕੀਤੀ ਜਾਵੇ। ਇਸ ਮੌਕੇ ਬਹੁਜਨ ਸਮਾਜ ਪਾਰਟੀ ਦੇ ਡਾਕਟਰ ਜਸਵੰਤ ਸਿੰਘ ਹਰਨਾਮ ਪੁਰ, ਬਲਦੇਵ ਸਿੰਘ ਡੱਲਾ, ਵਿਜੇ ਕੁਮਾਰ ਤਲਵੰਡੀ ਚੌਧਰੀਆਂ, ਭਜਨ ਸਿੰਘ, ਜਥੇਦਾਰ ਅਮਰਜੀਤ ਸਿੰਘ, ਮਲਕੀਤ ਸਿੰਘ, ਜੀਤ ਰਾਮ ਸਵਾਲ, ਜਥੇਦਾਰ ਚਰਨਜੀਤ ਸਿੰਘ, ਮਨਪ੍ਰੀਤ ਭਾਗੋ ਰਾਈਆਂ, ਸੰਦੀਪ ਸਿੰਘ ਸ਼ੇਖ ਮਾਗਾ, ਮਹਿੰਦਰ ਸਿੰਘ ਵਾਟਾਂਵਾਲੀ, ਜੁਗਰਾਜ ਦੀਪ ਸਿੰਘ, ਰਾਣਾ ਸ਼ੇਰਪੁਰ, ਦੇਸ ਰਾਜ, ਗੁਰਦੇਵ ਸਿੰਘ ਸਰਾਏ ਜੱਟਾਂ ਆਦਿ ਹਾਜ਼ਰ ਸਨ।

# ਗਾਇਕ ਅਮਰੀਕ ਮਾਇਕਲ ਦੇ ਪਿਤਾ ਦਾ ਦੇਹਾਂਤ

**ਕਾਲਾ ਸੰਘਿਆਂ (ਮਨਜੀਤ ਮਾਨ)**-ਡਾਢੇ ਦੇ ਹੱਥ ਡੋਰ ਮੁਹੰਮਦ ਪੇਸ਼ ਨਾ ਚੱਲਦੀ ਕੋਈ ਪੰਜਾਬੀ ਸੰਗੀਤ ਇੰਡਸਟਰੀ ਦੇ ਪ੍ਰਸਿੱਧ ਗਾਇਕ ਡਾਇਰੈਕਟਰ ਪ੍ਰੋਡਿਊਸਰ ਅਮਰੀਕ ਮਾਈਕਲ ਦੇ ਪਿਤਾ ਸ਼੍ਰੀ ਨਿਆਮਤੀ ਜੀ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ। ਉਹ ਪਿਛਲੇ ਕੁੱਝ ਸਮੇਂ ਤੋਂ ਚੌਥੀ ਸਟੇਜ ਦੇ ਕੈਂਸਰ ਰੋਗ ਤੋਂ ਪੀੜ੍ਹਤ ਸਨ।ਪਰਵਾਰ ਵੱਲੋਂ ਜਲੰਧਰ ਅਤੇ ਚੰਡੀਗੜ੍ਹ ਦੇ ਨਿੱਜੀ ਹਸਪਤਾਲ ਵਿੱਚ ਇਲਾਜ਼ ਕਰਵਾਇਆ ਗਿਆ।ਇਸ ਦੁੱਖ ਦੀ ਘੜੀ ਵਿੱਚ ਅਮਰੀਕ ਮਾਈਕਲ ਨਾਲ ਸਕੇ ਸੰਬੰਧੀਆਂ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਪਰਮਾਤਮਾ ਪਾਸ ਅਰਦਾਸ ਕਰਦੇ ਗਾਇਕ ਅਮਰੀਕ ਮਾਇਕਲ ਨੇ ਦੱਸਿਆ ਕਿ ਓਹਨਾਂ ਦੇ ਪਿਤਾ ਦਾ ਅੰਤਿਮ ਸੰਸਕਾਰ ਓਹਨਾਂ ਦੇ ਜੱਦੀ ਪਿੰਡ ਮਹਿਤਪੁਰ ਤੋਂ ਪਰਜੀਆ ਰੋਡ 'ਤੇ ਪੈਂਦੇ ਪਿੰਡ ਬੁਲੰਦਾ ਵਿਖੇ ਹਜ਼ਾਰਾਂ ਸੇਜ਼ਲ ਅੱਖਾਂ ਨਾਲ ਕਰ ਦਿੱਤਾ ਗਿਆ ਜਿਹਨਾ ਦੀ ਅੰਤਿਮ ਅਰਦਾਸ 29 ਜੁਲਾਈ 2025 ਦਿਨ ਮੰਗਲਵਾਰ ਵਾਲਮੀਕਿ ਮੰਦਿਰ ਵਿਖੇ ਪਿੰਡ ਬੁਲੰਦਾ ਵਿਖੇ ਬਾਅਦ ਦੁਪਹਿਰ 12 ਤੋਂ 2 ਵਜੇ ਤੱਕ ਹੋਵੇਗੀ।



# ਭਲਕ ਦੀ ਸੰਗਰੂਰ ਰੈਲੀ ਸ.ਫਲ ਕਰਨ ਲਈ ਜਮਹੂਰੀ ਫਰੰਟ ਦੀ ਅਪੀਲ

**ਜਲੰਧਰ (ਕੇਸਰ)**- ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਦੀ ਸੂਬਾ ਕਮੇਟੀ ਨੇ 25 ਜੁਲਾਈ ਨੂੰ ਸੰਗਰੂਰ ਵਿਚ ਕੀਤੀ ਜਾ ਰਹੀ ਸਾਂਝੀ ਰੈਲੀ ਦੀ ਪੁਰਜ਼ੋਰ ਹਮਾਇਤ ਕਰਦਿਆਂ ਲੋਕਾਂ ਨੂੰ ਵਹੀਰਾਂ ਘੱਤ ਕੇ ਪੁੱਜਣ ਦੀ ਅਪੀਲ ਕੀਤੀ ਹੈ। ਜਮਹੂਰੀ ਫਰੰਟ ਦੇ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋਫੈਸਰ ਏ.ਕੇ.ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਬਦਲਾਅ ਲਿਆਉਣ ਦੇ ਨਾਂ ਹੇਠ ਪੰਜਾਬ ਦੇ ਲੋਕਾਂ ਦੀ ਰਾਜਨੀਤਕ ਤਬਦੀਲੀ ਦੀ ਰੀਝ ਦਾ ਜਜ਼ਬਾਤੀ ਸ਼ੋਸ਼ਣ ਕਰਨ ਅਤੇ ਸੱਤਾ 'ਚ ਆ ਕੇ ਲੋਕ ਹਿਤਾਂ ਤੇ ਹੱਕਾਂ ਲਈ ਸੱਚੇ ਮਾਇਨਿਆਂ 'ਚ ਜੂਝਣ ਵਾਲੀਆਂ ਕਿਸਾਨ, ਮਜ਼ਦੂਰ ਤੇ ਹੋਰ ਤਬਕਿਆਂ ਦੀਆਂ ਜਥੇਬੰਦੀਆਂ ਦੀ ਆਵਾਜ਼ ਨੂੰ ਪੁਲਸੀ ਡੰਡੇ ਨਾਲ ਦਬਾਉਣ ਦੇ ਰਾਹ ਪਈ ਇਸ ਤਾਨਾਸ਼ਾਹ ਸਰਕਾਰ ਦੇ ਜਾਬਰ ਹੱਲੇ ਨੂੰ ਸਾਂਝੇ ਤੌਰ 'ਤੇ ਪਛਾੜਨਾ ਅੱਜ ਸਮੇਂ ਦੀ ਲੋੜ ਹੈ। ਜਮਹੂਰੀ ਫਰੰਟ ਦੇ ਆਗੂਆਂ ਨੇ ਕਿਹਾ ਕਿ ਇਨ੍ਹਾਂ ਜਥੇਬੰਦੀਆਂ ਦੀ ਰਾਖੀ ਪੰਜਾਬ ਦੇ ਸਮੂਹ ਲੋਕਾਂ ਦਾ ਫਰਜ਼ ਹੈ। ਇਹ ਸਾਂਝੀ ਲਾਮਬੰਦੀ ਮਹਿਜ਼ ਜਾਬਰ ਹੱਲੇ ਦਾ ਜਵਾਬ ਨਹੀਂ ਹੈ, ਇਹ ਸਾਡੇ ਲੋਕਾਂ ਦੀ ਆਪਣੇ ਹੱਕਾਂ ਤੇ ਹਿਤਾਂ ਲਈ ਇਕੱਠੇ ਹੋਣ, ਜਥੇਬੰਦੀਆਂ ਬਣਾਉਣ ਅਤੇ ਸੰਘਰਸ਼ ਕਰਨ ਦੇ ਜਮਹੂਰੀ ਹੱਕ ਦੀ ਰਾਖੀ ਦਾ ਬੇਹੱਦ ਮਹੱਤਵਪੂਰਨ ਸਵਾਲ ਹੈ। ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਦੀ ਸੂਬਾ ਕਮੇਟੀ ਪੰਜਾਬ ਦੀਆਂ ਸਮੂਹ ਜਨਤਕ ਜਮਹੂਰੀ ਜਥੇਬੰਦੀਆਂ ਅਤੇ ਸਮੂਹ ਲੋਕ ਹਿਤੈਸ਼ੀਆਂ ਨੂੰ ਅਪੀਲ 25 ਜੁਲਾਈ ਨੂੰ ਮਜ਼ਦੂਰ ਕਿਸਾਨ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਆਯੋਜਤ ਕੀਤੀ ਜਾ ਰਹੀ ਸੰਗਰੂਰ ਰੈਲੀ ਵਿਚ ਵੱਧ ਤੋਂ ਵੱਧ ਗਿਣਤੀ 'ਚ ਸ਼ਾਮਲ ਹੋਣ ਦੀ ਪੁਰਜ਼ੋਰ ਅਪੀਲ ਕਰਦੀ ਹੈ।




ਪ੍ਰਸਿੱਧ ਲੇਖਕ ਰਘਵੀਰ ਸਿੰਘ ਟੇਰਕਿਆਨਾ ਹੁਸ਼ਿਆਰਪੁਰ ਦਾ ਅਮਰੀਕਾ ਜਾ ਵਸੇ ਪੰਜਾਬੀਆਂ ਵੱਲੋਂ ਸਾਹਿਤ, ਕਾਨੂੰਨ ਅਤੇ ਸਮਾਜਿਕ ਖੇਤਰ ਵਿੱਚ ਕੀਤੀਆਂ ਵਧੀਆ ਗਤੀਵਿਧੀਆਂ ਕਰਕੇ ਕੈਲੀਫੋਰਨੀਆ ਦੇ ਮਿਲਪੀਟਸ ਗੁਰਦੁਆਰਾ ਸਾਹਿਬ ਵਿੱਚ ਸਨਮਾਨ ਕੀਤਾ ਗਿਆ।

(ਤਸਵੀਰ ਤੇ ਵੇਰਵਾ : ਬਲਬੀਰ ਸਿੰਘ ਸੈਣੀ)

# ਅਕਾਲੀ-ਭਾਜਪਾ ਗੱਠਜੋੜ ਜ਼ੀਰੋ ਜਮ੍ਹਾਂ ਜ਼ੀਰੋ ਹਮੇਸ਼ਾ ਜ਼ੀਰੋ ਹੀ ਰਹੇਗਾ : ਵੜਿੰਗ

**ਮੋਹਾਲੀ (ਗੁਰਜੀਤ ਬਿੱਲਾ)**

ਸਰਕਾਰ ਦੀ ਲੈਂਡ ਪੂਲਿੰਗ ਪਾਲਿਸੀ ਦਾ ਸਖ਼ਤ ਵਿਰੋਧ ਜਾਰੀ ਰੱਖਦੇ ਹੋਏ ਕਾਂਗਰਸ ਨੇ ਇੱਥੇ ਗ੍ਰੇਟਰ ਮੋਹਾਲੀ ਡਿਵੈਲਪਮੈਂਟ ਏਰੀਆ (ਗਮਾਡਾ) ਦਫਤਰ ਦੇ ਸਾਹਮਣੇ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤਾ।ਇਸ ਮੌਕੇ ਪ੍ਰਦੇਸ਼ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਵਿੱਚ ਸੀਨੀਅਰ ਆਗੂਆਂ ਸਮੇਤ ਹਜ਼ਾਰਾਂ ਪਾਰਟੀ ਵਰਕਰ ਗਮਾਡਾ ਦਫਤਰ ਦੇ ਬਾਹਰ ਇਕੱਠੇ ਹੋਏ ਅਤੇ ਲੈਂਡ ਪੂਲਿੰਗ ਪਾਲਿਸੀ ਵਿਰੁੱਧ ਨਾਅਰੇਬਾਜ਼ੀ ਕੀਤੀ ਅਤੇ ਇਸ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ।ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ ਵੜਿੰਗ ਨੇ ਕਿਹਾ ਕਿ ਇਹ ਆਮ ਆਦਮੀ ਪਾਰਟੀ ਸਰਕਾਰ ਦੀ ਕਿਸਾਨਾਂ ਤੋਂ ਉਨ੍ਹਾਂ ਦੀ ਕੀਮਤੀ ਜ਼ਮੀਨ ਲੁੱਟਣ ਕੋਝੀ ਚਾਲ ਹੈ। ਇਹ ਲੈਂਡ ਪੂਲਿੰਗ ਨਹੀਂ, ਸਗੋਂ ਜ਼ਮੀਨ ਲੁੱਟਣ ਦੀ ਪਾਲਿਸੀ ਹੈ। ਉਨ੍ਹਾਂ ਸਵਾਲ ਕੀਤਾ ਕਿ ਇੱਕ ਹਜ਼ਾਰ ਗਜ਼ ਦੇ ਬਦਲੇ ਇੱਕ ਏਕੜ ਕੀਮਤੀ ਜ਼ਮੀਨ ਕੌਣ ਦੇਵੇਗਾ? ਸੂਬਾ ਕਾਂਗਰਸ ਪ੍ਰਧਾਨ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਿਹਾ ਕਿ ਉਨ੍ਹਾਂ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਤਜਰਬੇ ਤੋਂ ਸਿੱਖਣਾ ਚਾਹੀਦਾ ਸੀ, ਜਿਨ੍ਹਾਂ ਨੂੰ ਆਖਰਕਾਰ ਕਿਸਾਨਾਂ ਦੇ ਦਬਾਅ ਹੇਠ ਤਿੰਨ ਖੇਤੀ ਕਾਨੂੰਨ ਵਾਪਸ ਲੈਣੇ ਪਏ। ਉਨ੍ਹਾਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਤੁਹਾਨੂੰ ਪਤਾ ਹੋਣਾ ਚਾਹੀਦਾ ਹੈ ਕਿ ਜਦੋਂ ਆਪਣੀ ਜ਼ਮੀਨ ਦੀ ਗੱਲ ਆਉਂਦੀ ਹੈ, ਤਾਂ ਇੱਕ ਕਿਸਾਨ ਉਸ ਦੀ ਰੱਖਿਆ ਲਈ ਕੁਝ ਵੀ ਕਰ ਸਕਦਾ ਹੈ। ਉਨ੍ਹਾਂ ਨੇ ਨੀਤੀ ਵਿਰੁੱਧ ਲੜਾਈ ਵਿੱਚ ਕਿਸਾਨਾਂ ਨਾਲ ਕਾਂਗਰਸ ਪਾਰਟੀ ਦੀ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ।ਇਸ ਦੌਰਾਨ ਪਾਰਟੀ ਨੇ ਮੁੱਖ ਮੰਤਰੀ ਦੇ ਨਾਂਅ ਇੱਕ ਮੰਗ ਪੱਤਰ ਵੀ ਗਮਾਡਾ ਦੇ ਪ੍ਰਸ਼ਾਸਕ ਨੂੰ ਸੌਂਪਿਆ, ਜਿਸ ਵਿੱਚ ਪਾਲਿਸੀ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਗਈ। ਬਾਅਦ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵੜਿੰਗ ਨੇ ਲੈਂਡ ਪੂਲਿੰਗ ਪਾਲਿਸੀ ਪ੍ਰਤੀ ਆਪਣੀ ਪਾਰਟੀ ਦੇ ਵਿਰੋਧ ਨੂੰ ਪੇਸ਼ ਕੀਤਾ ਅਤੇ ਦੁਹਰਾਇਆ ਕਿ ਇਹ ਆਪ ਆਗੂਆਂ ਵੱਲੋਂ ਰਚੀ ਕੀਤੀ ਗਈ ਸਿਰਫ ਇੱਕ ਜ਼ਮੀਨ ਲੁੱਟ ਦੀ ਸਾਜ਼ਿਸ਼ ਹੈ। ਸਵਾਲ ਖੜ੍ਹਾ ਹੁੰਦਾ ਹੈ ਕਿ ਇਹ ਕਿਸ ਮਕਸਦ ਲਈ ਹੈ? ਜਦੋਂ ਕਿ ਕਿਤੇ ਵੀ ਕੋਈ ਮੰਗ ਨਹੀਂ ਹੈ।ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਵੱਲੋਂ ਅਕਾਲੀ-ਭਾਜਪਾ ਗੱਠਜੋੜ ਦਾ ਸੁਝਾਅ ਦੇਣ ਬਾਰੇ ਪੁੱਛੇ ਗਏ ਇੱਕ ਸਵਾਲ ਦਾ ਜਵਾਬ ਦਿੰਦੇ ਹੋਏ ਸੂਬਾ ਕਾਂਗਰਸ ਪ੍ਰਧਾਨ ਨੇ ਕਿਹਾ ਕਿ ਇਹ (ਅਕਾਲੀ ਅਤੇ ਭਾਜਪਾ) ਹਮੇਸ਼ਾ ਇਕੱਠੇ ਹਨ ਅਤੇ ਆਪਸੀ ਨੇੜਤਾ ਰੱਖਦੇ ਹਨ।ਉਨ੍ਹਾਂ ਕਿਹਾ ਕਿ ਦੋਵੇਂ ਪਾਰਟੀਆਂ ਨੂੰ ਅਹਿਸਾਸ ਹੋ ਗਿਆ ਹੋਵੇਗਾ ਕਿ ਇਨ੍ਹਾਂ ਦੇ ਪੈਰਾਂ ਹੇਠੋਂ ਜ਼ਮੀਨ ਖਿਸਕ ਗਈ ਹੈ ਅਤੇ ਇਹ ਆਪਣੇ ਦਮ 'ਤੇ ਨਹੀਂ ਲੜ ਸਕਦੇ। ਉਨ੍ਹਾਂ ਕਿਹਾ ਕਿ ਭਾਵੇਂ ਇਹ ਇਕੱਠੇ ਹੋ ਜਾਣ, ਤਾਂ ਵੀ ਉਨ੍ਹਾਂ ਨੂੰ ਕੋਈ ਬਹੁਤਾ ਫ਼ਰਕ ਨਹੀਂ ਪਵੇਗਾ, ਕਿਉਂਕਿ ਦੋਵੇਂ ਪਾਰਟੀਆਂ ਪੰਜਾਬ ਵਿੱਚ ਆਪਣੀ ਜ਼ਮੀਨ ਗੁਆ ਚੁੱਕੀਆਂ ਹਨ। ਉਨ੍ਹਾਂ ਟਿੱਪਣੀ ਕੀਤੀ ਕਿ ਜ਼ੀਰੋ ਜਮ੍ਹਾ ਜ਼ੀਰੋ ਹਮੇਸ਼ਾ ਜ਼ੀਰੋ ਤੱਕ ਹੀ ਸੀਮਿਤ ਰਹੇਗਾ।ਇਸ ਮੌਕੇ ਮੌਜੂਦ ਲੋਕਾਂ ਵਿੱਚ ਏ.ਆਈ.ਸੀ.ਸੀ. ਸਕੱਤਰ ਰਵਿੰਦਰ ਦਲਵੀ, ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਸੁਖਪਾਲ ਸਿੰਘ ਖਹਿਰਾ, ਬਲਬੀਰ ਸਿੰਘ ਸਿੱਧੂ, ਕੈਪਟਨ ਸੰਦੀਪ ਸੰਧੂ, ਨਵਤੇਜ ਚੀਮਾ, ਗੁਰਕੀਰਤ ਕੋਟਲੀ, ਜਸਬੀਰ ਡਿੰਪਾ, ਹਰਮਿੰਦਰ ਗਿੱਲ, ਕੁਲਜੀਤ ਨਾਗਰਾ, ਸਾਧੂ ਸਿੰਘ ਧਰਮਸੋਤ, ਗਗਨਦੀਪ ਸਿੰਘ ਬੌਬੀ, ਗੁਰਸ਼ਰਨ ਕੌਰ ਰੰਧਾਵਾ, ਮੋਹਿਤ ਮਹਿੰਦਰਾ, ਕੁਲਦੀਪ ਵੈਦ, ਕਾਕਾ ਰਣਦੀਪ ਨਾਭਾ, ਰਣਜੀਤ ਸਿੰਘ ਜੀਤੀ ਆਦਿ ਹਾਜ਼ਰ ਸਨ।

# ਜੀ ਟੀ ਯੂ ਵੱਲੋਂ ਰਾਜਨੀਤੀ ਸ਼ਾਸਤਰ ਤੇ ਇਤਿਹਾਸ ਦੀਆਂ ਅਸਾਮੀਆਂ ਮੁੜ ਸੁਰਜੀਤ ਕਰਨ ਦੀ ਮੰਗ

**ਜਲੰਧਰ (ਰਾਜੇਸ਼ ਥਾਪਾ)**

ਗੌਰਮਿੰਟ ਟੀਚਰਜ਼ ਯੂਨੀਅਨ ਨੇ ਸੈਸ਼ਨ 2018-19 ਵਿੱਚ ਸਿੱਖਿਆ ਵਿਭਾਗ ਸਕੂਲਾਂ ਵਿੱਚੋਂ ਖਤਮ ਕੀਤੀਆਂ ਲੈਕਚਰਾਰ ਰਾਜਨੀਤੀ ਸ਼ਾਸਤਰ ਅਤੇ ਇਤਿਹਾਸ ਦੀਆਂ ਅਸਾਮੀਆਂ ਮੁੜ ਸੁਰਜੀਤ ਕਰਨ ਦੀ ਮੰਗ ਕੀਤੀ ਹੈ । ਜਥੇਬੰਦੀ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਅਤੇ ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ ਅਤੇ ਸਹਾਇਕ ਪ੍ਰੈਸ ਸਕੱਤਰ ਗਣੇਸ਼ ਭਗਤ ਵੱਲੋਂ ਜਾਰੀ ਬਿਆਨ ਰਾਹੀਂ ਕਿਹਾ ਹੈ ਕਿ ਸਾਲ 2018 - 19 ਵਿੱਚ ਬਿਲਕੁਲ ਹੀ ਗੈਰ ਵਿੱਦਿਅਕ ਫੈਸਲਾ ਕਰਦਿਆਂ ਸਿੱਖਿਆ ਵਿਭਾਗ ਵੱਲੋਂ ਜਿਹੜੇ ਸਕੂਲ ਵਿੱਚ ਇਤਿਹਾਸ ਦੀ ਅਸਾਮੀ ਭਰੀ ਹੋਈ ਸੀ ਉਸ ਵਿੱਚੋਂ ਰਾਜਨੀਤੀ ਸ਼ਾਸਤਰ ਅਤੇ ਜਿਹੜੇ ਸਕੂਲ ਵਿੱਚ ਰਾਜਨੀਤੀ ਸ਼ਾਸਤਰ ਦੀ ਅਸਾਮੀ ਭਰੀ ਹੋਈ ਸੀ ਉਸ ਵਿੱਚੋਂ ਇਤਿਹਾਸ ਦੀ ਅਸਾਮੀ ਨੂੰ ਖਤਮ ਕਰ ਦਿੱਤਾ ਗਿਆ ਸੀ। ਸਿੱਖਿਆ ਦੇ ਖੇਤਰ ਵਿੱਚ ਇਹ ਬਿਲਕੁਲ ਹੀ ਗੈਰ ਵਿਵਹਾਰਕ ਫੈਸਲਾ ਸੀ ਜਿਸ ਦਾ ਉਸ ਸਮੇਂ ਵਿਰੋਧ ਵੀ ਕੀਤਾ ਗਿਆ ਪਰ ਤਤਕਾਲੀ ਸਰਕਾਰ ਵੱਲੋਂ ਪੇਂਡੂ ਖੇਤਰ ਦੇ ਵਿਦਿਆਰਥੀਆਂ ਦੇ ਭਵਿੱਖ ਨਾਲ ਪੂਰੀ ਤਰ੍ਹਾਂ ਖਿਲਵਾੜ ਕੀਤਾ ਗਿਆ ਕਿਉਂਕਿ ਜਿਹੜੇ ਵਿਦਿਆਰਥੀਆਂ ਨੇ ਅੱਗੇ ਜਾ ਕੇ ਗ੍ਰੈਜੂਏਸ਼ਨ ਕਰਨ ਤੋਂ ਬਾਅਦ ਕੋਈ ਨੌਕਰੀ ਲਈ ਟੈਸਟ ਦੇਣਾ ਹੁੰਦਾ ਹੈ ਤਾਂ ਉਹਨਾਂ ਵਾਸਤੇ ਰਾਜਨੀਤੀ ਸ਼ਾਸਤਰ ਅਤੇ ਇਤਿਹਾਸ ਦੀ ਪੜ੍ਹਾਈ ਬੇਹੱਦ ਜ਼ਰੂਰੀ ਹੈ ਤੇ ਇਹ ਗੱਲ ਵੀ ਤਰਕਸੰਗਤ ਨਹੀਂ ਹੈ ਕਿ ਰਾਜਨੀਤੀ ਸ਼ਾਸਤਰ ਵਾਲਾ ਵਿਦਿਆਰਥੀ ਅਧਿਆਪਕ ਇਤਿਹਾਸ ਪੜ੍ਹਾ ਸਕਦਾ ਹੈ ਅਤੇ ਇਤਿਹਾਸ ਵਾਲਾ ਰਾਜਨੀਤੀ ਸ਼ਾਸਤਰ ,ਕਿਉਂਕਿ ਬਹੁਤੀ ਵਾਰ ਪੋਸਟ ਗ੍ਰੈਜੂਏਟ ਜਾਂ ਗਰੈਜੂਏਟ ਪੱਧਰ 'ਤੇ ਉਹਨਾਂ ਨੇ ਉਹ ਵਿਸ਼ਾ ਪੜ੍ਹਿਆ ਹੀ ਨਹੀਂ ਹੁੰਦਾ । ਜਦੋਂ ਕਿ ਲੈਕਚਰਰ ਬਣਨ ਦੀ ਯੋਗਤਾ ਹੀ ਪੋਸਟ ਗ੍ਰੈਜੂਏਸ਼ਨ ਹੈ। ਇਹ ਵਿਦਿਆਰਥੀਆਂ ਨਾਲ ਇਨਸਾਫੀ ਹੈ। ਅਧਿਆਪਕਾ ਆਗੂਆਂ ਨੇ ਮੰਗ ਕੀਤੀ ਹੈ ਕਿ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਓ ਲਿਆਉਣ ਵਾਲੇ ਦਾਅਵੇ ਕਰਨ ਵਾਲੀ ਮੌਜੂਦਾ ਸਰਕਾਰ ਪਿਛਲੀ ਸਰਕਾਰ ਵੱਲੋਂ ਕੀਤੀ ਇਸ ਗਲਤੀ ਨੂੰ ਦਰੁਸਤ ਕਰਦਿਆਂ ਖਤਮ ਕੀਤੀਆਂ ਰਾਜਨੀਤੀ ਸ਼ਾਸਤਰ ਅਤੇ ਇਤਿਹਾਸ ਦੀਆਂ ਪੋਸਟਾਂ ਦੀ ਮੁੜ ਸੁਰਜੀਤੀ ਕਰਨ ਦੀ ਪਹਿਲ ਕਰਨੀ ਚਾਹੀਦੀ ਹੈ ਤਾਂ ਕਿ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਨਾ ਹੋਵੇ।

# ਧਰਤੀ 'ਤੇ ਹਰਿਆਲੀ ਵਧਾਓ, ਖੁਸ਼ਹਾਲੀ ਪਾਓ : ਗੁਰਦੇਵ ਕੌਰ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਵਾਤਾਵਰਣ ਨੂੰ ਸਾਫ-ਸੁਥਰਾ ਰੱਖਣ, ਪੀਣ ਵਾਲੇ ਪਾਣੀ ਦੀ ਸੰਭਾਲ ਕਰਨ ਅਤੇ ਪ੍ਰਦੂਸ਼ਣ ਨੂੰ ਰੋਕਣ ਲਈ ਲੰਬੇ ਸਮੇਂ ਤੋਂ ਕੰਮ ਕਰ ਰਹੀ ਵਾਤਾਵਰਣ ਸੰਭਾਲ ਸੁਸਾਇਟੀ ਦੇ ਵਾਇਸ ਪ੍ਰਧਾਨ ਤਰਸੇਮ ਲਾਲ ਅਤੇ ਉਨ੍ਹਾਂ ਦੀ ਪਤਨੀ ਸਾਬਕਾ ਕੌਂਸਲਰ ਗੁਰਦੇਵ ਕੌਰ ਨੇ ਆਪਣੀ ਬੇਟੀ ਪ੍ਰਿਅੰਕਾ ਦਾ ਜਨਮ ਦਿਨ 'ਤੇ ਬੂਟੇ ਲਗਾ ਕੇ ਮਨਾਇਆ।ਵਾਤਾਵਰਣ ਸੰਭਾਲ ਸੁਸਾਇਟੀ ਦੇ ਮੈਂਬਰਾਂ ਦੇ ਸਹਿਯੋਗ ਨਾਲ ਹਿਆਲਾ ਪਿੰਡ ਵਿੱਚ ਨਹਿਰ ਦੇ ਨੇੜੇ ਵੱਖ-ਵੱਖ ਕਿਸਮ ਦੇ 11 ਬੂਟੇ ਲਗਾਏ।ਉਹਨਾਂ ਦੀ ਧਰਮ ਪਤਨੀ ਗੁਰਦੇਵ ਕੌਰ ਨੇ ਕਿਹਾ ਕਿ ਲਗਾਤਾਰ ਵੱਧ ਰਹੇ ਪ੍ਰਦੂਸ਼ਣ ਨੂੰ ਰੋਕਣ ਹੀ ਨਹੀਂ ਸਗੋਂ ਖਤਮ ਕਰਨ ਦੀ ਸਖਤ ਲੋੜ ਹੈ।ਇਸ ਲਈ ਧਰਤੀ ਨੂੰ ਹਰਿਆ ਭਰਿਆ ਬਣਾਉਣ ਲਈ ਵੱਧ ਤੋਂ ਵੱਧ ਬੂਟੇ ਲਗਾਏ ਜਾਣ।ਉਨ੍ਹਾ ਹਰ ਇਕ ਨਾਗਰਿਕ ਨੂੰ ਅਪੀਲ ਕੀਤੀ ਕਿ ਜਨਮ ਦਿਨ, ਵਿਆਹ ਦੀ ਵਰ੍ਹੇਗੰਢ ਆਦਿ 'ਤੇ ਫਜ਼ੂਲ ਖ਼ਰਚੇ ਕਰਨ ਦੀ ਬਜਾਏ ਬੂਟੇ ਲਗਾ ਕੇ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਸੁਧਾਰਿਆ ਜਾਵੇ।ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਜਸਵੰਤ ਸਿੰਘ ਭੱਟੀ ਨੇ ਪਰਵਾਰ ਨੂੰ ਵਧਾਈ ਦਿੰਦਿਆਂ ਦੱਸਿਆ ਕਿ ਵਾਇਸ ਪ੍ਰਧਾਨ ਤਰਸੇਮ ਲਾਲ ਅਤੇ ਉਨ੍ਹਾਂ ਦੀ ਪਤਨੀ ਸ਼੍ਰੀਮਤੀ ਗੁਰਦੇਵ ਕੌਰ ਕਾਫ਼ੀ ਲੰਬੇ ਸਮੇਂ ਤੋਂ ਸੁਸਾਇਟੀ ਨਾਲ ਜੁੜੇ ਹੋਏ ਹਨ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਜਸਵੰਤ ਸਿੰਘ ਭੱਟੀ, ਵਾਈਸ ਪ੍ਰਧਾਨ ਤਰਸੇਮ ਲਾਲ, ਗੁਰਦੇਵ ਕੌਰ, ਭਾਈ ਰੇਸ਼ਮ ਸਿੰਘ,ਅਰੁਣ ਬਾਲੀ, ਕੁਲਦੀਪ ਕੁਮਾਰ, ਧਰਮਪਾਲ ਬਾਲੀ, ਤਰਲੋਚਨ, ਸੁਰਿੰਦਰ ਸਿੰਘ ਅਤੇ ਹਰਪ੍ਰੀਤ ਹਾਜ਼ਰ ਸਨ।




# ਦੁਰਗਾ ਮੰਦਰ ਕਮੇਟੀ ਵੱਲੋਂ 26 ਤੋਂ ਲੰਗਰ ਦੀ ਸੇਵਾ ਸ਼ੁਰੂ

**ਬਸਤੀ ਸ਼ੇਖ ਜਲੰਧਰ (ਲਖਵਿੰਦਰ ਸਿੰਘ)** ਜੈ ਮਾਂ ਦੁਰਗਾ ਮੰਦਰ ਕਮੇਟੀ ਪਿੰਡ ਆਧੀ (ਜ਼ਿਲ੍ਹਾ ਜਲੰਧਰ) ਦੇ ਪ੍ਰਧਾਨ ਅਵਿਨਾਸ਼ ਕੁਮਾਰ ਪੰਡਤ, ਬਲਦੇਵ ਕੁਮਾਰ, ਲੱਖੀ ਟੇਲਰ, ਅਤੇ ਜਸਵਿੰਦਰ ਸਿੰਘ ਮੱਧੂ ਨੇ ਦੱਸਿਆ ਕਿ ਮਾਤਾ ਚਿੰਤਪੁਰਨੀ ਤੇ ਹੋਰ ਧਾਰਮਿਕ ਅਸਥਾਨਾਂ 'ਤੇ ਜਾਣ ਵਾਲੇ ਯਾਤਰੀਆਂ ਲਈ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਜੈ ਮਾਂ ਦੁਰਗਾ ਮੰਦਰ ਕਮੇਟੀ ਪਿੰਡ ਆਧੀ ਤੇ ਪੰਡੋਰੀ ਸ਼ੇਖ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ 26, 27 ਜੁਲਾਈ ਦਿਨ ਸ਼ਨੀਵਾਰ, ਐਤਵਾਰ ਨੂੰ ਜੈ ਮਾਂ ਚਿੰਤਪੁਰਨੀ ਕਾਲਾ ਸੰਘਿਆਂ ਵਾਲਿਆ ਦੀ ਧਰਮਸ਼ਾਲਾ ਕਿਨੂੰ ਹਿਮਾਚਲ ਪ੍ਰਦੇਸ਼ ਵਿਖੇ ਲੰਗਰ ਦੀ ਸੇਵਾ ਲਈ ਪੂਰੇ ਪ੍ਰਬੰਧ ਭਗਤਾ ਵੱਲੋਂ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਆਉਣ ਜਾਣ ਵਾਲੇ ਸ਼ਰਧਾਲੂਆਂ ਨੂੰ ਲੰਗਰ ਛਕਾਇਆ ਜਾਵੇਗਾ।

# ਮਹਾਲੋਂ ਵਿਖੇ ਸੰਯੁਕਤ ਕਿਸਾਨ ਮੋਰਚੇ ਦੀਆਂ ਕਿਸਾਨ ਜਥੇਬੰਦੀਆਂ ਦਾ ਭਾਰੀ ਇਕੱਠ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਪਿੰਡ ਮਹਾਲੋਂ ਵਿਖੇ ਸੰਯੁਕਤ ਕਿਸਾਨ ਮੋਰਚੇ ਦੀਆਂ ਕਿਸਾਨ ਜਥੇਬੰਦੀਆਂ ਦਾ ਭਾਰੀ ਇਕੱਠ ਹੋਇਆ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਸੁਰਿੰਦਰ ਸਿੰਘ ਬੈਂਸ, ਭੁਪਿੰਦਰ ਸਿੰਘ ਵੜੈਚ, ਬੀ ਕੇ ਯੂ ਲੱਖੋਵਾਲ ਦੇ ਰਣਜੀਤ ਸਿੰਘ ਰਟੈਂਡਾ, ਅਵਤਾਰ ਸਿੰਘ ਸਾਧੜਾ, ਬੀ ਕੇ ਯੂ ਰਾਜੇਵਾਲ ਦੇ ਸੰਤੋਖ ਸਿੰਘ ਰੈਲਮਾਜਰਾ, ਕੌਮੀ ਕਿਸਾਨ ਯੂਨੀਅਨ ਦੇ ਨਿਰਮਲ ਸਿੰਘ ਔਜਲਾ, ਦੋਆਬਾ ਕਿਸਾਨ ਯੂਨੀਅਨ ਦੇ ਕੁਲਦੀਪ ਸਿੰਘ ਦਿਆਲਾ, ਕਿਸਾਨ ਮਜ਼ਦੂਰ ਮੋਰਚੇ ਦੇ ਕਰਨ ਸਿੰਘ ਰਾਣਾ ਨੇ ਕਿਹਾ ਕਿ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਦਾ ਡਟ ਕੇ ਵਿਰੋਧ ਕਰਦੇ ਹਨ। ਇਹ ਪੰਜਾਬ ਦੀ ਕਿਸਾਨੀ ਲਈ ਜਿਥੇ ਵਿਨਾਸ਼ਕਾਰੀ ਹੈ ਉਥੇ ਮਜ਼ਦੂਰਾਂ, ਦੁਕਾਨਦਾਰਾਂ ਅਤੇ ਹੋਰ ਵਰਗਾਂ ਦਾ ਵੀ ਉਜਾੜਾ ਕਰੇਗੀ। ਇਹ ਪਹਿਲੇ ਪੜਾਅ 'ਚ ਪੰਜਾਬ ਦੇ ਪਿੰਡਾਂ ਦੀ 65000 ਏਕੜ ਜਰਖੇਜ਼ ਜ਼ਮੀਨ ਖੋਹਣ ਦੀ ਸਾਜਿਸ਼ ਰਚੀ ਗਈ ਹੈ। ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਨੂੰ ਲਾਗੂ ਕਰਦਿਆਂ 30 ਜੁਲਾਈ ਨੂੰ ਮਹਾਲੋਂ ਤੋਂ ਸਵੇਰੇ 10 ਵਜੇ ਟਰੈਕਟਰ ਮਾਰਚ ਕੀਤਾ ਜਾਵੇਗਾ ਅਤੇ ਡਿਪਟੀ ਕਮਿਸ਼ਨਰ ਨਵਾਂਸ਼ਹਿਰ ਨੂੰ ਲੈਂਡ ਪੂਲਿੰਗ ਨੀਤੀ ਰੱਦ ਕਰਵਾਉਣ ਹਿੱਤ ਮੰਗ ਪੱਤਰ ਦਿੱਤਾ ਜਾਵੇਗਾ। ਸਟੇਜ ਸਕੱਤਰ ਦੀ ਜ਼ਿੰਮੇਵਾਰੀ ਤਰਸੇਮ ਸਿੰਘ ਬੈਂਸ ਨੇ ਨਿਭਾਈ ।ਅਖੀਰ 'ਚ ਕੁਲਜਿੰਦਰ ਸਿੰਘ ਮਹਾਲੋਂ ਨੇ ਸਾਰਿਆਂ ਦਾ ਧੰਨਵਾਦ ਕੀਤਾ। ਜਿਲ੍ਹੇ ਦੀਆ ਸਮੂਹ ਕਿਸਾਨ , ਮਜ਼ਦੂਰ ਅਤੇ ਹੋਰ ਜਥੇਬੰਦੀਆਂ ਨੂੰ 30 ਜੁਲਾਈ ਨੂੰ ਟਰੈਕਟਰ ਮਾਰਚ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।

# ਕਤਲ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਮੁਲਜ਼ਮਾਂ ਦੀ ਗ੍ਰਿਫ਼ਤਾਰੀ

**ਖਰੜ, (ਹਰਨਾਮ ਸਿੰਘ ਡੱਲਾ)**

ਜ਼ਿਲ੍ਹਾ ਐਸ.ਏ.ਐਸ. ਨਗਰ ਦੇ ਸਬ ਡਵੀਜ਼ਨ ਮੁੱਲਾਂਪੁਰ ਗਰੀਬਦਾਸ ਦੇ ਕਪਤਾਨ ਪੁਲਸ ਮੋਹਿਤ ਅਗਰਵਾਲ ਨੇ ਦੱਸਿਆ ਕਿ ਸੀਨੀਅਰ ਕਪਤਾਨ ਪੁਲਸ ਹਰਮਨਦੀਪ ਸਿੰਘ ਹਾਂਸ ਅਤੇ ਕਪਤਾਨ ਪੁਲਸ ਦਿਹਾਤੀ ਮਨਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤੇ ਕਰਵਾਈ ਕਰਦਿਆਂ 21 ਜੁਲਾਈ ਨੂੰ ਉੱਤਰ ਪ੍ਰਦੇਸ਼ ਦੇ ਨਿਵਾਸੀ ਸ਼ੈਕੀ ਦੇ ਕਤਲ ਦੇ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।ਮ੍ਰਿਤਕ ਦੀ ਘਰਵਾਲੀ ਪ੍ਰਿਯੰਕਾ ਨੇ ਥਾਣਾ ਮਾਜਰੀ ਵਿੱਚ ਦਰਜ ਸ਼ਿਕਾਇਤ ਵਿੱਚ ਦੱਸਿਆ ਸੀ ਕਿ 20 ਜੁਲਾਈ ਦੀ ਸ਼ਾਮ 8 ਵਜੇ ਉਸ ਦਾ ਘਰਵਾਲਾ ਸ਼ੈਕੀ ਘਰੇਲੂ ਸਮਾਨ ਲੈਣ ਲਈ ਪਿੰਡ ਮੀਆਂਪੁਰ ਚੰਗਰ ਗਿਆ ਸੀ, ਪਰ ਰਾਤ ਭਰ ਘਰ ਨਹੀਂ ਆਇਆ। ਅਗਲੇ ਦਿਨ ਪਤਾ ਲੱਗਾ ਕਿ ਉਹ ਬਾਬਾ ਸ਼ੇਰ ਸਿੰਘ ਸਮਾਧ ਵਿਖੇ ਗੰਭੀਰ ਜ਼ਖ਼ਮਾਂ ਨਾਲ ਪਿਆ ਸੀ। ਜਦੋਂ ਪਰਵਾਰਕ ਮੈਂਬਰ ਉਥੇ ਪਹੁੰਚੇ, ਤਾਂ ਸ਼ੈਕੀ ਨੇ ਦੱਸਿਆ ਕਿ ਪਾਣੀ ਪੀਣ ਲਈ ਸਮਾਧ 'ਤੇ ਗਿਆ ਸੀ ਜਿੱਥੇ ਦੋ ਨਿਹੰਗਾਂ ਨੇ ਉਸ ਦੀ ਕੁੱਟਮਾਰ ਕੀਤੀ। ਇਹ ਗੱਲ ਦੱਸਣ ਮਗਰੋਂ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ।ਇਸ ਘਟਨਾ ਦੀ ਸੂਚਨਾ ਮਿਲਣ ਉਪਰੰਤ, ਥਾਣਾ ਮਾਜਰੀ ਦੇ ਮੁੱਖ ਅਫਸਰ ਇੰਸਪੈਕਟਰ ਯੋਗੇਸ਼ ਕੁਮਾਰ ਅਤੇ ਪੁਲਸ ਪਾਰਟੀ ਮੌਕੇ 'ਤੇ ਪਹੁੰਚੀ। ਪੁਲਸ ਨੇ ਜਾਂਚ ਦੌਰਾਨ ਦੋਸ਼ੀ ਨਿਹੰਗ ਸੁਦਾਗਰ ਸਿੰਘ ਪੁੱਤਰ ਮਿਸ਼ਰਾ ਸਿੰਘ ਵਾਸੀ ਪਿੰਡ ਕੋਟਲੀ, ਥਾਣਾ ਮੋਰਿੰਡਾ, ਜ਼ਿਲ੍ਹਾ ਰੂਪਨਗਰ ਅਤੇ ਇੰਦਰਜੀਤ ਸਿੰਘ ਪੁੱਤਰ ਕਰਮ ਸਿੰਘ ਵਾਸੀ ਪਿੰਡ ਬਰੌਲੀ, ਤਹਿਸੀਲ ਖਰੜ, ਜ਼ਿਲ੍ਹਾ ਐਸ.ਏ.ਐਸ. ਨਗਰ ਦੀ ਪਛਾਣ ਕਰਕੇ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਲਿਆ।ਇਸ ਸਬੰਧ ਵਿੱਚ 21 ਜੁਲਾਈ ਨੂੰ ਥਾਣਾ ਮਾਜਰੀ ਵਿੱਚ ਮੁਕੱਦਮਾ ਦਰਜ ਕੀਤਾ ਗਿਆ। ਪੁਲਸ ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਦੋਸ਼ੀ ਸੁਦਾਗਰ ਸਿੰਘ ਖ਼ਿਲਾਫ ਪਹਿਲਾਂ ਵੀ ਥਾਣਾ ਸ੍ਰੀ ਚਮਕੌਰ ਸਾਹਿਬ ਵਿੱਚ 26 ਮਾਰਚ 2010 ਨੂੰ ਆਈ.ਪੀ.ਸੀ ਦੀਆਂ ਧਾਰਾਵਾਂ 324, 326, 148, 149 ਤਹਿਤ ਮਾਮਲਾ ਦਰਜ ਹੈ। ਇਸੇ ਤਰ੍ਹਾਂ ਦੋਸ਼ੀ ਇੰਦਰਜੀਤ ਸਿੰਘ ਖ਼ਿਲਾਫ 14 ਮਈ 2013 ਨੂੰ ਥਾਣਾ ਸਦਰ ਖਰੜ ਵਿੱਚ ਧਾਰਾਵਾਂ 323, 341, 148, 149 ਤਹਿਤ ਕੇਸ ਦਰਜ ਹੋਇਆ ਸੀ।

# ਖੁੱਡੀਆਂ ਨੇ ਪਸ਼ੂ ਪਾਲਣ ਵਿਭਾਗ 'ਚ 8 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਇੱਥੇ ਆਪਣੇ ਦਫ਼ਤਰ ਵਿੱਚ ਪੰਜ ਵੈਟਰਨਰੀ ਇੰਸਪੈਕਟਰਾਂ, ਦੋ ਸਟੈਨੋਗ੍ਰਾਫਰ-ਕਮ-ਟਾਈਪਿਸਟ ਅਤੇ ਇੱਕ ਗਿਣਤੀਕਾਰ ਨੂੰ ਨਿਯੁਕਤੀ ਪੱਤਰ ਸੌਂਪੇ, ਜਿਸ ਨਾਲ ਮਾਰਚ 2022 ਤੋਂ ਲੈ ਕੇ ਹੁਣ ਤੱਕ ਵਿਭਾਗ ਵਿੱਚ ਕੀਤੀਆਂ ਕੁੱਲ ਭਰਤੀਆਂ ਦੀ ਗਿਣਤੀ 942 ਹੋ ਗਈ ਹੈ। ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੱਤਾ ਸੰਭਾਲਣ ਉਪਰੰਤ ਪਸ਼ੂ ਪਾਲਣ ਵਿਭਾਗ ਵਿੱਚ 326 ਵੈਟਰਨਰੀ ਅਫਸਰ, 545 ਵੈਟਰਨਰੀ ਇੰਸਪੈਕਟਰ ਅਤੇ 63 ਗਰੁੱਪ ਸੀ ਦੀਆਂ ਅਸਾਮੀਆਂ 'ਤੇ ਭਰਤੀ ਕੀਤੀ ਗਈ ਹੈ।ਨਵ-ਨਿਯੁਕਤ ਕਰਮਚਾਰੀਆਂ ਨੂੰ ਵਧਾਈ ਦਿੰਦਿਆਂ ਖੁੱਡੀਆਂ ਨੇ ਉਨ੍ਹਾਂ ਨੂੰ ਪੰਜਾਬ ਦੇ ਲੋਕਾਂ ਦੀ ਭਲਾਈ ਲਈ ਪੂਰੀ ਲਗਨ ਅਤੇ ਸਮਰਪਣ ਦੀ ਭਾਵਨਾ ਨਾਲ ਆਪਣਾ ਫ਼ਰਜ਼ ਨਿਭਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜ਼ਿੰਦਗੀ ਵਿੱਚ ਸਫਲਤਾ ਹਾਸਲ ਕਰਨ ਲਈ ਸਖ਼ਤ ਮਿਹਨਤ ਬੇਹੱਦ ਜ਼ਰੂਰੀ ਹੈ।ਇਸ ਦੌਰਾਨ ਖੁੱਡੀਆਂ ਨੇ ਦਰਜਾ-4 ਦੇ 19 ਕਰਮਚਾਰੀਆਂ ਨੂੰ ਵੀ ਵਧਾਈ ਦਿੱਤੀ, ਜਿਨ੍ਹਾਂ ਨੂੰ ਕਲੈਰੀਕਲ ਪੱਧਰ ਦੀ ਤਰੱਕੀ ਦਿੱਤੀ ਗਈ ਹੈ।ਇਸ ਮੌਕੇ ਪਸ਼ੂ ਪਾਲਣ ਵਿਭਾਗ ਦੇ ਡਾਇਰੈਕਟਰ ਡਾ. ਪਰਮਦੀਪ ਸਿੰਘ ਵਾਲੀਆ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

# ਪੈਨਸ਼ਨ ਯੂਨੀਅਨ ਦੀ ਮੀਟਿੰਗ ਹੋਈ

**ਨੰਗਲ (ਸੁਰਜੀਤ ਸਿੰਘ)**

ਪੰਜਾਬ ਪੈਨਸ਼ਨ ਯੂਨੀਅਨ ਨੰਗਲ ਏਟਕ ਬਰਾਂਚ ਨੰਗਲ ਦੀ ਮੀਟਿੰਗ ਪ੍ਰਧਾਨ ਚੰਦ ਪ੍ਰਧਾਨ ਦੀ ਪ੍ਰਧਾਨਗੀ ਹੇਠ ਕੀਤੀ ਗਈ। ਜਿਸ ਵਿੱਚ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀਆਂ ਮੁਲਾਜ਼ਮ ਮਾਰੂ, ਬੇਰੁਜ਼ਗਾਰੀ ਅਤੇ ਮਹਿੰਗਾਈ, ਕਿਸਾਨ ਵਿਰੋਧੀ ਨੀਤੀਆਂ ਦੀ ਘੋਰ ਨਿੰਦਿਆ ਕੀਤੀ ਗਈ। ਮੀਟਿੰਗ ਵਿੱਚ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਤੁਰੰਤ ਹੱਲ ਕੀਤੀਆਂ ਜਾਣ, ਤਿੰਨ ਸਾਲ ਬੀਤ ਜਾਣ 'ਤੇ ਵੀ ਪੰਜਾਬ ਸਰਕਾਰ ਬੁਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ। ਸਾਂਝੇ ਫਰੰਟ ਨਾਲ ਮੀਟਿੰਗਾਂ ਤੋਂ ਬੁਰੀ ਤਰ੍ਹਾਂ ਭੱਜ ਰਹੀ ਹੈ। ਮੀਟਿੰਗ ਵਿੱਚ ਮੰਗ ਕੀਤੀ ਗਈ ਕਿ ਰੋਡਵੇਜ਼ ਵਿੱਚ ਨਵੀਆਂ ਬੱਸਾਂ ਪਾ ਕੇ 2407 ਦਾ ਫਲੀਟ ਪੂਰਾ ਕੀਤਾ ਜਾਵੇ, ਠੇਕੇਦਾਰੀ ਸਿਸਟਮ ਬੰਦ ਕਰਕੇ ਮੈਨੇਜਮੈਂਟ ਵਾਲੇ ਕਾਮੇ ਬਿਨਾਂ ਸ਼ਰਤ ਤੁਰੰਤ ਪੱਕੇ ਕੀਤੇ ਜਾਣ, ਆਊਟਸੋਰਸ ਵਾਲੇ ਕਾਮੇ ਕੰਟਰੈਕਟ 'ਤੇ ਲਏ ਜਾਣ, ਪੈਨਸ਼ਨਰਾਂ ਨੂੰ 2:59 ਅਨੁਸਾਰ ਤੇ ਕਮਿਸ਼ਨ ਦਾ ਬਕਾਇਆ ਇਕ ਕਿਸ਼ਤ ਵਿੱਚ ਦਿੱਤਾ ਜਾਵੇ, ਡੀਏ ਦੀਆਂ ਪੈਂਡਿੰਗ ਕਿਸ਼ਤਾਂ ਅਤੇ ਡੀਏ ਦਾ ਪਿਛਲਾ ਬਕਾਇਆ ਤੁਰੰਤ ਦਿੱਤਾ ਜਾਵੇ, 2004 ਤੋਂ ਬਾਅਦ ਬੰਦ ਕੀਤੀ ਗਈ ਪੁਰਾਣੀ ਪੈਨਸ਼ਨ ਤੁਰੰਤ ਬਹਾਲ ਕੀਤੀ ਜਾਵੇ, ਸਪੇਅਰ ਪਾਰਟ ਅਤੇ ਟਾਇਰਾਂ ਤੋਂ ਬਿਨਾਂ ਡੀਪੂਆਂ ਵਿੱਚ ਖੜ੍ਹੀਆਂ ਬੱਸਾਂ ਤੁਰੰਤ ਚਲਾਈਆਂ ਜਾਣ। ਜੇਕਰ ਸਰਕਾਰ ਵੱਲੋਂ ਫਿਰ ਵੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਪੰਜਾਬ ਲੈਵਲ ਤੇ ਮਹਾਂ ਗਠਜੋੜ ਬਣਾ ਕੇ ਸਰਕਾਰ ਖਿਲਾਫ ਜ਼ੋਰਦਾਰ ਸੰਘਰਸ਼ ਉਲੀਕਿਆ ਜਾਵੇਗਾ। ਮੀਟਿੰਗ ਵਿੱਚ ਰਣਜੀਤ ਸਿੰਘ ਗੁਲਮਾਰਗ, ਤਰਸੇਮ ਸਿੰਘ ਕੈਂਥੀਆਰ, ਜਤਿੰਦਰ ਸੋਹਲ ਸੈਕਟਰੀ, ਸੇਵਾ ਸਿੰਘ, ਰਾਜਕੁਮਾਰ, ਗਿਆਨ ਸਿੰਘ,



ਲਖਵਿੰਦਰ ਬਾਬਾ, ਹਰਿੰਦਰਜੀਤ ਸਿੰਘ, ਸ਼ੇਰ ਸਿੰਘ, ਜੁਗਰਾਜ ਸਿੰਘ, ਰਾਮ ਪਿਆਰਾ, ਅਮਨਦੀਪ ਸਿੰਘ, ਜਨਮੀਤ ਸਿੰਘ ਸੰਧੂ ਅਤੇ ਗੁਰਨਾਮ ਸਿੰਘ ਔਲਖ ਸਮੇਤ ਹੋਰ ਮੈਂਬਰ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ। ਮੀਟਿੰਗ ਵਿੱਚ ਪ੍ਰਸਿੱਧ ਕਮਿਊਨਿਸਟ, ਕੇਰਲਾ ਦੇ ਸਾਬਕਾ ਮੁੱਖ ਮੰਤਰੀ ਕਾਮਰੇਡ ਵੀ ਐਸ ਅਛੂਤਾਨੰਦਨ ਅਤੇ ਸਰਦਾਰ ਫੌਜਾ ਸਿੰਘ ਦੀਆਂ ਬੇਵਕਤੀ ਮੌਤਾਂ 'ਤੇ ਦੋ ਮਿੰਟ ਮੌਨ ਧਾਰ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।

# ਡੇਰਾਬੱਸੀ ਦੇ 1 ਤੋਂ 6 ਵਾਰਡ ਵਾਸੀਆਂ ਨੇ ਵੀ ਨਸ਼ਿਆਂ ਦੇ ਖ਼ਤਰੇ ਨੂੰ ਖ਼ਤਮ ਕਰਨ ਲਈ ਇਕਜੁੱਟਤਾ ਦਿਖਾਈ : ਰੰਧਾਵਾ



ਡੇਰਾਬੱਸੀ (ਵਿਨੈ ਕੁਮਾਰ ਜੈਨ)-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਨਸ਼ਿਆਂ ਵਿਰੁੱਧ ਜੰਗ ਮੁਹਿੰਮ ਇੱਕ ਮਹੱਤਵਪੂਰਨ ਪੜਾਅ 'ਤੇ ਪਹੁੰਚ ਗਈ ਹੈ ਜਿੱਥੇ ਡੇਰਾਬੱਸੀ ਦੇ ਵਾਰਡ ਵਾਸੀ ਵੀ ਨਸ਼ਿਆਂ ਦੇ ਖ਼ਤਰੇ ਨੂੰ ਖ਼ਤਮ ਕਰਨ ਲਈ ਇਕਜੁੱਟ ਹੋ ਕੇ ਹੱਥ ਮਿਲਾ ਰਹੇ ਹਨ। ਇਸ ਸਬੰਧ ਵਿੱਚ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਡੇਰਾਬੱਸੀ ਦੇ ਵਾਰਡ ਨੰਬਰ 1 ਤੋਂ 6 ਵਿੱਚ ਮੀਟਿੰਗਾਂ ਕੀਤੀਆਂ ਅਤੇ ਲੋਕਾਂ ਨੂੰ ਇਸ ਮੁਹਿੰਮ ਨੂੰ ਲੋਕ ਲਹਿਰ ਬਣਾਉਣ ਲਈ ਲਾਮਬੰਦ ਕੀਤਾ। ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਵਧ ਰਹੀ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਸ਼ੁਰੂ ਕੀਤੀ ਗਈ ਇਸ ਮੁਹਿੰਮ ਨੇ ਸਥਾਨਕ ਭਾਈਚਾਰਿਆਂ ਦੀ ਸਰਗਰਮ ਭਾਗੀਦਾਰੀ ਨਾਲ ਜ਼ੀਰਕਪੁਰ ਵਿੱਚ ਤੇਜ਼ੀ ਫੜ ਲਈ ਹੈ। ਇਸ ਮੁਹਿੰਮ ਵਿੱਚ ਸਰਗਰਮੀ ਨਾਲ ਸ਼ਾਮਲ ਵਿਧਾਇਕ ਰੰਧਾਵਾ ਨੇ ਵਾਰਡ ਨੰਬਰ 1 ਤੋਂ 6 ਵਿੱਚ ਨਸ਼ਿਆਂ ਦੇ ਨੁਕਸਾਨਦੇਹ ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾਉਣ ਅਤੇ ਲੋਕਾਂ ਨੂੰ ਇਸ ਲਹਿਰ ਵਿੱਚ ਸ਼ਾਮਲ ਹੋਣ ਲਈ ਉਤਸ਼ਾਹਿਤ ਕਰਨ ਲਈ ਮੀਟਿੰਗਾਂ ਕੀਤੀਆਂ। ਮੀਟਿੰਗਾਂ ਦੌਰਾਨ ਵਿਧਾਇਕ ਰੰਧਾਵਾ ਨੇ ਨਸ਼ਿਆਂ ਵਿਰੁੱਧ ਲੜਨ ਲਈ ਸਮੂਹਿਕ ਯਤਨਾਂ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਅਤੇ ਲੋਕਾਂ ਨੂੰ ਅੱਗੇ ਆਉਣ ਅਤੇ ਮੁਹਿੰਮ ਦਾ ਸਮਰਥਨ ਕਰਨ ਦੀ ਅਪੀਲ ਕੀਤੀ। ਉਨ੍ਹਾਂ ਨੇ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਪੰਜਾਬ ਸਰਕਾਰ ਵੱਲੋਂ ਕੀਤੀਆਂ ਗਈਆਂ ਵੱਖ-ਵੱਖ ਪਹਿਲਕਦਮੀਆਂ 'ਤੇ ਵੀ ਚਾਨਣਾ ਪਾਇਆ। ਵਿਧਾਇਕ ਰੰਧਾਵਾ ਨੇ ਸਥਾਨਕ ਅਧਿਕਾਰੀਆਂ ਨੂੰ ਵੀ ਮੁਹਿੰਮ ਦੀ ਸਫਲਤਾ ਨੂੰ ਯਕੀਨੀ ਬਣਾਉਣ ਲਈ ਭਾਈਚਾਰੇ ਨਾਲ ਮਿਲ ਕੇ ਕੰਮ ਕਰਨ ਦੀ ਅਪੀਲ ਕੀਤੀ। ਨਸ਼ਿਆਂ ਵਿਰੁੱਧ ਜੰਗ ਮੁਹਿੰਮ ਨੂੰ ਡੇਰਾਬੱਸੀ ਦੇ ਲੋਕਾਂ ਵੱਲੋਂ ਭਾਰੀ ਸਮਰਥਨ ਮਿਲਿਆ ਹੈ ਅਤੇ ਪਿੰਡਾਂ ਅਤੇ ਵਾਰਡਾਂ ਦੀ ਸ਼ਮੂਲੀਅਤ ਨਾਲ, ਇਸ ਖੇਤਰ ਵਿੱਚੋਂ ਨਸ਼ਿਆਂ ਦੇ ਖ਼ਤਰੇ ਨੂੰ ਖ਼ਤਮ ਕਰਨ ਵਿੱਚ ਮਹੱਤਵਪੂਰਨ ਪ੍ਰਭਾਵ ਪਾਉਣ ਦੀ ਉਮੀਦ ਹੈ ।ਇਸ ਮੌਕੇ ਪ੍ਰਸ਼ਾਸ਼ਨਿਕ ਅਧਿਕਾਰੀ, ਐਮ.ਸੀ. ਸਾਹਿਬਾਨ ਸਮੇਤ ਪਾਰਟੀ ਦੀ ਸਮੁੱਚੀ ਟੀਮ ਮੌਜੂਦ ਰਹੀ।

# ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਤੇ ਫੈਕਟਰੀ ਮਜ਼ਦੂਰ ਯੂਨੀਅਨ ਕਪੂਰਥਲਾ ਦੇ ਅਹੁਦੇਦਾਰਾਂ ਦੀ ਮੀਟਿੰਗ



**ਕਾਲਾ ਸੰਘਿਆਂ (ਮਨਜੀਤ ਮਾਨ)**

ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਅਤੇ ਫੈਕਟਰੀ ਮਜ਼ਦੂਰ ਯੂਨੀਅਨ ਕਪੂਰਥਲਾ ਵੱਲੋਂ ਸਾਂਝੀ ਮੀਟਿੰਗ ਪਿੰਡ ਬਿਜਲੀ ਨੰਗਲ ਜ਼ਿਲ੍ਹਾ ਕਪੂਰਥਲਾ ਵਿਖੇ ਕੀਤੀ ਗਈ।ਮੀਟਿੰਗ ਵਿੱਚ ਦੋਨੇ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਚੱਲਣ ਦਾ ਫ਼ੈਸਲਾ ਕੀਤਾ। ਇਸ ਮੌਕੇ ਬੀ ਕੇ ਯੂ ਕ੍ਰਾਂਤੀਕਾਰੀ ਪ੍ਰਧਾਨ ਬਾਈ ਨੱਛਤਰ ਸਿੰਘ ਅਤੇ ਫੈਕਟਰੀ ਮਜ਼ਦੂਰ ਯੂਨੀਅਨ ਪ੍ਰਧਾਨ ਹਰਪ੍ਰੀਤ ਸਿੰਘ ਨੇ ਕਿਹਾ ਕਿ ਦੋਵੇਂ ਜਥੇਬੰਦੀਆਂ ਕਿਸਾਨਾਂ ਮਜ਼ਦੂਰਾ ਨਾਲ ਹੁੰਦੇ ਧੱਕੇ ਵਿਰੁੱਧ ਮਿਲਕੇ ਸੰਘਰਸ਼ ਲੜਨਗੀਆ।ਪ੍ਰਧਾਨ ਹਰਪ੍ਰੀਤ ਸਿੰਘ ਨੇ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਵੱਲੋਂ ਦੋਆਬੇ ਵਿੱਚ ਬਾਈ ਨਛੱਤਰ ਸਿੰਘ ਦੀ ਅਗਵਾਈ ਵਿੱਚ ਜਿਸ ਤਰ੍ਹਾਂ ਕਿਸਾਨਾਂ ਮਜ਼ਦੂਰਾਂ ਨੂੰ ਲਾਮਬੰਦ ਕੀਤਾ ਗਿਆ ਉਸ ਤੋਂ ਪ੍ਰਭਾਵਿਤ ਹੋ ਕੇ ਆਈ ਟੀ ਸੀ ਇੰਪਲਾਈਜ ਯੂਨੀਅਨ (ਫੈਕਟਰੀ ਮਜ਼ਦੂਰ ਯੂਨੀਅਨ) ਵੱਲੋਂ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਨਾਲ ਜੁੜਨ ਦਾ ਫੈਸਲਾ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਕਪੂਰਥਲਾ ਬੀਕੇਯੂ ਕ੍ਰਾਂਤੀਕਾਰੀ ਹਰਜੀਤ ਸਿੰਘ ਪੱਡਾ, ਮੰਨਾ ਚਾਹਲ ਜਨਰਲ ਸਕੱਤਰ ਦੁਆਬਾ ਜੋਨ ਬੀਕੇਯੂ ਕ੍ਰਾਂਤੀਕਾਰੀ, ਕੁਲਦੀਪ ਸਿੰਘ ਬਲਾਕ ਪ੍ਰਧਾਨ ਢਿੱਲਵਾਂ ਜੋਨ, ਲਵਪ੍ਰੀਤ ਸਿੰਘ ਕੋਕਲਪੁਰ, ਲਵਪ੍ਰੀਤ ਸਿੰਘ ਢਿੱਲਵਾਂ, ਮੰਗੀ ਸਿੰਘ, ਬਾਬਾ ਬੂਟਾ ਸਿੰਘ, ਵਰਿੰਦਰ ਸਿੰਘ ਆਦਿ ਹਾਜ਼ਰ ਸਨ।

# ਬਰਸਟ ਨੇ ਪੰਜਾਬ ਮਾਰਕਿਟ ਕਮੇਟੀਜ਼ ਕਰਮਚਾਰੀ ਯੂਨੀਅਨ ਦੀਆਂ ਮੰਗਾਂ ਦਾ ਮੌਕੇ 'ਤੇ ਹੀ ਕੀਤਾ ਨਿਪਟਾਰਾ

**ਮੋਹਾਲੀ (ਗੁਰਜੀਤ ਬਿੱਲਾ)**

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਅਹਿਮ ਫੈਸਲੇ ਲੈਂਦਿਆਂ ਹੋਇਆਂ ਪੰਜਾਬ ਮਾਰਕਿਟ ਕਮੇਟੀਜ਼ ਕਰਮਚਾਰੀ ਯੂਨੀਅਨ ਦੀਆਂ ਮੰਗਾਂ ਨੂੰ ਮੰਨਿਆ ਗਿਆ ਹੈ, ਜਿਸ ਲਈ ਕਰਮਚਾਰੀ ਯੂਨੀਅਨ ਵੱਲੋਂ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਦਾ ਤਹਿ-ਦਿਲੋਂ ਧੰਨਵਾਦ ਕੀਤਾ ਗਿਆ। ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨਾਲ ਅੱਜ ਮੁੱਖ ਦਫ਼ਤਰ ਵਿਖੇ ਪੰਜਾਬ ਮਾਰਕਿਟ ਕਮੇਟੀਜ਼ ਕਰਮਚਾਰੀ ਯੂਨੀਅਨ ਦੇ ਨੁਮਾਇੰਦਿਆਂ ਵੱਲੋਂ ਮੁਲਾਕਾਤ ਕੀਤੀ ਗਈ। ਇਸ ਮੌਕੇ ਮੁਲਾਜ਼ਮਾਂ ਦੀਆਂ ਮੰਗਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਯੂਨੀਅਨ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਬਾਰੇ ਚੇਅਰਮੈਨ, ਪੰਜਾਬ ਮੰਡੀ ਬੋਰਡ ਨੂੰ ਜਾਣੂ ਕਰਵਾਇਆ ਗਿਆ, ਜਿਨ੍ਹਾਂ ਦਾ ਚੇਅਰਮੈਨ ਵੱਲੋਂ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ।ਇਸ ਦੌਰਾਨ ਬਰਸਟ ਨੇ ਕਿਹਾ ਕਿ ਕਰਮਚਾਰੀਆਂ ਦੀਆਂ ਚਿੰਤਾਵਾਂ ਅਤੇ ਮੰਗਾਂ ਨੂੰ ਗੰਭੀਰਤਾ ਨਾਲ ਲਿਆ ਗਿਆ ਹੈ ਅਤੇ ਇਹ ਫੈਸਲੇ ਬੋਰਡ ਦੀ ਕਾਰਗੁਜ਼ਾਰੀ ਨੂੰ ਹੋਰ ਬਿਹਤਰ ਬਣਾਉਣ ਵੱਲ ਇੱਕ ਹੋਰ ਕਦਮ ਹਨ। ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਤੋਂ ਹੀ ਮੁਲਾਜ਼ਮਾਂ ਦੇ ਹੱਕ ਵਿੱਚ ਖੜੇ ਰਹੇ ਹਨ। ਬਰਸਟ ਨੇ ਕਿਹਾ ਕਿ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਿੱਥੇ ਹਰ ਵਰਗ ਦੀ ਭਲਾਈ ਲਈ ਯਤਨਸ਼ੀਲ ਹੈ, ਉੱਥੇ ਹੀ ਮੁਲਾਜ਼ਮਾਂ ਦੀ ਭਲਾਈ ਲਈ ਵੀ ਵਚਨਬੱਧ ਹੈ। ਯੂਨੀਅਨ ਮੈਂਬਰਾਂ ਨੇ ਚੇਅਰਮੈਨ ਪੰਜਾਬ ਮੰਡੀ ਬੋਰਡ ਦਾ



ਧੰਨਵਾਦ ਕਰਦਿਆਂ ਕਿਹਾ ਕਿ ਇਹ ਫੈਸਲੇ ਕਰਮਚਾਰੀਆਂ ਦੇ ਮਨੋਬਲ ਨੂੰ ਵਧਾਉਣਗੇ। ਮਾਰਕਿਟ ਕਮੇਟੀਆਂ ਦਾ ਸਿੱਧਾ ਸਬੰਧ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨਾਲ ਹੁੰਦਾ ਹੈ, ਇਸ ਲਈ ਯੂਨੀਅਨ ਦੇ ਨੁਮਾਇੰਦਿਆਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਨਹੀਂ ਆਉਣ ਦੇਣਗੇ।

# ਦ ਨੌਰਵੁੱਡ ਸਕੂਲ ਦੇ ਲੜਕਿਆਂ ਦੀ ਅੰਡਰ-14 ਤੇ ਅੰਡਰ-17 ਵਾਲੀਬਾਲ ਟੀਮ ਨੇ ਵਾਲੀਬਾਲ ਟੂਰਨਾਮੈਂਟ 'ਚ ਦੂਜਾ ਸਥਾਨ ਹਾਸਲ ਕੀਤਾ



**ਬਲਾਚੌਰ (ਜਸਵਿੰਦਰ ਬੈਂਸ)**

ਅੰਡਰ-14 ਅਤੇ ਅੰਡਰ-17 ਲੜਕਿਆਂ ਦੀਆਂ ਵਾਲੀਬਾਲ ਟੀਮਾਂ ਨੇ ਸੀ.ਬੀ.ਐੱਸ.ਈ ਕਲੱਸਟਰ XVIII ਵਾਲੀਬਾਲ ਟੂਰਨਾਮੈਂਟ ਵਿੱਚ ਦੂਜਾ ਸਥਾਨ ਪ੍ਰਾਪਤ ਕਰਕੇ ਇੱਕ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ।ਵਾਲੀਬਾਲ ਟੂਰਨਾਮੈਂਟ ਦੀ ਮੇਜ਼ਬਾਨੀ ਸ੍ਰੀ ਗੁਰੂ ਹਰਕਿਸ਼ਨ ਪਬਲਿਕ ਸਕੂਲ, ਕਪੂਰਥਲਾ ਵੱਲੋਂ ਕੀਤੀ ਗਈ। ਜਿੱਥੇ 17 ਤੋਂ 20 ਜੁਲਾਈ ਤੱਕ ਵਾਲੀਬਾਲ ਅੰਡਰ-14 ਅਤੇ ਅੰਡਰ-17 ਗਰੁੱਪ ਪੰਜਾਬ ਦੇ ਸੀ.ਬੀ.ਐੱਸ.ਈ ਕਲੱਸਟਰ XVIII ਦੀਆਂ 52 ਟੀਮਾਂ ਨੇ ਭਾਗ ਲਿਆ।ਦ ਨੌਰਵੁੱਡ ਸਕੂਲ ਦੇ ਲੜਕਿਆਂ ਦੀ ਅੰਡਰ-14 ਅਤੇ ਅੰਡਰ-17 ਵਾਲੀਬਾਲ ਟੀਮ ਨੇ ਫਾਈਨਲ ਵਿੱਚ ਗੁਰੂ ਅਮਰਦਾਸ ਸਕੂਲ, ਕਪੂਰਥਲਾ ਅਤੇ ਯੂ.ਐਸ.ਪੀ.ਸੀ ਜੈਨ ਪਬਲਿਕ ਸਕੂਲ ਲੁਧਿਆਣਾ ਦੇ ਖਿਲਾਫ ਜਿੱਤ ਦਰਜ ਕਰਕੇ ਟੂਰਨਾਮੈਂਟ ਵਿੱਚ ਦੂਜਾ ਸਥਾਨ ਹਾਸਲ ਕੀਤਾ। ਵਿਦਿਆਰਥੀਆਂ ਨੇ ਵਧੀਆ ਟੀਮ ਵਰਕ ਤੇ ਇੱਕ ਅਨੁਸ਼ਾਸਿਤ ਖੇਡ ਦਾ ਸੰਦੇਸ਼ ਦਿੱਤਾ।ਸਕੂਲ ਮੈਨੇਜਮੈਂਟ ਵੱਲੋਂ ਬੱਚਿਆਂ ਦੇ ਮਾਤਾ-ਪਿਤਾ, ਕੋਚ ਅਤੇ ਖਿਡਾਰੀਆਂ ਨੂੰ ਹਾਰਦਿਕ ਵਧਾਈ ਦਿੱਤੀ ਗਈ ਜਿਨ੍ਹਾਂ ਨੇ ਇੱਥੋਂ ਤੱਕ ਪਹੁੰਚਣ ਲਈ ਆਪਣਾ ਯੋਗਦਾਨ ਦਿੱਤਾ।

# ਗ੍ਰਿਫ਼ਤਾਰ ਕੀਤੇ ਕਿਸਾਨ ਆਗੂਆਂ ਤੇ ਕਿਸਾਨਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ : ਜਮਹੂਰੀ ਫਰੰਟ

**ਬੰਗਾ (ਅਵਤਾਰ ਕਲੇਰ)**- ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਦੇ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋਫੈਸਰ ਏ.ਕੇ.ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ ਪਟਿਆਲੇ ਜ਼ਿਲ੍ਹੇ ਦੇ ਪਿੰਡ ਜਾਹਲਾਂ ਵਿੱਚ ਪ੍ਰਸ਼ਾਸਨ ਵੱਲੋਂ ਕਿਸਾਨਾਂ ਦੀਆਂ ਜ਼ਮੀਨਾਂ ਭਾਰਤ ਮਾਲਾ ਪ੍ਰੋਜੈਕਟ ਲਈ ਪੁਲਸ ਦੇ ਜ਼ੋਰ ਕਬਜ਼ਾਉਣ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ।ਫਰੰਟ ਦੇ ਆਗੂਆਂ ਨੇ ਪ੍ਰੈੱਸ ਬਿਆਨ ਜਾਰੀ ਕਰਕੇ ਕਿਹਾ ਕਿ ਪੁਲਸ ਵੱਲੋਂ ਕਿਸਾਨਾਂ ਦੇ ਵਿਰੋਧ ਨੂੰ ਦਬਾਉਣ ਲਈ ਉਨ੍ਹਾਂ ਉੱਪਰ ਤਸ਼ੱਦਦ ਕੀਤਾ ਗਿਆ ਹੈ, ਕਿਸਾਨ ਔਰਤਾਂ ਨਾਲ ਬਦਤਮੀਜ਼ੀ ਕੀਤੀ ਗਈ ਹੈ ਅਤੇ ਵਿਰੋਧ ਕਰ ਰਹੇ ਸੈਂਕੜੇ ਕਿਸਾਨਾਂ ਅਤੇ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੂੰ ਗ੍ਰਿਫ਼ਤਾਰ ਕਰਕੇ ਥਾਣਿਆਂ ਵਿੱਚ ਬੰਦ ਕੀਤਾ ਗਿਆ ਹੈ।ਇਸ ਜਾਬਰ ਹੱਲੇ ਵਿਰੁੱਧ ਸਮੂਹ ਜਨਤਕ ਜਮਹੂਰੀ ਜਥੇਬੰਦੀਆਂ ਨੂੰ ਜ਼ੋਰਦਾਰ ਆਵਾਜ਼ ਉਠਾਉਣ ਦੀ ਅਪੀਲ ਹੈ।ਉਨ੍ਹਾਂ ਮੰਗ ਕੀਤੀ ਕਿ ਪੁਲਸ ਤਾਕਤ ਦੇ ਜ਼ੋਰ ਉਪਜਾਊ ਜ਼ਮੀਨਾਂ ਐਕਵਾਇਰ ਕਰਨੀਆਂ ਬੰਦ ਕੀਤੀਆਂ ਜਾਣ। ਭਾਰਤ ਮਾਲਾ, ਕਥਿਤ ਸ਼ਹਿਰੀ ਵਿਕਾਸ ਵਰਗੇ ਗੈਰਉਪਜਾਊ ਅਤੇ ਉਜਾੜੂ ਪਾਊ ਪ੍ਰੋਜੈਕਟ ਰੱਦ ਕੀਤੇ ਜਾਣ। ਗ੍ਰਿਫ਼ਤਾਰ ਕੀਤੇ ਕਿਸਾਨ ਆਗੂਆਂ ਸਮੇਤ ਸਾਰੇ ਕਿਸਾਨਾਂ ਨੂੰ ਤੁਰੰਤ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ।

# ਸਪੈਸ਼ਲ ਡੀ ਜੀ ਪੀ ਵੱਲੋਂ ਸੀ ਪੀ ਦਫਤਰ ਵਿਖੇ ਸਾਈਬਰ ਕਿਓਸਕ ਦਾ ਉਦਘਾਟਨ

**ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ)**

ਕਮਿਸ਼ਨਰੇਟ ਪੁਲਸ ਜਲੰਧਰ ਵਲੋਂ ਡਿਜੀਟਲ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨ ਵੱਲ ਇਕ ਹੋਰ ਅਹਿਮ ਕਦਮ ਚੁੱਕਦੇ ਹੋਏ ਦਫ਼ਤਰ ਪੁਲਸ ਕਮਿਸ਼ਨਰ ਜਲੰਧਰ ਵਿਖੇ ਸਾਈਬਰ ਕਿਓਸਕ ਮਸ਼ੀਨ ਇੰਸਟਾਲ ਕੀਤੀ ਗਈ। ਇਸ ਦਾ ਉਦਘਾਟਨ ਸਪੈਸ਼ਲ ਡੀ.ਜੀ.ਪੀ. (ਟੈਕਨੀਕਲ ਸਪੋਰਟ ਸਰਵਿਸਿਜ਼) ਰਾਮ ਸਿੰਘ ਵੱਲੋਂ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਪੁਲਸ ਕਮਿਸ਼ਨਰ ਜਲੰਧਰ ਧਨਪ੍ਰੀਤ ਕੌਰ, ਜੁਆਇੰਟ ਸੀ.ਪੀ. ਸੰਦੀਪ ਕੁਮਾਰ, ਡੀ.ਸੀ.ਪੀ. ਇਨਵੈਸਟੀਗੇਸ਼ਨ ਮਨਪ੍ਰੀਤ ਸਿੰਘ ਢਿੱਲੋਂ ਅਤੇ ਹੋਰ ਸੀਨੀਅਰ ਪੁਲਸ ਅਧਿਕਾਰੀ ਵੀ ਮੌਜੂਦ ਸਨ। ਇਹ ਸਾਈਬਰ ਕਿਓਸਕ ਇੱਕ ਸਟੈਂਡਅਲੋਨ ਮਸ਼ੀਨ ਹੈ, ਜੋ ਕਿ ਮੋਬਾਈਲ ਡਿਵਾਈਸਾਂ ਅਤੇ ਯੂ.ਐਸ.ਬੀ ਸਟੋਰੇਜ ਡਿਵਾਈਸਾਂ ਵਿੱਚੋਂ ਖਤਰਨਾਕ, ਸ਼ੱਕੀ ਜਾਂ ਹਾਨੀਕਾਰਕ ਫਾਈਲਾਂ ਅਤੇ ਐਪਲੀਕੇਸ਼ਨਾਂ ਦੀ ਪਛਾਣ ਕਰਦੀ ਹੈ, ਜਿਸ ਰਾਹੀਂ ਨਾਗਰਿਕ ਆਪਣੇ ਡਿਜੀਟਲ ਡਿਵਾਈਸ ਸੁਰੱਖਿਅਤ ਰੱਖ ਸਕਣਗੇ। ਇਸ ਦੇ ਨਾਲ ਹੀ ਸਪੈਸ਼ਲ ਡੀ.ਜੀ.ਪੀ. ਰਾਮ ਸਿੰਘ ਦੀ ਅਗਵਾਈ ਹੇਠ ਸੀ.ਪੀ. ਜਲੰਧਰ ਅਤੇ ਸਬੰਧਤ ਏਸੀਪੀਜ਼ ਨਾਲ ਮਿਲ ਕੇ ਸ਼ਹਿਰ ਭਰ ਵਿੱਚ ਇੱਕ ਟਾਰਗੇਟਿਡ ਕਾਸੋ ਆਪ੍ਰੇਸ਼ਨ ਵੀ ਚਲਾਇਆ ਗਿਆ। ਇਸ ਤੋ ਇਲਾਵਾ ਸਪੈਸ਼ਲ ਡੀ.ਜੀ.ਪੀ. ਰਾਮ ਸਿੰਘ ਨੇ ਇਕ ਉੱਚ ਪੱਧਰੀ ਮੀਟਿੰਗ ਦੀ ਅਗਵਾਈ ਕੀਤੀ, ਜਿਸ ਵਿੱਚ ਸੀ.ਪੀ. ਜਲੰਧਰ ਧਨਪ੍ਰੀਤ ਕੌਰ, ਐਸ.ਐਸ.ਪੀ. ਕਪੂਰਥਲਾ ਗੌਰਵ ਤੂਰਾ, ਐਸ.ਐਸ.ਪੀ. ਹੁਸ਼ਿਆਰਪੁਰ ਸੰਦੀਪ ਕੁਮਾਰ ਮਲਿਕ ਅਤੇ ਐਸ.ਐਸ.ਪੀ. ਜਲੰਧਰ (ਦਿਹਾਤੀ) ਹਰਵਿੰਦਰ ਸਿੰਘ ਵਿਰਕ ਤੋਂ ਇਲਾਵਾ ਜੇ.ਸੀ.ਪੀ. ਜਲੰਧਰ ਅਤੇ ਹੋਰ ਸੀਨੀਅਰ ਅਧਿਕਾਰੀ ਸ਼ਾਮਲ



ਸਨ।ਮੀਟਿੰਗ ਵਿੱਚ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕਰਨ ਅਤੇ ਨਸ਼ਾ ਵਿਰੁੱਧ ਲੜਾਈ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ 'ਤੇ ਚਰਚਾ ਹੋਈ। ਕਮਿਸ਼ਨਰੇਟ ਪੁਲਿਸ ਜਲੰਧਰ ਵੱਲੋਂ ਨਾਗਰਿਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਨਵੇਂ ਸਥਾਪਤ ਸਾਈਬਰ ਕਿਓਸਕ ਦੀ ਸਹਾਇਤਾ ਲੈ ਕੇ ਆਪਣੇ ਡਿਜੀਟਲ ਡਿਵਾਈਸਾਂ ਨੂੰ ਨੁਕਸਾਨਦਾਇਕ ਸਮੱਗਰੀ ਤੋਂ ਬਚਾਉਣ। ਇਹ ਕਦਮ ਪੁਲਸ ਵਿਭਾਗ ਦੀ ਨਾਗਰਿਕ ਸੁਰੱਖਿਆ, ਸਮਾਰਟ ਪੁਲਿਸਿੰਗ ਅਤੇ ਸਾਇਬਰ ਕ੍ਰਾਈਮ ਰੋਕਥਾਮ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

# ਅਛੂਤਾਨੰਦਨ ਦੇ ਵਿਛੋੜੇ 'ਤੇ ਗਹਿਰੇ ਦੁੱਖ, ਹਮਦਰਦੀ ਤੇ ਅਫਸੋਸ ਦਾ ਪ੍ਰਗਟਾਵਾ

**ਜਲੰਧਰ (ਨਵਾਂ ਜ਼ਮਾਨਾ ਸਰਵਿਸ)**- ਭਾਰਤ ਦੀ ਕਮਿਊਨਿਸਟ ਲਹਿਰ ਅਤੇ ਸੀ ਪੀ ਆਈ ( ਐਮ ) ਦੇ ਸਭ ਤੋਂ ਬਜ਼ੁਰਗ ਅਤੇ ਦਿਓ ਕੱਦ ਨੇਤਾ ਕਾਮਰੇਡ ਵੀ.ਐਸ. ਅਛੂਤਾਨੰਦਨ 101 ਸਾਲ ਅਤੇ 9 ਮਹੀਨੇ ਦੀ ਲੰਬੀ ਉਮਰ ਜੀਅ ਕੇ ਵਿਛੋੜਾ ਦੇ ਗਏ । ਕੇਰਲਾ ਦੇ ਸਾਬਕਾ ਮੁੱਖ ਮੰਤਰੀ ਦੀ ਮੌਤ 'ਤੇ ਸੀਪੀਆਈ ( ਐਮ ) ਦੇ ਸੂਬਾਈ ਕੰਟਰੋਲ ਕਮਿਸ਼ਨ ਦੇ ਚੇਅਰਮੈਨ ਕਾਮਰੇਡ ਲਹਿੰਬਰ ਸਿੰਘ ਤੱਗੜ , ਕਾਮਰੇਡ ਹਰਕਿਸ਼ਨ ਸਿੰਘ ਸੁਰਜੀਤ ਦੇ ਸਪੁੱਤਰ ਕਾਮਰੇਡ ਗੁਰਚੇਤਨ ਸਿੰਘ ਬਾਸੀ ਅਤੇ ਬੀਬੀ ਗੁਰਪਰਮਜੀਤ ਕੌਰ ਤੱਗੜ ਨੇ ਬਹੁਤ ਹੀ ਗਹਿਰੇ ਦੁੱਖ, ਅਫਸੋਸ ਅਤੇ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ ।ਕਾਮਰੇਡ ਤੱਗੜ ਵੱਲੋਂ ਜਾਰੀ ਕੀਤੇ ਗਏ ਇੱਕ ਲਿਖਤੀ ਪ੍ਰੈਸ ਨੋਟ ਵਿੱਚ ਕਿਹਾ ਗਿਆ ਹੈ ਕਿ ਕਾਮਰੇਡ ਵੀ.ਐਸ. ਅਛੂਤਾਨੰਦਨ ਭਾਰਤ ਦੇ ਉਹਨਾਂ ਮਹਾਨ 32 ਕਮਿਊਨਿਸਟ ਨੇਤਾਵਾਂ ਵਿੱਚੋਂ ਇੱਕ ਸਨ ਜਿਨਾਂ ਨੇ 11 ਅਪ੍ਰੈਲ 1964 ਨੂੰ ਸੀਪੀਆਈ ਦੀ ਨੈਸ਼ਨਲ ਕੌਂਸਲ ਦੀ ਮੀਟਿੰਗ ਵਿੱਚੋਂ ਵਾਕ ਆਊਟ ਕੀਤਾ ਸੀ ਅਤੇ ਨਵੰਬਰ 1964 ਵਿੱਚ ਸੀਪੀਆਈ (ਐਮ) ਦੀ ਸਥਾਪਨਾ ਕੀਤੀ ਸੀ।ਸਾਥੀ ਵੀ.ਐਸ. ਅਛੂਤਾਨੰਦਨ ਉਪਰੋਕਤ 32 ਨੇਤਾਵਾਂ ਵਿੱਚੋਂ ਵਿਛੋੜਾ ਦੇਣ ਵਾਲੇ ਸਭ ਤੋਂ ਆਖਰੀ ਸਾਥੀ ਸਨ ਅਤੇ ਇਸ ਪ੍ਰਕਾਰ ਉਹਨਾਂ ਦੇ ਜਾਣ ਨਾਲ ਇਤਿਹਾਸ ਦੇ ਇੱਕ ਯੁੱਗ ਦਾ ਅੰਤ ਹੋ ਗਿਆ ਹੈ।ਤੱਗੜ ਨੇ ਦੱਸਿਆ ਕਿ ਉਹ ਇੱਕ ਆਜ਼ਾਦੀ ਘੁਲਾਟੀਏ ਵੀ ਸਨ ਅਤੇ ਉਹਨਾਂ ਨੇ ਪੁੰਨਾਪਰਾ-ਵਾਇਆਲਰ ਦੀ ਹਥਿਆਰਬੰਦ ਬਗਾਵਤ ਵਿੱਚ ਹਿੱਸਾ ਲਿਆ ਸੀ।ਪੁਲਸ ਨੇ ਉਨ੍ਹਾਂ 'ਤੇ ਅੰਨ੍ਹਾ ਜ਼ਬਰ ਤੇ ਜ਼ੁਲਮ ਕੀਤਾ ਸੀ ਅਤੇ ਉਹਨਾਂ ਦੇ ਹੱਥਾਂ ਪੈਰਾਂ ਵਿੱਚ ਲੋਹੇ ਦੇ ਕਿੱਲ ਠੋਕੇ ਸਨ ਅਤੇ ਮਰ ਗਿਆ ਸਮਝ ਕੇ ਛੱਡ ਦਿੱਤਾ ਸੀ। ਇਸ ਅੰਨ੍ਹੇ ਜ਼ਬਰ ਅਤੇ ਜ਼ੁਲਮ ਲਈ ਕੇਰਲਾ ਦੀ ਪੁਲਸ ਨੇ 2006 ਵਿੱਚ ਜਨਤਕ ਮਾਫੀ ਮੰਗੀ ਸੀ। ਉਪਰੋਕਤ ਭਾਵਪੂਰਨ ਸ਼ਬਦਾਂ ਨਾਲ ਕਾਮਰੇਡ ਤੱਗੜ, ਗੁਰਚੇਤਨ ਸਿੰਘ ਅਤੇ ਗੁਰਪਰਮਜੀਤ ਕੌਰ ਨੇ ਦੇਸ਼ ਭਰ ਦੀ ਕਮਿਊਨਿਸਟ ਪਾਰਟੀ ਖਾਸ ਕਰਕੇ ਕੇਰਲਾ ਦੀ ਪਾਰਟੀ ਅਤੇ ਕਾਮਰੇਡ ਵੀ.ਐਸ. ਅਛੂਤਾਨੰਦਨ ਦੇ ਪਰਵਾਰ ਨਾਲ ਦੁੱਖ , ਹਮਦਰਦੀ ਅਤੇ ਅਫਸੋਸ ਦਾ ਪ੍ਰਗਟਾਵਾ ਕੀਤਾ ਹੈ ਅਤੇ ਭਾਵ ਭਿੰਨੀ ਸ਼ਰਧਾਂਜਲੀ ਅਰਪਣ ਕੀਤੀ ਹੈ ।

# ਨਸ਼ੇ ਦਾ ਸੇਵਨ ਕਰਦਾ ਕਾਬੂ

**ਕਾਲਾ ਸੰਘਿਆਂ (ਮਨਜੀਤ ਮਾਨ )**-ਯੁੱਧ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਥਾਣਾ ਢਿੱਲਵਾਂ ਦੀ ਪੁਲਸ ਨੇ ਨਸ਼ੇ ਦਾ ਸੇਵਨ ਕਰ ਰਹੇ ਇਕ ਵਿਅਕਤੀ ਨੂੰ ਕਾਬੂ ਕੀਤਾ ਹੈ।ਇਸ ਸਬੰਧੀ ਥਾਣਾ ਢਿੱਲਵਾਂ ਦੇ ਮੁਖੀ ਦਲਵਿੰਦਰਬੀਰ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਪਿੰਡ ਗੁਡਾਣਾ, ਮਿਆਣੀ ਬਾਕਰਪੁਰ ਆਦਿ ਨੂੰ ਜਾ ਰਹੇ ਸੀ ਕਿ ਜਦੋ ਪੁਲਸ ਪਾਰਟੀ ਗਸਤ ਕਰਦੀ ਹੋਈ ਰੇਲਵੇ ਫਾਟਕ ਢਿਲਵਾਂ ਵਿਖੇ ਪੁੱਜੀ ਤਾਂ ਮੁੱਖਬਰ ਖਾਸ ਨੇ ਇਤਲਾਹ ਦਿੱਤੀ ਕਿ ਪੁਰਾਣੇ ਪੁੱਲ ਹੇਠਾ ਇੱਕ ਨੌਜਵਾਨ ਝਾੜੀਆ ਵਿੱਚ ਬੈਠਾ ਨਸ਼ੇ ਦਾ ਸੇਵਨ ਕਰ ਰਿਹਾ ਹੈ, ਜੇਕਰ ਹੁਣੇ ਹੀ ਰੇਡ ਕੀਤਾ ਜਾਵੇ ਤਾਂ ਕਾਬੂ ਆ ਸਕਦਾ ਹੈ।ਉਨ੍ਹਾਂ ਦੱਸਿਆ ਕਿ ਮਿਲੀ ਇਤਲਾਹ 'ਤੇ ਕਾਰਵਾਈ ਕਰਦਿਆਂ ਜਦੋ ਪੁਲਸ ਪਾਰਟੀ ਦੱਸੀ ਜਗ੍ਹਾ 'ਤੇ ਪਹੁੰਚੀ ਤਾਂ ਇਕ ਨੌਜਵਾਨ ਸਿਲਵਰ ਪੇਪਰ ਹੇਠ ਲਾਈਟਰ ਨਾਲ ਅੱਗ ਲਗਾ ਕੇ ਉਸ ਵਿੱਚੋ ਨਿਕਲ ਰਹੇ ਧੂਏ ਨੂੰ ਆਪਣੇ ਮੂੰਹ ਵਿੱਚ ਪਾਏ ਪਾਇਪ ਨੁਮਾ ਨੋਟ ਰਾਹੀ ਆਪਣੇ ਅੰਦਰ ਨੂੰ ਖਿੱਚ ਰਿਹਾ ਸੀ ਤੇ ਪੁਲਸ ਪਾਰਟੀ ਨੂੰ ਦੇਖ ਕੇ ਘਬਰਾ ਗਿਆ।ਜਿਸਨੂੰ ਸਾਥੀ ਕਰਮਚਾਰੀਆ ਦੀ ਮਦਦ ਨਾਲ ਕਾਬੂ ਕਰਕੇ ਨਾਂਅ ਪਤਾ ਪੁੱਛਿਆ ਤਾਂ ਵਾਸੀ ਢਿਲਵਾਂ ਦੱਸਿਆ, ਉਕਤ ਨੌਜਵਾਨ ਕੋਲੋਂ ਇੱਕ ਹੈਰੋਇਨ ਲੱਗਿਆ ਸਿਲਵਰ ਪੇਪਰ ਜਿਸ ਦਾ ਰੰਗ ਕਾਲਾ ਹੋਇਆ ਸੀ ਅਤੇ ਇੱਕ ਨੋਟ 10 ਰੁਪਏ ਦਾ ਜੋ ਗੋਲ ਪਾਇਪ ਨੁਮਾ ਬਰਾਮਦ ਕੀਤਾ ਗਿਆ ।ਇਸ ਸੰਬੰਧੀ ਥਾਣਾ ਢਿੱਲਵਾਂ ਵਿਖੇ ਮਾਮਲਾ ਦਰਜ ਰਜਿਸਟਰ ਕੀਤਾ ਗਿਆ।

# ਵਿੱਦਿਆ ਦੇ ਚਾਨਣ ਮੁਨਾਰੇ ਮੰਦਰ ਉਸਾਰਨਾ ਹੀ ਸਮੇਂ ਦੀ ਮੁੱਖ ਲੋੜ : ਭੈਣ ਸੰਤੋਸ਼ ਕੁਮਾਰੀ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**— ਸ੍ਰੀ ਗੁਰੂ ਰਵਿਦਾਸ ਸਦਨ ਖੁਰਾਲਗੜ ਸਾਹਿਬ ਵਿਖੇ ਦਰਸ਼ਨ ਦੀਦਾਰੇ ਕਰਨ ਆ ਰਹੀ ਸੰਗਤ ਦੀ ਸੁੱਖ ਸੁਵਿਧਾ ਲਈ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਵਲੋਂ ਕਾਰ ਸੇਵਾ ਆਰੰਭ ਕੀਤੀ ਗਈ ਹੈ। ਸੰਤ ਨਿਰਮਲ ਦਾਸ ਬਾਬੇਜੌੜੇ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ, ਸੰਤ



ਇੰਦਰ ਦਾਸ ਸੇਖੈ ਜਨਰਲ ਸਕੱਤਰ ਨੇ ਦੱਸਿਆ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਚਰਨਛੋਹ ਅਸਥਾਨਾਂ 'ਤੇ ਬਹੁਤ ਜਲਦ ਹੀ ਸੁਸਾਇਟੀ ਵਲੋਂ ਵੱਡੇ ਪ੍ਰੋਜੈਕਟ ਉਸਾਰੇ ਜਾਣਗੇ, ਜਿਸ ਵਿੱਚ ਬੱਚਿਆਂ ਲਈ ਸਿੱਖਿਆ, ਕੋਚਿੰਗ ਸੈਂਟਰ ਤੋਂ ਇਲਾਵਾ ਇਕ ਹਸਪਤਾਲ ਬਣਾਇਆ ਜਾਵੇਗਾ। ਉਨਾਂ ਦੱਸਿਆ ਕਿ ਸੁਸਾਇਟੀ ਵਲੋਂ ਬੇਗਮਪੁਰਾ ਨਿਰਮਲਾ ਛਾਉਣੀ ਆਸ਼ਰਮ ਹਰਿਦੁਆਰ, ਸ੍ਰੀ ਗੁਰੂ ਰਵਿਦਾਸ ਪਬਲਿਕ ਸਕੂਲ ਚੂਹੜਵਾਲੀ ਦੇ ਨਾਲ ਨਾਲ ਸ੍ਰੀ ਗੁਰੂ ਰਵਿਦਾਸ ਬੇਗਮਪੁਰਾ ਸਦਨ ਖੁਰਾਲਗੜ ਸਾਹਿਬ ਨੂੰ ਸੰਗਤਾਂ ਲਈ ਵਧੀਆ ਤਰੀਕੇ ਨਾਲ ਤਿਆਰ ਕਰਕੇ ਸਮਰਪਿਤ ਕੀਤਾ ਜਾ ਰਿਹਾ ਹੈ। ਇਸ ਮੌਕੇ ਸੰਤ ਨਿਰਮਲ ਦਾਸ , ਸੰਤ ਇੰਦਰ ਦਾਸ ਨੇ ਦੱਸਿਆ ਕਿ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਵਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਅਪਾਰ ਬਖ਼ਸ਼ਿਸ਼ ਅਤੇ ਚੇਅਰਮੈਨ ਸੰਤ ਸਰਵਣ ਦਾਸ ਬੋਹਣ ਵਾਲੇ ਮਹਾਂਪੁਰਸ਼ਾਂ ਦੀ ਅਗਵਾਈ ਹੇਠ ਸਾਰੇ ਪ੍ਰੋਜੈਕਟਾਂ 'ਤੇ ਸੰਗਤ ਦੀ ਸੁਵਿਧਾ ਲਈ ਨਵ ਉਸਾਰੀਆਂ ਕੀਤੀਆਂ ਜਾ ਰਹੀਆਂ ਹਨ ਤਾਂ ਕਿ ਇਨ੍ਹਾਂ ਪਵਿੱਤਰ ਇਤਿਹਾਸਕ ਅਸਥਾਨਾਂ ਦੇ ਦਰਸ਼ਨ ਦੀਦਾਰੇ ਕਰਨ ਜਾਣ ਵਾਲੀਆਂ ਸੰਗਤਾਂ ਨੂੰ ਕੋਈ ਪ੍ਰੇਸ਼ਾਨੀ ਪੇਸ਼ ਨਾ ਆਵੇ। ਇਸ ਮੌਕੇ ਭੈਣ ਸੰਤੋਸ਼ ਕੁਮਾਰੀ ਬਿਲਡਿੰਗ ਇੰਚਾਰਜ ਨੇ ਕਿਹਾ ਕਿ ਸੁਸਾਇਟੀ ਵਲੋਂ ਬੱਚਿਆਂ ਨੂੰ ਚੰਗੀ ਸਿੱਖਿਆ ਪ੍ਰਦਾਨ ਕਰਾਉਣ ਲਈ ਉਸਾਰੂ ਯਤਨ ਕੀਤੇ ਜਾ ਰਹੇ ਹਨ। ਉਨਾਂ ਕਿਹਾ ਸਿੱਖਿਅਤ ਸਮਾਜ ਹੀ ਖੁਸ਼ਹਾਲ ਅਤੇ ਤਰੱਕੀ ਦੀਆਂ ਮੰਜਿਲਾਂ ਨੂੰ ਸਰ ਕਰ ਸਕਦਾ ਹੈ। ਉਨਾਂ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਪਬਲਿਕ ਸਕੂਲ ਚੂਹੜਵਾਲੀ ਵਰਗੇ ਵਿੱਦਿਆ ਦੇ ਚਾਨਣ ਮੁਨਾਰੇ ਮੰਦਰ ਉਸਾਰਨਾ ਹੀ ਸਮੇਂ ਦੀ ਮੁੱਖ ਲੋੜ ਹੈ ਜਿਸ ਲਈ ਪੜ੍ਹੇ ਲਿਖੇ, ਬੁੱਧੀਜੀਵੀ ਵਰਗ ਨੂੰ ਰਹਿਬਰਾਂ ਦੇ ਸੁਪਨੇ ਪੂਰੇ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।

# ਜ਼ਿਲ੍ਹਾ ਪ੍ਰਸ਼ਾਸਨ ਨੇ ਨਜਾਇਜ਼ ਕਬਜ਼ੇ ਛੁਡਾਉਣ ਲਈ ਸਖ਼ਤ ਮੁਹਿੰਮ ਵਿੱਢੀ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਜ਼ਿਲ੍ਹਾ ਪ੍ਰਸ਼ਾਸਨ ਜਲੰਧਰ ਵਲੋਂ ਨਾਜਾਇਜ਼ ਕਬਜ਼ੇ ਛੁਡਾਉਣ ਲਈ ਸਖ਼ਤ ਮੁਹਿੰਮ ਵਿੱਢ ਦਿੱਤੀ ਗਈ ਹੈ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜਲੰਧਰ ਜ਼ਿਲ੍ਹੇ ਦੇ ਸਾਰੇ ਐਸ.ਡੀ.ਐਮਜ਼. ਨਾਲ ਇਕ ਉੱਚ ਪੱਧਰੀ ਮੀਟਿੰਗ ਕਰਕੇ ਸਖ਼ਤ ਹਦਾਇਤ ਕੀਤੀ ਹੈ ਕਿ 31 ਜੁਲਾਈ ਤੱਕ ਆਪੋ-ਆਪਣੇ ਅਧਿਕਾਰ ਖੇਤਰਾਂ ਅਧੀਨ ਸਰਕਾਰੀ ਜ਼ਮੀਨਾਂ 'ਤੇ ਹੋਏ ਨਜਾਇਜ਼ ਕਬਜ਼ਿਆਂ ਦੀ ਪਛਾਣ ਕਰਕੇ ਸਰਕਾਰੀ ਮਾਲਕੀ ਦੇ ਸਾਈਨ ਬੋਰਡ ਲਗਾਏ ਜਾਣ, ਤਾਂ ਜੋ ਇੱਥੇ ਖੇਡ ਮੈਦਾਨ ਅਤੇ ਪਾਰਕਾਂ ਵਿਕਸਿਤ ਕੀਤੀਆਂ ਜਾ ਸਕਣ। ਉਨ੍ਹਾਂ ਵਲੋਂ ਇਹ ਨਿਰਦੇਸ਼ ਸਰਕਾਰੀ ਜ਼ਮੀਨਾਂ 'ਤੇ ਗੈਰ-ਕਾਨੂੰਨੀ ਕਬਜ਼ਿਆਂ ਸੰਬੰਧੀ ਸ਼ਿਕਾਇਤਾਂ ਦੇ ਮੱਦੇਨਜ਼ਰ ਜਾਰੀ ਕੀਤੇ ਗਏ ਹਨ। ਡਾ. ਅਗਰਵਾਲ ਨੇ ਐਸ.ਡੀ.ਐਮਜ਼ ਨੂੰ ਇਨ੍ਹਾਂ ਖਾਲੀ ਪਈਆਂ ਜ਼ਮੀਨਾਂ 'ਤੇ ਅਸਥਾਈ ਤੌਰ 'ਤੇ ਪਾਰਕ ਅਤੇ ਖੇਡ ਮੈਦਾਨ ਵਿਕਸਿਤ ਕਰਨ ਲਈ ਤਜਵੀਜ਼ਾਂ ਭੇਜਣ ਦੇ ਨਿਰਦੇਸ਼ ਵੀ ਦਿੱਤੇ ਹਨ, ਤਾਂ ਜੋ ਇਨ੍ਹਾਂ ਦੀ ਸਰਵਉੱਤਮ ਵਰਤੋਂ ਯਕੀਨੀ ਬਣਾਈ ਜਾ ਸਕੇ ਅਤੇ ਅਣ-ਅਧਿਕਾਰਤ ਕਬਜ਼ਿਆਂ ਨੂੰ ਰੋਕਿਆ ਜਾ ਸਕੇ। ਉਨ੍ਹਾਂ ਅੱਗੇ ਕਿਹਾ ਕਿ ਖਾਲੀ ਪਈ ਸਰਕਾਰੀ ਜ਼ਮੀਨ ਲੋਕਾਂ ਦੀ ਸੁਵਿਧਾ ਲਈ ਵਰਤਣ ਨਾਲ ਸਮਾਜ ਦੀ ਸੇਵਾ ਹੋਵੇਗੀ ਅਤੇ ਨਾਲ ਹੀ ਜਾਇਦਾਦਾਂ ਨੂੰ ਗੈਰ-ਕਾਨੂੰਨੀ ਕਬਜ਼ਿਆਂ ਤੋਂ ਵੀ ਬਚਾਇਆ ਜਾ ਸਕੇਗਾ।ਡਿਪਟੀ ਕਮਿਸ਼ਨਰ ਵੱਲੋਂ ਐਸ.ਡੀ.ਐਮਜ਼ ਤੋਂ ਪਛਾਣ ਕੀਤੀਆਂ ਗਈਆਂ ਜ਼ਮੀਨਾਂ ਦਾ ਸਹੀ ਸਥਾਨ, ਮਾਪ, ਮਾਲਕੀ ਦੇ ਵੇਰਵੇ, ਮੌਜੂਦਾ ਕਬਜ਼ੇ ਦੀ ਸਥਿਤੀ ਅਤੇ ਜ਼ਮੀਨਾਂ ਨਾਲ ਸਬੰਧਤ ਕੋਈ ਵੀ ਅਦਾਲਤੀ ਕੇਸ ਸਮੇਤ ਵਿਸਥਾਰਤ ਰਿਪੋਰਟ ਵੀ ਮੰਗੀ ਗਈ ਹੈ। ਇਸ ਤੋਂ ਇਲਾਵਾ ਸਰਕਾਰੀ ਹਿੱਤਾਂ ਦੀ ਰਾਖੀ ਕਰਦਿਆਂ ਅਜਿਹੀਆਂ ਜਾਇਦਾਦਾਂ ਦੀ ਸਰਵਉੱਤਮ ਵਰਤੋਂ ਲਈ ਪ੍ਰਸਤਾਵ ਪੇਸ਼ ਕਰਨ ਲਈ ਵੀ ਕਿਹਾ। ਡਿਪਟੀ ਕਮਿਸ਼ਨਰ ਨੇ ਅਜਿਹੀਆਂ ਸਾਰੀਆਂ ਜਾਇਦਾਦਾਂ ਦੀ ਪਛਾਣ, ਨਿਸ਼ਾਨਦੇਹੀ ਅਤੇ ਸੁਰੱਖਿਆ ਦੀ ਤੁਰੰਤ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਸਮੂਹ ਐਸ.ਡੀ.ਐਮਜ਼ ਨੂੰ 31 ਜੁਲਾਈ ਤੱਕ ਆਪਣੀਆਂ ਵਿਸਥਾਰਤ ਰਿਪੋਰਟਾਂ ਉਨ੍ਹਾਂ ਦੇ ਦਫ਼ਤਰ ਵਿੱਚ ਜਮ੍ਹਾ ਕਰਾਉਣ ਦੀ ਹਦਾਇਤ ਕੀਤੀ। ਉਨ੍ਹਾਂ ਸਖ਼ਤ ਹਦਾਇਤ ਕਰਦਿਆਂ ਕਿਹਾ ਕਿ 31 ਜੁਲਾਈ ਤੋਂ ਬਾਅਦ ਜੇਕਰ ਸਰਕਾਰੀ ਜ਼ਮੀਨ 'ਤੇ ਨਜਾਇਜ਼ ਕਬਜ਼ਾ ਪਾਇਆ ਗਿਆ ਤਾਂ ਸਖ਼ਤ ਕਾਨੂੰਨੀ ਕਾਰਵਾਈ ਕਰਨ ਤੋਂ ਗੁਰੇਜ਼ ਨਹੀਂ ਕੀਤਾ ਜਾਵੇਗਾ।

# ਲੇਖਾਕਾਰ ਸੁਰਜੀਤ ਚੰਦ ਦੀ ਹੋਈ ਬੀ ਡੀ ਪੀ ਓ ਵਜੋਂ ਤਰੱਕੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇਥੇ ਬਲਾਕ ਵਿਕਾਸ ਤੇ ਪੰਚਾਇਤ ਦਫ਼ਤਰ ਵਿਖੇ ਬਤੌਰ ਲੇਖਾਕਾਰ ਕੰਮ ਕਰਦੇ ਸੁਰਜੀਤ ਚੰਦ ਦੀ ਬਤੌਰ ਬੀਡੀਪੀਓ ਵਜੋਂ ਤਰੱਕੀ ਹੋਈ ਹੈ। ਉਨ੍ਹਾਂ ਨੂੰ ਬਤੌਰ ਬੀਡੀਪੀਓ ਜਗਰਾਓਂ ਸਟੇਸ਼ਨ ਮਿਲਿਆ ਹੈ। ਤਲਵਾੜਾ ਵਿਖੇ ਬੀਡੀਪੀਓ ਬਿਕਰਮ ਸਿੰਘ ਅਤੇ ਸਾਬਕਾ ਬੀਡੀਪੀਓ ਹੀਰਾ ਸਿੰਘ ਦੀ ਅਗਵਾਈ ਹੇਠ ਸਥਾਨਕ ਅਮਲੇ ਨੇ ਬੀਡੀਪੀਓ ਸੁਰਜੀਤ ਚੰਦ ਨੂੰ ਵਿਦਾਇਗੀ ਪਾਰਟੀ ਦੇ ਕੇ ਰੁਖ਼ਸਤ ਕੀਤਾ। ਸੁਰਜੀਤ ਚੰਦ ਨੇ ਭਾਵੁਕ ਹੁੰਦਿਆਂ ਦੱਸਿਆ ਕਿ ਉਨ੍ਹਾਂ ਸੰਨ 1992 'ਚ ਬੀਡੀਪੀਓ ਦਫ਼ਤਰ ਵਿਖੇ ਬਤੌਰ ਦਰਜਾ ਚਾਰ ਮੁਲਾਜ਼ਮ ਜੁਆਨਿੰਗ ਕੀਤੀ ਸੀ। ਸਮੇਂ ਸਮੇਂ 'ਤੇ ਵਿਭਾਗੀ ਤਰੱਕੀਆਂ ਤੇ ਪ੍ਰੀਖਿਆਵਾਂ ਪਾਸ ਕਰਕੇ ਉਹ ਹੈੱਡ ਕਲਰਕ ਉਪਰੰਤ ਲੇਖਾਕਾਰ ਬਣੇ। ਆਪਣੀ ਸਰਵਿਸ ਦਾ ਜ਼ਿਆਦਾਤਰ ਸਮਾਂ ਉਨ੍ਹਾਂ ਤਲਵਾੜਾ ਵਿਖੇ ਹੀ ਬਤੀਤ ਕੀਤਾ ਹੈ। ਵਿਦਾਇਗੀ ਪਾਰਟੀ ਵੇਲੇ ਗ੍ਰਾਮ ਸੇਵਕ ਰਣਜੀਤ ਸਿੰਘ, ਏ ਪੀ ਓ ਵਿਲੀਅਮ ਮਸੀਹਾ, ਟੀ ਏ ਨਿਰਭਕਾਰ ਸਿੰਘ, ਪੰਚਾਇਤ ਸਕੱਤਰ ਨਰੇਸ਼ ਕੁਮਾਰ, ਜੀ ਆਰ ਐਸ ਰਾਜਿੰਦਰ ਕੁਮਾਰ ਅਤੇ ਅਮਿਤ ਡੋਗਰਾ, ਕੰਪਿਊਟਰ ਆਪ੍ਰੇਟਰ ਸ਼ਾਮ ਲਾਲ ਅਤੇ ਨਵਦੀਪ ਸਿੰਘ, ਪੰਚਾਇਤ ਯੂਨੀਅਨ ਤਲਵਾੜਾ ਦੇ ਸਾਬਕਾ ਪ੍ਰਧਾਨ ਨਵਲ ਕਿਸ਼ੋਰ ਮਹਿਤਾ, ਸਰਪੰਚ ਕਰਮ ਚੰਦ ਬਲਾਂਬ ਤੇ ਗੁਰਧਿਆਨ ਸਿੰਘ ਭੇਡਾ ਆਦਿ ਹਾਜ਼ਰ ਸਨ।

# 8ਵੀਂ ਤੋਂ 12ਵੀਂ ਦੇ ਵਿਦਿਆਰਥੀਆਂ ਲਈ ਦਾਖਲੇ ਦੀ ਮਿਤੀ 1 ਅਗਸਤ ਕਰਨ ਦਾ ਐਲਾਨ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅਕਾਦਮਿਕ ਸਾਲ 2025-26 ਦੌਰਾਨ ਅੱਠਵੀਂ, ਨੌਂਵੀਂ, ਦਸਵੀਂ, ਗਿਆਰ੍ਹਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਦੇ ਵਿਦਿਆਰਥੀਆਂ ਲਈ ਦਾਖਲੇ ਦੀ ਮਿਤੀ ਵਿੱਚ 15 ਜੁਲਾਈ ਤੋਂ ਵਾਧਾ ਕਰਦੇ ਹੋਏ 1 ਅਗਸਤ 2025 ਆਖਰੀ ਮਿਤੀ ਨਿਰਧਾਰਤ ਕੀਤੀ ਗਈ ਹੈ ਅਤੇ ਵਾਧੇ ਦੀਆਂ ਮਿਤੀਆਂ ਅਨੁਸਾਰ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਲਈ ਨਵਾਂ ਸ਼ਡਿਊਲ ਜਾਰੀ ਕੀਤਾ ਗਿਆ। ਨਵੇਂ ਸ਼ਡਿਊਲ ਅਨੁਸਾਰ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਦੀ ਮਿਤੀ ਵਿੱਚ ਵੀ ਵਾਧਾ ਕਰਦੇ ਹੋਏ 28 ਜੁਲਾਈ ਤੋਂ 6 ਅਗਸਤ 2025 ਬਿਨਾਂ ਲੇਟ ਫੀਸ ਵਾਧਾ ਕੀਤਾ ਗਿਆ ਹੈ। ਇਸ ਉਪਰੰਤ ਪ੍ਰਤੀ ਵਿਦਿਆਰਥੀ ਲੇਟ ਫੀਸ ਨਾਲ 7 ਅਗਸਤ ਤੋਂ 9 ਸਤੰਬਰ ਤੱਕ ਸ਼ਡਿਊਲ ਨਿਰਧਾਰਤ ਕੀਤਾ ਗਿਆ ਹੈ। ਸ਼ਡਿਊਲ ਅਤੇ ਹਦਾਇਤਾਂ ਸਕੂਲਾਂ ਦੀ ਲਾਗ-ਇੰਨ ਆਈ.ਡੀ. ਅਤੇ ਬੋਰਡ ਦੀ ਵੈਬਸਾਈਟ 'ਤੇ ਵੀ ਉਪਲੱਬਧ ਹਨ।ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਤੇ ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਸ਼ਡਿਊਲ ਜਾਰੀ ਕਰਦੇ ਹੋਏ ਦੱਸਿਆ ਕਿ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਕਰਨ ਲਈ ਬੋਰਡ ਵੱਲੋਂ ਨਿਰਧਾਰਤ/ਜਾਰੀ ਕੀਤੇ ਗਏ ਸ਼ਡਿਊਲ (ਸਮਾਂ ਸਾਰਣੀ) ਅਨੁਸਾਰ ਵਿਦਿਆਰਥੀਆਂ ਦੀ ਰਜਿਸਟ੍ਰੇਸ਼ਨ ਦਾ ਕੰਮ ਮੁਕੰਮਲ ਕਰਵਾਉਣ ਲਈ ਤਰਜੀਹ ਦੇਣ ਲਈ ਜ਼ੋਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਸੂਬੇ ਅੰਦਰ ਕੋਈ ਵੀ ਵਿਦਿਆਰਥੀ ਸਿੱਖਿਆ ਤੋਂ ਵਾਂਝਾ ਨਹੀਂ ਰਹੇਗਾ। ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਅਭਿਆਨ ਚਲਾਇਆ ਗਿਆ ਅਤੇ ਸਕੂਲਾਂ ਦਾ ਸ਼੍ਰੇਣੀਕਰਨ ਕਰਦੇ ਹੋਏ ਸਿੱਖਿਆ ਸੁਧਾਰਾਂ ਲਈ ਵਿਸ਼ੇਸ਼ ਸਕੂਲ ਸ਼ੁਰੂ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਨਿਰਧਾਰਿਤ ਸ਼ਡਿਊਲ ਅਧੀਨ ਦਿੱਤੇ ਗਏ ਸਮੇਂ ਤੋਂ ਬਾਅਦ ਹੋਰ ਸਮੇਂ ਵਿੱਚ ਵਾਧਾ ਨਹੀ ਕੀਤਾ ਜਾਵੇਗਾ। ਜੇਕਰ ਕੋਈ ਵੀ ਵਿਦਿਆਰਥੀ ਕਿਸੇ ਕਾਰਨ ਰਜਿਸਟ੍ਰੇਸ਼ਨ ਤੋਂ ਵਾਂਝਾ ਰਹਿ ਜਾਂਦਾ ਹੈ ਜਾਂ ਫਾਈਨਲ ਸਬਮਿਟ ਕਰਨ ਤੋਂ ਰਹਿ ਜਾਂਦਾ ਹੈ ਤਾਂ ਉਸ ਦੀ ਨਿਰੋਲ ਜਿੰਮੇਵਾਰੀ ਸਬੰਧਤ ਸਕੂਲ ਮੁਖੀ ਦੀ ਹੀ ਹੋਵੇਗੀ। ਅਜਿਹੇ ਵਿਦਿਆਰਥੀਆਂ ਦੀ ਨਿਰਧਾਰਤ ਸਡਿਊਲ ਤੋਂ ਬਾਅਦ ਆਨ-ਲਾਈਨ ਐਂਟਰੀ/ ਰਜਿਸਟ੍ਰੇਸ਼ਨ ਕਰਨ ਦਾ ਕੋਈ ਹੋਰ ਮੌਕਾ ਨਹੀਂ ਦਿੱਤਾ ਜਾਵੇਗਾ।

# ਗੁਰਦੁਆਰਾ ਸਾਹਿਬ ਪਾਤਸ਼ਾਹੀ ਸੱਤਵੀਂ ਵਿਖੇ ਸਾਥੀਆਂ ਸਮੇਤ ਨਤਮਸਤਕ ਹੋਏ ਲਾਲੀ ਬਾਜਵਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਵੱਲੋਂ ਜਥੇਦਾਰ ਜਤਿੰਦਰ ਸਿੰਘ ਲਾਲੀ ਬਾਜਵਾ ਨੂੰ ਸ਼੍ਰੋਮਣੀ ਅਕਾਲੀ ਦਲ ਦੀ ਵਰਕਿੰਗ ਕਮੇਟੀ ਦਾ ਮੈਂਬਰ ਅਤੇ ਹੁਸ਼ਿਆਰਪੁਰ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਬਣਾਏ ਜਾਣ 'ਤੇ ਪਰਮਾਤਮਾ ਦਾ ਸ਼ੁਕਰਾਨਾ ਕਰਨ



ਵਾਸਤੇ ਅੱਜ ਜਤਿੰਦਰ ਸਿੰਘ ਲਾਲੀ ਬਾਜਵਾ ਆਪਣੇ ਸਾਥੀਆਂ ਸਮੇਤ ਗੁਰਦੁਆਰਾ ਹਰੀਆਂ ਵੇਲਾਂ ਪਾਤਸ਼ਾਹੀ ਸੱਤਵੀਂ ਵਿਖੇ ਨਤਮਸਤਕ ਹੋਣ ਲਈ ਪਹੁੰਚੇ। ਇਸ ਮੌਕੇ ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਬੇਲਾਂ ਦੇ ਜਥੇਦਾਰ ਸਿੰਘ ਸਾਹਿਬ ਜਥੇਦਾਰ ਸੰਤ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲਿਆਂ ਨੇ ਜਤਿੰਦਰ ਸਿੰਘ ਲਾਲੀ ਬਾਜਵਾ ਨੂੰ ਗੁਰੂ ਘਰ ਵੱਲੋਂ ਸਿਰੋਪਾ ਦੇ ਕੇ ਸਨਮਾਨਤ ਕੀਤਾ ਅਤੇ ਚੜ੍ਹਦੀ ਕਲਾ ਦਾ ਆਸ਼ੀਰਵਾਦ ਦਿੰਦੇ ਹੋਏ ਜਤਿੰਦਰ ਸਿੰਘ ਲਾਲੀ ਬਾਜਵਾ ਨੂੰ ਗੁਰਮਰਿਆਦਾ ਅਨੁਸਾਰ ਪੰਥ ਅਤੇ ਸਮਾਜ ਦੀ ਸੇਵਾ ਕਰਨ ਵਾਸਤੇ ਕਿਹਾ। ਇਸ ਮੌਕੇ ਜਤਿੰਦਰ ਸਿੰਘ ਲਾਲੀ ਬਾਜਵਾ ਨੇ ਕਿਹਾ ਕਿ ਉਹ ਮਿਲੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ। ਇਸ ਮੌਕੇ ਬੀਬੀ ਯਸ਼ਪਾਲ ਕੌਰ ਹਰੀਆਂ ਵੇਲਾਂ, ਅਕਾਲੀ ਆਗੂ ਨਿਰਮਲ ਸਿੰਘ ਭੀਲੋਵਾਲ, ਦਵਿੰਦਰ ਸਿੰਘ ਬੈਂਸ, ਕੁਲਦੀਪ ਸਿੰਘ ਬੱਬੂ ਬਜਵਾੜਾ, ਪਰਮਜੀਤ ਸਿੰਘ ਰੱਕੜ, ਰਵਿੰਦਰਪਾਲ ਸਿੰਘ ਮਿੰਟੂ, ਜਪਿੰਦਰਪਾਲ ਸਿੰਘ, ਰਾਣਾ ਰਣਬੀਰ ਸਿੰਘ, ਹਰਿੰਦਰ ਸਿੰਘ ਝਿੰਗੜ, ਗੁਰਪ੍ਰੀਤ ਸਿੰਘ ਕੋਹਲੀ, ਸੰਤਵੀਰ ਸਿੰਘ, ਗਗਨਦੀਪ ਜਿਆਣ, ਐਡਵੋਕੇਟ ਸ਼ਮਸ਼ੇਰ ਸਿੰਘ ਭਾਰਦਵਾਜ , ਅਮਰਜੀਤ ਸਿੰਘ ਜਾਗਣੀਵਾਲ, ਸੁਖਜਿੰਦਰ ਸਿੰਘ, ਨਵਜੋਤ ਜੋਤੀ ਲਖਵਿੰਦਰ ਸਿੰਘ ਠੱਕਰ, ਕਿਰਪਾਲ ਸਿੰਘ ਗੇਰਾ ਸਮੇਤ ਹੋਰ ਵੀ ਅਕਾਲੀ ਆਗੂ ਅਤੇ ਵਰਕਰ ਹਾਜ਼ਰ ਸਨ।

# ਸੈਣੀ ਨੇ ਸੀ ਈ ਟੀ ਪ੍ਰੀਖਿਆ ਦੀ ਤਿਆਰੀਆਂ ਨੂੰ ਲੈ ਕੇ ਵੱਖ-ਵੱਖ ਵਿਭਾਗਾਂ ਦੀ ਕੀਤੀ ਗਹਿਨ ਸਮੀਖਿਆ

**ਚੰਡੀਗੜ੍ਹ (ਕ੍ਰਿਸ਼ਨ ਗਰਗ)**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸਾਰੇ ਜ਼ਿਲ੍ਹਾ ਡਿਪਟੀ ਕਮਿਸ਼ਨਰਾਂ ਅਤੇ ਪੁਲਸ ਸੁਪਰਡੈਂਟਾਂ ਨੂੰ ਨਿਰਦੇਸ਼ ਦਿੱਤੇ ਹਨ ਕਿ 26 ਅਤੇ 27 ਜੁਲਾਈ ਨੂੰ ਹੋਣ ਵਾਲੀ ਸੀ ਈ ਟੀ ਪ੍ਰੀਖਿਆ ਦੇ ਮੱਦੇਨਜ਼ਰ ਸਾਰੇ ਸੰਵੇਦਨਸ਼ੀਲ ਪ੍ਰੀਖਿਆ ਕੇਂਦਰਾਂ ਦੀ ਜਾਣਕਾਰੀ ਸਮੇਂ ਰਹਿੰਦੇ ਗ੍ਰਹਿ ਵਿਭਾਗ ਨੂੰ ਭੇਜਣ ਤਾਂ ਜੋ ਜ਼ਰੂਰਤ ਪੈਣ 'ਤੇ ਸਬੰਧਤ ਖੇਤਰਾਂ ਵਿੱਚ ਇੰਟਰਨੈਟ ਸੇਵਾ ਸਸਪੈਂਡ ਕਰਨ ਦੀ ਪ੍ਰਕ੍ਰਿਆ ਪੂਰੀ ਕੀਤੀ ਜਾ ਸਕੇ ਅਤੇ ਪ੍ਰੀਖਿਆ ਨੂੰ ਪੂਰੀ ਤਰ੍ਹਾ ਸ਼ਾਂਤੀ ਅਤੇ ਨਿਰਪੱਖ-ਸੰਪੰਨ ਕਰਵਾਇਆ ਜਾ ਸਕੇ।ਮੁੱਖ ਮੰਤਰੀ ਇੱਥੇ ਸੀ ਈ ਟੀ ਪ੍ਰੀਖਿਆ ਦੀ ਤਿਆਰੀਆਂ ਨੂੰ ਲੈ ਕੇ ਬੁਲਾਈ ਗਈ ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਵੱਲੋਂ ਕੀਤੀਆਂ ਗਈਆਂ ਵਿਵਸਥਾਵਾਂ ਦੀ ਸਮੀਖਿਆ ਕਰ ਰਹੇ ਸਨ।ਉਨ੍ਹਾਂ ਕਿਹਾ ਕਿ ਹਰਿਆਣਾ ਕਰਮਚਾਰੀ ਚੋਣ ਕਮਿਸ਼ਨ ਵੱਲੋਂ ਪਹਿਲੀ ਵਾਰ ਇੰਨੇ ਵੱਡੇ ਪੱਧਰ 'ਤੇ ਸੀ ਈ ਟੀ ਪ੍ਰੀਖਿਆ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ। ਅਜਿਹੇ ਵਿੱਚ ਸਾਰੇ ਡਿਪਟੀ ਕਮਿਸ਼ਨਰ ਅਤੇ ਪੁਲਸ ਸੁਪਰਡੈਂਟ ਪ੍ਰੀਖਿਆ ਨਾਲ ਸੰਬੰਧਤ ਸਾਰੀਆਂ ਜ਼ਰੂਰੀ ਤਿਆਰੀਆਂ ਨੂੰ ਸਮੇਂ 'ਤੇ ਪੂਰਾ ਕਰਨ ਤਾਂ ਜੋ ਪ੍ਰੀਖਿਆਰਥੀਆਂ ਨੂੰ ਕਿਸੇ ਤਰ੍ਹਾ ਦੀ ਅਸਹੂਲਤ ਦਾ ਸਾਹਮਣਾ ਨਾ ਕਰਨਾ ਪਵੇ। ਮੁੱਖ ਮੰਤਰੀ ਨੇ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਇਹ ਯਕੀਨੀ ਕੀਤਾ ਜਾਵੇ ਕਿ ਪ੍ਰੀਖਿਆ ਕੇਂਦਰਾਂ ਦੇ ਨੇੜੇ ਕੋਈ ਵੀ ਅਸਮਾਜਿਕ ਤੱਤ ਸਰਗਰਮ ਨਾ ਰਹਿਣ। ਇਸ ਤੋਂ ਇਲਾਵਾ, ਸੋਸ਼ਲ ਮੀਡੀਆ 'ਤੇ ਵੀ ਚੌਕਸ ਨਿਗਰਾਨੀ ਰੱਖੀ ਜਾਵੇ ਤੇ ਗੁਮਰਾਹ ਕਰਨ ਵਾਲੀਆਂ ਸੂਚਨਾਵਾਂ ਪ੍ਰਸਾਰਿਤ ਨਾ ਹੋਣ।ਉਨ੍ਹਾਂ ਨੇ ਕਿਹਾ ਕਿ ਸੀ ਈ ਟੀ ਪ੍ਰੀਖਿਆ ਦੌਰਾਨ ਜਿੱਥੇ ਬੱਸਾਂ ਦੀ ਕਾਫੀ ਉਪਲਬਧਤਾ ਯਕੀਨੀ ਕੀਤੀ ਜਾਣੀ ਹੈ, ਉੱਥੇ ਅਗਾਮੀ ਤੀਜ ਉਤਸਵ ਨੂੰ ਧਿਆਨ ਵਿੱਚ ਰੱਖਦੇ ਹੋਏ ਟ੍ਰਾਂਸਪੋਰਟ ਵਿਭਾਗ ਇਹ ਵੀ ਯਕੀਨੀ ਕਰੇ ਕਿ ਆਮ ਜਨਤਾ ਦੀ ਆਵਾਜਾਈ ਲਈ ਵੀ ਕਾਫੀ ਬੱਸਾਂ ਦੀ ਵਿਵਸਥਾ ਰਹੇ। ਮੁੱਖ ਮੰਤਰੀ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ 26 ਤੇ 27 ਜੁਲਾਈ ਨੂੰ ਸੀ ਈ ਟੀ ਪ੍ਰੀਖਿਆ ਦੇ ਦੋਨੋਂ ਦਿਨ ਵਿੱਚ ਆਪਣੀ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ ਗੈਰ-ਜ਼ਰੂਰੀ ਯਾਤਰਾ ਤੋਂ ਬਚਣ ਤਾਂ ਜੋ ਪ੍ਰੀਖਿਆਰਥੀਆਂ ਨੂੰ ਬਿਨਾਂ ਰੁਕਾਵਟ ਆਵਾਜਾਈ ਵਿਵਸਥਾ ਮਿਲ ਸਕੇ।ਉਨ੍ਹਾਂ ਕਿਹਾ ਕਿ ਜਿਨ੍ਹਾਂ ਜ਼ਿਲ੍ਹਿਆਂ ਤੋਂ ਬੱਸਾਂ ਨੇ 100 ਕਿਲੋਮੀਟਰ ਤੋਂ ਵੱਧ ਦੀ ਦੂਰੀ ਤੈਅ ਕਰ ਪ੍ਰੀਖਿਆ ਕੇਂਦਰ ਤੱਕ ਪਹੁੰਚਣਾ ਹੈ, ਉੱਥੇ ਜ਼ਿਲ੍ਹਾ ਪ੍ਰਸ਼ਾਸਨ ਵਿਸ਼ੇਸ਼ ਪ੍ਰਬੰਧ ਯਕੀਨੀ ਕਰੇ। ਟ੍ਰਾਂਸਪੋਰਟ ਵਿਭਾਗ ਨੂੰ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਅਚਾਨਕ ਸਥਿਤੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਬੱਸਾਂ ਨੂੰ ਰਿਜ਼ਰਵ ਰੱਖਿਆ ਜਾਵੇ। ਨਾਲ ਹੀ, ਡਾਇਲ-112 ਸੇਵਾ ਨੂੰ ਵੀ ਦੋ ਦਿਨ ਦੇ ਲਈ ਇਸ ਵਿਵਸਥਾ ਵਿੱਚ ਜੋੜਿਆ ਜਾਵੇ ਤਾਂ ਜੋ ਕਿਸੇ ਐਮਰਜੈਂਸੀ ਸਥਿਤੀ ਵਿੱਚ ਤੁਰੰਤ ਸਹਾਇਤਾ ਉਪਲਬਧ ਹੋ ਸਕੇ ਅਤੇ ਸਾਰੇ ਪ੍ਰੀਖਿਆਰਥੀ ਨਿਰਧਾਰਿਤ ਸਮੇਂ ਤੋਂ ਘੱਟ ਤੋਂ ਘੱਟ ਅੱਧਾ ਘੰਟਾ ਪਹਿਲਾਂ ਪ੍ਰੀਖਿਆ ਕੇਂਦਰ 'ਤੇ ਪਹੁੰਚ ਸਕਣ। ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਮਹਿਲਾ ਪ੍ਰੀਖਿਆਰਥੀਆਂ ਦੇ ਨਾਲ ਆਉਣ ਵਾਲੇ ਮਾਪਿਆਂ ਨੂੰ ਵੀ ਪ੍ਰੀਖਿਆ ਦਿਨ 'ਤੇ ਬੱਸਾਂ ਵਿੱਚ ਮੁਫਤ ਯਾਤਰਾ ਦੀ ਸਹੂਲਤ ਉਪਲਬਧ ਕਰਵਾਈ ਜਾਵੇ।

24 July Page 10.qxd 7/23/2025 10:45 PM Page 1



## ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡਾ ਲਾਂਚ ਲਈ ਤਿਆਰ : ਡਿਪਟੀ ਕਮਿਸ਼ਨਰ



**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**- ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਮੰਗਲਵਾਰ ਨੂੰ ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਅੰਤਿਮ ਤਿਆਰੀਆਂ ਦਾ ਜਾਇਜ਼ਾ ਲਿਆ।ਮੀਟਿੰਗ ਵਿੱਚ ਪੀ.ਡਬਲਯੂ.ਡੀ, ਪਬਲਿਕ ਹੈਲਥ,ਪੀ.ਐਸ.ਪੀ.ਸੀ.ਐਲ, ਏਅਰਪੋਰਟ ਅਥਾਰਟੀ ਆਫ਼ ਇੰਡੀਆ (ਏ.ਏ.ਆਈ), ਐਨ.ਐਚ.ਏ.ਆਈ, ਡਰੇਨੇਜ ਵਿਭਾਗਾਂ ਦੇ ਮੁੱਖ ਅਧਿਕਾਰੀ ਅਤੇ ਠੇਕੇਦਾਰੀ ਫਰਮਾਂ ਦੇ ਨੁਮਾਇੰਦੇ ਸ਼ਾਮਲ ਸਨ।ਡਿਪਟੀ ਕਮਿਸ਼ਨਰ ਜੈਨ ਨੇ ਸੀ.ਸੀ.ਟੀ.ਵੀ ਇੰਸਟਾਲੇਸ਼ਨ ਅਤੇ ਸਫਾਈ ਸਮੇਤ ਚੱਲ ਰਹੇ ਛੋਟੇ ਕੰਮਾਂ ਦੀ ਪ੍ਰਗਤੀ ਦਾ ਮੁਲਾਂਕਣ ਕੀਤਾ ਜੋ ਕਿ ਦੋ ਦਿਨ ਦੇ ਅੰਦਰ ਪੂਰਾ ਹੋਣ ਲਈ ਨਿਰਧਾਰਤ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਏ.ਏ.ਆਈ ਅਤੇ ਹੋਰ ਏਜੰਸੀਆਂ ਨਾਲ ਨੇੜਿਓਂ ਤਾਲਮੇਲ ਵਿੱਚ ਕੰਮ ਕਰ ਰਿਹਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸਾਰੀਆਂ ਤਿਆਰੀਆਂ ਨੂੰ ਜਲਦੀ ਅੰਤਿਮ ਰੂਪ ਦਿੱਤਾ ਜਾਵੇ।ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਅਤੇ ਐਸ ਡੀ ਐਮ ਉਪਿੰਦਰਜੀਤ ਕੌਰ ਬਰਾੜ ਨੇ ਪੁਸ਼ਟੀ ਕੀਤੀ ਕਿ ਟਰਮੀਨਲ ਇਮਾਰਤ ਪੂਰੀ ਤਰ੍ਹਾਂ ਕਾਰਜਸ਼ੀਲ ਹੈ ਅਤੇ ਹਵਾਈ ਅੱਡੇ ਨੂੰ ਅਧਿਕਾਰਤ ਤੌਰ 'ਤੇ ਇਸ ਦਾ ਹਵਾਈ ਅੱਡਾ ਕੋਡ ਸੌਂਪਿਆ ਗਿਆ ਹੈ।

## ਸੁਨੀਲ ਕੁਮਾਰ ਨੀਨੂੰ ਨਗਰ ਕੌਂਸਲ ਮਾਨਸਾ ਦੇ ਪ੍ਰਧਾਨ ਬਣੇ

**ਮਾਨਸਾ (ਆਤਮਾ ਸਿੰਘ ਪਮਾਰ)**- ਨਗਰ ਕੌਂਸਲ ਮਾਨਸਾ ਦੇ ਅਹੁਦੇਦਾਰਾਂ ਦੀ ਸਥਨਕ ਬੱਚਤ ਭਵਨ ਵਿਖੇ ਹੋਈ ਚੋਣ ਦੌਰਾਨ ਸੁਨੀਲ ਕੁਮਾਰ ਨੀਨੂੰ ਨੂੰ ਪ੍ਰਧਾਨ ਚੁਣ ਲਿਆ ਗਿਆ, ਜਦੋਂ ਕਿ ਸੀਨੀਅਰ ਮੀਤ ਪ੍ਰਧਾਨ ਵਿਸ਼ਾਲ ਜੈਨ ਗੋਲਡੀ ਤੇ ਮੀਤ ਪ੍ਰਧਾਨ ਲਈ ਦਵਿੰਦਰ ਜਿੰਦਲ ਦੀ ਚੋਣ ਕੀਤੀ ਗਈ। ਉਧਰ ਦੂਜੇ ਦੂਜੇ ਪਾਸੇ ਕੁਝ ਕੌਂਸਲਰਾਂ ਵੱਲੋਂ ਸਥਾਨਕ ਵਿਧਾਇਕ ਡਾ. ਵਿਜੈ ਸਿੰਗਲਾ ਅਤੇ ਪ੍ਰਸ਼ਾਸਨ 'ਤੇ ਕਥਿਤ ਧੱਕੇਸ਼ਾਹੀ ਕਰਨ ਤੇ ਇਸ ਚੋਣ ਨੂੰ ਗਲਤ ਤਰੀਕੇ ਨਾਲ ਕਰਵਾਉਣ ਦੇ ਦੋਸ਼ ਵੀ ਲਗਾਏ ਗਏ। ਕਰੀਬ ਦਸ ਕੌਂਸਲਰਾਂ ਜਿਨ੍ਹਾਂ 'ਚ ਔਰਤਾਂ ਵੀ ਸ਼ਾਮਲ ਸਨ, ਨੇ ਵਿਧਾਇਕ ਅਤੇ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਨ ਤੋਂ ਇਲਾਵਾ ਡਾ. ਸਿੰਗਲਾ 'ਤੇ ਚੋਣ ਦੌਰਾਨ ਕਥਿਤ ਦੁਰਵਿਹਾਰ ਕਰਨ ਦੇ ਦੋਸ਼ ਵੀ ਲਗਾਏ। ਉਪ ਮੰਡਲ ਅਫਸਰ ਮਾਨਸਾ ਕਾਲਾ ਰਾਮ ਕਾਂਸਲ ਦੀ ਦੇਖ ਰੇਖ 'ਚ ਨਗਰ ਕੌਂਸਲ ਮਾਨਸਾ ਦੇ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ,ਮੀਤ ਪ੍ਰਧਾਨ ਦੀ ਚੋਣ ਵੋਟਿੰਗ ਰਾਹੀਂ ਕਰਵਾਈ ਗਈ। ਜਿਸ 'ਚ ਨਗਰ ਕੌਂਸਲ ਦੇ ਕਾਰਜਕਾਰੀ ਪ੍ਰਧਾਨ ਸੁਨੀਲ ਕੁਮਾਰ ਨੀਨੂੰ ਨੂੰ ਪ੍ਰਧਾਨ, ਵਿਸ਼ਾਲ ਜੈਨ ਗੋਲਡੀ ਨੂੰ ਸੀਨੀਅਰ ਮੀਤ ਪ੍ਰਧਾਨ ਤੇ ਦਵਿੰਦਰ ਜਿੰਦਲ ਨੂੰ ਮੀਤ ਪ੍ਰਧਾਨ ਚੁਣਿਆ ਗਿਆ। ਜਿਉਂ ਹੀ ਇਹ ਐਲਾਨ ਕੀਤਾ ਗਿਆ ਤਾਂ ਸੀਨੀਅਰ ਮੀਤ ਪ੍ਰਧਾਨ ਦੀ ਚੋਣ ਲਈ ਉਮੀਦਵਾਰ ਨੇਮ ਚੰਦ, ਕੌਂਸਲਰ ਪ੍ਰੇਮ ਸਾਗਰ ਭੋਲਾ ਅਤੇ





ਪਵਨ ਕੁਮਾਰ ਵੱਲੋਂ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਕੌਂਸਲਰ ਨੇਮ ਚੰਦ ਤੇ ਪ੍ਰੇਮ ਸਾਗਰ ਭੋਲਾ ਨੇ ਕਿਹਾ ਕਿ ਇਸ ਨੂੰ ਚੋਣ ਹੀ ਨਹੀਂ ਮੰਨਿਆ ਜਾ ਸਕਦਾ ਸਗੋਂ, ਪ੍ਰਸ਼ਾਸਨ ਵਲੋਂ ਸਰਕਾਰ ਦੇ ਇਸ਼ਾਰੇ ਤੇ ਆਪਣੇ ਪੱਖੀ ਕੌਂਸਲਰਾਂ ਨੂੰ ਸਿਰਫ ਜੇਤੂ ਹੋਣ ਹੋਣ ਦਾ ਐਲਾਨ ਕਰਨਾ ਹੀ ਕਿਹਾ ਜਾ ਸਕਦਾ ਹੈ। ਵੋਟਿੰਗ ਤਾਂ ਸਿਰਫ ਖਾਨਾਪੂਰਤੀ ਤੇ ਦਿਖਾਵੇ ਲਈ ਹੀ ਕਰਵਾਈ ਗਈ ਹੈ।ਕਿਸ ਨੂੰ ਜੇਤੂ ਕਰਾਰ ਦੇਣਾ ਹੈ ਇਹ ਸਭ ਕੁੱਝ ਪਹਿਲਾਂ ਤੋਂ ਹੀ ਤੈਅ ਸੀ। ਉਨਾਂ ਮੌਕੇ 'ਤੇ ਹੀ ਚੋਣ ਰੱਦ ਕਰਨ ਦੀ ਮੰਗ ਵੀ ਕੀਤੀ ਅਤੇ ਇਸ ਚੋਣ ਨੂੰ ਕਾਨੂੰਨੀ ਚੁਣੌਤੀ ਦੇਣ ਦਾ ਐਲਾਨ ਵੀ ਕੀਤਾ। ਇਸ ਕਥਿਤ ਧਾਂਦਲੀ ਦੇ ਸਬੰਧ 'ਚ ਨਗਰ ਕੌਂਸਲਰਾਂ ਅਤੇ ਕਾਂਗਰਸੀ ਵਰਕਰਾਂ ਦਾ ਇੱਕ ਵਫ਼ਦ ਜ਼ਿਲ੍ਹਾ ਪ੍ਰਧਾਨ ਅਰਸ਼ਦੀਪ ਸਿੰਘ ਮਾਈਕਲ ਗਾਗੋਵਾਲ ਅਤੇ ਸਾਬਕਾ ਨਗਰ ਕੌਂਸਲ ਪ੍ਰਧਾਨ ਮਨਦੀਪ ਗੋਰਾ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਮਾਨਸਾ ਨੂੰ ਵੀ ਮਿਲਿਆ ਅਤੇ ਸਮੁੱਚੀ ਸਥਿਤੀ ਤੋਂ ਉਨ੍ਹਾਂ ਨੂੰ ਜਾਣੂ ਕਰਵਾਇਆ ਗਿਆ। ਡਿਪਟੀ ਕਮਿਸ਼ਨਰ ਵੱਲੋਂ ਉਨ੍ਹਾਂ ਨੂੰ ਲਿਖਤੀ ਬਿਨੈ ਪੱਤਰ ਦੇਣ ਲਈ ਕਹਿੰਦਿਆਂ ਮਾਮਲੇ ਦੀ ਪੜਤਾਲ ਦੀ ਗੱਲ ਵੀ ਕਹੀ।ਉਧਰ ਦੂਜੇ ਪਾਸੇ ਨਗਰ ਕੌਂਸਲ ਦੇ ਨਵ ਨਿਯੁਕਤ ਪ੍ਰਧਾਨ, ਸੁਨੀਲ ਕੁਮਾਰ ਨੀਨੂ ਤੇ ਦੂਸਰੇ ਅਹੁਦੇਦਾਰਾਂ ਨੇ ਕਿਹਾ ਕਿ ਉਹ ਸ਼ਹਿਰ ਲਈ ਕੰਮ ਕਰਨ ਨੂੰ ਤਰਜੀਹ ਦੇਣਗੇ ਅਤੇ ਆਪਣੇ ਅਹੁਦਿਆਂ ਦੀ ਸੁਚੱਜੀ ਵਰਤੋਂ ਕਰਦਿਆਂ ਸਮੁੱਚੇ ਸ਼ਹਿਰੀਆਂ ਦੇ ਸਹਿਯੋਗ ਨਾਲ ਕੰਮ ਕਰਨ 'ਚ ਹੋਰ ਤੇਜ਼ੀ ਲਿਆਉਣਗੇ । ਵਿਧਾਇਕ ਡਾ. ਵਿਜੈ ਸਿੰਗਲਾ ਨੇ ਕਿਹਾ ਕਿ ਇਹ ਚੋਣ ਪੂਰੀ ਤਰ੍ਹਾਂ ਪਾਰਦਰਸ਼ੀ ਤਰੀਕੇ ਨਾਲ ਹੋਈ ਹੈ, ਉਨ੍ਹਾਂ ਕਿਸੇ ਕਿਸਮ ਧੱਕੇਸ਼ਾਹੀ ਨੂੰ ਮੁੱਢੋਂ ਨਕਾਰਦਿਆਂ ਸਾਰੇ ਅਹੁਦੇਦਾਰਾਂ ਨੂੰ ਵਧਾਈਆਂ ਦਿੱਤੀਆਂ ਅਤੇ ਸ਼ਹਿਰ ਦੇ ਵਿਕਾਸ ਨੂੰ ਤਰਜੀਹੀ ਅਧਾਰ 'ਤੇ ਲੈਣ ਦੀ ਗੱਲ ਵੀ ਕਹੀ।

## ਓਬਰਾਇ ਵੱਲੋਂ ਪੰਜਾਬੀ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਨਾਲ ਮੁਲਾਕਾਤ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੰਜਾਬੀ ਯੂਨੀਵਰਸਿਟੀ ਵਿਖੇ ਉੱਘੇ ਕਾਰੋਬਾਰੀ, ਸਮਾਜ ਸੇਵੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਸੰਸਥਾਪਕ ਐਸ. ਪੀ. ਸਿੰਘ ਓਬਰਾਇ ਵੱਲੋਂ ਉਪ-ਕੁਲਪਤੀ ਡਾ. ਜਗਦੀਪ ਸਿੰਘ ਅਤੇ ਹੋਰ ਅਧਿਕਾਰੀਆਂ ਨਾਲ਼ ਮੁਲਾਕਾਤ ਕੀਤੀ ਗਈ। ਇਸ ਮੁਲਾਕਾਤ ਦੌਰਾਨ ਪੰਜਾਬੀ ਯੂਨੀਵਰਸਿਟੀ ਦੀ ਬਿਹਤਰੀ ਦੀਆਂ ਵੱਖ-ਵੱਖ ਸੰਭਾਵਨਾਵਾਂ ਦੇ ਹਵਾਲੇ ਨਾਲ਼ ਗੱਲ ਹੋਈ।ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਪਿਛਲੇ ਸਮੇਂ ਦੌਰਾਨ ਸਰਬੱਤ ਦਾ ਭਲਾ ਚੈਰਿਟੇਬਲ ਟਰੱਸਟ ਵੱਲੋਂ ਪੰਜਾਬੀ ਯੂਨੀਵਰਸਿਟੀ ਨੂੰ ਦਿੱਤੀ ਗਈ ਮਦਦ ਬਾਰੇ ਵਿਸ਼ੇਸ਼ ਧੰਨਵਾਦ ਕਰਦਿਆਂ ਭਵਿੱਖ ਵਿੱਚ ਵੀ ਅਜਿਹੀ ਮਦਦ ਜਾਰੀ ਰੱਖਣ ਦੀ ਇੱਛਾ ਜਤਾਈ। ਡਾ. ਜਗਦੀਪ ਸਿੰਘ ਨੇ ਓਬਰਾਏ ਅਤੇ ਉਨ੍ਹਾਂ ਦੀ ਸੰਸਥਾ ਸਰਬੱਤ ਦਾ ਭਲਾ ਚੈਰਿਟੇਬਲ ਟਰੱਸਟ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਵਿੱਤੀ ਮਦਦ ਰਾਹੀਂ ਪਾ ਜਾ ਰਹੇ ਯੋਗਦਾਨ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਟਰੱਸਟ ਵੱਲੋਂ ਦਿੱਤੀ ਜਾਂਦੀ ਮਦਦ ਨਾਲ਼ ਲੋੜਵੰਦ ਵਿਦਿਆਰਥੀ ਉਚੇਰੀ ਸਿੱਖਿਆ ਦਾ ਸੁਪਨਾ ਪੂਰਾ ਕਰਨ ਦੇ ਯੋਗ ਹੁੰਦੇ ਹਨ। ਓਬਰਾਇ ਵੱਲੋਂ ਭਵਿੱਖ ਵਿੱਚ ਵੀ ਪੰਜਾਬੀ ਯੂਨੀਵਰਸਿਟੀ ਨੂੰ ਮਦਦ ਮੁਹੱਈਆ ਕਰਵਾਏ ਜਾਣ ਦੀ ਇੱਛਾ ਪ੍ਰਗਟਾਏ ਜਾਣ ਉੱਤੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਉਨ੍ਹਾਂ ਦਾ ਵਿਸ਼ੇਸ਼ ਤੌਰ ਉੱਤੇ ਧੰਨਵਾਦ ਕੀਤਾ ਗਿਆ। ਐਸ. ਪੀ. ਸਿੰਘ ਓਬਰਾਇ ਨੇ ਕਿਹਾ ਕਿ ਲੋੜਵੰਦ ਵਿਦਿਆਰਥੀਆਂ ਦੀ ਮਦਦ ਲਈ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਦਰਵਾਜ਼ੇ ਹਮੇਸ਼ਾ ਖੁੱਲ੍ਹੇ ਹਨ। ਇਸ ਮੌਕੇ ਡੀਨ ਅਕਾਦਮਿਕ ਮਾਮਲੇ ਪ੍ਰੋ. ਨਰਿੰਦਰ ਕੌਰ ਮੁਲਤਾਨੀ, ਡਾਇਰੈਕਟਰ, ਯੋਜਨਾ ਅਤੇ ਨਿਰੀਖਣ ਡਾ. ਜਸਵਿੰਦਰ ਸਿੰਘ ਬਰਾੜ, ਡਾਇਰੈਕਟਰ ਕਾਲਜ ਵਿਕਾਸ ਕੌਂਸਲ ਡਾ. ਬਲਰਾਜ ਸੈਣੀ ਅਤੇ ਅੰਤਰਰਾਸ਼ਟਰੀ ਵਿਦਿਆਰਥੀ ਡਾਇਰੈਕਟੋਰੇਟ ਦੇ ਡੀਨ ਪ੍ਰੋ. ਦਮਨਜੀਤ ਸੰਧੂ ਹਾਜ਼ਰ ਰਹੇ।



## ਸੁਖਬੀਰ ਦੀ ਅਗਵਾਈ 'ਚ ਸ਼੍ਰੋਮਣੀ ਅਕਾਲੀ ਦਲ ਹੋ ਰਿਹਾ ਮਜ਼ਬੂਤ : ਡੱਲਾ

**ਮੋਗਾ (ਇਕਬਾਲ ਸਿੰਘ ਖਹਿਰਾ)** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਨਵੇਂ ਜਥੇਬੰਧਕ ਢਾਂਚੇ ਵਿੱਚ ਨਵ ਨਿਯੁਕਤ ਤਿੰਨ ਜ਼ਿਲ੍ਹਿਆਂ ਦੇ ਪ੍ਰਧਾਨ, ਜਿਸ ਵਿੱਚ ਲੁਧਿਆਣਾ ਦਿਹਾਤੀ ਦੇ ਪ੍ਰਧਾਨ ਚੰਦ ਸਿੰਘ ਡੱਲਾ, ਜਲੰਧਰ ਦਿਹਾਤੀ ਦੇ ਪ੍ਰਧਾਨ ਬਚਿੱਤਰ ਸਿੰਘ ਕੋਹਾੜ ਪੋਤਰੇ ਮਰਹੂਮ ਸਾਬਕਾ ਕੈਬਨਿਟ ਮੰਤਰੀ ਅਜੀਤ ਸਿੰਘ ਕੋਹਾੜ ਤੇ ਮੋਗਾ ਜ਼ਿਲ੍ਹੇ ਦੇ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ ਨੂੰ ਸੀਨੀਅਰ ਅਕਾਲੀ ਆਗੂ ਵੱਲੋਂ ਆਪਣੇ ਗ੍ਰਹਿ ਵਿਖੇ ਰੱਖੇ ਗਏ ਪ੍ਰਭਾਵਸ਼ਾਲੀ ਸਨਮਾਨ ਸਮਾਰੋਹ ਵਿੱਚ ਸਨਮਾਨਤ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ, ਸੀਨੀਅਰ ਆਗੂ ਤੇ ਬ੍ਰਾਹਮਣ ਸਭਾ ਪੰਜਾਬ ਦੇ ਪ੍ਰਧਾਨ ਖਣਮੁੱਖ ਭਾਰਤੀ ਪੱਤੋ, ਰਾਜਵੰਤ ਸਿੰਘ ਮਾਹਲਾ ਤੇ ਹੋਰ ਸੀਨੀਅਰ ਆਗੂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਨਵ ਨਿਯੁਕਤ ਪ੍ਰਧਾਨਾਂ ਨੇ ਜਿੱਥੇ ਇਸ ਉੱਦਮ ਲਈ ਰਜਿੰਦਰ ਸਿੰਘ ਡੱਲਾ ਦਾ ਧੰਨਵਾਦ ਕੀਤਾ, ਉਥੇ ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਨੂੰ ਬੁਲੰਦੀਆਂ 'ਤੇ ਲਿਜਾਣ ਲਈ ਸਖ਼ਤ ਮਿਹਨਤ ਕਰਨ ਦਾ ਪ੍ਰਣ ਵੀ ਲਿਆ। ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਵੱਲੋਂ ਜੋ ਤਿੰਨ ਜ਼ਿਲ੍ਹਿਆਂ ਦੇ ਪ੍ਰਧਾਨ ਨਿਯੁਕਤ ਕੀਤੇ ਹਨ, ਉਹ ਬਹੁਤ ਹੀ ਮਹੱਤਵਪੂਰਨ ਹਨ ਕਿਉਂਕਿ ਇਨ੍ਹਾਂ ਦੀ ਪਹਿਲਾਂ ਦੀ ਅਗਵਾਈ ਵਿੱਚ ਵੀ ਸ਼੍ਰੋਮਣੀ ਅਕਾਲੀ ਦਲ ਨੇ ਕਈ ਜਿੱਤਾਂ ਦਰਜ ਕੀਤੀਆਂ।ਸੀਨੀਅਰ ਆਗੂ ਰਜਿੰਦਰ ਸਿੰਘ ਡੱਲਾ ਨੇ ਕਿਹਾ ਕਿ ਮੈਨੂੰ ਮਾਣ ਮਹਿਸੂਸ ਹੋ ਰਿਹਾ ਹੈ ਕਿ ਮੇਰੇ ਪਿਤਾ ਪੁਰਖੀ ਪਾਰਟੀ ਦੀਆਂ ਸਰਗਰਮੀਆਂ ਉਨ੍ਹਾਂ ਦੇ ਵਿਹੜੇ ਵਿੱਚੋਂ ਸ਼ੁਰੂ ਕੀਤੀਆਂ ਜਾ ਰਹੀਆਂ ਹਨ ਅਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਸ਼੍ਰੋਮਣੀ ਅਕਾਲੀ ਦਲ ਦਿਨੋ ਦਿਨ ਮਜ਼ਬੂਤ ਹੋ ਰਿਹਾ ਹੈ। ਸਮਾਗਮ ਦੌਰਾਨ ਸਟੇਜ ਸਕੱਤਰ ਦੀ ਭੂਮਿਕਾ ਸੀਨੀਅਰ ਅਕਾਲੀ ਆਗੂ ਬੂਟਾ ਸਿੰਘ ਦੌਲਤਪੁਰਾ ਨੇ ਬਾਖੂਬੀ ਨਿਭਾਈ।





## ਸਮਾਣਾ ਟਰੱਕ ਯੂਨੀਅਨ ਵੱਲੋਂ ਖ਼ੂਨਦਾਨ ਕੈਂਪ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**- ਟਰੱਕ ਯੂਨੀਅਨ ਦੇ ਸਮੂਹ ਅਪਰੇਟਰਾਂ ਡਰਾਈਵਰ ਅਤੇ ਮੈਂਬਰਾਂ ਵਲੋਂ ਪ੍ਰਧਾਨ ਜਸਦੀਪ ਸਿੰਘ ਜੌਲੀ ਦੀ ਪ੍ਰਧਾਨਗੀ ਹੇਠ ਕੇ ਕੇ ਜੋਹਰੀ ਬਲੱਡ ਸੈਂਟਰ ਦੇ ਸਹਿਯੋਗ ਨਾਲ ਟਰੱਕ ਯੂਨੀਅਨ ਵਿੱਚ ਖ਼ੂਨਦਾਨ ਕੈਂਪ ਲਗਾਇਆ ਗਿਆ। ਇਸ ਬਲੱਡ ਕੈਂਪ ਵਿੱਚ 99 ਯੂਨਿਟ ਇੱਕਤਰ ਹੋਈ। ਟਰੱਕ ਯੂਨੀਅਨ ਦੇ ਪ੍ਰਧਾਨ ਜਗਦੀਪ ਸਿੰਘ ਜੌਲੀ ਅਤੇ ਯੂਨੀਅਨ ਦੇ ਮੈਨੇਜਰ ਵਿਨੋਦ ਕੁਮਾਰ ਬੱਬਰ ਵੱਲੋ ਆਏ ਹੋਏ ਮਹਿਮਾਨਾਂ ਅਤੇ ਖ਼ੂਨਦਾਨ ਕਰਨ ਵਾਲੇ ਸਹਿਯੋਗੀਆਂ ਦਾ ਸਨਮਾਨ ਵੀ ਕੀਤਾ।ਪ੍ਰਧਾਨ ਜੌਲੀ ਅਤੇ ਮੈਨੇਜਰ ਵਿਨੋਦ ਬੱਬਰ ਨੇ ਪਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜਿੱਥੇ ਖ਼ੂਨਦਾਨ ਕਰਨ ਨਾਲ ਕਈ ਬਿਮਾਰੀਆਂ ਤੋਂ ਨਿਜਾਤ ਮਿਲਦੀ ਹੈ ਉਥੇ ਹੀ ਤੁਹਾਡੇ ਵੱਲੋਂ ਦਿੱਤਾ ਗਿਆ ਖ਼ੂਨ ਕਿਸੇ ਲੋੜਵੰਦ ਦੀ ਜ਼ਿੰਦਗੀ ਬਚਾ ਸਕਦਾ ਹੈ,,ਅੰਤ ਵਿੱਚ ਉਨ੍ਹਾਂ ਸਮਾਜ ਸੇਵੀ ਸੰਸਥਾਵਾਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਵਣ ਮਹਾਂਉਤਸਵ ਦੇ ਚੱਲਦਿਆਂ ਹਰੇਕ ਨੌਜਵਾਨ ਨੂੰ ਇਕ ਰੁੱਖ ਲਗਾਉਣਾ ਚਾਹੀਦਾ ਹੈ।

## ਹਲਕਾ ਸਨੌਰ ਦੀਆਂ ਸੜਕਾਂ ਨੇ 'ਆਪ' ਦਾ ਚਿਹਰਾ ਕੀਤਾ ਬੇਨਕਾਬ : ਹੈਰੀ ਮਾਨ

**ਦੇਵੀਗੜ੍ਹ/ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)** ਵਿਧਾਨ ਸਭਾ ਹਲਕੇ ਦੀਆਂ ਟੁੱਟੀਆਂ ਸੜਕਾਂ ਨੂੰ ਨਵੇਂ ਸਿਰੇ ਤੋਂ ਬਣਾਉਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਚੁੱਪ ਧਾਰੀ ਹੋਈ ਹੈ, ਜਦਕਿ ਹਲਕੇ ਦੇ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਦੇਵੀਗੜ੍ਹ ਵਿਖੇ ਕਾਂਗਰਸ ਬੀ ਸੀ ਸੈੱਲ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਹਰਿੰਦਰ ਪਾਲ ਸਿੰਘ ਹੈਰੀ ਮਾਨ ਨੇ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਨੇ ਆਪਣੇ ਸਾਢੇ ਤਿੰਨ ਸਾਲਾਂ ਦੇ ਕਾਰਜਕਾਲ ਦੌਰਾਨ ਕੁੱਝ ਨਹੀਂ ਕੀਤਾ।ਉਨ੍ਹਾਂ ਕਿਹਾ ਕਿ ਇਲਾਕੇ ਦੇ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਪਰ ਸਰਕਾਰ ਦੇ ਕੰਨਾਂ 'ਤੇ ਜੂੰ ਤੱਕ ਵੀ ਨਹੀਂ ਸਰਕ ਰਹੀ।ਉਨ੍ਹਾਂ ਦੱਸਿਆ ਕਿ ਇਲਾਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਸਰਕਾਰ ਨੂੰ ਜਗਾਉਣ ਲਈ 30 ਜੁਲਾਈ ਨੂੰ ਦੇਵੀਗੜ੍ਹ ਘੱਗਰ ਦੇ ਪੁਲ 'ਤੇ ਇਲਾਕੇ ਦੇ ਲੋਕਾਂ ਸਣੇ ਪ੍ਰਦਰਸ਼ਨ ਕੀਤਾ ਜਾਵੇਗਾ।ਹੈਰੀ ਮਾਨ ਨੇ ਕਿਹਾ ਕਿ ਹਲਕੇ ਦੀਆਂ ਸੜਕਾਂ ਦੀ ਏਨੀ ਮਾੜੀ ਹਾਲਤ ਹੋ ਗਈ ਹੈ ਕਿ ਪਿਛਲੇ ਦਿਨਾਂ 'ਚ ਪਿੰਡ ਮੁਰਾਦ ਮਾਜਰਾ ਤੇ ਰੋਹੜ ਜਗੀਰ ਦੇ ਨੌਜਵਾਨਾਂ ਦੀ ਜਾਨ ਚਲੀ ਗਈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਆਗੂ ਤੇ ਮੰਤਰੀ ਰੋਜ਼ਾਨਾ ਬਿਆਨ ਦਿੰਦੇ ਹਨ ਕਿ ਸੜਕਾਂ ਦਾ ਕੰਮ ਛੇਤੀ ਹੀ ਸ਼ੁਰੂ ਕਰਾਇਆ ਜਾ ਰਿਹਾ ਹੈ, ਪੇਂਡੂ ਲੋਕਾਂ ਨੂੰ ਹੁਣ ਇਨ੍ਹਾਂ ਦਾਅਵਿਆਂ ਉੱਤੇ ਯਕੀਨ ਨਹੀਂ ਹੈ।



## ਨੈਸ਼ਨਲ ਹਾਈਵੇਅ 'ਤੇ ਭਿਆਨਕ ਹਾਦਸਾ, ਨੌਜਵਾਨ ਦੀ ਦਰਦਨਾਕ ਮੌਤ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਲੁਧਿਆਣਾ-ਬਰਨਾਲਾ ਮੁੱਖ ਮਾਰਗ 'ਤੇ ਪੈਂਦੇ ਪਿੰਡ ਸਹਿਜੜਾ ਕੋਲ ਡਰੇਨ ਦੇ ਪੁਲ ਨੇੜੇ ਸਵੇਰੇ ਇਕ ਦਰਦਨਾਕ ਸੜਕ ਹਾਦਸੇ ਵਿਚ ਮੋਟਰਸਾਈਕਲ ਸਵਾਰ ਨੌਜਵਾਨ ਦੀ ਮੌਕੇ 'ਤੇ ਮੌਤ ਹੋ ਗਈ, ਜਦਕਿ ਉਸ ਦਾ ਸਾਥੀ ਗੰਭੀਰ ਰੂਪ ਵਿਚ ਜ਼ਖਮੀ ਹੋ ਗਿਆ। ਜਾਣਕਾਰੀ ਅਨੁਸਾਰ ਹਾਦਸਾ ਸਵੇਰੇ ਲਗਭਗ 5:30 ਵਜੇ ਦੇ ਕਰੀਬ ਵਾਪਰਿਆ।ਇਕ ਰੇਤ ਨਾਲ ਭਰਿਆ ਟਰਾਲਾ ਟਾਇਰ ਫਟਣ ਕਾਰਨ ਉਹ ਸੜਕ ਕਿਨਾਰੇ ਖੜ੍ਹਾ ਸੀ। ਪਿੱਛੋਂ ਆ ਰਹੇ ਮੋਟਰਸਾਈਕਲ ਸਵਾਰ ਦੋ ਨੌਜਵਾਨ ਟਰਾਲੇ ਦੇ ਪਿੱਛੇ ਜਾ ਟਕਰਾਏ। ਟੱਕਰ ਇੰਨੀ ਭਿਆਨਕ ਸੀ ਕਿ ਮੋਟਰਸਾਈਕਲ ਚਾਲਕ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਪਿੱਛੇ ਬੈਠਾ ਨੌਜਵਾਨ ਗੰਭੀਰ ਜ਼ਖਮੀ ਹੋ ਗਿਆ। ਮ੍ਰਿਤਕ ਦੀ ਪਛਾਣ ਦਵਿੰਦਰ ਸਿੰਘ ਉਰਫ ਕਾਲੂ (28 ) ਪੁੱਤਰ ਜਰਨੈਲ ਸਿੰਘ ਵਾਸੀ ਸਹੌਰ ਵਜੋਂ ਹੋਈ ਹੈ। ਜ਼ਖ਼ਮੀ ਨੌਜਵਾਨ ਦੀ ਪਛਾਣ ਅੰਮ੍ਰਿਤਪਾਲ ਸਿੰਘ (30) ਪੁੱਤਰ ਗੁਰਮੇਲ ਸਿੰਘ ਵਾਸੀ ਸਹੌਰ ਵਜੋਂ ਹੋਈ। ਦੋਵੇਂ ਨੌਜਵਾਨ ਮੋਟਰਸਾਈਕਲ 'ਤੇ ਸਵਾਰ ਹੋ ਕੇ ਰਾਏਕੋਟ ਦੀ ਇਕ ਫੈਕਟਰੀ ਵਿਚ ਕੰਮ 'ਤੇ ਜਾ ਰਹੇ ਸਨ। ਜ਼ਖ਼ਮੀ ਅੰਮ੍ਰਿਤਪਾਲ ਸਿੰਘ ਨੂੰ ਤੁਰੰਤ ਸਿਵਲ ਹਸਪਤਾਲ ਬਰਨਾਲਾ ਪਹੁੰਚਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਦੀ ਗੰਭੀਰ ਹਾਲਤ ਦੇਖਦਿਆਂ ਲੁਧਿਆਣਾ ਦੇ ਇਕ ਨਿੱਜੀ ਹਸਪਤਾਲ ਲਈ ਰੈਫਰ ਕਰ ਦਿੱਤਾ।ਇਸ ਮੌਕੇ ਥਾਣਾ ਮਹਿਲ ਕਲਾਂ ਤੋਂ ਏ.ਐਸ.ਆਈ. ਗੁਰਸਿਮਰਨਜੀਤ ਸਿੰਘ ਨੇ ਪੁਲਸ ਪਾਰਟੀ ਸਮੇਤ ਪੁੱਜ ਕੇ ਸਥਿਤੀ ਦਾ ਜਾਇਜ਼ਾ ਲੈ ਕੇ ਮ੍ਰਿਤਕ ਦੀ ਲਾਸ਼ ਨੂੰ ਕਬਜ਼ੇ ਵਿਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ। ਉਨ੍ਹਾਂ ਦੱਸਿਆ ਕਿ ਪਰਵਾਰਕ ਮੈਂਬਰਾਂ ਦੇ ਬਿਆਨ ਦਰਜ ਹੋਣ ਤੋਂ ਬਾਅਦ ਅਗਲੀ ਕਾਰਵਾਈ ਕੀਤੀ ਜਾਵੇਗੀ। ਹਾਦਸਾ ਵਾਪਰਦਿਆਂ ਹੀ ਟਰਾਲਾ ਚਾਲਕ ਮੌਕੇ ਤੋਂ ਫਰਾਰ ਹੋ ਗਿਆ। ਇਸ ਮੌਕੇ ਸੜਕ ਸੁਰੱਖਿਆ ਫੋਰਸ 112 ਦੀ ਟੀਮ ਇੰਚਾਰਜ ਜਗਮੋਹਣ ਸਿੰਘ ਨੇ ਟਰਾਲੇ ਹੇਠੋਂ ਮ੍ਰਿਤਕ ਨੌਜਵਾਨ ਦੀ ਲਾਸ਼ ਕਢਵਾਈ ਤੇ ਜ਼ਖ਼ਮੀ ਨੂੰ ਇਲਾਜ ਲਈ ਹਸਪਤਾਲ ਪਹੁੰਚਾਇਆ। ਪੁਲਸ ਵੱਲੋਂ ਹਾਦਸੇ ਮਗਰੋਂ ਦੋਵੇਂ ਪਾਸਿਆਂ ਦੀ ਆਵਾਜਾਈ ਵੀ ਬਹਾਲ ਕਰਵਾਈ ਗਈ।



## ਮਹਾਂਦਾਨੀ ਪਰਵਾਰ ਦੇ ਪਿੰਡ 'ਚ ਸੀਵਰੇਜ ਪਾਇਆ ਜਾਵੇ : ਢੋਸੀਵਾਲ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਪੰਜਾਬ ਦੇ ਉਸ ਵੇਲੇ ਦੇ ਮੁੱਖ ਮੰਤਰੀ ਸਵ: ਹਰਚਰਨ ਸਿੰਘ ਬਰਾੜ ਵੱਲੋਂ ਕਰੀਬ ਤੀਹ ਸਾਲ ਪਹਿਲਾਂ ਮੁਕਤਸਰ ਨੂੰ ਜ਼ਿਲ੍ਹੇ ਦਾ ਦਰਜਾ ਦਿੱਤਾ ਗਿਆ ਸੀ।ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੇ ਹੋਰ ਸਰਕਾਰੀ ਇਮਾਰਤਾਂ ਉਸਾਰਨ ਦਾ ਫੈਸਲਾ ਕੀਤਾ ਗਿਆ।ਨੇੜਲੇ ਪਿੰਡ ਚੱਕ ਬੀੜ ਸਰਕਾਰ ਦੇ ਜੱਦੀ ਪੁਸ਼ਤੀ ਸਰਦਾਰ ਕਹਾਉਣ ਵਾਲੇ ਬਾਵਾ ਪਰਵਾਰ ਵੱਲੋਂ ਆਪਣੀ ਨਿੱਜੀ ਜਾਇਦਾਦ ਵਿੱਚੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਜ਼ਿਲ੍ਹਾ ਕਚਹਿਰੀਆਂ, ਸਿਵਲ ਹਸਪਤਾਲ, ਅੰਬੇਡਕਰ ਪਾਰਕ, ਸੈਨਿਕ ਰੈਸਟ ਹਾਊਸ ਤੇ ਜਿਲ੍ਹਾ ਖੇਤੀਬਾੜੀ ਦਫਤਰ ਸਮੇਤ ਕਈ ਹੋਰ ਦਫ਼ਤਰਾਂ ਦੀ ਉਸਾਰੀ ਲਈ ਆਪਣੀ ਜ਼ਮੀਨ ਦਾਨ ਵਜੋਂ ਦਿੱਤੀ ਗਈ। ਇਸ ਵੇਲੇ ਇਸ ਜਾਇਦਾਦ ਦੀ ਕੀਮਤ ਕਈ ਸੌ ਕਰੋੜ ਰੁਪਏ ਦੇ ਕਰੀਬ ਬਣਦੀ ਹੈ।ਐਨੀ ਵੱਡੀ ਮਾਤਰਾ ਵਿੱਚ ਜ਼ਮੀਨ ਦਾ ਦਾਨ ਕਰਨ ਵਾਲੇ ਇਸ ਪਿੰਡ ਵਿੱਚ ਅਜੇ ਤੱਕ ਨਾ ਤਾਂ ਸੀਵਰੇਜ ਹੀ ਪਿਆ ਹੈ ਅਤੇ ਨਾ ਹੀ ਸਰਕਾਰੀ ਤੌਰ 'ਤੇ ਗਲੀਆਂ ਨਾਲੀਆਂ ਬਣੀਆਂ ਹਨ।ਜ਼ਿਕਰਯੋਗ ਹੈ ਕਿ ਕਰੀਬ ਬਾਰਾਂ ਸਾਲ ਪਹਿਲਾਂ ਇਸ ਪਿੰਡ ਨੂੰ ਸ਼ਹਿਰ ਦੀ ਨਗਰ ਕੌਂਸਲ ਅਧੀਨ ਲਿਆਂਦਾ ਗਿਆ ਸੀ ਤੇ ਵਾਰਡ ਨੰਬਰ ਪੰਜ ਵਿੱਚ ਸ਼ਾਮਲ ਕੀਤਾ ਗਿਆ ਸੀ।ਮੌਜੂਦਾ ਸਮੇਂ ਵਿੱਚ ਇਸ ਵਾਰਡ ਦੀ ਐਮ.ਸੀ. ਵੀ ਸੱਤਾਧਾਰੀ ਪਾਰਟੀ ਨਾਲ ਸਬੰਧਤ ਹੈ।ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਿਤ ਪ੍ਰਮੁੱਖ ਵਰਕਿੰਗ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਨੇ ਇਸ ਗੱਲ 'ਤੇ ਹੈਰਾਨੀ ਪ੍ਰਗਟ ਕੀਤੀ ਹੈ ਕਿ ਸਰਕਾਰ ਨੂੰ ਅਰਬਾਂ ਰੁਪਏ ਦੀ ਜ਼ਮੀਨ ਦਾਨ ਕਰਨ ਵਾਲੇ ਇਸ ਪਿੰਡ ਦੇ ਸੁਧਾਰ ਵੱਲ ਕਿਸੇ ਵੀ ਸਮੇਂ ਦੀ ਸਰਕਾਰ ਨੇ ਕੋਈ ਧਿਆਨ ਨਹੀਂ ਦਿੱਤਾ, ਜੋ ਪਿੰਡ ਵਾਸੀਆਂ ਨਾਲ ਸਰਾਸਰ ਧੱਕਾ ਅਤੇ ਬੇਇਨਸਾਫੀ ਹੈ। ਪ੍ਰਧਾਨ ਢੋਸੀਵਾਲ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਜ਼ਿਲ੍ਹੇ ਲਈ ਐਨੀ ਕੀਮਤੀ ਜ਼ਮੀਨ ਦਾਨ ਵਜੋਂ ਦੇਣ ਲਈ ਮਹਾਂਦਾਨੀ ਬਾਵਾ ਪਰਵਾਰ ਨੂੰ ਆਉਂਦੀ 15 ਅਗਸਤ ਨੂੰ ਅਜ਼ਾਦੀ ਦਿਹਾੜੇ ਮੌਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇ।



● ਵਿਕਾਸ ਮਿਸ਼ਨ ਨੇ ਚੁੱਕਿਆ ਮੁੱਦਾ

## ਨਸ਼ਿਆਂ ਦੇ ਖਾਤਮੇ ਲਈ ਸਰਕਾਰ ਵੱਲੋਂ ਲੜੀ ਜਾ ਰਹੀ ਜੰਗ 'ਚ ਲੋਕ ਪਾ ਰਹੇ ਉਸਾਰੂ ਯੋਗਦਾਨ : ਵਿਧਾਇਕ ਹੈਪੀ

**ਬਸੀ ਪਠਾਣਾ/ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਸੂਬੇ ਦੇ ਲੋਕਾਂ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਦਿੱਤੇ ਜਾ ਰਹੇ ਉਸਾਰੂ ਯੋਗਦਾਨ ਸਦਕਾ ਨਸ਼ਿਆਂ ਖਿਲਾਫ ਲੜੀ ਜਾ ਰਹੀ ਜੰਗ ਫੈਸਲਾਕੁੰਨ ਦੌਰ 'ਚ ਪਹੁੰਚ ਚੁੱਕੀ ਹੈ, ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਹਲਕੇ ਦੇ ਕਈ ਪਿੰਡਾਂ ਦੀਆਂ ਦਿਹਾਤੀ ਰੱਖਿਆ ਕਮੇਟੀਆਂ ਨਾਲ ਨਸ਼ਾ ਮੁਕਤੀ ਯਾਤਰਾ ਅਧੀਨ ਜਾਗਰੂਕਤਾ ਮੀਟਿੰਗਾਂ ਕਰਨ ਮੌਕੇ ਕੀਤਾ। ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਪਿੰਡ ਗਗੜਵਾਲ, ਹਵਾਰਾ ਕਲਾਂ, ਕਾਲੇਮਾਜਰਾ, ਬਦੇਸ਼ ਕਲਾਂ, ਬਦੇਸ਼ ਖੁਰਦ ਤੇ ਰਤਨਗੜ੍ਹ ਵਿੱਚ ਨਾਗਰਿਕਾਂ ਨੂੰ ਨਸ਼ਿਆਂ ਦੇ ਖਾਤਮੇ ਦੀ ਮੁਹਿੰਮ ਵਿੱਚ ਪੂਰੀ ਸ਼ਿੱਦਤ ਨਾਲ ਯੋਗਦਾਨ ਪਾਉਣ ਲਈ ਪ੍ਰੇਰਤ ਕੀਤਾ। ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਨਸ਼ਿਆਂ ਦੀ ਲਾਹਨਤ ਦਾ ਜੜ੍ਹੋਂ ਖਾਤਮਾ ਕਰਨ ਲਈ ਪੂਰੀ ਦ੍ਰਿੜਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਨਸ਼ਿਆਂ ਦੀ ਦਲਦਲ ਵਿੱਚ ਫਸੇ ਵਿਅਕਤੀਆਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਲ ਕਰਨ ਲਈ ਨਵੀਆਂ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਤਹਿਤ ਜਿਥੇ ਨਸ਼ਿਆਂ ਦੇ ਆਦੀ ਵਿਅਕਤੀਆਂ ਦਾ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਇਲਾਜ ਕਰਵਾ ਕੇ ਨਸ਼ਾ ਛੁਡਵਾਇਆ ਜਾ ਰਿਹਾ ਹੈ, ਉਥੇ ਹੀ ਉਨ੍ਹਾਂ ਨੂੰ ਆਪਣੇ ਪੈਰਾਂ 'ਤੇ ਖੜਾ ਕਰਨ ਲਈ ਕਿੱਤਾ ਮੁਖੀ ਕੋਰਸਾਂ ਦੀ ਸਿਖਲਾਈ ਵੀ ਦਿੱਤੀ ਜਾ ਰਹੀ ਹੈ। ਉਨ੍ਹਾਂ ਪਿੰਡਾਂ ਦੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰਣ ਵੀ ਦਿਵਾਇਆ।ਇਸ ਮੌਕੇ ਥਾਣਾ ਮੁਖੀ ਸਪਿੰਦਰ ਸਿੰਘ ਤੇ ਬੀਡੀਪੀਓ ਗੁਰਮਿੰਦਰ ਸਿੰਘ ਵੀ ਮੌਜੂਦ ਸਨ।



## ਕਿਸਾਨ ਜਥੇਬੰਦੀਆਂ ਵੱਲੋਂ ਵਜੀਦਕੇ ਵਿਖੇ ਬੈਂਕ ਵੱਲੋਂ ਵਰੰਟ ਕਬਜ਼ੇ ਖਿਲਾਫ਼ ਰੋਸ ਧਰਨਾ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਵਿਧਾਨ ਸਭਾ ਹਲਕਾ ਮਹਿਲ ਕਲਾਂ ਅਧੀਨ ਪੈਂਦੇ ਪਿੰਡ ਵਜੀਦਕੇ ਕਲਾਂ ਵਿਖੇ ਇੱਕ ਵਰਕਸ਼ਾਪ ਦੀ ਜਾਇਦਾਦ 'ਤੇ ਬੈਂਕ ਅਧਿਕਾਰੀਆਂ ਵੱਲੋਂ ਅਦਾਲਤੀ ਵਰੰਟ ਰਾਹੀਂ ਲਿਆਂਦੇ ਕਬਜ਼ੇ ਦੇ ਵਿਰੋਧ 'ਚ ਕਿਸਾਨ ਜਥੇਬੰਦੀਆਂ ਨੇ ਰੋਸ ਧਰਨਾ ਦਿੱਤਾ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ, ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ, ਅਤੇ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਧਨੇਰ ਗਰੁੱਪ ਵੱਲੋਂ ਸੰਯੁਕਤ ਤੌਰ 'ਤੇ ਧਰਨਾ ਲਗਾ ਕੇ ਨਾਅਰੇਬਾਜ਼ੀ ਕੀਤੀ ਗਈ ਤੇ ਸੂਚਿਤ ਕੀਤਾ ਗਿਆ ਕਿ ਕਿਸਾਨਾਂ ਦੀਆਂ ਜ਼ਮੀਨਾਂ ਜਾਂ ਜਾਇਦਾਦਾਂ ਨੂੰ ਨਿਲਾਮ ਨਹੀਂ ਹੋਣ ਦਿੱਤਾ ਜਾਵੇਗਾ। ਆਗੂਆਂ ਨੇ ਦੱਸਿਆ ਕਿ ਇੱਕ ਪਾਸੇ ਪੰਜਾਬ ਸਰਕਾਰ ਵੱਡੇ ਦਾਅਵੇ ਕਰਦੀ ਹੈ ਕਿ ਕਿਸਾਨਾਂ ਅਤੇ ਮਜ਼ਦੂਰਾਂ ਦੀ ਕਰਜ਼ਾ ਮੁਆਫ਼ੀ ਹੋਵੇਗੀ, ਪਰ ਦੂਜੇ ਪਾਸੇ ਉਨ੍ਹਾਂ ਉੱਤੇ ਵਰੰਟ ਕੱਢ ਕੇ ਉਨ੍ਹਾਂ ਦੀਆਂ ਜਾਇਦਾਦਾਂ ਕਬਜ਼ਾਈਆਂ ਜਾ ਰਹੀਆਂ ਹਨ। ਇਹ ਸਰਾਸਰ ਜ਼ੁਲਮ ਤੇ ਲੋਕ ਵਿਰੋਧੀ ਨੀਤੀ ਹੈ। ਇਸ ਮੌਕੇ ਕੁਲਜੀਤ ਸਿੰਘ ਵਜੀਦਕੇ (ਜਰਨਲ ਸਕੱਤਰ, ਬੀ.ਕੇ.ਯੂ. ਉਗਰਾਹਾਂ), ਕੁਲਵਿੰਦਰ ਕੌਰ ਵਜੀਕੇ, ਚਰਨਜੀਤ ਸਿੰਘ ਗਰੇਵਾਲ (ਪ੍ਰਧਾਨ, ਬੀ.ਕੇ.ਯੂ. ਸਿੱਧੂਪੁਰ), ਨਾਹਰ ਸਿੰਘ ਵਜੀਦਕੇ, ਅਮਨਦੀਪ ਸਿੰਘ ਸੇਰੋ, ਬਲਵੀਰ ਸਿੰਘ ਮਨਾਲ, ਜਗਤਾਰ ਸਿੰਘ, ਅਮਰਜੀਤ ਸਿੰਘ, ਲੀਲਾ ਸਿੰਘ, ਤਰਸੇਮ ਸਿੰਘ, ਸੁਖਵਿੰਦਰ ਸਿੰਘ, ਹਰਚਰਨ ਸਿੰਘ, ਮਨਜੀਤ ਕੌਰ, ਪਲਵਿੰਦਰ ਕੌਰ, ਹਰਪਾਲ ਸਿੰਘ ਪਾਲੀ, ਸ਼ੇਰ ਸਿੰਘ ਅਤੇ ਹੋਰ ਵੱਡੀ ਗਿਣਤੀ 'ਚ ਕਿਸਾਨ-ਮਜ਼ਦੂਰ ਹਾਜ਼ਰ ਸਨ। ਧਰਨੇ ਮੌਕੇ ਥਾਣਾ ਠੁੱਲੀਵਾਲ ਦੇ ਮੁਖੀ ਗੁਰਮੇਲ ਸਿੰਘ ਦੀ ਅਗਵਾਈ ਹੇਠ ਪੁਲਸ ਵੱਲੋਂ ਪੂਰੇ ਸੁਰੱਖਿਆ ਪ੍ਰਬੰਧ ਕੀਤੇ ਗਏ। ਇਸ ਮੌਕੇ ਤਹਿਸੀਲਦਾਰ ਮਹਿਲ ਕਲਾਂ ਪਾਵਨ ਕੁਮਾਰ ਅਤੇ ਥਾਣਾ ਮਹਿਲ ਕਲਾਂ ਦੇ ਮੁਖੀ ਸ਼ੇਰਬਿੰਦਰ ਸਿੰਘ ਔਲਖ ਦੀ ਹਾਜ਼ਰੀ 'ਚ ਬੈਂਕ ਅਧਿਕਾਰੀਆਂ ਅਤੇ ਵਰਕਸ਼ਾਪ ਮਾਲਕਾਂ ਨਾਲ ਇੱਕ ਸਾਂਝੀ ਮੀਟਿੰਗ ਕਰਵਾਈ ਗਈ। ਇਸ ਦੌਰਾਨ ਸਮਾਜ ਸੇਵੀ ਜਗਮੋਹਨ ਸਿੰਘ ਅਤੇ ਅੰਗਰੇਜ਼ ਸਿੰਘ ਵਜੀਦਕੇ ਵੱਲੋਂ ਦੱਸਿਆ ਗਿਆ ਕਿ ਮਸਲਾ ਗੱਲਬਾਤ ਰਾਹੀਂ ਸੂਝ ਬੂਝ ਨਾਲ ਹੱਲ ਹੋ ਗਿਆ ਹੈ। ਬੈਂਕ ਨੇ ਆਪਣੀਆਂ ਪੋਜ਼ੀਸ਼ਨਾਂ ਸਪਸ਼ਟ ਕਰਦਿਆਂ ਰਿਪੋਰਟ ਅਧਿਕਾਰੀਆਂ ਨੂੰ ਭੇਜ ਦਿੱਤੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕਿਸਾਨ, ਮਜ਼ਦੂਰ ਜਾਂ ਕਿਰਤੀ ਵਰਗ ਦੀ ਜਾਇਦਾਦ ਜਾਂ ਘਰ 'ਤੇ ਕੁਰਕੀ ਜਾਂ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਜਥੇਬੰਦੀਆਂ ਰੋਸ ਵਜੋਂ ਵੱਡੀ ਲਹਿਰ ਚਲਾਉਣਗੀਆਂ। ਉਹਨਾਂ ਕਿਹਾ ਕਿ ਭਾਵੇਂ ਜਿੰਨੀਆਂ ਵੀ ਕੁਰਬਾਨੀਆਂ ਦੇਣੀਆਂ ਪੈਣ, ਪਰ ਕਿਸੇ ਦੀ ਵੀ ਜਾਇਦਾਦ ਉਜਾੜਨ ਨਹੀਂ ਦਿੱਤੀ ਜਾਵੇ। ਇਸ ਮੌਕੇ ਹੋਰ ਕਿਸਾਨ ਮਜ਼ਦੂਰ ਵੀ ਹਾਜ਼ਰ ਸਨ। ਉਧਰ ਪਾਸੇ ਬੈਂਕ ਦੇ ਅਧਿਕਾਰੀ ਧਰਿੰਦਰ ਚੌਧਰੀ ਨੇ ਸੰਪਰਕ ਕਰਨ 'ਤੇ ਕਿਹਾ ਕਿ ਬੈਂਕ ਦੀਆਂ ਪਾਲਸੀਆਂ ਨੂੰ ਸਾਂਝਾ ਨਹੀਂ ਕੀਤਾ ਜਾ ਸਕਦਾ।



## ਐਡਵੋਕੇਟ ਸ਼ੁਭਮ ਜੈਸਵਾਲ ਵਾਰਡ ਨੰਬਰ 37 ਦੇ ਇੰਚਾਰਜ ਨਿਯੁਕਤ



ਮੋਗਾ, (ਇਕਬਾਲ ਸਿੰਘ ਖਹਿਰਾ) ਆਮ ਆਦਮੀ ਪਾਰਟੀ ਵੱਲੋਂ ਸ਼ਹਿਰ ਦੇ ਨੌਜਵਾਨ ਐਡਵੋਕੇਟ ਸ਼ੁਭਮ ਜੈਸਵਾਲ ਨੂੰ ਵਾਰਡ ਨੰਬਰ 37 ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ।ਸ਼ੁਭਮ ਜੈਸਵਾਲ ਦੀ ਨਿਯੁਕਤੀ ਤੋਂ ਬਾਅਦ ਵਿਧਾਇਕ ਡਾ. ਅਮਨਦੀਪ ਕੋਰ ਨੇ ਨਗਰ ਨਿਗਮ ਵਿਚ ਐਡਵੋਕੇਟ ਸ਼ੁਭਮ ਜੈਸਵਾਲ ਨੂੰ ਨਿਯੁਕਤੀ ਪੱਤਰ ਦਿੱਤਾ।ਉਨ੍ਹਾਂ ਨੂੰ ਪਾਰਟੀ ਦਾ ਚੋਣ ਨਿਸ਼ਾਨ ਦੇ ਕੇ ਸਨਮਾਨਤ ਵੀ ਕੀਤਾ ਗਿਆ। ਆਮ ਆਦਮੀ ਪਾਰਟੀ ਵਿਚ ਵਿਧਾਇਕਾ ਡਾਕਟਰ ਅਮਨਦੀਪ ਕੌਰ ਅਰੋੜਾ ਦਾ ਕੱਦ ਵਧਣ ਤੋਂ ਬਾਅਦ ਉਨ੍ਹਾਂ ਵਲੋਂ ਪਾਰਟੀ ਨੂੰ ਹੋਰ ਮਜਬੂਤ ਕਰਨ ਦੇ ਮੰਤਵ ਤਹਿਤ ਜਿਥੇ ਲਗਾਤਾਰ ਯਤਨ ਜਾਰੀ ਹਨ, ਉਥੇ ਉਨ੍ਹਾਂ ਵੱਲੋਂ ਸ਼ੁਭਮ ਜੈਸਵਾਲ ਦੇ ਰੂਪ ਵਿਚ ਨਵੀਂ ਨਿਯੁਕਤੀ ਕੀਤੀ ਹੈ।ਨਿਯੁਕਤੀ ਤੋਂ ਬਾਅਦ ਸ਼ੁਭਮ ਜੈਸਵਾਲ ਨੇ ਕਿਹਾ ਕਿ ਉਹ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।

## ਸਿਮਰਨ ਫਾਊਂਡੇਸ਼ਨ ਨੇ ਅੰਗਹੀਣਾਂ ਲਈ ਕੈਂਪ ਲਾਇਆ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**- ਸਿਮਰਨ ਫਾਉਂਡੇਸ਼ਨ ਗਿੱਦੜਬਾਹਾ ਵੱਲੋਂ ਹਲਕਾ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਮਰਨ ਫਾਉਂਡੇਸ਼ਨ ਦੇ ਪ੍ਰਧਾਨ ਅਭੈ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਅੰਗਹੀਣਾਂ ਨੂੰ ਸਹੂਲਤ ਦੇਣ ਲਈ ਅਗਰਸੈਨ ਧਰਮਸ਼ਾਲਾ ਗਿੱਦੜਬਾਹਾ ਵਿਖੇ ਕੈਂਪ ਲਗਾਇਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦੇ ਸਿਮਰਨ ਫਾਊਂਡੇਸ਼ਨ ਦੇ ਪ੍ਰਧਾਨ ਅਭੈ ਸਿੰਘ ਢਿੱਲੋਂ ਨੇ ਦੱਸਿਆ ਕਿ ਰਾਜਨੀਤੀ ਤੋਂ ਉੱਪਰ ਉੱਠ ਕੇ ਹਲਕੇ ਦੇ ਅੰਗਹੀਣ ਲੋੜਵੰਦਾਂ ਨੂੰ ਸਹੂਲਤ ਦੇਣ ਲਈ ਕੈਂਪ ਵਿੱਚ ਅੰਗਹੀਣਤਾ ਸਰਟੀਫਿਕੇਟ ਤੇ ਯੂਆਈਡੀ ਕਾਰਡ ਮੌਕੇ 'ਤੇ ਬਣਾ ਕੇ ਦਿੱਤੇ ਇਸ ਸੰਬੰਧੀ 4 ਦਿਨ ਲਗਾਤਾਰ ਹਲਕੇ ਦੇ ਵੱਖ ਵੱਖ ਪਿੰਡਾਂ ਵਿਚ ਕੈਂਪ ਲਗਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਐਸਐਮਓ ਡਾ. ਰਸ਼ਮੀ ਚਾਵਲਾ, ਡਾ. ਰਵਿੰਦਰ ਕੌਰ, ਡਾ. ਜੋਤੀ ਯਾਦਵ, ਡਾ. ਗੁਰਮੀਤ ਸਿੰਘ ਚੀਮਾ, ਡਾ. ਧਰਿੰਦਰ, ਡਾ. ਰਾਹੁਲ ਜਿੰਦਲ਼, ਗਗਨ ਬਾਂਸਲ, ਪ੍ਰਿੰਸ, ਨਵਕਿਰਨ ਕੌਰ, ਗੁਰਮੀਤ ਕੌਰ, ਸ਼ਿਵਰਾਜ ਸਿੰਘ, ਸਤਨਾਮ ਸਿੰਘ, ਸੁਧਰ ਜਿੰਦਲ, ਗੁਰਵਿੰਦਰ ਸਿੰਘ, ਹਰਪ੍ਰੀਤ ਸਿੰਘ ਨੇ ਕੈਂਪ ਵਿੱਚ ਆਪਣੀਆਂ ਸੇਵਾਵਾਂ ਦਿੱਤੀਆਂ।ਇਸ ਮੌਕੇ ਮਿੰਟੂ ਵਾਲਿਆਂ ਪ੍ਰਧਾਨ ਸਿਟੀ ਕਲੱਬ, ਅਸ਼ੋਕ ਬੁੱਟਰ, ਰਾਜੂ ਥਰਾਜਵਾਲਾ, ਪ੍ਰਧਾਨ ਲਾਭ ਸਿੰਘ ਸੰਧੂ, ਸਰੂਪ ਸਿੰਘ ਗਿੱਲ, ਨਵੀ ਬਰਾੜ ਮਧੀਰ, ਮਾਧੋਦਾਸ ਸਿੰਘ ਖਾਲਸਾ, ਗੁਰਚੇਤ ਸਿੰਘ, ਲਾਲੀ ਮਾਨ, ਸੋਨੀ ਰੋਇਲ, ਹਰਵਿੰਦਰ ਕਾਕਾ, ਕਮਲ ਮਸੌਣ, ਰਮੇਸ਼ ਕੁਮਾਰ ਫੌਜੀ ਕੌਂਸਲਰ, ਪਰਮਿੰਦਰ ਕੌਰ ਸਰਪੰਚ ਬਬਾਣੀਆ, ਗੁਰਪ੍ਰੀਤ ਸਿੰਘ ਭਲਵਾਨ, ਜਸਪ੍ਰੀਤ ਸਿੰਘ ਨੰਬਰਦਾਰ, ਬਲਰਾਜ ਮਾਨ, ਬੁੱਧ ਰਾਮ, ਡੀ ਸੀ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲਾਭਪਾਤਰੀ ਹਾਜ਼ਰ ਸਨ।



## ਰੋਟਰੀ ਕਲੱਬ ਨੇ ਪੌਦੇ ਲਗਾ ਕੇ ਵਣ-ਮਹਾਂਉਤਸਵ ਮਨਾਇਆ



**ਨਾਭਾ (ਵਰਿੰਦਰ ਵਰਮਾ)**- ਰੋਟਰੀ ਕਲੱਬ ਨਾਭਾ ਪ੍ਰਧਾਨ ਰਵਨੀਸ਼ ਗੋਇਲ ਤੇ ਜਨਰਲ ਸਕੱਤਰ ਐਡਵੋਕੇਟ ਜਿੰਦਲ ਦੀ ਅਗਵਾਈ ਹੇਠ ਅਤੇ ਪ੍ਰੋਜੈਕਟ ਚੇਅਰਮੈਨ ਜੀਵਨ ਪ੍ਰਕਾਸ਼ ਬਾਂਸਲ ਤੇ ਐਡਵੋਕੇਟ ਨਿਤਿਨ ਜੈਨ ਦੀ ਨਿਗਰਾਨੀ ਵਿੱਚ ਅਗਰਵਾਲ ਸਭਾ ਵਿੱਚ ਮਹਾਰਾਜਾ ਅਗਰਸੈਨ ਪਾਰਕ, ਪਟਿਆਲਾ ਗੇਟ ਤੇ ਪੁਰਾਣਾ ਹਾਈ ਕੋਰਟ ਗਰਾਊਂਡ ਵਿਖੇ ਵਾਤਾਵਰਨ ਦੀ ਸ਼ੁੱਧਤਾ ਲਈ ਹਵਾਦਾਰ ਤੇ ਫਲਦਾਰ ਬੂਟੇ ਲਗਾ ਕੇ ਵਣ ਮਹਾਂਉਤਸਵ ਮਨਾਇਆ ਗਿਆ।ਇਸ ਮੌਕੇ ਕਲੱਬ ਪ੍ਰਧਾਨ ਰਵਨੀਸ਼ ਗੋਇਲ ਤੇ ਜਨਰਲ ਸਕੱਤਰ ਐਡਵੋਕੇਟ ਰੋਹਿਤ ਜਿੰਦਲ ਨੇ ਕਿਹਾ ਕਿ ਜਿੱਥੇ ਕਲੱਬ ਵੱਲੋਂ ਸਮਾਜ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ, ਉਥੇ ਹੀ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਵਾਤਾਵਰਨ ਦੀ ਸ਼ੁੱਧਤਾ ਲਈ ਵੱਧ ਤੋਂ ਵੱਧ ਬੂਟੇ ਲਗਾਏ ਜਾਣ।ਪ੍ਰੋਜੈਕਟ ਚੇਅਰਮੈਨ ਜੀਵਨ ਪ੍ਰਕਾਸ਼ ਬਾਂਸਲ, ਐਡਵੋਕੇਟ ਨਿਤਿਨ ਜੈਨ ਤੇ ਕੈਸ਼ੀਅਰ ਨਿਤਿਨ ਗੁਪਤਾ ਨੇ ਕਿਹਾ ਕਿ ਅੱਜ ਸਮੇਂ ਦੀ ਮੁੱਖ ਲੋੜ ਹੈ ਹਰ ਇੱਕ ਨੂੰ ਆਪਣੇ ਜੀਵਨ 'ਚ ਇੱਕ ਪੌਦਾ ਜ਼ਰੂਰ ਲਗਾਉਣਾ ਚਾਹੀਦਾ ਹੈ ਤੇ ਬੂਟੇ ਸਾਡੀ ਧਰਤੀ ਦਾ ਸ਼ਿੰਗਾਰ ਹਨ, ਸਾਨੂੰ ਸਾਰਿਆਂ ਨੂੰ ਮਿਲ ਕੇ ਆਉਣ ਵਾਲੇ ਸਮੇਂ ਨੂੰ ਸੁਖਾਲਾ ਬਣਾਉਣ ਲਈ ਮਨੁੱਖਤਾ ਦੇ ਭਲੇ ਲਈ ਸਾਨੂੰ ਰਲ ਮਿਲ ਕੇ ਉਪਰਾਲਾ ਕਰਨਾ ਚਾਹੀਦਾ ਹੈ।ਇਸ ਮੌਕੇ ਦਲਜੀਤ ਸਿੰਘ ਸੰਧੂ, ਚਰਨ ਸਿੰਘ, ਦਰਸ਼ਨ ਅਰੋੜਾ, ਰਾਜੇਸ਼ ਅਗਰਵਾਲ, ਰਾਜ ਕੁਮਾਰ ਜੇਤਵਾਨੀ, ਪ੍ਰੀਤਮ ਸਿੰਘ ਬੱਤਰਾ ਆਦਿ ਤੋਂ ਇਲਾਵਾ ਅਗਰਵਾਲ ਸਭਾ ਜ਼ਿਲ੍ਹਾ ਪ੍ਰਧਾਨ ਓਮ ਪ੍ਰਕਾਸ਼ ਗਰਗ, ਮੁਹਲ਼ਾ ਸੁਧਾਰ ਕਮੇਟੀ ਪ੍ਰਧਾਨ ਸੁਭਾਸ਼ ਭੋਗਲ ਆਦਿ ਹਾਜ਼ਰ ਸਨ।

## ਸਰਕਾਰ ਪਾਣੀ ਨੂੰ ਬਚਾਉਣ ਲਈ ਨਹਿਰਾਂ ਤੇ ਰੀਚਾਰਜ ਖੂਹ ਬਣਾਵੇ : ਲੱਖੋਵਾਲ

**ਸਮਰਾਲਾ (ਸੁਰਜੀਤ ਸਿੰਘ)**- ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ ) ਦੇ ਸੂਬਾ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਪਿਛਲੇ ਕਈ ਸਾਲਾਂ ਤੋਂ ਪੰਜਾਬ ਦੇ ਪਾਣੀਆਂ ਲਈ ਲੜਾਈ ਲੜਦਾ ਆ ਰਿਹਾ ਹੈ ਅਤੇ ਕੇਂਦਰ ਤੇ ਸੂਬਾ ਸਰਕਾਰਾਂ ਨੂੰ ਵਾਰ-ਵਾਰ ਮੰਗ ਪੱਤਰਾਂ ਰਾਹੀ ਇਹ ਯਾਦ ਵੀ ਕਰਵਾਉਂਦਾ ਰਿਹਾ ਕਿ ਸੂਬੇ ਦਾ ਪਾਣੀ ਦਿਨੋਂ ਦਿਨ ਥੱਲੇ ਜਾ ਰਿਹਾ ਹੈ ਜਿਸ ਨਾਲ ਹਰ ਸਾਲ ਬੋਰ ਡੂੰਘੇ ਹੋ ਰਹੇ ਹਨ ਤੇ ਧਰਤੀ ਹੇਠਲਾ ਪਾਣੀ ਮੁੱਕਦਾ ਜਾ ਰਿਹਾ ਹੈ ਜਿਸ ਨੂੰ ਬਚਾਉਣ ਲਈ ਸਰਕਾਰ ਨੂੰ ਫੌਰੀ ਤੌਰ 'ਤੇ ਨਹਿਰਾਂ ਅਤੇ ਦਰਿਆਵਾਂ ਤੇ ਰੀਚਾਰਜ ਖੂਹ (ਬੋਰ) ਕਰਨੇ ਚਾਹੀਦੇ ਹਨ ਤਾਂ ਕਿ ਜਿਹੜਾ ਬਰਸਾਤ ਦਾ ਸਾਫ ਪਾਣੀ ਅਜਾਈਂ ਜਾ ਰਿਹਾ ਹੈ ਅਤੇ ਹੜ੍ਹਾਂ ਦਾ ਖ਼ਤਰਾ ਬਣਿਆ ਰਹਿੰਦਾ ਹੈ ਇਸ 'ਤੇ ਕਾਬੂ ਪਾਇਆ ਜਾਵੇ ਪਰ ਸਰਕਾਰਾਂ ਨੇ ਇਸ ਵੱਲ ਕੋਈ ਧਿਆਨ ਨਹੀਂ ਦਿੱਤਾ ਤੇ ਜਿਹੜਾ ਦੇਸ਼ ਦਾ ਪਾਣੀ ਪਾਕਿਸਤਾਨ ਨੂੰ ਵਾਧੂ ਜਾ ਰਿਹਾ ਹੈ ਇਸ ਨੂੰ ਇੱਕ ਹੋਰ ਨਹਿਰ ਕੱਢ ਕੇ ਕਿਸਾਨਾਂ ਦੇ ਖੇਤਾਂ ਨੂੰ ਪਾਣੀ ਦਿੱਤਾ ਜਾ ਸਕਦਾ ਹੈ ਤੇ ਜਿਹੜੀ ਨਹਿਰ ਦੁਆਬੇ ਵਿੱਚ ਬੰਦ ਪਈ ਹੈ ਉਸ ਨੂੰ ਵੀ ਫੌਰੀ ਤੌਰ 'ਤੇ ਚਾਲੂ ਕਰਕੇ ਖੇਤਾਂ ਨੂੰ ਪਾਣੀ ਦਿੱਤਾ ਜਾਵੇ।ਲੱਖੋਵਾਲ ਨੇ ਅੱਗੇ ਕਿਹਾ ਕਿ ਨਹਿਰਾਂ ਤੇ ਦਰਿਆਵਾਂ 'ਤੇ ਬਿਜਲੀ ਪੈਦਾ ਕਰਨ ਵਾਲੇ ਪ੍ਰੋਜੈਕਟ ਵੀ ਲੱਗ ਸਕਦੇ ਹਨ ਜਿਨ੍ਹਾਂ ਦੇ ਲੱਗਣ ਨਾਲ ਕਾਫੀ ਬਿਜਲੀ ਪੈਦਾ ਹੋ ਸਕਦੀ ਹੈ। ਮਹਿੰਗੇ ਕੋਲੇ ਤੋਂ ਤਿਆਰ ਬਿਜਲੀ ਨਾਲੋਂ ਇਨ੍ਹਾਂ ਪ੍ਰੋਜੈਕਟਾਂ ਰਾਹੀਂ ਸਸਤੀ ਬਿਜਲੀ ਪੰਜਾਬ ਦੇ ਲੋਕਾਂ ਨੂੰ ਮਿਲ ਸਕਦੀ ਹੈ। ਇੱਕ ਹੋਰ ਮੰਗ ਰਾਹੀਂ ਉਨ੍ਹਾਂ ਕਿਹਾ ਕਿ ਅਸੀਂ ਕੋਲੇ ਤੇ ਪੱਥਰ 'ਤੇ ਦੂਜੀਆਂ ਸਟੇਟਾਂ ਨੂੰ ਰਾਇਲਟੀ ਦਿੰਦੇ ਹਾਂ ਪਰ ਪਾਣੀ ਅਸੀਂ ਮੁਫਤ ਲੁਟਾ ਰਹੇ ਹਾਂ। ਪੰਜਾਬ ਸਰਕਾਰ ਫੌਰੀ ਤੌਰ 'ਤੇ ਵਿਧਾਨ ਸਭਾ ਵਿੱਚ ਰੈਜ਼ੂਲੇਸ਼ਨ ਪਾਸ ਕਰਕੇ ਦੂਜੇ ਰਾਜਾਂ ਨਾਲ ਕੀਤੇ ਪਿਛਲੇ ਸਾਰੇ ਸਮਝੌਤੇ ਰੱਦ ਕਰੇ ਤੇ ਰਾਜਸਥਾਨ ਤੋਂ ਪਾਣੀ ਦੀ ਰਾਇਲਟੀ ਮੰਗੇ। ਇਸ ਨਾਲ ਪੰਜਾਬ ਸਿਰ ਚੜ੍ਹੇ ਕਰਜ਼ੇ ਤੋਂ ਰਾਹਤ ਮਿਲੇਗੀ ਤੇ ਪੰਜਾਬ ਖੁਸ਼ਹਾਲੀ ਦੇ ਰਾਸਤੇ ਤੇ ਵਧੇਗਾ ਤੇ ਨਾਲ ਹੀ ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਮੀਂਹ ਦੌਰਾਨ ਪੁਰਾਣੇ ਬੋਰ ਤੇ ਖੂਹਾਂ ਦੇ ਮੂੰਹਾਂ ਨੂੰ ਖੋਲ੍ਹ ਕੇ ਪਾਣੀ ਥੱਲੇ ਸੁੱਟਿਆ ਜਾਵੇ ਜਿਸ ਨਾਲ ਪੰਜਾਬ ਦੇ ਡਿੱਗ ਰਹੇ ਪਾਣੀ ਦੇ ਪੱਧਰ ਵਿੱਚ ਸੁਧਾਰ ਆ ਸਕੇ।

## ਸ਼ਿਵ ਮੰਦਰ ਧਰਮਸ਼ਾਲਾ 'ਚ ਲੰਗਰ ਦੀ ਸ਼ੁਰੂਆਤ

**ਬਾਘਾ ਪੁਰਾਣਾ (ਮਨੀ ਸਿੰਗਲਾ)** ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਹਿਰ ਵਾਸੀਆਂ ਦੇ ਸਹਿਯੋਗ ਤੇ ਸ੍ਰੀ ਸ਼ਿਵ ਮੰਦਰ ਪ੍ਰਬੰਧਕ ਕਮੇਟੀ ਵੱਲੋਂ ਸਾਵਣ ਮਹੀਨੇ ਦਾ ਲੰਗਰ ਸ਼੍ਰੀ ਸ਼ਿਵ ਮੰਦਿਰ ਧਰਮਸ਼ਾਲਾ ਵਿਖੇ 18ਵੇਂ ਵਿਸ਼ਾਲ ਲੰਗਰ ਦੀ ਸ਼ੁਰੂਆਤ ਸ਼੍ਰੀ ਸ਼ਿਵ ਮੰਦਰ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਲਵਿੰਦਰ ਗਰਗ ਤੇ ਕ੍ਰਿਸ਼ਨ ਗਰਗ ਦੀ ਅਗਵਾਈ ਦੇ ਵਿਚ ਲੰਗਰ ਦੀ ਸ਼ੁਰੂਆਤ ਕੀਤੀ ਗਈ ਤੇ ਲੰਗਰ ਦਾ ਉਦਘਾਟਨ ਅਤੁਲ ਗਰਗ ਕੈਨੇਡਾ, ਸੁਨੀਲ ਗਰਗ, ਟਵਿੰਕਲ ਕੈਨੇਡਾ, ਸੰਜੀਵ ਗਰਗ ਰਾਜੂ ਕੈਨੇਡਾ ਵੱਲੋਂ ਕੀਤਾ ਗਿਆ ਤੇ ਲੰਗਰ ਦੀ ਸ਼ੁਰੂਆਤ ਕਰਨ ਤੋਂ ਪਹਿਲਾਂ ਸ੍ਰੀ ਸ਼ਿਵ ਮੰਦਿਰ ਧਰਮਸ਼ਾਲਾ ਵਿਖੇ ਸ੍ਰੀ ਅਖੰਡ ਰਮਾਇਣ ਪਾਠ ਦਾ ਭੋਗ ਵੀ ਪਾਇਆ ਗਿਆ।ਇਸ ਮੌਕੇ ਸ੍ਰੀ ਸ਼ਿਵ ਮੰਦਰ ਧਰਮਸ਼ਾਲਾ 'ਚ ਸ਼ਹਿਰ ਦੀਆਂ ਵੱਖ-ਵੱਖ ਧਾਰਮਿਕ ਸੰਸਥਾਵਾਂ ਵੀ ਪੁੱਜੀਆਂ।



## 5 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਵੰਡੇ ਜਾ ਰਹੇ ਓ ਆਰ ਐੱਸ ਦੇ ਪੈਕਟ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਵੀਰ ਸਿੰਘ, ਡਾਇਰੈਕਟਰ ਸਿਹਤ ਤੇ ਪਰਵਾਰ ਭਲਾਈ ਵਿਭਾਗ ਡਾ. ਹਤਿੰਦਰ ਕੌਰ ਕਲੇਰ ਦੇ ਦਿਸ਼ਾ ਨਿਰਦੇਸਾਂ ਤਹਿਤ ਦਸਤ ਰੋਕੂ ਮੁਹਿੰਮ ਸਬੰਧੀ ਸਿਵਲ ਸਰਜਨ ਡਾ. ਸੰਜੇ ਕਾਮਰਾ ਦੀ ਪ੍ਰਧਾਨਗੀ ਹੇਠ ਖੇਤਰੀ ਸਟਾਫ਼ ਦੀ ਬੈਠਕ ਕੀਤੀ ਗਈ। ਡਾ. ਸੰਜੇ ਕਾਮਰਾ ਨੇ ਦੱਸਿਆ ਕਿ ਜ਼ਿਲ੍ਹਾ ਸੰਗਰੂਰ ਅਧੀਨ ਆਉਂਦੀਆਂ ਸਾਰੀਆਂ ਸਿਹਤ ਸੰਸਥਾਵਾਂ ਵਿੱਚ ਦਸਤ ਰੋਕੂ ਮੁਹਿੰਮ ਲਗਾਤਾਰ ਚੱਲ ਰਹੀ ਹੈ। ਇਸ ਮੁਹਿੰਮ ਵਿੱਚ 5 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਓ.ਆਰ.ਐੱਸ. ਦੇ ਪੈਕੇਟ ਤੇ ਜਿੰਕ ਦੀਆਂ ਗੋਲੀਆਂ ਦਿੱਤੀਆਂ ਜਾਂਦੀਆਂ ਹਨ। ਜ਼ਿਲ੍ਹੇ ਅੰਦਰ ਸਾਰੀਆਂ ਸਿਹਤ ਸੰਸਥਾਵਾਂ ਵਿੱਚ ਓ.ਆਰ.ਐਸ ਤੇ ਜਿੰਕ ਕਾਰਨਰ ਸਥਾਪਤ ਕੀਤੇ ਗਏ ਹਨ ਤੇ ਸਿਹਤ ਕ੍ਰਮਚਾਰੀਆਂ ਵੱਲੋਂ ਓ.ਆਰ.ਐਸ ਤਿਆਰ ਕਰਨ ਦੇ ਤਰੀਕੇ ਬਾਰੇ ਵੀ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਸਕੂਲਾਂ ਅਤੇ ਸਿਹਤ ਸੰਸਥਾਵਾਂ ਅੰਦਰ ਪੋਸਟਰਾਂ, ਬੈਨਰਾਂ ਤੇ ਫਲੈਕਸਾਂ ਆਦਿ ਰਾਹੀਂ ਲੋਕਾ ਨੂੰ ਸਵੱਛਤਾ ਬਣਾਈ ਰੱਖਣ, ਦਸਤਾਂ ਦੀ ਰੋਕਥਾਮ ਤੇ ਹੱਥ ਧੋਣ ਦੀ ਵਿਧੀ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ। ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਅੰਜੂ ਸਿੰਗਲਾ ਨੇ ਦੱਸਿਆ ਕਿ ਦਸਤ ਦੌਰਾਨ ਅਤੇ ਦਸਤ ਤੋਂ ਬਾਅਦ ਮਾਂ ਦਾ ਦੁੱਧ, ਤਰਲ ਪਦਾਰਥ ਤੇ ਓਪਰੀ ਖੁਰਾਕ ਦੇਣਾ ਜਾਰੀ ਰੱਖੀ ਜਾਵੇ, ਜਨਮ ਤੋਂ 06 ਮਹੀਨੇ ਤੱਕ ਦੇ ਬੱਚੇ ਨੂੰ ਸਿਰਫ ਮਾਂ ਦਾ ਦੁੱਧ ਦਿੱਤਾ ਜਾਵੇ, ਖਾਣਾ ਬਣਾਉਣ ਤੇ ਖਾਣਾ ਖਵਾਉਣ ਤੋਂ ਪਹਿਲਾਂ ਤੇ ਪਖਾਨਾ ਸਾਫ਼ ਕਰਨ ਤੋਂ ਬਾਅਦ ਹੱਥਾਂ ਨੂੰ ਸਾਬਣ ਨਾਲ ਚੰਗੀ ਤਰ੍ਹਾਂ ਸਾਫ਼ ਕੀਤਾ ਜਾਵੇ। ਓ.ਆਰ.ਐੱਸ. ਦੇ ਪੈਕੇਟ ਤੇ ਜਿੰਕ ਦੀਆਂ ਗੋਲੀਆਂ ਨਜ਼ਦੀਕੀ ਸਰਕਾਰੀ ਸਿਹਤ ਸੰਸਥਾਵਾਂ 'ਚ ਮੁਫ਼ਤ ਉਪਲਬਧ ਹਨ।



## ਟਰੈਕਟਰ ਪਲਟਣ ਨਾਲ ਪ੍ਰਵਾਸੀ ਮਜ਼ਦੂਰ ਦੀ ਮੌਤ, ਚਾਲਕ ਗੰਭੀਰ ਜ਼ਖ਼ਮੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਪਿੰਡ ਕਲਾਲ ਮਾਜਰਾ (ਬਰਨਾਲਾ) ਵਿਖੇ ਟਰੈਕਟਰ ਪਲਟਣ ਕਾਰਨ ਇੱਕ ਪ੍ਰਵਾਸੀ ਮਜ਼ਦੂਰ ਦੀ ਮੌਤ ਤੇ ਟਰੈਕਟਰ ਚਾਲਕ ਦੇ ਗੰਭੀਰ ਜ਼ਖ਼ਮੀ ਹੋ ਜਾਣ ਦੀ ਦੁਖਦਾਈ ਖ਼ਬਰ ਮਿਲੀ ਹੈ। ਏ.ਐਸ.ਆਈ. ਗੁਰਸਿਮਰਨਜੀਤ ਸਿੰਘ ਨੇ ਦੱਸਿਆ ਕਿ ਪਿੰਡ ਕਲਾਲ ਮਾਜਰਾ ਦੇ ਇੱਕ ਨੌਜਵਾਨ ਕਿਸਾਨ ਟਰੈਕਟਰ 'ਤੇ ਪ੍ਰਵਾਸੀ ਮਜ਼ਦੂਰ ਨੂੰ ਮਗਰਲੀ ਸਾਈਡ ਉੱਤੇ ਬਿਠਾ ਕੇ ਪਿੰਡ ਵੱਲ ਆ ਰਿਹਾ ਸੀ।ਇਸ ਦੌਰਾਨ ਅਗਿਓ ਅਚਾਨਕ ਇੱਕ ਕੁੱਤਾ ਆ ਜਾਣ ਕਾਰਨ ਟਰੈਕਟਰ ਬੇਕਾਬੂ ਹੋ ਕੇ ਪਲਟ ਗਿਆ।ਇਸ ਹਾਦਸੇ 'ਚ ਟਰੈਕਟਰ ਦੀ ਪਿਛਲੀ ਸਾਈਡ 'ਤੇ ਬੈਠਾ ਪ੍ਰਵਾਸੀ ਮਜ਼ਦੂਰ ਕੁੰਦਨ ਰਾਏ ਪੁੱਤਰ ਬਿੱਲੂ ਰਾਏ ਵਾਸੀ ਬਿਹਾਰ ਦੀ ਹੇਠਾਂ ਡਿੱਗਣ ਕਾਰਨ ਮੌਕੇ 'ਤੇ ਹੀ ਉਸ ਦੀ ਮੌਤ ਹੋ ਗਈ।ਹਾਦਸੇ 'ਚ ਟਰੈਕਟਰ ਚਾਲਕ ਵੀ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ, ਜਿਸ ਨੂੰ ਕਮਿਊਨਿਟੀ ਹੈਲਥ ਸੈਂਟਰ ਲਿਆਂਦਾ ਗਿਆ, ਜਿੱਥੇ ਡਾਕਟਰਾਂ ਵੱਲੋਂ ਉਸ ਨੂੰ ਗੰਭੀਰ ਹਾਲਤ ਕਰਕੇ ਰੈਫਰ ਕਰ ਦਿੱਤਾ ਹੈ। ਮ੍ਰਿਤਕ ਪ੍ਰਵਾਸੀ ਮਜ਼ਦੂਰ ਦੇ ਪਿਤਾ ਬਿੱਲੂ ਰਾਏ ਦੇ ਬਿਆਨਾਂ 'ਤੇ ਅਧਾਰਤ ਧਾਰਾ 194 ਬੀ.ਐਨ.ਐਸ ਅਨੁਸਾਰ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਆਰੰਭ ਦਿੱਤੀ ਹੈ।



## ਪਠਾਣਮਾਜਰਾ ਨੇ ਸੰਤ ਗੁਰਦੀਪ ਸਿੰਘ ਤੋਂ ਅਸ਼ੀਰਵਾਦ ਲਿਆ



**ਬਾਘਾ ਪੁਰਾਣਾ (ਮਨੀ ਸਿੰਗਲਾ)** ਵਿਧਾਇਕ ਹਰਮੀਤ ਸਿੰਘ ਪਠਾਣ ਮਾਜਰਾ ਨੇ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਤਪ ਅਸਥਾਨ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਜੀ ਚੰਦ ਪੁਰਾਣਾ ਵਿਖੇ ਵਿਸ਼ੇਸ਼ ਹਾਜ਼ਰੀ ਭਰੀ।ਇਹ ਸਥਾਨ ਮਨੁੱਖਤਾ ਦੀ ਸੇਵਾ ਦੇ ਕੇਂਦਰ ਵਜੋਂ ਜਾਣਿਆ ਜਾਂਦਾ ਹੈ।ਵਿਧਾਇਕ ਨੇ ਸਭ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਾਹਮਣੇ ਮੱਥਾ ਟੇਕਿਆ ਤੇ ਉਪਰੰਤ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੀਪ ਸਿੰਘ ਜੀ ਚੰਦ ਪੁਰਾਣਾ ਵਾਲਿਆਂ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ। ਵਿਧਾਇਕ ਪਠਾਣ ਮਾਜਰਾ ਨੇ ਕਿਹਾ ਕਿ ਉਨ੍ਹਾਂ ਦਾ ਪਰਵਾਰ ਕਈ ਸਾਲਾਂ ਤੋਂ ਇਸ ਪਵਿੱਤਰ ਸਥਾਨ 'ਤੇ ਹਾਜ਼ਰੀ ਭਰਦਾ ਆ ਰਿਹਾ ਹੈ।ਉਨ੍ਹਾਂ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਮੈਨੂੰ ਇੱਕ ਵਿਧਾਇਕ ਵਜੋਂ ਇਸ ਦਰਬਾਰ 'ਤੇ ਨਤਮਸਤਕ ਹੋਣ ਦਾ ਮੌਕਾ ਮਿਲਿਆ, ਜੋ ਮੇਰੇ ਲਈ ਬਹੁਤ ਮਾਣ ਵਾਲੀ ਗੱਲ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਜਿਹੀਆਂ ਦਾਤਾਂ ਸ੍ਰੀ ਗੁਰੂ ਸਾਹਿਬ ਜੀ ਦੀ ਬਖਸ਼ਿਸ਼ ਨਾਲ ਹੀ ਮਿਲਦੀਆਂ ਹਨ।ਉਨ੍ਹਾਂ ਨੇ ਦੱਸਿਆ ਕਿ ਉਹ ਪਹਿਲਾਂ ਵੀ ਕਈ ਵਾਰ ਇਸ ਸਥਾਨ 'ਤੇ ਆ ਚੁੱਕੇ ਹਨ ਤੇ ਹਰ ਵਾਰ ਖੁਸ਼ੀਆਂ ਦੀ ਝੋਲੀ ਭਰ ਕੇ ਲੈ ਕੇ ਗਏ ਹਨ।ਉਨ੍ਹਾਂ ਸੱਚਖੰਡ ਵਾਸੀ ਬਾਬਾ ਨਛੱਤਰ ਸਿੰਘ ਤੋਂ ਲੈ ਕੇ ਹੁਣ ਤੱਕ ਚੱਲ ਰਹੇ ਧਾਰਮਿਕ ਤੇ ਸਮਾਜ ਸੇਵੀ ਕੰਮਾਂ ਦੀ ਪ੍ਰਸੰਸਾ ਵੀ ਕੀਤੀ। ਉਨ੍ਹਾਂ ਕਿਹਾ ਕਿ ਇਸ ਅਸਥਾਨ ਨੇ ਹਮੇਸ਼ਾ ਹੀ ਲੋੜਵੰਦਾਂ ਦੀ ਮਦਦ ਕੀਤੀ ਹੈ।ਉਨ੍ਹਾਂ ਕਿਹਾ ਕਿ ਅਸਲੀ ਮਹਾਂਪੁਰਸ਼ਾਂ ਦੀ ਕਮਾਈ ਹੀ ਇਹੋ ਹੁੰਦੀ ਹੈ ਕਿ ਜਦੋਂ ਉਨ੍ਹਾਂ ਦੀ ਸੇਵਾ ਦਾ ਘੇਰਾ ਵਿਸ਼ਾਲ ਹੁੰਦਾ ਹੈ। ਵਿਧਾਇਕ ਨੇ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਜੀ ਦੀ ਮਨੁੱਖਤਾ ਦੀ ਸੇਵਾ ਤੇ ਗੁਰਮਤਿ ਪ੍ਰਚਾਰ ਦੀ ਸ਼ਲਾਘਾ ਕੀਤੀ।

## ਸਰਕਾਰੀ ਸਕੂਲ 'ਚ ਅਧਿਆਪਕਾਂ ਦੇ ਜਨਮ ਦਿਨ ਮੌਕੇ ਪੌਦੇ ਲਗਾਏ

**ਜਲਾਲਾਬਾਦ (ਜੀਤ ਕੁਮਾਰ)**- ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਜਲਾਲਾਬਾਦ ਵਿਖੇ ਸੇਵਾਵਾਂ ਦੇ ਰਹੇ ਅਧਿਆਪਕ ਕਰਨ ਧੂੜੀਆ, ਸ਼੍ਰੀਮਤੀ ਸ਼ਰਨਜੀਤ ਕੌਰ ਤੇ ਸ਼੍ਰੀਮਤੀ ਅੰਜੂ ਦੇ ਜਨਮ ਦਿਨ ਮੌਕੇ ਸਾਰੇ ਅਧਿਆਪਕਾਂ ਵੱਲੋਂ ਕੁਦਰਤ ਦੀ ਦੇਖ ਭਾਲ ਦਾ ਸੰਕਲਪ ਲੈਂਦੇ ਹੋਏ ਸਕੂਲ ਦੇ ਵਿਹੜੇ ਵਿੱਚ ਪੌਦੇ ਲਗਾਏ ਗਏ ਤੇ ਇਨ੍ਹਾਂ ਦੀ ਸੰਭਾਲ ਦੀ ਜ਼ਿੰਮੇਵਾਰੀ ਲਈ ਗਈ। ਇਸ ਮੌਕੇ ਪ੍ਰਿੰਸੀਪਲ ਅਮਿਤ ਗਗਨੇਜਾ ਤੇ ਸਮੂਹ ਸਟਾਫ ਵੱਲੋਂ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ। ਇਸ ਮੌਕੇ ਪ੍ਰਿੰਸੀਪਲ ਅਮਿਤ ਗਗਨੇਜਾ ਨੇ ਕਿਹਾ ਕਿ ਇਹ ਬਹੁਤ ਵੀ ਵਧੀਆ ਉਪਰਾਲਾ ਹੈ ਕਿ ਅਧਿਆਪਕਾਂ ਵੱਲੋਂ ਆਪਣੇ ਜਨਮ ਦਿਨ ਦੇ ਮੌਕੇ 'ਤੇ ਸਕੂਲ 'ਚ ਪੌਦੇ ਲਗਾਏ ਜਾ ਰਹੇ ਹਨ ਅਤੇ ਵਾਤਾਵਰਨ ਨੂੰ ਪ੍ਰਦੂਸ਼ਤ ਹੋਣ ਤੋਂ ਬਚਾਉਣ ਦਾ ਸੰਦੇਸ਼ ਦਿੱਤਾ ਜਾ ਰਿਹਾ ਹੈ। ਜੋ ਬਹੁਤ ਹੀ ਕਾਬਿਲੇਤਾਰੀਫ ਕੰਮ ਹੈ। ਉਨ੍ਹਾਂ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਦਾ ਸੱਦਾ ਦਿੱਤਾ।



24-Junly-PAGE-11-Majha-25.qxd 7/23/2025 10:38 PM Page 1



## ਕਿਸਾਨਾਂ ਵੱਲੋਂ ਛਿੱਡਣ ਦਾ ਟੋਲ ਪਲਾਜ਼ਾ 10ਵੇਂ ਦਿਨ ਵੀ ਬੰਦ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-20 ਕਿਲੋਮੀਟਰ ਦੇ ਏਰੀਏ ਵਿੱਚ ਟੋਲ ਪਰਚੀ ਨੂੰ ਫਰੀ ਕਰਾਉਣ ਵਾਸਤੇ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਛਿੱਡਣ ਦਾ ਟੋਲ ਪਲਾਜ਼ਾ ਦਸਵੇਂ ਦਿਨ ਵੀ ਬੰਦ ਰਿਹਾ।ਦੱਸਿਆ ਜਾਂਦਾ ਹੈ ਕਿ ਜਮਹੂਰੀ ਕਿਸਾਨ ਸਭਾ ਨਾਲ ਸੰਬੰਧਿਤ ਕਿਸਾਨਾਂ ਵੱਲੋਂ ਇਸ ਟੋਲ ਪਲਾਜ਼ੇ ਨੂੰ 14 ਜੁਲਾਈ ਤੋਂ ਬੰਦ ਕੀਤਾ ਹੋਇਆ ਹੈ ਅਤੇ ਜਮਹੂਰੀ ਕਿਸਾਨ ਸਭਾ ਦੇ ਸੂਬਾ ਆਗੂ ਕਾਮਰੇਡ ਸਤਨਾਮ ਸਿੰਘ ਅਜਨਾਲਾ, ਕਾ: ਰਤਨ ਸਿੰਘ ਰੰਧਾਵਾ, ਬਾਬਾ ਅਰਜਨ ਸਿੰਘ ਹੁਸ਼ਿਆਰ ਨਗਰ ਅਤੇ ਤਹਿਸੀਲ ਪ੍ਰਧਾਨ ਨਿਰਮਲ ਸਿੰਘ ਮੋਦੇ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਕਿਸਾਨ ਛਿੱਡਣ ਟੋਲ ਪਲਾਜ਼ੇ 'ਤੇ ਧਰਨਾ ਦੇ ਰਹੇ ਹਨ। ਇਸ ਸਬੰਧੀ ਗੱਲ ਕਰਦਿਆਂ ਸੀਨੀਅਰ ਮੀਤ ਪ੍ਰਧਾਨ ਨਿਰਮਲ ਸਿੰਘ ਮੋਦੇ ਨੇ ਦੱਸਿਆ ਕਿ ਇੱਸ ਟੋਲ ਪਲਾਜ਼ੇ ਤੇ ਲੋਕਾਂ ਤੋਂ ਜਬਰੀ ਲੋਕਲ ਕਾਰਾਂ ਦੀਆਂ ਪਰਚੀਆਂ ਕੱਟ ਕੇ ਲੋਕਾਂ ਨੂੰ ਪ੍ਰੇਸ਼ਾਨ ਕਰਨ ਦੇ ਨਾਲ ਨਾਲ ਗਲਤ ਸ਼ਬਦ ਵੀ ਬੋਲੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ 22 ਜਨਵਰੀ 2020 ਵਿੱਚ ਉਨ੍ਹਾਂ ਨਾਲ ਇਸ ਟੋਲ ਪਲਾਜ਼ੇ ਦੀ ਕੰਪਨੀ ਵੱਲੋਂ ਇੱਕ ਲਿਖਤੀ ਸਮਝੌਤਾ ਕੀਤਾ ਗਿਆ ਸੀ।ਉਨ੍ਹਾਂ ਅੱਗੇ ਦੱਸਿਆ ਕਿ ਸਮਝੌਤਾ ਇਲਾਕੇ ਦੇ 45 ਪਿੰਡਾਂ ਦੇ ਪੰਚਾਂ ਸਰਪੰਚਾਂ ਅਤੇ ਨੰਬਰਦਾਰਾਂ ਤੇ ਅਧਾਰਿਤ 86 ਮੈਂਬਰੀ ਕਮੇਟੀ ਦੇ ਨਾਲ ਹੋਇਆ ਸੀ, ਜਿਸ ਤਹਿਤ ਇਨ੍ਹਾਂ 45 ਪਿੰਡਾਂ ਦੇ ਵਾਹਨਾਂ (ਕਾਰਾਂ ਅਤੇ ਦੁੱਧ ਵਾਲੀਆਂ ਗੱਡੀਆਂ) ਦੀ ਟੋਲ ਪਰਚੀ ਨਾ ਕੱਟਣ ਦੀ ਗੱਲ ਮੰਨੀ ਗਈ ਸੀ, ਪਰ ਬੀਤੇ ਕੁਝ ਸਮੇਂ ਤੋਂ ਫਿਰ ਤੋਂ ਪਰਚੀ ਕੱਟਣੀ ਚਾਲੂ ਕਰ ਦਿੱਤੀ ਗਈ ਹੈ ਜਿਸ ਕਾਰਨ ਇਲਾਕੇ ਦੇ ਲੋਕਾਂ ਵਿੱਚ ਰੋਸ ਹੈ।ਉਨ੍ਹਾਂ ਕਿਹਾ ਕਿ ਧਰਨਾ ਉਨਾ ਚਿਰ ਪੱਕੇ ਤੌਰ ਤੇ ਜਾਰੀ ਰਹੇਗਾ ਜਿੰਨਾ ਚਿਰ ਟੋਲ ਪਲਾਜ਼ੇ ਵਾਲਿਆਂ ਵੱਲੋਂ ਪਰਚੀ ਮੁਫਤ ਨਹੀਂ ਕਰ ਦਿੱਤੀ ਜਾਂਦੀ।

## ਲੈਂਡ ਪੂਲਿੰਗ ਨੀਤੀ ਤੇ ਸਮਾਰਟ ਮੀਟਰ ਲਗਾਉਣ ਦੇ ਵਿਰੋਧ 'ਚ ਡੀ ਸੀ ਨੂੰ ਦਿੱਤਾ ਮੰਗ ਪੱਤਰ



ਪਠਾਨਕੋਟ (ਦਵਿੰਦਰ ਸਿੰਘ)-ਸੀ ਪੀ ਆਈ (ਐੱਮ) ਵੱਲੋਂ ਪਠਾਨਕੋਟ ਵਿਖੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਰਿੰਦਰ ਸਹਿਗਲ ਦੀ ਅਗਵਾਈ ਹੇਠ ਰੈਲੀ ਉਪਰੰਤ ਲੈਂਡ ਪੂਲਿੰਗ ਨੀਤੀ ਦੇ ਵਿਰੋਧ ਅਤੇ ਸਮਾਰਟ ਮੀਟਰ ਲਗਾਉਣ ਦੇ ਵਿਰੋਧ ਵਿੱਚ ਡੀਸੀ ਪਠਾਨਕੋਟ ਨੂੰ ਮੰਗ ਪੱਤਰ ਦਿੱਤਾ ਗਿਆ।

ਇਸ ਮੌਕੇ ਕਾਮਰੇਡ ਕੇਵਲ ਕਾਲੀਆ, ਕਾਮਰੇਡ ਸੁਧਾ ਰਾਣੀ, ਕਾਮਰੇਡ ਦੇਵੀ ਸੈਣੀ, ਕਾਮਰੇਡ ਬਿਕਰਮਜੀਤ ਬਲਵੰਤ ਸਿੰਘ, ਕਾਮਰੇਡ ਜਗਦੀਸ਼ ਰਾਜ, ਕਾਮਰੇਡ ਬਲਬੀਰ ਸਿੰਘ, ਕਾਮਰੇਡ ਪਰਸ਼ੋਤਮ ਕੁਮਾਰ, ਕਾਮਰੇਡ ਮੋਹਨ ਲਾਲ ਆਦਿ ਹਾਜ਼ਰ ਸਨ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਆਗੂਆਂ ਨੇ ਕਿਹਾ ਕਿ ਲੈਂਡ ਪੂਲਿੰਗ ਨੀਤੀ ਲੋਕ ਵਿਰੋਧੀ ਅਤੇ ਕਿਸਾਨ ਵਿਰੋਧੀ ਹੈ।ਇਸ ਨੂੰ ਲਾਗੂ ਨਹੀਂ ਹੋਣ ਦਿੱਤਾ ਜਾਵੇਗਾ।ਉਨ੍ਹਾਂ ਮੰਗ ਕੀਤੀ ਕਿ ਲੈਂਡ ਪੂਲਿੰਗ ਨੀਤੀ ਸਬੰਧੀ ਜਾਰੀ ਕੀਤਾ ਨੋਟੀਫਿਕੇਸ਼ਨ ਤੁਰੰਤ ਰੱਦ ਕੀਤਾ ਜਾਵੇ।ਇਸ ਨੀਤੀ ਵਿਰੁੱਧ ਸੀਪੀਆਈ (ਐਮ) 1991 ਤੋਂ ਹੀ ਸੰਘਰਸ਼ ਕਰ ਰਹੀ ਹੈ। ਇਸ ਨੀਤੀ ਨਾਲ ਕਿਸਾਨਾਂ ਕੋਲੋਂ ਧੱਕੇ ਨਾਲ ਜ਼ਮੀਨ ਖੋਹ ਕੇ ਰੀਅਲ ਅਸਟੇਟ ਤੇ ਉਦਯੋਗਪਤੀਆਂ ਦੇ ਹਵਾਲੇ ਕਰਨ ਦੀ ਸਰਕਾਰ ਦੀ ਯੋਜਨਾ ਹੈ।ਉਨ੍ਹਾਂ ਮੰਗ ਕੀਤੀ ਕਿ ਇਹ ਨੀਤੀ ਤੁਰੰਤ ਰੱਦ ਕੀਤੀ ਜਾਵੇ।ਪੰਜਾਬ ਸਰਕਾਰ ਕੇਂਦਰ ਸਰਕਾਰ ਦੀਆਂ ਹਦਾਇਤਾਂ ਤੇ ਸਮੁੱਚੇ ਵਰਗਾਂ ਦੇ ਖਪਤਕਾਰਾਂ ਲਈ ਸਮਾਰਟ ਮੀਟਰ ਪ੍ਰਣਾਲੀ ਲਾਗੂ ਕਰ ਰਹੀ ਹੈ।ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਦੇ ਨਿੱਜੀਕਰਨ ਕਰਨ ਲਈ ਇਹ ਨੀਤੀ ਲਾਗੂ ਕੀਤੀ ਜਾ ਰਹੀ ਹੈ।ਗਰੀਬ ਮਜ਼ਦੂਰ ਤੇ ਕਿਸਾਨਾਂ ਨੂੰ ਦਿੱਤੀ ਜਾ ਰਹੀ ਸਬਸਿਡੀ ਖੋਹਣ ਦੀ ਸਾਜ਼ਿਸ਼ ਹੈ।ਲੋਕ ਇਨ੍ਹਾਂ ਲੋਕ ਵਿਰੋਧੀ ਨੀਤੀਆਂ ਨੂੰ ਲਾਗੂ ਨਹੀਂ ਹੋਣ

## ਪੰਚਾਇਤਾਂ ਦੀ ਉਪ ਚੋਣ ਵਾਲੇ ਖੇਤਰਾਂ 'ਚ ਹਥਿਆਰ ਲਿਜਾਣ 'ਤੇ ਪਾਬੰਦੀ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ 27 ਜੁਲਾਈ ਨੂੰ ਸੂਬੇ ਭਰ ਵਿੱਚ ਪੰਚਾਂ-ਸਰਪੰਚਾਂ ਦੀਆਂ ਜ਼ਿਮਨੀ ਚੋਣਾਂ ਦਾ ਐਲਾਨ ਕੀਤਾ ਹੋਇਆ ਹੈ, ਜਿਸ ਤਹਿਤ ਜ਼ਿਲ੍ਹਾ ਗੁਰਦਾਸਪੁਰ ਵਿੱਚ ਵੀ 15 ਸਰਪੰਚਾਂ ਤੇ 275 ਪੰਚਾਂ ਦੀ ਉਪ ਚੋਣ ਹੋ ਰਹੀ ਹੈ।ਇਨ੍ਹਾਂ ਉਪ ਚੋਣਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਵਧੀਕ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਡਾ. ਹਰਜਿੰਦਰ ਸਿੰਘ ਬੇਦੀ ਆਈਏਐੱਸ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੁਕਮ ਜਾਰੀ ਕੀਤਾ ਹੈ ਕਿ ਚੋਣਾਂ ਵਾਲੇ ਪਿੰਡਾਂ ਵਿੱਚ ਅਸਲਾ ਲਾਇਸੰਸ ਧਾਰਕ ਵੱਲੋਂ ਆਪਣਾ ਲਾਇਸੰਸੀ ਹਥਿਆਰ ਨਾਲ ਲਿਜਾਣ 'ਤੇ 28 ਜੁਲਾਈ 2025 ਤੱਕ ਪਾਬੰਦੀ ਹੋਵੇਗੀ।ਮਨਾਹੀ ਦੇ ਇਨ੍ਹਾਂ ਹੁਕਮਾਂ ਵਿੱਚ ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਹੈ ਕਿ ਕੋਈ ਵੀ ਹਥਿਆਰ ਜਿਨ੍ਹਾਂ ਵਿੱਚ ਲਾਇਸੰਸੀ ਹਥਿਆਰ, ਗੋਲੀ ਸਿੱਕਾ, ਗੰਡਾਸਾ, ਚਾਕੂ, ਟਕੂਏ, ਬਰਛੇ, ਲੋਹੇ ਦੀਆਂ ਸਲਾਖ਼ਾਂ, ਲਾਠੀਆਂ, ਛਵ੍ਹੀਆਂ ਅਤੇ ਧਮਾਕਾਖੇਜ਼ ਪਦਾਰਥ ਜੋ ਕੋਈ ਵੀ ਐਸੀ ਚੀਜ਼ ਜੋ ਜੁਰਮ ਕਰਨ ਲਈ ਹਥਿਆਰ ਵਜੋਂ ਵਰਤੀ ਜਾ ਸਕਦੀ ਹੋਵੇ, ਨੂੰ ਚੋਣਾਂ ਵਾਲੇ ਖੇਤਰ ਵਿੱਚ ਨਾਲ ਲੈ ਕੇ ਨਹੀਂ ਚੱਲੇਗਾ।ਉਨ੍ਹਾਂ ਕਿਹਾ ਕਿ ਇਹ ਹੁਕਮ ਆਰਮੀ ਪਰਸਨਲ, ਪੈਰਾ ਮਿਲਟਰੀ ਫੋਰਸ, ਪੁਲਸ ਕਰਮਚਾਰੀਆਂ, ਬੈਂਕ ਸੁਰੱਖਿਆ ਗਾਰਡ, ਫ਼ੈਕਟਰੀ ਦੇ ਸਕਿਉਰਿਟੀ ਗਾਰਡ, ਪੈਟਰੋਲ ਪੰਪ ਮਾਲਕਾਂ, ਮਨੀ ਐਕਸਚੇਂਜ ਦੇ ਮਾਲਕਾਂ, ਜਿਊਲਰ ਸ਼ਾਪ ਦੇ ਮਾਲਕ, ਸਪੋਰਟਸ ਪਰਸਨ (ਉਹ ਸ਼ੂਟਰ ਜੋ ਨੈਸ਼ਨਲ ਰਾਈਫਲ ਐਸੋਸੀਏਸ਼ਨ ਦੇ ਮੈਂਬਰ ਹੋਣ ਅਤੇ ਕਿਸੇ ਈਵੈਂਟ ਵਿੱਚ ਭਾਗ ਲੈ ਰਹੇ ਹੋਣ) ਜਾਂ ਉਹ ਵਿਅਕਤੀ ਜਿਨ੍ਹਾਂ ਨੂੰ ਭਾਰਤ ਸਰਕਾਰ/ਪੰਜਾਬ ਸਰਕਾਰ ਵੱਲੋਂ ਸਕਿਉਰਿਟੀ ਮਿਲੀ ਹੈ ਜਾਂ ਜਿਨ੍ਹਾਂ ਨੂੰ ਮਾਣਯੋਗ ਅਦਾਲਤ ਵੱਲੋਂ ਨਿੱਜੀ ਸੁਰੱਖਿਆ ਪ੍ਰਧਾਨ ਕੀਤੀ ਗਈ ਹੋਵੇ, 'ਤੇ ਲਾਗੂ ਨਹੀਂ ਹੋਣਗੇ।ਇਸ ਹੁਕਮ 28 ਜੁਲਾਈ 2025 ਤੱਕ ਲਾਗੂ ਰਹਿਣਗੇ।

## ਸੀ ਪੀ ਆਈ ਵੱਲੋਂ ਨਰੇਗਾ ਯੂਨੀਅਨ ਦੇ ਭਲਕ ਦੇ ਧਰਨੇ ਨੂੰ ਹਮਾਇਤ

ਚੋਹਲਾ ਸਾਹਿਬ (ਰਮਨ ਚੱਢਾ)-ਨਰੇਗਾ ਯੂਨੀਅਨ ਵੱਲੋਂ 25 ਜੁਲਾਈ ਨੂੰ ਦਿੱਤੇ ਜਾ ਰਹੇ ਧਰਨੇ ਦੀ ਸੀਪੀਆਈ ਨੇ ਹਮਾਇਤ ਕਰਨ ਦਾ ਐਲਾਨ ਕੀਤਾ ਹੈ। ਸੀਪੀਆਈ ਦੀ ਹੋਈ ਮੀਟਿੰਗ 'ਚ ਪਾਰਟੀ ਦੇ ਬਲਾਕ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ ਅਤੇ ਬਲਾਕ ਦੇ ਮੀਤ ਸਕੱਤਰ ਕਾਮਰੇਡ ਪਰਮਜੀਤ ਸਿੰਘ ਨੇ ਦੱਸਿਆ ਕਿ ਰੁਜ਼ਗਾਰ ਪ੍ਰਾਪਤੀ ਨਰੇਗਾ ਯੂਨੀਅਨ ਵੱਲੋਂ ਜੋ 25 ਜੁਲਾਈ ਨੂੰ ਡੀਸੀ ਦਫਤਰ ਤਰਨ ਤਾਰਨ ਵਿਖੇ ਧਰਨਾ ਦਿੱਤਾ ਜਾ ਰਿਹਾ ਉਸ ਦੀ ਪੁਰ ਜ਼ੋਰ ਹਮਾਇਤ ਕੀਤੀ ਜਾਵੇ।



ਨਰੇਗਾ ਦਾ ਕਾਨੂੰਨ ਅਤੇ ਅਨਾਜ ਸੁਰੱਖਿਆ ਕਾਨੂੰਨ ਜਿਹੜਾ ਕਿ ਲੋਕਾਂ ਨੂੰ ਮੁਫਤ ਮਿਲ ਰਿਹਾ ਪਰ ਇਨ੍ਹਾਂ ਕਾਨੂੰਨਾਂ ਤੇ ਸੂਬਾ ਸਰਕਾਰਾਂ ਅਤੇ ਪਿੰਡਾਂ ਦੀਆਂ ਪੰਚਾਇਤਾਂ ਕਬਜ਼ੇ ਕਰ ਰਹੀਆਂ ਹਨ। ਮਹਿਕਮੇ ਵਾਲੇ ਸੂਬਾ ਸਰਕਾਰਾਂ ਤੇ ਪੰਚਾਇਤਾਂ ਦੇ ਇਸ਼ਾਰੇ 'ਤੇ ਨਰੇਗਾ ਦੇ ਕੰਮ ਕਰਦੇ ਹਨ। ਮੁਫਤ ਰਾਸ਼ਨ ਗੈਰ-ਲਾਭਪਾਤਰੀਆਂ ਨੂੰ ਦਿੱਤਾ ਜਾ ਰਿਹਾ। ਲੋੜਵੰਦਾਂ ਨੂੰ ਨਾ ਤਾਂ ਨਰੇਗਾ ਦਾ ਕੰਮ ਦਿੱਤਾ ਜਾ ਰਿਹਾ ਅਤੇ ਨਾ ਹੀ ਮੁਫਤ ਰਾਸ਼ਨ ਦਿੱਤਾ ਜਾ ਰਿਹਾ। ਵਿਰੋਧੀਆਂ ਦੇ ਰਾਸ਼ਨ ਕਾਰਡ ਕੱਟੇ ਗਏ ਹਨ। ਇਨ੍ਹਾਂ ਸਾਰੇ ਮਸਲਿਆਂ ਨੂੰ ਲੈ ਕੇ ਰੁਜ਼ਗਾਰ ਪ੍ਰਾਪਤੀ ਨਰੇਗਾ ਯੂਨੀਅਨ ਵੱਲੋਂ 25 ਜੁਲਾਈ ਨੂੰ ਡੀਸੀ ਦਫਤਰਾਂ ਅੱਗੇ ਜ਼ਬਰਦਸਤ ਧਰਨੇ ਦਿੱਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਧਰਨੇ ਨੂੰ ਸਫਲ ਬਣਾਉਣ ਵਾਸਤੇ ਪਿੰਡਾਂ ਵਿੱਚ ਮੀਟਿੰਗਾਂ ਕਰਾਈਆਂ ਜਾ ਰਹੀਆਂ ਹਨ। ਇਸ ਮੌਕੇ ਸਾਥੀ ਸੇਵਾ ਸਿੰਘ ਦਦੇਹਰ ਸਾਹਿਬ, ਕਾਮਰੇਡ ਰਜਿੰਦਰ ਸਿੰਘ, ਹਰਪਾਲ ਸਿੰਘ, ਰਸ਼ਪਾਲ ਸਿੰਘ, ਚਰਨਜੀਤ ਸਿੰਘ, ਮਨਜੀਤ ਕੌਰ ਅਤੇ ਬਲਜੀਤ ਕੌਰ ਆਦਿ ਹਾਜ਼ਰ ਸਨ।

## ਯੋਜਨਾਬੱਧ ਵਿਕਾਸ ਨੂੰ ਤਰਜੀਹ ਦੇਣ ਵਾਲੀ ਨਵੀਂ ਤੇ ਅਗਾਂਹਵਧੂ ਲੈਂਡ ਪੂਲਿੰਗ ਸਕੀਮ ਕਿਸਾਨ ਤੇ ਲੋਕ ਪੱਖੀ : ਚੇਅਰਮੈਨ ਸ਼ਰਮਾ

**ਗੁਰਦਾਸਪੁਰ (ਜਨਕ ਮਹਾਜਨ)**-ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਰਾਜੀਵ ਸ਼ਰਮਾ ਨੇ ਲੈਂਡ ਪੂਲਿੰਗ ਸਕੀਮ ਬਾਰੇ ਪ੍ਰੈੱਸ ਕਾਨਫਰੰਸ ਕਰਦਿਆਂ ਦੱਸਿਆ ਕਿ ਯੋਜਨਾਬੱਧ ਵਿਕਾਸ ਨੂੰ ਤਰਜੀਹ ਦੇਣ ਵਾਲੀ ਨਵੀਂ ਤੇ ਅਗਾਂਹਵਧੂ ਲੈਂਡ ਪੂਲਿੰਗ ਸਕੀਮ ਕਿਸਾਨ ਤੇ ਲੋਕ ਪੱਖੀ ਹੈ।ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਵੱਲੋਂ ਆਪਣੇ ਸੌੜੇ ਰਾਜਸੀ ਹਿੱਤਾਂ ਨੂੰ ਚਮਕਾਉਣ ਲਈ ਜਾਣਬੁੱਝ ਕੇ ਇਸ ਨੀਤੀ ਬਾਰੇ ਦੁਸ਼ਪ੍ਰਚਾਰ ਕੀਤਾ ਜਾ ਰਿਹਾ ਹੈ, ਜਿਸ ਤੋਂ ਕਿਸਾਨਾਂ ਨੂੰ ਸੁਚੇਤ ਰਹਿਣ ਦੀ ਲੋੜ ਹੈ।



ਉਨ੍ਹਾਂ ਕਿਹਾ ਕਿ ਲੈਂਡ ਪੂਲਿੰਗ ਸਕੀਮ ਤਹਿਤ ਜ਼ਮੀਨ ਮਾਲਕਾਂ ਨਾਲ ਐਕੁਆਇਰ ਨਹੀਂ ਕੀਤੀ ਜਾਵੇਗੀ ਸਗੋਂ ਕਿਸਾਨਾਂ ਦੀ ਸਹਿਮਤੀ ਨਾਲ ਫ਼ੈਸਲਾ ਲਿਆ ਜਾਵੇਗਾ, ਜਿਸ ਦਾ ਸੂਬੇ ਦੇ ਕਿਸਾਨਾਂ ਨੂੰ ਫ਼ਾਇਦਾ ਹੋਵੇਗਾ।ਉਨ੍ਹਾਂ ਕਿਹਾ ਕਿ ਜਿਹੜੇ ਕਿਸਾਨ ਸਹਿਮਤ ਹੋਣਗੇ, ਉਨ੍ਹਾਂ ਦੀ ਜ਼ਮੀਨ ਹੀ ਇਸ ਨੀਤੀ ਤਹਿਤ ਲਈ ਜਾਵੇਗੀ।ਜ਼ਿਲ੍ਹਾ ਪ੍ਰਧਾਨ ਜੋਬਨ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਲੋਕਾਂ ਦੇ ਹਿੱਤ ਵਿੱਚ ਲਿਆ ਜਾ ਰਿਹਾ ਹਰ ਲੋਕ ਪੱਖੀ ਫ਼ੈਸਲਾ ਲੋਕਾਂ ਦੀ ਸਲਾਹ ਦੇ ਨਾਲ ਹੀ ਲਾਗੂ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਲੈਂਡ ਪੂਲਿੰਗ ਸਕੀਮ ਤਹਿਤ ਜਿਸ ਦਿਨ ਐੱਲਓਆਈ ਜਾਰੀ ਹੋਵੇਗਾ ਉਸ ਦਿਨ ਤੋਂ ਕਿਸਾਨਾਂ ਨੂੰ 50 ਹਜ਼ਾਰ ਰੁਪਏ ਪ੍ਰਤੀ ਏਕੜ ਸਾਲਾਨਾ ਮਿਲਣਾ ਸ਼ੁਰੂ ਹੋ ਜਾਵੇਗਾ ਅਤੇ ਕਿਸਾਨ ਆਪਣੀ ਜ਼ਮੀਨ ਤੇ ਖੇਤੀ ਵੀ ਕਰਦਾ ਰਹੇਗਾ।ਜ਼ਮੀਨ ਮਾਲਕ ਵੱਲੋਂ ਅਰਜ਼ੀ ਦੇਣ ਦੇ 21 ਦਿਨਾਂ ਦੇ ਅੰਦਰ ਐੱਲਓਆਈ ਅਤੇ 50 ਹਜ਼ਾਰ ਰੁਪਏ ਨਗਦ ਮਿਲੇਗਾ ਜਿਸ ਦਿਨ ਸਰਕਾਰ ਵੱਲੋਂ ਕਬਜ਼ਾ ਲਿਆ ਜਾਵੇਗਾ, ਉਸੇ ਦਿਨ ਤੋਂ ਇਕ ਲੱਖ ਰੁਪਏ ਪ੍ਰਤੀ ਏਕੜ ਠੇਕਾ ਮਿਲਣਾ ਸ਼ੁਰੂ ਹੋ ਜਾਵੇਗਾ ਅਤੇ ਜੇਕਰ ਸਰਕਾਰ ਵੱਲੋਂ ਦੋ ਜਾਂ ਤਿੰਨ ਸਾਲ ਲੱਗਦੇ ਹਨ ਤਾਂ ਹਰ ਸਾਲ ਠੇਕੇ ਵਿੱਚ 10 ਫ਼ੀਸਦੀ ਵਾਧਾ ਕੀਤਾ ਜਾਵੇਗਾ।ਇਸ ਮੌਕੇ ਮੁਖਦੇਵ ਸਿੰਘ ਜ਼ਿਲ੍ਹਾ ਮੀਡੀਆ ਇੰਚਾਰਜ ਨੇ ਕਿਹਾ ਕਿ ਲੈਂਡ ਪੂਲਿੰਗ ਸਕੀਮ ਤਹਿਤ ਕਿਸਾਨਾਂ ਨੂੰ ਰਿਹਾਇਸ਼ੀ ਤੇ ਕਮਰਸ਼ੀਅਲ ਪਲਾਟ ਮਿਲਣਗੇ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਸਿਰਫ਼ ਚੋਣਵੇਂ ਲੋਕਾਂ ਨੂੰ ਫ਼ਾਇਦਾ ਪਹੁੰਚਾਉਣ ਲਈ ਗੈਰ ਕਾਨੂੰਨੀ ਕਲੋਨੀਆਂ ਨੂੰ ਉਤਸ਼ਾਹਿਤ ਕੀਤਾ ਗਿਆ, ਜਿਸ ਨਾਲ ਜਿੱਥੇ ਸਰਕਾਰਾਂ ਦਾ ਗੈਰ ਯੋਜਨਾਬੱਧ ਵਿਕਾਸ ਹੋਇਆ ਉੱਥੇ ਕਲੋਨੀ ਵਾਸੀ ਬੁਨਿਆਦੀ ਸਹੂਲਤਾਂ ਤੋਂ ਸੱਖਣੇ ਰਹੇ।ਉਨ੍ਹਾਂ ਕਿਹਾ ਕਿ ਨਵੀਂ ਸਕੀਮ ਨਾਲ ਯੋਜਨਾਬੱਧ ਕਲੋਨੀਆਂ ਵਿੱਚ ਵਸਨੀਕਾਂ ਜਾਇਦਾਦ ਕਿਸਾਨਾਂ ਲਈ ਆਮਦਨ ਦਾ ਸਥਾਈ ਸਰੋਤ ਬਣੇਗੀ।ਇਸ ਮੌਕੇ ਉਨ੍ਹਾਂ ਨਾਲ ਮਾਰਕੀਟ ਕਮੇਟੀ ਕਲਾਨੌਰ ਦੇ ਚੇਅਰਮੈਨ ਇਕਬਾਲ ਸਿੰਘ, ਚੇਅਰਮੈਨ ਬਲਜੀਤ ਸਿੰਘ ਖਾਲਸਾ, ਮਨੋਜ ਸ਼ਰਮਾ ਕਾਰਜਕਾਰੀ ਅਫਸਰ, ਹਰਮੀਤ ਸਿੰਘ ਐੱਸਡੀਓ, ਅਨੁਰਾਗ ਸ਼ਰਮਾ, ਰਾਜ ਕੁਮਾਰ ਅਤੇ ਸੁਰਿੰਦਰ ਸਿੰਘ ਮੌਜੂਦ ਸਨ।

## ਧਾਰਮਿਕ ਪ੍ਰੀਖਿਆ 'ਚ ਨੈਸ਼ਨਲ ਪਬਲਿਕ ਸਕੂਲ ਮਜੀਠਾ ਦੇ ਵਿਦਿਆਰਥੀ ਅੱਵਲ ਰਹੇ

ਮਜੀਠਾ (ਸੋਇਮ ਆਨੰਦ)-ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਹਰ ਸਾਲ ਧਾਰਮਿਕ ਪ੍ਰੀਖਿਆ ਲਈ ਜਾਂਦੀ ਹੈ ਅਤੇ ਇਸ ਪ੍ਰੀਖਿਆ ਵਿੱਚੋਂ ਅੱਵਲ ਆਉਣ ਵਾਲੇ ਵਿਦਿਆਰਥੀਆਂ ਨੂੰ ਨਕਦ ਇਨਾਮ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਜਾਂਦਾ ਹੈ।



ਨੈਸ਼ਨਲ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮਜੀਠਾ ਦੇ ਵਿਦਿਆਰਥੀਆਂ ਨੇ ਵੀ ਇਹ ਪ੍ਰੀਖਿਆ ਦਿੱਤੀ ਜਿਸ ਵਿੱਚ ਅੱਵਲ ਆਏ ਵਿਦਿਆਰਥੀਆਂ ਦੇ ਸਨਮਾਨ ਵਿਚ ਇੱਕ ਸਾਦਾ ਸਮਾਗਮ ਸਕੂਲ ਪ੍ਰਬੰਧਕਾਂ ਵੱਲੋਂ ਕਰਾਇਆ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਪ੍ਰਿੰ. ਜੋਗਾ ਸਿੰਘ ਅਠਵਾਲ ਨੇ ਦੱਸਿਆ ਕਿ ਕਾਲਜ ਵੱਲੋਂ ਇਹ ਧਾਰਮਿਕ ਪ੍ਰੀਖਿਆ ਹਰ ਸਾਲ ਨਵੰਬਰ ਮਹੀਨੇ ਵਿਚ ਲਈ ਜਾਂਦੀ ਹੈ ਜਿਸ ਦੇ ਦਾਖ਼ਲਿਆਂ ਦੀ ਇਸ ਸਾਲ ਆਖਰੀ ਮਿਤੀ 31 ਜੁਲਾਈ ਰੱਖੀ ਗਈ ਹੈ।ਉਨ੍ਹਾਂ ਕਿਹਾ ਕਿ ਜਿਹੜੇ ਸਕੂਲਾਂ ਨੇ ਧਾਰਮਿਕ ਪ੍ਰੀਖਿਆ ਵਾਸਤੇ ਆਪਣੇ ਵਿਦਿਆਰਥੀਆਂ ਦੇ ਦਾਖ਼ਲੇ ਭਰਨੇ ਹਨ ਉਹ 31 ਜੁਲਾਈ ਤੋਂ ਪਹਿਲਾਂ ਪਹਿਲਾਂ ਭਰ ਸਕਦੇ ਹਨ। ਜਿਸ ਦੀ ਕੋਈ ਫੀਸ ਨਹੀਂ ਲੱਗੇਗੀ।ਇਸ ਮੌਕੇ ਜੋਗਾ ਸਿੰਘ ਅਠਵਾਲ ਦੇ ਨਾਲ ਸਕੂਲ ਪ੍ਰਿੰ. ਸਾਰਿਕਾ ਸ਼ਰਮਾ, ਮੈਡਮ ਜਤਿੰਦਰ ਕੌਰ, ਹਰਜਿੰਦਰ ਕੌਰ, ਗੁਰਪਿੰਦਰ ਕੌਰ, ਸੁਮਨ ਸ਼ਰਮਾ ਤੋਂ ਇਲਾਵਾ ਬਾਕੀ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

## ਪੀ ਏ ਯੂ ਲੁਧਿਆਣਾ ਵੱਲੋਂ ਸਿਫਾਰਸ਼ ਕੀਤੀਆਂ ਪਰਮਲ ਦੀਆਂ ਕਿਸਮਾਂ ਦੇ ਬੂਟੇ ਗਲਣ ਕਾਰਨ ਕਿਸਾਨ ਡਾਢੇ ਨਿਰਾਸ਼ : ਭੋਜਰਾਜ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਿਕ ਭਾਰਤ ਦੇ ਆਗੂ ਅਤੇ ਕਿਸਾਨ ਤੇ ਜਵਾਨ ਭਲਾਈ ਯੂਨੀਅਨ ਪੰਜਾਬ ਦੇ ਪ੍ਰਧਾਨ ਸੁਖਦੇਵ ਸਿੰਘ ਭੋਜਰਾਜ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਤਿਆਰ ਕੀਤੀਆਂ ਗਈਆਂ ਪਰਮਲ ਦੀ ਪੀਆਰ 131 ਅਤੇ 128 ਕਿਸਮ ਦੇ ਬੂਟੇ ਗਲਣੇ ਸ਼ੁਰੂ ਹੋ ਗਏ ਹਨ ਜਿਸ ਕਾਰਨ ਸੂਬੇ ਦੇ ਕਿਸਾਨਾਂ ਵਿੱਚ ਭਾਰੀ ਨਿਰਾਸ਼ਾ ਪਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਾਲ 2022 ਵਿੱਚ ਕਰੀਬ ਇਕ ਲੱਖ ਏਕੜ ਰਕਬਾ ਪਰਮਲ ਪੀਆਰ 121 ਦਾ ਚਾਈਨਾ ਵਾਇਰਸ ਨਾਲ ਖੂਹ ਖਾਤੇ ਤਬਾਹ ਹੋ ਗਿਆ ਸੀ। ਜਿਸ ਸਬੰਧੀ ਪੰਜਾਬ ਸਰਕਾਰ ਨੇ ਮੁਆਵਜ਼ਾ ਐਲਾਨ ਕਰਕੇ ਵੀ ਕਿਸੇ ਵੀ ਕਿਸਾਨ ਨੂੰ ਇਕ ਧੇਲਾ ਵੀ ਮੁਆਵਜ਼ਾ ਨਹੀਂ ਸੀ ਦਿੱਤਾ। ਹੁਣ ਜਦੋਂ ਮੁੜ ਸੂਬੇ ਵਿੱਚ ਪਰਮਲ ਦੀਆਂ ਪੀਆਰ 131 ਅਤੇ 128 ਕਿਸਮਾਂ ਦੇ ਬੂਟਿਆਂ ਨੂੰ ਬਿਮਾਰੀ ਪੈ ਰਹੀ ਹੈ, ਜਿਸ ਨੂੰ ਦੇਖ ਕੇ ਕਿਸਾਨਾਂ ਦੇ ਸਾਹ ਸੂਤੇ ਹੋਏ ਹਨ।



ਉਨ੍ਹਾਂ ਕਿਹਾ ਫਸਲਾਂ ਦੇ ਲਾਹੇਵੰਦ ਭਾਅ ਨਾ ਮਿਲਣ ਕਾਰਨ ਕਿਸਾਨ ਪਹਿਲਾਂ ਹੀ ਕਰਜ਼ੇ ਦੀ ਮਾਰ ਹੇਠ ਹਨ। ਜੇਕਰ ਫਿਰ ਫਸਲ ਖਰਾਬ ਹੋ ਜਾਂਦੀ ਹੈ ਤੇ ਉਪਰੋਂ ਸਰਕਾਰ ਵੀ ਕੋਈ ਇਮਦਾਦ ਨਹੀਂ ਕਰਦੀ ਤਾਂ ਕਿਸਾਨਾਂ ਦਾ ਜਿਊਣਾ ਦੁੱਭਰ ਹੋ ਜਾਂਦਾ ਹੈ। ਕਿਸਾਨ ਆਗੂ ਭੋਜਰਾਜ ਨੇ ਕਿਹਾ ਕਿ ਬੀਜ ਤਿਆਰ ਕਰਨ ਵਾਲੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਮਾਹਿਰਾਂ ਨੂੰ ਇਹ ਹੀ ਨਹੀਂ ਪਤਾ ਕਿ ਇਹ ਕਿਸਮਾਂ ਬਿਮਾਰੀਆਂ ਦਾ ਸਾਹਮਣਾ ਕਰਨ ਵਿੱਚ ਕਿੰਨੀਆਂ ਕੁ ਸਮਰੱਥ ਹਨ। ਜੇਕਰ ਇਹ ਬਿਮਾਰੀਆਂ ਦਾ ਸਾਹਮਣਾ ਨਹੀਂ ਕਰ ਸਕਦੀਆਂ ਤਾਂ ਫਿਰ ਯੂਨੀਵਰਸਿਟੀ ਜਾਂ ਪੰਜਾਬ ਸਰਕਾਰ ਇਸ ਦਾ ਬੀਜ ਹੀ ਕਿਉਂ ਵੇਚਦੀਆਂ ਹਨ। ਕਿਸਾਨਾਂ ਦੇ ਹੋਏ ਨੁਕਸਾਨ ਦਾ ਕੌਣ ਜ਼ਿੰਮੇਵਾਰ ਹੈ ਅਤੇ ਇਸ ਦੀ ਭਰਪਾਈ ਕੌਣ ਕਰੇਗਾ। ਜੇਕਰ ਆਪਣੀਆਂ ਤਿਆਰ ਕੀਤੀਆਂ ਕਿਸਮਾਂ ਦੀ ਪ੍ਰਮਾਣਿਕਤਾ ਪੇਸ਼ੇਵਰ ਹੋ ਮਾਹਿਰਾਂ ਨੂੰ ਨਹੀਂ ਪਤਾ ਤਾਂ ਫਿਰ ਖੇਤੀਬਾੜੀ ਯੂਨੀਵਰਸਿਟੀ ਦੀ ਕਾਰਜ ਸ਼ੈਲੀ ਉੱਤੇ ਵੱਡੇ ਸਵਾਲ ਖੜ੍ਹੇ ਹੁੰਦੇ ਹਨ। ਕਿਸਾਨ ਆਗੂ ਭੋਜਰਾਜ ਨੇ ਸੂਬਾ ਸਰਕਾਰ ਤੋਂ ਮੰਗ ਕੀਤੀ ਕਿ ਹਰ ਪਿੰਡ ਵਿੱਚ ਖੇਤੀਬਾੜੀ ਮਹਿਕਮੇ ਦੇ ਅਧਿਕਾਰੀ ਭੇਜੇ ਜਾਣ ਤਾਂ ਜੋ ਇਸ ਬਿਮਾਰੀ ਤੋਂ ਬਚਾਅ ਲਈ ਕਿਸਾਨਾਂ ਨੂੰ ਸਹੀ ਨਿਰਦੇਸ਼ ਦੇ ਸਕਣ ਅਤੇ ਸੂਬਾ ਸਰਕਾਰ ਕਿਸਾਨਾਂ ਦੇ ਹੋਏ ਅਤੇ ਹੋਣ ਵਾਲੇ ਨੁਕਸਾਨ ਦੀ ਭਰਪਾਈ ਨੂੰ ਯਕੀਨੀ ਬਣਾਵੇ ਤਾਂ ਜੋ ਕਿਸਾਨਾਂ ਨੂੰ ਹੋਣ ਵਾਲੇ ਆਰਥਿਕ ਨੁਕਸਾਨ ਤੋਂ ਬਚਾਇਆ ਜਾ ਸਕੇ।

## ਪੰਜਾਬ ਸਰਕਾਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਸੁਰੱਖਿਆ ਨੂੰ ਲੈ ਕੇ ਪੂਰੀ ਤਰ੍ਹਾਂ ਗੰਭੀਰ : ਬਰਾੜ/ਬੰਦੇਸ਼ਾ

ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)-ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਨੂੰ ਈਮੇਲ ਰਾਹੀਂ ਮਿਲ ਰਹੀਆਂ ਧਮਕੀਆਂ ਤੋਂ ਬਾਅਦ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅੰਮ੍ਰਿਤਸਰ ਫੇਰੀ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਪ੍ਰਭਬੀਰ ਸਿੰਘ ਬਰਾੜ ਅਤੇ ਲੋਕ ਸਭਾ ਇੰਚਾਰਜ ਜਸਕਰਨ ਸਿੰਘ ਬੰਦੇਸ਼ਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਸਿੱਖਾਂ ਦੇ ਪਵਿੱਤਰ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਸੁਰੱਖਿਆ ਨੂੰ ਲੈ ਕੇ ਪੂਰੀ ਤਰ੍ਹਾਂ ਨਾਲ ਗੰਭੀਰ ਹੈ ਅਤੇ ਪਿਛਲੇ ਦਿਨੀਂ ਮੁੱਖ ਮੰਤਰੀ ਵੱਲੋਂ ਡੀਜੀਪੀ ਅਤੇ ਪੰਜਾਬ ਦੇ ਉਚ ਪੁਲਸ ਅਧਿਕਾਰੀਆਂ ਨਾਲ ਮੀਟਿੰਗਾਂ ਵੀ ਕੀਤੀਆਂ ਗਈਆਂ।ਇਸ ਤੋਂ ਬਾਅਦ ਈਮੇਲ ਭੇਜਣ ਵਾਲਾ ਇੱਕ ਨੌਜਵਾਨ ਦੋਸ਼ੀ ਸ਼ੁਭਮ ਦੂਬੇ ਦੀ ਗ੍ਰਿਫਤਾਰੀ ਵੀ ਹੋਈ।ਪੰਜਾਬ ਸਰਕਾਰ ਵੱਲੋਂ ਲਗਾਤਾਰ ਕੀਤੇ ਜਾ ਰਹੇ ਵਿਕਾਸ ਦੇ ਕ੍ਰਾਂਤੀਕਾਰੀ ਕੰਮਾਂ ਨਾਲ ਜਿੱਥੇ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਵੱਲ ਕਦਮ ਵੱਧ ਰਹੇ ਹਨ ਉਥੇ ਕੁਝ ਸ਼ਰਾਰਤੀ ਅਨਸਰ ਪੰਜਾਬ ਦੀ ਇਸ ਤਰੱਕੀ ਅਤੇ ਸੁਖਾਵੇਂ ਮਾਹੌਲ ਨੂੰ ਖਰਾਬ ਕਰਨ ਲਈ ਇਸ ਤਰ੍ਹਾਂ ਦੀਆਂ ਹਰਕਤਾਂ ਕਰ ਰਹੇ ਹਨ ਪਰ ਪੰਜਾਬ ਸਰਕਾਰ ਅਤੇ ਪੰਜਾਬ ਪੁਲਸ ਇਸ ਪ੍ਰਕਾਰ ਦੇ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਨਹੀਂ ਬਖਸ਼ੇਗੀ।ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਵਿੱਚ ਲਿਆਂਦਾ ਗਿਆ ਬੇਅਦਬੀ ਦੇ ਮੁੱਦੇ ਤੇ ਬਿੱਲ ਇਸ ਗੱਲ ਦਾ ਸਬੂਤ ਹੈ ਕਿ ਪੰਜਾਬ ਵਿੱਚ ਸਾਰੇ ਧਰਮਾਂ ਦੇ ਪਵਿੱਤਰ ਅਸਥਾਨ ਅਤੇ ਪਵਿੱਤਰ ਧਰਮ ਗ੍ਰੰਥ ਪੂਰੀ ਤਰ੍ਹਾਂ ਨਾਲ ਸੁਰੱਖਿਅਤ ਹਨ।ਇਥੇ ਉਨ੍ਹਾਂ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਪਹਿਲਾਂ ਦੀ ਤਰ੍ਹਾਂ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਵਿਖੇ ਆ ਕੇ ਨਤਮਸਤਕ ਹੋਣ ਅਤੇ ਬਿਨਾਂ ਕਿਸੇ ਡਰ ਤੇ ਭੈ ਦੇ ਮਾਹੌਲ ਤੋਂ ਆ ਕੇ ਗੁਰੂ ਘਰ ਦੇ ਦਰਸ਼ਨ ਕਰਨ।ਇਸ ਮੌਕੇ ਜ਼ਿਲ੍ਹਾ ਸਕੱਤਰ ਮੁਖਵਿੰਦਰ ਸਿੰਘ ਵਿਰਦੀ, ਜ਼ਿਲ੍ਹਾ ਮੀਡੀਆ ਇੰਚਾਰਜ ਸਤਨਾਮ ਸਿੰਘ ਮਠਾੜੂ, ਐਸ.ਪੀ ਸਿੰਘ, ਅਰੁਣ ਬਜਾਜ, ਮੋਨਿਕਾ ਤਿਆਗੀ ਹਾਜ਼ਰ ਸਨ।



## ਜੀਟੀਬੀਆਈ ਸਕੂਲ 'ਚ ਬੱਚਿਆਂ ਨੇ ਨਿਵੇਕਲੇ ਢੰਗ ਨਾਲ ਮਨਾਇਆ ਅੰਬਾਂ ਦਾ ਤਿਉਹਾਰ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਗੁਰੂ ਤੇਗ ਬਹਾਦਰ ਇੰਟਰਨੈਸ਼ਨਲ (ਜੀਟੀਬੀਆਈ) ਸਕੂਲ ਕਲਿਆਣਪੁਰ (ਧਾਰੀਵਾਲ) ਵਿਖੇ ਅੰਬਾਂ ਦਾ ਤਿਉਹਾਰ ਮਨਾਇਆ। ਇਸ ਮੌਕੇ ਸਕੂਲ ਦੇ ਚੇਅਰਮੈਨ ਸੁਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾਇਰੈਕਟਰ ਪ੍ਰਿਤਪਾਲ ਸਿੰਘ ਐਡਵੋਕੇਟ ਅਤੇ ਡਾ. ਕ੍ਰਿਤਇੰਦਰ ਕੌਰ ਦੀ ਅਗਵਾਈ ਹੇਠ ਪ੍ਰਭਾਵਸ਼ਾਲੀ ਪ੍ਰੋਗਰਾਮ ਕਰਵਾਇਆ। ਪ੍ਰੋਗਰਾਮ ਵਿੱਚ ਐੱਲ. ਕੇ. ਜੀ. ਦੇ ਛੋਟੇ ਬੱਚੇ ਬੜੇ ਉਤਸ਼ਾਹ ਨਾਲ ਸ਼ਾਮਲ ਹੋਏ। ਬੱਚੇ ਇਸ ਦੌਰਾਨ ਅੰਬਾਂ ਦੇ ਆਕਾਰ ਦੇ ਤਾਜ ਤੇ ਕੱਪੜੇ ਪਹਿਨ ਕੇ ਆਏ ਅਤੇ ਅੰਬਾਂ ਨਾਲ ਬਣਾਈਆਂ ਹੋਈਆਂ ਖਾਣ-ਪੀਣ ਦੀਆਂ ਚੀਜ਼ਾਂ ਜਿਵੇਂ ਅੰਬ, ਅੰਬ ਆਈਸਕ੍ਰੀਮ, ਅੰਬ ਦਾ ਜੂਸ ਆਦਿ ਵੀ ਲੈ ਕੇ ਆਏ। ਇਸ ਮੌਕੇ ਚੇਅਰਮੈਨ ਸੁਰਜੀਤ ਸਿੰਘ, ਡਾਇਰੈਕਟਰ ਪ੍ਰਿਤਪਾਲ ਸਿੰਘ ਅਤੇ ਕ੍ਰਿਤਇੰਦਰ ਕੌਰ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਅੰਬਾਂ ਦਾ ਤਿਉਹਾਰ ਮਨਾਉਣ ਦਾ ਮੰਤਵ ਵਿਦਿਆਰਥੀਆਂ ਨੂੰ ਫਲ ਖਾਣ ਲਈ ਪ੍ਰੇਰਿਤ ਕਰਨਾ ਅਤੇ ਫ਼ਲ ਦੇ ਫਾਇਦਿਆਂ ਬਾਰੇ ਜਾਣੂ ਕਰਵਾਉਣਾ ਹੈ। ਉਨ੍ਹਾਂ ਕਿਹਾ ਅੱਜਕੱਲ੍ਹ ਬੱਚੇ ਫਲ਼ ਤੇ ਹਰੀਆਂ ਸਬਜ਼ੀਆਂ ਨਾ ਖਾ ਕੇ ਜੰਕ ਫੂਡ ਵੱਲ ਆਕਰਸ਼ਿਤ ਹੋ ਰਹੇ ਹਨ ਜਿਸ ਨਾਲ ਉਨ੍ਹਾਂ ਦੇ ਸਰੀਰ ਵਿੱਚ ਵਿਟਾਮਿਨ ਤੇ ਆਇਰਨ ਦੀ ਕਮੀ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਦੇ ਸਰੀਰਕ ਤੇ ਮਾਨਸਿਕ ਵਿਕਾਸ ਲਈ ਪੌਸ਼ਟਿਕ ਆਹਾਰ ਲੈਣਾ ਬਹੁਤ ਜ਼ਰੂਰੀ ਹੈ। ਇਸ ਪ੍ਰੋਗਰਾਮ ਦੀ ਤਿਆਰੀ ਕਰਵਾਉਣ ਵਿੱਚ ਅਧਿਆਪਕਾ ਸਪਨਾ ਮੈਂਗੀ, ਸੁਲੱਕਸ਼ਨਾ, ਰਾਜਵਿੰਦਰ ਕੌਰ, ਗੁਰਜੀਤ ਕੌਰ, ਗੀਨਾ ਤੇ ਸੁਖਰਾਜ ਕੌਰ ਦਾ ਵਿਸ਼ੇਸ਼ ਯੋਗਦਾਨ ਰਿਹਾ।



## ਵਾਤਾਵਰਣ ਪ੍ਰਤੀ ਸੁਚੇਤ ਪਹਿਲਕਦਮੀ ਤਹਿਤ 'ਏਕ ਪੇੜ ਮਾਂ ਕੇ ਨਾਮ' ਮੁਹਿੰਮ ਦੀ ਸ਼ੁਰੂਆਤ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਵਾਤਾਵਰਣ ਪ੍ਰਤੀ ਸੁਚੇਤ ਪਹਿਲਕਦਮੀ ਤਹਿਤ ਮਾਈ ਭਾਰਤ ਤਰਨ ਤਾਰਨ ਵੱਲੋਂ ਜ਼ਿਲ੍ਹਾ ਯੁਵਾ ਅਫ਼ਸਰ ਜਸਲੀਨ ਕੌਰ ਦੀ ਅਗਵਾਈ ਅਤੇ ਨਿਗਰਾਨੀ ਹੇਠ ਏਕ ਪੇੜ ਮਾਂ ਕੇ ਨਾਮ ਮੁਹਿੰਮ ਸ਼ੁਰੂ ਕੀਤੀ ਹੈ, ਜੋ ਕਿ ਰੁੱਖ ਲਗਾਉਣ ਸਬੰਧੀ ਮਾਵਾਂ ਦੇ ਸਨਮਾਨ ਲਈ ਸਮਰਪਿਤ ਇੱਕ ਹਰਿਆਲੀ ਲਹਿਰ ਹੈ।ਇਹ ਮੁਹਿੰਮ ਸਤੰਬਰ, 2025 ਤੱਕ ਜਾਰੀ ਰਹੇਗੀ।ਜ਼ਿਲ੍ਹਾ ਯੁਵਾ ਅਫ਼ਸਰ ਜਸਲੀਨ ਕੌਰ ਵੱਲੋਂ ਇਸ ਮੁਹਿੰਮ ਅਧੀਨ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਬੂਟੇ ਲਗਾਉਣ ਪ੍ਰਤੀ ਲਾਮਬੰਦ ਕਰਨ ਅਤੇ ਜ਼ਿਲ੍ਹੇ ਭਰ ਵਿੱਚ ਇਸ ਪ੍ਰੋਗਰਾਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਜਾ ਰਹੀ ਹੈ।ਜਾਣਕਾਰੀ ਦਿੰਦਿਆਂ ਜਸਲੀਨ ਕੌਰ ਨੇ ਦੱਸਿਆ ਕਿ ਮਾਈ ਭਾਰਤ ਤਰਨ ਤਾਰਨ ਨਾਲ ਜੁੜੇ ਯੂਥ ਕਲੱਬ ਦੇ ਮੈਂਬਰ ਪਾਰਕਾਂ, ਸਕੂਲਾਂ ਅਤੇ ਪਿੰਡਾਂ ਵਿੱਚ ਰੁੱਖ ਲਗਾਉਣ ਲਈ ਸਰਗਰਮੀ ਨਾਲ ਹਿੱਸਾ ਲੈ ਰਹੇ ਹਨ।ਉਨ੍ਹਾਂ ਦੱਸਿਆ ਕਿ ਹਰੇਕ ਬੂਟਾ ਆਪਣੀ ਮਾਂ ਦੇ ਨਾਮ 'ਤੇ ਲਗਾਇਆ ਜਾਂਦਾ ਹੈ, ਜੋ ਪਿਆਰ, ਸਤਿਕਾਰ ਅਤੇ ਸ਼ੁਕਰਗੁਜ਼ਾਰੀ ਦਾ ਪ੍ਰਤੀਕ ਹੈ, ਜੋ ਕਿ ਵਾਤਾਵਰਣ ਸੰਭਾਲ ਵਿੱਚ ਅਰਥਪੂਰਨ ਯੋਗਦਾਨ ਪਾਉਂਦਾ ਹੈ।ਇਸ ਮੁਹਿੰਮ ਬਾਰੇ ਬੋਲਦਿਆਂ ਜਸਲੀਨ ਕੌਰ ਨੇ ਕਿਹਾ ਕਿ ਇਹ ਮੁਹਿੰਮ ਭਾਵਨਾਵਾਂ ਅਤੇ ਕਿਰਿਆ ਦਾ ਇੱਕ ਸੁੰਦਰ ਮਿਸ਼ਰਣ ਹੈ।ਜਲਵਾਯੂ ਪਰਿਵਰਤਨ ਅਤੇ ਜੰਗਲਾਂ ਦੀ ਕਟਾਈ ਬਾਰੇ ਵਧਦੀਆਂ ਚਿੰਤਾਵਾਂ ਦੇ ਨਾਲ ਏਕ ਪੇੜ ਮਾਂ ਕੇ ਨਾਮ ਮੁਹਿੰਮ ਵਾਤਾਵਰਣ ਪ੍ਰਤੀ ਜਾਗਰੂਕ ਨਾਗਰਿਕਾਂ ਦੀ ਇੱਕ ਨਵੀਂ ਪੀੜ੍ਹੀ ਨੂੰ ਪ੍ਰੇਰਿਤ ਕਰਨ ਦੀ ਕੋਸ਼ਿਸ਼ ਕਰਦੀ ਹੈ, ਜੋ ਆਪਣੀਆਂ ਜੜ੍ਹਾਂ ਅਤੇ ਜੀਵਨ ਨੂੰ ਪਾਲਣ ਵਾਲੇ ਰੁੱਖਾਂ ਦੋਵਾਂ ਦੀ ਕਦਰ ਕਰਦੇ ਹਨ।ਉਨ੍ਹਾਂ ਦੱਸਿਆ ਕਿ ਇਹ ਮੁਹਿੰਮ ਮਾਨਸੂਨ ਦੇ ਮਹੀਨਿਆਂ ਦੌਰਾਨ ਜਾਰੀ ਰਹੇਗੀ, ਵੱਧ ਤੋਂ ਵੱਧ ਰੁੱਖਾਂ ਦੇ ਬਚਾਅ ਲਈ ਸੀਜ਼ਨ ਦਾ ਲਾਭ ਉਠਾਉਂਦੀ ਅਤੇ ਨਿਰੰਤਰ ਭਾਈਚਾਰਕ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਦੀ ਹੈ।ਉਨ੍ਹਾਂ ਕਿਹਾ ਕਿ ਮੇਰਾ ਭਾਰਤ ਤਰਨ ਤਾਰਨ ਜ਼ਿਲ੍ਹੇ ਦੇ ਸਾਰੇ ਨੌਜਵਾਨਾਂ ਅਤੇ ਨਾਗਰਿਕਾਂ ਨੂੰ ਇਸ ਅਰਥਪੂਰਨ ਕਾਰਨ ਵਿੱਚ ਹਿੱਸਾ ਲੈਣ ਅਤੇ ਸਥਾਈ ਪ੍ਰਭਾਵ ਬਣਾਉਣ ਲਈ ਸੱਦਾ ਦਿੰਦਾ ਹੈ।



## ਸੁਖਵਿੰਦਰ ਸਿੰਘ ਬਾਜਵਾ ਨੇ ਬੀਡੀਪੀਓ ਦਾ ਅਹੁਦਾ ਸੰਭਾਲਿਆ

**ਕਲਾਨੌਰ (ਮਨਦੀਪ ਕੋਹਲੀ)**-ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਕਲਾਨੌਰ ਵਿਖੇ ਪਹਿਲਾਂ ਪੰਚਾਇਤ ਸਕੱਤਰ ਅਤੇ ਬਾਅਦ ਵਿੱਚ ਐੱਸਈਪੀਓ ਦੀਆਂ ਸੇਵਾਵਾਂ ਪੂਰੀ ਇਮਾਨਦਾਰੀ ਨਾਲ ਨਿਭਾਉਣ ਤੋਂ ਬਾਅਦ ਸੁਖਵਿੰਦਰ ਸਿੰਘ ਬਾਜਵਾ ਨੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਦਸੂਹਾ ਬਲਾਕ ਵਿੱਚ ਬਤੌਰ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਦਾ ਅਹੁਦਾ ਸੰਭਾਲ ਲਿਆ ਹੈ।ਉਨ੍ਹਾਂ ਦਾ ਬਲਾਕ ਦੇ ਦਫਤਰੀ ਸਟਾਫ ਅਤੇ ਪਤਵੰਤੇ ਸੱਜਣਾਂ ਵੱਲੋਂ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਸਰਦਾਰ ਲਾਡੀ ਪਨਿਆੜ, ਬਿਕਰਮਜੀਤ ਸਿੰਘ ਬੱਲ, ਕੁਲਵੰਤ ਸਿੰਘ ਵੀਡੀਓ, ਸੁਖਜਿੰਦਰ ਸਿੰਘ ਪੰਚਾਇਤ ਸਕੱਤਰ, ਨਰਿੰਦਰ ਸਿੰਘ ਪੰਚਾਇਤ ਸਕੱਤਰ ਅਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ।ਇਸ ਮੌਕੇ ਸੁਖਵਿੰਦਰ ਸਿੰਘ ਬਾਜਵਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਉਹ ਆਪਣਾ ਕੰਮ ਪੂਰੀ ਇਮਾਨਦਾਰੀ ਨਾਲ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਕਰਨਗੇ। ਉਨ੍ਹਾਂ ਕਿਹਾ ਕਿ ਜੋ ਵੀ ਸਰਕਾਰ ਦੀਆਂ ਸਕੀਮਾਂ ਆਉਣਗੀਆਂ ਉਨ੍ਹਾਂ ਨੂੰ ਇੰਨ-ਬਿੰਨ ਲਾਗੂ ਕੀਤਾ ਜਾਵੇਗਾ।



## ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਪ੍ਰਿੰ. ਰੰਧਾਵਾ ਦਾ ਭਰਵਾਂ ਸਵਾਗਤ

**ਝਬਾਲ, ਸਰਾਏ ਅਮਾਨਤ ਖਾਂ (ਹਰਜਿੰਦਰ ਸਿੰਘ ਸੋਨੀ/ਮੱਖਣ ਮਨੋਜ)**-ਹਲਕਾ ਤਰਨਤਾਰਨ ਤੋਂ ਜ਼ਿਮਨੀ ਚੋਣ ਦੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਦਾ ਪਿੰਡ ਸਵਰਗਾਪੁਰੀ ਨੇੜੇ ਝਬਾਲ ਪੁੱਜਣ ਤੇ ਸਾਬਕਾ ਸਰਪੰਚ ਜਗਤਾਰ ਸਿੰਘ ਜੱਗਾ ਦੀ ਅਗਵਾਈ ਹੇਠ ਪਿੰਡ ਵਾਸੀਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।ਇਸ ਮੌਕੇ ਸਰਪੰਚ ਜੱਗਾ ਸਵਰਗਾਪੁਰੀ ਦੇ ਗ੍ਰਹਿ ਵਿਖੇ ਸਾਬਕਾ ਸਰਪੰਚ ਮਖਤੂਲ ਸਿੰਘ ਲੀਡਰ, ਸਰਪੰਚ ਪ੍ਰਮਜੀਤ ਸਿੰਘ ਗੱਗੋਬੂਹਾ, ਸਰਪੰਚ ਮਨਜਿੰਦਰ ਸਿੰਘ ਐਮਾਂ, ਰਾਮ ਸਿੰਘ ਨਾਮਧਾਰੀ, ਸਰਪੰਚ ਸੋਨੂੰ ਦੋਦੇ ਬਰਾੜ, ਡਾਇਰੈਕਟਰ ਦਲਜੀਤ ਸਿੰਘ ਐਮਾ, ਰਿਸੀਵਰ ਬਲਵਿੰਦਰ ਸਿੰਘ ਸਵਰਗਾਪੁਰੀ, ਲਖਵਿੰਦਰ ਸਿੰਘ ਲੱਖਾ ਸਵਰਗਾਪੁਰੀ, ਹਰਪ੍ਰੀਤ ਸਿੰਘ ਹੈਪੀ, ਮੈਂਬਰ ਗੁਰਪ੍ਰੀਤ ਸਿੰਘ, ਸੁਖਦੇਵ ਸਿੰਘ, ਦੀਦਾਰ ਸਿੰਘ, ਮੇਜਰ ਸਿੰਘ ਪੁਲਸੀਆਂ, ਨੰਬਰਦਾਰ ਜਸਪਾਲ ਸਿੰਘ, ਗੁਰਭੇਜ ਸਿੰਘ, ਜਗਜੀਤ ਸਿੰਘ, ਅੰਗਰੇਜ਼ ਸਿੰਘ ਆਦਿ ਵੱਲੋਂ ਸਨਮਾਨਿਤ ਵੀ ਕੀਤਾ ਗਿਆ।



## ਸਿਮਰਨ ਹਸਪਤਾਲ ਦੇ ਡਾਕਟਰਾਂ ਨੇ ਸੱਪ ਦੇ ਡੰਗੇ ਨੌਜਵਾਨ ਦੀ ਜਾਨ ਬਚਾਈ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਸਿਮਰਨ ਹਸਪਤਾਲ ਭਿੱਖੀਵਿੰਡ ਦੇ ਮਾਹਰ ਡਾਕਟਰਾਂ ਵੱਲੋਂ ਸੱਪ ਦੇ ਡੰਗੇ ਨੌਜਵਾਨ ਦੀ ਜਾਨ ਬਚਾਉਣ ਦੀ ਖ਼ਬਰ ਹੈ। ਜਾਣਕਾਰੀ ਅਨੁਸਾਰ ਭਿੱਖੀਵਿੰਡ ਤੋਂ ਅਭੀਜੋਤ ਸਿੰਘ ਪੁੱਤਰ ਸੁਰਜੀਤ ਸਿੰਘ ਨਾਂਅ ਦੇ ਨੌਜਵਾਨ ਨੂੰ ਰਾਤ ਵੇਲੇ ਸੁੱਤਿਆਂ ਹੋਇਆਂ ਜ਼ਹਿਰੀਲੇ ਸੱਪ ਨੇ ਡੰਗ ਮਾਰ ਦਿੱਤਾ ਸੀ।ਡੰਗ ਵੱਜਣ ਮਗਰੋਂ ਨਾਜ਼ੁਕ ਹਾਲਾਤ ਵਿੱਚ ਨੌਜਵਾਨ ਨੂੰ ਸਿਮਰਨ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ ਜਿੱਥੇ ਡਾਕਟਰ ਜਸ਼ਨਦੀਪ ਸਿੰਘ (ਐੱਮਡੀ ਮੈਡੀਸਨ) ਨੇ ਆਪਣੀ ਟੀਮ ਦੀ ਸਹਾਇਤਾ ਨਾਲ ਨੌਜਵਾਨ ਦੀ ਜਾਨ ਬਚਾ ਲਈ। ਹਸਪਤਾਲ ਤੋਂ ਘਰ ਲਿਜਾਣ ਮੌਕੇ ਨੌਜਵਾਨ ਦੀ ਦਾਦੀ ਤੇ ਰਿਸ਼ਤੇਦਾਰਾਂ ਨੇ ਉਨ੍ਹਾਂ ਦੇ ਬੱਚੇ ਨੂੰ ਨਵਾਂ ਜੀਵਨ ਦਾਨ ਦੇਣ ਲਈ ਸਿਮਰਨ ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ ਗੁਰਮੇਜ਼ ਸਿੰਘ, ਡਾਕਟਰਾਂ ਤੇ ਸਮੁੱਚੇ ਸਟਾਫ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ।ਇਸ ਮੌਕੇ ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ ਗੁਰਮੇਜ ਸਿੰਘ ਵੀਰਮ, ਡਾ. ਜਸ਼ਨਦੀਪ ਸਿੰਘ ਸੰਧੂ ਤੇ ਡਾ. ਜਸਕਰਨ ਸਿੰਘ ਸੰਧੂ ਨੇ ਲੋਕਾਂ ਨੂੰ ਜਾਗਰੂਕ ਕਰਨ ਲਈ ਦੱਸਿਆ ਕਿ ਜੇਕਰ ਕਿਸੇ ਵੀ ਵਿਅਕਤੀ ਨੂੰ ਸੱਪ ਡੱਸ ਲੈਂਦਾ ਹੈ ਤਾਂ ਘਬਰਾਉਣ ਦੀ ਬਜਾਏ ਮਰੀਜ਼ ਨੂੰ ਬਿਨਾਂ ਦੇਰੀ ਕੀਤੇ ਹਸਪਤਾਲ ਵਿੱਚ ਦਾਖ਼ਲ ਕਰਵਾਉਣਾ ਚਾਹੀਦਾ ਹੈ।ਇਸ ਮੌਕੇ ਡਾ. ਦਾਨਿਸ਼, ਡਾ. ਆਮਿਰ, ਸਟਾਫ ਮੈਂਬਰ ਸੁਖਰਾਜ ਸਿੰਘ, ਸੁਮਨਦੀਪ ਕੌਰ ਅਤੇ ਕਰਨਦੀਪ ਸਿੰਘ ਆਦਿ ਹਾਜ਼ਰ ਸਨ।



## ਸਿਵਲ ਸਰਜਨ ਗੁਰਦਾਸਪੁਰ ਨੇ ਦਸਤ ਰੋਕੂ ਮੁਹਿੰਮ ਨੂੰ ਤੇਜ਼ ਕਰਨ ਲਈ ਆਸ਼ਾ ਵਰਕਰਾਂ ਨੂੰ ਦਿੱਤੀਆਂ ਹਦਾਇਤਾਂ

ਗੁਰਦਾਸਪੁਰ (ਦਿਨੇਸ਼ ਕੁਮਾਰ)-ਸਿਵਲ ਸਰਜਨ ਡਾ. ਜਸਵਿੰਦਰ ਸਿੰਘ ਦੀ ਅਗਵਾਈ ਹੇਠ ਜ਼ਿਲਾ ਸਿਹਤ ਸੋਸਾਇਟੀ ਦੀ ਮੀਟਿੰਗ ਦਫਤਰ ਸਿਵਲ ਸਰਜਨ ਗੁਰਦਾਸਪੁਰ ਵਿਖੇ ਹੋਈ।ਇਸ ਮੌਕੇ ਡਾ. ਜਸਵਿੰਦਰ ਸਿੰਘ ਨੇ ਕਿਹਾ ਕਿ ਬਰਸਾਤ ਦੇ ਮੌਸਮ 'ਚ ਦਸਤ ਦੀ ਬੀਮਾਰੀ ਫੈਲ ਜਾਂਦੀ ਹੈ।ਇਸ ਦੀ ਰੋਕਥਾਮ ਲਈ 2 ਮਹੀਨੇ ਤੱਕ ਦਸਤ ਰੋਕੂ ਮੁਹਿੰਮ ਚਲਾਈ ਗਈ ਹੈ।ਇਸ ਮੁਹਿੰਮ ਤਹਿਤ ਸਮੂਹ ਆਸ਼ਾ ਵਰਕਰਾਂ ਵੱਲੋਂ ਘਰ-ਘਰ ਓਆਰਐੱਸ ਦੇ ਪੈਕੇਟ ਦਿੱਤੇ ਜਾਣਗੇ ਜੋ ਕਿ ਮੁਫ਼ਤ ਵੰਡੇ ਜਾਣਗੇ। ਉਨ੍ਹਾਂ ਕਿਹਾ ਕਿ ਡੇਂਗੂ ਰੋਕਥਾਮ ਜਾਗਰੂਕਤਾ ਮੁਹਿੰਮ ਤੇਜ਼ ਕੀਤੀ ਜਾਵੇ ।ਸ਼ੱਕੀ ਡੇਂਗੂ, ਮਲੇਰੀਆ ਕੇਸਾਂ ਦੀ ਟੈਸਟਿੰਗ ਵਧਾਈ ਜਾਵੇ।ਘਰ-ਘਰ ਜਾ ਕੇ ਲਾਰਵਾ ਚੈਕ ਕੀਤਾ ਜਾਵੇ ਅਤੇ ਜਿੱਥੇ ਲਾਰਵਾ ਮਿਲਦਾ ਹੈ ਉਸ ਨੂੰ ਨਸ਼ਟ ਕਰ ਦਿੱਤਾ ਜਾਵੇ। ਫੀਲਡ ਸਟਾਫ਼ ਨੂੰ ਹਦਾਇਤ ਕੀਤੀ ਗਈ ਕਿ ਉਹ ਲੋਕਾਂ ਨੂੰ ਸੱਪ ਦੇ ਕੱਟਣ ਤੋਂ ਬਚਾਓ ਅਤੇ ਇਲਾਜ ਬਾਰੇ ਵੀ ਦੱਸਣ ।ਉਨ੍ਹਾਂ ਕਿਹਾ ਕਿ ਸਮੂਹ ਸਿਹਤ ਸੰਸਥਾਵਾਂ 100 ਫੀਸਦੀ ਟੀਕਾਕਰਨ ਨੂੰ ਯਕੀਨੀ ਬਨਾਉਣ । ਉਨ੍ਹਾਂ ਕਿਹਾ ਕਿ ਪਰਿਵਾਰ ਨਿਯੋਜਨ ਪ੍ਰਤੀ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ ।ਗਰਭਵਤੀ ਮਾਵਾਂ ਦਾ ਮਹੀਨਾਵਾਰ ਚੈੱਕਅਪ ਯਕੀਨੀ ਬਣਾਇਆ ਜਾਵੇ।ਹਾਈ ਰਿਸਕ ਕੇਸਾਂ ਦਾ ਸਪੈਸ਼ਲਿਸਟ ਡਾਕਟਰ ਤੋਂ ਚੈਕਅਪ ਕਰਾਇਆ ਜਾਵੇ।ਹਰੇਕ ਵਿਅਕਤੀ ਦੀ ਆਭਾ ਆਈਡੀ ਬਣਾਈ ਜਾਵੇ ।



ਇਸ ਮੌਕੇ ਏਸੀਐੱਸ ਡਾ. ਪ੍ਰਭਜੋਤ ਕੌਰ ਕਲਸੀ, ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾ. ਤੇਜਿੰਦਰ ਕੌਰ, ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਮਮਤਾ, ਜ਼ਿਲਾ ਐਪੀਡਮੋਲੋਜਿਸਟ ਡਾ. ਗੁਰਪ੍ਰੀਤ ਕੌਰ, ਜ਼ਿਲ੍ਹਾ ਸਿਹਤ ਅਫਸਰ ਡਾ. ਅੰਕੁਰ, ਸੀਨੀਅਰ ਮੈਡੀਕਲ ਅਫਸਰ ਡਾ. ਬ੍ਰਿਜੇਸ਼, ਡਾ. ਲਲਿਤ ਮੋਹਨ, ਡਾ. ਨੀਲਮ ਕੁਮਾਰੀ, ਡਾ. ਜਸਵਿੰਦਰ ਸਿੰਘ, ਡਾ. ਅਮਰਦੀਪ ਸਿੰਘ ਬੈਂਸ, ਡਾ. ਨਰੇਸ਼, ਡਾ. ਮੀਨਾਕਸ਼ੀ, ਡਾ. ਵਰਿੰਦਰ ਮੋਹਨ, ਡਾ. ਇਸ਼ੀਤਾ, ਡਾ. ਮੈਤਰੀ, ਡਾ. ਕੁਲਜੀਤ ਕੌਰ, ਡਾ. ਵੰਦਨਾ, ਡਾ. ਅਮਨਦੀਪ ਅਤੇ ਡਾ. ਸ਼ਿਲਪਾ ਆਦਿ ਹਾਜ਼ਰ ਸਨ।

## ਸ਼ਿਵ ਕੁਮਾਰ ਬਟਾਲਵੀ ਦੇ ਜਨਮ ਦਿਨ ਨੂੰ ਸਮਰਪਿਤ 'ਰਾਜ ਪੱਧਰੀ ਸਮਾਗਮ' ਸਫਲਤਾਪੂਰਕ ਸੰਪੰਨ

### * ਕਟਾਰੂਚੱਕ ਵੱਲੋਂ ਸ਼ਿਵ ਕੁਮਾਰ ਬਟਾਲਵੀ ਆਡੀਟੋਰੀਅਮ ਦੇ ਵਿਕਾਸ ਲਈ 10 ਲੱਖ ਰੁਪਏ ਦੇਣ ਦਾ ਐਲਾਨ

ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਦੇ ਸਿਰਮੌਰ ਕਵੀ ਸ਼ਿਵ ਕੁਮਾਰ ਬਟਾਲਵੀ ਦੇ 89ਵੇਂ ਜਨਮ ਦਿਵਸ ਨੂੰ ਸਮਰਪਿਤ 'ਰਾਜ ਪੱਧਰੀ ਸਮਾਗਮ' ਸਥਾਨਕ ਸ਼ਿਵ ਕੁਮਾਰ ਬਟਾਲਵੀ ਸੱਭਿਆਚਾਰਕ ਕੇਂਦਰ ਵਿਖੇ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ, ਜਿਸ ਵਿੱਚ ਲਾਲ ਚੰਦ ਕਟਾਰੂਚੱਕ, ਕੈਬਨਿਟ ਮੰਤਰੀ ਵਣ ਅਤੇ ਜੰਗਲੀ ਜੀਵ ਵਿਭਾਗ, ਖੁਰਾਕ ਸਪਲਾਈ ਅਤੇ ਖਪਤਕਾਰ ਮਾਮਲੇ ਪੰਜਾਬ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਦਲਵਿੰਦਰਜੀਤ ਸਿੰਘ ਡਿਪਟੀ ਕਮਿਸ਼ਨਰ ਗੁਰਦਾਸਪੁਰ, ਸੁਹੇਲ ਕਾਸਿਮ ਮੀਰ ਡਿਪਟੀ ਕਮਿਸ਼ਨਰ, ਐੱਸਐੱਸਪੀ ਬਟਾਲਾ, ਡਾ. ਹਰਜਿੰਦਰ ਸਿੰਘ ਬੇਦੀ ਵਧੀਕ ਡਿਪਟੀ ਕਮਿਸ਼ਨਰ (ਜ), ਅੰਮ੍ਰਿਤ ਕਲਸੀ ਭਰਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੇ ਭਰਾ ਅੰਮ੍ਰਿਤ ਕਲਸੀ ਅਤੇ ਰਾਜੀਵ ਬਟਾਲਵੀ ਸਮੇਤ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ।ਇਸ ਮੌਕੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵਲੋਂ ਸ਼ਿਵ ਕੁਮਾਰ ਬਟਾਲਵੀ ਆਡੋਟੋਰੀਅਮ ਦੇ ਵਿਕਾਸ ਲਈ 10 ਲੱਖ ਰੁਪਏ ਦੇਣ ਦਾ ਐਲਾਨ ਕੀਤਾ ਗਿਆ।

ਇਸ ਮੌਕੇ ਉਨਾਂ ਵਲੋਂ ਸ਼ਿਵ ਕੁਮਾਰ ਬਟਾਲਵੀ ਆਡੋਟੋਰੀਅਮ ਦੇ ਕੰਪਲੈਕਸ ਵਿਖੇ ਪੌਦਾ ਵੀ ਲਗਾਇਆ ਗਿਆ ਅਤੇ ਉਨਾਂ ਵੱਲੋਂ ਸ਼ਿਵ ਕੁਮਾਰ ਬਟਾਲਵੀ ਦੇ ਬੁੱਤ 'ਤੇ ਫੁੱਲ ਅਰਪਣ ਕੀਤੇ ਗਏ।ਇਸ ਮੌਕੇ ਕਟਾਰੂਚੱਕ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350ਵੀਂ ਸ਼ਹੀਦੀ ਦਿਵਸ ਨੂੰ ਸਮਰਪਿਤ ਪੰਜਾਬ ਦੇ ਹਰ ਜ਼ਿਲ੍ਹੇ ਅੰਦਰ 3.50 ਲੱਖ ਬੂਟੇ ਲਗਾਏ ਜਾਣਗੇ ਤਾਂ ਜੋ ਹਰ ਸੂਬੇ ਅੰਦਰ ਵਾਤਾਵਰਨ ਨੂੰ ਹਰਿਆ ਭਰਿਆ ਤੇ ਖੁਸ਼ਹਾਲ ਕੀਤਾ ਜਾ ਸਕੇ।ਉਨਾਂ ਅੱਗੇ ਕਿਹਾ ਕਿ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਅੰਦਰ ਸੈਰ ਸਪਾਟਾ ਨੂੰ ਹੁਲਾਰਾ ਦੇਣ ਲਈ ਵਚਨਬੱਧ ਹੈ। ਇਸ ਮੌਕੇ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਵਾਤਾਵਰਣ ਨੂੰ ਹਰਿਆ ਭਰਿਆ ਬਣਾਉਣ ਲਈ ਸਫਲ ਉਪਰਾਲੇ ਕੀਤੇ ਜਾ ਰਹੇ ਹਨ ਇਸ ਤੋਂ ਪਹਿਲਾਂ ਸਮਾਗਮ ਦੀ ਸ਼ੁਰੂਆਰ ਸਵੇਰੇ 9.30 ਵਜੇ ਹੋਈ, ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਦੇ ਕਵਿਤਾ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ। ਉਪਰੰਤ ਕਵੀ ਦਰਬਾਰ ਕਰਵਾਇਆ ਗਿਆ, ਜਿਸ ਵਿੱਚ ਵੱਖ-ਵੱਖ ਕਵੀਆਂ ਵਲੋਂ ਆਪਣੇ ਕਲਾਮ ਪੇਸ਼ ਕੀਤੇ ਜਾਣਗੇ। ਆਖਰ ਵਿੱਚ ਪ੍ਰਸਿੱਧ ਸੂਫੀ ਗਾਇਕ ਯਕੂਬ ਵਲੋਂ ਆਪਣੀ ਸ਼ਾਨਦਾਰ ਗਾਇਕੀ ਪੇਸ਼ ਕੀਤੀ ਗਈ। ਇਸ ਮੌਕੇ ਮੁੱਖ ਮਹਿਮਾਨ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵਲੋਂ ਕੇਕ ਵੀ ਕੱਟਿਆ ਗਿਆ।ਇਸ ਮੌਕੇ ਵਿਦਿਆਰਥੀਆਂ ਦੇ ਗੀਤ, ਭਾਸ਼ਣ ਤੇ ਕਵਿਤਾ ਮੁਕਾਬਲੇ ਕਰਵਾਏ ਗਏ। ਵਿਦਿਆਰਥੀਆਂ, ਕਵੀਆਂ, ਸੂਫੀ ਗਾਇਕ ਯਕੂਬ ਸਮੇਤ ਵੱਖ-ਵੱਖ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਭਾਸ਼ਾ ਵਿਭਾਗ ਗੁਰਦਾਸਪੁਰ ਵਲੋਂ ਕਿਤਾਬਾਂ ਦੀ ਪ੍ਰਦਰਸ਼ਨੀ ਲਗਾਈ ਗਈ।



ਇਸ ਮੌਕੇ ਵਿਕਰਮਜੀਤ ਸਿੰਘ ਪਾਂਥੇ ਐੱਸਡੀਐੱਮ-ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ, ਚੇਅਰਮੈਨ ਯਸ਼ਪਾਲ ਚੌਹਾਨ, ਚੇਅਰਮੈਨ ਮਾਨਿਕ ਮਹਿਤਾ, ਚੇਅਰਮੈਨ ਰਾਜੀਵ ਸ਼ਰਮਾ, ਜੋਬਨ ਰੰਧਾਵਾ ਜ਼ਿਲ੍ਹਾ ਪ੍ਰਧਾਨ ਆਪ, ਸਮਸ਼ੇਰ ਸਿੰਘ ਹਲਕਾ ਇੰਚਾਰਜ ਦੀਨਾਨਗਰ, ਡਾਇਰੈਕਟਰ ਮਨਜੀਤ ਸਿੰਘ ਭੁੱਲਰ, ਮੁਖਦੇਵ ਸਿੰਘ ਆਲੋਵਾਲ ਮੀਡੀਆ ਇੰਚਾਰਜ ਗੁਰਦਾਸਪੁਰ, ਐੱਨ ਐੱਸ ਰੰਧਾਵਾ ਅਤੇ ਸਤਿੰਦਰ ਸਾਗਰ ਸੀਸੀਐੱਫ, ਅਰਜਨ ਸਿੰਘ ਗਰੇਵਾਲ ਤਹਿਸੀਲਦਾਰ, ਸੰਜੀਵ ਕੁਮਾਰ ਡੀਐੱਸਪੀ (ਸਿਟੀ), ਪ੍ਰੋਫੈਸਰ ਰਾਜ ਕੁਮਾਰ ਸ਼ਰਮਾ, ਜਨਰਲ ਸੈਕਟਰੀ ਜ਼ਿਲ੍ਹਾ ਹੈਰੀਟੇਜ ਸੁਸਾਇਟੀ ਗੁਰਦਾਸਪੁਰ, ਡਾ. ਰਵਿੰਦਰ ਸਿੰਘ ਪ੍ਰਧਾਨ ਸ਼ਿਵ ਕੁਮਾਰ ਬਟਾਲਵੀ ਕਲਾ ਤੇ ਸਭਿਆਚਾਰਕ ਸੁਸਾਇਟੀ ਬਟਾਲਾ, ਅਤੁਲ ਮਹਾਜਨ ਜ਼ਿਲ੍ਹਾ ਜੰਗਲਾਤ ਅਫਸਰ, ਧਰਮਵੀਰ ਦੇਹਰੂ ਡੀਐੱਫਓ ਪਠਾਨਕੋਟ, ਰਜੇਸ਼ ਮਹਾਜਨ ਡੀਐਫਓ ਅੰਮ੍ਰਿਤਸਰ, ਅੰਜਨ ਕੁਮਾਰ ਡੀਐੱਫਓ ਦਸੂਹਾ, ਹੈਰੀਟੇਜ ਸੁਸਾਇਟੀ ਦੇ ਮੈਂਬਰ ਸੁਖਜਿੰਦਰ ਸਿੰਘ, ਪਵਨ ਕੁਮਾਰ, ਨਵਦੀਪ ਸਿੰਘ ਪਨੇਸਰ, ਡਾ. ਲਖਬੀਰ ਸਿੰਘ, ਜ਼ਿਲ੍ਹਾ ਸੈਕਰਟਰੀ ਜਗਜੀਤ ਸਿੰਘ ਪਿੰਟਾ, ਲਾਇਨ ਰਾਜੀਵ ਵਿੱਗ, ਮਾਸਟਰ ਤਿਲਰ ਰਾਜ, ਗੁਰਪ੍ਰੀਤ ਸਿੰਘ ਰਾਜੂ, ਪ੍ਰਦੀਪ ਕੁਮਾਰ, ਮਨਜੀਤ ਸਿੰਘ ਬੁਮਰਾਹ, ਅਵਤਾਰ ਸਿੰਘ ਕਲਸੀ, ਪ੍ਰਿੰ. ਮਨਜੀਤ ਸਿੰਘ, ਕੰਵਰਜੀਤ ਸਿੰਘ ਰੱਤੜਾ ਐਸਡੀਓ, ਪ੍ਰਿੰਸਪਾਲ ਸਿੰਘ, ਡਾ. ਪਰਮਜੀਤ ਸਿੰਘ ਕਲਸੀ, ਪਰਮਿੰਦਰ ਸਿੰਘ ਸੈਣੀ, ਕਵੀ ਵਿਜੇ ਅਗਨੀਹੋਤਰੀ, ਸੁਲਤਾਨ ਭਾਰਤੀ, ਜਸਵੰਤ ਹਾਂਸ, ਬਲਬੀਰ ਕਲਸੀ, ਸਾਬਕਾ ਚੇਅਰਮੈਨ ਨਰੇਸ਼ ਗੋਇਲ, ਹਰਮਨਜੀਤ ਸਿੰਘ, ਲੈਕਚਰਾਰ ਹਰਪ੍ਰੀਤ ਸਿੰਘ, ਜਸਵਿੰਦਰ ਸਿੰਘ, ਲੈਕਚਰਾਰ ਜਸਬੀਰ ਸਿੰਘ, ਬਖਸ਼ੀਸ਼ ਸਿੰਘ ਰੇਂਜ ਅਫਸਰ, ਹਰਨੂਰ ਸਿੰਘ ਜੀਈ, ਦਲਬੀਰ ਸਿੰਘ ਢਿੱਲੋਂ, ਜਸਪਾਲ ਸਿੰਘ, ਲਖਵਿੰਦਰ ਸਿੰਘ, ਰਾਣਾ ਕੁੰਡਲ ਅਤੇ ਦਮਨਜੀਤ ਸਿੰਘ ਮੈਨੇਜਰ ਆਦਿ ਮੌਜੂਦ ਸਨ।

## ਐੱਸ ਡੀ ਐੱਮ ਮਜੀਠਾ ਨੇ ਸਕੂਲ 'ਚ ਬੂਟੇ ਲਗਾ ਕੇ ਵਾਤਾਵਰਣ ਸਾਂਭ-ਸੰਭਾਲ ਦਾ ਦਿੱਤਾ ਸੁਨੇਹਾ

ਮਜੀਠਾ (ਸੋਇਮ ਆਨੰਦ)-ਪੀਐੱਮਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਾਗ ਕਲਾਂ ਵਿਖੇ ਸਕੂਲ ਪ੍ਰਿੰਸੀਪਲ ਵਰੁਨ ਕੁਮਾਰ ਦੀ ਅਗਵਾਈ ਵਿਚ ਵਾਤਾਵਰਣ ਦਿਵਸ ਨੂੰ ਸਮਰਪਿਤ ਇੱਕ ਸਮਾਰੋਹ ਕਰਾਇਆ ਗਿਆ ਜਿਸ ਵਿਚ ਐੱਸਡੀਐੱਮ ਮਜੀਠਾ ਮੈਡਮ ਪੀਯੂਸ਼ਾ ਬੁਰੜਕ ਆਈਏਐੱਸ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਸਵੇਰ ਦੀ ਸਭਾ ਉਪਰੰਤ ਪ੍ਰਿੰਸੀਪਲ ਵਰੁਨ ਕੁਮਾਰ ਨੇ ਬੱਚਿਆਂ ਨੂੰ ਵਾਤਾਵਰਨ ਦੀ ਸਾਂਭ ਸੰਭਾਲ ਬਾਰੇ ਵਿਸਥਾਰ ਵਿਚ ਜਾਣਕਾਰੀ ਦਿੱਤੀ ।ਇਸ ਮੌਕੇ ਐੱਸਡੀਐੱਮ ਮਜੀਠਾ ਮੈਡਮ ਪੀਯੂਸ਼ਾ ਬੁਰੜਕ ਨੇ ਸਕੂਲ ਦੀ ਗਰਾਊਂਡ ਵਿਚ ਰੁੱਖ ਲਗਾਏ ਅਤੇ ਵਿਦਿਅਰਥੀਆਂ ਨੂੰ ਰੁੱਖਾਂ ਦੀ ਮਹਾਨਤਾ ਅਤੇ ਰੁੱਖਾਂ ਦੀ ਘਾਟ ਕਾਰਣ ਵਾਤਾਵਰਨ ਤੇ ਪੈ ਰਹੇ ਮਾੜੇ ਪ੍ਰਭਾਵਾਂ ਤੋਂ ਜਾਣੂੰ ਕਰਾਇਆ।ਉਨ੍ਹਾਂ ਕਿਹਾ ਕਿ ਸਾਨੂੰ ਰੁੱਖਾਂ ਨੂੰ ਪਾਲਣ ਵਾਸਤੇ ਵੀ ਆਪਣੀ ਜ਼ਿੰਮੇਵਾਰੀ ਸੰਭਾਲਣੀ ਪਵੇਗੀ।ਇਸ ਮੌਕੇ ਐੱਸਡੀਐੱਮ ਨਾਲ ਮਜੀਠਾ ਦੇ ਤਹਿਸੀਲਦਾਰ ਸ਼ੀਸ਼ਪਾਲ, ਪ੍ਰਿੰਸੀਪਲ ਵਰੁਨ ਕੁਮਾਰ, ਰੀਡਰ ਵਰਿੰਦਰ ਭਾਟੀਆ, ਦੀਪਕ ਭੱਟੀ, ਲਿਆਸ ਭੱਟੀ, ਸੰਜੀਵ ਕੁਮਾਰ, ਜਗਵਿੰਦਰ ਸਿੰਘ, ਅਧਿਆਪਕ ਰਜਵੰਤ ਕੌਰ, ਰਾਮ ਸਿੰਘ, ਜਸਮੀਤ ਸਿੰਘ ਅਤੇ ਸਕੂਲ ਦੇ ਵਿਦਿਆਰਥੀ ਵੀ ਹਾਜ਼ਰ ਸਨ।




## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

**Sr.DEN-IV/JATz** ਭਾਰਤ ਦੇਰਾਸ਼ਟਰਪਤੀ ਦੇ ਵਲੋਂ ਤੋਂ ਕੰਮ ਕਰਦੇ ਹੋਏ ਹੇਠਾਂ ਦਿਤੇ ਗਏ ਨਿਵਿਦਾਵਾਂ ਦੇ ਲਈ ਖੁਲ੍ਹੀਆਂ ਨਿਵਿਦਾਵਾਂ (ਈ-ਨਿਵਿਦਾਵਾਂ) ਮੰਗ ਕਰਦੇ ਹਨ ਅਤੇ www.ireps.gov.in 'ਤੇ ਉਪਲਬਧ ਹਨ **11.08.2025 ਅਤੇ 14.08.2025 ਤਕ 15:00 ਘੰਟੇ**।ਬੋਲੀਦਾਤਾ ਆਪਣੇ ਮੂਲ/ਸੰਸ਼ੋਧਿਤ ਬੋਲੀਆਂ ਅੰਤਮ ਮਿਤੀ ਅਤੇ ਸਮੇਂ ਤਕ ਹੀ ਜਮ੍ਹਾ ਕਰ ਸਕਣਗੇ। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਨੂੰ ਨਜਰਅੰਦਾਜਨ ਕਰ ਦਿਤਾ ਜਾਵੇਗਾ। ਠੇਕੇਦਾਰਾਂ ਨੂੰ ਇਸ ਨਿਵਿਦਾ ਦੇ ਲਈ ਨਿਵਿਦਾ ਦਸਤਾਵੇਜ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ ਲਾਗਆਨ ਕਰੋ www.ireps.gov.in.

| ਨਿਵਿਦਾ ਪ੍ਰਕਾਰ | ਖੁਲ੍ਹਾ | ਨਿਵਿਦਾ ਅਨੁਭਾਗ | ਕੰਮ | ਨਿਵਿਦਾ ਪ੍ਰਣਾਲੀ | ਏਕਲ ਬੋਲੀ ਪ੍ਰਣਾਲੀ |
|---|---|---|---|---|---|
| ਟੈਂਡਰ ਅਪਲੋਡ ਕਰਨ ਦੀ ਮਿਤੀ | 16.07.2025 & 22.07.2025 | ਨਿਵਿਦਾ ਸ਼ੁਰੂ ਕਰਨ ਦੀ ਮਿਤੀ | 28.07.2025 & 31.07.2025 | ਬੋਲੀ ਬੰਦ ਕਰਨ ਦੀ ਮਿਤੀ/ਸਮਾਂ | 11.08.2025 & 14.08.2025 |

| ਲ. ਨੰ. | ਨਿਵਿਦਾ ਨੰ. | ਨਿਵਿਦਾ ਦਾ ਵੇਰਵਾ |
|---|---|---|
| 1. | 13-2025-26-MCTM-DRM-JAT | ਸਾਧਾਰਨ ਮੁਰੰਮਤ ਅਤੇ ਅਨੁਰਖਸ਼ਣ ਕੰਮ, ਜਿਸ ਵਿਚ ਸੇਵਾ ਭਵਨ, ਅਵਾਸੀ ਕਵਾਟਰ, ਰੈਸਟ ਹਾਊਸ, ਬੈਰਕ, ਸਟੇਸ਼ਨ ਭਵਨ, ਪਾਣੀ ਨਿਕਾਸੀ ਕੰਮ ਅਤੇ ਹੋਰ ਵਖ-ਵਖ ਅਤੇ ਸਹਾਇਕ ਕੰਮ ਸ਼ਾਮਲ ਹਨ, ਜੋ ਕਿ ADEN-MCTM ਦੇ ਅਧਿਕਾਰ ਖੇਤਰ ਵਿਚ ਸਥਿਤ JAT-UHP ਸੈਕਸ਼ਨ ਦੇ ਕਿਲੋਮੀਟਰ 1.00 ਤੋਂ 54.00 ਤਕ ਦੇ ਖੇਤਰ ਵਿਚ ਕੀਤੇ ਜਾਣਗੇ। |

| ਵਿਗਿਆਪਨ ਮੁਲ | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|---|
| ₹74,99,603.70 | ₹1,50,000/- | 60 ਦਿਨ | 12 ਮਹੀਨੇ |

ਸਮਾਨ ਨੇਚਰ ਦਾ ਕੰਮ: ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ''

| ਲ. ਨੰ. | ਨਿਵਿਦਾ ਨੰ. | ਨਿਵਿਦਾ ਦਾ ਵੇਰਵਾ |
|---|---|---|
| 2. | 14-2025-26-MCTM-DRM-JAT | ਸਾਧਾਰਨ ਮੁਰੰਮਤ ਅਤੇ ਅਨੁਰਖਸ਼ਣ ਕੰਮ, ਜਿਸ ਵਿਚ ਸੇਵਾ ਭਵਨ, ਅਵਾਸੀ ਕਵਾਟਰ, ਰੈਸਟ ਹਾਊਸ, ਬੈਰਕ, ਸਟੇਸ਼ਨ ਭਵਨ, ਪਲੇਟਫਾਰਮ ਸੰਰਚਨਾਵਾਂ ਪਾਣੀ ਨਿਕਾਸੀ ਕੰਮ ਅਤੇ ਹੋਰ ਵਖ-ਵਖ ਅਤੇ ਸਹਾਇਕ ਕੰਮ ਸ਼ਾਮਲ ਹਨ, ਜੋ ਕਿ UHP-SVDK ਸੈਕਸ਼ਨ ਦੇ ਕਿਲੋਮੀਟਰ 54.00 ਤੋਂ 79.724 ਤਕ ਦੇ ਖੇਤਰ ਵਿਚ, ADEN/UHP ਦੇ ਤਹਿਤ SSE/W/SVDK ਅਨੁਭਾਗ ਵਿਚ ਕੀਤੇ ਜਾਣਗੇ। |

| ਵਿਗਿਆਪਨ ਮੁਲ | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|---|
| ₹74,99,624.82 | ₹1,50,000/- | 60 ਦਿਨ | 12 ਮਹੀਨੇ |

ਸਮਾਨ ਨੇਚਰ ਦਾ ਕੰਮ: ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ''

ਨੋਟ:- 1. ਬੋਲੀ ਲਗਾਉਣ ਤੋਂ ਪਹਿਲੇ ਬੋਲੀ ਲਗਾਉਣ ਵਾਲਿਆਂ ਨੂੰ ਜਾਂਚ ਕਰਨੀ ਹੋਵੇਗੀ ਨਿਵਿਦਾ ਦੇ ਵਿਰੁਧ ਜਾਰੀ ਕਿਸੇ ਵੀ ਸ਼ੁਧੀ ਦੇ ਲਈ। 2. ਜੇਕਰ ਹਿੰਦੀ ਅਤੇ ਅੰਗ੍ਰੇਜੀ ਸੰਸਕਰਨ ਦੇ ਵਿਚ ਅਰਥ ਵਿਚ ਕੋਈ ਤਰੁਟੀ ਹੈ, ਤਾਂ ਅੰਗ੍ਰੇਜੀ ਸੰਸਕਰਨ ਨੂੰ ਸਹੀ ਅਤੇ ਅੰਤਮ ਮੰਨਿਆ ਜਾਵੇਗਾ।

ਪੱਤਰ ਨੰਬਰ: 13, 14-2025-26-MCTM-DRM-JAT ਤਾਰੀਕ : 22.07.2025 2225/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਜਨਮ ਦਿਨ ਮੁਬਾਰਕ



ਸਹਿਜ ਸਿੰਘ ਬਾਜਵਾ, ਬਰਨਾਲਾ

## ਲੰਗਰ ਭੰਡਾਰਾ ਅੱਜ ਤੋਂ

ਕਾਲਾ ਸੰਘਿਆਂ (ਮਨਜੀਤ ਮਾਨ) ਮਾਤਾ ਬੰਗਲਾਮੁਖੀ ਲੰਗਰ ਕਮੇਟੀ ਢਿੱਲਵਾਂ ਵੱਲੋਂ ਪ੍ਰਵਾਸੀ ਵੀਰਾਂ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ 22ਵਾਂ ਲੰਗਰ ਭੰਡਾਰਾ 24 ਜੁਲਾਈ ਤੋਂ 4 ਅਗਸਤ ਤੱਕ ਬਨਖੰਡੀ ਹਿਮਾਚਲ ਵਿਖੇ ਲਗਾਇਆ ਜਾ ਰਿਹਾ ਹੈ, ਪ੍ਰਧਾਨ ਰਾਜ ਕੁਮਾਰ ਰਾਜੂ ਨੇ ਦੱਸਿਆ ਕਿ ਉਕਤ ਲੰਗਰ ਭੰਡਾਰਾ 4 ਅਗਸਤ ਤੱਕ ਵਰਤਾਇਆ ਜਾਵੇਗਾ।

## ਪਿੰਡ-ਪਿੰਡ ਪਹੁੰਚ ਰਿਹਾ ਹੈ ਨਸ਼ਾ ਮੁਕਤੀ ਯਾਤਰਾ ਦਾ ਸੁਨੇਹਾ : ਵਿਧਾਇਕ

ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੌਬੀ) ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਵੱਲੋਂ ਨਜ਼ਦੀਕੀ ਪਿੰਡ ਡਹਿਰ, ਮੁੰਡੀਆਂ, ਦੁੱਗਰੀ, ਰੁਲ੍ਹਮਾਜਰਾ, ਮਕੜੌਨਾ ਕਲਾਂ ਅਤੇ ਮਕੜੌਨਾ ਖੁਰਦ ਵਿੱਚ ਨਸ਼ਾ ਮੁਕਤੀ ਯਾਤਰਾ ਦੌਰਾਨ ਆਯੋਜਿਤ ਜਨ ਸਭਾਵਾਂ ਵਿੱਚ ਸ਼ਿਰਕਤ ਕਰ ਕੇ ਲੋਕਾਂ ਨੂੰ ਨਸ਼ਿਆਂ ਖ਼ਿਲਾਫ਼ ਜਾਗਰੂਕ ਕਰਦਿਆਂ ਨਸ਼ਿਆਂ ਖ਼ਿਲਾਫ਼ ਪੰਜਾਬ ਸਰਕਾਰ ਦੀ ਇਸ ਜੰਗ ਵਿੱਚ ਸਰਕਾਰ ਅਤੇ ਪ੍ਰਸ਼ਾਸਨ ਦਾ ਸਾਥ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਪੰਜਾਬ ਸਰਕਾਰ ਨਸ਼ੇ ਨਾਲ ਪੀੜਤ ਵਿਅਕਤੀਆਂ ਨਾਲ ਹਮਦਰਦੀ ਭਰਿਆ ਵਰਤਾਰਾ ਰੱਖ ਰਹੀ ਹੈ ਅਤੇ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤੀ ਨਾਲ ਪੇਸ਼ ਆ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਾ ਕਰਨ ਵਾਲਿਆਂ ਦਾ ਇਲਾਜ ਨਸ਼ਾ ਛੁਡਾਊ ਕੇਂਦਰਾਂ ਵਿੱਚ ਬਿਲਕੁਲ ਮੁਫ਼ਤ ਕਰਵਾਇਆ ਜਾ ਰਿਹਾ ਹੈ ਤੇ ਉੱਥੇ ਉਨ੍ਹਾਂ ਨਾਲ ਹਮਦਰਦੀ ਭਰਿਆ ਵਰਤਾਰਾ ਰੱਖਿਆ ਜਾ ਰਿਹਾ ਹੈ ਅਤੇ ਹਰ ਤਰ੍ਹਾਂ ਦੀ ਸਿਹਤ ਪੱਖੋਂ ਸਹੂਲਤ ਵੀ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ੇ ਦਾ ਕਾਰੋਬਾਰ ਕਰਨ ਵਾਲੇ ਜੇਲ੍ਹਾਂ ਵਿੱਚ ਬੰਦ ਕੀਤੇ ਜਾ ਰਹੇ ਹਨ ਤੇ ਉਨ੍ਹਾਂ ਦੇ ਘਰਾਂ ਤੇ ਵੀ ਪੀਲਾ ਪੰਜਾ ਚਲਾਇਆ ਜਾ ਰਿਹਾ ਹੈ। ਉਨ੍ਹਾਂ ਉਕਤ ਪਿੰਡਾਂ ਦੇ ਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਤੁਹਾਡੇ ਪਿੰਡ ਵਿੱਚ ਕੋਈ ਨਸ਼ੇ ਦਾ ਕਾਰੋਬਾਰ ਕਰਦਾ ਹੈ ਤਾਂ ਪਿੰਡ ਵਾਸੀ ਬੇਝਿਜਕ ਹੋ ਕੇ ਉਨ੍ਹਾਂ ਨੂੰ ਜਾਂ ਫਿਰ ਪੁਲੀਸ ਪ੍ਰਸ਼ਾਸਨ ਨੂੰ ਸੂਚਨਾ ਦੇਣ। ਉਨ੍ਹਾਂ ਕਿਹਾ ਕਿ ਜੇਕਰ ਤੁਹਾਡੇ ਆਸ ਪਾਸ, ਗੁਆਂਢ ਜਾਂ ਰਿਸ਼ਤੇਦਾਰ ਵਿੱਚ ਕੋਈ ਵੀ ਨੌਜਵਾਨ ਜਾਂ ਵਿਅਕਤੀ ਨਸ਼ਾ ਕਰਦਾ ਹੈ ਤਾਂ ਉਸ ਨੂੰ ਨਸ਼ਾ ਛੁਡਾਊ ਕੇਂਦਰ ਵਿੱਚ ਭਰਤੀ ਕਰਵਾਇਆ ਜਾਵੇ ਤਾਂ ਜੋ ਉਹ ਨਸ਼ਾ ਛੱਡ ਕੇ ਆਪਣੀ ਬਾਕੀ ਦੀ ਜ਼ਿੰਦਗੀ ਤੰਦਰੁਸਤੀ ਅਤੇ ਮਾਣ ਸਨਮਾਨ ਵਾਲੀ ਬਤੀਤ ਕਰ ਸਕੇ। ਇਸ ਮੌਕੇ ਡੀਐਸਪੀ ਮਨਜੀਤ ਸਿੰਘ ਔਲਖ, ਬੀਡੀਪੀਓ ਅਜੈਬ ਸਿੰਘ, ਥਾਣਾ ਮੁਖੀ ਗੁਰਪ੍ਰੀਤ ਸਿੰਘ, ਸਿਆਸੀ ਸਕੱਤਰ ਜਗਤਾਰ ਸਿੰਘ ਘੜੂੰਆ ਅਤੇ ਪ੍ਰਸ਼ੋਤਮ ਸਿੰਘ ਮਾਹਲ ਆਦਿ ਹਾਜ਼ਰ ਸਨ।



## ਹਲਕੇ ਦੀਆਂ ਸੜਕਾਂ ਲਈ ਵਿਸ਼ੇਸ਼ ਪੈਕੇਜ ਜਾਰੀ ਕੀਤਾ ਜਾਵੇਗਾ : ਚੀਮਾ



ਡੇਰਾਬੱਸੀ, (ਵਿਨੈ ਕੁਮਾਰ ਜੈਨ) ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਐਲਾਨ ਕੀਤਾ ਕਿ ਡੇਰਾਬੱਸੀ ਹਲਕੇ ਦੀਆਂ ਖਸਤਾ ਹਾਲਤ ਵਾਲੀਆਂ ਸੜਕਾਂ ਅਤੇ ਲਿੰਕ ਰੋਡਾਂ ਦੀ ਨਵੀਨੀਕਰਨ ਲਈ ਵਿਸ਼ੇਸ਼ ਪੈਕੇਜ ਜਾਰੀ ਕੀਤਾ ਜਾਵੇਗਾ।ਇਹ ਐਲਾਨ ਉਨ੍ਹਾਂ ਨੇ ਐਸ.ਐਮ. ਥਾਪਰ ਸਕੂਲ ਮੈਨੇਜਮੈਂਟ, ਡੇਰਾਬੱਸੀ ਦੇ 19ਵੇਂ ਫਾਊਂਡੇਸ਼ਨ ਡੇ ਦੌਰਾਨ ਹੋਏ ਕੋਗੀਨਸੀਸ ਫਾਈਨੈਂਸ ਲੈਬ ਦੇ ਉਦਘਾਟਨ ਸਮਾਰੋਹ ਤੋਂ ਬਾਅਦ ਕੀਤਾ। ਸਮਾਰੋਹ 'ਚ ਸ਼ਮੂਲੀਅਤ ਕਰਨ ਤੋਂ ਪਹਿਲਾਂ ਉਨ੍ਹਾਂ ਨੇ ਡੇਰਾਬੱਸੀ ਵਿਧਾਨ ਸਭਾ ਹਲਕੇ ਦੇ ਆਮ ਆਦਮੀ ਪਾਰਟੀ ਦਫ਼ਤਰ ਵਿਖੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨਾਲ ਮੁਲਾਕਾਤ ਕਰ ਕੇ ਹਲਕੇ ਦੇ ਵਿਕਾਸ ਕਾਰਜਾਂ ਨੂੰ ਲੈ ਕੇ ਚਰਚਾ ਕੀਤੀ।ਦੌਰਾਨ ਵਿੱਤ ਮੰਤਰੀ ਨੂੰ ਹਲਕੇ ਦੀਆਂ ਸੜਕਾਂ ਦੀ ਮਾੜੀ ਹਾਲਤ ਬਾਰੇ ਜਾਣੂ ਕਰਵਾਉਂਦੇ ਹੋਏ ਕਿਹਾ ਕਿ ਡੇਰਾਬੱਸੀ ਇਕ ਉਦਯੋਗਿਕ, ਵਪਾਰਕ ਅਤੇ ਕਸਬਾਈ ਰਿਹਾਇਸ਼ੀ ਤੌਰ 'ਤੇ ਮਹੱਤਵਪੂਰਨ ਹਲਕਾ ਹੈ, ਪਰ ਇੱਥੇ ਸੜਕਾਂ ਦੀ ਹਾਲਤ ਬੇਹੱਦ ਖ਼ਰਾਬ ਹੋ ਚੁੱਕੀ ਹੈ। ਲੋਕਾਂ ਨੂੰ ਹਰ ਰੋਜ਼ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਚੀਮਾ ਨੇ ਕਿਹਾ ਕਿ ਡੇਰਾਬੱਸੀ ਹਲਕੇ ਦੀਆਂ ਸੜਕਾਂ ਦੀ ਮੁਰੰਮਤ ਲਈ ਵਿਸ਼ੇਸ਼ ਫੰਡ ਜਾਰੀ ਕੀਤਾ ਜਾਵੇਗਾ ਅਤੇ ਕੰਮ ਜਲਦੀ ਸ਼ੁਰੂ ਹੋਣਗੇ।ਅੰਤ ਵਿੱਚ ਉਨ੍ਹਾਂ ਨੇ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਡੇਰਾਬੱਸੀ ਨੂੰ ਵਿਕਸਤ ਹਲਕੇ ਵਜੋਂ ਉਭਾਰਨਾ ਉਨ੍ਹਾਂ ਦਾ ਟੀਚਾ ਹੈ।

## ਆਰ ਬੀ ਯੂ ਦੇ ਵਿਦਿਆਰਥੀ ਇਸਰੋ ਵਿਖੇ ਇੰਟਰਨਸ਼ਿਪ ਲਈ ਚੁਣੇ ਗਏ





ਮੋਹਾਲੀ, (ਗੁਰਜੀਤ ਬਿੱਲਾ) -ਰਿਆਤ ਬਾਹਰਾ ਯੂਨੀਵਰਸਿਟੀ ਦੇ ਭੌਤਿਕ ਵਿਗਿਆਨ ਵਿਭਾਗ ਦੇ ਦੋ ਵਿਦਿਆਰਥੀਆਂ ਸਮਰਿਸ਼ਠਾ ਕਰ ਅਤੇ ਲਕਸ਼ੇ ਧੀਮਾਨ, ਜੋ ਖਗੋਲ ਵਿਗਿਆਨ ਅਤੇ ਖਗੋਲ ਭੌਤਿਕ ਵਿਗਿਆਨ ਵਿੱਚ ਐਮ ਐਸ ਸੀ ਕਰ ਰਹੇ ਹਨ, ਨੂੰ ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ), ਅਹਿਮਦਾਬਾਦ ਦੇ ਸਪੇਸ ਐਪਲੀਕੇਸ਼ਨ ਸੈਂਟਰ ਵਿਖੇ ਇੱਕ ਵੱਕਾਰੀ ਤਿੰਨ ਮਹੀਨਿਆਂ ਦੀ ਇੰਟਰਨਸ਼ਿਪ ਲਈ ਚੁਣਿਆ ਗਿਆ ਹੈ।ਇੰਟਰਨਸ਼ਿਪ ਦੌਰਾਨ, ਵਿਦਿਆਰਥੀਆਂ ਨੂੰ ਵਿਹਾਰਕ ਤਜਰਬਾ ਮਿਲੇਗਾ ਅਤੇ ਮਹੱਤਵਪੂਰਨ ਪੁਲਾੜ ਮਿਸ਼ਨਾਂ ਅਤੇ ਪ੍ਰੋਜੈਕਟਾਂ ਵਿੱਚ ਲੱਗੇ ਪ੍ਰਸਿੱਧ ਇਸਰੋ ਵਿਗਿਆਨੀਆਂ ਨਾਲ ਕੰਮ ਕਰਨ ਦਾ ਵਿਲੱਖਣ ਮੌਕਾ ਮਿਲੇਗਾ।ਇਹ ਚੋਣ ਰਿਆਤ ਬਾਹਰਾ ਯੂਨੀਵਰਸਿਟੀ ਦੇ ਭੌਤਿਕ ਵਿਗਿਆਨ ਵਿਭਾਗ ਦੁਆਰਾ ਪ੍ਰਦਾਨ ਕੀਤੀ ਗਈ ਅਕਾਦਮਿਕ ਉੱਤਮਤਾ ਅਤੇ ਵਿਹਾਰਕ ਸਿਖਲਾਈ ਨੂੰ ਉਜਾਗਰ ਕਰਦੀ ਹੈ। ਯੂਨੀਵਰਸਿਟੀ ਸਕੂਲ ਆਫ਼ ਸਾਇੰਸਜ਼ ਦੇ ਡੀਨ ਡਾ. ਮਨੋਜ ਬਾਲੀ ਅਤੇ ਭੌਤਿਕ ਵਿਗਿਆਨ ਵਿਭਾਗ ਦੇ ਮੁਖੀ ਡਾ. ਐਮ ਐਸ ਮਹਿਤਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ, ਪ੍ਰੋ ਵਾਈਸ-ਚਾਂਸਲਰ ਡਾ. ਐਸ.ਕੇ. ਬਾਂਸਲ ਨੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

## ਕੈਂਪ ਦੌਰਾਨ 800 ਦੇ ਕਰੀਬ ਲਾਭਪਾਤਰੀਆਂ ਦੇ ਆਭਾ ਕਾਰਡ ਬਣਾਏ



ਫਗਵਾੜਾ (ਜਸਵਿੰਦਰ ਢੱਡਾ)- ਸਥਾਨਕ ਪੀਪਾ ਰੰਗੀ ਮੁਹੱਲਾ ਵਾਰਡ ਨੰਬਰ 26 ਵਿਖੇ ਸਰਕਾਰੀ ਸਮਾਟ ਪ੍ਰਇਮਰੀ ਸਕੂਲ ਵਿਖੇ ਡਾਕਟਰ ਪਰਮਿੰਦਰ ਕੌਰ ਸੀਨੀਅਰ ਮੈਡੀਕਲ ਅਫ਼ਸਰ ਸਿਵਲ ਹਸਪਤਾਲ ਫਗਵਾੜਾ ਦੇ ਨਿਰਦੇਸ਼ਾਂ ਤਹਿਤ ਕੌਂਸਲਰ ਇੰਦਰਜੀਤ ਦੀ ਦੇਖ-ਰੇਖ ਤਹਿਤ ਆਭਾ ਕਾਰਡ ਬਣਾਉਣ ਦਾ ਕੈਂਪ ਸਵੇਰੇ 10.00 ਵਜੇ ਤੋਂ ਸ਼ਾਮ 4.00 ਵਜੇ ਤੱਕ ਕੈਂਪ ਲਗਾਇਆ ਗਿਆ।ਇਸ ਕੈਂਪ ਵਿੱਚ ਆਸ਼ਾ ਵਰਕਰ ਨੀਸ਼ਾ ਤੇ ਆਸ਼ਾ ਵੱਲੋਂ 800 ਦੇ ਕਰੀਬ ਲਾਭ ਪਾਤਰੀਆਂ ਦੇ ਆਭ ਕਾਰਡ ਬਣਾਏ ਗਏ ਭਵਿੱਖ ਵਿੱਚ ਉਕਤ ਆਭ ਕਾਰਡ ਕਾਫੀ ਲਾਭਦਾਇਕ ਸਾਬਤ ਹੋਣਗੇ।

## ਨਸ਼ੇ ਖਿਲਾਫ ਇੱਕ ਮੁਹਿੰਮ ਨਹੀਂ , ਇੱਕ ਇਨਕਲਾਬ ਹੈ : ਡਾ. ਰਾਜ, ਡਾ. ਈਸ਼ਾਂਕ



ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ) ਪਿੰਡ ਜਾਂਗਲੀਆਣਾ ਵਿੱਚ ਨਸ਼ੇ ਦੇ ਖ਼ਿਲਾਫ਼ ਇਤਿਹਾਸਕ ਪਹਿਲ ਕੀਤੀ ਗਈ, ਜਿੱਥੇ ਲੋਕ ਸਭਾ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਨੇ ਨਸ਼ਾ ਮੁਕਤੀ ਦੀ ਜਾਗਰੂਕਤਾ ਲਈ ਲੋਕਾਂ ਨੂੰ ਨਸ਼ਿਆਂ ਪ੍ਰਤੀ ਜਾਗਰੂਕ ਕੀਤਾ। ਇਕ ਵੱਡੀ ਜਨਸਭਾ ਵਿੱਚ ਪਿੰਡ ਦੇ ਨਿਵਾਸੀਆਂ, ਨੌਜਵਾਨਾਂ, ਮਹਿਲਾਵਾਂ ਅਤੇ ਬਜ਼ੁਰਗਾਂ ਨੇ ਭਾਰੀ ਗਿਣਤੀ ਵਿੱਚ ਹਾਜ਼ਰੀ ਭਰੀ ਅਤੇ ਪਿੰਡ ਨੂੰ ਨਸ਼ਾ ਮੁਕਤ ਬਣਾਉਣ ਦਾ ਪ੍ਰਣ ਲਿਆ।ਲੋਕ ਸਭਾ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਾ ਸਾਡੀ ਜ਼ਿੰਦਗੀ ਵਿਚੋਂ ਹਾਸੇ ਖੇਡਾਂ ਖੋਹ ਰਿਹਾ ਹੈ, ਪਰਵਾਰਾਂ ਦੀ ਰੌਣਕ ਖਤਮ ਕਰ ਰਿਹਾ ਹੈ। ਹੁਣ ਚੁੱਪ ਰਹਿਣ ਦਾ ਸਮਾਂ ਨਹੀਂ, ਲੜਨ ਦਾ ਸਮਾਂ ਆ ਗਿਆ ਹੈ। ਸਾਡੀਆਂ ਅੱਖਾਂ ਵਿੱਚ ਅੱਥਰੂ ਨਹੀਂ, ਉਮੀਦਾਂ ਦੀ ਚਮਕ ਚਾਹੀਦੀ ਹੈ। ਉਨ੍ਹਾਂ ਨੇ ਦੱਸਿਆ ਕਿ ਨਸ਼ੇ ਦੇ ਚੁੰਗਲ ਤੋਂ ਬਾਹਰ ਆਉਣ ਵਾਲੇ ਨੌਜਵਾਨਾਂ ਨੂੰ ਸਰਕਾਰ ਵਲੋਂ ਹਰੇਕ ਸੰਭਵ ਮਦਦ, ਪੁਨਰਵਾਸ ਅਤੇ ਇੱਜ਼ਤ ਮਿਲੇਗੀ। ਇਲਾਕੇ ਵਿੱਚ ਵਿਸ਼ੇਸ਼ ਨਸ਼ਾ ਮੁਕਤੀ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸ 'ਚ ਸਕੂਲ, ਪੰਚਾਇਤਾਂ, ਸਮਾਜਿਕ ਸੰਗਠਨ ਅਤੇ ਪ੍ਰਸ਼ਾਸਨ ਇਕੱਠੇ ਕੰਮ ਕਰਨਗੇ।ਇਸ ਮੌਕੇ ਵਿਧਾਇਕ ਡਾ. ਈਸ਼ਾਂਕ ਨੇ ਵੀ ਸੰਦੇਸ਼ ਦਿੱਤਾ ਕਿ ਜੇਕਰ ਹਰ ਨੌਜਵਾਨ ਇਹ ਪ੍ਰਣ ਕਰ ਲਵੇ ਕਿ ਉਹ ਨਸ਼ਾ ਨਹੀਂ ਕਰੇਗਾ, ਤਾਂ ਕੋਈ ਵੀ ਤਾਕਤ ਉਸ ਨੂੰ ਰੋਕ ਨਹੀਂ ਸਕਦੀ। ਨਸ਼ਾ ਸਾਡੀਆਂ ਜੜ੍ਹਾਂ 'ਤੇ ਹਮਲਾ ਹੈ, ਅਤੇ ਅਸੀਂ ਇਸ ਨੂੰ ਜੜ੍ਹ ਤੋਂ ਖ਼ਤਮ ਕਰਾਂਗੇ। 'ਨਸ਼ਾ ਮੁਕਤ ਪੰਜਾਬ' ਹੁਣ ਇਕ ਅੰਦੋਲਨ ਹੈ, ਇਹ ਕੇਵਲ ਮੁਹਿੰਮ ਨਹੀਂ, ਇੱਕ ਇਨਕਲਾਬ ਹੈ।ਸਭਾ ਦੇ ਅੰਤ 'ਚ ਪਿੰਡ ਵਾਸੀਆਂ ਵਲੋਂ ਨਸ਼ਾ ਖ਼ਿਲਾਫ਼ ਸ਼ਪਥ ਲਿਆ ਗਿਆ। ਇਸ ਮੌਕੇ ਸਰਪੰਚ ਮੰਜੀਤ ਕੌਰ, ਸੁਖਵਿੰਦਰ ਕੌਰ, ਪੰਚ ਸਤਿ ਦੇਵੀ, ਪੰਚ ਲਾਂਭੜ ਰਾਮ, ਪੰਚ ਬਲਵਿੰਦਰ ਕੌਰ, ਪੰਚ ਜੀਵਨ ਕੁਮਾਰੀ, ਮਹਿੰਦਰ ਪਾਲ, ਰਾਮ ਲੁਭਾਇਆ, ਸਤਵਿੰਦਰ ਸਿੰਘ (ਸਰਪੰਚ ਉਟਵਾਲ), ਜਸਵਿੰਦਰ ਸਿੰਘ (ਸਰਪੰਚ ਠੱਕਰਵਾਲ), ਨਰਿੰਦਰ, ਬਲਜੀਤ ਕੌਟ, ਮੋਹਿੰਦਰ ਸਿੰਘ, ਹੈਪੀ ਆਦਿ ਹਾਜ਼ਰ ਸਨ।

## ਪੀਰੇਵਾਲ, ਰੱਤਾ ਨੌ ਆਬਾਦ ਤੇ ਕਿਸ਼ਨਵਾਲਾ ਵਿਖੇ ਪੁੱਜੀ ਨਸ਼ਾ ਮੁਕਤੀ ਯਾਤਰਾ

ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ) ਪੰਜਾਬ ਸਰਕਾਰ ਵੱਲੋਂ ਚਲਾਈ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸੁਲਤਾਨਪੁਰ ਲੋਧੀ ਦੇ ਪਿੰਡ ਪੀਰੇਵਾਲ, ਰੱਤਾ ਨੌਂ ਆਬਾਦ ਅਤੇ ਕਿਸ਼ਨ ਵਾਲਾ ਵਿਖੇ ਨਸ਼ਾ ਮੁਕਤੀ ਯਾਤਰਾ ਸਬੰਧੀ ਜਨ ਸਭਾਵਾਂ ਕਰਵਾਈਆਂ ਗਈਆਂ। ਇਨ੍ਹਾਂ ਜਨ ਸਭਾਵਾਂ ਵਿੱਚ ਨਗਰ ਸੁਧਾਰ ਟਰੱਸਟ ਤੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਚੇਅਰਮੈਨ ਸੱਜਣ ਸਿੰਘ ਚੀਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਨਸ਼ਿਆਂ ਦੇ ਖਿਲਾਫ ਸੰਘਰਸ਼ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਉਣ ਦੀ ਲੋੜ ਉਤੇ ਜ਼ੋਰ ਦਿੱਤਾ। ਉਨ੍ਹਾਂ ਨੇ ਕਿਹਾ ਕਿ ਨਸ਼ਾ ਸਿਰਫ ਨੌਜਵਾਨੀ ਦਾ ਹੀ ਨਹੀਂ, ਸਾਰੇ ਸਮਾਜ ਦਾ ਵੈਰੀ ਬਣ ਚੁੱਕਾ ਹੈ। ਇਸ ਲਈ ਹਰ ਪਿੰਡ, ਹਰ ਘਰ ਅਤੇ ਹਰ ਵਿਅਕਤੀ ਨੂੰ ਇਸ ਲੜਾਈ ਵਿੱਚ ਆਪਣੀ ਭੂਮਿਕਾ ਨਿਭਾਉਣੀ ਹੋਵੇਗੀ। ਉਨ੍ਹਾ ਨੇ ਜਨ ਸਭਾਵਾਂ ਦੌਰਾਨ ਲੋਕਾਂ ਨੂੰ ਨਸ਼ਿਆਂ ਦੇ ਹਾਨੀਕਾਰਕ ਪ੍ਰਭਾਵਾਂ ਬਾਰੇ ਜਾਣੂੰ ਕਰਵਾਇਆ ਗਿਆ ਅਤੇ ਨਸ਼ਾ ਛੁਡਾਉਣ ਵਾਲੀਆਂ ਸਰਕਾਰੀ ਸਹਾਇਤਾਵਾਂ, ਮੈਡੀਕਲ ਸਹੂਲਤਾਂ ਅਤੇ ਨਸ਼ਾ ਮੁਕਤੀ ਕੇਂਦਰਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾ ਕਿਹਾ ਕਿ ਨਸ਼ਿਆਂ ਵਿਰੁੱਧ ਜੰਗ ਵਿੱਚ ਪੂਰੇ ਸਮਾਜ ਦੀ ਭਾਗੀਦਾਰੀ ਲਾਜ਼ਮੀ ਹੈ। ਜੇਕਰ ਕਿਸੇ ਕੋਲ ਨਸ਼ਾ ਤਸਕਰਾਂ ਬਾਰੇ ਕੋਈ ਵੀ ਜਾਣਕਾਰੀ ਹੋਵੇ ਤਾਂ ਉਹ ਉਸ ਦੀ ਸੂਚਨਾ ਵਟਸਐਪ ਨੰਬਰ 9779100200 'ਤੇ ਭੇਜ ਸਕਦਾ ਹੈ। ਉਸ ਦੀ ਪਛਾਣ ਗੁਪਤ ਰੱਖੀ ਜਾਵੇਗੀ। ਇਸ ਮੌਕੇ ਸਥਾਨਕ ਨਿਵਾਸੀਆਂ ਨੇ ਨਸ਼ਿਆਂ ਵਿਰੁੱਧ ਇਸ ਯਾਤਰਾ ਦੀ ਖੁੱਲ੍ਹੀ ਹਿਮਾਇਤ ਕੀਤੀ ਅਤੇ ਆਪਣੇ ਇਲਾਕਿਆਂ ਨੂੰ ਨਸ਼ਾ ਮੁਕਤ ਬਣਾਉਣ ਲਈ ਸਹਿਯੋਗ ਦਾ ਭਰੋਸਾ ਦਿੱਤਾ।



## ਪੰਚਾਇਤੀ ਜ਼ਿਮਨੀ ਚੋਣਾਂ ਲਈ ਐੱਨ ਆਈ ਸੀ 'ਚ ਦੂਜੀ ਰੈਂਡਮਾਈਜ਼ੇਸ਼ਨ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)— ਪੰਚਾਇਤ ਦੀਆਂ ਜ਼ਿਮਨੀ ਚੋਣਾਂ, ਜੋ ਕਿ 27 ਜੁਲਾਈ ਨੂੰ ਹੋਣ ਜਾ ਰਹੀਆਂ ਹਨ, ਦੀਆਂ ਤਿਆਰੀਆਂ ਦੇ ਹਿੱਸੇ ਵਜੋਂ ਐਨ. ਆਈ. ਸੀ. ਐਸ.ਏ.ਐਸ. ਨਗਰ ਵਿਖੇ ਪੋਲਿੰਗ ਸਟਾਫ ਦੀ ਦੂਜੀ ਰੈਂਡਮਾਈਜੇਸ਼ਨ ਸਫਲਤਾਪੂਰਵਕ ਕੀਤੀ ਗਈ।ਪਹਿਲੀ ਸਫਲ ਰੈਂਡਮਾਈਜੇਸ਼ਨ ਤੋਂ ਬਾਅਦ, ਦੂਜੀ ਰੈਂਡਮਾਈਜੇਸ਼ਨ ਸ਼੍ਰੀਮਤੀ ਸਰੀਤਾ, ਜ਼ਿਲ੍ਹਾ ਇੰਫੋਰਮੈਟਿਕਸ ਅਫਸਰ (ਡੀ.ਆਈ.ਓ.) ਵੱਲੋਂ ਸ਼੍ਰੀਮਤੀ ਸੋਨਮ ਚੌਧਰੀ, ਵਧੀਕ ਡਿਪਟੀ ਕਿਮਸ਼ਨਰ (ਪੇਂਡੂ ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣ ਅਫਸਰ, ਸੰਜੇ ਸ਼ਰਮਾ, ਚੋਣ ਤਹਿਸੀਲਦਾਰ ਅਤੇ ਹੋਰ ਸਟਾਫ ਮੈਂਬਰ ਦੀ ਮੌਜੂਦਗੀ ਵਿੱਚ ਕੀਤੀ ਗਈ।ਇਨ੍ਹਾਂ ਜਿਮਨੀ ਚੋਣਾਂ ਦੌਰਾਨ ਜ਼ਿਲ੍ਹੇ ਵਿੱਚ ਕੁੱਲ 5 ਸਰਪੰਚ ਅਤੇ 114 ਪੰਚ ਦੀਆਂ ਸੀਟ ਲਈ ਚੋਣ ਹੋਣੀ ਹੈ।

## ਢਾਡਾ ਕਲਾਂ 'ਚ ਵਾਟਰ ਪਲਾਂਟ ਦਾ ਉਦਘਾਟਨ



ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)-ਪਿੰਡ ਢਾਡਾ ਕਲਾਂ ਵਿਖੇ ਵਾਲੀਵੁੱਡ ਵਾਟਰ ਪਲਾਂਟ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਉਦਘਾਟਨੀ ਸਮਾਰੋਹ ਦੌਰਾਨ ਵਿਸ਼ੇਸ਼ ਮਹਿਮਾਨ ਡਾਕਟਰ ਪਰਮਿੰਦਰ ਸੂਦ ਐਸ ਜੀ ਆਰ ਹਸਪਤਾਲ ਕੋਟ ਫਤੂਹੀ ਤੋਂ ਟੀਮ ਪਹੁੰਚੀ। ਇਹ ਪਲਾਂਟ ਕੁਲਵਿੰਦਰ ਸਿੰਘ ਰਾਜੂ ਯੂ ਐਸ ਵੱਲੋਂ ਬਹੁਤ ਹੀ ਵਧੀਆ ਉਪਰਾਲਾ ਹੈ। ਪੂਰੇ ਇਲਾਕੇ ਵਿੱਚ ਬੜੀ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਇਸ ਮੌਕੇ ਰਾਮ ਪ੍ਰਕਾਸ਼ ਸੂਦ ਗੀਹਲਾ, ਡਾਕਟਰ ਪਰਮਿੰਦਰ ਸੂਦ ਐੱਸ ਜੀ ਆਰ ਹਸਪਤਾਲ ਕੋਟ ਫਤੂਹੀ, ਡਾਕਟਰ ਗਗਨਦੀਪ ਸਿੰਘ ਗੋਪਾਲੀਆ, ਡਾਕਟਰ ਐਮ ਐਸ ਕੋਲ ਨੰਗਲ ਕਲਾਂ, ਡਾਕਟਰ ਭੁਪਿੰਦਰ ਕੁਮਾਰ, ਦੀਪੂ ਗੀਹਲਾ, ਭੀਮਾ, ਗੀਤੂ, ਅਕਾਸ਼ ਮੰਗਲ ਸਿੰਘ ਬਿੰਜੋ, ਵੰਸ਼ ਆਦਿ ਹਾਜ਼ਰ ਸਨ।

## ਐੱਲ ਪੀ ਯੂ ਵਿਖੇ 2025-26 ਅਕਾਦਮਿਕ ਸੈਸ਼ਨ ਲਈ ਦਾਖਲੇ 31 ਤੱਕ

ਜਲੰਧਰ (ਸ਼ੈਲੀ ਐਲਬਰਟ) ਉੱਚ ਸਿੱਖਿਆ ਵਿੱਚ ਭਾਰਤ ਦੀ ਪ੍ਰਮੁੱਖ ਯੂਨੀਵਰਸਿਟੀ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਵਿਖੇ 2025-26 ਅਕਾਦਮਿਕ ਸੈਸ਼ਨ ਦੇ ਤੀਜੇ ਪੜਾਅ ਲਈ ਦਾਖਲੇ 31 ਜੁਲਾਈ ਨੂੰ ਬੰਦ ਹੋ ਜਾਣਗੇ। ਦਾਖਲਾ ਲੈਣ ਵਾਲੇ ਵਿਦਿਆਰਥੀ ਆਖਰੀ ਮਿਤੀ ਤੱਕ ਅਧਿਕਾਰਤ ਦਾਖਲਾ ਪੋਰਟਲ ਰਾਹੀਂ ਅਰਜ਼ੀ ਦੇ ਕੇ ਆਪਣੀ ਜਗ੍ਹਾ ਸੁਰੱਖਿਅਤ ਕਰ ਸਕਦੇ ਹਨ ਅਤੇ ਆਖਰੀ ਮਿਤੀ ਤੋਂ ਪਹਿਲਾਂ ਸਕਾਲਰਸ਼ਿਪ ਦੇ ਮੌਕਿਆਂ ਦਾ ਲਾਭ ਲੈਣ ਲਈ ਐਲ ਪੀ ਯੂ ਐਨਈਐਸਟੀ ਪ੍ਰਵੇਸ਼ ਪ੍ਰੀਖਿਆ ਦੇ ਸਕਦੇ ਹਨ। ਕੱਟ-ਆਫ ਮਿਤੀ ਤੋਂ ਪਹਿਲਾਂ ਅਪਲਾਈ ਕਰਨ ਵਾਲੇ ਉਮੀਦਵਾਰ ਐਲ ਪੀ ਯੂ ਐਨਈਐਸਟੀ ਰਾਹੀਂ ਮਹੱਤਵਪੂਰਨ ਵਿੱਤੀ ਸਹਾਇਤਾ ਪ੍ਰਾਪਤ ਕਰ ਸਕਦੇ ਹਨ, ਜਿਸ ਨਾਲ ਉੱਚ ਸਿੱਖਿਆ ਹੋਣਹਾਰ ਵਿਦਿਆਰਥੀਆਂ ਲਈ ਪਹੁੰਚਯੋਗ ਬਣ ਜਾਂਦੀ ਹੈ। ਐਲ ਪੀ ਯੂ 10ਵੀਂ ਜਮਾਤ ਤੋਂ ਬਾਅਦ ਗ੍ਰੈਜੂਏਟ, ਮਾਸਟਰ ਸਟੱਡੀਜ਼ ਲਈ ਸਾਰੇ ਅਕਾਦਮਿਕ ਪੱਧਰਾਂ 'ਤੇ ਏ ਆਈ-ਏਕੀਕ੍ਰਿਤ ਪ੍ਰੋਗਰਾਮਾਂ ਦੇ ਨਾਲ ਇੱਕ ਭਵਿੱਖਮੁਖੀ ਅਕਾਦਮਿਕ ਵਾਤਾਵਰਣ ਦੀ ਪੇਸ਼ਕਸ਼ ਕਰਦਾ ਹੈ। ਵਿਦਿਆਰਥੀ ਇੰਜੀਨੀਅਰਿੰਗ (ਏ ਆਈ, ਮਸ਼ੀਨ ਲਰਨਿੰਗ, ਕੰਪਿਊਟਰ ਸਾਇੰਸ, ਰੋਬੋਟਿਕਸ, ਏਰੋਸਪੇਸ, ਮਕੈਨੀਕਲ ਅਤੇ ਸਿਵਲ ਵਿੱਚ ਮੁਹਾਰਤ ਦੇ ਨਾਲ), ਪ੍ਰਬੰਧਨ, ਵਣਜ, ਕਾਨੂੰਨ, ਹੋਟਲ ਪ੍ਰਬੰਧਨ, ਖੇਤੀਬਾੜੀ, ਫਾਈਨ ਆਰਟਸ, ਫੈਸ਼ਨ ਡਿਜ਼ਾਈਨ, ਫਾਰਮਾਸਿਊਟੀਕਲ, ਸਰੀਰਕ ਸਿੱਖਿਆ, ਮਨੁੱਖਤਾ ਅਤੇ ਹੋਰ ਖੇਤਰਾਂ ਵਿੱਚ ਕੋਰਸ ਕਰ ਸਕਦੇ ਹਨ। ਇਹ ਸਾਰੇ ਪ੍ਰੋਗ੍ਰਾਮ ਨੌਕਰੀ ਦੀਆਂ ਇੱਛਾਵਾਂ ਅਤੇ ਉਦਯੋਗ ਦੀਆਂ ਮੰਗਾਂ ਦੇ ਅਨੁਕੂਲ ਤਿਆਰ ਕੀਤੇ ਗਏ ਹਨ।ਐਲ ਪੀ ਯੂ ਅੰਤਰਰਾਸ਼ਟਰੀ ਸਿੱਖਿਆ ਦੁਆਰਾ ਵਿਦਿਆਰਥੀਆਂ ਨੂੰ ਗਲੋਬਲ ਐਕਸਪੋਜ਼ਰ ਵੀ ਪ੍ਰਦਾਨ ਕਰਦਾ ਹੈ, ਜਿਸ ਵਿੱਚ ਵਿਸ਼ੇਸ਼ 2+2 ਪ੍ਰੋਗਰਾਮ ਸ਼ਾਮਲ ਹਨ ਜੋ ਵਿਦਿਆਰਥੀਆਂ ਨੂੰ ਭਾਰਤ ਵਿੱਚ ਆਪਣੀ ਡਿਗਰੀ ਦਾ ਕੁਝ ਹਿੱਸਾ ਅਤੇ ਬਾਕੀ ਵਿਦੇਸ਼ਾਂ ਵਿੱਚ ਵਿਸ਼ਵ ਪੱਧਰ 'ਤੇ ਪ੍ਰਸਿੱਧ ਭਾਈਵਾਲ ਸੰਸਥਾਵਾਂ ਵਿੱਚ ਪੂਰਾ ਕਰਨ ਦੇ ਯੋਗ ਬਣਾਉਂਦੇ ਹਨ।ਉਦਯੋਗ ਨਾਲ ਐਲ ਪੀ ਯੂ ਦਾ ਗੱਠਜੋੜ ਅਤੇ ਨਵੀਨਤਾ 'ਤੇ ਜ਼ੋਰ ਐਲ ਪੀ ਯੂ ਦੇ ਸ਼ਾਨਦਾਰ ਪਲੇਸਮੈਂਟ ਰਿਕਾਰਡ ਵਿੱਚ ਝਲਕਦਾ ਹੈ। ਐਲ ਪੀ ਯੂ ਐਨਈਸਟ ਸਕਾਲਰਸ਼ਿਪ ਪ੍ਰਾਪਤ ਕਰਨ ਲਈ 31 ਜੁਲਾਈ 2025 ਤੱਕ ਅਰਜ਼ੀ ਦਿਓ ਅਤੇ ਭਵਿੱਖ ਦੇ ਨੇਤਾਵਾਂ, ਨਵੀਨਤਾਕਾਰਾਂ ਅਤੇ ਗਲੋਬਲ ਪੇਸ਼ੇਵਰਾਂ ਨੂੰ ਤਿਆਰ ਵਾਲੀ ਐਲ ਪੀ ਯੂ ਯੂਨੀਵਰਸਿਟੀ ਦੀ ਸਿੱਖਿਆ ਪ੍ਰਣਾਲੀ ਦਾ ਹਿੱਸਾ ਬਣੋ।



## ਮੁੱਖ ਮੰਤਰੀ ਸੈਣੀ ਵੱਲੋਂ ਨਵੀਨੀਕ੍ਰਿਤ ਨੇਚਰ ਕੈਂਪ ਥਾਪਲੀ ਦਾ ਉਦਘਾਟਨ

ਚੰਡੀਗੜ੍ਹ, (ਕ੍ਰਿਸ਼ਨ ਗਰਗ) ਹਰਿਆਣਾ ਸਰਕਾਰ ਵੱਲੋਂ ਸੂਬੇ ਵਿੱਚ ਸੈਰ-ਸਪਾਟਾ ਨੂੰ ਪ੍ਰੋਤਸਾਹਨ ਦੇਣ ਅਤੇ ਕੁਦਰਤੀ ਸਰੋਤਾਂ ਦੀ ਲਗਾਤਾਰ ਵਰਤੋ ਯਕੀਨੀ ਕਰਨ ਦੀ ਦਿਸ਼ਾ ਵਿੱਚ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸੀ ਲੜੀ ਵਿੱਚ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਬੁੱਧਵਾਰ ਨੂੰ ਪੰਚਕੂਲਾ ਜਿਲ੍ਹੇ ਦੇ ਮੋਰਨੀ ਖੇਤਰ ਵਿੱਚ ਨਵੀਨੀਕ੍ਰਿਤ ਨੇਚਰ ਕੈਂਪ ਥਾਪਲੀ ਦਾ ਉਦਘਾਟਨ ਕੀਤਾ। ਇਸ ਮੌਕੇ 'ਤੇ ਉਨ੍ਹਾਂ ਨੇ ਨਵੀਨੀਕ੍ਰਿਤ ਇਕੋ-ਕੁਟੀਰ ਦਾ ਵੀ ਉਦਘਾਟਨ ਕੀਤਾ। ਨਾਲ ਹੀ ਉਨ੍ਹਾਂ ਨੇ ਆਯੁਰਵੈਦਿਕ ਪੰਚਕਰਮਾ ਕੇਂਦਰ ਦਾ ਨਿਰੀਖਣ ਕਰ ਉੱਥੇ ਉਪਲਬਧ ਸਿਹਤ ਸੇਵਾਵਾਂ ਦਾ ਵੀ ਜਾਇਜ਼ਾ ਲਿਆ।ਇਸ ਮੌਕੇ 'ਤੇ ਵਾਤਾਵਰਣ, ਜੰਗਲਾਤ ਅਤੇ ਜੰਗਲੀ ਜੀਵ ਮੰਤਰੀ ਰਾਓ ਨਰਬੀਰ ਸਿੰਘ ਅਤੇ ਕਾਲਕਾ ਦੀ ਵਿਧਾਇਕ ਸ੍ਰੀਮਤੀ ਸ਼ਕਤੀ ਰਾਣੀ ਸ਼ਰਮਾ ਵੀ ਮੌਜੂਦ ਰਹੇ।ਮੁੱਖ ਮੰਤਰੀ ਨੇ ਇੱਥੇ ਕਾਲਕਾ ਤੋਂ ਕਲੇਸਰ ਤੱਕ ਬਣਾਏ ਗਏ ਨੇਚਰ ਟ੍ਰੇਲ 'ਤੇ ਟ੍ਰੈਕਿੰਗ ਲਈ ਇੱਕ ਦੱਲ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ। ਇਹ ਟ੍ਰੈਕ ਹਰਿਆਣਾ ਦੇ ਨੌਜੁਆਨਾਂ ਨੂੰ ਏਡਵੇਂਚਰ ਸੈਰ-ਸਪਾਟਾ ਦੇ ਵੱਲ ਖਿਚੇਗਾ ਅਤੇ ਸੂਬੇ ਦਾ ਏਡਵੇਂਚਰ ਤੇ ਨੇਚਰ ਟੂਰੀਜ਼ਮ ਹੱਬ ਵਜੋ ਨਵੀਂ ਪਹਿਚਾਣ ਦਿਵਾਉਣ ਵਿੱਚ ਮਦਦ ਰਕੇਗਾ। ਮੁੱਖ ਮੰਤਰੀ ਨੇ ਕਿਹਾ ਕਿ ਏਡਵੇਂਚਰ ਸੈਰ-ਸਪਾਟਾ ਅੱਜ ਦੀ ਯੁਵਾ ਪੀੜੀ ਦੀ ਦਿਲਚਸਪੀ ਨਾਲ ਜੁੜਿਆ ਹੋਇਆ ਖੇਤਰ ਹੈ ਅਤੇ ਇਸ ਨਾਲ ਨਾ ਸਿਰਫ ਸੈਰ-ਸਪਾਟਾ ਦਾ ਵਿਸਤਾਰ ਹੋਵੇਗਾ ਸਗੋਂ ਸਥਾਨਕ ਨੌਜੁਆਨਾਂ ਲਈ ਰੁਜਗਾਰ ਦੇ ਨਵੇਂ ਮੌਕੇ ਵੀ ਸ੍ਰਿਜਤ ਹੋਣਗੇ। ਮੁੱਖ ਮੰਤਰੀ ਨੇ ਮੋਰਨੀ ਖੇਤਰ ਵਿੱਚ ਸਥਿਤ ਤ੍ਰਿਫਲਾ ਵਾਟਿਕਾ ਵਿੱਚ ਰੁੱਪ ਲਗਾ ਕੇ ਵਾਤਾਵਰਣ ਸਰੰਖਣ ਦਾ ਸੁਨੇਹਾ ਵੀ ਦਿੱਤਾ। ਉਨ੍ਹਾਂ ਨੇ ਕਿਹਾ ਕਿ ਸੂਬਾ ਸਰਕਾਰ ਕੁਦਰਤੀ ਸਰੋਤਾਂ ਦੀ ਸੁਰੱਖਿਆ ਅਤੇ ਲਗਾਤਾਰ ਵਿਕਾਸ ਲਈ ਪੂਰੀ ਤਰ੍ਹਾ ਪ੍ਰਤੀਬੱਧ ਹੈ। ਅਸੀਂ ਸੈਰ-ਸਪਾਟਾ ਨੂੰ ਸਿਰਫ ਮਨੋਰੰਜਨ ਨਹੀਂ, ਸਗੋ ਕੁਦਰਤ, ਸਭਿਆਚਾਰ ਅਤੇ ਸਿਹਤ ਦੇ ਨਾਲ ਜੁੜਨ ਦੇ ਯਤਨ ਕਰ ਰਹੇ ਹਨ। ਮੁੱਖ ਮੰਤਰੀ ਨੇ ਨੇਚਰ ਕੈਂਪ ਵਿੱਚ ਸਥਾਪਿਤ ਕਲਾਈਮੇਟ ਚੇਂਜ ਲਰਨਿੰਗ ਲੈਬ ਦਾ ਵੀ ਅਵਲੋਕਨ ਕੀਤਾ। ਇਸ ਲੈਬ ਵਿੱਚ ਬੱਚੇ ਵਾਤਾਵਰਣ ਨੂੰ ਪ੍ਰਭਾਵਿਤ ਕਰਨ ਵਾਲੇ ਕਾਰਣਾਂ ਅਤੇ ਉਨ੍ਹਾਂ ਦੇ ਸਰੋਤਾਂ ਨੂੰ ਖੇਡਾਂ ਰਾਹੀਂ ਜਾਣ ਸਕਦੇ ਹਨ। ਇਸ ਤਰ੍ਹਾਂ ਦੀ ਲਰਨਿੰਗ ਲੈਬ ਨਾ ਸਿਰਫ ਬੱਚਿਆਂ ਨੂੰ ਵਿਗਿਆਨਕ ਤੱਥਾਂ ਨਾਲ ਜੋੜਦੀ ਹੈ, ਸਗੋ ਉਨ੍ਹਾਂ ਨੂੰ ਵਾਤਾਵਰਣ ਦੇ ਪ੍ਰਤੀ ਜਿੰਮੇਵਾਰ ਨਾਗਰਿਕ ਬਨਣ ਦੀ ਦਿਸ਼ਾ ਵਿੱਚ ਪ੍ਰੇਰਿਤ ਵੀ ਕਰਦੀ ਹੈ।ਸਰਕਾਰ ਦੀ ਰਣਨੀਤੀ ਇਸ ਖੇਤਰ ਨੂੰ ਇੱਕ ਸਮੁੱਚਾ ਇਕੋ-ਟੂਰੀਜ਼ਮ ਮਾਡਲ ਵਜੋ ਵਿਕਸਿਤ ਕਰਨ ਦੀ ਹੈ। ਉਨ੍ਹਾਂ ਨੇ ਕਿਹਾ ਕਿ ਇੰਨ੍ਹਾਂ ਪਹਾੜੀ ਖੇਤਰਾਂ ਵਿੱਚ ਸਹੂਲਤਾਂ ਦੇ ਵਿਕਾਸ ਨਾਲ ਜਿੱਥੇ ਇੱਕ ਪਾਸੇ ਵੱਧ ਸੈਲਾਨੀ ਖਿਚਣਗੇ, ਉੱਥੇ ਦੂਜੇ ਪਾਸੇ ਸਥਾਨਕ ਲੋਕਾਂ ਨੂੰ ਰੁਜਗਾਰ ਅਤੇ ਕਾਰੋਬਾਰ ਦੇ ਨਵੇਂ ਮੌਕੇ ਮਿਲਣਗੇ। ਸਰਕਾਰ ਦਾ ਯਤਨ ਹੈ ਕਿ ਅਜਿਹੇ ਖੇਤਰਾਂ ਦੀ ਸਿਹਤਮੰਦ ਸੈਰ-ਸਪਾਟਾ, ਯੋਗ, ਆਯੁਰਵੇਦ ਅਤੇ ਏਡਵੇਂਚਰ ਗਤੀਵਿਧੀਆਂ ਦੇ ਕੇਂਦਰ ਬਣਾ ਕੇ ਸੂਬੇ ਵਿੱਚ ਲਗਾਤਾਰ ਸੈਰ-ਸਪਾਟਾ ਵਿਕਾਸ ਨੂੰ ਜ਼ੋਰ ਦਿੱਤਾ ਜਾਵੇ।ਇਸ ਮੌਕੇ 'ਤੇ ਵਾਤਾਵਰਣ, ਜੰਗਲਾਤ ਅਤੇ ਜੰਗਲੀ ਜੀਵ ਵਿਭਾਗ ਦੇ ਵਧੀਕ ਮੁੱਖ ਸਕੱਤਰ ਆਨੰਦ ਮੋਹਨ ਸ਼ਰਣ, ਪ੍ਰਧਾਨ ਮੁੱਖ ਵਨ ਸਰੰਖਿਅਕ ਵਿਨੀਤ ਕੁਮਾਰ ਗਰਗ, ਮੁੱਖ ਮੰਤਰੀ ਦੇ ਓਐਸਡੀ ਭਾਰਤ ਭੂਸ਼ਣ ਭਾਰਤੀ ਸਮੇਤ ਹੋਰ ਮਾਣਯੋਗ ਮੌਜੂਦ ਰਹੇ।

## ਬੌੜਾ ਵਿਖੇ ਸਾਲਾਨਾ ਭੰਡਾਰਾ ਤੇ ਦੋ ਦਿਨਾ ਜੋੜ ਮੇਲਾ 2 ਤੇ 3 ਨੂੰ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮੰਦਿਰ ਸਾਈਆਂ ਵਾਲੇ ਪਿੰਡ ਬੌੜਾ ਵਿਖੇ ਸਾਲਾਨਾ ਭੰਡਾਰਾ ਤੇ ਦੋ ਦਿਨਾ ਜੋੜ ਮੇਲਾ 2 ਅਤੇ 3 ਅਗਸਤ ਨੂੰ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਪ੍ਰਧਾਨ ਸੇਠੀ ਕਾਕਾ ਨਰੇਸ਼ ਕੁਮਾਰ ਪ੍ਰਕਾਸ਼ ਮਨੀਸ਼ ਕੁਮਾਰ ਸੋਹਣ ਲਾਲ ਲਾਭਾ ਵਿਜੈ ਮੱਲਪੁਰੀ ਨੇ ਦੱਸਿਆ ਕਿ 2 ਅਗਸਤ ਨੂੰ ਸ਼ਾਮ 4:00 ਵਜੇ ਚਿਰਾਗ ਰੋਸ਼ਨ ਕੀਤੇ ਜਾਣਗੇ।ਰਾਤ ਨੂੰ ਮਹਿਫਲੇ ਬਾਬਾ ਜੀ ਦਾ ਗੁਣਗਾਨ ਕੀਤਾ ਜਾਵੇਗਾ। ਦੂਜੇ ਦਿਨ 3 ਅਗਸਤ ਨੂੰ ਸਵੇਰੇ ਚਾਹ ਪਕੌੜੇ ਦਾ ਲੰਗਰ ਵਰਤਾਇਆ ਜਾਵੇਗਾ। ਸਾਰੀਆਂ ਰਸਮਾਂ ਪੂਰੀਆਂ ਕਰਨ ਉਪਰੰਤ ਨਗਰ ਦੀ ਸੁੱਖ ਸ਼ਾਂਤੀ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਜਾਵੇਗੀ। ਦੁਪਿਹਰ 12 ਵਜੇ ਝੰਡੇ ਚੜ੍ਹਾਉਣ ਦੀ ਰਸਮ ਅਦਾ ਕੀਤੀ ਜਾਵੇਗੀ, 2 ਤੋਂ 6 ਵਜੇ ਤੱਕ ਲੰਗਰ ਅਤੁੱਟ ਵਰਤਾਇਆ ਜਾਵੇਗਾ ਤੇ ਰਾਤ 9:00 ਵਜੇ ਮਸ਼ਹੂਰ ਕਲਾਕਾਰ ਗਾਇਕ ਵਿਜੈ ਮੱਲ ਪੁਰੀ ਵਲੋਂ ਬਾਬਾ ਜੀ ਦਾ ਗੁਣਗਾਨ ਕੀਤਾ ਜਾਵੇਗਾ।

## ਦਾਖਲੇ ਦੀ ਮਿਤੀ 'ਚ ਕੀਤਾ ਵਾਧਾ

ਚੰਡੀਗੜ੍ਹ (ਗੁਰਜੀਤ ਬਿੱਲਾ)-ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਸਰਕਾਰੀ/ਏਡਿਡ/ਐਫੀਲਿਏਟਿਡ ਅਤੇ ਐਸੋਸੀਏਟਿਡ ਸਕੂਲ ਮੁੱਖੀਆਂ ਅਤੇ ਪੰਜਾਬ ਰਾਜ ਦੇ ਸਮੂਹ ਵਿਦਿਆਰਥੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਬੋਰਡ ਵੱਲੋਂ ਅਕਾਦਮਿਕ ਸਾਲ 2025-26 ਲਈ ਅੱਠਵੀਂ ਤੋਂ ਬਾਰਵੀਂ ਸ੍ਰੇਣੀਆਂ ਲਈ ਸਕੂਲਾਂ ਵਿੱਚ ਦਾਖਲਾ ਲੈਣ ਵਾਲੇ ਰੈਗੂਲਰ ਵਿਦਿਆਰਥੀਆਂ ਵਾਸਤੇ ਨਿਰਧਾਰਤ ਕੀਤੀ ਗਈ ਦਾਖਲੇ ਦੀ ਅੰਤਿਮ ਮਿਤੀ 15 ਜੁਲਾਈ 2025 ਵਿੱਚ 01 ਅਗਸਤ 2025 ਤੱਕ ਦਾ ਵਾਧਾ ਕੀਤਾ ਜਾਂਦਾ ਹੈ।

## ਦਰਸ਼ਪ੍ਰੀਤ ਸਿੰਘ ਨੇ ਜ਼ਿਲ੍ਹਾ ਪੱਧਰੀ ਸ਼ੂਟਿੰਗ ਮੁਕਾਬਲੇ 'ਚ 3 ਸੋਨ ਤ.ਗਮੇ ਜਿੱਤੇ



ਡੇਰਾ ਬੱਸੀ (ਵਿਨੈ ਕੁਮਾਰ ਜੈਨ) ਸਰਕਾਰੀ ਕਾਲਜ ਡੇਰਾ ਬੱਸੀ ਦੇ ਵਿਦਿਆਰਥੀ ਨੇ ਜਿਲ੍ਹਾ ਸ਼ੂਟਿੰਗ ਕੰਪੀਟਿਸ਼ਨ 2025 ਵਿੱਚ 18 ਜੁਲਾਈ ਤੋਂ 19 ਜੁਲਾਈ ਨੂੰ ਹੋਏ ਜਿਲ੍ਹਾ ਪੱਧਰੀ ਸ਼ੂਟਿੰਗ ਦੇ ਮੁਕਾਬਲਿਆਂ ਵਿਚ ਕਾਲਜ ਦੇ ਵਿਦਿਆਰਥੀ ਦਰਸ਼ਪ੍ਰੀਤ ਸਿੰਘ ਨੇ ਭਾਗ ਲਿਆ। ਇਸ ਮੁਕਾਬਲੇ ਵਿੱਚ ਵਿਦਿਆਰਥੀ ਦਰਸ਼ਪ੍ਰੀਤ ਸਿੰਘ ਨੇ ਸ਼ੂਟਿੰਗ ਦੇ 10 ਮੀਟਰ ਏਅਰ ਰਾਈਫਲ ਦੇ ਮੁਕਾਬਲੇ (ਯੂਥ, ਜੂਨੀਅਰ ਅਤੇ ਸੀਨੀਅਰ) ਵਿੱਚ 03 ਸੋਨ ਤਗਮੇ ਹਾਸਿਲ ਕਰਕੇ ਕਾਲਜ ਦਾ ਨਾਮ ਰੋਸ਼ਨ ਕੀਤਾ। ਪ੍ਰਿੰਸੀਪਲ ਸ੍ਰੀਮਤੀ ਗੀਤਾਂਜਲੀ ਕਾਲੜਾ ਜੀ ਅਤੇ ਵਾਈਸ ਪ੍ਰਿੰਸੀਪਲ ਪ੍ਰੋ. ਆਮੀ ਭੱਲਾ ਜੀ ਨੇ ਜੇਤੂ ਵਿਦਿਆਰਥੀ ਨੂੰ ਵਧਾਈ ਦਿੱਤੀ ਅਤੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਡਾ. ਨਿਰਮਲ ਸਿੰਘ ਹਾਜ਼ਰ ਸਨ।

## ਆਦਿ ਧਰਮ ਨੇ ਧਾਰਮਿਕ, ਸਮਾਜਿਕ ਇਨਸਾਫ਼ ਦੀ ਨੀਂਹ ਮਜਬੂਤ ਕੀਤੀ : ਸੰਤ ਸਤਵਿੰਦਰ ਹੀਰਾ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ) ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਨੇ ਆਪਣੀ ਵਿਦੇਸ਼ ਫੇਰੀ ਦੌਰਾਨ ਆਦਿ ਧਰਮ ਮਿਸ਼ਨ ਦੇ ਸੰਯੋਜਕਾਂ, ਪੈਰੋਕਾਰਾਂ ਤੇ ਮਿਸ਼ਨਰੀਆਂ ਨਾਲ ਵਿਸ਼ੇਸ਼ ਮੁਲਾਕਾਤਾਂ ਕੀਤੀਆਂ ਅਤੇ ਆਦਿ ਧਰਮ ਲਹਿਰ ਦੀ ਵਿਸ਼ਵਭਰ ਵਿਚ ਹੋ ਰਹੀ ਚਰਚਾ 'ਤੇ ਵਿਚਾਰ ਸਾਂਝੇ ਕੀਤੇ।ਉਨ੍ਹਾਂ ਆਲ ਇੰਡੀਆ ਆਦਿ ਧਰਮ ਮਿਸ਼ਨ ਦੇ ਉੱਘੇ ਪੈਰੋਕਾਰ ਅਮਰਜੀਤ ਗੁਰੂ ਦੇ ਗ੍ਰਹਿ ਲੰਡਨ ਵਿਖੇ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ ਜਿਥੇ ਉਨ੍ਹਾਂ ਨੂੰ ਆਦਿ ਧਰਮ ਸੰਬੰਧੀ ਕਿਤਾਬਾਂ ਵੀ ਭੇਟ ਕੀਤੀਆਂ।'ਮਨ ਚੰਗਾ ਤਾਂ ਕਠੌਤੀ ਵਿਚ ਗੰਗਾ' ਸੰਤ ਸਤਵਿੰਦਰ ਹੀਰਾ ਨੇ ਇਥੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਤਿਗੁਰੂ ਰਵਿਦਾਸ ਜੀ ਮਹਾਰਾਜ ਦਾ ਇਹ ਅੰਮ੍ਰਿਤ ਬਚਨ ਸਦੀਆਂ ਤੋਂ ਭਾਰਤੀ ਸਮਾਜ ਨੂੰ ਰੋਸ਼ਨ ਕਰ ਰਿਹਾ ਹੈ, ਪਰ ਇਹ ਰੋਸ਼ਨੀ ਉਨ੍ਹਾਂ ਨੂੰ ਹੀ ਮਿਲਦੀ ਹੈ ਜਿਨ੍ਹਾਂ ਦੀਆਂ ਅੱਖਾਂ ਖੁੱਲ੍ਹੀਆਂ ਹੋਣ, ਜਿਨ੍ਹਾਂ ਨੂੰ ਸਮਾਜਿਕ ਸਰੋਕਾਰਾਂ ਦੀ ਸਮਝ ਹੋਵੇ।ਸਤਿਗੁਰੂ ਰਵਿਦਾਸ ਜੀ ਦੇ ਬੇਗਮਪੁਰਾ ਸ਼ਹਿਰ (ਭੇਦਭਾਵ ਰਹਿਤ ਨਗਰ) ਦੇ ਸੁਪਨੇ ਨੂੰ ਸਾਕਾਰ ਕਰਨ ਦੀ ਇੱਕ ਪਵਿੱਤਰ ਕੋਸ਼ਿਸ਼ ਹੈ, ਸਦੀਆਂ ਦੇ ਹਨ੍ਹੇਰੇ ਨੂੰ ਮਿਟਾਉਣ ਵਾਲਾ ਸੰਵਿਧਾਨਕ ਦੀਵਾ ਹੈ।ਉਨ੍ਹਾਂ ਕਿਹਾ ਆਦਿ ਧਰਮ ਲਹਿਰ ਨੇ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਪਰਿਵਰਤਨ ਦੇ ਅੰਦੋਲਨ ਨੂੰ ਸਿਖਰਾਂ ਤੱਕ ਪਹੁੰਚਾਇਆ ਅਤੇ ਇੰਨਸਾਫ ਦੀ ਨੀਂਹ ਮਜਬੂਤ ਕੀਤੀ।ਉਨ੍ਹਾਂ ਕਿਹਾ ਡਾ. ਅੰਬੇਡਕਰ ਜੋ ਸਤਿਗੁਰੂ ਰਵਿਦਾਸ ਜੀ ਦੇ ਸਮਤਾ, ਸਮਾਨਤਾ ਦੇ ਮਾਰਗ ਦਰਸ਼ਨ ਤੋਂ ਪ੍ਰੇਰਿਤ ਸਨ। ਉਹਨਾਂ ਨੇ ਸੰਵਿਧਾਨ ਵਿੱਚ ਰਾਖਵੇਂ ਨੂੰ ਅਸਥਾਨ ਦਿੱਤਾ।ਇਹ ਕੋਈ ਅਸਥਾਈ ਸੁਵਿਧਾ ਨਹੀਂ, ਸਮਾਜਿਕ ਇਨਸਾਫ਼ ਦੀ ਧੁਰੀ ਹੈ।ਸਰਕਾਰ ਵੱਲੋਂ ਜਾਰੀ ਵਿਵਰਣਿਕਾ (7ਵਾਂ ਸੰਸਕਰਨ) ਇਸੀ ਵਚਨਬੱਧਤਾ ਦਾ ਵਿਸ਼ਤ੍ਰਿਤ ਦਸਤਾਵੇਜ਼ ਹੈ ਜੋ ਭਰਤੀ, ਤਰੱਕੀ, ਸਿੱਖਿਆ ਵਿਚ ਰਾਖਵੇ ਦੇ ਪ੍ਰਾਵਧਾਨਾਂ ਅਤੇ ਦੁਰਵਰਤੋਂ ਰੋਕਣ ਦੀ ਰਣਨੀਤੀ ਦਰਸਾਉਂਦੀ ਹੈ।ਹਰ ਆਦਿਵਾਸੀ, ਹਰ ਮੂਲਨਿਵਾਸੀ ਨੂੰ ਇਹ ਜਾਣਨਾ ਹੋਵੇਗਾ ਕਿ ਰਾਖਵਾਂ ਉਹਨਾਂ ਦਾ ਅਧਿਕਾਰ ਹੈ, ਭੀਖ ਨਹੀਂ।ਉਨ੍ਹਾਂ ਕਿਹਾ ਸਤਿਗੁਰੂ ਰਵਿਦਾਸ ਜੀ ਦਾ ਬੇਗਮਪੁਰਾ ਦਾ ਸੁਪਨਾ ਤਦ ਹੀ ਸਾਕਾਰ ਹੋਵੇਗਾ ਜਦ ਅਸੀਂ ਸਿੱਖਿਅਤ, ਗਿਆਨਵਾਨ ਅਤੇ ਜਾਗਰੂਕਤਾ ਹੋਵਾਂਗੇ।ਸੰਤ ਹੀਰਾ ਨੇ ਸਮੂਹ ਦੇਸ਼ ਵਿਦੇਸ਼ ਅੰਦਰ ਵਸਦੇ ਆਦਿ ਧਰਮੀਆਂ, ਬਹੁਜਨਾਂ ਨੂੰ ਅਪੀਲ ਕੀਤੀ ਕਿ ਆਓ, ਅਸੀਂ ਸਾਰੇ ਮਿਲ ਕੇ ਇਸ ਪਵਿੱਤਰ ਸਮਾਜਿਕ ਯਗ ਵਿੱਚ ਆਪਣੀ ਆਹੁਤੀ ਪਾਈਏ।ਇਹੀ ਸੱਚਾ ਸਤਿਸੰਗ ਹੈ, ਇਹੀ ਅੱਜ ਦਾ ਧਰਮ ਯੁੱਧ ਹੈ।ਇਸ ਮੌਕੇ ਅਮਰਜੀਤ ਗੁਰੂ, ਤਰਸੇਮ ਕੌਰ ਗੁਰੂ, ਦੇਵ ਲੰਗਾਹ, ਸੰਤ ਬੀਬੀ ਪੂਨਮ ਹੀਰਾ ਵੀ ਹਾਜ਼ਰ ਸਨ।



## ਸੀ ਟੀ ਪਬਲਿਕ ਸਕੂਲ 'ਚ ਇਨਵੈਸਟੀਚਰ ਸਮਾਰੋਹ

ਜਲੰਧਰ (ਸ਼ੈਲੀ ਐਲਬਰਟ) ਸੀ.ਟੀ. ਪਬਲਿਕ ਸਕੂਲ ਨੇ ਸਾਲ 2025-26 ਲਈ ਵਿਦਿਆਰਥੀ ਪ੍ਰੀਸ਼ਦ ਦੀ ਫਾਰਮਲ ਨਿਯੁਕਤੀ ਦੇ ਮੌਕੇ ਆਪਣੇ ਪ੍ਰਤਿਸ਼ਠਿਤ ਇਨਵੈਸਟੀਚਰ ਸਮਾਰੋਹ ਦਾ ਆਯੋਜਨ ਕੀਤਾ। ਨਵੇਂ ਚੁਣੇ ਗਏ ਵਿਦਿਆਰਥੀ ਨੇਤਾਵਾਂ—ਹੈੱਡ ਬੌਏ ਵਿਨੀਤ ਸ਼ਰਮਾ, ਹੈੱਡ ਗਰਲ ਹਰਕੀਰਤ ਕੌਰ, ਵਾਈਸ ਹੈੱਡ ਬੌਏ ਹ੍ਰਿਦੈ ਸੋਨੀ, ਵਾਈਸ ਹੈੱਡ ਗਰਲ ਸ਼ਯਾਨਾ ਮੋਹਨ ਅਤੇ ਹਾਊਸ ਕੈਪਟਨ ਅਵਨੀ ਅਰੋੜਾ, ਤੇਜਲ ਸ਼ਰਮਾ, ਹੈਸ਼ਿਤਾ ਸਭਰਵਾਲ ਅਤੇ ਕੋਸ਼ਿਨ ਗੁਪਤਾ ਨੇ ਮੰਚ 'ਤੇ ਆ ਕੇ ਇਮਾਨਦਾਰੀ ਅਤੇ ਸਮਰਪਣ ਨਾਲ ਆਪਣੇ ਫਰਜ਼ ਨਿਭਾਉਣ ਦੀ ਸਹੁੰ ਚੁੱਕੀ।ਇਸ ਸਮਾਰੋਹ ਵਿੱਚ ਮੁੱਖ ਮਹਿਮਾਨਾਂ ਵਜੋਂ ਸੀ.ਟੀ. ਯੂਨੀਵਰਸਿਟੀ ਦੇ ਚਾਂਸਲਰ ਅਤੇ ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਚੇਅਰਮੈਨ ਐਸ. ਚਰਨਜੀਤ ਸਿੰਘ ਚੰਨੀ, ਸੀ.ਟੀ. ਯੂਨੀਵਰਸਿਟੀ ਦੇ ਵਾਈਸ ਚਾਂਸਲਰ ਅਤੇ ਸੀ.ਟੀ. ਗਰੁੱਪ ਦੇ ਐਗਜ਼ੀਕਿਊਟਿਵ ਡਾਇਰੈਕਟਰ ਡਾ. ਨਿਤਿਨ ਟੰਡਨ, ਕੈਂਪਸ ਡਾਇਰੈਕਟਰ (ਮਕਸੂਦਨ) ਡਾ. ਅਨੁਰਾਗ ਸ਼ਰਮਾ, ਪ੍ਰਿੰਸੀਪਲ ਡਾ. ਸਰੋਜ ਚੌਹਾਨ ਅਤੇ ਹੈੱਡਮਿਸਟ੍ਰੈਸ ਅਰਸ਼ਦੀਪ ਘੁੰਮਣ ਮੌਜੂਦ ਰਹੇ। ਸਮਾਰੋਹ ਦੀ ਸ਼ੁਰੂਆਤ ਗਣੇਸ਼ ਵੰਦਨਾ ਨਾਲ ਹੋਈ । ਹੈੱਡਮਿਸਟ੍ਰੈਸ ਨੇ ਸਾਰਿਆਂ ਦਾ ਸੁਆਗਤ ਕਰਦਿਆਂ ਵਿਦਿਆਰਥੀ ਨੇਤ੍ਰਤਾ ਦੀ ਅਹਿਮੀਅਤ ਬਾਰੇ ਚਾਨਣਾ ਪਾਇਆ ਅਤੇ ਕਿਹਾ ਕਿ ਇਹ ਵਿਸ਼ਵਾਸਯੋਗ ਅਤੇ ਜ਼ਿੰਮੇਵਾਰ ਨਾਗਰਿਕ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ।ਸਮਾਰੋਹ ਦਾ ਮੁੱਖ ਆਕਰਸ਼ਨ ਪ੍ਰਿੰਸੀਪਲ ਡਾ. ਸਰੋਜ ਚੌਹਾਨ ਦੁਆਰਾ ਕਰਵਾਈ ਗਈ ਸਹੁੰ ਗ੍ਰਹਿਣ ਰਸਮ ਸੀ, ਜਿੱਥੇ ਪ੍ਰੀਸ਼ਦ ਦੇ ਹਰੇਕ ਮੈਂਬਰ ਨੇ ਆਪਣੇ ਕਰਤੱਵਾਂ ਅਤੇ ਮੁੱਲਾਂ ਨੂੰ ਕਾਇਮ ਰੱਖਣ ਦਾ ਸੰਕਲਪ ਲਿਆ। ਬੈਜ ਅਤੇ ਸੈਸ਼ ਪਹਿਨਾ ਕੇ ਉਹਨਾਂ ਨੂੰ ਸਨਮਾਨਤ ਕੀਤਾ ਗਿਆ। ਚੇਅਰਮੈਨ ਐਸ. ਚਰਨਜੀਤ ਸਿੰਘ ਚੰਨੀ ਨੇ ਪ੍ਰੀਸ਼ਦ ਦੇ ਮੈਂਬਰਾਂ ਨੂੰ ਮੁਬਾਰਕਬਾਦ ਦਿੰਦਿਆਂ ਉਹਨਾਂ ਨੂੰ ਮਿਸਾਲ ਕਾਇਮ ਕਰਨ, ਸਹਾਨੁਭੂਤੀ ਰੱਖਣ ਅਤੇ ਮੁੱਲਾਂ 'ਤੇ ਡਟੇ ਰਹਿਣ ਲਈ ਪ੍ਰੇਰਿਤ ਕੀਤਾ। ਡਾ. ਨਿਤਿਨ ਟੰਡਨ ਨੇ ਵਿਦਿਆਰਥੀਆਂ ਨੂੰ ਹਰ ਮੌਕੇ ਨੂੰ ਸਿੱਖਣ ਦੇ ਤੌਰ ਤੇ ਅਪਨਾਉਣ ਲਈ ਉਤਸ਼ਾਹਿਤ ਕੀਤਾ।ਪ੍ਰਿੰਸੀਪਲ ਡਾ. ਸਰੋਜ ਚੌਹਾਨ ਨੇ ਧੰਨਵਾਦ ਪ੍ਰਸਤਾਵ ਦਿੰਦਿਆਂ ਪ੍ਰਬੰਧਨ, ਪੇਰੇਂਟਸ, ਅਧਿਆਪਕਾਂ ਅਤੇ ਸਹਾਇਕ ਸਟਾਫ਼ ਦੇ ਨਿਰੰਤਰ ਸਹਿਯੋਗ ਲਈ ਧੰਨਵਾਦ ਕੀਤਾ। ਸਮਾਰੋਹ ਦਾ ਅੰਤ ਰਾਸ਼ਟਰਗਾਨ ਨਾਲ ਹੋਇਆ।





## ਜੁਡੀਸ਼ੀਅਲ ਮੈਜਿਸਟ੍ਰੇਟ ਵੱਲੋਂ ਬਿਰਧ ਆਸ਼ਰਮ ਦਾ ਦੌਰਾ

ਚਮਕੌਰ ਸਾਹਿਬ, (ਗੁਰਵਿੰਦਰ ਸਿੰਘ ਬੌਬੀ) ਜੁਡੀਸ਼ੀਅਲ ਮੈਜਿਸਟ੍ਰੇਟ ਕਮ ਸੈਕੇਟਰੀ ਅਮਨਦੀਪ ਕੌਰ ਵੱਲੋਂ ਇੱਥੋਂ ਦੇ ਸੱਤਿਆ ਦੇਵੀ ਮੈਮੋਰੀਅਲ ਸੀਨੀਅਰ ਸਿਟੀਜਨ ਹੋਮ ਅਤੇ ਐਸ ਐਸ ਮੈਮੋਰੀਅਲ ਐਜੂਕੇਸ਼ਨਲ ਸੁਸਾਇਟੀ ਦਾ ਦੌਰਾ ਕੀਤਾ ਗਿਆ।ਉਨ੍ਹਾਂ ਦਾ ਆਸ਼ਰਮ ਵਿੱਚ ਪਹੁੰਚਣ ਤੇ ਸੰਸਥਾ ਦੀ ਪ੍ਰਬੰਧਕੀ ਕਮੇਟੀ ਦੇ ਮੁੱਖ ਕਾਰਜਕਰਤਾ ਪ੍ਰੋ ਆਰ ਸੀ ਢੰਡ, ਆਸ਼ਾ ਰਾਣੀ ਅਤੇ ਹਰਸ਼ ਵਿਵੇਕ ਸਮੇਤ ਸਮੂਹ ਸਟਾਫ ਨੇ ਸਵਾਗਤ ਕੀਤਾ।ਆਸ਼ਰਮ ਵਿੱਚ ਰਹਿੰਦੇ ਬਜ਼ੁਰਗਾਂ ਨੇ ਫੁੱਲ ਵਰਸਾ ਕੇ ਮੈਜਿਸਟ੍ਰੇਟ ਨੂੰ ਜੀ ਆਇਆ ਕਿਹਾ।ਉਨ੍ਹਾਂ ਆਸ਼ਰਮ ਵਿੱਚ ਬਜ਼ੁਰਗਾਂ ਨਾਲ ਗੱਲਬਾਤ ਕਰਦਿਆਂ ਹਾਲ ਚਾਲ ਪੁੱਛਿਆ ਅਤੇ ਪ੍ਰਬੰਧਕਾਂ ਵੱਲੋਂ ਦਿੱਤੀ ਜਾਂਦੀਆਂ ਸਹੂਲਤਾਂ ਸੰਬੰਧੀ ਵੀ ਗੱਲਬਾਤ ਕੀਤੀ।ਬਜ਼ੁਰਗਾਂ ਨੇ ਉਨ੍ਹਾਂ ਨੂੰ ਦੱਸਿਆ ਕਿ ਉਹ ਇਥੇ ਆਸ਼ਰਮ ਵਿੱਚ ਰਹਿ ਕੇ ਬਹੁਤ ਖੁਸ਼ ਹਨ ਅਤੇ ਉਨ੍ਹਾਂ ਦੀ ਸੇਵਾ ਵਿੱਚ ਕੋਈ ਵੀ ਕਿਸੇ ਤਰ੍ਹਾਂ ਦੀ ਕਮੀ ਨਹੀਂ ਆਉਣ ਦਿੱਤੀ ਜਾ ਰਹੀ।ਉਨ੍ਹਾਂ ਇਹ ਵੀ ਦੱਸਿਆ ਕਿ ਉਨ੍ਹਾਂ ਦੇ ਆਉਣ ਜਾਣ ਲਈ ਗੱਡੀ ਦਾ ਵਿਵੇਸ਼ ਪ੍ਰਬੰਧ ਕੀਤਾ ਜਾਂਦਾ ਹੈ ਅਤੇ ਗਰਮੀਆਂ ਵਿੱਚ ਨਹਾਉਣ ਲਈ ਵਿਸ਼ੇਸ਼ ਤੌਰ 'ਤੇ ਪੂਲ ਤਿਆਰ ਕੀਤਾ ਗਿਆ ਹੈ।ਇਸ ਤੋਂ ਇਲਾਵਾ ਉਨ੍ਹਾਂ ਲਈ ਗਰਮੀਆਂ ਦੌਰਾਨ ਹਰ ਕਮਰੇ ਵਿੱਚ ਕੂਲਰ ਅਤੇ ਸਰਦੀ ਵਿੱਚ ਹੀਟਰ ਲਗਾਏ ਜਾਂਦੇ ਹਨ।ਪ੍ਰੋ. ਆਰ ਸੀ ਢੰਡ ਨੇ ਮੈਜਿਸਟ੍ਰੇਟ ਨੂੰ ਦੱਸਿਆ ਕਿ ਆਸ਼ਰਮ ਵਿੱਚ ਰਹਿ ਰਹੇ ਕੁੱਝ ਬਜ਼ੁਰਗਾਂ ਦੇ ਆਧਾਰ ਕਾਰਡ ਨਹੀ ਹਨ, ਜਿਸ ਕਰਕੇ ਉਹ ਸਰਕਾਰੀ ਸਹੂਲਤਾਂ ਤੋਂ ਬਾਂਝੇ ਬੈਠੇ ਹਨ, ਜਿਸ ਤੇ ਮੈਜਿਸਟ੍ਰੇਟ ਅਮਨਦੀਪ ਕੌਰ ਨੇ ਆਧਾਰ ਕਾਰਡ ਬਣਾਉਣ ਲਈ ਟੀਮ ਨੂੰ ਫੋਨ 'ਤੇ ਹੀ ਕਿਹਾ ਕਿ ਉਹ ਮਾਤਾ ਸੱਤਿਆ ਦੇਵੀ ਵਿਰਧ ਆਸ਼ਰਮ ਵਿੱਚ ਬਿਨ੍ਹਾਂ ਅਧਾਰ ਕਾਰਡ ਰਹਿ ਰਹੇ ਬਜ਼ੁਰਗਾਂ ਦੇ ਤੁਰੰਤ ਅਧਾਰ ਕਾਰਡ ਬਣਾਏ ਜਾਣ। ਇਸ ਮੌਕੇ ਡਾ. ਸੁਦੇਸ਼ ਸ਼ਰਮਾ ਅਤੇ ਡਾ ਰਾਜਪਾਲ ਸਿੰਘ ਚੌਧਰੀ ਆਦਿ ਹਾਜ਼ਰ ਸਨ।



## ਖਾਲਸਾ ਕਾਲਜ ਦੀ ਗੁਰਪ੍ਰੀਤ ਤੇ ਅਮਨਜੋਤ ਨੇ ਹਾਸਲ ਕੀਤੀ ਡਿਸਟਿੰਕਸ਼ਨ



ਸੁਲਤਾਨਪੁਰ ਲੋਧੀ (ਹਨੀ)- ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਐਲਾਨੇ ਬੀ.ਕਾਮ ਸਮੈਸਟਰ ਛੇਵੇਂ ਦੇ ਨਤੀਜੇ 'ਚ ਸਥਾਨਕ ਗੁਰੂ ਨਾਨਕ ਖਾਲਸਾ ਕਾਲਜ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ ਦੇ ਕਾਮਰਸ ਵਿਭਾਗ ਦੇ ਮੁਖੀ ਡਾ. ਮਨੀ ਛਾਬੜਾ ਨੇ ਦੱਸਿਆ ਕਿ ਬੀ.ਕਾਮ ਭਾਗ ਛੇਵੇਂ ਦੀ ਵਿਦਿਆਰਥਣ ਗੁਰਪ੍ਰੀਤ ਕੌਰ ਸਪੁੱਤਰੀ ਗੁਰਬਚਨ ਸਿੰਘ ਨੇ 76.2 ਫੀਸਦੀ ਅੰਕਾਂ ਨਾਲ ਯੂਨੀਵਰਸਿਟੀ ਵਿੱਚੋਂ ਡਿਸਟਿੰਕਸ਼ਨ ਅਤੇ ਕਾਲਜ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਅਮਨਜੋਤ ਕੌਰ ਸਪੁੱਤਰੀ ਰਣਜੀਤ ਸਿੰਘ ਨੇ 75.2 ਫੀਸਦੀ ਅੰਕਾਂ ਨਾਲ ਯੂਨੀਵਰਸਿਟੀ ਵਿੱਚੋਂ ਡਿਸਟਿੰਕਸ਼ਨ ਅਤੇ ਕਾਲਜ ਵਿੱਚੋਂ ਦੂਜਾ ਸਥਾਨ ਹਾਸਲ ਕੀਤਾ। ਜਦਕਿ ਅਰਸ਼ਦੀਪ ਕੌਰ ਸਪੁੱਤਰੀ ਗੁਰਦਿਆਲ ਸਿੰਘ ਨੇ 74.9 ਫੀਸਦੀ ਅੰਕਾਂ ਨਾਲ ਕਾਲਜ ਵਿੱਚੋਂ ਤੀਜਾ ਸਥਾਨ ਹਾਸਲ ਕੀਤਾ। ਕਾਲਜ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜੀਨੀਅਰ ਸਵਰਨ ਸਿੰਘ, ਸਕੱਤਰ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਨੇ ਵਿਦਿਆਰਥੀਆਂ, ਉਨਾਂ ਦੇ ਮਾਪਿਆਂ ਅਤੇ ਸਟਾਫ਼ ਨੂੰ ਮੁਬਾਰਕਬਾਦ ਦਿੱਤੀ।

## ਨਾਬਾਰਡ ਨੇ ਪੰਜਾਬ ਦੀ ਖੇਤੀ ਅਰਥ ਵਿਵਸਥਾ ਦੇ ਵਿਕਾਸ 'ਚ ਅਹਿਮ ਭੂਮਿਕਾ ਨਿਭਾਈ : ਚੀਮਾ

ਚੰਡੀਗੜ੍ਹ (ਗੁਰਜੀਤ ਬਿੱਲਾ) ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਇਥੇ ਪੰਜਾਬ ਦੀ ਖੇਤੀ ਅਰਥਵਿਵਸਥਾ ਦੇ ਵਿਕਾਸ ਨੂੰ ਉਤਸ਼ਾਹਿਤ ਕਰਨ ਵਿੱਚ ਨੈਸ਼ਨਲ ਬੈਂਕ ਫਾਰ ਐਗਰੀਕਲਚਰ ਐਂਡ ਰੂਰਲ ਡਿਵੈਲਪਮੈਂਟ (ਨਾਬਾਰਡ) ਦੇ ਮਹੱਤਵਪੂਰਨ ਯੋਗਦਾਨ ਦੀ ਸ਼ਲਾਘਾ ਕੀਤੀ।ਨਾਬਾਰਡ ਦੇ 44ਵੇਂ ਸਥਾਪਨਾ ਦਿਵਸ ਨੂੰ ਮਨਾਉਣ ਲਈ ਕਰਵਾਏ ਗਏ ਸਮਾਗਮ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਚੀਮਾ ਨੇ ਸੂਬੇ ਦੇ ਕਿਸਾਨਾਂ ਨੂੰ ਸਸ਼ਕਤ ਬਣਾਉਣ ਅਤੇ ਸੂਬੇ ਦੇ ਸਹਿਕਾਰੀ ਬੈਂਕਿੰਗ ਨੈੱਟਵਰਕ ਨੂੰ ਮਜ਼ਬੂਤ ਕਰਨ ਵਿੱਚ ਸੰਸਥਾ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਖਾਸ ਤੌਰ 'ਤੇ ਸਹਿਕਾਰੀ ਬੈਂਕਾਂ ਅਤੇ ਸੋਸਾਇਟੀਆਂ ਨੂੰ ਨਾਬਾਰਡ ਦੁਆਰਾ ਦਿੱਤੇ ਗਏ ਘੱਟ ਵਿਆਜ ਦਰ ਵਾਲੇ ਕਰਜ਼ਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਹ ਪਹੁੰਚਯੋਗ ਵਿੱਤੀ ਸਰੋਤ ਇਨ੍ਹਾਂ ਸੰਸਥਾਵਾਂ ਨੂੰ ਬਦਲੇ ਵਿੱਚ ਕਿਸਾਨਾਂ ਨੂੰ ਕਿਫਾਇਤੀ ਕਰਜ਼ਾ ਪ੍ਰਦਾਨ ਕਰਨ ਦੇ ਯੋਗ ਬਣਾਉਂਦੇ ਹਨ, ਜੋ ਕਿ ਸੂਬੇ ਵਿੱਚ ਖੇਤੀਬਾੜੀ ਵਿਕਾਸ ਦਾ ਮੁੱਖ ਅਧਾਰ ਹੈ।ਵਿੱਤ ਮੰਤਰੀ ਨੇ ਸੂਬੇ ਦੀ ਤਰੱਕੀ ਵਿੱਚ ਬਹੁ-ਮੰਤਵੀ ਸਹਿਕਾਰੀ ਖੇਤੀਬਾੜੀ ਸੇਵਾ ਸੋਸਾਇਟੀਆਂ (ਐਮ.ਪੀ.ਸੀ.ਏ.ਐਸ.ਐਸ) ਦੀ ਅਹਿਮ ਭੂਮਿਕਾ 'ਤੇ ਵੀ ਜ਼ੋਰ ਦਿੱਤਾ। ਪੰਜਾਬ ਦੇ ਸਹਿਕਾਰੀ ਖੇਤਰ ਦੀਆਂ ਸਫ਼ਲਤਾ ਦੀਆਂ ਕਹਾਣੀਆਂ ਦੇ ਪ੍ਰਮਾਣ ਵਜੋਂ ਵਿੱਤ ਮੰਤਰੀ ਚੀਮਾ ਨੇ 1920 ਵਿੱਚ ਸਥਾਪਤ ਦਾ ਲਾਂਬੜਾ ਕਾਂਗੜੀ ਐਮ.ਪੀ.ਸੀ.ਏ.ਐਸ.ਐਸ. ਲਿਮਟਿਡ, ਹੁਸ਼ਿਆਰਪੁਰ' ਦੇ ਨੁਮਾਇੰਦਿਆਂ ਨੂੰ ਸਮਾਗਮ ਵਿੱਚ ਮੌਜੂਦ ਲੋਕਾਂ ਨਾਲ ਆਪਣੀ ਸਫਲਤਾ ਦੀ ਕਹਾਣੀ ਸਾਂਝੀ ਕਰਨ ਲਈ ਸੱਦਾ ਦਿੱਤਾ। ਪੰਜਾਬ ਦੀਆਂ ਪ੍ਰਾਇਮਰੀ ਐਗਰੀਕਲਚਰਲ ਕ੍ਰੈਡਿਟ ਸੋਸਾਇਟੀਆਂ (ਪੈਕਸ) ਦੀ ਮੌਜੂਦਾ ਸਥਿਤੀ ਬਾਰੇ ਬੋਲਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਲਗਭਗ 3,500 ਪੈਕਸ ਵਿੱਚੋਂ ਲਗਭਗ 1,800 ਇਸ ਸਮੇਂ ਮੁਨਾਫੇ ਵਿੱਚ ਚੱਲ ਰਹੀਆਂ ਹਨ, ਜਦੋਂ ਕਿ ਬਾਕੀ ਵਿੱਤੀ ਚੁਣੌਤੀਆਂ ਦਾ ਸਾਹਮਣਾ ਕਰ ਰਹੀਆਂ ਹਨ। ਉਨ੍ਹਾਂ ਪੰਜਾਬ ਦੇ ਕਿਸਾਨਾਂ ਨੂੰ, ਜਿਨ੍ਹਾਂ ਹਮੇਸ਼ਾ ਖੇਤੀਬਾੜੀ ਨਵੀਨਤਾ ਵਿੱਚ ਦੇਸ਼ ਦੀ ਅਗਵਾਈ ਕੀਤੀ ਹੈ, ਨੂੰ ਸੂਬੇ ਭਰ ਵਿੱਚ ਪੈਕਸ ਨੈੱਟਵਰਕ ਨੂੰ ਮਜ਼ਬੂਤ ਕਰਨ 'ਤੇ ਧਿਆਨ ਕੇਂਦਰਿਤ ਕਰਨ ਦੀ ਅਪੀਲ ਕੀਤੀ।ਇਸ ਸਮਾਗਮ ਦੌਰਾਨ ਵਿੱਤ ਮੰਤਰੀ ਚੀਮਾ ਨੇ ਵੱਖ-ਵੱਖ ਸ਼੍ਰੇਣੀਆਂ ਵਿੱਚ ਬਿਹਤਰੀਨ ਐਮ ਪੀ ਸੀ ਏ ਐਸ ਐਸ ਨੂੰ ਸਨਮਾਨਤ ਵੀ ਕੀਤਾ, ਜਿਨ੍ਹਾਂ ਵਿੱਚ ਨੂਰਪੁਰ ਬੇਟ ਐਮ ਪੀ ਸੀ ਏ ਐਸ ਐਸ ਲਿਮਟਿਡ, ਲੁਧਿਆਣਾ, ਲਾਂਬੜਾ ਕਾਂਗੜੀ ਐਮ ਪੀ ਸੀ ਏ ਐਸ ਐਸ ਲਿਮਟਿਡ, ਹੁਸ਼ਿਆਰਪੁਰ, ਅਤੇ ਸੁਖਾਨੰਦ ਐਮ ਪੀ ਸੀ ਏ ਐਸ ਐਸ ਲਿਮਟਿਡ, ਮੋਗਾ ਨੂੰ 'ਸਾਲ ਦੌਰਾਨ ਸਰਵੋਤਮ ਐਮ ਪੀ ਏ ਸੀ ਐਸ ਗੈਰ-ਕ੍ਰੈਡਿਟ ਸੇਵਾਵਾਂ' ਵਜੋਂ; ਬੀਜਾਪੁਰ ਐਮ ਪੀ ਸੀ ਏ ਐਸ ਐਸ ਲਿਮਟਿਡ, ਲੁਧਿਆਣਾ, ਸਮੀਪੁਰ ਐਮ ਪੀ ਸੀ ਏ ਐਸ ਐਸ ਲਿਮਟਿਡ, ਜਲੰਧਰ, ਅਤੇ ਕਲਿਆਣ ਸੁੱਖਾ ਐਮ ਪੀ ਸੀ ਏ ਐਸ ਐਸ ਲਿਮਟਿਡ, ਬਠਿੰਡਾ ਨੂੰ 'ਸਰਵੋਤਮ ਐਮ ਪੀ ਏ ਸੀ ਐਸ-ਵਿੱਤੀ ਕਾਰਗੁਜ਼ਾਰੀ' ਵਜੋਂ; ਅਤੇ ਸੁਖਾਨੰਦ ਐਮ ਪੀ ਸੀ ਏ ਐਸ ਐਸ ਲਿਮਟਿਡ, ਮੋਗਾ, ਮਹਿਲ ਗਹਿਲਾਂ ਐਮ ਪੀ ਸੀ ਏ ਐਸ ਐਸ ਲਿਮਟਿਡ, ਐਸ ਬੀ ਐਸ ਨਗਰ, ਅਤੇ ਗਿੱਦਰਾਣੀ ਐਮ ਪੀ ਸੀ ਏ ਐਸ ਐਸ ਲਿਮਟਿਡ, ਸੰਗਰੂਰ ਨੂੰ 'ਸਾਲ ਦੀਆਂ ਸਰਵੋਤਮ ਨਵੀਆਂ ਐਮ ਪੀ ਏ ਸੀ ਐਸ-ਵੱਖ-ਵੱਖ ਐਮ ਓ ਸੀ ਪਹਿਲਕਦਮੀਆਂ ਨੂੰ ਅਪਣਾਉਣ' ਵਜੋਂ ਸਨਮਾਨਤ ਕੀਤਾ ਗਿਆ।ਉਨ੍ਹਾਂ ਕਪੂਰਥਲਾ ਡੀ ਸੀ ਸੀ ਬੀ, ਜਲੰਧਰ ਡੀ ਸੀ ਸੀ ਬੀ, ਮੁਕਤਸਰ ਡੀ ਸੀ ਸੀ ਬੀ, ਪੀ ਐਸ ਟੀ ਸੀ ਬੀ, ਆਰ ਸੀ ਐਸ, ਸੰਗਰੂਰ ਫੁਲਕਾਰੀ ਪ੍ਰੋਡਿਊਸਰ ਕੰਪਨੀ ਅਤੇ ਸੰਗਰੂਰ ਐਗਰੀ ਗਰੋਅਰ ਪ੍ਰੋਡਿਊਸਰ ਕੰਪਨੀ ਨੂੰ ਵੀ ਉਨ੍ਹਾਂ ਦੀ ਸ਼ਾਨਦਾਰ ਕਾਰਗੁਜ਼ਾਰੀ ਲਈ ਸਨਮਾਨਤ ਕੀਤਾ।

